ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 116
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 28 April, 2026) ਮੰਗਲਵਾਰ, 28 ਅਪ੍ਰੈਲ, 2026, 15 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਲੱਦਾਖ 'ਚ 5 ਨਵੇਂ ਜ਼ਿਲ੍ਹਿਆਂ ਦਾ ਐਲਾਨ, ਐਲ.ਜੀ. ਵੱਲੋਂ ਨੋਟੀਫ਼ਿਕੇਸ਼ਨ ਨੂੰ ਮਨਜ਼ੂਰੀ

ਲੇਹ, 27 ਅਪ੍ਰੈਲ (ਚ.ਨ.ਸ.):ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ਦੇ ਲੈਫਟੀਨੈਂਟ ਗਵਰਨਰ (ਐਲ.ਜੀ.) ਵਿਨੈ ਕੁਮਾਰ ਸਕਸੈਨਾ ਨੇ ਐਲਾਨ ਕੀਤਾ ਹੈ ਕਿ ਉਨ੍ਹਾਂ ਨੇ ਪੰਜ ਨਵੇਂ ਜ਼ਿਲ੍ਹੇ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਕਸੈਨਾ ਨੇ ਲਿਖਿਆ,ਲੱਦਾਖ ਲਈ ਇੱਕ ਇਤਿਹਾਸਕ ਦਿਨ। ਮੈਂ ਲੱਦਾਖ ਵਿੱਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਲਈ ਨੋਟੀਫਿਕੇਸ਼ਨ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨਾਲ ਲੱਦਾਖ ਦੇ ਲੋਕਾਂ ਦੀਆਂ ਇੱਛਾਵਾਂ ਅਤੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ (ਬਾਕੀ ਸਫਾ 2 'ਤੇ)

# ਕੇਜਰੀਵਾਲ ਵੱਲੋਂ ਹਾਈ ਕੋਰਟ ਦੇ ਜੱਜ ਅੱਗੇ ਨਿੱਜੀ ਜਾਂ ਵਕੀਲ ਰਾਹੀਂ ਪੇਸ਼ ਹੋਣ ਤੋਂ ਨਾਂਹ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 27 ਅਪ੍ਰੈਲ : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਹਾਈ ਕੋਰਟ ਦੀ ਜਸਟਿਸ ਸਵਰਨ ਕਾਂਤਾ ਸ਼ਰਮਾ ਨੂੰ ਪੱਤਰ ਲਿਖ ਕੇ ਆਬਕਾਰੀ ਨੀਤੀ ਨਾਲ ਜੁੜੇ ਮਾਮਲੇ ਦੀ ਸੁਣਵਾਈ ਵਿੱਚ ਹਿੱਸਾ ਲੈਣ ਤੋਂ ਇਨਕਾਰ ਕਰ ਦਿੱਤਾ ਹੈ। ਕੇਜਰੀਵਾਲ ਨੇ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਦੀ ਜ਼ਮੀਰ ਉਨ੍ਹਾਂ ਨੂੰ ਅਜਿਹੀ ਕਾਰਵਾਈ ਦਾ ਹਿੱਸਾ ਬਣਨ ਦੀ ਇਜਾਜ਼ਤ ਨਹੀਂ ਦਿੰਦੀ ਜਿੱਥੇ ਉਨ੍ਹਾਂ ਨੂੰ ਨਿਰਪੱਖ ਨਿਆਂ ਦੀ ਉਮੀਦ ਨਾ ਹੋਵੇ। ਇਹ ਕਦਮ ਹਾਈ ਕੋਰਟ ਵੱਲੋਂ 20 ਅਪ੍ਰੈਲ ਨੂੰ ਕੇਜਰੀਵਾਲ ਦੀ ਉਸ ਅਰਜ਼ੀ ਨੂੰ ਖਾਰਜ ਕਰਨ ਤੋਂ ਬਾਅਦ ਆਇਆ ਹੈ, ਜਿਸ ਵਿੱਚ ਉਨ੍ਹਾਂ ਨੇ ਜਸਟਿਸ ਸ਼ਰਮਾ ਨੂੰ ਇਸ ਕੇਸ ਤੋਂ ਲਾਂਭੇ ਹੋਣ ਦੀ ਮੰਗ ਕੀਤੀ ਸੀ।

ਜਸਟਿਸ ਸ਼ਰਮਾ ਨੂੰ ਭੇਜੇ ਵਿਸਤ੍ਰਿਤ ਪੱਤਰ ਵਿੱਚ ਕੇਜਰੀਵਾਲ ਨੇ ਲਿਖਿਆ ਕਿ ਉਨ੍ਹਾਂ ਦਾ ਇਹ ਫੈਸਲਾ ਕਿਸੇ ਗੁੱਸੇ ਜਾਂ ਅਪਮਾਨ ਦੀ ਭਾਵਨਾ



ਵਿੱਚੋਂ ਨਹੀਂ, ਸਗੋਂ 'ਨਿਆਂਪਾਲਿਕਾ ਦੀ ਭੂਮਿਕਾ ਵਿੱਚ ਅਟੁੱਟ ਵਿਸ਼ਵਾਸ ਅਤੇ ਨਿਮਰਤਾ' ਵਿੱਚੋਂ ਨਿਕਲਿਆ ਹੈ। ਉਨ੍ਹਾਂ ਕਿਹਾ ਕਿ ਰਿਕਿਊਜ਼ਲ ਅਰਜ਼ੀ ਖਾਰਜ ਹੋਣ ਤੋਂ ਬਾਅਦ ਉਨ੍ਹਾਂ ਨੂੰ ਅਹਿਸਾਸ ਹੋਇਆ ਹੈ ਕਿ ਉਨ੍ਹਾਂ ਦੇ ਖਦਸ਼ਿਆਂ ਨੂੰ ਨਿੱਜੀ ਹਮਲੇ ਵਜੋਂ ਲਿਆ ਗਿਆ ਹੈ, ਜਿਸ ਕਾਰਨ ਹੁਣ ਨਿਰਪੱਖ ਸੁਣਵਾਈ ਦੀ ਉਮੀਦ ਧੁੰਦਲੀ ਪੈ ਗਈ ਹੈ।

ਕੇਜਰੀਵਾਲ ਨੇ ਮਹਾਤਮਾ ਗਾਂਧੀ ਦੇ ਸੱਤਿਆਗ੍ਰਹਿ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਹ ਇਸ ਦੇ ਨਤੀਜੇ ਭੁਗਤਣ ਲਈ ਤਿਆਰ ਹਨ। ਉਨ੍ਹਾਂ ਨੇ ਪੱਤਰ ਵਿੱਚ ਦੋ ਮੁੱਖ ਕਾਰਨ ਦੱਸੇ ਹਨ (ਬਾਕੀ ਸਫਾ 2 'ਤੇ)

## 'ਆਪ' ਪੰਜਾਬ ਦੀ ਲੀਡਰਸ਼ਿਪ ਕੇਜਰੀਵਾਲ ਨਾਲ ਚੱਟਾਨ ਵਾਂਗ ਖੜ੍ਹੀ ਹੈ: ਮਾਨ

ਅੰਮ੍ਰਿਤਪਾਲ ਸਿੰਘ

ਚੰਡੀਗੜ੍ਹ, 27 ਅਪ੍ਰੈਲ :ਆਮ ਆਦਮੀ ਪਾਰਟੀ (ਆਪ) ਪੰਜਾਬ ਦੀ ਸੀਨੀਅਰ ਲੀਡਰਸ਼ਿਪ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਜਸਟਿਸ ਸਵਰਨ ਕਾਂਤਾ ਸ਼ਰਮਾ ਦੀ ਅਦਾਲਤ ਵਿੱਚ ਪੇਸ਼ ਨਾ ਹੋਣ ਦੇ ਫੈਸਲੇ ਦਾ ਜ਼ੋਰਦਾਰ ਸਮਰਥਨ ਕੀਤਾ ਹੈ। ਪਾਰਟੀ ਨੇ ਇਸ ਨੂੰ ਸੱਚਾਈ, ਸਵੈ-ਮਾਣ ਅਤੇ ਗਾਂਧੀਵਾਦੀ ਸਤਿਆਗ੍ਰਹਿ ਦੇ ਫਲਸਫੇ ਵਿੱਚ ਰਚਿਆ ਹੋਇਆ ਇੱਕ ਸਿਧਾਂਤਕ ਕਦਮ ਕਰਾਰ ਦਿੱਤਾ ਹੈ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' 'ਤੇ ਲਿਖਿਆ, 'ਅਰਵਿੰਦ ਕੇਜਰੀਵਾਲ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਇਨਸਾਫ਼ ਅਤੇ ਸਵੈ-ਮਾਣ ਲਈ ਇਨਸਾਨ ਨੂੰ ਸਭ ਕੁਝ ਕੁਰਬਾਨ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਜਦੋਂ ਨਿਆਂਪਾਲਿਕਾ ਦੀ ਨਿਰਪੱਖਤਾ 'ਤੇ ਸਵਾਲ ਉੱਠਦੇ ਹਨ, ਤਾਂ ਜਨਤਾ ਦਾ ਵਿਸ਼ਵਾਸ ਡੋਲ ਜਾਂਦਾ ਹੈ। ਅਸੀਂ ਸਾਰੇ ਉਨ੍ਹਾਂ ਦੇ ਨਾਲ ਚਟਾਨ ਵਾਂਗ ਖੜ੍ਹੇ ਹਾਂ।'

ਇਸ ਦੌਰਾਨ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ, 'ਜਦੋਂ ਨਿਆਂ 'ਤੇ ਸਿਆਸੀ ਪਰਛਾਵੇਂ ਪੈਂਦੇ ਹਨ, ਤਾਂ ਸੱਚ ਅਤੇ ਨਿਰਪੱਖਤਾ ਦੋਵਾਂ ਦਾ ਨੁਕਸਾਨ ਹੁੰਦਾ ਹੈ। ਭਾਜਪਾ ਅਤੇ ਇਸਦੇ ਵਿਚਾਰਧਾਰਕ ਤਾਣੇ-ਬਾਣੇ ਨਾਲ ਜੁੜੇ ਮਾਮਲਿਆਂ ਵਿੱਚ, ਨਿਰਪੱਖਤਾ 'ਤੇ ਸ਼ੱਕ ਪੈਦਾ ਹੋਣਾ ਸੁਭਾਵਿਕ ਹੈ।'

ਅਰਵਿੰਦ ਕੇਜਰੀਵਾਲ ਦੇ ਫੈਸਲੇ ਦਾ ਹਵਾਲਾ ਦਿੰਦੇ ਹੋਏ ਅਮਨ ਅਰੋੜਾ ਨੇ ਕਿਹਾ, 'ਸਤਿਆਗ੍ਰਹਿ ਦਾ ਰਸਤਾ ਅਪਨਾਉਣ ਦਾ ਉਨ੍ਹਾਂ ਦਾ ਫੈਸਲਾ ਮਹਾਤਮਾ (ਬਾਕੀ ਸਫਾ 2 'ਤੇ)

### ਰਾਜ ਸਭਾ ਸਕੱਤਰੇਤ ਵੱਲੋਂ ਮੈਂਬਰਾਂ ਦੀ ਸੂਚੀ ਜਾਰੀ

# 7 'ਆਪ' ਸਾਂਸਦਾਂ ਦੇ ਸ਼ਾਮਲ ਹੋਣ ਨਾਲ ਭਾਜਪਾ ਦੇ ਰਾਜ ਸਭਾ ਮੈਂਬਰਾਂ ਦੀ ਗਿਣਤੀ ਵੱਧ ਕੇ ਹੋਈ 113

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 27 ਅਪ੍ਰੈਲ :ਅਰਵਿੰਦ ਕੇਜਰੀਵਾਲ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਨੂੰ ਅੱਜ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ ਜਦੋਂ ਰਾਜ ਸਭਾ ਦੇ ਚੇਅਰਮੈਨ ਸੀ.ਪੀ. ਰਾਧਾਕ੍ਰਿਸ਼ਨਨ ਨੇ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਰਲੇਵੇਂ ਨੂੰ ਅਧਿਕਾਰਤ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ। ਇਸ ਫੈਸਲੇ ਨਾਲ ਰਾਜ ਸਭਾ ਵਿੱਚ 'ਆਪ' ਦੀ ਗਿਣਤੀ 10 ਤੋਂ ਘਟ ਕੇ ਸਿਰਫ਼ 3 ਰਹਿ ਗਈ ਹੈ, ਜਦੋਂਕਿ ਭਾਜਪਾ ਦੀ ਤਾਕਤ 106 ਤੋਂ ਵਧ ਕੇ 113 ਹੋ ਗਈ ਹੈ। ਰਾਜ ਸਭਾ ਦੀ ਵੈੱਬਸਾਈਟ ਅਨੁਸਾਰ, ਹੁਣ ਸਦਨ ਵਿੱਚ ਸੱਤਾਧਾਰੀ ਐਨਡੀਏ ਦੀ ਕੁੱਲ ਗਿਣਤੀ 141 ਤੋਂ ਵਧ ਕੇ 148 ਹੋ ਗਈ ਹੈ। ਭਾਜਪਾ ਹੁਣ ਉਪਰਲੇ ਸਦਨ ਵਿੱਚ 123 ਦੇ ਬਹੁਮਤ ਦੇ ਅੰਕੜੇ ਦੇ ਬਹੁਤ



ਨੇੜੇ ਪਹੁੰਚ ਗਈ ਹੈ। ਸੂਤਰਾਂ ਅਨੁਸਾਰ, ਚੇਅਰਮੈਨ ਨੇ ਇਹ ਫੈਸਲਾ ਸੰਵਿਧਾਨ ਦੀ ਦਸਵੀਂ ਅਨੁਸੂਚੀ (ਦਲ-ਬਦਲੀ ਵਿਰੋਧੀ ਕਾਨੂੰਨ) ਤਹਿਤ ਲਿਆ ਹੈ, ਜੋ ਕਿ ਦੋ-ਤਿਹਾਈ ਮੈਂਬਰਾਂ ਦੇ ਇਕੱਠੇ ਜਾਣ 'ਤੇ ਰਲੇਵੇਂ ਦੀ ਇਜਾਜ਼ਤ ਦਿੰਦਾ ਹੈ।ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸੱਤ ਸਾਂਸਦਾਂ ਵਿੱਚ ਰਾਘਵ ਚੱਢਾ, ਸੰਦੀਪ ਪਾਠਕ, ਸਵਾਤੀ ਮਾਲੀਵਾਲ, ਹਰਭਜਨ ਸਿੰਘ, ਵਿਕਰਮਜੀਤ ਸਿੰਘ ਸਾਹਨੀ, ਅਸ਼ੋਕ ਮਿੱਤਲ ਅਤੇ ਰਾਜਿੰਦਰ ਗੁਪਤਾ ਸ਼ਾਮਲ ਹਨ। ਇਹ ਸਾਰੇ ਮੈਂਬਰ 'ਆਪ' ਦੀ ਰਾਜ ਸਭਾ ਇਕਾਈ ਦੀ ਕੁੱਲ ਤਾਕਤ ਦਾ ਦੋ-ਤਿਹਾਈ ਹਿੱਸਾ ਬਣਦੇ ਹਨ, ਜਿਸ ਕਾਰਨ ਇਨ੍ਹਾਂ ਦੀ ਮੈਂਬਰਸ਼ਿਪ ਰੱਦ ਹੋਣ ਤੋਂ ਬਚ ਗਈ ਹੈ।

ਦੂਜੇ ਪਾਸੇ, ਆਮ ਆਦਮੀ ਪਾਰਟੀ ਨੇ ਇਸ ਫੈਸਲੇ ਦਾ ਸਖ਼ਤ ਵਿਰੋਧ ਕੀਤਾ ਹੈ। ਪਾਰਟੀ ਨੇ ਚੇਅਰਮੈਨ ਨੂੰ ਪੱਤਰ ਲਿਖ ਕੇ ਇਨ੍ਹਾਂ ਮੈਂਬਰਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਕੀਤੀ ਸੀ। 'ਆਪ' ਨੇ ਕਪਿਲ ਸਿੱਬਲ ਵਰਗੇ ਕਾਨੂੰਨੀ ਮਾਹਰਾਂ ਦਾ ਹਵਾਲਾ ਦਿੰਦਿਆਂ ਤਰਕ ਦਿੱਤਾ ਕਿ ਵਿਧਾਇਕ ਜਾਂ ਸੰਸਦੀ ਦਲ ਦੇ ਰਲੇਵੇਂ ਤੋਂ ਪਹਿਲਾਂ ਸਬੰਧਤ ਸਿਆਸੀ ਪਾਰਟੀਆਂ ਦਾ ਆਪਸ ਵਿੱਚ ਰਲੇਵਾਂ ਹੋਣਾ ਜ਼ਰੂਰੀ ਹੈ ।ਹਾਲਾਂਕਿ, ਮਾਹਰ ਮਹਾਰਾਸ਼ਟਰ ਵਿੱਚ ਸ਼ਿਵ ਸੈਨਾ (ਸ਼ਿੰਦੇ ਧੜਾ) ਅਤੇ ਐਨਸੀਪੀ (ਅਜੀਤ ਪਵਾਰ ਧੜਾ) ਦੀ ਮਿਸਾਲ ਦੇ ਰਹੇ ਹਨ, ਜਿੱਥੇ ਦੋ-ਤਿਹਾਈ ਬਹੁਮਤ ਦੇ ਅਧਾਰ 'ਤੇ ਵੱਖ ਹੋਏ ਧੜਿਆਂ ਨੂੰ ਹੀ ਅਸਲੀ ਪਾਰਟੀ ਵਜੋਂ ਮਾਨਤਾ ਮਿਲੀ ਸੀ। ਇਸ ਘਟਨਾਕ੍ਰਮ ਨੇ ਪੰਜਾਬ ਅਤੇ ਦਿੱਲੀ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ।

### ਸਾਂਸਦਾਂ ਦੇ ਬਾਗ਼ੀ ਹੋਣ ਮਗਰੋਂ 'ਆਪ' ਨੂੰ ਵਿਧਾਇਕਾਂ ਦੇ ਟੁੱਟਣ ਦਾ ਡਰ

## ਪੰਜਾਬ ਇਕਾਈ ਵਿੱਚ ਹਲਚਲ ਦਰਮਿਆਨ ਸਿਸੋਦੀਆ ਵੱਲੋਂ ਵਿਧਾਇਕਾਂ ਨਾਲ ਮੀਟਿੰਗ ਅੱਜ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 27 ਅਪ੍ਰੈਲ : ਰਾਜ ਸਭਾ ਸਕੱਤਰੇਤ ਵੱਲੋਂ ਆਮ ਆਦਮੀ ਪਾਰਟੀ (ਆਪ) ਦੇ ਸੱਤ ਮੈਂਬਰਾਂ ਦੇ ਭਾਜਪਾ ਵਿੱਚ ਰਲੇਵੇਂ ਨੂੰ ਪ੍ਰਵਾਨਗੀ ਦੇਣ ਤੋਂ ਬਾਅਦ, ਹੁਣ ਪਾਰਟੀ ਦੀ ਸਾਰੀ ਕੋਸ਼ਿਸ਼ ਆਪਣੇ 94 ਵਿਧਾਇਕਾਂ ਦੇ ਵੱਡੇ ਕਾਫਲੇ ਨੂੰ ਇੱਕਜੁੱਟ ਰੱਖਣ 'ਤੇ ਕੇਂਦਰਿਤ ਹੋ ਗਈ ਹੈ। ਸੂਤਰਾਂ ਅਨੁਸਾਰ ਪਾਰਟੀ ਹਾਈਕਮਾਂਡ ਨੇ ਸਥਿਤੀ ਨੂੰ ਸੰਭਾਲਣ ਲਈ ਬੁੱਧਵਾਰ ਸਵੇਰੇ ਜਲੰਧਰ ਵਿਖੇ ਵਿਧਾਇਕਾਂ ਦੀ ਇੱਕ ਅਹਿਮ ਮੀਟਿੰਗ ਤਲਬ ਕੀਤੀ ਹੈ। ਪਾਰਟੀ ਸੂਤਰਾਂ ਨੇ ਦੱਸਿਆ ਕਿ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਇਸ ਮੀਟਿੰਗ ਦੀ ਅਗਵਾਈ ਕਰਨਗੇ। ਕਿਉਂਕਿ ਸੰਦੀਪ ਪਾਠਕ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੇਠਲੇ ਪੱਧਰ ਤੋਂ ਤਿਆਰ ਕੀਤਾ ਸੀ ਅਤੇ ਉਹ ਅਹੁਦੇਦਾਰਾਂ ਦੇ ਸਿੱਧੇ ਸੰਪਰਕ ਵਿੱਚ ਰਹੇ ਹਨ, ਇਸ ਲਈ ਹੁਣ ਵਿਧਾਇਕਾਂ ਨੂੰ 'ਸੰਗਠਨ ਬਚਾਉਣ' ਅਤੇ ਕੇਡਰ ਨੂੰ ਟੁੱਟਣ ਤੋਂ ਰੋਕਣ ਦੇ ਗੁਰ ਸਿਖਾਏ ਜਾਣਗੇ। ਮਾਲਵਾ ਖੇਤਰ ਦੇ ਇੱਕ ਵਿਧਾਇਕ ਨੇ ਆਪਣੀ ਪਛਾਣ ਗੁਪਤ ਰੱਖੇ ਜਾਣ ਦੀ ਸ਼ਰਤ 'ਤੇ ਦੱਸਿਆ ਕਿ ਭਾਵੇਂ ਸਾਂਸਦਾਂ ਦੇ ਦਲ-ਬਦਲੀ ਦਾ ਸ਼ੁਰੂਆਤੀ ਸਦਮਾ ਖਤਮ ਹੋ ਗਿਆ ਹੈ, ਪਰ ਹੁਣ (ਬਾਕੀ ਸਫਾ 2 'ਤੇ)

## ਭੁੱਲਰ ਦੀਆਂ ਮੁਸ਼ਕਲਾਂ ਵਧੀਆਂ, ਈ.ਡੀ. ਵੱਲੋਂ ਚੰਡੀਗੜ੍ਹ ਸਮੇਤ 11 ਥਾਵਾਂ 'ਤੇ ਛਾਪੇਮਾਰੀ

ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.): ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਪੰਜਾਬ ਪੁਲਿਸ ਦੇ ਮੁਅੱਤਲ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਦੀਆਂ ਮੁਸ਼ਕਲਾਂ ਹੋਰ ਵਧ ਗਈਆਂ ਹਨ। ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਅੱਜ ਉਨ੍ਹਾਂ ਦੇ ਚੰਡੀਗੜ੍ਹ ਸਥਿਤ ਘਰ 'ਤੇ ਛਾਪਾ ਮਾਰਿਆ। ਈ.ਡੀ. ਭੁੱਲਰ ਅਤੇ ਹੋਰਾਂ ਵਿਰੁੱਧ ਮਨੀ ਲਾਂਡਰਿੰਗ ਰੋਕਥਾਮ ਐਕਟ (ਪੀ.ਐਮ.ਐਲ.ਏ.), 2002 ਦੇ ਤਹਿਤ ਤਲਾਸ਼ੀ ਮੁਹਿੰਮ ਚਲਾ ਰਹੀ ਹੈ। ਈ.ਡੀ. ਕੁੱਲ 11 ਥਾਵਾਂ 'ਤੇ ਪੀ.ਐਮ.ਐਲ.ਏ. ਦੀ ਧਾਰਾ 17 ਦੇ ਤਹਿਤ ਤਲਾਸ਼ੀ ਲੈ ਰਹੀ ਹੈ। ਇਨ੍ਹਾਂ ਥਾਵਾਂ 'ਤੇ ਚੰਡੀਗੜ੍ਹ ਵਿੱਚ ਦੋ, ਲੁਧਿਆਣਾ ਜ਼ਿਲ੍ਹੇ ਵਿੱਚ ਪੰਜ, ਪਟਿਆਲਾ ਵਿੱਚ ਦੋ, ਨਾਭਾ ਵਿੱਚ ਇੱਕ ਅਤੇ ਜਲੰਧਰ ਵਿੱਚ ਇੱਕ ਥਾਂ 'ਤੇ ਛਾਪੇਮਾਰੀ (ਬਾਕੀ ਸਫਾ 2 'ਤੇ)

# ਪੰਜਾਬ 'ਚ 2 ਦਿਨ ਗਰਮੀ ਤੋਂ ਮਿਲੇਗਾ ਛੁਟਕਾਰਾ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 27 ਅਪ੍ਰੈਲ :ਪੰਜਾਬ 'ਚ ਮੌਸਮ ਵਿਭਾਗ ਵੱਲੋਂ 28 ਅਪ੍ਰੈਲ ਤੋਂ 1 ਮਈ, 2026 ਤੱਕ ਜ਼ਿਲ੍ਹਾ-ਵਾਰ ਮੌਸਮੀ ਚੇਤਾਵਨੀਆਂ ਜਾਰੀ ਕੀਤੀਆਂ ਗਈਆਂ ਹਨ। ਇਸ ਅਨੁਸਾਰ ਆਉਣ ਵਾਲੇ ਦਿਨਾਂ ਦੌਰਾਨ ਕਈ ਜ਼ਿਲ੍ਹਿਆਂ 'ਚ ਬਿਜਲੀ ਲਿਸ਼ਕਣ ਨਾਲ ਮੀਂਹ, ਤੇਜ਼ ਹਵਾਵਾਂ ਦਾ ਅਸਰ ਵੇਖਣ ਨੂੰ ਮਿਲ ਸਕਦਾ ਹੈ। ਮੌਸਮ ਵਿਭਾਗ ਮੁਤਾਬਕ 28 ਅਪ੍ਰੈਲ ਨੂੰ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਕਪੂਰਥਲਾ, ਜਲੰਧਰ ਅਤੇ ਹੋਸ਼ਿਆਰਪੁਰ ਸਮੇਤ ਉੱਤਰੀ ਅਤੇ ਕੇਂਦਰੀ ਜ਼ਿਲ੍ਹਿਆਂ ਵਿੱਚ ਬਿਜਲੀ ਲਿਸ਼ਕਣ ਨਾਲ ਮੀਂਹ ਅਤੇ 40-50 ਕਿਮੀ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਤੋਂ ਇਲਾਵਾ (ਬਾਕੀ ਸਫਾ 2 'ਤੇ)

### ਦੇਸ਼ 'ਚ ਗਰਮੀ ਨੇ ਕੱਢੇ ਵੱਟ, ਤਾਪਮਾਨ 46 ਡਿਗਰੀ ਤੋਂ ਪਾਰ

ਨਵੀਂ ਦਿੱਲੀ, 27 ਅਪ੍ਰੈਲ (ਚ.ਨ.ਸ.):ਦੇਸ਼ ਵਿਚ ਭਾਰੀ ਗਰਮੀ ਪੈ ਰਹੀ ਹੈ। ਉੱਤਰ-ਪੂਰਬ ਨੂੰ ਛੱਡ ਕੇ, ਜ਼ਿਆਦਾਤਰ ਭਾਰਤੀ ਸੂਬਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਅਤੇ 46 ਡਿਗਰੀ ਸੈਲਸੀਅਸ ਦੇ ਵਿਚਕਾਰ ਹੈ। ਐਤਵਾਰ ਨੂੰ ਉੱਤਰ ਪ੍ਰਦੇਸ਼, ਰਾਜਸਥਾਨ ਅਤੇ ਮਹਾਰਾਸ਼ਟਰ ਦੇ ਸੱਤ ਸ਼ਹਿਰਾਂ ਵਿਚ ਤਾਪਮਾਨ 46 ਡਿਗਰੀ ਸੈਲਸੀਅਸ ਤੋਂ ਵੱਧ ਗਿਆ। ਅੱਜ ਉੱਤਰ ਪ੍ਰਦੇਸ਼ ਦੇ 60 ਜ਼ਿਲ੍ਹਿਆਂ ਲਈ ਹੀਟਵੇਵ ਅਲਰਟ ਜਾਰੀ ਕੀਤਾ ਗਿਆ ਹੈ। ਮਹਾਰਾਸ਼ਟਰ ਦੇ ਅਕੋਲਾ ਵਿੱਚ ਸਭ ਤੋਂ ਵੱਧ ਤਾਪਮਾਨ 46.9 ਡਿਗਰੀ ਸੈਲਸੀਅਸ (ਬਾਕੀ ਸਫਾ 2 'ਤੇ)

## ਬੰਗਾਲ ਦਾ ਮਾਹੌਲ ਭਾਜਪਾ ਦੀ ਜਿੱਤ ਦਾ ਸੰਕੇਤ, ਸਹੁੰ ਚੁੱਕ ਸਮਾਰੋਹ 'ਚ ਮੁੜ ਆਵਾਂਗਾ: ਮੋਦੀ

ਚੜ੍ਹਦੀਕਲਾ ਬਿਊਰੋ

ਕੋਲਕਾਤਾ, 27 ਅਪ੍ਰੈਲ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਵਿਸ਼ਵਾਸ ਜਤਾਇਆ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ ਭਾਜਪਾ ਪੱਛਮੀ ਬੰਗਾਲ 'ਚ ਅਗਲੀ ਸਰਕਾਰ ਬਣਾਏਗੀ ਅਤੇ ਚਾਰ ਮਈ ਨੂੰ ਨਤੀਜੇ ਐਲਾਨ ਹੋਣ ਤੋਂ ਬਾਅਦ ਉਹ ਸਹੁੰ ਚੁੱਕ ਸਮਾਰੋਹ ਲਈ ਮੁੜ ਆਉਣਗੇ।



ਪ੍ਰਧਾਨ ਮੰਤਰੀ ਮੋਦੀ ਵਿਧਾਨ ਸਭਾ ਚੋਣਾਂ ਦੇ ਦੂਜੇ ਅਤੇ ਅੰਤਿਮ ਪੜਾਅ ਦੇ ਅਧੀਨ ਪ੍ਰਚਾਰ ਦੇ ਆਖਰੀ ਦਿਨ ਉੱਤਰ 24 ਪਰਗਨਾ ਜ਼ਿਲ੍ਹੇ ਦੇ ਬੈਰਕਪੁਰ 'ਚ ਇਕ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਸੱਤਾਧਾਰੀ ਤ੍ਰਿਣਮੂਲ ਕਾਂਗਰਸ 'ਤੇ ਤਿੱਖਾ ਹਮਲਾ ਕਰਦੇ ਹੋਏ ਉਸ 'ਤੇ 'ਸਿੰਡੀਕੇਟ ਰਾਜ' ਚਲਾਉਣ, ਰਾਜਨੀਤਕ ਹਿੰਸਾ ਕਰਨ ਅਤੇ ਆਰਥਿਕ ਪਿਛੜੇਪਣ ਦਾ ਦੋਸ਼ ਲਗਾਇਆ। ਪੀ.ਐਮ. ਮੋਦੀ ਨੇ ਕਿਹਾ, "ਪੱਛਮੀ ਬੰਗਾਲ 'ਚ ਮੈਂ ਜੋ ਮਾਹੌਲ ਮਹਿਸੂਸ ਕੀਤਾ ਹੈ, ਉਸ ਤੋਂ ਮੈਂ ਕਹਿ ਸਕਦਾ ਹਾਂ ਕਿ ਚਾਰ ਮਈ ਤੋਂ ਬਾਅਦ ਭਾਜਪਾ ਸਰਕਾਰ ਦੇ ਸਹੁੰ ਚੁੱਕ ਸਮਾਰੋਹ 'ਚ ਮੈਨੂੰ ਫਿਰ ਤੋਂ ਆਉਣਾ ਹੋਵੇਗਾ।" ਇਸ 'ਤੇ ਭੀੜ ਨੇ ਜ਼ੋਰਦਾਰ ਤਾੜੀਆਂ ਵਜਾਈਆਂ। (ਬਾਕੀ ਸਫਾ 2 'ਤੇ)

## ਭਾਰਤ ਵੱਲੋਂ ਬੰਗਲਾਦੇਸ਼ 'ਚ ਨਵਾਂ ਹਾਈ ਕਮਿਸ਼ਨਰ ਨਿਯੁਕਤ

ਨਵੀਂ ਦਿੱਲੀ, 27 ਅਪ੍ਰੈਲ (ਚ.ਨ.ਸ.): ਭਾਰਤ ਸਰਕਾਰ ਨੇ ਸਾਬਕਾ ਕੇਂਦਰੀ ਮੰਤਰੀ ਅਤੇ ਭਾਜਪਾ ਆਗੂ ਦਿਨੇਸ਼ ਤ੍ਰਿਵੇਦੀ ਨੂੰ ਬੰਗਲਾਦੇਸ਼ ਵਿੱਚ ਭਾਰਤ ਦਾ ਅਗਲਾ ਹਾਈ



ਕਮਿਸ਼ਨਰ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਅਜਿਹੇ ਸਮੇਂ ਹੋਈ ਹੈ ਜਦੋਂ ਦੋਵਾਂ ਗੁਆਂਢੀ ਦੇਸ਼ਾਂ ਵਿਚਕਾਰ ਵਿਗੜ ਚੁੱਕੇ ਰਿਸ਼ਤਿਆਂ ਨੂੰ ਮੁੜ ਲੀਹ 'ਤੇ ਲਿਆਉਣ ਦੀਆਂ ਕੋਸ਼ਿਸ਼ਾਂ ਤੇਜ਼ ਹੋ ਗਈਆਂ ਹਨ। ਦਿਨੇਸ਼ ਤ੍ਰਿਵੇਦੀ ਮੌਜੂਦਾ ਹਾਈ ਕਮਿਸ਼ਨਰ ਪ੍ਰਣਯ ਵਰਮਾ ਦੀ ਜਗ੍ਹਾ ਲੈਣਗੇ। ਪ੍ਰਣਯ ਵਰਮਾ ਨੂੰ ਹੁਣ ਬੈਲਜੀਅਮ ਅਤੇ ਯੂਰਪੀਅਨ ਯੂਨੀਅਨ 'ਚ ਭਾਰਤ ਦਾ ਅਗਲਾ ਰਾਜਦੂਤ ਨਿਯੁਕਤ ਕੀਤਾ ਗਿਆ ਹੈ। ਦਿਨੇਸ਼ ਤ੍ਰਿਵੇਦੀ ਭਾਰਤ ਦੇ ਸਾਬਕਾ (ਬਾਕੀ ਸਫਾ 2 'ਤੇ)

# ਮਾਨਸੂਨ ਤੋਂ ਪਹਿਲਾਂ ਹੜ੍ਹਾਂ ਦੇ ਸੁਰੱਖਿਆ ਪ੍ਰਬੰਧਾਂ ਦੀ ਮਜ਼ਬੂਤੀ ਲਈ ਐਂਫ਼ੀਬੀਅਸ ਮਸ਼ੀਨਾਂ ਖ਼ਰੀਦਾਂਗੇ: ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 27 ਅਪ੍ਰੈਲ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹੜ੍ਹ ਸੁਰਖਿਆਂ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਪੰਜਾਬ ਦੇ ਹੜ੍ਹ ਰੋਕਥਾਮ ਅਤੇ ਰਾਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਉੱਨਤ ਐਂਫੀਬੀਅਸ ਮਸ਼ੀਨਾਂ (ਪਾਣੀ ਵਿੱਚ ਅਤੇ ਧਰਤੀ 'ਤੇ ਚੱਲਣ ਵਾਲੀਆਂ ਮਸ਼ੀਨਾਂ) ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਾਨਸੂਨ ਸੀਜ਼ਨ ਤੋਂ ਪਹਿਲਾਂ ਹੜ੍ਹਾਂ ਜਾਂ ਭਾਰੀ ਮੀਂਹ ਕਰਕੇ ਹੁੰਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਅਤੇ ਜਾਨ-ਮਾਲ ਦੀ ਰਾਖੀ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ।

ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੜ੍ਹ ਰਾਹਤ ਕਾਰਜਾਂ ਨੂੰ ਸੁਚਾਰੂ ਅਤੇ ਮੁਸ਼ਕਲ



ਰਹਿਤ ਢੰਗ ਨਾਲ ਚਲਾਉਣ ਲਈ ਪੰਜਾਬ ਸਰਕਾਰ ਵੱਲੋਂ ਨਹਿਰਾਂ ਅਤੇ ਨਾਲਿਆਂ (ਡਰੇਨਾਂ) ਦੀ ਸਫਾਈ ਵਾਸਤੇ ਐਂਫੀਬੀਅਸ ਮਸ਼ੀਨਾਂ ਖਰੀਦਣ ਦੀ ਸਹਿਮਤੀ ਦਿੱਤੀ ਗਈ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਮਸ਼ੀਨਾਂ ਵਗਦੇ ਪਾਣੀ ਵਿੱਚ ਵੀ ਕੰਮ ਕਰਨ ਅਤੇ ਡੂੰਘਾਈ ਨਾਲ ਸਫ਼ਾਈ ਦੇ ਸਮਰੱਥ ਹਨ, ਜੋ ਇਨ੍ਹਾਂ ਮਸ਼ੀਨਾਂ ਨੂੰ ਰੋਕਥਾਮ ਉਪਾਵਾਂ ਅਤੇ ਐਮਰਜੈਂਸੀ ਕਾਰਵਾਈ ਲਈ ਮਹੱਤਵਪੂਰਨ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁ-ਮੰਤਵੀ ਮਸ਼ੀਨਾਂ ਡੂੰਘਾਈ ਨਾਲ ਸਫ਼ਾਈ ਕਰ ਸਕਦੀਆਂ ਹਨ ਜਿਸ ਲਈ ਸੰਭਾਵਿਤ ਅਤੇ ਐਮਰਜੈਂਸੀ ਹਾਲਾਤਾਂ ਵਿੱਚ ਹੜ੍ਹ (ਬਾਕੀ ਸਫਾ 2 'ਤੇ)

## ਬੰਗਾਲ 'ਚ ਇਸ ਵਾਰ ਖਿੜੇਗਾ 'ਕਮਲ': ਨਬੀਨ

ਟੋਂਕ (ਰਾਜਸਥਾਨ), 27 ਅਪ੍ਰੈਲ (ਚ.ਨ.ਸ.):ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਭਰੋਸਾ ਜਤਾਇਆ ਹੈ ਕਿ ਪੱਛਮੀ ਬੰਗਾਲ ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸ਼ਾਨਦਾਰ ਜਿੱਤ ਹੋਵੇਗੀ ਅਤੇ ਉੱਥੇ 'ਕਮਲ' ਖਿੜੇਗਾ। ਰਾਜਸਥਾਨ ਦੇ ਟੋਂਕ ਸ਼ਹਿਰ ਵਿੱਚ ਪਾਰਟੀ ਦੇ ਨਵੇਂ ਜ਼ਿਲ੍ਹਾ ਦਫ਼ਤਰ ਦਾ ਉਦਘਾਟਨ ਕਰਨ ਮੌਕੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ 4 ਮਈ (ਗਿਣਤੀ ਦੇ ਦਿਨ) ਨੂੰ ਬੰਗਾਲ 'ਚ ਭਗਵਾਂ ਲਹਿਰਾਏਗਾ। ਨਬੀਨ ਨੇ ਪੱਛਮੀ ਬੰਗਾਲ ਦੀ ਮੌਜੂਦਾ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਜਿਹੜੀ ਸਰਕਾਰ 'ਮਾਂ, ਮਾਟੀ ਅਤੇ ਮਾਨੁਸ਼' ਦੇ ਨਾਅਰੇ ਨਾਲ ਸੱਤਾ 'ਚ ਆਈ ਸੀ, ਉਸ ਨੇ ਇਨ੍ਹਾਂ ਤਿੰਨਾਂ ਨਾਲ ਬੇਈਮਾਨੀ ਕੀਤੀ ਹੈ। ਉਨ੍ਹਾਂ ਦੋਸ਼ (ਬਾਕੀ ਸਫਾ 2 'ਤੇ)

## ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਰਸਤੇ 'ਚੋਂ ਬਰਫ਼ ਹਟਾਉਣ ਦਾ ਕੰਮ ਜਾਰੀ



ਚੜ੍ਹਦੀਕਲਾ ਬਿਊਰੋ

ਗੋਬਿੰਦ ਧਾਮ, 27 ਅਪ੍ਰੈਲ : ਭਾਰਤੀ ਫੌਜ ਦੇ ਜਵਾਨਾਂ ਨੇ ਸ੍ਰੀ ਹੇਮਕੁੰਟ ਸਾਹਿਬ ਦੇ ਰਸਤੇ ਵਿੱਚ ਜੰਮੀ ਬਰਫ ਨੂੰ ਹਟਾਉਣ ਅਤੇ ਰਸਤੇ ਤਿਆਰ ਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਇਸ ਵੇਲੇ ਸ੍ਰੀ ਹੇਮਕੁੰਟ ਸਾਹਿਬ ਦੇ ਕੋਲ ਅਟਲਾਕੋਟੀ ਗਲੇਸ਼ੀਅਰ ਨੇੜੇ ਰਸਤੇ ਵਿੱਚ ਤਿੰਨ ਤੋਂ ਪੰਜ ਫੁੱਟ ਤੱਕ ਬਰਫ ਜੰਮੀ ਹੋਈ ਹੈ। ਉੱਤਰਾਖੰਡ ਵਿਖੇ ਲਗਭਗ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਾਪਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ 20 ਮਈ ਨੂੰ ਆਰੰਭ ਹੋ ਰਹੀ ਹੈ ਅਤੇ 23 ਮਈ ਨੂੰ ਸੰਗਤ ਵਾਸਤੇ ਕਪਾਟ ਖੋਲ੍ਹੇ ਜਾਣਗੇ। ਇਸ ਸਾਲਾਨਾ ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਰਸਤੇ (ਬਾਕੀ ਸਫਾ 2 'ਤੇ)

## ਐਸ.ਐਚ.ਓ. ਦੋ ਕਿੱਲੋ ਹੈਰੋਇਨ ਸਮੇਤ ਗ੍ਰਿਫ਼ਤਾਰ

ਅੰਮ੍ਰਿਤਸਰ, 27 ਅਪ੍ਰੈਲ (ਚ.ਨ.ਸ.): ਅੰਮ੍ਰਿਤਸਰ ਦਿਹਾਤੀ ਵਿੱਚ ਇੱਕ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨਾਲ ਪੁਲਿਸ ਵਿਭਾਗ ਵਿੱਚ ਹੜਕੰਪ ਮਚ ਗਿਆ ਹੈ। ਥਾਣਾ ਭਿੰਡੀਸੈਦਾਂ ਦੇ ਐਸ.ਐਚ.ਓ. ਸ਼ਸ਼ਪਾਲ ਸਿੰਘ ਨੂੰ 2 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਹ ਕਾਰਵਾਈ ਉਸ ਵੇਲੇ ਕੀਤੀ ਗਈ ਜਦੋਂ ਉੱਚ ਅਧਿਕਾਰੀਆਂ ਨੂੰ ਇਸ ਗੰਭੀਰ ਮਾਮਲੇ ਬਾਰੇ ਜਾਣਕਾਰੀ ਮਿਲੀ। ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਹੈਰੋਇਨ ਪਾਕਿਸਤਾਨ ਤੋਂ ਡਰੋਨ ਰਾਹੀਂ ਭਾਰਤ ਵਿੱਚ ਭੇਜੀ ਗਈ ਸੀ। ਦੱਸਿਆ ਜਾ ਰਿਹਾ ਹੈ ਕਿ ਇਸ ਨਸ਼ੇ ਦੀ ਖੇਪ ਨੂੰ ਐਸ.ਐਚ.ਓ. ਸ਼ਸ਼ਪਾਲ ਸਿੰਘ ਵੱਲੋਂ ਖੁਰਦ-ਬੁਰਦ ਕਰਨ ਦੀ ਕੋਸ਼ਿਸ਼ ਕੀਤੀ ਗਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ। ਗ੍ਰਿਫਤਾਰੀ (ਬਾਕੀ ਸਫਾ 2 'ਤੇ)

## ਭਾਰਤ - ਨਿਊਜ਼ੀਲੈਂਡ ਵਿਚਾਲੇ ਮੁਕਤ ਵਪਾਰ ਸਮਝੌਤਾ ਸਹੀਬੱਧ

ਨਵੀਂ ਦਿੱਲੀ, 27 ਅਪ੍ਰੈਲ (ਚ.ਨ.ਸ.): ਭਾਰਤ ਅਤੇ ਨਿਊਜ਼ੀਲੈਂਡ ਨੇ ਸੋਮਵਾਰ ਨੂੰ ਇੱਕ ਮੁਕਤ ਵਪਾਰ ਸਮਝੌਤੇ (ਐਫ਼ਟੀਏ) 'ਤੇ ਦਸਤਖਤ ਕੀਤੇ ਹਨ, ਜਿਸ ਦਾ ਉਦੇਸ਼ ਦੁਵੱਲੇ ਵਪਾਰ ਅਤੇ ਨਿਵੇਸ਼ ਨੂੰ ਹੁਲਾਰਾ ਦੇਣਾ ਹੈ। ਇਸ ਸਮਝੌਤੇ 'ਤੇ ਭਾਰਤ ਦੇ ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਅਤੇ ਨਿਊਜ਼ੀਲੈਂਡ ਦੇ ਵਪਾਰ ਅਤੇ ਨਿਵੇਸ਼ ਮੰਤਰੀ ਟੌਡ ਮੈਕਲੇ ਨੇ ਦਸਤਖਤ ਕੀਤੇ।ਇਸ ਸਮਝੌਤੇ ਤਹਿਤ ਨਿਊਜ਼ੀਲੈਂਡ ਨਿਰਯਾਤ ਕੀਤੇ ਜਾਣ ਵਾਲੇ ਭਾਰਤ ਦੇ 100 ਫੀਸਦੀ ਸਮਾਨ 'ਤੇ ਹੁਣ ਕੋਈ ਡਿਊਟੀ ਨਹੀਂ ਲੱਗੇਗੀ, ਜਿਸ ਵਿੱਚ ਸਾਰੀਆਂ ਵਸਤੂਆਂ ਅਤੇ ਉਤਪਾਦ ਸ਼ਾਮਲ ਹਨ। ਇਸ ਫੈਸਲੇ ਨਾਲ ਕੱਪੜਾ ਉਦਯੋਗ, ਚਮੜਾ, ਜੁੱਤੀਆਂ, ਗਹਿਣੇ, ਇੰਜੀਨੀਅਰਿੰਗ ਅਤੇ ਖਾਣ-ਪੀਣ ਦੀਆਂ (ਬਾਕੀ ਸਫਾ 2 'ਤੇ)

### 2027 ਦੀਆਂ ਚੋਣਾਂ ਲਈ ਕਾਂਗਰਸ ਲਈ ਸਭ ਤੋਂ ਵੱਡਾ ਖ਼ਤਰਾ

# ਹਾਈ ਕਮਾਨ ਬਦਲੇਗੀ ਕਾਂਗਰਸ ਦਾ ਪੰਜਾਬ ਚਿਹਰਾ

**ਪੰਜਾਬ ਕਾਂਗਰਸ: ਧੜੇਬੰਦੀ, ਜਾਤੀ ਸਮੀਕਰਨ ਅਤੇ 2027 ਦੀ ਸਿਆਸੀ ਚੁਣੌਤੀ**

**ਕਾਂਗਰਸ ਦਾ ਦੋਆਬਾ ਦਲਿਤ ਵੋਟ ਖਿਸਕ ਕੇ ਭਾਜਪਾ ਨੂੰ ਜਾਏਗਾ**

ਪ੍ਰੋ.ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਪੰਜਾਬ ਵਿੱਚ ਕਾਂਗਰਸ ਇਸ ਵੇਲੇ ਸਭ ਤੋਂ ਵੱਡੇ ਸੰਕਟ ਵਿੱਚ ਆਪਣੀ ਹੀ ਅੰਦਰੂਨੀ ਰਾਜਨੀਤੀ ਕਰਕੇ ਦਿਖਾਈ ਦੇ ਰਹੀ ਹੈ। ਬਾਹਰੋਂ ਦੇਖਣ ਤੇ ਲੱਗਦਾ ਹੈ ਕਿ ਕਾਂਗਰਸ ਇੱਕ ਮਜ਼ਬੂਤ ਵਿਰੋਧੀ ਪਾਰਟੀ ਹੈ, ਪਰ ਅੰਦਰੋਂ ਉਸਦਾ ਢਾਂਚਾ ਧੜਿਆਂ, ਨਿੱਜੀ ਅਹੰਕਾਰਾਂ ਅਤੇ ਜਾਤੀ ਅਧਾਰਿਤ ਖੇਮਾਬੰਦੀ ਵਿੱਚ ਵੰਡਿਆ ਹੋਇਆ ਹੈ। ਇਹ ਸਥਿਤੀ 2027 ਦੀਆਂ ਚੋਣਾਂ ਲਈ ਕਾਂਗਰਸ ਲਈ ਸਭ ਤੋਂ ਵੱਡਾ ਖਤਰਾ ਬਣ ਸਕਦੀ ਹੈ।

ਅੱਜ ਪੰਜਾਬ ਕਾਂਗਰਸ ਵਿੱਚ ਰਵਾਇਤੀ ਤੌਰ ਤੇ ਮਾਝਾ, ਦੋਆਬਾ ਅਤੇ ਮਾਲਵਾ ਦੀ ਖੇਤਰੀ ਲਾਬੀ ਰਹੀ ਹੈ। ਇਸਦੇ ਨਾਲ ਜੱਟ ਸਿੱਖ, ਦਲਿਤ, ਹਿੰਦੂ ਸ਼ਹਿਰੀ ਅਤੇ ਪਿੱਛੜੇ ਵਰਗਾਂ ਦੇ ਸਮੀਕਰਨ ਵੀ ਹਮੇਸ਼ਾਂ ਨੇਤ੍ਰਿਤਵ ਨੂੰ ਪ੍ਰਭਾਵਿਤ ਕਰਦੇ ਰਹੇ ਹਨ। ਅੱਜ ਇਹ ਸਮੀਕਰਨ ਹੋਰ ਵੀ ਗੁੰਝਲਦਾਰ ਹੋ ਗਏ ਹਨ। ਇੱਕ ਪਾਸੇ ਪੁਰਾਣੇ ਦਿੱਗਜ ਨੇਤਾ ਆਪਣਾ ਪ੍ਰਭਾਵ ਕਾਇਮ ਰੱਖਣਾ ਚਾਹੁੰਦੇ ਹਨ, ਦੂਜੇ ਪਾਸੇ ਨਵੀਂ ਪੀੜ੍ਹੀ ਆਪਣੇ ਲਈ ਜਗ੍ਹਾ ਮੰਗ ਰਹੀ ਹੈ। ਨਤੀਜਾ ਇਹ ਹੈ ਕਿ ਪਾਰਟੀ ਇੱਕ ਸੰਗਠਿਤ ਤਾਕਤ ਦੀ ਥਾਂ ਵੱਖ-ਵੱਖ ਟੋਲੀਆਂ ਦਾ ਮੇਲ ਜਾਪਦੀ ਹੈ।

ਅੱਜ ਭਾਜਪਾ ਅਤੇ ਆਮ ਆਦਮੀ ਪਾਰਟੀ ਇਸ ਕਮਜ਼ੋਰੀ ਨੂੰ ਬੜੀ ਬਾਰੀਕੀ ਨਾਲ ਦੇਖ ਰਹੀਆਂ ਹਨ। ਆਪ ਸੱਤਾ ਵਿੱਚ ਹੋਣ ਦੇ ਬਾਵਜੂਦ ਆਪਣੀ ਸੰਗਠਨਾਤਮਕ ਪਕੜ ਮਜ਼ਬੂਤ ਕਰਨ ਵਿੱਚ ਲੱਗੀ ਹੈ, ਜਦਕਿ ਭਾਜਪਾ ਪੰਜਾਬ ਵਿੱਚ ਸਿੱਧੀ ਨਹੀਂ ਤਾਂ ਅਸਿਧੇ ਸੱਤਾ ਦੀ ਸੰਭਾਵਨਾ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਅਜਿਹੇ ਵਿੱਚ ਜੇ ਕਾਂਗਰਸ ਆਪਣੀ ਅੰਦਰੂਨੀ ਲੜਾਈ ਤੋਂ ਬਾਹਰ ਨਾ ਆਈ, ਤਾਂ ਉਹ ਮੁੱਖ ਮੁਕਾਬਲੇ ਤੋਂ ਹੀ ਬਾਹਰ ਹੋ ਸਕਦੀ ਹੈ।

ਅੱਜ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਪੰਜਾਬ ਕਾਂਗਰਸ ਦਾ ਪ੍ਰਧਾਨ ਆਉਣ ਵਾਲੇ ਦਿਨਾਂ ਵਿੱਚ ਬਦਲੇਗਾ? ਰਾਜਨੀਤਿਕ ਸੰਕੇਤ ਇਹ ਦੱਸਦੇ ਹਨ ਕਿ ਹਾਈਕਮਾਂਡ ਇਸ ਮਾਮਲੇ 'ਤੇ ਚੁੱਪ ਰਹਿ ਕੇ ਵੀ ਲਗਾਤਾਰ ਨਬਜ਼ ਟਟੋਲ ਰਹੀ ਹੈ। ਜੇ ਲੋਕ ਸਭਾ ਅਤੇ ਆਉਣ ਵਾਲੇ ਸੰਗਠਨਾਤਮਕ ਸਮੀਕਰਨਾਂ ਵਿੱਚ ਸੰਤੁਲਨ ਨਹੀਂ ਬਣਿਆ, ਤਾਂ ਪ੍ਰਧਾਨ ਬਦਲਣ ਦੀ ਸੰਭਾਵਨਾ ਨੂੰ ਨਕਾਰਿਆ ਨਹੀਂ ਜਾ ਸਕਦਾ। ਕਾਂਗਰਸ ਅਕਸਰ ਚੋਣਾਂ ਤੋਂ ਪਹਿਲਾਂ ਚਿਹਰਾ ਬਦਲ ਕੇ ਨਵਾਂ ਸੰਦੇਸ਼ ਦੇਣ ਦੀ ਕੋਸ਼ਿਸ਼ ਕਰਦੀ ਰਹੀ ਹੈ। ਪਰ ਹੁਣ ਸਿਰਫ਼ ਪ੍ਰਧਾਨ ਬਦਲਣਾ ਹੱਲ ਨਹੀਂ ਹੋਵੇਗਾ। ਜੇ ਨੀਤੀ ਨਹੀਂ ਬਦਲੀ, ਜੇ ਜ਼ਮੀਨੀ ਵਰਕਰ ਨੂੰ ਸਨਮਾਨ ਨਹੀਂ ਮਿਲਿਆ, ਜੇ ਸਥਾਨਕ ਨੇਤ੍ਰਿਤਵ ਨੂੰ ਖੁਦਮੁਖਤਿਆਰੀ ਨਹੀਂ ਮਿਲੀ, ਤਾਂ ਨਵਾਂ ਚਿਹਰਾ ਵੀ ਪੁਰਾਣੀ ਨਿਰਾਸ਼ਾ ਹੀ ਸਾਬਤ ਹੋਵੇਗਾ। ਲੋਕ ਹੁਣ ਸਿਰਫ਼ ਨਾਅਰਿਆਂ ਨਾਲ ਨਹੀਂ, ਭਰੋਸੇ ਨਾਲ ਜੁੜਦੇ ਹਨ।ਕਾਊਂਟਰ ਪਾਰਟੀ ਪ੍ਰੋਪੇਗੰਡੇ ਲਈ ਵੀ ਕਾਂਗਰਸ ਨੂੰ ਨਵੀਂ ਰਣਨੀਤੀ ਦੀ ਲੋੜ ਹੈ। ਕੇਵਲ ਆਪ ਦੀ ਨਾਕਾਮੀ ਜਾਂ ਭਾਜਪਾ ਦੇ ਡਰ ਦਾ ਸਹਾਰਾ ਲੈ ਕੇ ਚੋਣ ਨਹੀਂ ਜਿੱਤੀ ਜਾ ਸਕਦੀ। ਪੰਜਾਬ ਦੀ ਜਨਤਾ ਹੁਣ ਪੁੱਛਦੀ ਹੈ— ਤੁਹਾਡਾ ਆਪਣਾ ਵਿਜ਼ਨ ਕੀ ਹੈ? ਕਿਸਾਨ, ਨੌਜਵਾਨ, ਵਪਾਰੀ ਅਤੇ ਪੰਜਾਬੀ ਅਸਮਿਤਾ ਲਈ ਤੁਹਾਡਾ ਸਪਸ਼ਟ ਰੋਡਮੈਪ ਕੀ ਹੈ?

ਮੇਰੇ ਰਾਜਨੀਤਿਕ ਅਨੁਮਾਨ ਅਨੁਸਾਰ ਕਾਂਗਰਸ ਦੀ ਪੂਰੀ ਟੁੱਟ ਤੁਰੰਤ ਨਹੀਂ ਹੋਵੇਗੀ, ਪਰ ਅੰਦਰੂਨੀ ਖਿੱਚਤਾਣ ਜਾਰੀ ਰਹੀ ਤਾਂ ਹੌਲੀ-ਹੌਲੀ ਪ੍ਰਭਾਵਸ਼ਾਲੀ ਚਿਹਰੇ ਹੋਰ ਪਾਰਟੀਆਂ ਵੱਲ ਜਾ ਸਕਦੇ ਹਨ। ਜੇ ਉਹ ਆਪਣੇ ਆਪ ਨੂੰ ਜਿੱਤ ਗਈ, ਤਾਂ ਪੰਜਾਬ ਵਿੱਚ ਵਾਪਸੀ ਸੰਭਵ ਹੈ। ਜੇ ਨਾ ਜਿੱਤੀ, ਤਾਂ ਇਤਿਹਾਸ ਉਸਨੂੰ ਇੱਕ ਹੋਰ ਖੋਹਿਆ ਹੋਇਆ ਮੌਕਾ ਲਿਖੇਗਾ।

### ਅਮਰੀਕੀ ਰਾਸ਼ਟਰਪਤੀ ਦਾ ਨਵਾਂ ਅਲਟੀਮੇਟਮ

## ਈਰਾਨ ਕੋਲ ਯੁੱਧ ਖ਼ਤਮ ਕਰਨ ਵਾਸਤੇ ਸਮਝੌਤੇ ਲਈ ਸਿਰਫ਼ ਤਿੰਨ ਦਿਨ: ਟਰੰਪ

ਚੜ੍ਹਦੀਕਲਾ ਬਿਊਰੋ

ਵਾਸ਼ਿੰਗਟਨ, 27 ਅਪ੍ਰੈਲ :ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ 26 ਅਪ੍ਰੈਲ ਨੂੰ ਈਰਾਨ ਨੂੰ ਇੱਕ ਨਵੀਂ ਚੇਤਾਵਨੀ ਦਿੱਤੀ ਹੈ। ਆਪਣੀ ਚੇਤਾਵਨੀ ਵਿਚ ਟਰੰਪ ਨੇ ਕਿਹਾ ਕਿ ਈਰਾਨ ਕੋਲ ਯੁੱਧ ਖਤਮ ਕਰਨ ਲਈ ਸਮਝੌਤੇ 'ਤੇ ਸਹਿਮਤ ਹੋਣ ਲਈ ਸਿਰਫ ਤਿੰਨ ਦਿਨ ਹਨ। ਟਰੰਪ ਨੇ ਕਿਹਾ ਹੈ ਕਿ ਜੇਕਰ ਈਰਾਨ ਸਮਝੌਤੇ ਲਈ ਰਾਜ਼ੀ ਨਹੀਂ ਹੁੰਦਾ, ਤਾਂ ਉਸ ਦੀਆਂ ਤੇਲ ਪਾਈਪਲਾਈਨਾਂ ਅੰਦਰੋਂ ਫਟ ਜਾਣਗੀਆਂ ।ਇੱਕ ਖ਼ਬਰ ਏਜੰਸੀ ਨਾਲ ਗੱਲ ਕਰਦੇ ਹੋਏ, ਟਰੰਪ ਨੇ ਕਿਹਾ ਕਿ ਜੇਕਰ ਈਰਾਨ ਤੇਲ ਨਿਰਯਾਤ ਜਾਰੀ ਰੱਖਣ ਵਿੱਚ ਅਸਫਲ ਰਹਿੰਦਾ ਹੈ, ਤਾਂ ਪਾਈਪਲਾਈਨਾਂ ਮਕੈਨੀਕਲ ਅਤੇ ਕੁਦਰਤੀ ਕਾਰਨਾਂ ਕਰਕੇ ਖਰਾਬ ਹੋ



ਜਾਣਗੀਆਂ।ਟਰੰਪ ਨੇ ਇਹ ਵੀ ਕਿਹਾ ਕਿ ਇੱਕ ਵਾਰ ਫਟਣ ਤੋਂ ਬਾਅਦ, ਈਰਾਨ ਪਾਈਪਲਾਈਨ ਨੂੰ ਇਸ ਦੀ ਅਸਲ ਸਮਰੱਥਾ ਵਿੱਚ ਦੁਬਾਰਾ ਬਣਾਉਣ ਵਿੱਚ ਅਸਮਰੱਥ ਹੋਵੇਗਾ। ਇਹ ਆਪਣੀ ਪਿਛਲੀ ਉਤਪਾਦਨ ਸਮਰੱਥਾ ਦੇ ਸਿਰਫ 50% 'ਤੇ ਕੰਮ ਕਰਨ ਦੇ ਯੋਗ ਹੋਵੇਗਾ। ਉਸੇ (ਬਾਕੀ ਸਫਾ 2 'ਤੇ)

# ਸਾਲ 2025 ਵਿੱਚ ਭਾਰਤ ਦਾ ਫ਼ੌਜੀ ਖ਼ਰਚਾ 8.9 ਫ਼ੀਸਦੀ ਵਧ ਕੇ 92.1 ਅਰਬ ਡਾਲਰ ਤੱਕ ਪੁੱਜਾ



ਨਵੀਂ ਦਿੱਲੀ, 27 ਅਪ੍ਰੈਲ (ਚ.ਨ.ਸ.) : ਹਥਿਆਰਾਂ ਦੀ ਨਿਗਰਾਨੀ ਕਰਨ ਵਾਲੀ ਸੰਸਥਾ ਸਟਾਕਹੋਮ ਕੌਮਾਂਤਰੀ ਪੀਸ ਰਿਸਰਚ ਇੰਸਟੀਚਿਊਟ (ਐੱਸ ਆਈ ਪੀ ਆਰ ਆਈ) ਵੱਲੋਂ ਸੋਮਵਾਰ ਨੂੰ ਜਾਰੀ ਕੀਤੀ ਗਈ ਇੱਕ ਰਿਪੋਰਟ ਅਨੁਸਾਰ, ਸਾਲ 2025 ਵਿੱਚ ਭਾਰਤ ਦੁਨੀਆਂ ਦਾ ਪੰਜਵਾਂ ਸਭ ਤੋਂ ਵੱਧ ਫੌਜੀ ਖ਼ਰਚਾ ਕਰਨ ਵਾਲਾ ਦੇਸ਼ ਰਿਹਾ ਹੈ। ਭਾਰਤ ਨੇ ਆਪਣੇ ਫੌਜੀ ਬਜਟ ਵਿੱਚ 8.9 ਫੀਸਦੀ ਦਾ ਵਾਧਾ ਕੀਤਾ ਹੈ, ਜਿਸ ਨਾਲ ਹੁਣ ਇਹ ਕੁੱਲ ਖ਼ਰਚਾ 92.1 ਅਰਬ ਡਾਲਰ ਤੱਕ ਪਹੁੰਚ ਗਿਆ ਹੈ।
ਐੱਸ ਆਈ ਪੀ ਆਰ ਆਈ ਵੱਲੋਂ ਅੱਜ ਜਾਰੀ ਕੀਤੇ ਗਏ ਨਵੇਂ ਅੰਕੜਿਆਂ ਮੁਤਾਬਕ, ਸਾਲ 2025 ਵਿੱਚ ਦੁਨੀਆ ਦਾ ਕੁੱਲ ਫੌਜੀ ਖ਼ਰਚਾ ਵਧ ਕੇ 2887 ਅਰਬ ਡਾਲਰ ਹੋ ਗਿਆ ਹੈ। ਇਹ ਲਗਾਤਾਰ 11ਵਾਂ ਸਾਲ ਹੈ ਜਦੋਂ ਫੌਜੀ ਖ਼ਰਚਿਆਂ ਵਿੱਚ ਵਾਧਾ ਦਰਜ ਕੀਤਾ ਗਿਆ ਹੈ। ਰਿਪੋਰਟ ਅਨੁਸਾਰ, 2025 ਵਿੱਚ ਸਭ ਤੋਂ ਵੱਧ ਖ਼ਰਚਾ ਕਰਨ ਵਾਲੇ ਪੰਜ ਪ੍ਰਮੁੱਖ ਦੇਸ਼ ਅਮਰੀਕਾ, ਚੀਨ, ਰੂਸ, ਜਰਮਨੀ ਅਤੇ ਭਾਰਤ ਹਨ। ਇਹ ਪੰਜੇ ਦੇਸ਼ ਮਿਲ ਕੇ ਪੂਰੀ ਦੁਨੀਆਂ ਦੇ ਕੁੱਲ ਫੌਜੀ ਖ਼ਰਚੇ ਦਾ 58 ਫੀਸਦੀ ਹਿੱਸਾ (ਕੁੱਲ 1,686 ਅਰਬ ਡਾਲਰ) ਖ਼ਰਚ ਕਰਦੇ ਹਨ।
ਐੱਸ ਆਈ ਪੀ ਆਰ ਆਈ ਦੀ ਸਾਲਾਨਾ ਕੌਮਾਂਤਰੀ ਫੌਜੀ ਖਰਚੇ ਵਿੱਚ ਰੁਝਾਨ ਰਿਪੋਰਟ ਦੇ ਅਨੁਸਾਰ, ਮਈ 2025 ਵਿੱਚ ਭਾਰਤ ਅਤੇ ਪਾਕਿਸਤਾਨ ਵਿਚਾਲੇ ਹੋਏ ਟਕਰਾਅ ਨੇ ਸਾਲ ਦੇ ਦੌਰਾਨ ਭਾਰਤ ਦੇ ਫੌਜੀ ਖਰਚੇ ਨੂੰ ਵਧਾ ਦਿੱਤਾ ਹੈ। ਇਸ ਟਕਰਾਅ ਵਿੱਚ ਲੜਾਕੂ ਜਹਾਜ਼ਾਂ, ਡਰੋਨਾਂ ਅਤੇ ਮਿਜ਼ਾਇਲਾਂ ਦੀ ਵਰਤੋਂ ਕੀਤੀ ਗਈ ਸੀ।
ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪਾਕਿਸਤਾਨ ਦਾ ਫੌਜੀ ਖਰਚਾ ਸਾਲ 2025 ਵਿੱਚ 11 ਫੀਸਦੀ ਦੇ ਵਾਧੇ ਨਾਲ 11.9 ਅਰਬ ਡਾਲਰ ਤੱਕ ਪਹੁੰਚ ਗਿਆ ਹੈ। ਇਹ ਵਾਧਾ ਮੁੱਖ ਤੌਰ 'ਤੇ ਮਈ ਵਿੱਚ ਭਾਰਤ ਨਾਲ ਹੋਏ ਹਥਿਆਰਬੰਦ ਸੰਘਰਸ਼ ਤੋਂ ਬਾਅਦ ਚੀਨ ਨੂੰ ਦਿੱਤੇ ਗਏ ਨਵੇਂ ਲੜਾਕੂ ਜਹਾਜ਼ਾਂ ਅਤੇ ਮਿਜ਼ਾਇਲਾਂ ਦੇ ਆਰਡਰਾਂ ਕਰਕੇ ਹੋਇਆ ਹੈ। ਇਸ ਤੋਂ ਇਲਾਵਾ, ਹਥਿਆਰਾਂ ਦੀ ਖਰੀਦ ਦੇ ਉਹ ਪੁਰਾਣੇ ਸਮਝੌਤੇ ਜੋ ਹੁਣ ਪੂਰੇ ਹੋਣ ਵਾਲੇ ਹਨ, ਉਨ੍ਹਾਂ ਦੀਆਂ ਅਦਾਇਗੀਆਂ ਕਰਨਾ ਵੀ ਇਸ ਖਰਚੇ ਦੇ ਵਧਣ ਦਾ ਵੱਡਾ ਕਾਰਨ ਰਿਹਾ ਹੈ।
ਤਾਜ਼ਾ ਰਿਪੋਰਟ ਅਨੁਸਾਰ, ਸੰਯੁਕਤ ਰਾਜ ਅਮਰੀਕਾ ਦੇ ਫੌਜੀ ਖ਼ਰਚੇ ਵਿੱਚ ਇਸ ਵਾਰ ਕਮੀ ਦੇਖੀ ਗਈ ਹੈ। ਅਮਰੀਕਾ ਦਾ ਫੌਜੀ ਖ਼ਰਚਾ 954 ਅਰਬ ਡਾਲਰ ਰਿਹਾ, ਜੋ ਕਿ ਸਾਲ 2024 ਦੇ ਮੁਕਾਬਲੇ 2025 ਵਿੱਚ 7.5 ਫੀਸਦੀ ਘੱਟ ਦਰਜ ਕੀਤਾ ਗਿਆ ਹੈ। ਉੱਥੇ ਹੀ ਚੀਨ ( ਜੋ ਕਿ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਫੌਜੀ ਖਰਚਾ ਕਰਨ ਵਾਲਾ ਦੇਸ਼ ਹੈ) ਨੇ ਆਪਣੇ ਫੌਜੀ ਖਰਚੇ ਵਿੱਚ 7.4 ਫੀਸਦੀ ਦਾ ਵਾਧਾ ਕਰਕੇ ਇਸ ਨੂੰ 336 ਅਰਬ ਡਾਲਰ ਕਰ ਦਿੱਤਾ ਹੈ।

# ਪੰਜਾਬ 'ਚ ਕਣਕ ਦੀ ਆਮਦ ਅਤੇ ਖ਼ਰੀਦ 100 ਲੱਖ ਮੀਟਰਕ ਟਨ ਦੇ ਅੰਕੜੇ ਤੋਂ ਪਾਰ



ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਸਦਕਾ ਅੱਜ ਕਣਕ ਦੀ ਆਮਦ ਅਤੇ ਖਰੀਦ ਦੋਵੇਂ ਹੀ 100 ਲੱਖ ਮੀਟਰਕ ਟਨ (ਐਲਐਮਟੀ) ਦੇ ਅੰਕੜੇ ਨੂੰ ਪਾਰ ਕਰ ਗਏ ਹਨ।
ਅੱਜ ਤੱਕ 10349917.17 ਲੱਖ ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਦੋਂ ਕਿ 10015024.35 ਲੱਖ ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਯੋਗ ਅਗਵਾਈ ਹੇਠ, ਵਿਭਾਗ ਵੱਲੋਂ ਸੂਬੇ ਭਰ ਦੀਆਂ ਮੰਡੀਆਂ ਵਿੱਚ ਬਾਰਦਾਨਾ, ਪੀਣ ਵਾਲੇ ਸਾਫ਼ ਪਾਣੀ ਦੇ ਨਾਲ-ਨਾਲ ਸਾਫ਼ ਸਫਾਈ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ, ਜਿਸ ਸਦਕਾ ਕਣਕ ਦੀ ਆਮਦ, ਖਰੀਦ ਅਤੇ ਲਿਫਟਿੰਗ ਵਿੱਚ ਤੇਜ਼ੀ ਆਈ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਇਆ ਗਿਆ ਹੈ, ਜਿਸ ਨਾਲ ਕਿਸਾਨ, ਆੜ੍ਹਤੀਏ ਜਾਂ ਮਜ਼ਦੂਰਾਂ ਸਮੇਤ ਸਾਰੇ ਭਾਈਵਾਲਾਂ ਦੇ ਹਿੱਤਾਂ ਦੀ ਰੱਖਿਆ ਕੀਤੀ ਗਈ ਹੈ।
ਕਿਸਾਨਾਂ ਨੂੰ ਕੀਤੇ ਗਏ ਭੁਗਤਾਨ ਸਬੰਧੀ, 48 ਘੰਟਿਆਂ ਦੇ ਅੰਦਰ-ਅੰਦਰ ਖਰੀਦੀ ਗਈ ਕਣਕ ਲਈ 21422.09 ਕਰੋੜ ਰੁਪਏ ਦੀ ਰਕਮ ਉਨ੍ਹਾਂ ਦੇ ਖਾਤਿਆਂ ਵਿੱਚ ਟਰਾਂਸਫ਼ਰ ਕਰ ਦਿੱਤੀ ਗਈ ਹੈ।

# ਪੁਤਿਨ ਵੱਲੋਂ ਅੱਬਾਸ ਅਰਾਘਚੀ ਨਾਲ ਮੁਲਾਕਾਤ ਦੌਰਾਨ ਈਰਾਨ ਨੂੰ ਪੂਰੇ ਸਮਰਥਨ ਦਾ ਵਾਅਦਾ



ਮਾਸਕੋ, 27 ਅਪ੍ਰੈਲ (ਚ.ਨ.ਸ.): ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਸੋਮਵਾਰ ਨੂੰ ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨਾਲ ਇੱਕ ਅਹਿਮ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਪੁਤਿਨ ਨੇ ਈਰਾਨ ਨੂੰ ਆਪਣਾ ਖੁੱਲ੍ਹਾ ਸਮਰਥਨ ਦਿੰਦੇ ਹੋਏ ਕਿਹਾ ਕਿ ਰੂਸ ਉਹ ਹਰ ਕੰਮ ਕਰੇਗਾ ਜੋ ਤੇਹਰਾਨ ਅਤੇ ਇਸ ਖੇਤਰ ਦੇ ਹੋਰ ਦੇਸ਼ਾਂ ਦੇ ਹਿੱਤ ਵਿੱਚ ਹੋਵੇਗਾ। ਰਾਸ਼ਟਰਪਤੀ ਪੁਤਿਨ ਨੇ ਦੱਸਿਆ ਕਿ ਉਨ੍ਹਾਂ ਨੂੰ ਈਰਾਨ ਦੇ ਸੁਪਰੀਮ ਲੀਡਰ ਮੋਜਤਬਾ ਖਾਮੇਨੇਈ ਵੱਲੋਂ ਇੱਕ ਵਿਸ਼ੇਸ਼ ਸੰਦੇਸ਼ ਮਿਲਿਆ ਹੈ। ਪੁਤਿਨ ਨੇ ਅਰਾਘਚੀ ਨੂੰ ਕਿਹਾ ਕਿ ਉਹ ਸੁਪਰੀਮ ਲੀਡਰ ਤੱਕ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਅਤੇ ਚੰਗੀ ਸਿਹਤ ਦੀਆਂ ਦੁਆਵਾਂ ਪਹੁੰਚਾਉਣ। ਇਹ ਉੱਚ ਪੱਧਰੀ ਗੱਲਬਾਤ ਦੋਵਾਂ ਦੇਸ਼ਾਂ ਦੇ ਡੂੰਘੇ ਹੁੰਦੇ ਰਿਸ਼ਤਿਆਂ ਦੀ ਗਵਾਹੀ ਭਰਦੀ ਹੈ। ਇਹ ਮੁਲਾਕਾਤ ਇਸ ਪੱਖੋਂ ਬਹੁਤ ਖਾਸ ਹੈ, ਕਿਉਂਕਿ ਆਮ ਤੌਰ 'ਤੇ ਕਿਸੇ ਦੇਸ਼ ਦਾ ਰਾਸ਼ਟਰਪਤੀ ਦੂਜੇ ਦੇਸ਼ ਦੇ ਸਿਰਫ਼ ਵਿਦੇਸ਼ ਮੰਤਰੀ ਨਾਲ ਸਿੱਧੀ ਮੁਲਾਕਾਤ ਨਹੀਂ ਕਰਦਾ। ਪੁਤਿਨ ਵੱਲੋਂ ਅਰਾਘਚੀ ਨੂੰ ਦਿੱਤਾ ਗਿਆ ਸਮਾਂ ਇਹ ਸਾਬਤ ਕਰਦਾ ਹੈ ਕਿ ਰੂਸ ਇਸ ਮੁਲਾਕਾਤ ਅਤੇ ਈਰਾਨ ਨਾਲ ਆਪਣੇ ਸਬੰਧਾਂ ਨੂੰ ਕਿੰਨੀ ਜ਼ਿਆਦਾ ਅਹਿਮੀਅਤ ਦੇ ਰਿਹਾ ਹੈ। ਇਹ ਮੁਲਾਕਾਤ ਅਜਿਹੇ ਸਮੇਂ ਹੋਈ ਹੈ ਜਦੋਂ ਈਰਾਨ ਅਮਰੀਕਾ ਨਾਲ ਜੰਗ ਲੜ ਰਿਹਾ ਹੈ ਅਤੇ ਇਸਲਾਮਾਬਾਦ ਵਿੱਚ ਹੋਈ ਸ਼ਾਂਤੀ ਵਾਰਤਾ ਬੇਸਿੱਟਾ ਰਹੀ ਹੈ। ਪੁਤਿਨ ਨੇ ਸਪੱਸ਼ਟ ਕੀਤਾ ਕਿ ਮਾਸਕੋ ਤੇਹਰਾਨ ਨਾਲ ਆਪਣੇ ਰਣਨੀਤਕ, ਫੌਜੀ ਅਤੇ ਸਿਆਸੀ ਸਬੰਧਾਂ ਨੂੰ ਅੱਗੇ ਵੀ ਜਾਰੀ ਰੱਖੇਗਾ। ਇਸ ਘਟਨਾਕ੍ਰਮ ਨੇ ਦੁਨੀਆਂ ਨੂੰ ਇੱਕ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਈਰਾਨ ਇਸ ਸੰਕਟ ਵਿੱਚ ਇਕੱਲਾ ਨਹੀਂ ਹੈ ਅਤੇ ਰੂਸ ਵਰਗੀ ਵੱਡੀ ਤਾਕਤ ਉਸ ਦੇ ਨਾਲ ਖੜ੍ਹੀ ਹੈ।

# ਪਹਿਲੇ ਸਫ਼ੇ ਦੀ ਬਾਕੀ

## ਲੱਦਾਖ 'ਚ 5 ਨਵੇਂ ਜ਼ਿਲ੍ਹਿਆਂ ਦਾ ਐਲਾਨ,

ਪੂਰੀ ਹੋਈ ਹੈ। ਪੰਜ ਨਵੇਂ ਜ਼ਿਲ੍ਹੇ - ਨੁਬਰਾ, ਸ਼ਾਮ, ਚਾਂਗਥਾਂਗ, ਜਾਂਸਕਰ ਅਤੇ ਦਰਾਸ - ਦੇ ਗਠਨ ਦੇ ਨਾਲ, ਲੱਦਾਖ ਵਿੱਚ ਹੁਣ ਦੋ ਦੀ ਬਜਾਏ ਕੁੱਲ ਸੱਤ ਜ਼ਿਲ੍ਹੇ ਹੋਣਗੇ।
ਉਨ੍ਹਾਂ ਅੱਗੇ ਟਵੀਟ ਕੀਤਾ ਕਿ ਇਹ ਕਦਮ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਵਿਕਸਤ ਅਤੇ ਖੁਸ਼ਹਾਲ ਲੱਦਾਖ' ਦੇ ਦ੍ਰਿਸ਼ਟੀਕੋਣ ਦੇ ਮੁਤਾਬਕ ਹੈ। ਇਹ ਪਰਿਵਰਤਨਸ਼ੀਲ ਫੈਸਲਾ, ਜੋ ਕਿ ਅਗਸਤ, 2024 ਵਿੱਚ ਗ੍ਰਹਿ ਮੰਤਰੀ ਅਮਿਤ ਦੀ ਅਗਵਾਈ ਹੇਠ ਗ੍ਰਹਿ ਮੰਤਰਾਲੇ ਦੁਆਰਾ ਪਹਿਲਾਂ ਹੀ ਮਨਜ਼ੂਰ ਕੀਤਾ ਗਿਆ ਸੀ, ਜ਼ਮੀਨੀ ਪੱਧਰ 'ਤੇ ਸ਼ਾਸਨ ਨੂੰ ਮਜ਼ਬੂਤ ਕਰੇਗਾ, ਪ੍ਰਸ਼ਾਸਨ ਦਾ ਵਿਕੇਂਦਰੀਕਰਨ ਕਰੇਗਾ ਅਤੇ ਲੱਦਾਖ ਦੇ ਲੋਕਾਂ, ਖਾਸ ਕਰਕੇ ਦੂਰ-ਦੁਰਾਡੇ ਅਤੇ ਪਹੁੰਚ ਤੋਂ ਬਾਹਰ ਰਹਿਣ ਵਾਲੇ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਲਈ ਜਨਤਕ ਸੇਵਾਵਾਂ ਤੱਕ ਤੇਜ਼ੀ ਨਾਲ ਪਹੁੰਚ ਨੂੰ ਯਕੀਨੀ ਬਣਾਏਗਾ।
ਐਲ.ਜੀ. ਨੇ ਲਿਖਿਆ ਕਿ ਨਵੇਂ ਜ਼ਿਲ੍ਹਿਆਂ ਦੀ ਸਿਰਜਣਾ, ਸ਼ਾਸਨ ਨੂੰ ਨਾਗਰਿਕਾਂ ਦੇ ਨੇੜੇ ਲਿਆਉਣ ਦੇ ਨਾਲ-ਨਾਲ, ਵਿਕਾਸ, ਰੋਜ਼ਗਾਰ ਅਤੇ ਉੱਦਮਤਾ ਲਈ ਨਵੇਂ ਮੌਕੇ ਵੀ ਪੈਦਾ ਕਰੇਗੀ। ਮੈਂ ਇਹ ਯਕੀਨੀ ਬਣਾਉਣ ਦੇ ਆਪਣੇ ਇਰਾਦੇ ਨੂੰ ਦੁਹਰਾਉਂਦਾ ਹਾਂ ਕਿ ਲੱਦਾਖ ਦੇ ਹਰ ਨਾਗਰਿਕ ਨੂੰ ਇਸ ਇਤਿਹਾਸਕ ਫੈਸਲੇ ਦਾ ਲਾਭ ਮਿਲੇ ਕਿਉਂਕਿ ਅਸੀਂ ਸਾਰੇ ਇਕੱਠੇ ਇੱਕ ਉੱਜਵਲ, ਮਜ਼ਬੂਤ ਅਤੇ ਵਧੇਰੇ ਖੁਸ਼ਹਾਲ ਭਵਿੱਖ ਵੱਲ ਵਧਦੇ ਹਾਂ।ਇੱਕ ਦਿਨ ਪਹਿਲਾਂ, ਕੇਂਦਰੀ ਗ੍ਰਹਿ ਮੰਤਰਾਲੇ ਨੇ 22 ਮਈ ਨੂੰ ਅੰਦੋਲਨਕਾਰੀ ਲੱਦਾਖੀ ਸਮੂਹਾਂ ਦੇ ਪ੍ਰਤੀਨਿਧੀਆਂ ਨਾਲ ਰਾਜਨੀਤਿਕ ਗੱਲਬਾਤ ਲਈ ਬਣਾਈ ਗਈ ਸਬ-ਕਮੇਟੀ ਦੀ ਮੀਟਿੰਗ ਬੁਲਾਉਣ ਦਾ ਫੈਸਲਾ ਕੀਤਾ ਸੀ। ਉੱਪ ਰਾਜਪਾਲ ਵਿਨੇ ਕੁਮਾਰ ਸਕਸੈਨਾ ਨੇ ਐਤਵਾਰ ਨੂੰ ਇਸ ਦ ਜਾਣਕਾਰੀ ਦਿੱਤੀ ਸੀ। ਉਪ-ਸਮਿਤੀ ਦੀ ਪਿਛਲੀ ਬੈਠਕ ਫਰਵਰੀ ਦ ਸ਼ੁਰੂਆਤ ਵਿਚ ਹੋਈ ਸੀ। ਲੇਹ ਐਪੇਕਸ ਬਾਡੀ (ਐਲ.ਏ.ਬੀ.) ਅਤੇ ਕਾਰਗਿਲ ਡੈਮੋਕ੍ਰੇਟਿਕ ਅਲਾਇੰਸ (ਕੇ.ਡੀ.ਏ.) ਲੰਮੇ ਸਮੇਂ ਤੋਂ ਗੱਲਬਾਤ ਮੁੜ ਸ਼ੁਰੂ ਕਰਨ ਦੀ ਮੰਗ ਕਰ ਰਹੇ ਸਨ। ਇਹ 2021 ਤੋਂ ਸੂਬੇ ਦ ਦਰਜਾ ਅਤੇ ਲੱਦਾਖ ਨੂੰ ਛੇਵੀਂ ਅਨੁਸੂਚੀ ਵਿਚ ਸ਼ਾਮਲ ਕੀਤੇ ਜਾਣ ਵਰਗੀਆਂ ਪ੍ਰਮੁੱਖ ਮੰਗਾਂ ਨੂੰ ਲੈ ਕੇ ਕੇਂਦਰ ਦੇ ਨਾਲ ਸੰਯੁਕਤ ਤੌਰ 'ਤੇ ਵਾਰਤ ਕਰ ਰਹੇ ਹਨ। ਮੈਨੂੰ ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਨੇ 22 ਮਈ ਨੂੰ ਰਾਜਨੀਤਿਕ ਸੰਵਾਦ ਲਈ ਸਬ-ਕਮੇਟੀ ਦੀ ਮੀਟਿੰਗ ਬੁਲਾਉਣ ਦਾ ਫੈਸਲਾ ਕੀਤਾ ਹੈ, ਲੈਫਟੀਨੈਂਟ ਗਵਰਨਰ ਨੇ ਐਤਵਾਰ ਨੂੰ ਐ 'ਤੇ ਇੱਕ ਪੋਸਟ ਵਿੱਚ ਕਿਹਾ।ਇਹ ਲੱਦਾਖ ਦੇ ਪ੍ਰਮੁੱਖ ਹਿੱਤਧਾਰਕਾਂ ਦੇ ਨਾਲ ਰਚਨਾਤਮਕ ਲੋਕਤਾਂਤ੍ਰਿਕ ਸੰਵਾਦ ਦੀ ਪ੍ਰਕਿਰਿਆ ਨੂੰ ਅੱਗੇ ਵਧਾਏਗਾ ਅਤੇ ਲਦਾਖ ਦੇ ਲੋਕਾਂ ਦੀਆਂ ਇਛਾਵਾਂ ਨੂੰ ਪੂਰਾ ਕਰਨ ਲਈ ਸਥਾਈ ਸਮਾਧਾਨ ਦਾ ਰਾਹ ਪੱਧਰਾ ਕਰੇਗਾ।ਉੱਪ ਰਾਜਪਾਲ ਨੇ 14 ਅਪ੍ਰੈਲ ਨੂੰ ਵਿਸ਼ਵਾਸ ਜਤਾਇਆ ਸੀ ਕਿ ਐਲ.ਏ.ਬੀ.-ਕੇ.ਡੀ.ਏ. ਅਤੇ ਕੇਂਦਰ ਵਿਚਾਲੇ ਜਾਰੀ ਸੰਵਾਦ ਨਾਲ ਹੱਲ ਨਿਕਲੇਗਾ। ਉਨ੍ਹਾਂ ਕਿਹਾ ਸੀ ਕਿ ਜਦੋਂ ਵੀ ਲੋੜ ਹੋਵੇਗੀ, ਉਹ ਇਸ ਪ੍ਰਕਿਰਿਆ ਨੂੰ ਸਮਰਥਨ ਦੇਣ ਲਈ ਉਪਲੱਬਧ ਰਹਿਣਗੇ। ਇਸ ਦੇ ਇੱਕ ਦਿਨ ਬਾਅਦ ਕੇਡੀਏ ਨੇ ਵਾਰਤਾ ਤੁਰੰਤ ਫਿਰ ਸ਼ੁਰੂ ਕਰਨ ਦੀ ਮੰਗ ਕੀਤੀ ਸੀ ਅਤੇ ਕਿਹਾ ਸੀ ਕਿ ਪ੍ਰੀਸ਼ਦ-ਆਧਾਰਤ ਵਿਵਸਥਾ ਨੂੰ ਛੱਡ ਕੇ ਕੇਂਦਰ ਦੇ ਕਿਸੇ ਵੀ ਨਵੇਂ ਪ੍ਰਸਤਾਵ ਲਈ ਉਹ ਖੁੱਲ੍ਹੇ ਹਨ।

## ਕੇਜਰੀਵਾਲ ਵੱਲੋਂ ਹਾਈ ਕੋਰਟ ਦੇ ਜੱਜ

ਪਹਿਲਾ, ਜੱਜ ਦੀ ਅਖਿਲ ਭਾਰਤੀ ਅਧਿਵਕਤਾ ਪ੍ਰੀਸ਼ਦਨਾਲ ਕਥਿਤ ਜਨਤਕ ਸਾਂਝ, ਜਿਸ ਨੂੰ ਉਨ੍ਹਾਂ ਨੇ ਸੱਤਾਧਾਰੀ ਪਾਰਟੀ ਦੇ ਵਿਚਾਰਧਾਰਕ ਤੰਤਰ ਦਾ ਹਿੱਸਾ ਦੱਸਿਆ।
ਦੂਜਾ ਅਤੇ ਗੰਭੀਰ ਮੁੱਦਾ ਹਿੱਤਾਂ ਦੇ ਟਕਰਾਅਦਾ ਉਠਾਇਆ ਗਿਆ ਹੈ। ਕੇਜਰੀਵਾਲ ਮੁਤਾਬਕ ਜੱਜ ਦੇ ਬੱਚੇ ਕੇਂਦਰ ਸਰਕਾਰ ਦੇ ਪੈਨਲ ਵਿੱਚ ਵਕੀਲ ਵਜੋਂ ਸ਼ਾਮਲ ਹਨ ਅਤੇ ਸੀਬੀਆਈ, ਜੋ ਕਿ ਇਸ ਕੇਸ ਵਿੱਚ ਵਿਰੋਧੀ ਧਿਰ ਹੈ, ਰਾਹੀਂ ਉਨ੍ਹਾਂ ਨੂੰ ਵੱਡੀ ਗਿਣਤੀ ਵਿੱਚ ਕੇਸ ਮਿਲ ਰਹੇ ਹਨ।
ਕੇਜਰੀਵਾਲ ਨੇ ਤਰਕ ਦਿੱਤਾ ਹੈ ਕਿ ਅਜਿਹੀ ਸਥਿਤੀ ਵਿੱਚ ਇੱਕ ਆਮ ਨਾਗਰਿਕ ਇਹ ਕਿਵੇਂ ਵਿਸ਼ਵਾਸ ਕਰ ਸਕਦਾ ਹੈ ਕਿ ਬੈਂਚ ਕੇਂਦਰ ਸਰਕਾਰ ਦੇ ਖਿਲਾਫ ਕੋਈ ਫੈਸਲਾ ਸੁਣਾਏਗੀ। ਉਨ੍ਹਾਂ ਐਲਾਨ ਕੀਤਾ ਕਿ ਉਹ ਹੁਣ ਨਾ ਤਾਂ ਖੁਦ ਅਤੇ ਨਾ ਹੀ ਆਪਣੇ ਵਕੀਲ ਰਾਹੀਂ ਇਸ ਕੇਸ ਦੀ ਕਾਰਵਾਈ ਵਿੱਚ ਸ਼ਾਮਲ ਹੋਣਗੇ। ਹਾਲਾਂਕਿ, ਉਨ੍ਹਾਂ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਸਤਿਕਾਰ ਨਿਆਂਪਾਲਿਕਾ ਅਤੇ ਸੰਵਿਧਾਨ ਪ੍ਰਤੀ ਬਰਕਰਾਰ ਹੈ ਅਤੇ ਉਹ ਇਸ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦੇਣ ਦਾ ਹੱਕ ਰਾਖਵਾਂ ਰੱਖਦੇ ਹਨ। ਕੇਜਰੀਵਾਲ ਨੇ ਅਦਾਲਤ ਨੂੰ ਬੇਨਤੀ ਕੀਤੀ ਹੈ ਕਿ ਉਨ੍ਹਾਂ ਦਾ ਇਹ ਪੱਤਰ ਰਿਕਾਰਡ 'ਤੇ ਲਿਆ ਜਾਵੇ ਅਤੇ ਅਦਾਲਤ ਅਗਲੇਰੀ ਕਾਰਵਾਈ ਆਪਣੀ ਮਰਜ਼ੀ ਅਨੁਸਾਰ ਜਾਰੀ ਰੱਖੇ।

## 'ਆਪ' ਪੰਜਾਬ ਦੀ ਲੀਡਰਸ਼ਿਪ ਕੇਜਰੀਵਾਲ

ਗਾਂਧੀ ਤੋਂ ਪ੍ਰੇਰਿਤ ਇੱਕ ਸ਼ਾਂਤੀਪੂਰਨ ਪਰ ਪ੍ਰਭਾਵਸ਼ਾਲੀ ਵਿਰੋਧ ਨੂੰ ਦਰਸਾਉਂਦਾ ਹੈ। ਜਨਤਾ ਦਾ ਵਿਸ਼ਵਾਸ ਬਹਾਲ ਕਰਨ ਲਈ ਨਿਆਂਪਾਲਿਕਾ ਨੂੰ ਇਨ੍ਹਾਂ ਉਠਾਈਆਂ ਜਾ ਰਹੀਆਂ ਚਿੰਤਾਵਾਂ ਦਾ ਨੋਟਿਸ ਲੈਣਾ ਚਾਹੀਦਾ ਹੈ।'
ਦੂਜੇ ਪਾਸੇ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਇਹ ਕਦਮ ਬੇਮਿਸਾਲ ਹੈ। ਆਜ਼ਾਦੀ ਤੋਂ ਬਾਅਦ ਸ਼ਾਇਦ ਇਹ ਪਹਿਲੀ ਵਾਰ ਹੈ ਕਿ ਕਿਸੇ ਆਗੂ ਨੇ ਸਿਸਟਮ ਨਾਲ ਜੁੜੀਆਂ ਚਿੰਤਾਵਾਂ ਨੂੰ ਉਜਾਗਰ ਕਰਨ ਲਈ ਅਜਿਹਾ ਰਸਤਾ ਚੁਣਿਆ ਹੈ। ਅਰਵਿੰਦ ਕੇਜਰੀਵਾਲ ਦਾ ਫੈਸਲਾ ਇੱਕ ਸਿਧਾਂਤਕ ਸਟੈਂਡ ਹੈ, ਜਿਸਦਾ ਉਦੇਸ਼ ਨਿਆਂ ਵਿੱਚ ਵਿਸ਼ਵਾਸ ਨੂੰ ਬਰਕਰਾਰ ਰੱਖਣਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਪ੍ਰਕਿਰਿਆ ਪਾਰਦਰਸ਼ੀ ਅਤੇ ਨਿਰਪੱਖ ਰਹੇ।'
ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ, 'ਨਿਆਂ ਪ੍ਰਣਾਲੀ ਦੀ ਭਰੋਸੇਯੋਗਤਾ ਨਾ ਸਿਰਫ਼ ਨਿਰਪੱਖਤਾ 'ਤੇ, ਸਗੋਂ ਉਸ ਨਿਰਪੱਖਤਾ ਦੀ ਪਾਰਦਰਸ਼ਤਾ 'ਤੇ ਵੀ ਨਿਰਭਰ ਕਰਦੀ ਹੈ। ਜਦੋਂ ਕਾਰਵਾਈ ਦੀ ਨਿਰਪੱਖਤਾ ਬਾਰੇ ਜਨਤਕ ਸਵਾਲ ਉੱਠਦੇ ਹਨ, ਤਾਂ ਅਜਿਹਾ ਸਟੈਂਡ ਲੈਣਾ ਜ਼ਰੂਰੀ ਹੋ ਜਾਂਦਾ ਹੈ ਜੋ ਪ੍ਰਣਾਲੀ ਦੀ ਮਰਿਆਦਾ ਦੀ ਰੱਖਿਆ ਕਰੇ।'
ਇਸ ਦੌਰਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, 'ਨਿਆਂ ਸਿਰਫ਼ ਹੋਣਾ ਹੀ ਨਹੀਂ ਚਾਹੀਦਾ, ਸਗੋਂ ਹੁੰਦਾ ਹੋਇਆ ਦਿਖਾਈ ਵੀ ਦੇਣਾ ਚਾਹੀਦਾ ਹੈ। ਇਹ ਕਾਨੂੰਨੀ ਪ੍ਰਣਾਲੀ ਦੀ ਬੁਨਿਆਦ ਹੈ। ਜਦੋਂ ਇਸ ਬੁਨਿਆਦੀ ਮਿਆਰ 'ਤੇ ਵੀ ਸ਼ੱਕ ਹੋਵੇ, ਤਾਂ ਪਿੱਛੇ ਹਟਣਾ ਕਮਜ਼ੋਰੀ ਨਹੀਂ, ਸਗੋਂ ਜ਼ਮੀਰ ਦੀ ਆਵਾਜ਼ ਹੈ।' ਹਰਜੋਤ ਸਿੰਘ ਬੈਂਸ ਨੇ ਅਰਵਿੰਦ ਕੇਜਰੀਵਾਲ ਦੇ ਇਸ ਸਟੈਂਡ ਨੂੰ ਸਲਾਮ ਵੀ ਕੀਤਾ।
ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ, ਲਾਲ ਚੰਦ ਕਟਾਰੂਚੱਕ, ਹਰਦੀਪ ਸਿੰਘ ਮੁੰਡੀਆਂ ਅਤੇ ਹਰਭਜਨ ਸਿੰਘ ਈਟੀਓ ਨੇ ਵੀ ਇਸੇ ਤਰ੍ਹਾਂ ਦੇ ਵਿਚਾਰ ਪ੍ਰਗਟ ਕਰਦਿਆਂ ਕੇਜਰੀਵਾਲ ਨਾਲ ਇਕਜੁੱਟਤਾ ਪ੍ਰਗਟਾਈ ਅਤੇ ਸੱਚ ਤੇ ਨਿਆਂ ਦੀ ਲੜਾਈ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।
'ਆਪ' ਪੰਜਾਬ ਦੇ ਆਗੂਆਂ ਨੇ ਸਮੂਹਿਕ ਤੌਰ 'ਤੇ ਕਿਹਾ ਕਿ ਇਹ ਫੈਸਲਾ ਨਿਆਂਪਾਲਿਕਾ ਦੇ ਵਿਰੁੱਧ ਨਹੀਂ ਹੈ, ਸਗੋਂ ਇਸ ਦੇ ਉੱਚ ਮਿਆਰਾਂ ਨੂੰ ਕਾਇਮ ਰੱਖਣ ਦਾ ਸੱਦਾ ਹੈ। ਉਨ੍ਹਾਂ ਅਰਵਿੰਦ ਕੇਜਰੀਵਾਲ ਨੂੰ ਆਪਣੇ ਪੂਰਨ ਸਮਰਥਨ ਦਾ ਭਰੋਸਾ ਦਿੱਤਾ ਅਤੇ ਜ਼ੋਰ ਦੇ ਕੇ ਕਿਹਾ ਕਿ ਪਾਰਟੀ ਪਾਰਦਰਸ਼ਤਾ, ਨਿਰਪੱਖਤਾ ਅਤੇ ਕਾਨੂੰਨ ਦੇ ਰਾਜ ਲਈ ਖੜ੍ਹੀ ਰਹੇਗੀ।

## ਬੰਗਾਲ ਦਾ ਮਾਹੌਲ ਭਾਜਪਾ ਦੀ ਜਿੱਤ ਦਾ ਸੰਕੇਤ,

ਬੈਰਕਪੁਰ ਦੇ ਇਤਿਹਾਸਕ ਮਹੱਤਵ ਦਾ ਜ਼ਿਕਰ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਧਰਤੀ ਨੇ 1857 'ਚ ਭਾਰਤ ਦੇ ਪਹਿਲੇ ਆਜ਼ਾਦੀ ਸੰਗ੍ਰਾਮ 'ਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ ਅਤੇ ਹੁਣ ਇਹ ਪੱਛਮੀ ਬੰਗਾਲ 'ਚ ਰਾਜਨੀਤਕ ਪਰਿਵਰਤਨ ਦਾ ਆਧਾਰ ਤਿਆਰ ਕਰ ਰਹੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੇ ਵਿਕਾਸ ਲਈ ਪੱਛਮੀ ਬੰਗਾਲ ਦੀ ਤਰੱਕੀ ਜ਼ਰੂਰੀ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਪੂਰਬੀ ਖੇਤਰ ਦਾ ਉਦੈ ਦੇਸ਼ ਦੇ ਭਵਿੱਖ ਲਈ ਮਹੱਤਵਪੂਰਨ ਹੈ।

## ਭੁੱਲਰ ਦੀਆਂ ਮੁਸ਼ਕਲਾਂ ਵਧੀਆਂ, ਈ.ਡੀ. ਵੱਲੋਂ ਚੰਡੀਗੜ੍ਹ ਸਮੇਤ

ਕੀਤੀ ਜਾ ਰਹੀ ਹੈ। ਇਹ ਸਾਰੇ ਟਿਕਾਣੇ ਮੁਲਜ਼ਮ, ਉਸ ਦੇ ਸਾਥੀਆਂ ਅਤੇ ਸ਼ੱਕੀ ਬੇਨਾਮੀ ਵਿਅਕਤੀਆਂ ਨਾਲ ਜੁੜੇ ਹੋਏ ਮੰਨੇ ਜਾਂਦੇ ਹਨ। ਇਨ੍ਹਾਂ ਤਲਾਸ਼ੀਆਂ ਦਾ ਉਦੇਸ਼ ਅਪਰਾਧ ਦੀ ਕਮਾਈ ਦਾ ਪਤਾ ਲਗਾਉਣਾ, ਬੇਨਾਮੀ ਜਾਇਦਾਦਾਂ ਦੀ ਪਛਾਣ ਕਰਨਾ ਅਤੇ ਮਨੀ ਲਾਂਡਰਿੰਗ ਨਾਲ ਸਬੰਧਤ ਸਬੂਤ ਇਕੱਠੇ ਕਰਨਾ ਹੈ। ਮਾਮਲੇ ਦੀ ਹੋਰ ਜਾਂਚ ਜਾਰੀ ਹੈ। ਇਸ ਤੋਂ ਪਹਿਲਾਂ, ਸੀ.ਬੀ.ਆਈ. ਦੇ ਛਾਪੇ ਦੌਰਾਨ, ਭੁੱਲਰ ਦੇ ਚੰਡੀਗੜ੍ਹ ਸਥਿਤ ਘਰ ਅਤੇ ਫਾਰਮ ਹਾਊਸ ਤੋਂ ਵੱਡੀ ਮਾਤਰਾ ਵਿੱਚ ਨਕਦੀ ਅਤੇ ਕੀਮਤੀ ਸਮਾਨ ਬਰਾਮਦ ਕੀਤਾ ਗਿਆ ਸੀ। ਜ਼ਬਤ ਕੀਤੀਆਂ ਗਈਆਂ ਚੀਜ਼ਾਂ ਵਿੱਚ ਲਗਭਗ 7.36 ਕਰੋੜ ਦੀ ਨਕਦੀ, 2.5 ਕਿਲੋ ਸੋਨਾ, ਚਾਂਦੀ ਦੇ ਗਹਿਣੇ, 26 ਲਗਜ਼ਰੀ ਘੜੀਆਂ (ਰੋਲੇਕਸ ਅਤੇ ਰਾਡੋ ਵਰਗੇ ਬ੍ਰਾਂਡ) ਸ਼ਾਮਲ ਸਨ। ਇਸ ਤੋਂ ਇਲਾਵਾ, ਉਸ ਦੇ ਪਰਿਵਾਰ ਦੇ ਨਾਮ 'ਤੇ 50 ਤੋਂ ਵੱਧ ਅਚੱਲ ਜਾਇਦਾਦਾਂ ਦੇ ਦਸਤਾਵੇਜ਼, ਮਰਸੀਡੀਜ਼ ਅਤੇ ਔਡੀ ਵਰਗੀਆਂ ਲਗਜ਼ਰੀ ਕਾਰਾਂ, ਚਾਰ ਹਥਿਆਰ ਅਤੇ ਵਿਦੇਸ਼ੀ ਸ਼ਰਾਬ ਦੀਆਂ 108 ਬੋਤਲਾਂ ਵੀ ਬਰਾਮਦ ਕੀਤੀਆਂ ਗਈਆਂ ਸਨ।

## ਪੰਜਾਬ 'ਚ 2 ਦਿਨ ਗਰਮੀ ਤੋਂ

ਲੁਧਿਆਣਾ, ਸੰਗਰੂਰ, ਬਰਨਾਲਾ, ਬਠਿੰਡਾ ਅਤੇ ਮਾਨਸਾ ਵਿੱਚ ਤੇਜ਼ ਤੂਫਾਨ ਆਉਣ ਦੀ ਸੰਭਾਵਨਾ ਬਣੀ ਹੋਈ ਹੈ, ਜਿਸ ਲਈ ਵਿਭਾਗ ਨੇ ਓਰੇਂਜ ਅਲਰਟ ਜਾਰੀ ਕੀਤਾ ਹੈ। ਮੌਸਮ ਬਦਲਣ ਨਾਲ ਲੋਕਾਂ ਨੂੰ ਗਰਮੀ ਤੋਂ ਵੱਡੀ ਰਾਹਤ ਮਿਲੇਗੀ। ਇਸੇ ਤਰ੍ਹਾਂ 29 ਅਪ੍ਰੈਲ ਨੂੰ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ ਅਤੇ ਹੋਸ਼ਿਆਰਪੁਰ ਵਿੱਚ ਮੀਂਹ ਅਤੇ ਹਵਾਵਾਂ ਦੀ ਚੱਲਣ ਦੀ ਸੰਭਾਵਨਾ ਹੈ ਅਤੇ ਓਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਮੁਤਾਬਕ 30 ਅਪ੍ਰੈਲ ਨੂੰ ਉੱਤਰੀ ਜ਼ਿਲ੍ਹਿਆਂ ਵਿੱਚ ਹਲਕੀ ਚੇਤਾਵਨੀ ਜਾਰੀ ਰਹੇਗੀ, ਜਦਕਿ ਬਾਕੀ ਜ਼ਿਲ੍ਹਿਆਂ 'ਚ ਮੌਸਮ ਸਧਾਰਨ ਰਹੇਗਾ। ਕੁਝ ਥਾਵਾਂ 'ਤੇ ਗਰਮ ਰਾਤਾਂ ਦਾ ਅਸਰ ਵੀ ਵੇਖਿਆ ਜਾ ਸਕਦਾ ਹੈ। ਉੱਥੇ ਹੀ 1 ਮਈ ਨੂੰ ਪੂਰੇ ਪੰਜਾਬ ਵਿੱਚ ਕੋਈ ਵੀ ਵੱਡੀ ਚੇਤਾਵਨੀ ਨਹੀਂ ਹੈ ਅਤੇ ਮੌਸਮ ਸਧਾਰਨ ਰਹਿਣ ਦੀ ਸੰਭਾਵਨਾ ਜਤਾਈ ਗਈ ਹੈ।

## ਦੇਸ਼ 'ਚ ਗਰਮੀ ਨੇ ਕੱਢੇ ਵੱਟ,

ਦਰਜ ਕੀਤਾ ਗਿਆ, ਇਸ ਤੋਂ ਬਾਅਦ ਅਮਰਾਵਤੀ (ਮਹਾਰਾਸ਼ਟਰ) ਵਿੱਚ 46.8 ਡਿਗਰੀ ਸੈਲਸੀਅਸ, ਬਾਂਦਾ (ਯੂ.ਪੀ.) ਵਿੱਚ 46.6 ਡਿਗਰੀ ਸੈਲਸੀਅਸ, ਵਰਧਾ (ਮਹਾਰਾਸ਼ਟਰ) ਅਤੇ ਬਾੜਮੇਰ (ਰਾਜਸਥਾਨ) ਵਿੱਚ 46.4 ਡਿਗਰੀ ਸੈਲਸੀਅਸ, ਜੈਸਲਮੇਰ (ਰਾਜਸਥਾਨ) ਅਤੇ ਯਵਤਮਾਲ (ਮਹਾਰਾਸ਼ਟਰ) ਵਿੱਚ 46 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ।
ਮੱਧ ਪ੍ਰਦੇਸ਼ ਦੇ ਖਜੂਰਾਹੋ ਵਿੱਚ ਪਹਿਲੀ ਵਾਰ 45 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਇੰਦੌਰ ਵਿੱਚ ਛੇ ਸਾਲਾਂ ਵਿੱਚ ਸਭ ਤੋਂ ਵੱਧ ਗਰਮੀ ਪਈ। ਇੰਦੌਰ ਅਤੇ ਭੋਪਾਲ ਵਿਚ ਪਾਰਾ 43 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਇਸ ਦੌਰਾਨ, ਉੱਤਰਾਖੰਡ ਦੇ ਦੇਹਰਾਦੂਨ ਵਿੱਚ, ਲੂ ਕਾਰਨ ਅੱਜ ਤੋਂ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਸਕੂਲ ਅਤੇ ਆਂਗਨਵਾੜੀ ਕੇਂਦਰ ਬੰਦ ਕਰਨ ਦੇ ਹੁਕਮ ਦਿੱਤੇ ਗਏ ਹਨ। ਐਤਵਾਰ ਨੂੰ ਬਿਹਾਰ ਦੇ 11 ਜ਼ਿਲ੍ਹਿਆਂ ਵਿੱਚ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਵੱਧ ਗਿਆ। ਆਰਾ ਵਿੱਚ ਅਤਿ ਦੀ ਗਰਮੀ ਕਾਰਨ ਇੱਕ ਨਿੱਜੀ ਸਕੂਲ ਦੀ ਇੱਕ ਮਹਿਲਾ ਕਰਮਚਾਰੀ ਦੀ ਮੌਤ ਹੋ ਗਈ। ਪਟਨਾ ਚਿੜੀਆਘਰ ਵਿੱਚ ਜਾਨਵਰਾਂ ਲਈ 17 ਕੂਲਰ ਅਤੇ 11 ਏ.ਸੀ. ਲਗਾਏ ਗਏ ਹਨ।

## ਭਾਰਤ ਵੱਲੋਂ ਬੰਗਲਾਦੇਸ਼ 'ਚ ਨਵਾਂ ਹਾਈ

ਰੇਲ ਮੰਤਰੀ ਰਹਿ ਚੁੱਕੇ ਹਨ ਅਤੇ ਉਨ੍ਹਾਂ ਕੋਲ ਰਾਜਨੀਤੀ ਤੇ ਪ੍ਰਸ਼ਾਸਨ ਦਾ ਲੰਬਾ ਤਜਰਬਾ ਹੈ। ਉਹ ਜਲਦੀ ਹੀ ਢਾਕਾ ਵਿੱਚ ਆਪਣਾ ਅਹੁਦਾ ਸੰਭਾਲਣਗੇ। ਜ਼ਿਕਰਯੋਗ ਹੈ ਕਿ ਬੰਗਲਾਦੇਸ਼ ਵਿੱਚ ਅਗਸਤ, 2024 ਵਿੱਚ ਸ਼ੇਖ ਹਸੀਨਾ ਸਰਕਾਰ ਦੇ ਪਤਨ ਅਤੇ ਮੁਹੰਮਦ ਯੂਨਸ ਦੀ ਅਗਵਾਈ ਵਾਲੀ ਅੰਤਰਿਮ ਸਰਕਾਰ ਦੌਰਾਨ ਭਾਰਤ-ਬੰਗਲਾਦੇਸ਼ ਸਬੰਧਾਂ ਵਿੱਚ ਤਲਖੀ ਆ ਗਈ ਸੀ। ਹੁਣ ਉੱਥੇ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਅਗਵਾਈ ਵਿੱਚ ਨਵੀਂ ਸਰਕਾਰ ਬਣਨ ਤੋਂ ਬਾਅਦ ਦੋਵਾਂ ਦੇਸ਼ਾਂ ਦੇ ਸਬੰਧਾਂ ਵਿੱਚ ਇੱਕ ਨਵਾਂ 'ਰੀਸੈੱਟ' ਦੇਖਣ ਨੂੰ ਮਿਲ ਰਿਹਾ ਹੈ। ਹਾਲ ਹੀ ਵਿੱਚ ਬੰਗਲਾਦੇਸ਼ ਦੇ ਵਿਦੇਸ਼ ਮੰਤਰੀ ਖਲੀਲੁਰ ਰਹਿਮਾਨ ਨੇ ਨਵੀਂ ਦਿੱਲੀ ਦਾ ਦੌਰਾ ਕੀਤਾ ਸੀ, ਜਿੱਥੇ ਉਨ੍ਹਾਂ ਨੇ ਭਾਰਤ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨਾਲ ਮੁਲਾਕਾਤ ਕੀਤੀ ਸੀ। ਦਿਨੇਸ਼ ਤ੍ਰਿਵੇਦੀ ਦੀ ਨਿਯੁਕਤੀ ਨਾਲ ਉਮੀਦ ਜਤਾਈ ਜਾ ਰਹੀ ਹੈ ਕਿ ਵਪਾਰ, ਊਰਜਾ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਦੇ ਆਪਸੀ ਮੇਲ-ਜੋਲ ਨੂੰ ਹੋਰ ਹੁਲਾਰਾ ਮਿਲੇਗਾ।

## ਭਾਰਤ ਅਤੇ ਨਿਊਜ਼ੀਲੈਂਡ ਵਿਚਾਲੇ

ਚੀਜ਼ਾਂ ਬਣਾਉਣ ਵਾਲੇ ਖੇਤਰਾਂ ਵਿੱਚ ਮੁਕਾਬਲੇਬਾਜ਼ੀ ਮਜ਼ਬੂਤੀ ਨਾਲ ਵਧੇਗੀ। ਇਸ ਨਾਲ ਛੋਟੇ ਉਦਯੋਗਾਂ ਨੂੰ ਫਾਇਦਾ ਹੋਵੇਗਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣ ਦੀ ਵੱਡੀ ਉਮੀਦ ਹੈਇਸ ਤੋਂ ਪਹਿਲਾਂ, ਨਿਊਜ਼ੀਲੈਂਡ ਭਾਰਤ ਤੋਂ ਭੇਜੀਆਂ ਜਾਣ ਵਾਲੀਆਂ ਮੁੱਖ ਚੀਜ਼ਾਂ ਜਿਵੇਂ ਕਿ ਮਿੱਟੀ ਦੇ ਬਰਤਨ (ਸਿਰੇਮਿਕਸ), ਕਾਰਪੇਟ, ਗੱਡੀਆਂ ਅਤੇ ਉਨ੍ਹਾਂ ਦੇ ਪੁਰਜ਼ਿਆਂ 'ਤੇ 10 ਫੀਸਦੀ ਤੱਕ ਦਾ ਭਾਰੀ ਟੈਰਿਫ ਲਗਾਉਂਦਾ ਸੀ।ਨਿਊਜ਼ੀਲੈਂਡ ਦੇ ਬਾਕੀ ਵਪਾਰਕ ਭਾਈਵਾਲਾਂ ਵਾਂਗ ਹੀ ਹੁਣ ਭਾਰਤ ਨੂੰ ਵੀ ਬਿਨਾਂ ਕਿਸੇ ਡਿਊਟੀ ਦੇ ਉੱਥੋਂ ਦੇ ਬਾਜ਼ਾਰ ਤੱਕ ਪਹੁੰਚ ਮਿਲ ਗਈ ਹੈ। ਇਸ ਨਾਲ ਭਾਰਤੀ ਸਾਮਾਨ ਨਿਊਜ਼ੀਲੈਂਡ ਵਿੱਚ ਦੂਜੇ ਦੇਸ਼ਾਂ ਦੇ ਮੁਕਾਬਲੇ ਪੂਰੀ ਮਜ਼ਬੂਤੀ ਨਾਲ ਵਿਕੇਗਾ ਅਤੇ ਭਾਰਤ ਨੂੰ ਵੀ ਵਪਾਰ ਕਰਨ ਦੇ ਬਰਾਬਰ ਦੇ ਮੌਕੇ ਮਿਲਣਗੇ।ਖ਼ਾਸ ਗੱਲ ਇਹ ਹੈ ਕਿ ਭਾਰਤ ਨੇ ਆਪਣੇ ਕਾਰਖਾਨਿਆਂ ਅਤੇ ਉਦਯੋਗਾਂ (ਨਿਰਮਾਣ ਖੇਤਰ) ਲਈ ਡਿਊਟੀ ਮੁਕਤ ਕੱਚਾ ਮਾਲ ਮੰਗਵਾਉਣ ਦੀ ਸਹੂਲਤ ਹਾਸਲ ਕਰ ਲਈ ਹੈ। ਇਸ ਵਿੱਚ ਲੱਕੜ ਦੇ ਮੋਛੇ , ਕੋਲਾ ਅਤੇ ਧਾਤਾਂ ਦਾ ਕਬਾੜ ਸ਼ਾਮਲ ਹੈ। ਇਸ ਨਾਲ ਉਤਪਾਦਨ ਦੀ ਲਾਗਤ ਘੱਟ ਹੋਵੇਗੀ ਅਤੇ ਭਾਰਤੀ ਉਦਯੋਗ ਪੂਰੀ ਦੁਨੀਆ ਵਿੱਚ ਹੋਰ ਮਜ਼ਬੂਤੀ ਨਾਲ ਮੁਕਾਬਲਾ ਕਰ ਸਕਣਗੇ।ਦੂਜੇ ਪਾਸੇ, ਭਾਰਤ ਨੇ ਵੀ ਲਗਪਗ 70 ਫੀਸਦੀ ਉਤਪਾਦਾਂ 'ਤੇ ਟੈਰਿਫ ਵਿੱਚ ਛੋਟ ਦੇਣ ਦੀ ਪੇਸ਼ਕਸ਼ ਕੀਤੀ ਹੈ, ਜੋ ਕਿ ਦੋਵਾਂ ਦੇਸ਼ਾਂ ਦੇ ਕੁੱਲ ਵਪਾਰਕ ਮੁੱਲ ਦਾ 95 ਫੀਸਦੀ ਬਣਦਾ ਹੈ। ਇਸ ਦੇ ਨਾਲ ਹੀ, ਭਾਰਤ ਨੇ ਆਪਣੇ ਸੰਵੇਦਨਸ਼ੀਲ ਖੇਤਰਾਂ (ਦੇਸੀ ਕਾਰੋਬਾਰਾਂ) ਦੇ ਹਿੱਤਾਂ ਦੀ ਰਾਖੀ ਲਈ ਲਗਪਗ 30 ਫੀਸਦੀ ਉਤਪਾਦਾਂ ਨੂੰ ਟੈਰਿਫ ਵਿੱਚ ਇਸ ਛੋਟ ਤੋਂ ਬਾਹਰ ਰੱਖਿਆ ਹੈ।ਨਿਊਜ਼ੀਲੈਂਡ ਦੀਆਂ 30 ਫੀਸਦੀ ਉਤਪਾਦ ਸ਼੍ਰੇਣੀਆਂ ਉੱਤੇ ਭਾਰਤ ਹੁਣ ਟੈਰਿਫ ਨਹੀਂ ਲਵੇਗਾ। ਇਸ ਤਹਿਤ ਲੱਕੜ, ਉੱਨ, ਭੇਡ ਦਾ ਮੀਟ ਅਤੇ ਚਮੜੇ ਵਰਗੀਆਂ ਚੀਜ਼ਾਂ 'ਤੇ ਲੱਗਣ ਵਾਲੀ ਡਿਊਟੀ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਜਾਵੇਗਾ।

## ਮਾਨਸੂਨ ਤੋਂ ਪਹਿਲਾਂ ਹੜ੍ਹਾਂ ਦੇ ਸੁਰੱਖਿਆ ਪ੍ਰਬੰਧਾਂ ਦੀ

ਰਾਹਤ ਕਾਰਜਾਂ ਵਾਸਤੇ ਸਾਡੇ ਕੋਲ ਇਹ ਮਸ਼ੀਨਾਂ ਹੋਣਾ ਸਮੇਂ ਦੀ ਲੋੜ ਹੈ। ਉਨ੍ਹਾਂ ਨੇ ਵਿਭਾਗ ਨੂੰ ਇਨ੍ਹਾਂ ਮਸ਼ੀਨਾਂ ਦੀ ਖਰੀਦ ਲਈ ਵਿਸਤ੍ਰਿਤ ਰੂਪਰੇਖਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ।
ਆਲਮੀ ਪੱਧਰ 'ਤੇ ਬਿਹਤਰ ਅਭਿਆਸਾਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੈਂ ਹਾਲ ਹੀ ਵਿੱਚ ਫਿਨਲੈਂਡ ਦੀ ਆਪਣੀ ਫੇਰੀ ਦੌਰਾਨ ਇਸ ਮਸ਼ੀਨ ਨੂੰ ਕੰਮ ਕਰਦੇ ਦੇਖਿਆ ਸੀ, ਜਿੱਥੇ ਇਨ੍ਹਾਂ ਬਹੁ-ਮੰਤਵੀ ਮਸ਼ੀਨਾਂ ਦੀ ਪੂਰੇ ਢੁਕਵੇਂ ਤਰੀਕੇ ਨਾਲ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਮਸ਼ੀਨਾਂ ਨੂੰ ਹੜ੍ਹ ਸੁਰੱਖਿਆ ਕਾਰਜਾਂ ਦੇ ਨਾਲ-ਨਾਲ ਨਹਿਰਾਂ, ਨਾਲਿਆਂ, ਛੱਪੜਾਂ ਅਤੇ ਹੋਰ ਜਲ ਸਰੋਤਾਂ ਦੀ ਦੇਖਭਾਲ ਅਤੇ ਸਫ਼ਾਈ ਲਈ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਵਿੱਚ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਇਨ੍ਹਾਂ ਮਸ਼ੀਨਾਂ ਦੀ ਖ਼ਰੀਦ ਨਾਲ ਹੜ੍ਹਾਂ ਦੇ ਕਹਿਰ ਕਾਰਨ ਲੋਕਾਂ ਨੂੰ ਆਉਂਦੀਆਂ ਮੁਸ਼ਕਲਾਂ ਨੂੰ ਘਟਾਉਣ ਵਿੱਚ ਵਧੇਰੇ ਮਦਦਗਾਰ ਸਾਬਤ ਹੋਵੇਗੀ।
ਪਾਣੀ ਦੇ ਪ੍ਰਬੰਧਨ ਸਬੰਧੀ ਚਿੰਤਾਵਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਖੜਾ ਡੈਮ ਵਿੱਚ ਪਾਣੀ ਦਾ ਵੱਧ ਤੋਂ ਵੱਧ ਪੱਧਰ 1680 ਫੁੱਟ ਹੈ ਅਤੇ 26 ਅਪ੍ਰੈਲ ਨੂੰ ਇਹ 1594 ਫੁੱਟ ਦਰਜ ਕੀਤਾ ਗਿਆ ਸੀ।"
ਉਨ੍ਹਾਂ ਕਿਹਾ ਕਿ 1 ਜੂਨ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਬਿਜਾਈ ਦੇ ਮੱਦੇਨਜ਼ਰ ਅਗਾਮੀ ਮਾਨਸੂਨ ਨੂੰ ਧਿਆਨ ਵਿੱਚ ਰੱਖਦਿਆਂ ਸੁਚੱਜੇ ਢੰਗ ਨਾਲ ਪਾਣੀ ਛੱਡਣ ਦੀ ਯੋਜਨਾ ਉਲੀਕੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ, "ਸੂਬੇ ਵਿੱਚ 1 ਜੂਨ ਤੋਂ ਝੋਨੇ ਦੀ ਬਿਜਾਈ ਸ਼ੁਰੂ ਕੀਤੀ ਜਾ ਰਹੀ ਹੈ, ਇਸ ਲਈ ਅਗਾਮੀ ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਭਾਖੜਾ ਡੈਮ ਤੋਂ ਵੱਧ ਤੋਂ ਵੱਧ ਪਾਣੀ ਛੱਡਿਆ ਜਾਣਾ ਚਾਹੀਦਾ ਹੈ।" ਉਨ੍ਹਾਂ ਕਿਹਾ, "ਸੂਬੇ ਵਿੱਚ ਨਵੇਂ ਖਾਲਿਆਂ ਦੇ ਨਿਰਮਾਣ ਅਤੇ ਪੁਰਾਣਿਆਂ ਖਾਲਿਆਂ ਨੂੰ ਬਹਾਲ ਕਰਨ ਦਾ ਕੰਮ 31 ਮਈ ਤੱਕ ਮੁਕੰਮਲ ਹੋ ਜਾਵੇਗਾ ਜਿਸ ਤੋਂ ਬਾਅਦ ਸਿੰਚਾਈ ਦੇ ਉਦੇਸ਼ਾਂ ਲਈ ਹੋਰ 5000 ਕਿਊਸਿਕ ਪਾਣੀ ਦੀ ਲੋੜ ਹੋਵੇਗੀ।"
ਚੱਲ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲ ਸਰੋਤ ਵਿਭਾਗ ਦੇ ਯਤਨਾਂ 'ਤੇ ਸੰਤੁਸ਼ਟੀ ਪ੍ਰਗਟਾਈ। ਉਨ੍ਹਾਂ ਕਿਹਾ, "ਜਨਤਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਹੜ੍ਹਾਂ ਨੂੰ ਰੋਕਣ ਲਈ ਸੂਬੇ ਭਰ ਵਿੱਚ ਵਿਆਪਕ ਕੰਮ ਕੀਤੇ ਜਾ ਰਹੇ ਹਨ।" ਉਨ੍ਹਾਂ ਕਿਹਾ ਕਿ ਖਾਲਿਆਂ ਦੀ ਸਫਾਈ ਜੰਗੀ ਪੱਧਰ 'ਤੇ ਚੱਲ ਰਹੀ ਹੈ ਅਤੇ ਜਲਦ ਹੀ ਮੁਕੰਮਲ ਹੋ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸੰਭਾਵੀ ਹੜ੍ਹਾਂ ਨੂੰ ਰੋਕਣ ਲਈ ਹੜ੍ਹ ਪ੍ਰਭਾਵਿਤ ਪ੍ਰਮੁੱਖ ਥਾਂਵਾਂ 'ਤੇ ਗਾਰ ਕੱਢਣ ਦਾ ਕੰਮ ਪਹਿਲਾਂ ਹੀ ਮੁਕੰਮਲ ਕੀਤਾ ਜਾ ਚੁੱਕਾ ਹੈ।
ਸੰਵੇਦਨਸ਼ੀਲ ਖੇਤਰਾਂ 'ਤੇ ਧਿਆਨ ਕੇਂਦਰਿਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, " ਸੂਬਾ ਸਰਕਾਰ ਵੱਲੋਂ ਰੋਪੜ ਜ਼ਿਲ੍ਹੇ ਵਿੱਚ ਜਿੱਥੇ ਲਗਭਗ 20 ਪਿੰਡ ਹੜ੍ਹਾਂ ਦੀ ਮਾਰ ਹੇਠ ਹਨ ਅਤੇ ਜਿੱਥੇ ਪਿਛਲੇ ਸਾਲ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪਿਆ ਸੀ, ਵਿਆਪਕ ਰੋਕਥਾਮ ਕਦਮ ਚੁੱਕੇ ਗਏ ਹਨ।" ਉਨ੍ਹਾਂ ਕਿਹਾ ਕਿ ਹੜ੍ਹਾਂ ਨੂੰ ਕੰਟਰੋਲ ਕਰਨ ਅਤੇ ਵਸਨੀਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਲੋੜ ਅਨੁਸਾਰ ਸਟੱਡ ਅਤੇ ਸਪਰ ਢਾਂਚੇ ਬਣਾਏ ਜਾ ਰਹੇ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਿੰਚਾਈ ਅਤੇ ਸੈਰ-ਸਪਾਟੇ ਦੋਵਾਂ ਉਦੇਸ਼ਾਂ ਲਈ ਸਵਾਂ ਨਦੀ ਦੇ ਚੈਨਲਾਈਜੇਸ਼ਨ ਦੀ ਸੰਭਾਵਨਾ ਦੀ ਪੜਚੋਲ ਕਰਨ ਦੇ ਵੀ ਨਿਰਦੇਸ਼ ਦਿੱਤੇ।
ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਬਰਿੰਦਰ ਕੁਮਾਰ ਗੋਇਲ, ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਪੰਜਾਬ ਇਕਾਈ ਵਿੱਚ ਹਲਚਲ ਦਰਮਿਆਨ

ਜਥੇਬੰਦੀ ਨੂੰ ਬਚਾਉਣ ਲਈ ਪੂਰੀ ਵਾਹ ਲਾਈ ਜਾ ਰਹੀ ਹੈ। ਖਾਸ ਤੌਰ 'ਤੇ ਫਿਰੋਜ਼ਪੁਰ, ਪਟਿਆਲਾ ਅਤੇ ਰੋਪੜ ਦੇ ਉਨ੍ਹਾਂ ਵਿਧਾਇਕਾਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ, ਜਿਨ੍ਹਾਂ ਨੂੰ 2022 ਦੀਆਂ ਚੋਣਾਂ ਵੇਲੇ ਰਾਘਵ ਚੱਢਾ ਜਾਂ ਸੰਦੀਪ ਪਾਠਕ ਦੀ ਸਿਫਾਰਸ਼ 'ਤੇ ਟਿਕਟਾਂ ਮਿਲੀਆਂ ਸਨ। ਪਾਰਟੀ ਨੇ ਕੁਝ ਭਰੋਸੇਮੰਦ ਵਿਧਾਇਕਾਂ ਨੂੰ ਇਨ੍ਹਾਂ 'ਸ਼ੱਕੀ' ਸਾਥੀਆਂ ਦੀਆਂ ਰੋਜ਼ਾਨਾ ਦੀਆਂ ਮੀਟਿੰਗਾਂ ਅਤੇ ਰਾਜ ਤੋਂ ਬਾਹਰ ਜਾਣ ਵਾਲੀ ਕਿਸੇ ਵੀ ਹਰਕਤ 'ਤੇ ਨਜ਼ਰ ਰੱਖਣ ਲਈ ਕਿਹਾ ਹੈ।

## ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ

ਵਿੱਚ ਜੰਮੀ ਹੋਈ ਬਰਫ ਨੂੰ ਹਟਾਉਣ ਅਤੇ ਗੁਰਦੁਆਰੇ ਦੇ ਆਲੇ ਦੁਆਲੇ ਜੰਮੀ ਹੋਈ ਬਰਫ ਨੂੰ ਹਟਾਉਣ ਸਮੇਤ ਹੋਰ ਪ੍ਰਬੰਧਾਂ ਵਾਸਤੇ ਭਾਰਤੀ ਫੌਜ ਦਾ ਅਤੇ ਮੈਨੇਜਮੈਂਟ ਤੇ ਸੇਵਾਦਾਰਾਂ ਦਾ ਵਫਦ 16 ਅਪਰੈਲ ਨੂੰ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਾਸਤੇ ਰਵਾਨਾ ਹੋਇਆ ਸੀ। ਇਸ ਵੇਲੇ ਭਾਰਤੀ ਫੌਜ ਦੇ ਜਵਾਨਾਂ ਦੇ ਦਸਤੇ, ਜਿਸ ਵਿੱਚ 22 ਜਵਾਨ ਸ਼ਾਮਲ ਹਨ, ਵੱਲੋਂ ਗੁਰਦੁਆਰਾ ਗੋਬਿੰਦ ਧਾਮ ਤੋਂ ਲੈ ਕੇ ਅਟਲਾ ਕੋਟੀ ਗਲੇਸ਼ੀਅਰ ਤੱਕ ਲਗਪਗ ਤਿੰਨ ਕਿਲੋਮੀਟਰ ਦੇ ਰਸਤੇ ਵਿੱਚੋਂ ਬਰਫ ਹਟਾ ਕੇ ਰਸਤਾ ਤਿਆਰ ਕੀਤਾ ਜਾ ਚੁੱਕਾ ਹੈ। ਇਸ ਤੋਂ ਉੱਪਰ ਸ੍ਰੀ ਹੇਮਕੁੰਟ ਸਾਹਿਬ ਤੱਕ ਲਗਭਗ 3 ਕਿਲੋਮੀਟਰ ਦੇ ਰਸਤੇ ਵਿੱਚੋਂ ਬਰਫ ਹਟਾਉਣ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਓ.ਐਸ.ਡੀ. ਸੇਵਾ ਸਿੰਘ ਨੇ ਦੱਸਿਆ ਕਿ ਛੋਟੇ ਅਟਲਾਕੋਟੀ ਗਲੇਸ਼ੀਅਰ ਤੋਂ ਲੈ ਕੇ ਵੱਡੇ ਅਟਲਾਕੋਟੀ ਗਲੇਸ਼ੀਅਰ ਦੇ ਰਸਤੇ ਵਿੱਚੋਂ ਬਰਫ ਹਟਾਈ ਜਾ ਚੁੱਕੀ ਹੈ। ਜਦੋਂ ਕਿ ਵੱਡੇ ਅਟਲਾਕੋਟੀ ਗਲੇਸ਼ੀਅਰ ਤੋਂ ਲੈ ਕੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਤੱਕ ਤਿੰਨ ਕਿਲੋਮੀਟਰ ਦੇ ਰਸਤੇ ਵਿੱਚ ਫਿਲਹਾਲ ਤਿੰਨ ਤੋਂ ਪੰਜ ਫੁੱਟ ਤੱਕ ਬਰਫ ਜੰਮੀ ਹੋਈ ਹੈ, ਜਿਸ ਨੂੰ ਹਟਾ ਕੇ ਰਸਤਾ ਤਿਆਰ ਕਰਨ ਦਾ ਕੰਮ ਜਾਰੀ ਹੈ। ਉਹਨਾਂ ਦੱਸਿਆ ਕਿ ਗੁਰਦੁਆਰੇ ਦੇ ਆਲੇ ਦੁਆਲੇ ਜੰਮੀ ਹੋਈ ਬਰਫ ਨੂੰ ਵੀ ਹਟਾਇਆ ਜਾਵੇਗਾ। ਉਹਨਾਂ ਦੱਸਿਆ ਕਿ ਨਿਰਧਾਰਤ ਸਮੇਂ ਵਿੱਚ ਸਾਰੇ ਕੰਮ ਮੁਕੰਮਲ ਹੋਣ ਦੀ ਸੰਭਾਵਨਾ ਹੈ।ਇਸ ਦੌਰਾਨ ਬੀਤੇ ਕੱਲ੍ਹ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਨੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ ਸੀ। ਇਸ ਮੁਲਾਕਾਤ ਦੌਰਾਨ ਉਹਨਾਂ ਨੇ ਸਾਲਾਨਾ ਯਾਤਰਾ ਦੀ ਸ਼ੁਰੂਆਤ ਵੇਲੇ ਸਮਾਗਮ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਸੀ। ਉਹਨਾਂ ਨੇ ਯਾਤਰਾ ਦੇ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਵੀ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ ਸੀ। ਮੁੱਖ ਮੰਤਰੀ ਵੱਲੋਂ ਟਰੱਸਟ ਨੂੰ ਸੁਚਾਰੂ ਯਾਤਰਾ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿੱਤਾ ਗਿਆ ਸੀ। ਦੱਸਣਯੋਗ ਹੈ ਕਿ ਉੱਤਰਾਖੰਡ ਵਿਚ ਚਾਰ ਧਾਮ ਦੀ ਯਾਤਰਾ ਸ਼ੁਰੂ ਹੋ ਚੁੱਕੀ ਹੈ।

## ਬੰਗਾਲ 'ਚ ਇਸ ਵਾਰ ਖਿੜੇਗਾ 'ਕਮਲ': ਨਬੀਨ

ਲਾਇਆ ਕਿ ਉੱਥੋਂ ਦੀ ਜਨਤਾ ਮੌਜੂਦਾ ਸ਼ਾਸਨ ਤੋਂ ਦੁਖੀ ਹੈ ਅਤੇ ਸੜਕਾਂ 'ਤੇ ਉਤਰ ਆਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਵਰਕਰਾਂ ਦੇ ਸੰਘਰਸ਼ ਅਤੇ ਕੁਰਬਾਨੀਆਂ ਸਦਕਾ ਹੁਣ ਉੱਥੇ ਭਾਰੀ ਬਹੁਮਤ ਨਾਲ ਭਾਜਪਾ ਦੀ ਸਰਕਾਰ ਬਣਨ ਦਾ ਸਮਾਂ ਆ ਗਿਆ ਹੈ।
ਪਾਰਟੀ ਵਰਕਰਾਂ ਨੂੰ ਸਖ਼ਤ ਮਿਹਨਤ ਦੀ ਪ੍ਰੇਰਨਾ ਦਿੰਦਿਆਂ ਨਬੀਨ ਨੇ ਕਿਹਾ ਕਿ ਰਾਜਨੀਤੀ ਵਿੱਚ 'ਸ਼ਾਰਟਕੱਟ' ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰਾਜਨੀਤੀ ਕੋਈ 100 ਮੀਟਰ ਦੀ ਦੌੜ ਨਹੀਂ ਹੈ, ਸਗੋਂ ਇਹ ਇੱਕ 'ਲੰਬੀ ਦੌੜ' ਹੈ ਜਿੱਥੇ ਸਿਰਫ਼ ਰਫ਼ਤਾਰ ਦੀ ਨਹੀਂ, ਬਲਕਿ ਸਮਰੱਥਾ (ਸਟੈਮਿਨਾ) ਦੀ ਪ੍ਰੀਖਿਆ ਹੁੰਦੀ ਹੈ। ਉਨ੍ਹਾਂ ਵਰਕਰਾਂ ਨੂੰ ਪਾਰਟੀ ਨੂੰ ਵਿਸ਼ਵ ਦੀ ਸਭ ਤੋਂ ਪ੍ਰਸਿੱਧ ਪਾਰਟੀ ਬਣਾਉਣ ਦਾ ਸੰਕਲਪ ਲੈਣ ਲਈ ਕਿਹਾ। ਨਬੀਨ ਨੇ 'ਨਾਰੀ ਸ਼ਕਤੀ ਵੰਦਨ ਅਧਿਨਿਯਮ' (ਮਹਿਲਾ ਰਾਖਵਾਂਕਰਨ) ਦੇ ਮੁੱਦੇ 'ਤੇ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ 'ਤੇ ਔਰਤਾਂ ਦੇ ਹੱਕ ਖੋਹਣ ਦੇ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੋ ਸੰਕਲਪ ਲੈਂਦੇ ਹਨ, ਉਸ ਨੂੰ ਪੂਰਾ ਕਰਦੇ ਹਨ ਅਤੇ ਭਾਜਪਾ ਮਹਿਲਾਵਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਜ਼ਰੂਰ ਦਿਵਾਏਗੀ।
ਇਸ ਮੌਕੇ ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਅਤੇ ਭਾਜਪਾ ਦੇ ਸੂਬਾ ਪ੍ਰਧਾਨ ਮਦਨ ਰਾਠੌਰ ਵੀ ਹਾਜ਼ਰ ਸਨ। ਟੋਂਕ ਦਫ਼ਤਰ ਦੇ ਉਦਘਾਟਨ ਦੇ ਨਾਲ ਹੀ ਨਬੀਨ ਨੇ ਬੂੰਦੀ, ਪ੍ਰਤਾਪਗੜ੍ਹ, ਡੂੰਗਰਪੁਰ, ਚੂਰੂ, ਪਾਲੀ ਅਤੇ ਬਾੜਮੇਰ ਦੇ ਦਫ਼ਤਰਾਂ ਦਾ ਵਰਚੁਅਲ ਉਦਘਾਟਨ ਕੀਤਾ ਅਤੇ ਜਾਲੌਰ ਦਫ਼ਤਰ ਦਾ ਨੀਂਹ ਪੱਥਰ ਵੀ ਰੱਖਿਆ।

## ਐਸ.ਐਚ.ਓ. ਦੋ ਕਿੱਲੋ ਹੈਰੋਇਨ

ਤੋਂ ਬਾਅਦ ਦੋਸ਼ੀ ਐਸ.ਐਚ.ਓ ਨੂੰ ਅਜਨਾਲਾ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਅਦਾਲਤ ਨੇ ਉਸਦਾ 1 ਦਿਨ ਦਾ ਪੁਲਿਸ ਰਿਮਾਂਡ ਮਨਜ਼ੂਰ ਕੀਤਾ ਹੈ। ਇਸ ਦੌਰਾਨ ਪੁਲਿਸ ਵੱਲੋਂ ਉਸ ਤੋਂ ਗਹਿਰਾਈ ਨਾਲ ਪੁੱਛ-ਗਿੱਛ ਕੀਤੀ ਜਾਵੇਗੀ ਤਾਂ ਜੋ ਇਸ ਮਾਮਲੇ ਨਾਲ ਜੁੜੇ ਹੋਰ ਤੱਥ ਸਾਹਮਣੇ ਆ ਸਕਣ। ਪੁਲਿਸ ਨੇ ਸ਼ਸ਼ਪਾਲ ਸਿੰਘ ਦੇ ਕਬਜ਼ੇ ਵਿੱਚੋਂ 2 ਕਿਲੋ ਹੈਰੋਇਨ ਵੀ ਬਰਾਮਦ ਕੀਤੀ ਹੈ ਅਤੇ ਉਸ ਦੇ ਖ਼ਿਲਾਫ਼ ਥਾਣਾ ਭਿੰਡੀਸੈਦਾਂ ਵਿੱਚ ਹੀ ਕੇਸ ਦਰਜ ਕੀਤਾ ਗਿਆ ਹੈ। ਇਸ ਘਟਨਾ ਨੇ ਪੁਲਿਸ ਪ੍ਰਣਾਲੀ 'ਤੇ ਵੀ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ। ਸੂਤਰਾਂ ਮੁਤਾਬਕ, ਰਿਮਾਂਡ ਦੌਰਾਨ ਹੋਰ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ ਅਤੇ ਡਰੱਗ ਤਸਕਰੀ ਦੇ ਵੱਡੇ ਨੈੱਟਵਰਕ ਦਾ ਪਰਦਾਫਾਸ਼ ਹੋ ਸਕਦਾ ਹੈ। ਪੁਲਿਸ ਇਸ ਮਾਮਲੇ ਦੀ ਹਰ ਪੱਖ ਤੋਂ ਜਾਂਚ ਕਰ ਰਹੀ ਹੈ ਅਤੇ ਜਲਦ ਹੀ ਹੋਰ ਗ੍ਰਿਫਤਾਰੀਆਂ ਵੀ ਹੋ ਸਕਦੀਆਂ ਹਨ।

## ਈਰਾਨ ਕੋਲ ਯੁੱਧ ਖ਼ਤਮ ਕਰਨ

ਇੰਟਰਵਿਊ ਵਿੱਚ,ਟਰੰਪ ਨੇ ਕਿਹਾ ਕਿ ਜੇਕਰ ਈਰਾਨ ਗੱਲਬਾਤ ਕਰਨਾ ਚਾਹੁੰਦਾ ਹੈ, ਤਾਂ ਉਹ ਅਮਰੀਕਾ ਨਾਲ ਸੰਪਰਕ ਕਰ ਸਕਦਾ ਹੈ।ਟਰੰਪ ਨੇ ਕਿਹਾ,'ਜੇਕਰ ਉਹ ਗੱਲ ਕਰਨਾ ਚਾਹੁੰਦੇ ਹਨ, ਤਾਂ ਉਹ ਸਾਡੇ ਕੋਲ ਆ ਸਕਦੇ ਹਨ, ਜਾਂ ਸਾਨੂੰ ਕਾਲ ਕਰ ਸਕਦੇ ਹਨ। ਤੁਸੀਂ ਜਾਣਦੇ ਹੋ, ਫੋਨ ਉਪਲੱਬਧ ਹਨ। ਸਾਡੇ ਕੋਲ ਚੰਗੀਆਂ ਅਤੇ ਸੁਰੱਖਿਅਤ ਲਾਈਨਾਂ ਹਨ।'
ਟਰੰਪ ਦੀ ਇਸ ਤਾਜ਼ਾ ਧਮਕੀ ਦਰਮਿਆਨ ਈਰਾਨ ਨੇ ਆਪਣੀਆਂ ਕੂਟਨੀਤਕ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਹਨ। ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਓਮਾਨ ਦੀ ਯਾਤਰਾ ਤੋਂ ਬਾਅਦ ਐਤਵਾਰ ਨੂੰ ਇਸਲਾਮਾਬਾਦ ਵਾਪਸ ਪਰਤੇ, ਜਿੱਥੇ ਉਨ੍ਹਾਂ ਨੇ ਪਾਕਿਸਤਾਨ ਦੇ ਫੌਜ ਮੁਖੀ, ਫੀਲਡ ਮਾਰਸ਼ਲ ਅਸੀਮ ਮੁਨੀਰ ਨਾਲ ਮੁਲਾਕਾਤ ਕੀਤੀ। ਇਹ ਤਿੰਨ ਦਿਨਾਂ ਵਿੱਚ ਅਰਾਘਚੀ ਦਾ ਪਾਕਿਸਤਾਨ ਦਾ ਦੂਜਾ ਦੌਰਾ ਹੈ। ਉਹ ਪਹਿਲਾਂ ਸ਼ੁੱਕਰਵਾਰ ਰਾਤ ਨੂੰ ਪਾਕਿਸਤਾਨ ਪਹੁੰਚੇ ਸਨ ਅਤੇ ਸ਼ਨੀਵਾਰ ਨੂੰ ਸ਼ਾਹਬਾਜ਼ ਸ਼ਰੀਫ, ਅਸੀਮ ਮੁਨੀਰ ਅਤੇ ਸੀਨੀਅਰ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ ਸੀ। ਫਿਰ ਉਹ ਓਮਾਨ ਲਈ ਰਵਾਨਾ ਹੋ ਗਏ।
ਪਹਿਲਾਂ ਟਰੰਪ ਨੇ ਆਪਣੇ ਵਾਰਤਾਕਾਰਾਂ ਨੂੰ ਪਾਕਿਸਤਾਨ ਜਾਣ ਤੋਂ ਰੋਕ ਦਿੱਤਾ ਸੀ, ਜਿਸ ਕਾਰਨ ਗੱਲਬਾਤ ਦੇ ਅਗਲੇ ਦੌਰ ਦੀ ਸੰਭਾਵਨਾ ਰੁਕ ਗਈ ਹੈ। ਈਰਾਨ ਦੀ ਫਾਰਸ ਨਿਊਜ਼ ਏਜੰਸੀ ਨੇ ਦੱਸਿਆ ਕਿ ਅਰਾਘਚੀ ਨੇ ਕੁਝ ਮਹੱਤਵਪੂਰਨ ਮੁੱਦਿਆਂ 'ਤੇ ਪਾਕਿਸਤਾਨ ਰਾਹੀਂ ਅਮਰੀਕਾ ਨੂੰ ਲਿਖਤੀ ਸੰਦੇਸ਼ ਭੇਜੇ ਹਨ। ਇਸ ਦੌਰਾਨ, ਅਰਾਘਚੀ ਸੋਮਵਾਰ ਨੂੰ ਮਾਸਕੋ ਵਿੱਚ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਾਤ ਕਰਨ ਵਾਲੇ ਹਨ। ਰੂਸੀ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨੇ ਐਤਵਾਰ ਨੂੰ ਪੁਸ਼ਟੀ ਕੀਤੀ ਕਿ ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਮਾਸਕੋ ਜਾਣਗੇ। ਉਨ੍ਹਾਂ ਦੇ ਸੋਮਵਾਰ ਨੂੰ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਾਤ ਕਰਨ ਦੀ ਉਮੀਦ ਹੈ।


**ਪੰਜਾਬ ਐਂਡ ਸਿੰਧ ਬੈਂਕ**
(ਭਾਰਤ ਸਰਕਾਰ ਦਾ ਅਦਾਰਾ)

ਸ਼ਾਖਾ ਦਫ਼ਤਰ : ਉਮਰਪੁਰਾ, ਬਟਾਲਾ

**ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਪੰਜਾਬ ਐਂਡ ਸਿੰਧ ਬੈਂਕ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਐਕਟ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਇਸ ਉਪਰੰਤ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰਾਂ ਨੂੰ ਸੱਦਾ ਦਿੰਦੇ ਹੋਏ ਉਨ੍ਹਾਂ ਦੇ ਨਾਵਾਂ ਅਧੀਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ/ਜ਼ਾਮਨਾਂ/ਗਿਰਵੀਕਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਹਰੇਕ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।
ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਉਨ੍ਹਾਂ ਦੇ ਨਾਮ ਅਧੀਨ ਦਰਸਾਈ ਰਕਮ ਅਤੇ ਪੂਰਤੀ ਹੋਣ ਤੱਕ ਲਾਗੂ ਵਿਆਜ ਅਤੇ ਹੋਰ ਫੀਸਾਂ ਦੇ ਲਈ **ਪੰਜਾਬ ਐਂਡ ਸਿੰਧ ਬੈਂਕ** ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ/ਜ਼ਾਮਨ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ ਅਤੇ ਜ਼ਾਮਨ ਦਾ ਨਾਮ | ਅਚੱਲ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਕਰਜ਼ਦਾਰ : ਸ੍ਰੀ ਮਨਪ੍ਰੀਤ ਸਿੰਘ ਪੁੱਤਰ ਪ੍ਰਿਥੀਪਾਲ ਸਿੰਘ, 2. ਸ੍ਰੀਮਤੀ ਮਨਜੀਤ ਕੌਰ ਪਤਨੀ ਪ੍ਰਿਥੀਪਾਲ ਸਿੰਘ, ਦੋਵੇਂ ਵਾਸੀ ਧੂਪਸਰੀ, ਨੇੜੇ ਸਰਕਾਰੀ ਪੌਲੀਟੈਕਨਿਕ, ਬਟਾਲਾ | 3 ਮਰਲੇ (ਕਰਮ 5 1/2 ਫੁੱਟ ਦੇ ਨਾਲ), ਮਾਪ 24 ਫੁੱਟ 4 ਇੰਚ X 37 ਫੁੱਟ, ਹੱਦਬੰਦੀ :ਪੂਰਬ ਵੱਲ : ਗਲੀ, ਪੱਛਮ: ਕੇਵਲ ਸਿੰਘ, ਉੱਤਰ: ਪ੍ਰਿਥੀਪਾਲ ਸਿੰਘ ਦੀ ਮਲਕੀਅਤ, ਦੱਖਣ: ਵਿਕਰੇਤਾ ਦੀ ਮਲਕੀਅਤ, ਖਸਰਾ ਨੰਬਰਾਂ 12//22, 16//9, 13 ਮਿਨ, 12/1, 19/2, 17//9 ਮਿਨ ਦਖਾਨ, 12, 12//1 2/2, 19, 16//12 ਮਿਨ, 17//24/1, 24/2, 25/1, 12//18, 23, 13//23/2, 16//12 ਮਿਨ, 13, 2/1, 3/1, 8, 19/2, 17//2, 3, 8, 9, 13, 17, 18/1, 16//11/1, 17//4, 5/2, 6/2, 7, 14, 15, 16, 18/2, 16//1/2/1, 20/2, 17//19, 16//10/2/2, 15/6/2, 16/3/1, 16//10/2/1,ਤੋਂ ਬਾਹਰ ਪਿੰਡ ਧੂਪਸਰੀ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਸਥਿਤ। | 22.10.2025 | 22.04.2026 | Rs. 8,40,158.59 (ਰੁ. ਅੱਠ ਲੱਖ ਚਾਲੀ ਹਜ਼ਾਰ ਇਕ ਸੌ ਅਠਵੰਜਾ ਅਤੇ ਉਨਾਹਠ ਪੈਸੇ ਕੇਵਲ) ਜਮ੍ਹਾਂ ਵਿਆਜ ਅਤੇ ਹੋਰ ਖਰਚਿਆਂ ਸਮੇਤ। |

ਮਿਤੀ : 27.04.2026 ਸਥਾਨ : ਬਟਾਲਾ ਅਧਿਕਾਰਤ ਅਧਿਕਾਰੀ



**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਪੰਜਾਬ ਗਰਮੀਆਂ ਦੀ ਰਿਕਾਰਡ ਬਿਜਲੀ ਮੰਗ ਨੂੰ ਪੂਰਾ ਕਰਨ ਤੇ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ : ਸੰਜੀਵ ਅਰੋੜਾ

ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.): ਗਰਮੀ ਵਧਣ ਕਰਕੇ ਬਿਜਲੀ ਦੀ ਮੰਗ ਵਿੱਚ ਤੇਜ਼ੀ ਨਾਲ ਅਤੇ ਅਚਾਨਕ ਵਾਧੇ ਦੇ ਮੱਦੇਨਜ਼ਰ ਭਗਵੰਤ ਮਾਨ ਸਰਕਾਰ ਨੇ ਪੰਜਾਬ ਭਰ ਵਿੱਚ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਫੌਰੀ ਕਦਮ ਚੁੱਕੇ ਹਨ। ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਬੇਸ਼ੱਕ ਪੰਜਾਬ ਅੰਦਰ ਬਿਜਲੀ ਦੀ ਮੰਗ ਦਸ ਦਿਨਾਂ ਦੇ ਅੰਦਰ 7,900 ਮੈਗਾਵਾਟ ਤੋਂ ਵੱਧ ਕੇ 12,000 ਮੈਗਾਵਾਟ ਤੋਂ ਵੱਧ ਹੋ ਗਈ ਹੈ, ਪਰ ਚਿੰਤਾ ਦੀ ਕੋਈ ਗੱਲ ਨਹੀਂ, ਕਿਉਂਕਿ ਸੂਬੇ ਵਿੱਚ ਹਾਲਾਤ ਪੂਰੀ ਤਰ੍ਹਾਂ ਕਾਬੂ ਹੇਠ ਹਨ। ਮਿਸ਼ਨ ਰੌਸ਼ਨ ਤਹਿਤ 6,000 ਕਰੋੜ ਤੋਂ ਵੱਧ ਦੀ ਲਾਗਤ ਨਾਲ ਬਿਜਲੀ ਬੁਨਿਆਦੀ ਢਾਂਚਾ ਸੁਧਾਰ ਪ੍ਰਾਜੈਕਟ ਅਤੇ ਗੈਰ-ਯੋਜਨਾਬੱਧ ਆਊਟੇਜ ਵਿੱਚ ਲਗਭਗ 70 ਫੀਸਦ ਦੀ ਕਮੀ ਦੇ ਨਾਲ ਪੰਜਾਬ ਰਾਜ ਬਿਜਲੀ ਨਿਗਮ (ਪੀ.ਐਸ.ਪੀ.ਸੀ.ਐਲ.) ਗਰਿੱਡ ਸਥਿਰਤਾ ਨੂੰ ਬਣਾਈ ਰੱਖਣ ਵਿੱਚ ਸਫ਼ਲ ਰਿਹਾ ਹੈ, ਉਹ ਵੀ ਅਜਿਹੇ ਸਮੇਂ ਜਦੋਂ ਦੇਸ਼ ਦੇ ਕਈ ਹਿੱਸਿਆਂ ਨੂੰ ਬਿਜਲੀ ਦੀ ਘਾਟ ਨਾਲ ਜੂਝਣਾ ਪੈ ਰਿਹਾ ਹੈ। ਇਸ ਨਾਲ ਪੰਜਾਬ ਗਰਮੀਆਂ ਵਿੱਚ ਬਿਜਲੀ ਦੀ ਸਿਖ਼ਰ ਮੰਗ ਦੇ ਪ੍ਰਬੰਧਨ ਵਿੱਚ ਤਿਆਰ-ਬਰ-ਤਿਆਰ ਮੋਹਰਲੇ ਰਾਜਾਂ ਦੀ ਕਤਾਰ ਵਿੱਚ ਸ਼ਾਮਲ ਹੋ ਗਿਆ ਹੈ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਮੌਜੂਦਾ ਗਰਮੀ ਦੇ ਮੌਸਮ ਦੌਰਾਨ ਬਿਜਲੀ ਦੀ ਮੰਗ ਵਿੱਚ ਅਚਾਨਕ ਵਾਧੇ ਨਾਲ ਨਜਿੱਠਣ ਲਈ ਵਿਆਪਕ ਪ੍ਰਬੰਧ ਕੀਤੇ ਹਨ ਅਤੇ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਭਰ ਵਿੱਚ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਇਆ ਹੈ। ਦੱਸਣਯੋਗ ਹੈ ਕਿ ਸੂਬੇ 'ਚ ਬਿਜਲੀ ਦੀ ਮੰਗ 15 ਅਪ੍ਰੈਲ ਨੂੰ ਲਗਭਗ 7,900 ਮੈਗਾਵਾਟ ਤੋਂ ਵੱਧ ਕੇ 25 ਅਪ੍ਰੈਲ ਤੱਕ 12,000 ਮੈਗਾਵਾਟ ਤੋਂ ਵੱਧ ਹੋ ਗਈ, ਜੋ ਪਿਛਲੇ ਸਾਲ ਨਾਲੋਂ ਲਗਭਗ 12 ਫੀਸਦ ਵੱਧ ਹੈ। ਪੰਜਾਬ ਦੀਆਂ ਤਿਆਰੀਆਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਇਸ ਅਚਾਨਕ ਵਾਧੇ ਦੇ ਬਾਵਜੂਦ ਵੀ ਪੀ.ਐਸ.ਪੀ.ਸੀ.ਐਲ. ਨੇ ਸਮੇਂ ਸਿਰ ਯੋਜਨਾਬੰਦੀ, ਮਜ਼ਬੂਤ ਬੁਨਿਆਦੀ ਢਾਂਚੇ ਤੇ ਅਗਾਊਂ ਬਿਜਲੀ ਪ੍ਰਬੰਧਾਂ ਰਾਹੀਂ ਬਿਜਲੀ ਦੀ ਮੰਗ ਨੂੰ ਸਫਲਤਾਪੂਰਵਕ ਕਾਇਮ ਰੱਖਣ ਦੇ ਨਾਲ-ਨਾਲ ਗਰਿੱਡ ਸਥਿਰਤਾ ਬਣਾਈ ਰੱਖੀ ਹੈ। ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੇਸ਼ ਭਰ ਦੇ ਹਾਲਾਤਾਂ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਕੌਮੀ ਪੱਧਰ 'ਤੇ ਵੀ ਬਿਜਲੀ ਦੀ ਮੰਗ ਰਿਕਾਰਡ ਪੱਧਰ 'ਤੇ ਹੈ ਤੇ ਦੇਸ਼ ਨੇ 24 ਅਪ੍ਰੈਲ ਨੂੰ 252 ਗੀਗਾਵਾਟ ਦੀ ਸਭ ਤੋਂ ਵੱਧ ਮੰਗ ਦਰਜ ਕੀਤੀ, ਜਦੋਂ ਕਿ ਉਪਲਬਧ ਸਪਲਾਈ ਲਗਭਗ 239 ਗੀਗਾਵਾਟ ਸੀ, ਜਿਸ ਨਾਲ 13 ਗੀਗਾਵਾਟ ਦੀ ਕਮੀ ਪੈਦਾ ਹੋਈ। ਕਈ ਰਾਜ ਬਿਜਲੀ ਦੀ ਘਾਟ ਅਤੇ ਕੱਟਾਂ ਦਾ ਸਾਹਮਣਾ ਕਰ ਰਹੇ ਹਨ, ਪਰ ਸਰਗਰਮ ਯੋਜਨਾਬੰਦੀ ਦੇ ਚਲਦਿਆਂ ਪੰਜਾਬ ਦੀ ਸਥਿਤੀ ਮੁਕਾਬਲਤਨ ਤੌਰ 'ਤੇ ਬਿਹਤਰ ਕਾਫ਼ੀ ਬਿਹਤਰ ਹੈ।



ਇਸ ਸਬੰਧੀ ਚੁੱਕੇ ਗਏ ਕਦਮਾਂ ਦਾ ਵੇਰਵਾ ਦਿੰਦਿਆਂ ਸੰਜੀਵ ਅਰੋੜਾ ਨੇ ਕਿਹਾ ਕਿ ਦੂਜੇ ਰਾਜਾਂ ਨਾਲ ਬੈਂਕਿੰਗ ਪ੍ਰਬੰਧਾਂ ਰਾਹੀਂ 1,500 ਤੋਂ 2,000 ਮੈਗਾਵਾਟ ਵਾਧੂ ਬਿਜਲੀ ਸਬੰਧੀ ਗੱਲਬਾਤ ਅਗਲੇ ਪੜਾਅ ਵਿੱਚ ਹੈ। ਉਨ੍ਹਾਂ ਅੱਗੇ ਕਿਹਾ ਕਿ 2025 ਦੇ ਹੜ੍ਹਾਂ ਦੌਰਾਨ ਨੁਕਸਾਨੇ ਗਏ ਸੂਬੇ ਦੇ ਹਾਈਡਲ ਪਲਾਂਟਾਂ ਨੂੰ ਬਹਾਲ ਕੀਤਾ ਜਾ ਰਿਹਾ ਹੈ, ਜਿਸ ਨਾਲ ਜਲਦੀ ਹੀ ਹੋਰ 300 ਮੈਗਾਵਾਟ ਵਾਧੂ ਸਮਰੱਥਾ ਉਪਲੱਬਧ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਦੂਜੇ ਰਾਜਾਂ ਤੇ ਨਿੱਜੀ ਸਰੋਤਾਂ ਤੋਂ ਵਾਧੂ ਖਰੀਦ ਨਾਲ ਲਗਭਗ 1,500 ਮੈਗਾਵਾਟ ਵਾਧੂ ਬਿਜਲੀ ਸਪਲਾਈ ਲਈ ਰਾਹ ਪੱਧਰਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਮੁਕੰਮਲ ਕੀਤੇ ਗਏ ਤੇ ਚੱਲ ਰਹੇ ਮੁੱਖ ਕੰਮਾਂ ਵਿੱਚ: 70 ਨਵੇਂ ਸਬ-ਸਟੇਸ਼ਨ ਸਥਾਪਤ ਕੀਤੇ ਜਾ ਰਹੇ ਹਨ, 200 ਮੌਜੂਦਾ ਸਬ-ਸਟੇਸ਼ਨਾਂ ਦੀ ਅਪਗ੍ਰੇਡੇਸ਼ਨ, 8,000 ਡਿਸਟ੍ਰੀਬਿਊਸ਼ਨ ਟ੍ਰਾਂਸਫਾਰਮਰਾਂ (ਡੀਟੀਜ਼) ਦੀ ਸਥਾਪਨਾ/ਅਪਗ੍ਰੇਡੇਸ਼ਨ, ਓਵਰਲੋਡਿੰਗ ਨਾਲ ਸਬੰਧਤ ਨੁਕਸ ਘਟਾਉਣ ਲਈ ਪਹਿਲਾਂ ਹੀ 688 ਫੀਡਰ ਡੀ-ਲੋਡ ਕਰ ਦਿੱਤੇ ਗਏ ਹਨ, ਲਗਭਗ 41,000 ਨਵੇਂ ਡੀਟੀਜ਼ ਸਥਾਪਿਤ ਕੀਤੇ ਗਏ ਹਨ ਅਤੇ 8,380 ਡੀਟੀਜ਼ ਦੀ ਅਪਗ੍ਰੇਡੇਸ਼ਨ ਕੀਤੀ ਗਈ ਹੈ, 7 ਨਵੇਂ 66 ਕੇਵੀ ਸਬ-ਸਟੇਸ਼ਨ ਚਾਲੂ ਕੀਤੇ ਗਏ ਹਨ ਅਤੇ 82 ਪਾਵਰ ਟ੍ਰਾਂਸਫਾਰਮਰ ਪੂਰੀ ਤਰ੍ਹਾਂ ਮੁਕੰਮਲ ਹੋ ਗਏ ਹਨ। ਅਪ੍ਰੈਲ ਦੇ ਤੀਜੇ ਹਫ਼ਤੇ ਤੱਕ ਗੈਰ-ਯੋਜਨਾਬੱਧ ਆਊਟੇਜ ਲਗਭਗ 70 ਫੀਸਦ ਘਟ ਕੇ ਸਾਲ 2025 ਵਿੱਚ 13,271 ਤੋਂ 2026 ਵਿੱਚ 3,974 ਰਹਿ ਗਈ ਹੈ, ਜੋ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਲਈ ਚੱਲ ਰਹੇ ਕਾਰਜਾਂ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ। ਲੋਕਾਂ ਨੂੰ ਭਰੋਸਾ ਦਿਵਾਉਂਦਿਆਂ ਉਨ੍ਹਾਂ ਅਖ਼ੀਰ ਵਿੱਚ ਕਿਹਾ ਕਿ ਪੀਐਸਪੀਸੀਐਲ ਵਧਦੀ ਮੰਗ ਦੀ ਚੁਣੌਤੀ ਦਾ ਸਾਹਮਣਾ ਕਰਨ ਅਤੇ ਰਾਜ ਭਰ ਵਿੱਚ ਮਿਆਰੀ ਬਿਜਲੀ ਸਪਲਾਈ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਪ੍ਰੈਸ ਕਾਨਫਰੰਸ ਦੌਰਾਨ ਹੋਰਨਾਂ ਤੋਂ ਇਲਾਵਾ ਬਸੰਤ ਗਰਗ ਆਈਏਐਸ, ਚੇਅਰਮੈਨ ਪੀਐਸਪੀਸੀਐਲ, ਇੰਦਰਪਾਲ ਸਿੰਘ, ਡਾਇਰੈਕਟਰ ਡਿਸਟ੍ਰੀਬਿਊਸ਼ਨ ਤੇ ਸ਼ੋਇਕਤ ਰਾਏ, ਮੈਂਬਰ ਪੀਡੀਸੀ ਵੀ ਮੌਜੂਦ ਸਨ।

# ਭਗਵੰਤ ਮਾਨ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰੂਪਨਗਰ ਵਿਖੇ ਪਹਿਲਾ ਵਿਸ਼ਾਲ ਅਧਿਆਤਮਕ ਕੀਰਤਨ ਦਰਬਾਰ ਸਜਾਇਆ

## ਡੇਰਾ ਸੱਚਖੰਡ ਬੱਲਾਂ ਨੇੜੇ ਸਥਾਪਤ ਕੀਤਾ ਜਾ ਰਿਹੈ 'ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ' : ਚੀਮਾ

ਚੰਡੀਗੜ੍ਹ/ਰੂਪਨਗਰ, 27 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ, ਪੰਜਾਬ ਸਰਕਾਰ ਵੱਲੋਂ ਐਤਵਾਰ ਸ਼ਾਮ ਨੂੰ ਨਹਿਰੂ ਸਟੇਡੀਅਮ, ਰੂਪਨਗਰ ਵਿਖੇ ਕਰਵਾਏ ਗਏ ਪਹਿਲੇ ਵਿਸ਼ਾਲ ਅਧਿਆਤਮਕ ਕੀਰਤਨ ਦਰਬਾਰ ਦੇ ਨਾਲ ਹੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਰਾਜ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ। ਇਸ ਵਿਸ਼ਾਲ ਸਮਾਗਮ ਨਾਲ ਗੁਰੂ ਰਵਿਦਾਸ ਜੀ ਦੇ ਸਰਬ-ਸਾਂਝੇ ਸੰਦੇਸ਼ ਨੂੰ ਪੰਜਾਬ ਤੇ ਇਸ ਤੋਂ ਬਾਹਰ ਫੈਲਾਉਣ ਦੇ ਉਦੇਸ਼ ਨਾਲ ਸਾਲ ਭਰ ਚੱਲਣ ਵਾਲੇ ਪ੍ਰੋਗਰਾਮਾਂ ਦੀ ਲੜੀ ਦਾ ਆਗਾਜ਼ ਹੋਇਆ। ਇਸ ਅਧਿਆਤਮਕ ਸ਼ਾਮ ਦੌਰਾਨ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਪ੍ਰਸਿੱਧ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਜੀ ਅਤੇ ਭਾਈ ਦਵਿੰਦਰ ਸਿੰਘ ਜੀ ਸੋਢੀ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ, ਜਿਸ ਨੇ ਸੰਗਤਾਂ ਨੂੰ ਇਲਾਹੀ ਬਾਣੀ ਵਿੱਚ ਲੀਨ ਕੀਤਾ। ਇਸ ਉਪਰੰਤ ਭਾਈ ਗੁਰਮੀਤ ਸਿੰਘ ਜੀ ਵੱਲੋਂ ਕਥਾ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਨਾਉਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਤੇ ਕਰ, ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਇਸ ਉਪਰਾਲੇ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ, "ਖੁਰਾਲਗੜ੍ਹ ਸਾਹਿਬ ਵਿਖੇ 649ਵੇਂ ਪ੍ਰਕਾਸ਼ ਪੁਰਬ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਵੱਡੇ ਪੱਧਰ ਦੇ ਸਮਾਗਮ ਕਰਵਾਉਣ ਦਾ ਐਲਾਨ ਕੀਤਾ ਗਿਆ ਸੀ।" ਵਿੱਤ ਮੰਤਰੀ ਨੇ ਕਿਹਾ, "ਇਨ੍ਹਾ ਸਮਾਗਮਾਂ ਦਾ ਮੁੱਖ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਦੇ ਸਰਬ-ਸਾਂਝੇ ਸੰਦੇਸ਼ ਨੂੰ ਪੂਰੀ ਦੁਨੀਆ ਵਿੱਚ ਫੈਲਾਉਣਾ ਹੈ। ਇਸੇ ਦੇ ਤਹਿਤ ਪੰਜਾਬ ਦੇ ਕੋਨੇ-ਕੋਨੇ ਵਿੱਚ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਵੱਖ-ਵੱਖ ਵਿਦਿਅਕ ਤੇ ਅਧਿਆਤਮਕ ਪ੍ਰੋਗਰਾਮ ਉਲੀਕੇ ਜਾ ਰਹੇ ਹਨ।"

ਉਨ੍ਹਾਂ ਅੱਗੇ ਕਿਹਾ, "ਇਸ ਵੱਡੇ ਉਪਰਾਲੇ ਦੇ ਹਿੱਸੇ ਵਜੋਂ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਅਧਿਆਤਮਕ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦੀ ਰਸਮੀ ਸ਼ੁਰੂਆਤ ਰੂਪਨਗਰ ਤੋਂ ਹੋਈ ਹੈ।" ਪੰਜਾਬ ਸਰਕਾਰ ਦੇ ਇੱਕ ਅਹਿਮ ਉਪਰਾਲੇ ਬਾਰੇ ਦੱਸਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ, "ਪੰਜਾਬ ਸਰਕਾਰ ਵੱਲੋਂ ਡੇਰਾ ਸੱਚਖੰਡ ਬੱਲਾਂ ਦੇ ਨੇੜੇ ਇੱਕ ਵਿਸ਼ਾਲ "ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ" ਸਥਾਪਤ ਕਰਨ ਲਈ 10 ਏਕੜ ਜ਼ਮੀਨ ਖਰੀਦੀ ਗਈ ਹੈ। ਇਸ ਕੇਂਦਰ ਵਿੱਚ 750 ਵਿਅਕਤੀਆਂ ਦੇ ਬੈਠਣ ਦੀ ਸਮਰੱਥਾ ਹੋਵੇਗੀ ਅਤੇ ਇਹ ਗੁਰੂ ਸਾਹਿਬ ਦੀ ਪਵਿੱਤਰ ਬਾਣੀ ਅਤੇ ਸਿੱਖਿਆਵਾਂ ਦੇ ਡੂੰਘੇ ਅਧਿਐਨ ਤੇ ਖੋਜ ਨੂੰ ਸਮਰਪਿਤ ਹੋਵੇਗਾ। ਇਸ ਨਾਲ ਇਹ ਯਕੀਨੀ ਬਣਾਇਆ ਜਾ ਸਕੇਗਾ ਕਿ ਉਨ੍ਹਾਂ ਦਾ ਅਨਮੋਲ ਸੰਦੇਸ਼ ਆਮ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚੇ।"

ਉਨ੍ਹਾਂ ਅੱਗੇ ਕਿਹਾ, "ਇਮਾਰਤ ਦੇ ਨਕਸ਼ੇ ਮੁਕੰਮਲ ਕਰ ਲਏ ਗਏ ਹਨ ਤੇ ਉਸਾਰੀ ਦਾ ਕੰਮ ਜਲਦੀ ਸ਼ੁਰੂ ਹੋਣ ਜਾ ਰਿਹਾ ਹੈ। ਨਿਰਮਾਣ ਤੋਂ ਬਾਅਦ, ਇਹ ਕੇਂਦਰ ਆਮ ਲੋਕਾਂ ਨੂੰ ਗੁਰੂ ਮਹਾਰਾਜ ਨਾਲ ਸਬੰਧਤ ਕੀਮਤੀ ਇਤਿਹਾਸਕ ਖੋਜਾਂ ਤੋਂ ਵੀ ਜਾਣੂ ਕਰਵਾਏਗਾ।" ਇਸ ਮੌਕੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਅਜੋਕੇ ਸਮਾਜ ਵਿੱਚ ਗੁਰੂ ਜੀ ਦੀਆਂ ਸਿੱਖਿਆਵਾਂ ਦੀ ਪ੍ਰਸੰਗਿਕਤਾ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ, "ਸਦੀਆਂ ਪਹਿਲਾਂ, ਆਪਣੀ



ਕ੍ਰਾਂਤੀਕਾਰੀ ਬਾਣੀ ਰਾਹੀਂ, ਸ੍ਰੀ ਗੁਰੂ ਰਵਿਦਾਸ ਜੀ ਨੇ ਮਨੁੱਖਤਾ ਨੂੰ ਆਪਸੀ ਭੇਦਭਾਵ ਤੋਂ ਉੱਪਰ ਉੱਠ ਕੇ ਬਰਾਬਰੀ ਤੇ ਭਾਈਚਾਰਕ ਸਾਂਝ 'ਤੇ ਆਧਾਰਿਤ ਸਮਾਜ ਸਿਰਜਣ ਦਾ ਉਪਦੇਸ਼ ਦਿੱਤਾ ਸੀ।" ਉਨ੍ਹਾਂ ਸੰਗਤਾਂ ਨੂੰ ਇੱਕ ਸਦਭਾਵਨਾ ਵਾਲੇ ਅਤੇ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਇਸ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਪਤਵੰਤਿਆਂ ਤੇ ਸੰਗਤਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਸਮਾਜਿਕ ਤਰੱਕੀ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਹਮੇਸ਼ਾ ਬਾਣੀ ਰਾਹੀਂ ਮਨੁੱਖਤਾ ਨੂੰ ਇੱਕ ਸੱਭਿਅਕ ਅਤੇ ਜਾਗਰੂਕ ਯੁੱਗ ਵੱਲ ਸੇਧਿਤ ਕੀਤਾ। ਉਨ੍ਹਾਂ ਨੇ ਇਸ ਇਤਿਹਾਸਕ ਲੜੀ ਦੇ ਪਹਿਲੇ ਕੀਰਤਨ ਦਰਬਾਰ ਦੀ ਮੇਜ਼ਬਾਨੀ ਲਈ ਰੂਪਨਗਰ ਨੂੰ ਚੁਣਨ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ।

ਇਸ ਵਿਸ਼ਾਲ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਤੇ ਇਲਾਹੀ ਬਾਣੀ ਦਾ ਆਨੰਦ ਮਾਣਦਿਆਂ ਪੰਜਾਬ ਸਰਕਾਰ ਵੱਲੋਂ ਸਿਰਜੇ ਗਏ ਅਧਿਆਤਮਕ ਮਾਹੌਲ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਮੁਖੀ ਸੰਤ ਬਾਬਾ ਕੇਵਲ ਸਿੰਘ, ਆਲ ਇੰਡੀਆ ਆਦਿ ਧਰਮ ਮਿਸ਼ਨ ਦੇ ਪ੍ਰਧਾਨ ਸੰਤ ਸਤਵਿੰਦਰਜੀਤ ਸਿੰਘ ਹੀਰਾ, ਡੇਰਾ ਮਸਤ ਬਾਬਾ ਸ਼ਾਮ ਜੀ ਮਹਾਰਾਜ ਝੱਜ ਦੇ ਸੁਆਮੀ ਅਨਮੁਲਕਾ ਨੰਦ, ਡੇਰਾ ਪੁਸ਼ਪਾ ਨੰਦ ਉਦਾਸੀਨ ਆਸ਼ਰਮ ਬੱਸੀ ਪਠਾਣਾਂ ਦੇ ਮਹੰਤ ਬਲਵਿੰਦਰ ਦਾਸ, ਡੇਰਾ ਮਹਾਂ ਪੁਰੀ ਚੱਬੇਵਾਲ ਦੇ ਸੰਤ ਬਲਵੀਰ ਦਾਸ, ਗੁਰਦੁਆਰਾ ਟਿੱਬੀ ਸਾਹਿਬ ਦੇ ਜਥੇਦਾਰ ਜਗਮਿੰਦਰ ਸਿੰਘ ਤੇ ਸ੍ਰੀ ਚਰਨ ਛੋਹ ਗੰਗਾ ਖੁਰਾਲਗੜ੍ਹ ਸਾਹਿਬ ਦੇ ਮੁਖੀ ਸੰਤ ਸੁਰਿੰਦਰ ਦਾਸ ਸਮੇਤ ਕਈ ਸਤਿਕਾਰਯੋਗ ਧਾਰਮਿਕ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ।

ਇਸ ਮੌਕੇ ਵਿਧਾਇਕ ਸ੍ਰੀ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ, ਦਿੱਲੀ ਦੇ ਵਿਧਾਇਕ ਅਜੈ ਦੱਤ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ, ਡਿਪਟੀ ਕਮਿਸ਼ਨਰ ਰੂਪਨਗਰ ਆਦਿਤਿਆ ਦਚਲਵਾਲ, ਐਸ.ਐਸ.ਪੀ. ਰੂਪਨਗਰ ਮਨਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ ਚੰਦਰਜੋਤੀ ਸਿੰਘ, ਐਸ.ਪੀ. ਅਰਵਿੰਦ ਮੀਨਾ, ਸਹਾਇਕ ਕਮਿਸ਼ਨਰ ਪ੍ਰਦੀਪ ਸਿੰਘ ਬੈਂਸ, ਐਸ.ਡੀ.ਐਮ. ਰੂਪਨਗਰ ਜਸਪ੍ਰੀਤ ਸਿੰਘ ਤੇ ਡੀ.ਪੀ.ਆਰ.ਓ. ਕਰਨ ਮਹਿਤਾ ਸ਼ਾਮਲ ਸਨ। ਕਈ ਸਥਾਨਕ ਆਗੂਆਂ ਅਤੇ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ, ਜਿਨ੍ਹਾਂ ਵਿੱਚ ਚੇਅਰਮੈਨ ਸ਼ਿਵ ਕੁਮਾਰ ਲਾਲਪੁਰਾ, ਭਾਗ ਸਿੰਘ ਮਦਾਨ, ਸੁਖਦੇਵ ਮੀਆਂਪੁਰ ਤੇ ਸਤਨਾਮ ਸਿੰਘ ਜਲਵਾਹਾ, ਬਲਾਕ ਸੰਮਤੀ ਰੂਪਨਗਰ ਦੇ ਚੇਅਰਮੈਨ ਮਲਕੀਤ ਸਿੰਘ ਭੰਗੂ, ਬਲਾਕ ਪ੍ਰਧਾਨ ਪਰਮਿੰਦਰ ਸਿੰਘ ਬਾਲਾ, ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਰਨੈਲ ਸਿੰਘ ਲਾਲੀ ਸ਼ਾਮਲ ਸਨ। ਉਨ੍ਹਾਂ ਦੇ ਨਾਲ ਬਲਾਕ ਸੰਮਤੀ ਮੈਂਬਰ ਅੰਮ੍ਰਿਤਪਾਲ ਸਿੰਘ ਪੱਪੀ, ਲਲਿਤ ਡਕਾਲਾ, ਸੰਦੀਪ ਸਿੰਘ ਤੇ ਸਤਨਾਮ ਨਾਗਰਾ, ਸਥਾਨਕ ਆਗੂਆਂ ਜੰਗ ਬਹਾਦਰ ਸਿੰਘ, ਸੁਰਜਨ ਸਿੰਘ, ਅਮਨਦੀਪ ਸਿੰਘ ਅਤੇ ਰੂਪਨਗਰ ਹਲਕੇ ਦੀ ਪ੍ਰਧਾਨ ਨੀਲਮ ਰਾਣੀ ਤੋਂ ਇਲਾਵਾ 'ਆਪ' ਦੇ ਕਈ ਅਹੁਦੇਦਾਰ, ਵਲੰਟੀਅਰ ਅਤੇ ਨੇੜਲੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਗੈਂਗਸਟਰਾਂ 'ਤੇ ਵਾਰ ਦੇ 97ਵੇਂ ਦਿਨ 486 ਥਾਵਾਂ ਉੱਤੇ ਛਾਪੇਮਾਰੀ ਦੌਰਾਨ 240 ਕਾਬੂ

ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 97ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 486 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

97ਵੇਂ ਦਿਨ, ਪੁਲਿਸ ਟੀਮਾਂ ਨੇ 6 ਹਥਿਆਰਾਂ ਸਮੇਤ 240 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫਤਾਰੀਆਂ 24,520 ਹੋ ਗਈਆਂ। ਇਸ ਤੋਂ ਇਲਾਵਾ 56 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 51 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 6 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 422ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 132 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4.1 ਕਿਲੋ ਹੈਰੋਇਨ, 23 ਕਿਲੋ ਭੁੱਕੀ, 704 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 38000 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ ਸਿਰਫ 422 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 61,103 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 28 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਪੰਜਾਬ 'ਚ ਪੋਟਾਸ਼ ਪਿੱਛੋਂ ਹੁਣ ਕੁਦਰਤੀ ਗੈਸ ਤੇ ਤੇਲ ਭੰਡਾਰਾਂ ਦੀਆਂ ਵੱਡੀਆਂ ਸੰਭਾਵਨਾਵਾਂ : ਗੋਇਲ

ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.): ਪੰਜਾਬ ਦੇ ਖਣਨ ਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਪੋਟਾਸ਼ ਦੀ ਖੋਜ ਉਪਰੰਤ ਹੁਣ ਪੰਜਾਬ ਵਿੱਚ ਕੁਦਰਤੀ ਗੈਸ ਤੇ ਤੇਲ ਭੰਡਾਰਾਂ ਦੀਆਂ ਵੱਡੀਆਂ ਸੰਭਾਵਨਾਵਾਂ ਹਨ ਤੇ ਸੂਬਾ ਸਰਕਾਰ ਵੱਲੋਂ ਇਸ ਪਾਸੇ ਧਿਆਨ ਕੇਂਦਰਤ ਕੀਤਾ ਜਾ ਰਿਹਾ ਹੈ। ਇਹ ਗੱਲ ਪੰਜਾਬ ਦੇ ਖਣਨ ਤੇ ਭੂ-ਵਿਗਿਆਨ ਮੰਤਰੀ ਨੇ ਭਾਰਤ ਸਰਕਾਰ ਦੇ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਅਧੀਨ ਡਾਇਰੈਕਟਰ ਜਨਰਲ ਆਫ਼ ਹਾਈਡ੍ਰੋਕਾਰਬਨ (ਡੀ.ਜੀ.ਐਚ) ਤੇ ਆਇਲ ਇੰਡੀਆ ਲਿਮਟਿਡ (ਓ.ਆਈ.ਐਲ) ਦੇ ਉੱਚ ਅਧਿਕਾਰੀਆਂ ਨਾਲ ਮਗਸੀਪਾ ਵਿਖੇ ਮੁਲਾਕਾਤ ਕਰਨ ਤੇ ਪ੍ਰਸਤਾਵਿਤ ਸਰਵੇਖਣ ਨੂੰ ਮੁਕੰਮਲ ਕਰਨ ਸਬੰਧੀ ਸਹਾਇਤਾ ਦੀ ਮੰਗ ਕਰਨ ਉਪਰੰਤ ਆਖੀ। ਅਜੈ ਕੁਮਾਰ ਸ਼ਰਮਾ (ਐਚ.ਓ.ਡੀ, ਐਨ.ਡੀ.ਆਰ, ਡੀ.ਜੀ.ਐਚ) ਦੀ ਅਗਵਾਈ ਵਾਲੀ ਇਸ ਟੀਮ ਵਿੱਚ ਸੁਰੇਂਦਰ ਕੁਮਾਰ ਦਾਸ (ਡੀ.ਜੀ.ਐਮ, ਡੀ.ਜੀ.ਐਚ), ਅਨੂਪ ਕੁਮਾਰ (ਕਾਰਜਕਾਰੀ ਡਾਇਰੈਕਟਰ, ਓ.ਆਈ.ਐਲ), ਰਤਨੇਸ਼ ਪਾਂਡੇ (ਸੁਪਰਿੰਟੈਂਡਿੰਗ ਭੂ ਤੇ ਭੌਤਿਕ ਵਿਗਿਆਨੀ, ਓ.ਆਈ.ਐਲ), ਦੁਰਗੇਸ਼ ਦੀਪ ਮਿਸ਼ਰਾ (ਪਾਰਟੀ ਚੀਫ਼, ਏਸ਼ੀਅਨ ਐਨਰਜੀ ਸਰਵਿਸਿਜ਼) ਤੇ ਚਮਨ ਸਿੰਘ (ਸਲਾਹਕਾਰ, ਸਿਸਮਿਕ ਓਪਰੇਸ਼ਨ, ਏਸ਼ੀਅਨ ਐਨਰਜੀ ਸਰਵਿਸਿਜ਼) ਸ਼ਾਮਲ ਹੋਏ।



ਮੀਟਿੰਗ ਦੌਰਾਨ ਸੂਬੇ ਵਿੱਚ ਹਾਈਡ੍ਰੋਕਾਰਬਨ ਸਰੋਤਾਂ ਦੀ ਖੋਜ ਸਬੰਧੀ ਸੰਭਾਵਨਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਤੇ ਵਿਸਥਾਰਿਤ ਪੇਸ਼ਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਕਿ ਭਾਰਤ ਸਰਕਾਰ ਦੇ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਦੇ ਨਿਰਦੇਸ਼ਾਂ ਅਨੁਸਾਰ ਆਇਲ ਇੰਡੀਆ ਲਿਮਟਿਡ ਵੱਲੋਂ ਕੁਦਰਤੀ ਤੇਲ ਤੇ ਗੈਸ ਭੰਡਾਰਾਂ ਦੀ ਖੋਜ ਕਰਨ ਲਈ ਇੱਕ 2ਡੀ ਸਿਸਮਿਕ ਸਰਵੇਖਣ ਕੀਤਾ ਜਾਵੇਗਾ। ਅਜੈ ਸ਼ਰਮਾ ਨੇ ਦੱਸਿਆ ਕਿ ਮੰਤਰਾਲੇ ਨੇ ਪੰਜਾਬ ਦੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਫ਼ਰੀਦਕੋਟ, ਮੋਗਾ, ਜਲੰਧਰ ਤੇ ਕਪੂਰਥਲਾ ਸਣੇ ਰਾਜਸਥਾਨ ਵਿੱਚ ਬਾੜਮੇਰ, ਸੰਚੋਰ, ਜੈਸਲਮੇਰ ਤੇ ਬੀਕਾਨੇਰ-ਨਾਗੌਰ ਪੱਤਣਾਂ ਦੇ ਨਾਲ-ਨਾਲ ਗੰਗਾ ਪੱਤਣ ਅਤੇ ਨਾਲ ਲੱਗਦੇ ਪੰਜਾਬ ਦੇ ਖੇਤਰਾਂ ਵਿੱਚ ਸਰਵੇਖਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਉਪ-ਪੱਤਣ (ਸਬ-ਬੇਸਿਨ) ਵਿੱਚ ਲਗਭਗ 169 ਲਾਈਨ ਕਿਲੋਮੀਟਰ ਨੂੰ ਕਵਰ ਕਰਦਿਆਂ ਵੱਡੇ ਪੱਧਰ 'ਤੇ 2ਡੀ ਸਿਸਮਿਕ ਸਰਵੇਖਣ ਕੀਤਾ ਜਾਵੇਗਾ ਤੇ ਇਸ ਪਹਿਲਕਦਮੀ ਨੂੰ "ਮਿਸ਼ਨ ਅਨਵੇਸ਼ਨ" ਦਾ ਨਾਮ ਦਿੱਤਾ ਗਿਆ ਹੈ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਇਹ ਪਹਿਲਕਦਮੀ ਸੂਬੇ ਵਿੱਚ ਤੇਲ ਤੇ ਗੈਸ ਪਦਾਰਥਾਂ ਦਾ ਪਤਾ ਲਾਉਣ ਲਈ ਨਾ ਸਿਰਫ਼ ਖੋਜ ਗਤੀਵਿਧੀਆਂ ਨੂੰ ਤੇਜ਼ ਕਰੇਗੀ, ਸਗੋਂ ਇੱਕ ਵਿਆਪਕ ਭੂ-ਵਿਗਿਆਨਕ ਡੇਟਾ ਬੈਂਕ ਬਣਾਉਣ ਵਿੱਚ ਵੀ ਮਦਦ ਕਰੇਗੀ ਜਿਸ ਨਾਲ ਭਾਰਤ ਦੀ ਵਿਦੇਸ਼ੀ ਊਰਜਾ ਸਰੋਤਾਂ 'ਤੇ ਨਿਰਭਰਤਾ ਘਟੇਗੀ ਤੇ ਪੰਜਾਬ ਸਮੇਤ ਬਾਕੀ ਸੂਬਿਆਂ ਲਈ ਆਰਥਿਕ ਵਿਕਾਸ ਦੇ ਨਵੇਂ ਰਾਹ ਖੁੱਲ੍ਹਣਗੇ। ਮੀਟਿੰਗ ਦੌਰਾਨ ਖਣਨ ਤੇ ਭੂ-ਵਿਗਿਆਨ ਵਿਭਾਗ ਦੇ ਵਧੀਕ ਮੁੱਖ ਸਕੱਤਰ ਜਸਪ੍ਰੀਤ ਤਲਵਾੜ, ਡਾਇਰੈਕਟਰ ਖ਼ਣਨ ਅਭਿਜੀਤ ਕਪਲਿਸ਼, ਮੁੱਖ ਇੰਜੀਨੀਅਰ (ਖਣਨ ਤੇ ਡਰੇਨੇਜ) ਹਰਦੀਪ ਸਿੰਘ ਮੈਂਦੀਰੱਤਾ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

# 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਵਿਧਾਇਕ ਕੁਲਵੰਤ ਸਿੰਘ ਵੱਲੋਂ 27ਵੀਂ ਤੇ 28ਵੀਂ ਬੱਸ ਰਵਾਨਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 27 ਅਪ੍ਰੈਲ (ਹਰਦੀਪ ਕੌਰ): ਮੋਹਾਲੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸ਼ਰਧਾਲੂਆਂ ਨਾਲ ਭਰੀਆਂ 27ਵੀਂ ਤੇ 28ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਬੱਸਾਂ ਗੁਰਦੁਆਰਾ ਸਿੰਘ ਸਭਾ ਸੈਕਟਰ-71 ਤੇ ਪਿੰਡ ਕੁੰਭੜਾ ਤੋਂ ਹਲਕਾ ਕੋਆਰਡੀਨੇਟਰ ਫੂਲਰਾਜ ਸਿੰਘ (ਸਟੇਟ ਐਵਾਰਡੀ) ਦੀ ਮੌਜੂਦਗੀ 'ਚ ਰਵਾਨਾ ਹੋਈਆਂ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਤੀਰਥ ਯਾਤਰਾ ਸ਼ਰਧਾ ਤੇ ਆਤਮਿਕ ਸ਼ਾਂਤੀ ਦੇ ਨਾਲ-ਨਾਲ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇਕ ਮਹੱਤਵਪੂਰਨ ਮਾਧਿਅਮ ਹੈ। ਉਨ੍ਹਾਂ ਸ਼ਰਧਾਲੂਆਂ ਦੀ ਸੁਖਮਈ ਯਾਤਰਾ ਲਈ ਅਰਦਾਸ ਕਰਦਿਆਂ ਕਿਹਾ ਕਿ ਪਰਮਾਤਮਾ ਉਨ੍ਹਾਂ ਦੀ ਹਰ ਮਨੋਕਾਮਨਾ ਪੂਰੀ ਕਰੇ ਤੇ ਉਹਨਾਂ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰੱਖੇ।

ਉਨ੍ਹਾਂ ਕਿਹਾ ਕਿ ਤਿੰਨ ਦਿਨ ਅਤੇ ਦੋ ਰਾਤਾਂ ਦੀ ਇਸ ਯਾਤਰਾ ਦੌਰਾਨ ਸ਼ਰਧਾਲੂ ਇੱਕ ਦੂਜੇ ਨਾਲ ਸਮਾਂ ਬਤੀਤ ਕਰਦੇ ਹੋਏ ਪਰਿਵਾਰਕ ਰਿਸ਼ਤਿਆਂ ਵਾਂਗ ਜੋੜੇ ਜਾਂਦੇ ਹਨ, ਜਿਸ ਨਾਲ ਸਮਾਜ ਵਿੱਚ ਪਿਆਰ ਅਤੇ ਸਾਂਝ ਨੂੰ ਵਧਾਵਾ ਮਿਲਦਾ ਹੈ। ਉਨ੍ਹਾਂ



ਕਿਹਾ ਕਿ ਅੱਜ ਦੇ ਦੌਰ 'ਚ ਅਜਿਹੀ ਭਾਈਚਾਰਕ ਸਾਂਝ ਦੀ ਬਹੁਤ ਜ਼ਰੂਰਤ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਵੀ ਇਸੇ ਦਿਸ਼ਾ ਵਿੱਚ ਹੈ। ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਜਲਿਆਂਵਾਲਾ ਬਾਗ ਅਤੇ ਵਾਹਗਾ ਬਾਰਡਰ ਦੇ ਦਰਸ਼ਨ ਕਰਨਗੇ। ਇਹ ਯਾਤਰਾ ਤੇ ਰਹਿਣ-ਸਹਿਣ ਦੀ ਸਾਰੀ ਵਿਵਸਥਾ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਹੈ ਤੇ ਸ਼ਰਧਾਲੂਆਂ ਤੋਂ ਕੋਈ ਵੀ ਖਰਚਾ ਨਹੀਂ ਲਿਆ ਜਾ ਰਿਹਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਯੋਜਨਾ ਲਈ ਲੋਕਾਂ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ, ਜਿਸ ਨਾਲ ਸਰਕਾਰ ਨੂੰ ਸੰਤੋਖ ਅਤੇ ਪ੍ਰੇਰਨਾ ਮਿਲਦੀ ਹੈ। ਇਸ ਮੌਕੇ ਫੂਲਰਾਜ ਸਿੰਘ, ਰਮਨਪ੍ਰੀਤ ਕੌਰ, ਹਰਮੇਸ਼ ਸਿੰਘ (ਬਲਾਕ ਪ੍ਰਧਾਨ ਕੁੰਭੜਾ), ਕੈਪਟਨ ਗੁਲਜਾਰ ਸਿੰਘ, ਅਮਰੀਕ ਸਿੰਘ, ਪਾਲ ਸਿੰਘ, ਰਤਨ ਸਿੰਘ, ਬਲਜਿੰਦਰ ਕੌਰ, ਜਸਵੀਰ ਕੌਰ, ਤਰੁਣਜੀਤ ਕੌਰ, ਸੁਰਜੀਤ ਕੌਰ, ਬਚਨ ਸਿੰਘ ਬੋਪਾਰਾਏ, ਚਮਕੌਰ ਸਿੰਘ, ਗੁਰਦਿਆਲ ਸਿੰਘ ਸੈਣੀ, ਨੇਤਰ ਸਿੰਘ, ਕਿਰਪਾਲ ਸਿੰਘ ਮਾਵੀ, ਹਰਬੰਸ ਸਿੰਘ, ਸੁਰਿੰਦਰ ਸਿੰਘ, ਤਰਲੋਚਨ ਸਿੰਘ, ਫੌਜਾ ਸਿੰਘ, ਸ਼ਮਸ਼ੇਰ ਸਿੰਘ ਕੰਗ, ਸੁੱਚਾ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੁਹਤਰਮ ਵਿਅਕਤੀ ਵੀ ਮੌਜੂਦ ਰਹੇ।

# ਕਿਊਐਸ ਵਰਲਡ ਯੂਨੀਵਰਸਿਟੀ ਬਾਇ ਸਬਜੈਕਟ ਰੈਂਕਿੰਗ 2026 'ਚ ਚੰਡੀਗੜ੍ਹ ਯੂਨੀਵਰਸਿਟੀ ਦੁਨੀਆਂ ਦੀਆਂ ਚੋਟੀ ਦੀਆਂ 300 ਯੂਨੀਵਰਸਿਟੀਆਂ ਦੀ ਸੂਚੀ 'ਚ ਸ਼ਾਮਲ

ਪਟਿਆਲਾ, 27 ਅਪ੍ਰੈਲ (ਰੁਪਾਣਾ): "ਵੱਡੇ ਸੁਪਨੇ ਅਕਸਰ ਹੋਣਹਾਰ ਬੱਚਿਆਂ ਦੀਆਂ ਅੱਖਾਂ ਵਿੱਚ ਪਲਦੇ ਹਨ, ਪਰ ਕਈ ਵਾਰ ਆਰਥਿਕ ਤੰਗੀ ਦੀਆਂ ਦੀਵਾਰਾਂ ਇਨ੍ਹਾਂ ਸੁਪਨਿਆਂ ਦੇ ਰਾਹ ਵਿੱਚ ਰੋੜਾ ਬਣ ਜਾਂਦੀਆਂ ਹਨ। ਅਜਿਹੇ ਕਾਬਿਲ ਅਤੇ ਜ਼ਹੀਨ ਵਿਦਿਆਰਥੀਆਂ ਦੀ ਬਾਂਹ ਫੜਦਿਆਂ ਦੇਸ਼ ਦੀ ਨਾਮਵਰ ਚੰਡੀਗੜ੍ਹ ਯੂਨੀਵਰਸਿਟੀ ਨੇ 'ਸੀਯੂਸੀਈਟੀ-2026' ਸਕਾਲਰਸ਼ਿਪ ਦੇ ਰੂਪ ਵਿੱਚ ਉਮੀਦ ਦੀ ਨਵੀਂ ਆਸ ਜਗਾਈ ਹੈ। ਸਾਡੇ ਅਦਾਰੇ ਦਾ ਇਹ ਪੱਕਾ ਵਿਸ਼ਵਾਸ ਹੈ ਕਿ ਹੁਨਰ ਕਿਸੇ ਸਾਧਨ ਦਾ ਮੁਹਤਾਜ ਨਹੀਂ ਹੁੰਦਾ ਅਤੇ ਮਾਲੀ ਹਾਲਤ ਕਰਕੇ ਕਿਸੇ ਵੀ ਹੋਣਹਾਰ ਬੱਚੇ ਦਾ ਸੁਨਹਿਰੀ ਭਵਿੱਖ ਧੁੰਦਲਾ ਨਹੀਂ ਹੋਣਾ ਚਾਹੀਦਾ। ਇਸ ਪ੍ਰੀਖਿਆ ਰਾਹੀਂ ਵਿਦਿਆਰਥੀ ਆਪਣੀ ਕਾਬਲੀਅਤ ਦੇ ਦਮ 'ਤੇ 100 ਫ਼ੀਸਦੀ ਤੱਕ ਦੀ ਸਕਾਲਰਸ਼ਿਪ ਪ੍ਰਾਪਤ ਕਰ ਸਕਦੇ ਹਨ।" ਇਹ ਅਹਿਮ ਜਾਣਕਾਰੀ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਦੇ ਸਲਾਹਕਾਰ ਪ੍ਰੋ. (ਡਾ.) ਆਰਐਸ ਬਾਵਾ ਨੇ ਪਟਿਆਲਾ ਹੋਈ ਇੱਕ ਵਿਸ਼ੇਸ਼ ਪ੍ਰੈੱਸ ਕਾਨਫ਼ਰੰਸ ਦੌਰਾਨ ਸਾਂਝੀ ਕੀਤੀ। ਪ੍ਰੋ. (ਡਾ.) ਬਾਵਾ ਨੇ ਦੱਸਿਆ ਕਿ ਹੋਣਹਾਰ ਪਰ ਆਰਥਿਕ ਪੱਖੋਂ ਕਮਜ਼ੋਰ ਵਿਦਿਆਰਥੀਆਂ ਲਈ ਚਲਾਏ ਜਾ ਰਹੇ 'ਐਡਮਿਸ਼ਨ ਕਮ ਸਕਾਲਰਸ਼ਿਪ' ਪ੍ਰੋਗਰਾਮ ਚੰਡੀਗੜ੍ਹ ਯੂਨੀਵਰਸਿਟੀ ਕਾਮਨ ਐਂਟਰੈਂਸ ਟੈਸਟ (ਸੀਯੂਸੀਈਟੀ 2026) ਦੇ ਜ਼ਰੀਏ ਯੂਨੀਵਰਸਿਟੀ ਹਰ ਸਾਲ 250 ਕਰੋੜ ਰੁਪਏ ਦੀ ਸਕਾਲਰਸ਼ਿਪ ਦੇਕੇ ਹਜ਼ਾਰਾਂ ਵਿਦਿਆਰਥੀਆਂ ਨੂੰ 100 ਫ਼ੀਸਦੀ ਤੱਕ ਦੀ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਵਿਸਥਾਰ ਵਿੱਚ ਦੱਸਿਆ ਕਿ ਇਸ ਰਾਸ਼ੀ ਵਿੱਚੋਂ 200 ਕਰੋੜ ਰੁਪਏ ਚੰਡੀਗੜ੍ਹ ਯੂਨੀਵਰਸਿਟੀ ਮੋਹਾਲੀ ਅਤੇ 50 ਕਰੋੜ ਰੁਪਏ ਚੰਡੀਗੜ੍ਹ ਯੂਨੀਵਰਸਿਟੀ ਦੇ ਲਖਨਊ ਕੈਂਪਸ ਲਈ ਰਾਖਵੇਂ ਰੱਖੇ ਗਏ ਹਨ। ਇਸ ਸਕਾਲਰਸ਼ਿਪ ਦਾ ਲਾਭ ਲੈਣ ਦੇ ਚਾਹਵਾਨ ਵਿਦਿਆਰਥੀ ਚੰਡੀਗੜ੍ਹ ਯੂਨੀਵਰਸਿਟੀ ਦੀ ਅਧਿਕਾਰਤ ਵੈੱਬਸਾਈਟ https://www.cuchd.in/scholarship/ ;ਤੇ ਜਾ ਕੇ ਆਸਾਨੀ ਨਾਲ ਸੀਯੂਸੀਈਟੀ-2026 ਲਈ ਰਜਿਸਟ੍ਰੇਸ਼ਨ ਕਰ ਸਕਦੇ ਹਨ।

ਪ੍ਰੋ. (ਡਾ.) ਬਾਵਾ ਨੇ ਅੱਗੇ ਦੱਸਿਆ ਕਿ ਸਾਲ 2012 ਵਿੱਚ ਚੰਡੀਗੜ੍ਹ ਯੂਨੀਵਰਸਿਟੀ ਦੇ ਮੋਹਾਲੀ ਕੈਂਪਸ ਦੀ ਸਥਾਪਨਾ ਤੋਂ ਲੈਕੇ ਹੁਣ ਤੱਕ, ਭਾਰਤ ਦੇ 28 ਸੂਬਿਆਂ ਅਤੇ 8 ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 1.30 ਲੱਖ ਤੋਂ ਜ਼ਿਆਦਾ ਵਿਦਿਆਰਥੀਆਂ ਅਤੇ ਕਈ ਵਿਦੇਸ਼ੀ ਵਿਦਿਆਰਥੀਆਂ ਨੇ ਯੂਨੀਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਸਕਾਲਰਸ਼ਿਪਾਂ ਦਾ ਲਾਭ ਉਠਾਇਆ ਹੈ। ਮੌਜੂਦਾ ਅਕਾਦਮਿਕ ਸਾਲ 2025-26 ਦੀ ਗੱਲ ਕਰੀਏ ਤਾਂ ਇਕੱਲੇ ਪੰਜਾਬ ਦੇ ਹੀ 11,626 ਵਿਦਿਆਰਥੀ ਚੰਡੀਗੜ੍ਹ ਯੂਨੀਵਰਸਿਟੀ ਦੀਆਂ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਦਾ ਲਾਹਾ ਲੈ ਰਹੇ ਹਨ। ਇਨ੍ਹਾਂ ਵਿੱਚੋਂ ਪੰਜਾਬ ਦੇ 5,243 ਵਿਦਿਆਰਥੀ ਸੀਯੂਸੀਈਟੀ ਦੇ ਜ਼ਰੀਏ ਅਤੇ 6,383 ਵਿਦਿਆਰਥੀ ਹੋਰ ਸਕਾਲਰਸ਼ਿਪ ਯੋਜਨਾਵਾਂ ਦੇ ਤਹਿਤ ਆਪਣੀ ਪੜ੍ਹਾਈ ਜਾਰੀ ਰੱਖ ਰਹੇ ਹਨ। ਡਿਫੈਂਸ ਸਕਾਲਰਸ਼ਿਪ ਬਾਰੇ ਜਾਣਕਾਰੀ ਦਿੰਦਿਆਂ ਪ੍ਰੋ. (ਡਾ.) ਬਾਵਾ ਨੇ ਦੱਸਿਆ ਕਿ ਪਿਛਲੇ 3 ਸਾਲਾਂ ਦੌਰਾਨ ਚੰਡੀਗੜ੍ਹ ਯੂਨੀਵਰਸਿਟੀ ਦੇ 5,723 ਵਿਦਿਆਰਥੀਆਂ ਨੂੰ 6 ਕਰੋੜ ਰੁਪਏ ਤੋਂ ਵੱਧ ਦੀ ਡਿਫੈਂਸ ਸਕਾਲਰਸ਼ਿਪ ਪ੍ਰਦਾਨ ਕੀਤੀ ਹੈ, ਜਿਸ ਵਿੱਚ ਪੰਜਾਬ ਦੇ ਮੌਜੂਦਾ 66 ਵਿਦਿਆਰਥੀ ਵੀ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਰੱਖਿਆ ਕਰਮੀਆਂ ਦੇ ਪਰਿਵਾਰਕ ਮੈਂਬਰ 'ਆਰਮਡ ਫ਼ੋਰਸਿਜ਼ ਐਜੂਕੇਸ਼ਨਲ ਵੈਲਫ਼ੇਅਰ ਸਕੀਮ' ਅਤੇ 'ਸ਼ਹੀਦ ਕੈਪਟਨ ਵਿਕਰਮ ਬਤਰਾ ਸਕਾਲਰਸ਼ਿਪ ਦਾ ਲਾਭ ਉਠਾ ਸਕਦੇ ਹਨ। ਇਸ ਦੇ ਨਾਲ ਹੀ ਚੰਡੀਗੜ੍ਹ ਯੂਨੀਵਰਸਿਟੀ ਦਾ ਐਨਸੀਸੀ ਵਿੰਗ ਦੇਸ਼ ਸੇਵਾ ਦੇ ਇੱਛੁਕ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਰਿਹਾ ਹੈ। ਹੁਣ ਤੱਕ ਐਨਸੀਸੀ ਵਿੰਗ ਵਿੱਚ ਸਿਖਲਾਈ ਪ੍ਰਾਪਤ 50 ਕੈਡਿਟ ਭਾਰਤੀ ਹਥਿਆਰਬੰਦ ਸੈਨਾਵਾਂ ਦੇ ਤਿੰਨੋਂ ਵਿੰਗਾਂ ਵਿੱਚ ਅਧਿਕਾਰੀ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ।

ਪ੍ਰੋ. (ਡਾ.) ਬਾਵਾ ਨੇ ਮਾਣ ਨਾਲ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਆਪਣੀ ਸ਼ਾਨਦਾਰ ਗਲੋਬਲ ਰੈਂਕਿੰਗ ਲਈ ਪੂਰੀ



ਦੁਨੀਆ ਵਿੱਚ ਪ੍ਰਸਿੱਧ ਹੈ। ਯੂਨੀਵਰਸਿਟੀ ਨੇ ਹਾਲ ਹੀ ਵਿੱਚ ਜਾਰੀ ਹੋਈ ਕਿਊਐਸ ਵਰਲਡ ਯੂਨੀਵਰਸਿਟੀ ਰੈਂਕਿੰਗ 2026 'ਚ ਆਪਣੀ ਚੜ੍ਹਤ ਨੂੰ ਲਗਾਤਾਰ ਬਰਕਰਾਰ ਰੱਖਦੇ ਹੋਏ ਬੇਮਿਸਾਲ ਪ੍ਰਦਰਸ਼ਨ ਕੀਤਾ ਹੈ। ਚੰਡੀਗੜ੍ਹ ਯੂਨੀਵਰਸਿਟੀ ਨੇ ਤਿੰਨ ਪ੍ਰਮੁੱਖ ਵਿਸ਼ਿਆਂ ਕੰਪਿਊਟਰ ਸਾਇੰਸ ਤੇ ਇਨਫਾਰਮੇਸ਼ਨ ਸਿਸਟਮ, ਇਲੈਕਟ੍ਰਿਕਲ ਇਲੈਕਟ੍ਰਾਨਿਕਸ ਇੰਜਨੀਅਰਿੰਗ ਤੇ ਮਕੈਨੀਕਲ, ਐਰੋਨਾਟਿਕਲ ਤੇ ਮੈਨੂਫੈਕਚਰਿੰਗ ਇੰਜਨੀਅਰਿੰਗ ਵਿੱਚ ਦੁਨੀਆ ਦੀਆਂ ਚੋਟੀ ਦੀਆਂ 300 ਯੂਨੀਵਰਸਿਟੀਆਂ ਵਿੱਚ ਜਗ੍ਹਾ ਬਣਾ ਕੇ ਆਪਣੀ ਅਕਾਦਮਿਕ ਉੱਤਮਤਾ ਦਾ ਲੋਹਾ ਮਨਵਾਇਆ ਹੈ।

ਪ੍ਰੋ. (ਡਾ.) ਬਾਵਾ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਨੇ ਸਬਜੈਕਟ ਰੈਂਕਿੰਗ ਵਿੱਚ ਆਪਣੀ ਸਥਿਤੀ ਨੂੰ ਪਹਿਲਾਂ ਨਾਲੋਂ ਜ਼ਿਆਦਾ ਮਜ਼ਬੂਤ ਕੀਤਾ ਹੈ। ਸਾਲ 2025 ਦੀ ਸਬਜੈਕਟ ਰੈਂਕਿੰਗ ਵਿੱਚ ਸ਼ਾਮਲ ਸਿਰਫ਼ 5 ਵਿਸ਼ਿਆਂ ਦੇ ਮੁਕਾਬਲੇ, ਕਿਊਐਸ ਵਰਲਡ ਯੂਨੀਵਰਸਿਟੀ ਸਬਜੈਕਟ ਰੈਂਕਿੰਗ 2026 'ਚ ਇਹ ਗਿਣਤੀ ਵਧ ਕੇ 11 ਹੋ ਗਈ ਹੈ। ਇਸ ਮਾਣਮੱਤੀ ਉਪਲਬਧੀ ਦੇ ਨਾਲ ਚੰਡੀਗੜ੍ਹ ਯੂਨੀਵਰਸਿਟੀ ਦੁਨੀਆ ਦੀਆਂ ਚੋਟੀ ਦੀਆਂ 1 ਫ਼ੀਸਦੀ ਯੂਨੀਵਰਸਿਟੀਆਂ ਦੀ ਸੂਚੀ ਵਿੱਚ ਸ਼ੁਮਾਰ ਹੋ ਗਈ ਹੈ, ਜਿਸ ਨਾਲ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਇਸ ਦੀ ਪਛਾਣ ਤੇ ਸਾਖ਼ ਹੋਰ ਵੀ ਮਜ਼ਬੂਤ ਹੋਈ ਹੈ।

ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਦੇ ਸਲਾਹਕਾਰ ਪ੍ਰੋ. (ਡਾ.) ਬਾਵਾ ਨੇ ਦੱਸਿਆ ਕਿ ਕਿਊਐਸ ਵਰਲਡ ਯੂਨੀਵਰਸਿਟੀ ਰੈਂਕਿੰਗਜ਼ ਬਾਇ ਸਬਜੈਕਟ 2026 'ਚ ਯੂਨੀਵਰਸਿਟੀ ਨੇ ਕੁੱਲ 11 ਪ੍ਰਮੁੱਖ ਵਿਸ਼ਿਆਂ ਕੰਪਿਊਟਰ ਸਾਇੰਸ ਐਂਡ ਇਨਫਾਰਮੇਸ਼ਨ ਸਿਸਟਮਜ਼, ਇਲੈਕਟ੍ਰਿਕਲ ਐਂਡ ਇਲੈਕਟ੍ਰਾਨਿਕਸ ਇੰਜਨੀਅਰਿੰਗ, ਮਕੈਨੀਕਲ, ਐਰੋਨਾਟਿਕਲ ਐਂਡ ਮੈਨੂਫੈਕਚਰਿੰਗ ਇੰਜਨੀਅਰਿੰਗ, ਕੈਮਿਸਟਰੀ, ਬਿਜ਼ਨੈਸ ਮੈਨੇਜਮੈਂਟ, ਕੈਮੀਕਲ ਇੰਜਨੀਅਰਿੰਗ, ਬਾਇਓਲਾਜੀਕਲ ਸਾਇੰਸਿਜ਼, ਇਨਵਾਇਰਨਮੈਂਟਲ ਸਾਇੰਸਿਜ਼, ਮੈਥਮੈਟਿਕਸ, ਫ਼ਿਜ਼ੀਕਸ ਅਤੇ ਇਕੋਨਾਮਿਕਸ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਦੱਸਿਆ, "ਕਿਊਐਸ ਵਰਲਡ ਯੂਨੀਵਰਸਿਟੀ ਸਬਜੈਕਟ ਰੈਂਕਿੰਗ 2026 ਵਿੱਚ ਯੂਨੀਵਰਸਿਟੀ ਦਾ ਸਰਬ ਉੱਤਮ ਪ੍ਰਦਰਸ਼ਨ ਉਸ ਦੁਆਰਾ ਹਾਸਲ ਕੀਤੇ ਗਏ 'ਟੌਪ ਸਕੋਰਜ਼' 'ਤੇ ਆਧਾਰਿਤ ਹੈ। ਇਹ ਸਕੋਰ ਪੰਜ ਗੁਣਵਤਾ ਸੂਚਕਾਂ ਅਕਾਦਮਿਕ ਪ੍ਰਤਿਸ਼ਠਾ, ਇੰਪਲਾਇਰ ਰੈਪੂਟੇਸ਼ਨ, ਸਾਈਟੇਸ਼ਨ ਪਰ ਪੇਪਰ, ਐੱਚ ਇੰਡੈਕਸ ਤੇ ਕੌਮਾਂਤਰੀ ਖੋਜ ਨੈੱਟਵਰਕ 'ਚ ਮਿਲੇ ਹਨ। ਇਹ ਯੂਨੀਵਰਸਿਟੀ ਦੀ ਅਕਾਦਮਿਕ ਉੱਤਮਤਾ, ਇੰਪਲਾਇਰਜ਼ (ਰੁਜ਼ਗਾਰਦਾਤਾ) 'ਚ ਯੂਨੀਵਰਸਿਟੀ ਦੀ ਸਥਿਤੀ, ਪ੍ਰਭਾਵਸ਼ਾਲੀ ਖੋਜ ਤੇ ਗੁਣਵੱਤਾ, ਵਿਦਵਤਾਪੂਰਵਕ ਕਾਰਜਾਂ ਤੇ ਉਨ੍ਹਾਂ ਦੇ ਪ੍ਰਭਾਵ ਤੇ ਖੋਜ ਭਾਈਵਾਲੀ ਲਈ ਕਿਸੇ ਸੰਸਥਾ ਦੀ ਵਿਸ਼ਵ ਭਾਈਵਾਲੀ ਦਾ ਮੁਲਾਂਕਣ ਕਰਦਾ ਹੈ। ਪ੍ਰੋ. (ਡਾ.) ਬਾਵਾ ਨੇ ਕਿਹਾ ਕਿ ਚੰਡੀਗੜ੍ਹ ਯੂਨੀਵਰਸਿਟੀ ਦੇਸ਼ ਵਿਦੇਸ਼ ਦੀਆਂ ਦਿੱਗਜ ਕੰਪਨੀਆਂ ਦੀ ਪਹਿਲੀ ਪਸੰਦ ਹੈ। 1300 ਤੋਂ ਵੱਧ ਕੰਪਨੀਆਂ ਨੇ ਚੰਡੀਗੜ੍ਹ ਯੂਨੀਵਰਸਿਟੀ ਦੇ 2025 ਸੈਸ਼ਨ ਦੇ ਵਿਦਿਆਰਥੀਆਂ ਨੂੰ 10,000 ਤੋਂ ਵੱਧ ਨੌਕਰੀਆਂ ਦੀ ਪੇਸ਼ਕਸ਼ ਕੀਤੀ ਹੈ। ਇਸ ਵਿੱਚ ਸਭ ਤੋਂ ਵੱਧ ਅੰਤਰਰਾਸ਼ਟਰੀ ਪੈਕਜ 1.74 ਕਰੋੜ ਰੁਪਏ ਰਿਹਾ, ਜਦਕਿ ਘਰੇਲੂ ਪੈਕਜ ਦੀ ਪੇਸ਼ਕਸ਼ 54.75 ਲੱਖ ਰੁਪਏ ਰਹੀ। ਇਨ੍ਹਾਂ ਵਿੱਚੋਂ 31 ਤੋਂ ਵੱਧ ਕੰਪਨੀਆਂ ਨੇ 20 ਲੱਖ ਰੁਪਏ ਜਾਂ ਇਸ ਤੋਂ ਵੱਧ ਨੌਕਰੀਆਂ ਦੀ ਪੇਸ਼ਕਸ਼ ਕੀਤੀ, ਜਦਕਿ 52 ਕੰਪਨੀਆਂ ਨੇ 15 ਲੱਖ ਰੁਪਏ ਤੋਂ ਵੱਧ ਸਾਲਾਨਾ ਸੈਲਰੀ ਪੈਕਜ ਦੀਆਂ ਨੌਕਰੀਆਂ ਦੀ ਪੇਸ਼ਕਸ਼ ਕੀਤੀ। ਪ੍ਰੋਫੈਸਰ (ਡਾ.) ਬਾਵਾ ਨੇ ਦੱਸਿਆ ਕਿ ਸਾਲ 2024 ਅਤੇ 2025 ਦੌਰਾਨ ਪੰਜਾਬ ਦੇ 1600 ਤੋਂ ਵੱਧ ਵਿਦਿਆਰਥੀਆਂ ਨੂੰ ਚੋਟੀ ਦੀਆਂ ਐਮਐਨਸੀ ਤੇ ਭਾਰਤੀ ਕੰਪਨੀਆਂ ਤੋਂ ਨੌਕਰੀਆਂ ਦੀ ਪੇਸ਼ਕਸ਼ ਮਿਲੀ ਹੈ। ਚੰਡੀਗੜ੍ਹ ਯੂਨੀਵਰਸਿਟੀ ਦੀਆਂ ਖੋਜ ਤੇ ਨਵੀਨਤਾ ਦੀਆਂ ਪ੍ਰਾਪਤੀਆਂ ਬਾਰੇ ਦੱਸਦਿਆਂ ਪ੍ਰੋ. (ਡਾ.) ਬਾਵਾ ਨੇ ਕਿਹਾ ਕਿ ਯੂਨੀਵਰਸਿਟੀ ਦੇ ਨਾਮ 20,000 ਤੋਂ ਵੱਧ ਰਿਸਰਚ ਪਬਲੀਕੇਸ਼ਨ ਦਰਜ ਹਨ। ਹੁਣ ਤੱਕ 5519 ਤੋਂ ਵੱਧ ਪੇਟੈਂਟ ਫਾਈਲ ਕੀਤੇ ਗਏ ਹਨ, ਜਦਕਿ 5212 ਪੇਟੈਂਟ ਪ੍ਰਕਾਸ਼ਿਤ ਹੋ ਚੁੱਕੇ ਹਨ। ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਫੈਕਲਟੀ ਵੱਲੋਂ ਵੱਖ-ਵੱਖ ਖੇਤਰਾਂ ਵਿੱਚ 238 ਪੇਟੈਂਟ ਗ੍ਰਾਂਟ ਹੋਏ ਹਨ। ਸਿਰਫ਼ 2024-25 ਸੈਸ਼ਨ ਦੌਰਾਨ ਹੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ 743 ਪੇਟੈਂਟ ਫਾਈਲ ਕੀਤੇ ਹਨ, ਜਦਕਿ 770 ਪ੍ਰਕਾਸ਼ਿਤ ਅਤੇ 49 ਪੇਟੈਂਟ ਗ੍ਰਾਂਟ ਹੋਏ ਹਨ। ਯੂਨੀਵਰਸਿਟੀ ਦੇ 44 ਫੈਕਲਟੀ ਮੈਂਬਰ ਸਾਲ 2025 ਦੀ ਵੱਕਾਰੀ ਸਟੈਨਫੋਰਡ ਯੂਨੀਵਰਸਿਟੀ ਐਲਸੇਵੀਅਰ ਸੂਚੀ ਵਿੱਚ ਦੁਨੀਆ ਦੇ ਚੋਟੀ ਦੇ 2 ਫ਼ੀਸਦੀ ਵਿਗਿਆਨੀਆਂ ਵਿੱਚ ਸ਼ਾਮਲ ਹਨ। 'ਕਿਊਐਸ ਏਸ਼ੀਆ ਯੂਨੀਵਰਸਿਟੀ ਰੈਂਕਿੰਗ 2026' ਅਨੁਸਾਰ, ਚੰਡੀਗੜ੍ਹ ਯੂਨੀਵਰਸਿਟੀ ਨੇ ਅੰਤਰਰਾਸ਼ਟਰੀ ਖੋਜ ਵਿੱਚ ਦੇਸ਼ ਭਰ ਦੀਆਂ ਸਾਰੀਆਂ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚੋਂ 9ਵਾਂ ਤੇ ਸਮੁੱਚੀਆਂ ਯੂਨੀਵਰਸਿਟੀਆਂ ਵਿੱਚੋਂ 12ਵਾਂ ਰੈਂਕ ਹਾਸਲ ਕੀਤਾ ਹੈ।

ਚੰਡੀਗੜ੍ਹ ਯੂਨੀਵਰਸਿਟੀ ਦੇ 'ਇੰਡਸਟਰੀ-ਅਕਾਦਮਿਕ ਇੰਟਰਫੇਸ' ਬਾਰੇ ਜਾਣਕਾਰੀ ਦਿੰਦਿਆਂ ਪ੍ਰੋ. (ਡਾ.) ਬਾਵਾ ਨੇ ਕਿਹਾ ਕਿ ਸੀਯੂ ਇਨੋਵੇਸ਼ਨ ਅਤੇ ਖੋਜ ਕਾਰਜਾਂ ਲਈ ਇੱਕ ਬਹੁਤ ਹੀ ਸਾਜ਼ਗਾਰ ਮਾਹੌਲ ਪ੍ਰਦਾਨ ਕਰਦੀ ਹੈ, ਜਿਸ ਵਿੱਚ ਮਾਈਕ੍ਰੋਸਾਫਟ, ਸਿਸਕੋ, ਹੁੰਡਈ, ਟੈੱਕ ਮਹਿੰਦਰਾ, ਕੈਪਜੈਮਿਨੀ ਤੇ ਆਈਬੀਐਮ ਵਰਗੀਆਂ ਨਾਮਵਰ ਮਲਟੀਨੈਸ਼ਨਲ ਕੰਪਨੀਆਂ ਦੁਆਰਾ ਸਥਾਪਿਤ 30 ਉਦਯੋਗ ਪ੍ਰਾਯੋਜਿਤ ਐਡਵਾਂਸਡ ਰਿਸਰਚ ਲੈਬਾਂ ਤੇ 32 ਸੈਂਟਰ ਆਫ ਐਕਸੀਲੈਂਸ ਸ਼ਾਮਲ ਹਨ। ਪ੍ਰੋਫੈਸਰ (ਡਾ.) ਬਾਵਾ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਦੇ ਵਿਸ਼ਵ ਦੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਨਾਲ 530 ਅੰਤਰਰਾਸ਼ਟਰੀ ਸਾਂਝੇਦਾਰੀਆਂ (ਕੋਲੈਬੋਰੇਸ਼ਨ) ਹਨ, ਜਿਸ ਦੇ ਸਿੱਟੇ ਵਜੋਂ ਸਮੈਸਟਰ ਐਕਸਚੇਂਜ, ਇੰਟਰਨਸ਼ਿਪ ਤੇ ਹੋਰ ਪ੍ਰੋਗਰਾਮਾਂ ਰਾਹੀਂ 2300 ਤੋਂ ਵੱਧ ਵਿਦਿਆਰਥੀਆਂ ਨੂੰ ਅਮਰੀਕਾ, ਆਸਟ੍ਰੇਲੀਆ, ਕੈਨੇਡਾ ਤੇ ਇੰਗਲੈਂਡ ਸਮੇਤ ਵੱਖ-ਵੱਖ ਦੇਸ਼ਾਂ ਦੀਆਂ ਨਾਮਵਰ ਯੂਨੀਵਰਸਿਟੀਆਂ 'ਚ ਪੜ੍ਹਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਸੀਯੂ 'ਚ 2100 ਤੋਂ ਵੱਧ ਅੰਤਰਰਾਸ਼ਟਰੀ ਵਿਜ਼ਿਟਿੰਗ ਫੈਕਲਟੀ, 560 ਇੰਟਰਨੈਸ਼ਨਲ ਰਿਸਰਚ ਨੈੱਟਵਰਕ ਸਕਾਲਰ ਤੇ 65 ਦੇਸ਼ਾਂ ਦੇ 3,000 ਤੋਂ ਵੱਧ ਅੰਤਰਰਾਸ਼ਟਰੀ ਵਿਦਿਆਰਥੀ ਮੌਜੂਦ ਹਨ।

ਪ੍ਰੋਫੈਸਰ (ਡਾ.) ਬਾਵਾ ਨੇ ਦੱਸਿਆ ਕਿ 'ਖੇਲੋ ਇੰਡੀਆ ਯੂਨੀਵਰਸਿਟੀ ਗੇਮਜ਼ 2024' ਵਿੱਚ ਸਭ ਤੋਂ ਵੱਧ 71 ਮੈਡਲ ਜਿੱਤ ਕੇ ਚੰਡੀਗੜ੍ਹ ਯੂਨੀਵਰਸਿਟੀ 'ਮੌਲਾਨਾ ਅਬੁਲ ਕਲਾਮ ਆਜ਼ਾਦ' (ਮਾਕਾ) ਟਰਾਫੀ ਜਿੱਤਣ ਵਾਲੀ ਦੇਸ਼ ਦੀ ਪਹਿਲੀ ਪ੍ਰਾਈਵੇਟ ਯੂਨੀਵਰਸਿਟੀ ਬਣੀ ਹੈ। ਇਸੇ ਤਰ੍ਹਾਂ 5ਵੀਆਂ 'ਖੇਲੋ ਇੰਡੀਆ ਯੂਨੀਵਰਸਿਟੀ ਗੇਮਜ਼ 2025' ਵਿੱਚ ਕੁੱਲ 67 ਮੈਡਲ ਜਿੱਤ ਕੇ ਯੂਨੀਵਰਸਿਟੀ ਲਗਾਤਾਰ ਦੂਜੀ ਵਾਰ ਚੈਂਪੀਅਨ ਰਹੀ। ਇਸ ਤੋਂ ਇਲਾਵਾ, 'ਆਲ ਇੰਡੀਆ ਇੰਟਰ ਯੂਨੀਵਰਸਿਟੀ ਰੈਸਲਿੰਗ ਚੈਂਪੀਅਨਸ਼ਿਪ 2025-26' ਵਿੱਚ ਯੂਨੀਵਰਸਿਟੀ 16 ਮੈਡਲ ਜਿੱਤ ਕੇ ਓਵਰਆਲ ਚੈਂਪੀਅਨ ਬਣੀ।

ਸਾਲ 2025 ਵਿੱਚ ਪੰਜਾਬ ਦੇ 79 ਵਿਦਿਆਰਥੀ ਸਪੋਰਟਸ ਸਕਾਲਰਸ਼ਿਪ ਦਾ ਲਾਭ ਉਠਾ ਰਹੇ ਹਨ। ਕਲਾ ਅਤੇ ਸੱਭਿਆਚਾਰ ਦੇ ਖੇਤਰ ਵਿੱਚ ਆਪਣੀ ਸਾਖ਼ ਨੂੰ ਹੋਰ ਮਜ਼ਬੂਤ ਕਰਦਿਆਂ, ਯੂਨੀਵਰਸਿਟੀ ਨੇ 39ਵੇਂ ਏਆਈਯੂ ਇੰਟਰ ਯੂਨੀਵਰਸਿਟੀ ਨੌਰਥ ਜ਼ੋਨ ਯੂਥ ਫੈਸਟੀਵਲ 2026 ਵਿੱਚ ਪੰਜਵੀਂ ਵਾਰ ਓਵਰਆਲ ਚੈਂਪੀਅਨਸ਼ਿਪ ਜਿੱਤੀ ਹੈ ਅਤੇ ਸੰਗੀਤ, ਸਾਹਿਤਕ ਅਤੇ ਫਾਈਨ ਆਰਟਸ ਕੈਟੇਗਰੀਆਂ ਵਿੱਚ ਓਵਰਆਲ ਟਰਾਫੀਆਂ ਹਾਸਲ ਕੀਤੀਆਂ ਹਨ। ਪ੍ਰੋ. (ਡਾ.) ਬਾਵਾ ਨੇ ਅੱਗੇ ਕਿਹਾ, "ਚੰਡੀਗੜ੍ਹ ਯੂਨੀਵਰਸਿਟੀ ਨੈਕ (NAAC) A+ ਗ੍ਰੇਡ ਪ੍ਰਾਪਤ ਕਰਨ ਵਾਲੀ ਭਾਰਤ ਦੀਆਂ ਚੋਟੀ ਦੀਆਂ 5 ਫ਼ੀਸਦੀ ਯੂਨੀਵਰਸਿਟੀਆਂ ਵਿੱਚ ਸ਼ਾਮਲ ਹੈ। ਸੀਯੂ ਨੂੰ ਅਮਰੀਕਾ ਸਥਿਤ 'ਐਕਰੀਡੀਟੇਸ਼ਨ ਬੋਰਡ ਫਾਰ ਇੰਜੀਨੀਅਰਿੰਗ ਐਂਡ ਟੈਕਨਾਲੋਜੀ' (ABET) ਤੋਂ ਵੀ ਮਾਨਤਾ ਪ੍ਰਾਪਤ ਹੈ, ਜਿਸ ਸਦਕਾ ਇਹ ਮਾਨਤਾ ਪ੍ਰਾਪਤ ਇੰਜੀਨੀਅਰਿੰਗ ਪ੍ਰੋਗਰਾਮਾਂ ਵਾਲੀ ਭਾਰਤ ਦੀ ਚੋਟੀ ਦੀ 0.1 ਫ਼ੀਸਦੀ ਯੂਨੀਵਰਸਿਟੀਆਂ ਵਿੱਚ ਸ਼ਾਮਲ ਹੋ ਗਈ ਹੈ। ਇਸ ਤੋਂ ਇਲਾਵਾ, ਇਸ ਨੂੰ ਨੈਸ਼ਨਲ ਬੋਰਡ ਆਫ਼ ਐਕਰੀਡੀਟੇਸ਼ਨ (ਐਨਬੀਏ) ਵੱਲੋਂ ਵੀ ਮਾਨਤਾ ਪ੍ਰਦਾਨ ਕੀਤੀ ਗਈ ਹੈ।"


# ਝੋਨੇ ਦੀ ਸਿੱਧੀ ਬਿਜਾਈ 'ਤੇ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਪ੍ਰਾਪਤ ਕਰੋ

1. ਪੰਜਾਬ ਸਰਕਾਰ ਵੱਲੋਂ ਸਾਲ 2026-27 ਦੌਰਾਨ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ।
2. ਕਿਸਾਨ ਵੀਰ ਹੇਠ ਲਿਖੇ ਲਿੰਕ https://testagrisubsidy.agrimachinerypb.com/#/dsr-registration 'ਤੇ ਰਜਿਸਟਰ ਕਰਕੇ ਆਪਣੀ ਸਹਿਮਤੀ ਦੇ ਸਕਦੇ ਹਨ।
3. ਕਿਸਾਨ ਵੀਰ ਲਿੰਕ ਖੋਲ੍ਹ ਕੇ ਆਪਣਾ ਆਧਾਰ ਨੰਬਰ ਭਰਨਗੇ। ਕਾਸ਼ਤਕਾਰ ਕਿਸਾਨ ਦੀ ਨਿੱਜੀ ਅਤੇ ਬੈਂਕ ਸਬੰਧੀ ਜਾਣਕਾਰੀ ਅਨਾਜ ਖਰੀਦ/ ਈ. ਮੰਡੀਕਰਨ ਪੋਰਟਲ ਵਿੱਚ ਕੀਤੀ ਰਜਿਸ਼ਟ੍ਰੇਸ਼ਨ ਅਨੁਸਾਰ ਹੀ ਰਹੇਗੀ।
4. ਉਸ ਉਪਰੰਤ ਕਿਸਾਨ ਵੱਲੋਂ ਸਿਰਫ਼ ਆਪਣੀ ਸਿੱਧੀ ਬਿਜਾਈ ਅਧੀਨ ਜ਼ਮੀਨ ਸਬੰਧੀ ਵੇਰਵੇ ਹੀ ਦਿੱਤੇ ਜਾਣੇ ਹਨ। ਉਦਾਹਰਣ ਲਈ ਕਿਸਾਨ ਵੱਲੋਂ ਜ਼ਮੀਨ ਦਾ ਜ਼ਿਲ੍ਹਾ/ਤਹਿਸੀਲ-ਸਬ ਤਹਿਸੀਲ/ਪਿੰਡ/ਖੇਵਟ ਨੰਬਰ/ਖਸਰਾ ਨੰਬਰ ਅਤੇ ਸਿੱਧੀ ਬਿਜਾਈ ਅਧੀਨ ਰਕਬੇ ਦੀ ਜਾਣਕਾਰੀ (ਕਨਾਲ/ਮਰਲਾ/ਬਿੱਘਾ ਜਾਂ ਵਿਸਵੇ ਵਿੱਚ) ਦਿੱਤੀ ਜਾਵੇ।
5. ਕਾਸ਼ਤਕਾਰ ਕਿਸਾਨ 10 ਮਈ, 2026 ਤੋਂ ਲਿੰਕ- https://testagrisubsidy.agrimachinerypb.com/#/dsr-registration ਉੱਪਰ ਜਾ ਕੇ ਖ਼ੁਦ ਰਜਿਸ਼ਟ੍ਰੇਸ਼ਨ ਕਰ ਸਕਦੇ ਹਨ।
6. ਝੋਨੇ ਦੀ ਸਿੱਧੀ ਬਿਜਾਈ ਦੀ ਪਹਿਲੀ ਤਸਦੀਕ 15 ਜੁਲਾਈ, 2026 ਤੋਂ 15 ਅਗਸਤ, 2026 ਤੱਕ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਕਿਸਾਨ ਵੀਰ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਨਾਲ ਸੰਪਰਕ ਕਰ ਸਕਦੇ ਹਨ:

| | | | |
|---|---|---|---|
| ਅੰਮ੍ਰਿਤਸਰ | 98726-10405 | ਤਰਨ ਤਾਰਨ | 95010-24748 |
| ਲੁਧਿਆਣਾ | 98728-00575 | ਫ਼ਤਹਿਗੜ੍ਹ ਸਾਹਿਬ | 94173-55358 |
| ਰੋਪੜ | 94171-82016 | ਫ਼ਾਜ਼ਿਲਕਾ | 95929-52929 |
| ਬਰਨਾਲਾ | 98724-49779 | ਮੋਗਾ | 94171-71582 |
| ਜਲੰਧਰ | 98140-16068 | ਫ਼ਿਰੋਜ਼ਪੁਰ | 99142-64249 |
| ਸੰਗਰੂਰ | 88720-10028 | ਪਠਾਨਕੋਟ | 98552-26781 |
| ਬਠਿੰਡਾ | 98964-01313 | ਗੁਰਦਾਸਪੁਰ | 98149-43333 |
| ਕਪੂਰਥਲਾ | 97814-11660 | ਸ੍ਰੀ ਮੁਕਤਸਰ ਸਾਹਿਬ | 98157-25699 |
| ਐੱਸ.ਏ.ਐੱਸ. ਨਗਰ | 98142-74553 | ਪਟਿਆਲਾ | 88724-11099 |
| ਫ਼ਰੀਦਕੋਟ | 81462-00703 | ਹੁਸ਼ਿਆਰਪੁਰ | 88720-26514 |
| ਮਾਨਸਾ | 98720-33997 | ਐੱਸ.ਬੀ.ਐੱਸ. ਨਗਰ | 95309-33973 |



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

## ਸੰਪਾਦਕੀ

# ਕਾਨੂੰਨ ਦੀ ਘੱਟਦੀ ਪ੍ਰਸੰਗਕਤਾ

ਦੇਸ਼ ਦੇ ਰਾਜਨੀਤਿਕ ਦ੍ਰਿਸ਼ਟੀਕੋਣ ਵਿੱਚ, ਇੱਕ ਪਾਰਟੀ ਛੱਡ ਕੇ ਦੂਜੀ ਵਿੱਚ ਸ਼ਾਮਲ ਹੋਣਾ ਇੱਕ ਲੋਕਤੰਤਰੀ ਅਧਿਕਾਰ ਵਜੋਂ ਦੇਖਿਆ ਜਾਂਦਾ ਹੈ। ਹਾਲਾਂਕਿ, ਸੱਚਾਈ ਇਹ ਹੈ ਕਿ ਜਦੋਂ ਜਨਤਕ ਨੁਮਾਇੰਦਿਆਂ ਨੇ ਸਿਧਾਂਤਾਂ ਦੀ ਬਜਾਏ ਸਹੂਲਤ ਦੇ ਆਧਾਰ 'ਤੇ ਪਾਰਟੀਆਂ ਬਦਲਣੀਆਂ ਸ਼ੁਰੂ ਕੀਤੀਆਂ, ਤਾਂ ਇਸ ਨੂੰ ਰੋਕਣ ਦੀ ਜ਼ਰੂਰਤ ਪੈਦਾ ਹੋਈ, ਅਤੇ ਇਸ ਕਾਰਨ ਦਲ ਬਦਲੀ ਵਿਰੋਧੀ ਕਾਨੂੰਨ ਬਣਿਆ। ਵਿਅੰਗਾਤਮਕ ਤੌਰ 'ਤੇ ਕਾਨੂੰਨ ਦੇ ਲਾਗੂ ਹੋਣ ਦੇ ਬਾਵਜੂਦ, ਵਿਧਾਇਕਾਂ ਅਤੇ ਸੰਸਦ ਮੈਂਬਰਾਂ ਦੇ ਵੱਖ-ਵੱਖ ਕਾਰਨਾਂ ਦਾ ਹਵਾਲਾ ਦਿੰਦੇ ਹੋਏ, ਪੱਖ ਬਦਲਣ ਜਾਂ ਦੂਜੀਆਂ ਪਾਰਟੀਆਂ ਵਿੱਚ ਸ਼ਾਮਲ ਹੋਣ ਦੇ ਮਾਮਲੇ ਸਾਹਮਣੇ ਆਉਂਦੇ ਰਹਿੰਦੇ ਹਨ। ਹਾਲ ਹੀ ਵਿੱਚ, ਇਸ ਵਾਰ, ਆਮ ਆਦਮੀ ਪਾਰਟੀ ਨਾਲ ਜੁੜੇ ਸੱਤ ਰਾਜ ਸਭਾ ਸੰਸਦ ਮੈਂਬਰਾਂ ਦੁਆਰਾ ਆਪਣੀ ਪਾਰਟੀ ਛੱਡਣ ਅਤੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਦੇ ਐਲਾਨ ਨੇ ਇੱਕ ਵਾਰ ਫਿਰ ਰਾਜਨੀਤਿਕ ਨੈਤਿਕਤਾ ਅਤੇ ਦਲ ਬਦਲੀ ਵਿਰੋਧੀ ਕਾਨੂੰਨ ਦੀ ਸਾਰਥਕਤਾ 'ਤੇ ਬਹਿਸ ਛੇੜ ਦਿੱਤੀ ਹੈ। ਇਹ ਧਿਆਨ ਦੇਣ ਯੋਗ ਹੈ ਕਿ 'ਆਪ' ਦੇ ਰਾਜ ਸਭਾ ਵਿੱਚ ਦਸ ਸੰਸਦ ਮੈਂਬਰ ਸਨ ਅਤੇ ਉਨ੍ਹਾਂ ਵਿੱਚੋਂ ਸੱਤ, ਜਿਨ੍ਹਾਂ ਵਿੱਚ ਰਾਘਵ ਚੱਢਾ ਵੀ ਸ਼ਾਮਲ ਸਨ, ਨੇ ਪਾਰਟੀ ਛੱਡ ਦਿੱਤੀ। ਉਨ੍ਹਾਂ ਦਾ ਮੰਨਣਾ ਹੈ ਕਿ ਕਿਉਂਕਿ ਦਲ ਬਦਲੀ ਕਰਨ ਵਾਲੇ ਸੰਸਦ ਮੈਂਬਰਾਂ ਦੀ ਗਿਣਤੀ ਦੋ-ਤਿਹਾਈ ਮਾਪਦੰਡਾਂ ਨੂੰ ਪੂਰਾ ਕਰਦੀ ਹੈ, ਇਸ ਲਈ ਇਹ ਦਲ ਬਦਲੀ ਵਿਰੋਧੀ ਕਾਨੂੰਨ ਦੇ ਤਹਿਤ ਗੈਰ-ਕਾਨੂੰਨੀ ਨਹੀਂ ਹੈ। ਇਹ ਸੰਭਵ ਹੈ ਕਿ 'ਆਪ' ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਇਨ੍ਹਾਂ ਆਗੂਆਂ ਲਈ ਕਿਸੇ ਵੀ ਕਾਰਵਾਈ ਤੋਂ ਬਚਣ ਲਈ ਸਿਰਫ਼ ਕਾਨੂੰਨੀ ਪ੍ਰਬੰਧਾਂ ਦੀ ਪਾਲਣਾ ਕਰਨਾ ਹੀ ਕਾਫ਼ੀ ਹੈ, ਪਰ ਸਵਾਲ ਇਹ ਹੈ ਕਿ ਕੀ ਸਿਰਫ਼ ਤਕਨੀਕੀ ਤੌਰ 'ਤੇ ਸਹੀ ਹੋਣਾ ਵੀ ਨੈਤਿਕ ਆਧਾਰ 'ਤੇ ਆਪਣੇ ਆਪ ਨੂੰ ਜਾਇਜ਼ ਠਹਿਰਾ ਸਕਦਾ ਹੈ! ਹਾਲਾਂਕਿ, ਆਮ ਆਦਮੀ ਪਾਰਟੀ ਨੇ ਕਿਹਾ ਹੈ ਕਿ ਉਹ ਸਬੰਧਤ ਸੱਤ ਸੰਸਦ ਮੈਂਬਰਾਂ ਨੂੰ ਅਯੋਗ ਠਹਿਰਾਉਣ ਦੀ ਮੰਗ ਕਰੇਗੀ। ਕਾਰਨ ਇਹ ਦੱਸਿਆ ਗਿਆ ਹੈ ਕਿ ਦਲ-ਬਦਲੀ ਵਿਰੋਧੀ ਕਾਨੂੰਨ ਰਾਜ ਸਭਾ ਅਤੇ ਲੋਕ ਸਭਾ ਵਿੱਚ ਕਿਸੇ ਵੀ ਤਰ੍ਹਾਂ ਦੀ ਫੁੱਟ ਜਾਂ ਧੜੇਬੰਦੀ ਨੂੰ ਸਪੱਸ਼ਟ ਤੌਰ 'ਤੇ ਵਰਜਦਾ ਹੈ, ਭਾਵੇਂ ਦੋ-ਤਿਹਾਈ ਬਹੁਮਤ ਹੋਵੇ। ਸਪੱਸ਼ਟ ਤੌਰ 'ਤੇ, 'ਆਪ' ਆਗੂ ਹੁਣ ਦਲ-ਬਦਲੀ ਦੀਆਂ ਕਾਨੂੰਨੀ ਸੂਖਮਤਾਵਾਂ ਦੇ ਅਨੁਸਾਰ ਕਾਰਵਾਈ ਦੀ ਉਮੀਦ ਕਰ ਰਹੇ ਹਨ। ਹਾਲਾਂਕਿ, ਇਹ ਦੇਖਣਾ ਬਾਕੀ ਹੈ ਕਿ ਮਾਨਤਾ ਦਾ ਮੁੱਦਾ ਉੱਠਣ 'ਤੇ ਅੰਤਿਮ ਫੈਸਲਾ ਕੀ ਹੁੰਦਾ ਹੈ। ਆਪਣਾ ਦਲ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸੰਸਦ ਮੈਂਬਰਾਂ ਅਤੇ ਇੱਕ ਪਾਰਟੀ ਵਜੋਂ ਰਲੇਵੇਂ ਦੇ ਸੰਦਰਭ ਬਾਰੇ ਇੱਕ ਹੋਰ ਸਵਾਲ ਵੀ ਉੱਠੇਗਾ। ਹਾਲਾਂਕਿ, ਰਾਘਵ ਚੱਢਾ ਦੀ ਹਾਲ ਹੀ ਵਿੱਚ ਰਾਜਨੀਤਿਕ ਸਰਗਰਮੀ ਦੇ ਉਲਝੇ ਹੋਏ ਸੁਭਾਅ ਨੂੰ ਦੇਖਦੇ ਹੋਏ, ਪਾਰਟੀ ਤੋਂ ਉਨ੍ਹਾਂ ਦੇ ਬਾਹਰ ਜਾਣ ਦੀ ਸੰਭਾਵਨਾ ਪਹਿਲਾਂ ਹੀ ਅੰਦਾਜ਼ਾ ਲਗਾਈ ਜਾ ਰਹੀ ਸੀ। ਪਰ ਜਿਸ ਤਰੀਕੇ ਨਾਲ ਛੇ ਹੋਰ ਆਗੂ ਉਨ੍ਹਾਂ ਦੇ ਨਾਲ ਪਾਰਟੀ ਛੱਡ ਗਏ ਹਨ, ਉਸ ਨੇ ਰਾਜਨੀਤਿਕ ਹਲਕਿਆਂ ਵਿੱਚ ਕੁਝ ਹੈਰਾਨੀ ਪੈਦਾ ਕਰ ਦਿੱਤੀ ਹੈ। ਦੇਸ਼ ਦੀ ਰਾਜਨੀਤੀ ਵਿੱਚ ਬਿਨਾਂ ਕਿਸੇ ਵਿਚਾਰਧਾਰਕ ਆਧਾਰ ਦੇ ਆਪਣੀ ਸਹੂਲਤ ਅਨੁਸਾਰ ਪਾਰਟੀਆਂ ਬਦਲਣ ਦੇ ਰੁਝਾਨ ਨੂੰ ਰੋਕਣ ਲਈ ਦਲ ਬਦਲੀ ਵਿਰੋਧੀ ਕਾਨੂੰਨ ਬਣਾਇਆ ਗਿਆ ਸੀ ਅਤੇ ਇਸ ਦੇ ਨਤੀਜੇ ਵਜੋਂ ਸਰਕਾਰਾਂ ਦੀ ਸਥਿਰਤਾ 'ਤੇ ਪ੍ਰਭਾਵ ਪਿਆ ਸੀ। ਹਾਲਾਂਕਿ, ਪਿਛਲੇ ਕੁਝ ਸਾਲਾਂ ਵਿੱਚ, ਜਿਸ ਤਰ੍ਹਾਂ ਇਸ ਕਾਨੂੰਨ ਅਧੀਨ ਦਿੱਤੀਆਂ ਗਈਆਂ ਛੋਟਾਂ ਦਾ ਫਾਇਦਾ ਉਠਾ ਕੇ ਕਈ ਰਾਜਾਂ ਵਿੱਚ ਸਰਕਾਰਾਂ ਬਦਲੀਆਂ ਗਈਆਂ ਹਨ, ਕਿਸੇ ਵੀ ਵਿਚਾਰਧਾਰਕ ਮਾਪਦੰਡ ਨੂੰ ਜ਼ਰੂਰੀ ਨਹੀਂ ਮੰਨਿਆ ਗਿਆ ਹੈ। ਬਹੁਤ ਸਾਰੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਹਾਲਾਤਾਂ ਦਾ ਫਾਇਦਾ ਉਠਾਉਣ ਲਈ ਵਿਚਾਰਧਾਰਕ ਵਚਨਬੱਧਤਾ ਦੇ ਸਵਾਲ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ ਅਤੇ ਦਲ ਬਦਲੀ ਵਿਰੋਧੀ ਕਾਨੂੰਨ ਅਜਿਹੇ ਨੇਤਾਵਾਂ ਲਈ ਕੋਈ ਰੁਕਾਵਟ ਸਾਬਤ ਨਹੀਂ ਹੋਇਆ ਹੈ। ਇਸੇ ਤਰ੍ਹਾਂ, ਸੱਤ 'ਆਪ' ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਨੇ ਫਿਰ ਤੋਂ ਦਲ ਬਦਲੀ ਵਿਰੋਧੀ ਕਾਨੂੰਨ ਦੀ ਸਾਰਥਕਤਾ 'ਤੇ ਸਵਾਲ ਖੜ੍ਹਾ ਕੀਤਾ ਹੈ।

-ਜਗਜੀਤ ਸਿੰਘ ਦਰਦੀ

## ਅੱਜ ਦੇ ਪੰਜਾਬ ਦਾ ਭਵਿੱਖ ਕੀ ਹੋਵੇਗਾ 2027 ਵਿੱਚ ?

# ਕੀ ਬਦਲੇਗੀ ਰਾਜਨੀਤੀ, ਟੁੱਟਦੇ ਭਰਮ ਅਤੇ ਨਵਾਂ ਸਿਆਸੀ ਤਾਣਾ-ਬਾਣਾ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਇਕ ਵਾਰ ਫਿਰ ਦੋਰਾਹੇ 'ਤੇ ਖੜਾ ਹੈ। ਕੀ 2027 ਉਸ ਨੂੰ ਪਰਿਵਰਤਨ ਦੀ ਦਿਸ਼ਾ ਵਿੱਚ ਲਿਜਾ ਸਕਦਾ ਹੈ ? ਕੀ ਭਵਿੱਖ ਹੋਵੇਗਾ ? ਕੀ ਬਦਲੇਗੀ ਰਾਜਨੀਤੀ ? ਇਹ ਸਵਾਲ ਹੁਣ ਹਰ ਘਰ, ਹਰ ਚੌਪਾਲ, ਹਰ ਵਿਦਿਆਲੇ ਅਤੇ ਹਰ ਰਾਜਨੀਤਿਕ ਮੰਚ 'ਤੇ ਗੂੰਜ ਰਿਹਾ ਹੈ। ਪਰ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਅਸੀਂ ਇਸਨੂੰ ਇੱਕ ਦਰਸ਼ਕ ਵਾਂਗ ਵੇਖ ਰਹੇ ਹਾਂ—ਲਾਚਾਰੀ ਨਾਲ, ਖਾਮੋਸ਼ੀ ਨਾਲ ਅਤੇ ਕਈ ਵਾਰ ਬੇਬਸੀ ਨਾਲ।

ਅੱਜ ਪੰਜਾਬ ਇਸ ਵੇਲੇ ਕੇਵਲ ਇੱਕ ਰਾਜ ਨਹੀਂ, ਸਗੋਂ ਇੱਕ ਇਤਿਹਾਸਕ ਮੋੜ 'ਤੇ ਖੜ੍ਹਾ ਸਮਾਜ ਹੈ। ਇਹ ਉਹ ਧਰਤੀ ਹੈ ਜਿਸ ਨੇ ਦੇਸ਼ ਨੂੰ ਅੰਨ ਦਿੱਤਾ, ਸਰਹੱਦਾਂ ਦੀ ਰੱਖਿਆ ਕੀਤੀ ਅਤੇ ਸੰਕਟ ਦੇ ਹਰ ਸਮੇਂ ਆਪਣਾ ਲਹੂ ਦਿੱਤਾ। ਪਰ ਅੱਜ ਉਹੀ ਪੰਜਾਬ ਕਰਜ਼ੇ, ਬੇਰੁਜ਼ਗਾਰੀ, ਨਸ਼ੇ, ਪਲਾਇਨ, ਕਿਸਾਨੀ ਸੰਕਟ ਅਤੇ ਰਾਜਨੀਤਿਕ ਅਸਥਿਰਤਾ ਨਾਲ ਜੂਝ ਰਿਹਾ ਹੈ।

ਇੱਥੇ ਦੀ ਰਾਜਨੀਤੀ ਹਮੇਸ਼ਾਂ ਸਿਰਫ਼ ਸੱਤਾ ਦੀ ਲੜਾਈ ਨਹੀਂ ਰਹੀ; ਇਹ ਪਹਿਚਾਣ, ਅਸਮਿਤਾ, ਪੰਥ, ਕਿਸਾਨੀ, ਸਰਹੱਦਾਂ ਦੀ ਚਿੰਤਾ ਅਤੇ ਸੰਵਿਧਾਨਕ ਹੱਕਾਂ ਦੀ ਲੜਾਈ ਵੀ ਰਹੀ ਹੈ। ਪਰ ਅੱਜ ਦਾ ਪੰਜਾਬ ਇੱਕ ਨਵੇਂ ਸੰਕਟ ਵਿੱਚੋਂ ਲੰਘ ਰਿਹਾ ਹੈ—ਜਿੱਥੇ ਲੋਕਾਂ ਦਾ ਭਰੋਸਾ ਪੁਰਾਣੀਆਂ ਪਾਰਟੀਆਂ ਤੋਂ ਟੁੱਟ ਰਿਹਾ ਹੈ ਅਤੇ ਨਵੀਂ ਰਾਜਨੀਤੀ ਅਜੇ ਆਪਣਾ ਨੈਤਿਕ ਕੇਂਦਰ ਲੱਭ ਨਹੀਂ ਸਕੀ।

ਅੱਜ ਅੰਕੜਿਆਂ ਦੀ ਭਾਸ਼ਾ ਵਿੱਚ ਪੰਜਾਬ ਦੀ ਹਕੀਕਤ ਇਹ ਹੈ ਕਿ ਜੇ ਅਸੀਂ ਸਿਰਫ਼ ਭਾਵਨਾਵਾਂ ਨਹੀਂ, ਸਗੋਂ ਅੰਕੜਿਆਂ ਦੀ ਭਾਸ਼ਾ ਵਿੱਚ ਪੰਜਾਬ ਨੂੰ ਵੇਖੀਏ ਤਾਂ ਤਸਵੀਰ ਹੋਰ ਵੀ ਚਿੰਤਾਜਨਕ ਬਣਦੀ ਹੈ। ਪੰਜਾਬ ਦਾ ਕਰਜ਼ਾ ਲਗਾਤਾਰ ਵੱਧ ਰਿਹਾ ਹੈ ਅਤੇ ਕਈ ਅਨੁਮਾਨਾਂ ਅਨੁਸਾਰ ਇਹ 2026 ਤੱਕ 4 ਲੱਖ ਕਰੋੜ ਰੁਪਏ ਦੇ ਨੇੜੇ ਪਹੁੰਚਣ ਦੀ ਚਰਚਾ ਵਿੱਚ ਹੈ। ਰਾਜ ਦੀ ਆਮਦਨੀ ਦਾ ਵੱਡਾ ਹਿੱਸਾ ਕੇਵਲ ਕਰਜ਼ੇ ਦੇ ਵਿਆਜ ਵਿੱਚ ਚਲਾ ਜਾਂਦਾ ਹੈ।

ਅੱਜ ਪੰਜਾਬ ਵਿੱਚ ਬੇਰੁਜ਼ਗਾਰੀ ਦੀ ਦਰ ਵੀ ਦੇਸ਼ ਦੇ ਕਈ ਰਾਜਾਂ ਨਾਲੋਂ ਵੱਧ ਚਰਚਾ ਦਾ ਵਿਸ਼ਾ ਰਹੀ ਹੈ। ਪੜ੍ਹਿਆ-ਲਿਖਿਆ ਨੌਜਵਾਨ ਕੈਨੇਡਾ, ਆਸਟ੍ਰੇਲੀਆ, ਇੰਗਲੈਂਡ ਅਤੇ ਯੂਰਪ ਵੱਲ ਪਲਾਇਨ ਕਰ ਰਿਹਾ ਹੈ। ਹਰ ਸਾਲ ਹਜ਼ਾਰਾਂ ਪਰਿਵਾਰ ਆਪਣੀ ਜ਼ਮੀਨ ਵੇਚ ਕੇ ਬੱਚਿਆਂ ਨੂੰ ਵਿਦੇਸ਼ ਭੇਜਣ ਦਾ ਸੁਪਨਾ ਦੇਖਦੇ ਹਨ। ਇਹ ਸਿਰਫ਼ ਆਰਥਿਕ ਪਲਾਇਨ ਨਹੀਂ—ਇਹ ਵਿਸ਼ਵਾਸ ਦਾ ਪਲਾਇਨ ਹੈ।

ਅੱਜ ਖੇਤੀਬਾੜੀ ਦੀ ਸਥਿਤੀ ਵੀ ਆਸਾਨ ਨਹੀਂ ਹੈ। ਭਾਰਤ ਦੇ ਕੁੱਲ ਅਨਾਜ ਯੋਗਦਾਨ ਵਿੱਚ ਪੰਜਾਬ ਦਾ ਹਿੱਸਾ ਅਜੇ ਵੀ ਮਹੱਤਵਪੂਰਨ ਹੈ, ਪਰ ਕਿਸਾਨ ਦੀ ਆਮਦਨ ਉਸ ਅਨੁਪਾਤ ਵਿੱਚ ਨਹੀਂ ਵਧੀ। ਜ਼ਮੀਨ ਦੀ ਉਪਜਾਊ ਸ਼ਕਤੀ ਘੱਟੀ, ਪਾਣੀ ਦਾ ਪੱਧਰ ਡਿੱਗਿਆ ਅਤੇ ਕਰਜ਼ੇ ਦੀ ਲਕੀਰ ਹੋਰ ਡੂੰਘੀ ਹੋ ਗਈ। ਕਿਸਾਨ ਅੰਦੋਲਨ ਨੇ ਸਾਬਤ ਕੀਤਾ ਕਿ ਪੰਜਾਬ ਅਜੇ ਵੀ ਲੜ ਸਕਦਾ ਹੈ, ਪਰ ਲੜਾਈ ਤੋਂ ਬਾਅਦ ਨੀਤੀ ਕਿੱਥੇ ਹੈ—ਇਹ ਅਜੇ ਵੀ ਸਵਾਲ ਹੈ।

ਅੱਜ ਆਮ ਆਦਮੀ ਪਾਰਟੀ ਦੀ ਉਮੀਦ ਅਤੇ ਉਲਝਣ ਵਿੱਚ ਹੈ। 2022 ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਕੇਵਲ ਇੱਕ ਵਿਕਲਪ ਵਜੋਂ ਨਹੀਂ, ਇੱਕ ਉਮੀਦ ਵਜੋਂ ਚੁਣਿਆ ਸੀ। 117 ਵਿੱਚੋਂ 92 ਸੀਟਾਂ ਦਾ ਜਨਮੰਡੇਟ ਕੇਵਲ ਚੋਣੀ ਜਿੱਤ ਨਹੀਂ ਸੀ; ਇਹ ਪਰੰਪਰਾਗਤ ਰਾਜਨੀਤੀ ਵਿਰੁੱਧ ਲੋਕਾਂ ਦਾ ਫ਼ੈਸਲਾ ਸੀ। ਲੋਕ ਕਾਂਗਰਸ ਤੋਂ ਨਿਰਾਸ਼ ਸਨ, ਅਕਾਲੀ ਦਲ ਤੋਂ ਨਾਰਾਜ਼ ਸਨ ਅਤੇ ਇੱਕ ਨਵੀਂ ਸ਼ੁਰੂਆਤ ਚਾਹੁੰਦੇ ਸਨ। ਅੱਜ ਸੱਤਾ ਵਿੱਚ ਆਉਣ ਤੋਂ ਬਾਅਦ ਪ੍ਰਸ਼ਾਸਨਿਕ ਅਣਭਿੱਜਤਾ, ਅੰਦਰੂਨੀ ਟਕਰਾਅ, ਸੰਸਦੀ ਪੱਧਰ 'ਤੇ ਉੱਭਰ ਰਹੀਆਂ ਦਰਾਰਾਂ ਅਤੇ ਦਿੱਲੀ-ਕੇਂਦ੍ਰਿਤ ਨਿਰਣੇ ਪ੍ਰਕਿਰਿਆ ਨੇ ਪੰਜਾਬੀ ਮਨ ਵਿੱਚ ਸ਼ੰਕਾ ਪੈਦਾ ਕੀਤੀ ਹੈ। ਜਦੋਂ ਪੰਜਾਬ ਦੇ ਮੁੱਦਿਆਂ ਦਾ ਹੱਲ ਪੰਜਾਬ ਦੀ ਮਿੱਟੀ ਦੀ ਥਾਂ ਦਿੱਲੀ ਦੇ ਰਾਜਨੀਤਿਕ ਕਮਰਿਆਂ ਵਿੱਚ ਲੱਭਿਆ ਜਾਣ ਲੱਗੇ, ਤਾਂ ਭਰੋਸਾ ਕਮਜ਼ੋਰ ਹੋਣਾ ਸਵਭਾਵਿਕ ਹੈ।

ਅੱਜ ਆਪ ਦੀ ਅੰਦਰੂਨੀ ਬਗਾਵਤ ਅਤੇ ਕੁਝ ਨੇਤਾਵਾਂ ਦੇ ਭਾਜਪਾ ਵੱਲ ਵਧਦੇ ਕਦਮ ਇਹ ਸੰਕੇਤ ਦੇ ਰਹੇ ਹਨ ਕਿ 2027 ਦੀ ਪੰਜਾਬ ਰਾਜਨੀਤੀ ਸਿਰਫ਼ ਤਿਕੋਣੀ ਨਹੀਂ ਰਹੇਗੀ। ਜੇ ਇਹ ਬਗਾਵਤ ਵਧਦੀ ਹੈ, ਤਾਂ ਇਹ ਸਿਰਫ਼ ਇੱਕ ਪਾਰਟੀ ਦੀ ਟੁੱਟ ਨਹੀਂ ਹੋਵੇਗੀ—ਇਹ ਲੋਕਾਂ ਦੇ ਨਵੇਂ ਵਿਸ਼ਵਾਸ ਦਾ ਵੀ ਟੁੱਟਣਾ ਹੋਵੇਗਾ।

ਹੁਣ ਕੀ ਭਾਜਪਾ ਪੰਜਾਬ ਵਿੱਚ ਨਵਾਂ ਸਮੀਕਰਨ ਬਣਾਏਗੀ ?

ਇਹ ਸਵਾਲ ਹੁਣ ਕੇਵਲ ਸਿਆਸੀ ਚਰਚਾ ਨਹੀਂ ਰਿਹਾ—ਇਹ ਰਾਜਨੀਤਿਕ ਸੰਭਾਵਨਾ ਬਣ ਚੁੱਕਾ ਹੈ। ਹੋਰ ਰਾਜਾਂ ਵਾਂਗ ਪੰਜਾਬ ਵਿੱਚ ਵੀ ਭਾਜਪਾ ਸਿੱਧੇ ਜਾਂ ਅਸਿੱਧੇ ਤੌਰ 'ਤੇ ਸੱਤਾ ਦੇ ਕੇਂਦਰ ਵਿੱਚ ਆਉਣ ਦੀ ਕੋਸ਼ਿਸ਼ ਕਰ ਸਕਦੀ ਹੈ। ਭਾਜਪਾ ਲਈ ਪੰਜਾਬ ਹਮੇਸ਼ਾਂ ਇੱਕ ਮੁਸ਼ਕਲ ਜ਼ਮੀਨ ਰਿਹਾ ਹੈ। ਕਿਸਾਨ ਅੰਦੋਲਨ ਤੋਂ ਬਾਅਦ ਪਿੰਡਾਂ ਵਿੱਚ ਉਸਦੀ ਸਵੀਕਾਰਤਾ ਬਹੁਤ ਘੱਟੀ ਹੈ। ਸਿੱਖ ਮਨੋਵਿਗਿਆਨ ਵਿੱਚ ਕੇਂਦਰੀਕਰਨ, ਫੈਡਰਲ ਢਾਂਚੇ ਦੀ ਕਮਜ਼ੋਰੀ ਅਤੇ ਧਾਰਮਿਕ-ਸੰਸਕ੍ਰਿਤਿਕ ਅਸਮਿਤਾ ਨੂੰ ਲੈ ਕੇ ਡੂੰਘੀਆਂ ਚਿੰਤਾਵਾਂ ਹਨ। ਇਸ ਲਈ ਭਾਜਪਾ ਦਾ ਸਿੱਧਾ ਸੱਤਾ ਹਾਸਲ ਕਰਨਾ ਸੌਖਾ ਨਹੀਂ। ਪਰ ਜੇਕਰ ਆਪ ਦੀ ਟੁੱਟ, ਕਾਂਗਰਸ ਦੀ ਕਮਜ਼ੋਰੀ ਅਤੇ ਅਕਾਲੀ ਦਲ ਦੀ ਸਾਖ ਵਿੱਚ ਆਈ ਦਰਾਰ ਜਾਰੀ ਰਹੀ, ਤਾਂ ਭਾਜਪਾ ਸਮਰਥਿਤ ਸਾਂਝੀ ਸਰਕਾਰ ਦਾ ਮਾਡਲ ਪੰਜਾਬ ਵਿੱਚ ਵੀ ਲਾਗੂ ਹੋ ਸਕਦਾ ਹੈ। ਇਹੀ ਥਾਂ ਸਭ ਤੋਂ ਵੱਡੀ ਚਿੰਤਾ ਦੀ ਹੈ। ਪੰਜਾਬ ਦੀ ਰਾਜਨੀਤੀ ਵਿੱਚ ਕੇਂਦਰੀ ਦਖ਼ਲ ਦਾ ਸਵਾਲ ਸਿਰਫ਼ ਪਾਰਟੀ ਦਾ ਨਹੀਂ—ਸਵਾਇਤਤਾ ਦਾ ਹੈ। ਪੰਜਾਬ ਹਮੇਸ਼ਾਂ ਆਪਣੇ ਅਧਿਕਾਰਾਂ ਲਈ ਲੜਿਆ ਹੈ। ਇਸ ਲਈ ਇੱਥੇ ਸਿਆਸਤ ਕੇਵਲ ਸੀਟਾਂ ਦੀ ਗਿਣਤੀ ਨਹੀਂ, ਸਵਭਿਮਾਨ ਦਾ ਮਾਮਲਾ ਹੈ।

**ਅੱਜ ਅਕਾਲੀ ਦਲ ਦੀ ਵਾਪਸੀ ਜਾਂ ਫਿਰ ਖ਼ਰਾਬ ਸਥਿਤੀ ?**

ਅੱਜ ਸ਼੍ਰੋਮਣੀ ਅਕਾਲੀ ਦਲ, ਜੋ ਕਦੇ ਪੰਜਾਬ ਦੀ ਪੰਥਕ ਅਤੇ ਖੇਤਰੀ ਰਾਜਨੀਤੀ ਦਾ ਕੇਂਦਰ ਸੀ, ਅੱਜ ਆਪਣੇ ਸਭ ਤੋਂ ਮੁਸ਼ਕਲ ਦੌਰ ਵਿੱਚ ਹੈ। ਬਾਦਲ ਯੁੱਗ ਦੀ ਲੰਮੀ ਹਕੂਮਤ, ਬੇਅਦਬੀ ਦੇ ਮਾਮਲੇ, ਕਿਸਾਨੀ ਨੀਤੀਆਂ 'ਤੇ ਅਸਪਸ਼ੱਟਤਾ ਅਤੇ ਭਾਜਪਾ ਨਾਲ ਲੰਬੇ ਗਠਜੋੜ ਨੇ ਉਸਦੀ ਨੈਤਿਕ ਸਾਖ ਨੂੰ ਗੰਭੀਰ ਢੰਗ ਨਾਲ ਝਟਕਾ ਦਿੱਤਾ।

ਅੱਜ ਪੰਥਕ ਵੋਟਰ ਦੇ ਮਨ ਵਿੱਚ ਇਹ ਪ੍ਰਸ਼ਨ ਅਜੇ ਵੀ ਜ਼ਿੰਦਾ ਹੈ ਕਿ ਕੀ ਅਕਾਲੀ ਦਲ ਸੱਚਮੁੱਚ ਪੰਥ ਦੀ ਆਵਾਜ਼ ਰਿਹਾ ਜਾਂ ਸਿਰਫ਼ ਸੱਤਾ ਦਾ ਪ੍ਰਬੰਧਕ ਬਣ ਗਿਆ ਸੀ ਪਰ ਇਸਦੇ ਨਾਲ ਇੱਕ ਹੋਰ ਸੱਚ ਵੀ ਹੈ—ਪੰਜਾਬ ਦੀ ਰਾਜਨੀਤੀ ਵਿੱਚ ਖੇਤਰੀ ਅਸਮਿਤਾ ਦਾ ਖਾਲੀਪਣ ਜ਼ਿਆਦਾ ਦੇਰ ਨਹੀਂ ਰਹਿੰਦਾ। ਲੋਕ ਆਖ਼ਿਰਕਾਰ ਇੱਕ ਅਜਿਹੀ ਤਾਕਤ ਦੀ ਭਾਲ ਕਰਦੇ ਹਨ ਜੋ ਪੰਜਾਬ ਦੀ ਗੱਲ ਪੰਜਾਬ ਦੀ ਭਾਸ਼ਾ ਵਿੱਚ ਕਰੇ। ਅੱਜ ਜੇ ਅਕਾਲੀ ਦਲ ਆਪਣੇ ਆਪ ਨੂੰ ਨਵੀਂ ਪੀੜ੍ਹੀ, ਨਵੀਂ ਸੋਚ ਅਤੇ ਨਵੀਂ ਨੈਤਿਕਤਾ ਨਾਲ ਦੁਬਾਰਾ ਖੜ੍ਹਾ ਕਰ ਸਕੇ, ਤਾਂ ਉਸਦੀ ਵਾਪਸੀ ਅਸੰਭਵ ਨਹੀਂ। ਪਰ ਇਹ ਵਾਪਸੀ ਸਿਰਫ਼ ਪਰਿਵਾਰਵਾਦ ਨਾਲ ਨਹੀਂ ਹੋਵੇਗੀ; ਇਹ ਸੱਚੀ ਆਤਮ-ਸਮੀਖਿਆ, ਜਨਤਕ ਮਾਫ਼ੀ ਅਤੇ ਨਵੀਂ ਪੰਥਕ-ਲੋਕਤਾਂਤਰਿਕ ਦਿਸ਼ਾ ਨਾਲ ਹੀ ਸੰਭਵ ਹੈ।

**ਅੱਜ ਕਾਂਗਰਸ ਮੌਜੂਦ ਪਰ ਗੈਰ-ਮੌਜੂਦ ਹੈ**

ਕਾਂਗਰਸ ਅਜੇ ਵੀ ਇੱਕ ਸੰਗਠਨ ਵਜੋਂ ਮੌਜੂਦ ਹੈ, ਪਰ ਨੇਤ੍ਰਿਤਵ ਦੀ ਅਸਪੱਸ਼ਟਤਾ ਅਤੇ ਭਰੋਸੇ ਦੀ ਘਾਟ ਨੇ ਉਸਨੂੰ ਮਜ਼ਬੂਤ ਵਿਕਲਪ ਬਣਨ ਤੋਂ ਰੋਕਿਆ ਹੈ। ਪੰਜਾਬ ਵਿੱਚ ਕਾਂਗਰਸ ਕੋਲ ਅਨੁਭਵ ਹੈ, ਕੈਡਰ ਹੈ, ਪੁਰਾਣਾ ਵੋਟ ਬੈਂਕ ਹੈ—ਪਰ ਉਸਦੇ ਕੋਲ ਸਪਸ਼ਟ ਦਿਸ਼ਾ ਨਹੀਂ। ਅੱਜ ਲੋਕ ਹੁਣ ਸਿਰਫ਼ ਭਾਜਪਾ ਵਿਰੋਧ ਜਾਂ ਆਪ ਵਿਰੋਧ ਨਾਲ ਸੰਤੁਸ਼ਟ ਨਹੀਂ ਹੁੰਦੇ। ਉਹ ਪੁੱਛਦੇ ਹਨ—ਤੁਹਾਡਾ ਆਪਣਾ ਵਿਜ਼ਨ ਕੀ ਹੈ ? ਪੰਜਾਬ ਲਈ ਤੁਹਾਡਾ ਨਕਸ਼ਾ ਕੀ ਹੈ ? ਜੇ ਕਾਂਗਰਸ ਇਹ ਜਵਾਬ ਨਹੀਂ ਦੇ ਸਕੀ, ਤਾਂ ਉਹ ਕੇਵਲ ਇਤਿਹਾਸ ਰਹਿ ਜਾਵੇਗੀ, ਭਵਿੱਖ ਨਹੀਂ।

**ਅੱਜ ਸਭ ਤੋਂ ਵੱਡਾ ਸਵਾਲ ਹੈ ਪੰਥ ਦੀ ਰਾਜਨੀਤੀ**

ਅੱਜ ਸਭ ਤੋਂ ਮਹੱਤਵਪੂਰਨ ਗੱਲ ਪੰਥ ਦੀ ਹੈ। ਹੁਣ ਜੇ ਪੰਜਾਬ ਦੀ ਖੇਤਰੀ ਅਤੇ ਪੰਥਕ ਰਾਜਨੀਤੀ ਕਮਜ਼ੋਰ ਹੁੰਦੀ ਹੈ, ਤਾਂ ਕੇਵਲ ਇੱਕ ਪਾਰਟੀ ਨਹੀਂ ਹਾਰੇਗੀ; ਪੰਜਾਬ ਦੀ ਵਿਲੱਖਣ ਆਵਾਜ਼ ਕਮਜ਼ੋਰ ਹੋਵੇਗੀ।

ਅੱਜ ਸੰਸਦ ਵਿੱਚ ਪੰਜਾਬ ਦਾ ਸਵਾਲ, ਚੰਡੀਗੜ੍ਹ, ਪਾਣੀਆਂ ਦਾ ਮੁੱਦਾ, ਫੈਡਰਲ ਢਾਂਚਾ, ਕਿਸਾਨੀ ਅਧਿਕਾਰ, ਸਰਹੱਦੀ ਸੁਰੱਖਿਆ, ਪੰਜਾਬੀ ਭਾਸ਼ਾ, ਧਾਰਮਿਕ ਸੰਸਥਾਵਾਂ ਦੀ ਖੁਦਮੁਖਤਿਆਰੀ—ਇਹ ਸਾਰੇ ਕੇਵਲ ਚੋਣੀ ਮੁੱਦੇ ਨਹੀਂ, ਅਸਤੀਤਵ ਦੇ ਪ੍ਰਸ਼ਨ ਹਨ। ਪੰਥ ਲਈ ਸਭ ਤੋਂ ਵੱਡਾ ਖ਼ਤਰਾ ਕਿਸੇ ਇੱਕ ਪਾਰਟੀ ਦੀ ਹਾਰ ਨਹੀਂ, ਸਗੋਂ ਉਸ ਰਾਜਨੀਤਿਕ ਚੇਤਨਾ ਦਾ ਮਰ ਜਾਣਾ ਹੈ ਜੋ ਪੰਜਾਬ ਨੂੰ ਪੰਜਾਬ ਬਣਾਉਂਦੀ ਹੈ। ਅੱਜ ਜੇ ਇਹ ਚੇਤਨਾ ਖਤਮ ਹੋ ਗਈ, ਤਾਂ ਫਿਰ ਸਿਰਫ਼ ਚੋਣਾਂ ਰਹਿ ਜਾਣਗੀਆਂ—ਰਾਜਨੀਤੀ ਨਹੀਂ।

ਅੱਜ ਨੌਜਵਾਨ ਸਭ ਤੋਂ ਵੱਡੀ ਉਮੀਦ, ਸਭ ਤੋਂ ਵੱਡੀ ਨਿਰਾਸ਼ਾ ਵਿਚ ਹਨ। ਪੰਜਾਬ ਦਾ ਨੌਜਵਾਨ ਅੱਜ ਸਭ ਤੋਂ ਵੱਡੀ ਉਮੀਦ ਵੀ ਹੈ ਅਤੇ ਸਭ ਤੋਂ ਵੱਡੀ ਨਿਰਾਸ਼ਾ ਵੀ। ਇੱਕ ਪਾਸੇ ਉਹ ਤਕਨਾਲੋਜੀ, ਸਿੱਖਿਆ ਅਤੇ ਵਿਸ਼ਵ ਪੱਧਰ ਦੀ ਸਮਰੱਥਾ ਰੱਖਦਾ ਹੈ; ਦੂਜੇ ਪਾਸੇ ਉਹ ਬੇਰੁਜ਼ਗਾਰੀ, ਨਸ਼ੇ ਅਤੇ ਪਲਾਇਨ ਦੀ ਮਾਰ ਝੱਲ ਰਿਹਾ ਹੈ। ਅੱਜ ਜਦੋਂ ਇੱਕ ਮਾਂ ਆਪਣੇ ਪੁੱਤ ਨੂੰ ਕਹਿੰਦੀ ਹੈ,ਇੱਥੇ ਕੁਝ ਨਹੀਂ ਰੱਖਿਆ, ਬਾਹਰ ਚਲਾ ਜਾ ਤਾਂ ਇਹ ਕੇਵਲ ਪਰਿਵਾਰਕ ਫ਼ੈਸਲਾ ਨਹੀਂ ਹੁੰਦਾ; ਇਹ ਰਾਜਨੀਤਿਕ ਪ੍ਰਣਾਲੀ ਦੀ ਅਸਫਲਤਾ ਦਾ ਸਰਟੀਫਿਕੇਟ ਹੁੰਦਾ ਹੈ।

2027 ਦੀ ਚੋਣ ਦਾ ਅਸਲ ਫ਼ੈਸਲਾ ਨੌਜਵਾਨ ਕਰੇਗਾ। ਜੇ ਉਹ ਮੁੜ ਵਿਸ਼ਵਾਸ ਕਰ ਗਿਆ, ਤਾਂ ਪੰਜਾਬ ਬਦਲ ਸਕਦਾ ਹੈ। ਜੇ ਉਹ ਪੂਰੀ ਤਰ੍ਹਾਂ ਨਿਰਾਸ਼ ਹੋ ਗਿਆ, ਤਾਂ ਸਿਰਫ਼ ਜਨਸੰਖਿਆ ਨਹੀਂ—ਰੂਹ ਵੀ ਖਾਲੀ ਹੋ ਜਾਵੇਗੀ।

2027 : ਸਿਰਫ਼ ਚੋਣ ਨਹੀਂ, ਪੰਜਾਬ ਦੀ ਰੂਹ ਦੀ ਕਸੌਟੀ ਹੈ।

2027 ਸਿਰਫ਼ ਇੱਕ ਚੋਣ ਨਹੀਂ ਹੋਵੇਗੀ; ਇਹ ਪੰਜਾਬ ਦੀ ਰੂਹ ਦੀ ਕਸੌਟੀ ਹੋਵੇਗੀ। ਲੋਕਾਂ ਨੂੰ ਹੁਣ ਨਾਅਰਿਆਂ ਨਹੀਂ, ਨੀਤੀਆਂ ਦੀ ਲੋੜ ਹੈ। ਪੰਜਾਬ ਨੂੰ ਹੁਣ ਚਿਹਰਿਆਂ ਨਹੀਂ, ਚਰਿੱਤਰ ਦੀ ਲੋੜ ਹੈ।

ਇਹ ਧਰਤੀ ਗੁਰਾਂ ਦੀ ਹੈ—ਇੱਥੇ ਰਾਜਨੀਤੀ ਵੀ ਸੇਵਾ ਬਣ ਕੇ ਹੀ ਟਿਕਦੀ ਹੈ। ਜਿੱਥੇ ਸੱਤਾ ਸੇਵਾ ਤੋਂ ਵੱਖ ਹੋ ਜਾਂਦੀ ਹੈ, ਉੱਥੇ ਜਨਮੰਡੇਟ ਵੀ ਜ਼ਿਆਦਾ ਦੇਰ ਨਹੀਂ ਟਿਕਦਾ। ਅੱਜ ਭਵਿੱਖ ਦਾ ਪੰਜਾਬ ਉਹੀ ਹੋਵੇਗਾ, ਜਿਸਦੀ ਕਲਪਨਾ ਅੱਜ ਦਾ ਵੋਟਰ ਕਰੇਗਾ। ਜੇ ਉਹ ਡਰ ਵਿੱਚ ਚੁਣੇਗਾ ਤਾਂ ਡਰ ਦਾ ਰਾਜ ਆਵੇਗਾ; ਜੇ ਉਹ ਚੇਤਨਾ ਨਾਲ ਚੁਣੇਗਾ ਤਾਂ ਪੰਜਾਬ ਆਪਣੀ ਅਸਲ ਰੌਸ਼ਨੀ ਵੱਲ ਵਾਪਸ ਜਾਵੇਗਾ।

ਇਤਿਹਾਸ ਅਜੇ ਲਿਖਿਆ ਨਹੀਂ ਗਿਆ। ਕਲਮ ਅਜੇ ਵੀ ਲੋਕਾਂ ਦੇ ਹੱਥ ਵਿੱਚ ਹੈ। ਸਵਾਲ ਸਿਰਫ਼ ਇਹ ਨਹੀਂ ਕਿ 2027 ਵਿੱਚ ਕੌਣ ਜਿੱਤੇਗਾ। ਸਵਾਲ ਇਹ ਹੈ ਕਿ ਕੀ ਪੰਜਾਬ ਜਿੱਤੇਗਾ ? ਜੇ ਪੰਜਾਬ ਜਿੱਤ ਗਿਆ, ਤਾਂ ਹਰ ਪਾਰਟੀ ਦੀ ਜਿੱਤ ਮਾਇਨੇ ਰੱਖੇਗੀ। ਜੇ ਪੰਜਾਬ ਹਾਰ ਗਿਆ, ਤਾਂ ਕਿਸੇ ਵੀ ਪਾਰਟੀ ਦੀ ਜਿੱਤ ਇਤਿਹਾਸ ਦੀ ਸਭ ਤੋਂ ਵੱਡੀ ਹਾਰ ਹੋਵੇਗੀ।

ਇਸ ਲਈ ਅੱਜ ਲੋੜ ਚੋਣੀ ਗਣਿਤ ਦੀ ਨਹੀਂ, ਸਮਾਜਕ ਜਾਗਰੂਕਤਾ ਦੀ ਹੈ। ਲੋੜ ਗਠਜੋੜਾਂ ਦੀ ਨਹੀਂ, ਵਿਸ਼ਵਾਸ ਦੀ ਹੈ। ਲੋੜ ਵਾਅਦਿਆਂ ਦੀ ਨਹੀਂ, ਨੈਤਿਕਤਾ ਦੀ ਹੈ।ਪੰਜਾਬ ਫਿਰ ਉੱਠ ਸਕਦਾ ਹੈ ਪਰ ਪਹਿਲਾਂ ਉਸਨੂੰ ਆਪਣੇ ਆਪ ਨੂੰ ਪੁੱਛਣਾ ਪਵੇਗਾ—ਅਸੀਂ ਸਿਰਫ਼ ਸਰਕਾਰ ਬਦਲਣਾ ਚਾਹੁੰਦੇ ਹਾਂ,ਜਾਂ ਭਵਿੱਖ ਵੀ ?

# ਸੀ.ਬੀ.ਆਈ. ਦੀ ਕੜਿੱਕੀ 'ਚ ਪੰਜਾਬ ਦੇ ਅ.ਫਸਰ !

ਕਮਲਜੀਤ ਸਿੰਘ ਬਨਵੈਤ
98147 34035



- ☛ ਸੀਬੀਆਈ ਨੇ ਅਦਾਲਤ ਤੋਂ ਲੈ ਲਈ ਡੇਢ ਦਰਜਨ ਆਈਐਸ ਅਤੇ ਪੀਸੀਐਸ ਅਫਸਰਾਂ ਨੂੰ ਸੰਮਨ ਕਰਨ ਦੀ ਆਗਿਆ
- ☛ ਇਸ ਤੋਂ ਪਹਿਲਾਂ ਸੀਬੀਆਈ ਦੀ ਅਦਾਲਤ ਤੋਂ ਲੈ ਲਈ ਗਈ ਸੀ ਅਫਸਰਾਂ ਦੇ ਖ਼ਿਲਾਫ਼ ਮੁੱਢਲੀ ਜਾਂਚ ਦੀ ਇਜਾਜ਼ਤ
- ☛ ਮੁਅੱਤਲ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਅਤੇ ਦਲਾਲ ਕਿਰਸਾਨੂ ਹਾਲੇ ਵੀ ਮਾਡਲ ਜੇਲ੍ਹ ਵਿੱਚ ਬੰਦ
- ☛ ਸੀਬੀਆਈ ਨੂੰ ਭੁੱਲਰ ਦੇ ਘਰੋਂ ਪਹਿਲੇ ਛਾਪੇ ਦੌਰਾਨ ਮਿਲੇ ਸਨ ਸਾਢੇ ਸੱਤ ਕਰੋੜ ਰੁਪਏ, ਢਾਈ ਕਿਲੋ ਸੋਨਾ ਅਤੇ ਹੋਰ ਕੀਮਤੀ ਸਮਾਨ

ਪੰਜਾਬ ਦੇ ਸਾਬਕਾ ਡੀਆਈਜੀ ਹਰਚਰਨ ਸਿੰਘ ਭੁੱਲਰ ਆਪ ਤਾਂ ਫ਼ਸੇ ਹੀ ਫ਼ਸੇ ਕਈ ਹੋਰਾਂ ਨੂੰ ਵੀ ਲੈ ਬੈਠਣ ਲੱਗੇ ਹਨ। ਸੀਬੀਆਈ ਨੇ ਚੰਡੀਗੜ੍ਹ ਦੀ ਅਦਾਲਤ ਤੋਂ ਸੂਬੇ ਦੇ ਡੇਢ ਦਰਜਨ ਦੇ ਕਰੀਬ ਆਈਏਐਸ ਅਤੇ ਆਈਪੀਐਸ ਅਫਸਰਾਂ ਨੂੰ ਸੰਮਨ ਕਰਨ ਦੀ ਇਜਾਜ਼ਤ ਲੈ ਲਈ ਹੈ। ਸੀਬੀਆਈ ਵੱਲੋਂ ਇਸ ਤੋਂ ਪਹਿਲਾਂ ਅਦਾਲਤ ਦੀ ਇਜਾਜ਼ਤ ਨਾਲ ਹੀ ਇਹਨਾਂ ਅਫਸਰਾਂ ਦੇ ਖ਼ਿਲਾਫ਼ ਮੁਢਲੀ ਜਾਂਚ ਸ਼ੁਰੂ ਕੀਤੀ ਸੀ। ਸੀਬੀਆਈ ਦੀ ਜਾਂਚ ਨੂੰ ਅੱਧ ਵਿਚਾਲੇ ਬਰੇਕਾਂ ਨਾ ਲੱਗੀਆਂ ਤਾਂ ਪੰਜਾਬ ਦੇ ਡੇਢ ਦਰਜਨ ਅਫਸਰਾਂ ਨੂੰ ਜੇਲ੍ਹ ਵਿੱਚ ਗੁੜ ਨਾਲ ਚਨੇ ਚੱਬਣੇ ਪੈ ਸਕਦੇ ਹਨ।

ਹਰਚਰਨ ਸਿੰਘ ਭੁੱਲਰ ਇਸ ਵੇਲੇ ਚੰਡੀਗੜ੍ਹ ਦੀ ਮਾਡਲ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਹਨ। ਸੀਬੀਆਈ ਵੱਲੋਂ ਉਹਨਾਂ ਨੂੰ 25 ਅਕਤੂਬਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਸੀਬੀਆਈ ਦੇ ਛਾਪੇ ਵੇਲੇ ਭੁੱਲਰ ਦੇ ਘਰੋਂ ਸਾਢੇ ਸੱਤ ਕਰੋੜ ਨਗਦ, ਢਾਈ ਕਿਲੋ ਸੋਨਾ, ਮਹਿੰਗੀਆਂ ਘੜੀਆਂ, ਕਈ ਲਗਜ਼ਰੀ ਕਾਰਾਂ ਸਮੇਤ ਹੋਰ ਬੜਾ ਕੁਝ ਫੜਿਆ ਗਿਆ ਸੀ। ਸੀਬੀਆਈ ਨੇ ਉਹਨਾਂ ਤੋਂ ਪੁੱਛਗਿੱਛ ਕਰਨ ਲਈ ਦੋ ਵਾਰ ਹਿਰਾਸਤ 'ਚ ਰਿਮਾਂਡ ਵੀ ਲਿਆ ਸੀ। ਉਹਨਾਂ ਦੇ ਨਾਲ ਹੀ ਦਲਾਲ ਕਿਰਸਾਨੂ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਸੀ। ਉਹ ਵੀ ਹਾਲੇ ਤੱਕ ਜੇਲ੍ਹ ਵਿੱਚ ਬੰਦ ਹੈ। ਭੁੱਲਰ ਦੇ ਖ਼ਿਲਾਫ਼ ਮੰਡੀ ਗੋਬਿੰਦਗੜ੍ਹ ਦੇ ਅਜੇ ਬੱਤਾ ਨੇ ਰਿਸ਼ਵਤ ਮੰਗਣ ਦੀ ਸ਼ਿਕਾਇਤ ਕੀਤੀ ਸੀ। ਸੀਬੀਆਈ ਵੱਲੋਂ ਜਾਂਚ ਮੁਕੰਮਲ ਹੋਣ ਤੋਂ ਬਾਅਦ ਭੁੱਲਰ ਨੂੰ ਨੱਪ ਲਿਆ ਗਿਆ ਸੀ।

ਭੁੱਲਰ ਦੀ ਗ੍ਰਿਫ਼ਤਾਰੀ ਤੋਂ ਬਾਅਦ ਕਈ ਹੋਰ ਸਿਵਲ ਅਤੇ ਪੁਲਿਸ ਉੱਚ ਅਫ਼ਸਰਾਂ ਦੀ ਗ੍ਰਿਫਤਾਰੀ ਦੀ ਚਰਚਾ ਸ਼ੁਰੂ ਹੋ ਗਈ ਸੀ। ਵਿੱਚ ਵਿਚਾਲੇ ਇੰਝ ਲੱਗਾ ਸੀ ਕਿ ਇਹ ਗ੍ਰਿਫ਼ਤਾਰੀ ਸਿਰਫ਼ ਖਬਰਾਂ ਤੱਕ ਸੀਮਤ ਹੋ ਕੇ ਰਹਿ ਗਈ ਹੈ ਪਰ ਸੀਬੀਆਈ ਤਾਂ ਆਪਣਾ ਕੰਮ ਕਰਦੀ ਰਹੀ ਸੀ। ਸੀਬੀਆਈ ਨੇ ਚੰਡੀਗੜ੍ਹ ਦੀ ਅਦਾਲਤ ਵਿੱਚ ਇਹ ਅਰਜ਼ੀ ਦਾਇਰ ਕਰਕੇ ਪੰਜਾਬ ਦੇ ਉਨ੍ਹਾਂ ਪੁਲਿਸ ਅਫਸਰਾਂ ਖ਼ਿਲਾਫ਼ ਮੁਢਲੀ ਜਾਂਚ ਕਰਨ ਦੀ ਇਜਾਜ਼ਤ ਲੈ ਲਈ ਸੀ ਜਿਹੜੇ ਕਿਰਸਾਨੂ ਦੇ ਸੰਪਰਕ ਵਿੱਚ ਸਨ। ਸੀਬੀਆਈ ਵੱਲੋਂ ਇਹਨਾਂ ਅਫਸਰਾਂ ਨਾਲ ਜੁੜੇ ਦਰਜਾ ਚਾਰ ਮੁਲਾਜ਼ਮਾਂ ਦੇ ਬਿਆਨ ਵੀ ਕਲਮਬੰਦ ਕੀਤੇ ਗਏ ਅਤੇ ਕਿਰਸਾਨੂ ਦੀ ਸ਼ਨਾਖਤ ਵੀ ਕਰਾਈ ਗਈ ਸੀ। ਉਸ ਤੋਂ ਬਾਅਦ ਸੀਬੀਆਈ ਵੱਲੋਂ ਕਿਰਸਾਨੂ ਅਤੇ ਉਸ ਨਾਲ ਜੁੜੇ ਅਫ਼ਸਰਾਂ ਦੀ ਆਵਾਜ਼ ਦੀ ਫੋਰੈਂਸਿਕ ਜਾਂਚ ਕਰਾਉਣ ਤੋਂ ਬਾਅਦ ਹੁਣ ਸੀਬੀਆਈ ਨੇ ਅਦਾਲਤ ਤੋਂ ਹੋਰ ਅੱਗੇ ਵਧਣ ਦੀ ਇਜਾਜ਼ਤ ਲੈ ਲਈ ਹੈ।

ਸੀਬੀਆਈ ਨਾਲ ਜੁੜੇ ਸੂਤਰਾਂ ਦਾ ਕਹਿਣਾ ਹੈ ਕਿ ਕਿਰਸਾਨੂੰ ਦਾ ਜਿਨ੍ਹਾਂ ਅਫਸਰਾਂ ਕੋਲ ਜਾਣ ਆਉਣ ਸੀ ਜਾਂ ਜਿਹੜੇ ਕਿਰਸਾਨੂ ਨਾਲ ਫੋਨ 'ਤੇ ਸੰਪਰਕ ਵਿੱਚ ਸਨ, ਉਹਨਾਂ ਵੱਲੋਂ ਲਏ ਗਏ ਫੈਸਲਿਆਂ ਦਾ ਕੱਪੜ ਛਾਣ ਕੀਤਾ ਜਾਣਾ ਹੈ। ਸੀਬੀਆਈ ਇਹ ਵੀ ਪਤਾ ਲਾਵੇਗੀ ਕਿ ਜਿਨ੍ਹਾਂ ਦਿਨਾਂ ਦੌਰਾਨ ਦੋਹਾਂ ਧਿਰਾਂ ਵਿੱਚ ਫੋਨ ਹੁੰਦੇ ਰਹੇ ਹਨ, ਉਹਨਾਂ ਦਿਨਾਂ ਵਿੱਚ ਜਿਹੜੇ ਫੈਸਲੇ ਲਏ ਗਏ ਸਨ ਕੀ ਉਹਨਾਂ ਦਾ ਸਬੰਧ ਕਿਸੇ ਤਰ੍ਹਾਂ ਦੇ ਲੈਣ ਦੇਣ ਨਾਲ ਵੀ ਹੈ।

ਹੈਰਾਨੀ ਦੀ ਗੱਲ ਇਹ ਕਿ ਆਮ ਘਰ ਦਾ ਮੁੰਡਾ ਕਿਰਸਾਨੂ ਮੁਅੱਤਲ ਸਾਬਕਾ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਸਮੇਤ ਵੱਡੇ ਵੱਡੇ ਪੁਲਿਸ ਅਤੇ ਸਿਵਲ ਅਧਿਕਾਰੀਆਂ ਨਾਲ ਸਾਂਝ ਭਿਆਲੀ ਪਾ ਗਿਆ ਸੀ। ਪੰਜਾਬ ਦੇ ਵੱਡੇ ਅਫ਼ਸਰਾਂ ਦੀ ਪਿਛਲੇ ਦਿਨਾਂ ਤੋਂ ਨੀਂਦ ਹਰਾਮ ਹੋ ਗਈ ਹੈ। ਉਹਨਾਂ ਨੂੰ ਦਿਨੇ ਹੀ ਜੇਲ੍ਹ ਵਿੱਚ ਬੈਂਗਣਾਂ ਦੀ ਤਰੀ ਨਾਲ ਮਿਲਣ ਵਾਲੇ ਫੁਲਕਿਆਂ ਦੇ ਸੁਪਨੇ ਆਉਣ ਲੱਗੇ ਹਨ।

ਇੱਥੇ ਚੇਤੇ ਕਰਾਉਣਾ ਜ਼ਰੂਰੀ ਹੈ ਕਿ ਹਰਚਰਨ ਸਿੰਘ ਭੁੱਲਰ ਦੇ ਖ਼ਿਲਾਫ਼ ਪੰਜਾਬ ਵਿਜੀਲੈਂਸ ਨੇ ਵੀ ਇੱਕ ਪਰਚਾ ਦਰਜ ਕਰਕੇ ਉਸ ਦਾ ਪੁਲਿਸ ਰਿਮਾਂਡ ਲੈਣ ਦਾ ਹੰਭਲਾ ਮਾਰਿਆ ਸੀ ਪਰ ਸੀਬੀਆਈ ਨੇ ਪੈਰ ਨਹੀਂ ਲੱਗਣ ਦਿੱਤੇ ਸਨ। ਸੂਤਰ ਦਾਅਵਾ ਕਰਦੇ ਹਨ ਕਿ ਸੀਬੀਆਈ ਨੂੰ ਇਹ ਖਦਸ਼ਾ ਸੀ ਕਿ ਵਿਜੀਲੈਂਸ ਭੁੱਲਰ ਦਾ ਪੁਲਿਸ ਰਿਮਾਂਡ ਲੈਣ ਤੋਂ ਬਾਅਦ ਉਸ ਨੂੰ ਬਚਾਉਣ ਲਈ ਹਸਪਤਾਲ ਵਿੱਚ ਦਾਖਲ ਕਰਾਉਣ ਦਾ ਕੋਈ ਢਕਵੰਜ ਨਾ ਰਚ ਦੇਵੇ। ਇੱਕ ਤਰ੍ਹਾਂ ਨਾਲ ਕੇਂਦਰੀ ਅਤੇ ਸੂਬਾ ਏਜੰਸੀ ਵਿੱਚ ਖਿੱਚੋਤਾਣ ਹੁੰਦੀ ਰਹੀ। ਹਰਚਰਨ ਸਿੰਘ ਭੁੱਲਰ ਚੰਡੀਗੜ੍ਹ ਦੀ ਜ਼ਿਲ੍ਹਾ ਅਦਾਲਤ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਜ਼ਮਾਨਤ ਲਈ ਚਾਰਾਜੋਈ ਕਰ ਚੁੱਕੇ ਹਨ ਪਰ ਉਹਨਾਂ ਨੂੰ ਖ਼ੈਰ ਨਹੀਂ ਪਈ ਹੈ। ਇੱਕ ਹੋਰ ਜਾਣਕਾਰੀ ਅਨੁਸਾਰ ਸੀਬੀਆਈ ਵੱਲੋਂ ਉਹਨਾਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਵਧਾਈ ਜਾਂਚ ਵਿੱਚ ਉਹਦੇ ਆਪਣੇ ਅਤੇ ਪਰਿਵਾਰ ਦੇ ਨਾਂ ਸੌ ਤੋਂ ਵੱਧ ਜਾਇਦਾਦਾਂ ਹੋਣ ਦੀ ਜਾਣਕਾਰੀ ਵੀ ਸਾਹਮਣੇ ਆਈ ਸੀ। ਸੀਬੀਆਈ ਵੱਲੋਂ ਉਨ੍ਹਾਂ ਦੇ ਪਰਿਵਾਰ ਦੇ ਸਾਰੇ ਖਾਤੇ ਸੀਲ ਕਰ ਦਿੱਤੇ ਗਏ ਸਨ, ਜਿਨ੍ਹਾਂ ਵਿੱਚੋਂ ਬਾਅਦ ਵਿੱਚ ਤਿੰਨ ਖੋਲ੍ਹ ਦਿੱਤੇ ਗਏ ਸਨ।

ਪੰਜਾਬ ਸਰਕਾਰ ਦੇ ਵੇਹੜੇ ਵਿੱਚ ਲਗਾਤਾਰ ਉਹਨਾਂ ਆਈਏਐਸ ਅਤੇ ਆਈਪੀਐਸ ਅਫਸਰਾਂ ਦੇ ਨਾਂ ਜਿੱਥੇ ਜਾ ਰਹੇ ਹਨ ਜਿਨ੍ਹਾਂ ਦੇ ਸੀਬੀਆਈ ਦੇ ਅੜਿੱਕੇ ਆਉਣ ਦੀ ਸੰਭਾਵਨਾ ਹੈ। ਅਫ਼ਸਰ ਆਈਏਐਸ ਹੋਣ ਜਾਂ ਪੀਸੀਐਸ ਜਾਂ ਫਿਰ ਆਈਏਐਸ ਸਾਰੇ ਨੌਕਰੀ ਦਾ ਆਨੰਦ ਮਾਣ ਰਹੇ ਹਨ ਪਰ ਇਹਨਾਂ ਵਿੱਚੋਂ ਜ਼ਿਆਦਾਤਰ ਨੂੰ ਸਬਰ ਨਹੀਂ ਹੈ। ਬਹੁਤਿਆਂ ਦਾ ਉੱਪਰਲੀ ਕਮਾਈ ਤੋਂ ਬਿਨਾਂ ਗੁਜ਼ਾਰਾ ਨਹੀਂ ਚੱਲਦਾ ਹੈ। ਦੂਜੇ ਬੰਨੇ ਮੁਲਾਜ਼ਮ ਹਨ ਜਿਨ੍ਹਾਂ ਨੂੰ ਡੀਏ ਨਹੀਂ ਮਿਲ ਰਿਹਾ ਹੈ ਅਤੇ ਪੈਨਸ਼ਨ ਤੋਂ ਵੀ ਵਾਂਝਿਆਂ ਕਰ ਦਿੱਤਾ ਗਿਆ ਹੈ। ਲੋਕਾਂ ਨੂੰ ਜੋਕਾਂ ਦੀ ਤਰ੍ਹਾਂ ਚਿੰਬੜਨ ਵਾਲੇ ਅਫ਼ਸਰ ਹੋਣ ਜਾਂ ਸਿਆਸਤਦਾਨ ਸੀਬੀਆਈ, ਈਡੀ ਵਿਜੀਲੈਂਸ ਦੇ ਦੀ ਕੁੜਿੱਕੀ ਵਿੱਚ ਫਸਣੇ ਚਾਹੀਦੇ ਹਨ। ਸਿਆਣਿਆਂ ਨੇ ਸੱਚ ਹੀ ਕਿਹਾ ਹੈ ਕਿ ਸੌ ਦਿਨ ਚੋਰ ਦਾ ਇੱਕ ਦਿਨ ਸਾਧ ਦਾ। ਪਰ ਚੋਰ ਅਕਸਰ ਗ਼ਲਤ ਫਹਿਮੀ ਖਾ ਜਾਂਦੇ ਹਨ।



ਵਿੰਕਲਜੀਤ ਸਿੰਘ ਸਰਾ
9501477889

## ਸੋਨੇ ਦੀ ਚਿੜੀ ਦੀ ਮੁੜ ਉਡਾਣ

# ਅਰਬਪਤੀਆਂ ਦੀ ਭੀੜ ਵਿੱਚ ਗੁਆਚਦੇ ਆਮ ਮਨੁੱਖ ਦੇ ਅਹਿਸਾਸ

**ਸੁਪਨਿਆਂ ਦੀ ਦਸਤਕ ਅਤੇ ਅੰਕੜਿਆਂ ਦਾ ਸ਼ੋਰ** : ਜਦੋਂ ਮੈਂ ਸਵੇਰ ਦੀ ਸ਼ਾਂਤੀ ਵਿੱਚ ਅਖ਼ਬਾਰ ਦੀਆਂ ਉਨ੍ਹਾਂ ਸੁਰਖੀਆਂ 'ਤੇ ਨਜ਼ਰ ਮਾਰਦਾ ਹਾਂ ਜੋ ਭਾਰਤ ਵਿੱਚ 2031 ਤੱਕ 25,000 ਅਲਟਰਾ-ਅਮੀਰ ਲੋਕਾਂ ਦੀ ਆਬਾਦੀ ਹੋਣ ਦੀ ਪੇਸ਼ੀਨਗੋਈ ਕਰਦੀਆਂ ਹਨ, ਤਾਂ ਮੇਰਾ ਮਨ ਸਿਰਫ਼ ਗਣਿਤ ਦੇ ਅੰਕੜਿਆਂ ਵਿੱਚ ਨਹੀਂ ਉਲਝਦਾ। ਇੱਕ ਲੇਖਕ ਹੋਣ ਦੇ ਨਾਤੇ, ਮੈਨੂੰ ਇਨ੍ਹਾਂ ਅੰਕੜਿਆਂ ਦੇ ਪਿੱਛੇ ਉਹ ਅਣਥੱਕ ਮਿਹਨਤ, ਰਾਤਾਂ ਦੀ ਜਾਗ ਅਤੇ ਇੱਕ ਨਵੇਂ ਭਾਰਤ ਦੀ ਤੜਫ਼ ਮਹਿਸੂਸ ਹੁੰਦੀ ਹੈ। ਇਹ ਸਿਰਫ਼ ਬੈਂਕ ਖਾਤਿਆਂ ਵਿੱਚ ਵਧਦੇ ਸਿਫ਼ਰ ਨਹੀਂ ਹਨ, ਸਗੋਂ ਇਹ ਉਸ ਆਤਮ-ਵਿਸ਼ਵਾਸ ਦੀ ਗਵਾਹੀ ਹੈ ਜੋ ਅੱਜ ਦਾ ਭਾਰਤੀ ਵਿਸ਼ਵ ਮੰਚ 'ਤੇ ਖੜ੍ਹ ਕੇ ਦੇ ਰਿਹਾ ਹੈ। ਮੈਨੂੰ ਮਹਿਸੂਸ ਹੁੰਦਾ ਹੈ ਕਿ ਸਾਡਾ ਦੇਸ਼ ਇੱਕ ਅਜਿਹੀ ਆਰਥਿਕ ਕਰਵਟ ਲੈ ਰਿਹਾ ਹੈ, ਜਿੱਥੇ ਪੁਰਾਣੀਆਂ ਰਵਾਇਤਾਂ ਟੁੱਟ ਰਹੀਆਂ ਹਨ ਅਤੇ ਸਫ਼ਲਤਾ ਦੇ ਨਵੇਂ ਅਸਮਾਨ ਸਿਰਜੇ ਜਾ ਰਹੇ ਹਨ। ਇਹ ਵਾਧਾ ਸਿਰਫ਼ ਪੈਸੇ ਦਾ ਨਹੀਂ, ਸਗੋਂ ਭਾਰਤੀ ਮਨ ਦੀ ਆਜ਼ਾਦੀ ਅਤੇ ਉਸਦੀ ਉੱਡਣ ਦੀ ਚਾਹਤ ਦਾ ਪ੍ਰਤੀਕ ਹੈ। ਜਦੋਂ ਅਸੀਂ ਪੜ੍ਹਦੇ ਹਾਂ ਕਿ ਅਮੀਰਾਂ ਦੀ ਗਿਣਤੀ 27 ਫ਼ੀਸਦੀ ਵਧੇਗੀ, ਤਾਂ ਮੈਂ ਉਸ ਨੂੰ ਇੱਕ ਅਜਿਹੀ ਲਹਿਰ ਵਜੋਂ ਦੇਖਦਾ ਹਾਂ ਜੋ ਆਪਣੇ ਨਾਲ ਲੱਖਾਂ ਨਵੇਂ ਮੌਕੇ ਲੈ ਕੇ ਆਵੇਗੀ।

**ਕਾਰਪੋਰੇਟ ਸੱਭਿਆਚਾਰ; ਲੋਕ-ਭਲਾਈ ਬਨਾਮ ਨਿੱਜੀ ਸਾਮਰਾਜ** : ਜਦੋਂ ਅਸੀਂ ਭਾਰਤ ਵਿੱਚ ਅਮੀਰਾਂ ਦੀ ਵਧਦੀ ਗਿਣਤੀ ਅਤੇ 2031 ਦੇ ਸੁਪਨਿਆਂ ਦੀ ਗੱਲ ਕਰਦੇ ਹਾਂ, ਤਾਂ ਸਾਡੀ ਨਜ਼ਰ ਉਨ੍ਹਾਂ ਪੁਰਾਣੇ ਅਤੇ ਨਵੇਂ ਉਦਯੋਗਿਕ ਘਰਾਣਿਆਂ 'ਤੇ ਪੈਂਦੀ ਹੈ, ਜਿਨ੍ਹਾਂ ਨੇ ਦੇਸ਼ ਦੀ ਦੌਲਤ ਦਾ ਵੱਡਾ ਹਿੱਸਾ ਆਪਣੇ ਕੋਲ ਸਮੇਟਿਆ ਹੋਇਆ ਹੈ। ਇੱਥੇ ਇੱਕ ਲੇਖਕ ਦੇ ਮਨ ਵਿੱਚ ਇਹ ਸਵਾਲ ਉੱਠਣਾ ਲਾਜ਼ਮੀ ਹੈ ਕਿ ਕੀ ਇਹ ਵਧਦੀ ਦੌਲਤ ਦੇਸ਼ ਦੇ ਕੰਮ ਆ ਰਹੀ ਹੈ ਜਾਂ ਸਿਰਫ਼ ਕੁਝ ਖਾਸ ਤਿਜ਼ੋਰੀਆਂ ਨੂੰ ਭਰ ਰਹੀ ਹੈ ?

**ਟਾਟਾ ਸਮੂਹ; ਰੂਹਾਨੀ ਅਮੀਰੀ ਅਤੇ ਲੋਕ-ਸੇਵਾ ਦਾ ਪ੍ਰਤੀਕ** : ਭਾਰਤ ਵਿੱਚ ਜਦੋਂ ਵੀ ਅਮੀਰੀ ਅਤੇ ਨੈਤਿਕਤਾ ਦੀ ਗੱਲ ਹੁੰਦੀ ਹੈ, ਤਾਂ ਟਾਟਾ (Tata) ਦਾ ਨਾਮ ਸਭ ਤੋਂ ਉੱਪਰ ਆਉਂਦਾ ਹੈ। ਜਮਸ਼ੇਦਜੀ ਟਾਟਾ ਤੋਂ ਲੈ ਕੇ ਰਤਨ ਟਾਟਾ ਤੱਕ, ਇਸ ਖਾਨਦਾਨ ਨੇ ਸਾਬਤ ਕੀਤਾ ਹੈ ਕਿ ਅਮੀਰੀ ਸਿਰਫ਼ ਬੈਂਕ ਬੈਲੇਂਸ ਨਾਲ ਨਹੀਂ, ਸਗੋਂ ਵੱਡੇ ਜਿਗਰੇ ਨਾਲ ਮਾਪੀ ਜਾਂਦੀ ਹੈ। ਟਾਟਾ ਸਮੂਹ ਦੀ ਕਮਾਈ ਦਾ ਇੱਕ ਵੱਡਾ ਹਿੱਸਾ ਅੱਜ ਵੀ **'ਟਾਟਾ ਟਰੱਸਟ'** ਰਾਹੀਂ ਦੇਸ਼ ਦੇ ਕੈਂਸਰ ਹਸਪਤਾਲਾਂ, ਵਿਦਿਅਕ ਸੰਸਥਾਵਾਂ ਅਤੇ ਖੋਜ ਕੇਂਦਰਾਂ ਵਿੱਚ ਜਾਂਦਾ ਹੈ। ਮੈਨੂੰ ਮਹਿਸੂਸ ਹੁੰਦਾ ਹੈ ਕਿ ਟਾਟਾ ਨੇ ਸਿਰਫ਼ ਕੰਪਨੀਆਂ ਨਹੀਂ ਖੜ੍ਹੀਆਂ ਕੀਤੀਆਂ, ਸਗੋਂ ਦੇਸ਼ ਦਾ ਭਰੋਸਾ ਜਿੱਤਿਆ ਹੈ। ਉਹ ਅਜਿਹੇ ਅਮੀਰ ਹਨ ਜਿਨ੍ਹਾਂ ਨੇ ਆਪਣੀਆਂ ਤਿਜ਼ੋਰੀਆਂ ਨੂੰ ਲੋਕਾਂ ਦੇ ਹੰਝੂ ਪੂੰਝਣ ਲਈ ਖੋਲ੍ਹ ਕੇ ਰੱਖਿਆ ਹੈ।

**ਅੰਬਾਨੀ ਅਤੇ ਅਡਾਨੀ; ਸਾਮਰਾਜ ਦਾ ਵਿਸਥਾਰ ਅਤੇ ਨਿੱਜੀ ਤੇਜ਼ੀ** : ਦੂਜੇ ਪਾਸੇ, ਜਦੋਂ ਅਸੀਂ ਅੰਬਾਨੀ (Ambani) ਅਤੇ ਅਡਾਨੀ (Adani) ਵਰਗੇ ਨਾਵਾਂ ਨੂੰ ਦੇਖਦੇ ਹਾਂ, ਤਾਂ ਇੱਥੇ ਅਮੀਰੀ ਦਾ ਇੱਕ ਵੱਖਰਾ ਰੂਪ ਨਜ਼ਰ ਆਉਂਦਾ ਹੈ। ਰਿਲਾਇੰਸ ਅਤੇ ਅਡਾਨੀ ਗਰੁੱਪ ਨੇ ਬਿਨਾਂ ਸ਼ੱਕ ਭਾਰਤ ਨੂੰ ਡਿਜੀਟਲ ਕ੍ਰਾਂਤੀ (Jio) ਅਤੇ ਬੁਨਿਆਦੀ ਢਾਂਚੇ (Ports & Energy) ਵਿੱਚ ਦੁਨੀਆ ਦੇ ਬਰਾਬਰ ਲਿਆ ਕੇ ਖੜ੍ਹਾ ਕੀਤਾ ਹੈ। ਪਰ ਇੱਕ ਲੇਖਕ ਵਜੋਂ, ਮੈਂ ਇਹ ਮਹਿਸੂਸ ਕਰਦਾ ਹਾਂ ਕਿ ਇੱਥੇ **'ਲੋਕ-ਭਲਾਈ'** ਨਾਲੋਂ **'ਵਿਅਕਤੀਗਤ ਸਾਮਰਾਜ'** ਦੇ ਵਿਸਥਾਰ ਦੀ ਗੂੰਜ ਵਧੇਰੇ ਸੁਣਾਈ ਦਿੰਦੀ ਹੈ। ਅੰਬਾਨੀ ਪਰਿਵਾਰ ਦੇ ਵਿਆਹਾਂ 'ਤੇ ਹੋਣ ਵਾਲਾ ਬੇਅੰਤ ਖ਼ਰਚਾ ਅਤੇ ਅਡਾਨੀ ਦੇ ਤੇਜ਼ੀ ਨਾਲ ਵਧਦੇ ਗਲੋਬਲ ਅੰਕੜੇ ਅਕਸਰ ਆਮ ਆਦਮੀ ਦੇ ਮਨ ਵਿੱਚ ਇਹ ਸਵਾਲ ਪੈਦਾ ਕਰਦੇ ਹਨ ਕਿ ਕੀ ਇਹ ਦੌਲਤ ਸਮਾਜ ਦੇ ਹੇਠਲੇ ਪੱਧਰ ਤੱਕ ਪਹੁੰਚ ਰਹੀ ਹੈ ? ਜਿੱਥੇ ਟਾਟਾ ਸੰਸਥਾਵਾਂ ਬਣਾਉਣ 'ਤੇ ਜ਼ੋਰ ਦਿੰਦੇ ਹਨ, ਉੱਥੇ ਇਹ ਨਵੇਂ ਘਰਾਣੇ ਮਾਰਕੀਟ 'ਤੇ ਕਬਜ਼ਾ ਕਰਨ (Dominance) ਲਈ ਜਾਣੇ ਜਾਂਦੇ ਹਨ।

**ਚਮਕਦੇ ਅੰਕੜੇ ਅਤੇ ਖਾਲੀ ਹੱਥਾਂ ਦਾ ਦਰਦ** : ਲੇਖਕ ਦੀ ਸੋਚ ਇੱਥੇ ਆ ਕੇ ਥੰਮ ਜਾਂਦੀ ਹੈ ਕਿ ਜਦੋਂ 2031 ਵਿੱਚ ਸਾਡੇ ਕੋਲ 25,000 ਅਲਟਰਾ-ਰਿਚ ਲੋਕ ਹੋਣਗੇ, ਤਾਂ ਉਹ ਕਿਸ ਤਰ੍ਹਾਂ ਦੇ ਨਕਸ਼ੇ-ਕਦਮ ਅਪਣਾਉਣਗੇ ? ਕੀ ਉਹ ਟਾਟਾ ਵਾਂਗ **'ਦੇਸ਼-ਪਹਿਲਾਂ'** ਦੀ ਨੀਤੀ 'ਤੇ ਚੱਲਣਗੇ ਜਾਂ ਸਿਰਫ਼ ਆਪਣੀ ਨੈੱਟ-ਵਰਥ (Net worth) ਵਧਾਉਣ ਦੀ ਦੌੜ ਵਿੱਚ ਲੱਗੇ ਰਹਿਣਗੇ ? ਮੈਨੂੰ ਲੱਗਦਾ ਹੈ ਕਿ ਜੇਕਰ ਭਾਰਤ ਦੇ ਨਵੇਂ ਅਮੀਰਾਂ ਨੇ ਸਿਰਫ਼ ਆਪਣੀਆਂ ਤਿਜ਼ੋਰੀਆਂ ਭਰਨ ਨੂੰ ਹੀ ਆਪਣਾ ਮਕਸਦ ਬਣਾ ਲਿਆ ਤਾਂ ਇਹ ਵਧਦੀ ਅਮੀਰੀ ਸਮਾਜ ਵਿੱਚ ਸਿਰਫ਼ ਸਾੜਾ ਅਤੇ ਤਣਾਅ ਹੀ ਪੈਦਾ ਕਰੇਗੀ।

**ਮਹਾਨਗਰਾਂ ਦੀ ਚਮਕ ਅਤੇ ਰੂਹ ਦਾ ਅਹਿਸਾਸ** : ਮੁੰਬਈ, ਦਿੱਲੀ ਅਤੇ ਬੈਂਗਲੁਰੂ ਵਰਗੇ ਸ਼ਹਿਰਾਂ ਵਿੱਚ ਜਦੋਂ ਮੈਂ ਦੌਲਤ ਦੇ ਇਸ ਹੜ੍ਹ ਨੂੰ ਵਧਦੇ ਦੇਖਦਾ ਹਾਂ, ਤਾਂ ਮਨ ਵਿੱਚ ਇੱਕ ਅਜੀਬ ਜਿਹਾ ਮੰਜ਼ਰ ਉੱਭਰਦਾ ਹੈ। ਮੁੰਬਈ ਦੀ 35.4 ਫ਼ੀਸਦੀ ਹਿੱਸੇਦਾਰੀ ਮੈਨੂੰ ਦੱਸਦੀ ਹੈ ਕਿ ਇਹ ਸ਼ਹਿਰ ਸਿਰਫ਼ ਇੱਟਾਂ-ਪੱਥਰਾਂ ਦਾ ਜੰਗਲ ਨਹੀਂ, ਸਗੋਂ ਉਮੀਦਾਂ ਦਾ ਉਹ ਅਥਾਹ ਸਮੁੰਦਰ ਹੈ ਜਿੱਥੇ ਹਰ ਕੋਈ ਆਪਣੀ ਕਿਸਮਤ ਦੇ ਮੋਤੀ ਲੱਭਣ ਲਈ ਆਉਂਦਾ ਹੈ। ਮੁੰਬਈ ਦੇ ਕੋਲਾਬਾ ਤੋਂ ਲੈ ਕੇ ਬਾਂਦਰਾ ਤੱਕ ਦੀਆਂ ਉੱਚੀਆਂ ਇਮਾਰਤਾਂ ਮੈਨੂੰ ਇਹ ਅਹਿਸਾਸ ਕਰਵਾਉਂਦੀਆਂ ਹਨ ਕਿ ਭਾਰਤ ਦੀ ਆਰਥਿਕ ਰਾਜਧਾਨੀ ਹੁਣ ਦੁਨੀਆ ਦੇ ਸਭ ਤੋਂ ਮਜ਼ਬੂਤ ਵਿੱਤੀ ਕੇਂਦਰਾਂ ਨਾਲ ਮੋਢਾ ਜੋੜ ਰਹੀ ਹੈ। ਪਰ ਇਸ ਚਮਕ ਦੇ ਨਾਲ-ਨਾਲ ਮੈਂ ਉਨ੍ਹਾਂ ਗਲੀਆਂ ਨੂੰ ਵੀ ਮਹਿਸੂਸ ਕਰਦਾ ਹਾਂ ਜਿੱਥੇ ਅਜੇ ਚਾਨਣ ਦੀ ਕਿਰਨ ਪਹੁੰਚਣੀ ਬਾਕੀ ਹੈ। ਲੇਖਕ ਦਾ ਮਨ ਹਮੇਸ਼ਾ ਉਸ ਸੰਤੁਲਨ ਦੀ ਭਾਲ ਕਰਦਾ ਹੈ, ਜਿੱਥੇ ਸ਼ਹਿਰਾਂ ਦੇ ਉੱਚੇ ਬੁਰਜਾਂ ਦੀ ਪਰਛਾਵੇਂ ਪਿੰਡਾਂ ਦੀਆਂ ਕੱਚੀਆਂ ਕੰਧਾਂ ਨੂੰ ਹਨੇਰੇ ਵਿੱਚ ਨਾ ਧੱਕ ਦੇਣ। ਇਹ ਅਮੀਰੀ ਜੇਕਰ ਸਾਂਝੀਵਾਲਤਾ ਦਾ ਰੰਗ ਫੜ ਲਵੇ ਅਤੇ ਪਿੰਡਾਂ ਤੱਕ ਆਪਣਾ ਪ੍ਰਭਾਵ ਪਹੁੰਚਾਵੇ, ਤਾਂ ਹੀ ਇਹ ਅਸਲੀ ਮਾਅਨਿਆਂ ਵਿੱਚ ਸਾਰਥਕ ਮਹਿਸੂਸ ਹੁੰਦੀ ਹੈ। ਦਿੱਲੀ ਦੀ ਵਧਦੀ ਹਿੱਸੇਦਾਰੀ ਵੀ ਸਾਨੂੰ ਦੱਸਦੀ ਹੈ ਕਿ ਸੱਤਾ ਅਤੇ ਸਰਮਾਇਆ ਹੁਣ ਇੱਕੋ ਮੇਜ਼ 'ਤੇ ਬੈਠ ਕੇ ਭਵਿੱਖ ਦੀਆਂ ਨੀਤੀਆਂ ਬੁਣ ਰਹੇ ਹਨ।

**ਡਿਜੀਟਲ ਕ੍ਰਾਂਤੀ; ਵਿਚਾਰਾਂ ਦੀ ਅਮੀਰੀ ਦਾ ਜਸ਼ਨ** : ਅੱਜ ਜਦੋਂ ਮੈਂ ਦੇਖਦਾ ਹਾਂ ਕਿ ਇੱਕ ਨੌਜਵਾਨ ਆਪਣੇ ਕਮਰੇ ਵਿੱਚ ਬੈਠਾ ਸਿਰਫ਼ ਇੱਕ ਲੈਪਟਾਪ ਅਤੇ ਇੰਟਰਨੈੱਟ ਦੀ ਮਦਦ ਨਾਲ ਕਰੋੜਾਂ ਦੀ ਦੌਲਤ ਸਿਰਜ ਰਿਹਾ ਹੈ, ਤਾਂ ਮੈਨੂੰ ਲੱਗਦਾ ਹੈ ਕਿ ਅਸੀਂ ਸਰੀਰਕ ਮਿਹਨਤ ਦੇ ਯੁੱਗ ਤੋਂ ਨਿਕਲ ਕੇ **'ਸੋਚ ਦੀ ਅਮੀਰੀ'** ਦੇ ਯੁੱਗ ਵਿੱਚ ਪ੍ਰਵੇਸ਼ ਕਰ ਗਏ ਹਾਂ। ਇਹ ਬਦਲਾਅ ਮੈਨੂੰ ਬਹੁਤ ਡੂੰਘਾ ਮਹਿਸੂਸ ਹੁੰਦਾ ਹੈ। ਹੁਣ ਅਮੀਰੀ ਸਿਰਫ਼ ਜੱਦੀ-ਪੁਸ਼ਤੀ ਜਾਂ ਵਿਰਾਸਤੀ ਨਹੀਂ ਰਹੀ, ਸਗੋਂ ਇਹ **'ਹੁਨਰ'** ਅਤੇ **'ਨਵੀਨਤਾ'** ਦੀ ਮੁਥਾਜ਼ ਹੋ ਗਈ ਹੈ। ਡਿਜੀਟਲਾਈਜ਼ੇਸ਼ਨ ਨੇ ਉਹ ਸਾਰੀਆਂ ਦੀਵਾਰਾਂ ਢਾਹ ਦਿੱਤੀਆਂ ਹਨ, ਜਿਨ੍ਹਾਂ ਨੇ ਕਦੇ ਆਮ ਇਨਸਾਨ ਨੂੰ ਅਮੀਰੀ ਤੋਂ ਦੂਰ ਰੱਖਿਆ ਸੀ। ਇਹ ਮੇਰੇ ਦੇਸ਼ ਦੇ ਉਸ ਹਰ ਬੱਚੇ ਲਈ ਇੱਕ ਉਮੀਦ ਹੈ ਜੋ ਕਿਸੇ ਦੂਰ-ਦੁਰਾਡੇ ਪਿੰਡ ਵਿੱਚ ਬੈਠਾ ਵੱਡੇ ਖ਼ਾਬ ਦੇਖ ਰਿਹਾ ਹੈ। ਇਹ ਅਹਿਸਾਸ ਬਹੁਤ ਸੁਖਦ ਹੈ ਕਿ ਭਵਿੱਖ ਦਾ ਭਾਰਤ ਸਿਰਫ਼ ਪੁਰਾਣੇ ਸਰਮਾਏਦਾਰਾਂ ਦਾ ਨਹੀਂ, ਸਗੋਂ ਉਨ੍ਹਾਂ ਨਵੇਂ ਦਿਮਾਗਾਂ ਦਾ ਹੋਵੇਗਾ ਜੋ ਮੁਸ਼ਕਲਾਂ ਦੇ ਹੱਲ ਲੱਭ ਕੇ ਦੌਲਤ ਕਮਾਉਣਗੇ। ਸ਼ੇਅਰ ਬਾਜ਼ਾਰ ਦੀ ਤੇਜ਼ੀ ਅਤੇ ਨਿੱਜੀ ਪੂੰਜੀ ਦਾ ਵਹਾਅ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਭਾਰਤੀ ਅਰਥਵਿਵਸਥਾ ਹੁਣ ਵਧੇਰੇ ਪਾਰਦਰਸ਼ੀ ਅਤੇ ਗਤੀਸ਼ੀਲ ਹੋ ਰਹੀ ਹੈ।

**ਵਧਦੀ ਖਾਈ ਅਤੇ ਇੱਕ ਦਰਦੀਲਾ ਖ਼ਦਸ਼ਾ** : ਪਰ ਇਸ ਸਾਰੀ ਖ਼ੁਸ਼ਹਾਲੀ ਦੇ ਵਿਚਕਾਰ, ਮੇਰੇ ਮਨ ਦੇ ਇੱਕ ਕੋਨੇ ਵਿੱਚ ਇੱਕ ਡੂੰਘਾ ਦਰਦ ਅਤੇ ਫ਼ਿਕਰ ਵੀ ਪਲ ਰਿਹਾ ਹੈ। ਜਦੋਂ ਮੈਂ ਅਮੀਰ ਅਤੇ ਗਰੀਬ ਦੇ ਵਿਚਕਾਰ ਵਧਦੀ ਹੋਈ ਇਸ ਵਿੱਥ ਨੂੰ ਮਹਿਸੂਸ ਕਰਦਾ ਹਾਂ, ਤਾਂ ਮੇਰੀ ਕਲਮ ਅਕਸਰ ਰੁਕ ਜਾਂਦੀ ਹੈ। ਮੈਨੂੰ ਇਹ ਖ਼ਦਸ਼ਾ ਸਤਾਉਂਦਾ ਹੈ ਕਿ ਕਿਤੇ ਇਹ 25,000 ਲੋਕ ਇੱਕ ਅਜਿਹਾ ਟਾਪੂ ਨਾ ਬਣਾ ਲੈਣ ਜਿਸਦਾ ਬਾਕੀ ਦੇ ਸਮਾਜ ਨਾਲੋਂ ਕੋਈ ਨਾਤਾ ਹੀ ਨਾ ਰਹੇ। ਅਮੀਰੀ ਦਾ ਵਧਣਾ ਦੇਸ਼ ਲਈ ਚੰਗਾ ਹੈ, ਪਰ ਜੇਕਰ ਮਹਿੰਗਾਈ ਦਾ ਕੁਹਾੜਾ ਸਿਰਫ਼ ਮੱਧ ਵਰਗ ਅਤੇ ਗਰੀਬਾਂ 'ਤੇ ਚੱਲਦਾ ਰਹੇ, ਤਾਂ ਉਹ ਤਰੱਕੀ ਬੇਮਾਅਨੀ ਹੋ ਜਾਂਦੀ ਹੈ। ਮੈਂ ਮਹਿਸੂਸ ਕਰਦਾ ਹਾਂ ਕਿ ਜਦੋਂ ਸ਼ਹਿਰਾਂ ਵਿੱਚ ਜ਼ਮੀਨਾਂ ਦੇ ਭਾਅ ਅਸਮਾਨੀ ਚੜ੍ਹਦੇ ਹਨ, ਤਾਂ ਇੱਕ ਆਮ ਆਦਮੀ ਦਾ ਆਪਣੀ ਛੱਤ ਦਾ ਸੁਪਨਾ ਧੁੰਦਲਾ ਪੈ ਜਾਂਦਾ ਹੈ। ਲੇਖਕ ਵਜੋਂ ਮੈਂ ਚਾਹੁੰਦਾ ਹਾਂ ਕਿ ਇਹ ਦੌਲਤ ਸਿਰਫ਼ ਤਿਜ਼ੋਰੀਆਂ ਵਿੱਚ ਬੰਦ ਨਾ ਰਹੇ, ਸਗੋਂ ਇਹ ਹਸਪਤਾਲਾਂ ਦੀਆਂ ਸਹੂਲਤਾਂ, ਸਰਕਾਰੀ ਸਕੂਲਾਂ ਦੀ ਗੁਣਵੱਤਾ ਅਤੇ ਕਿਸਾਨਾਂ ਦੇ ਕਰਜ਼ਿਆਂ ਦੇ ਹੱਲ ਵਜੋਂ ਸਾਹਮਣੇ ਆਵੇ। ਜੇਕਰ ਅਮੀਰੀ ਦੇ ਨਾਲ-ਨਾਲ ਮਾਨਵਤਾ ਪ੍ਰਤੀ ਸੰਵੇਦਨਸ਼ੀਲਤਾ ਨਾ ਵਧੀ, ਤਾਂ ਇਹ ਚਮਕ ਸਿਰਫ਼ ਅੱਖਾਂ ਨੂੰ ਚੁੰਧਿਆ ਸਕਦੀ ਹੈ, ਰੂਹ ਨੂੰ ਤ੍ਰਿਪਤ ਨਹੀਂ ਕਰ ਸਕਦੀ।

**ਭਵਿੱਖ ਦੀ ਗੋਦ ਵਿੱਚ ਪਲਦਾ ਨਵਾਂ ਇਤਿਹਾਸ** : ਜਦੋਂ ਮੈਂ 2031 ਦੀ ਕਲਪਨਾ ਕਰਦਾ ਹਾਂ, ਤਾਂ ਮੈਨੂੰ ਇੱਕ ਅਜਿਹਾ ਭਾਰਤ ਦਿਖਾਈ ਦਿੰਦਾ ਹੈ ਜੋ ਆਰਥਿਕ ਤੌਰ 'ਤੇ ਮਜ਼ਬੂਤ ਅਤੇ ਸਮਾਜਿਕ ਤੌਰ 'ਤੇ ਜਾਗਰੂਕ ਹੈ। ਮੈਨੂੰ ਮਹਿਸੂਸ ਹੁੰਦਾ ਹੈ ਕਿ ਇਹ ਵਧਦੀ ਅਮੀਰੀ ਸਾਡੇ ਦੇਸ਼ ਦੇ ਪੁਨਰ-ਜਨਮ ਦੀ ਨਿਸ਼ਾਨੀ ਹੈ। ਪਰ ਮੇਰੀ ਸੋਚ ਦਾ ਕੇਂਦਰ ਹਮੇਸ਼ਾ ਇਹੀ ਰਹੇਗਾ ਕਿ ਅਸਲੀ ਅਮੀਰੀ ਉਹੀ ਹੈ ਜੋ ਦੂਜਿਆਂ ਦੇ ਹੰਝੂ ਪੂੰਝਣ ਦੇ ਕੰਮ ਆਵੇ। ਭਾਰਤ ਦੀ ਇਸ ਉਡਾਣ ਨੂੰ ਮੈਂ ਇੱਕ ਅਜਿਹੇ ਪੰਛੀ ਦੇ ਰੂਪ ਵਿੱਚ ਦੇਖਦਾ ਹਾਂ, ਜਿਸ ਦੇ ਖੰਭ ਤਾਂ ਬਹੁਤ ਉੱਚੇ ਹਨ, ਪਰ ਜਿਸਦੀ ਨਜ਼ਰ ਹਮੇਸ਼ਾ ਆਪਣੀ ਧਰਤੀ ਅਤੇ ਜੜ੍ਹਾਂ 'ਤੇ ਟਿਕੀ ਹੋਈ ਹੈ। ਇਹ ਮੇਰਾ ਅਹਿਸਾਸ ਹੈ ਕਿ ਅਸੀਂ ਸਿਰਫ਼ ਪੈਸੇ ਪੱਖੋਂ ਹੀ ਨਹੀਂ, ਸਗੋਂ ਨੈਤਿਕਤਾ ਅਤੇ ਭਾਈਚਾਰਕ ਸਾਂਝ ਪੱਖੋਂ ਵੀ ਦੁਨੀਆ ਦੇ ਸਭ ਤੋਂ ਅਮੀਰ ਦੇਸ਼ ਬਣੀਏ। ਆਉਣ ਵਾਲੇ ਸਾਲਾਂ ਵਿੱਚ ਇਹ 25,000 ਪਰਿਵਾਰ ਦੇਸ਼ ਦੀ ਤਕਦੀਰ ਬਦਲਣ ਵਿੱਚ ਵੱਡੀ ਭੂਮਿਕਾ ਨਿਭਾਉਣਗੇ, ਬੱਸ ਲੋੜ ਇਸ ਗੱਲ ਦੀ ਹੈ ਕਿ ਉਹ **'ਮੈਂ'** ਤੋਂ ਨਿਕਲ ਕੇ **'ਅਸੀਂ'** ਦੇ ਸੰਕਲਪ ਨੂੰ ਅਪਣਾਉਣ।

**ਇੱਕ ਨਵੀਂ ਉਮੀਦ ਦਾ ਸਫ਼ਰ** : ਅਖ਼ਬਾਰ ਦੀ ਉਹ ਰਿਪੋਰਟ ਮੇਰੇ ਲਈ ਸਿਰਫ਼ ਕਾਗਜ਼ ਦਾ ਟੁਕੜਾ ਨਹੀਂ ਰਹੀ, ਸਗੋਂ ਇੱਕ ਅਜਿਹਾ ਆਇਨਾ ਬਣ ਗਈ ਹੈ ਜਿਸ ਵਿੱਚ ਮੈਂ ਆਪਣੇ ਦੇਸ਼ ਦਾ ਬਦਲਦਾ ਚਿਹਰਾ ਦੇਖ ਰਿਹਾ ਹਾਂ। ਅਸੀਂ ਅੱਜ ਦੁਨੀਆ ਦੀਆਂ ਵੱਡੀਆਂ ਤਾਕਤਾਂ ਦੇ ਬਰਾਬਰ ਖੜ੍ਹੇ ਹਾਂ। ਮੇਰਾ ਅਨੁਭਵ ਕਹਿੰਦਾ ਹੈ ਕਿ ਭਾਰਤ ਦੀ ਇਹ ਆਰਥਿਕ ਤਰੱਕੀ ਅਜੇ ਤਾਂ ਸਿਰਫ਼ ਸ਼ੁਰੂਆਤ ਹੈ। ਜੇਕਰ ਅਸੀਂ ਆਪਣੇ ਸੱਭਿਆਚਾਰਕ ਮੁੱਲਾਂ ਨੂੰ ਸੰਭਾਲ ਕੇ ਰੱਖਿਆ ਅਤੇ ਇਸ ਦੌਲਤ ਦੀ ਵਰਤੋਂ ਸਮਾਜਿਕ ਭਲਾਈ ਲਈ ਕੀਤੀ, ਤਾਂ 2031 ਦਾ ਭਾਰਤ ਸਿਰਫ਼ ਅਮੀਰਾਂ ਦਾ ਦੇਸ਼ ਨਹੀਂ ਹੋਵੇਗਾ, ਸਗੋਂ ਖ਼ੁਸ਼ਹਾਲ ਇਨਸਾਨਾਂ ਦਾ ਦੇਸ਼ ਹੋਵੇਗਾ। ਲੇਖਕ ਦੀ ਕਲਮ ਹਮੇਸ਼ਾ ਇਸੇ ਉਮੀਦ ਵਿੱਚ ਚੱਲਦੀ ਰਹੇਗੀ ਕਿ ਹਰ ਵਧਦਾ ਅੰਕੜਾ ਕਿਸੇ ਨਾ ਕਿਸੇ ਗਰੀਬ ਦੇ ਘਰ ਦਾ ਚੁੱਲ੍ਹਾ ਬਾਲਣ ਵਿੱਚ ਸਹਾਈ ਹੋਵੇ।

# ਦਿੱਲੀ 'ਚ ਸੰਜੇ ਸਿੰਘ ਤੇ ਪੰਜਾਬ 'ਚ ਸਿਸੋਦੀਆ ਨੂੰ ਡੈਮੇਜ ਕੰਟਰੋਲ ਦੀ ਜ਼ਿੰਮੇਵਾਰੀ ਦਿੱਤੀ

### ☛ਰਾਜ ਸਭਾ ਮੈਂਬਰ ਰਾਘਵ ਚੱਢਾ ਦੇ ਬਿਆਨ ਤੋਂ ਬਾਅਦ ਚੌਕਸ ਹੋਈ 'ਆਪ'

ਨਵੀਂ ਦਿੱਲੀ, 27 ਅਪ੍ਰੈਲ (ਚ.ਨ.ਸ): ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਨਾਲ ਪਾਲਾ ਬਦਲਣ ਵਾਲੇ ਰਾਘਵ ਚੱਢਾ ਦੇ ਬਿਆਨ ਤੋਂ ਬਾਅਦ ਆਮ ਆਦਮੀ ਪਾਰਟੀ ਹਰਕਤ ਵਿੱਚ ਆ ਗਈ ਹੈ। ਗੁਜਰਾਤ ਦੌਰਾ ਵਿਚਾਲੇ ਛੱਡ ਕੇ ਵਾਪਸ ਪਰਤੇ ਪਾਰਟੀ ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਦੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਲੰਬੀ ਬੈਠਕ ਹੋਈ। ਇਸ ਵਿੱਚ ਪਾਰਟੀ ਨੂੰ ਭਵਿੱਖ ਦੇ ਸੰਭਾਵਿਤ ਨੁਕਸਾਨ ਤੋਂ ਬਚਾਉਣ 'ਤੇ ਚਰਚਾ ਕੀਤੀ ਗਈ। ਸੂਤਰਾਂ ਅਨੁਸਾਰ ਇਸ ਤੋਂ ਬਾਅਦ ਪਾਰਟੀ ਦੇ ਆਗੂ ਸੰਜੇ ਸਿੰਘ ਨੂੰ ਦਿੱਲੀ ਤੇ ਸਿਸੋਦੀਆ ਨੂੰ ਪੰਜਾਬ ਵਿੱਚ ਡੈਮੇਜ ਕੰਟਰੋਲ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਅਸਲ ਵਿੱਚ ਰਾਜ ਸਭਾ ਵਿੱਚ ਉਪ ਆਗੂ ਦੇ ਅਹੁਦੇ ਤੋਂ ਹਟਾਏ ਜਾਣ 'ਤੇ ਰਾਘਵ ਚੱਢਾ ਨੇ ਆਪਣੇ ਬਿਆਨ ਵਿੱਚ ਆਉਣ ਵਾਲੇ ਸਮੇਂ ਵਿੱਚ ਕੁਝ ਵੱਡਾ ਹੋਣ ਦੀ ਗੱਲ ਕਹੀ ਸੀ, ਪਰ ਉਸ ਸਮੇਂ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ



ਨੇ ਇਸ ਨੂੰ ਗੰਭੀਰਤਾ ਨਾਲ ਨਹੀਂ ਲਿਆ ਸੀ। ਪਰ ਪਾਲਾ ਬਦਲਣ ਤੋਂ ਬਾਅਦ ਚੱਢਾ ਨੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਸੰਪਰਕ ਵਿੱਚ ਹੋਣ ਦਾ ਜਿਸ ਤਰ੍ਹਾਂ ਬਿਆਨ ਦਿੱਤਾ ਹੈ, ਇਸ ਨਾਲ ਪਾਰਟੀ ਚੌਕਸ ਹੋ ਗਈ ਹੈ। ਸੂਤਰਾਂ ਦਾ ਕਹਿਣਾ ਹੈ ਕਿ ਜਿਸ ਤਰ੍ਹਾਂ ਚੱਢਾ ਨੇ ਇਹ ਬਿਆਨ ਦਿੱਤਾ ਹੈ, ਉਸ ਨਾਲ ਪਾਰਟੀ ਹੁਣ ਇਸ ਨੂੰ ਗੰਭੀਰਤਾ ਨਾਲ ਲੈ ਰਹੀ ਹੈ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੰਜੇ ਸਿੰਘ ਨੇ ਉਨ੍ਹਾਂ ਦਾਅਵਿਆਂ ਨੂੰ ਖ਼ਾਰਜ ਕਰ ਦਿੱਤਾ ਕਿ ਪੰਜਾਬ ਵਿੱਚ ਪਾਰਟੀ ਦੇ ਵਿਧਾਇਕ ਰਾਜ ਸਭਾ ਮੈਂਬਰ ਰਾਘਵ ਚੱਢਾ ਆਦਿ ਦੇ ਸੰਪਰਕ ਵਿੱਚ ਹਨ। ਉਨ੍ਹਾਂ ਨੇ ਅਜਿਹੀਆਂ ਗੱਲਾਂ ਨੂੰ ਗਲਤ ਜਾਣਕਾਰੀ ਤੇ ਅਫਵਾਹ ਦੱਸਿਆ। ਉਨ੍ਹਾਂ ਨੇ ਪ੍ਰੈਸ ਵਾਰਤਾ ਕਰਕੇ ਇਹ ਵੀ ਦੱਸਿਆ ਕਿ ਭਾਜਪਾ ਵਿੱਚ ਸ਼ਾਮਲ ਹੋਏ ਰਾਘਵ ਚੱਢਾ ਸਮੇਤ ਸੱਤਾਂ ਸੰਸਦ ਮੈਂਬਰਾਂ ਦੀ ਮੈਂਬਰਸ਼ਿਪ ਖ਼ਤਮ ਕਰਨ ਲਈ ਰਾਜ ਸਭਾ ਦੇ ਚੇਅਰਮੈਨ ਤੇ ਉਪ-ਰਾਸ਼ਟਰਪਤੀ ਨੂੰ ਪਟੀਸ਼ਨ ਭੇਜ ਦਿੱਤੀ ਹੈ। ਸੰਜੇ ਸਿੰਘ ਨੇ ਕਿਹਾ ਕਿ ਸੀਨੀਅਰ ਵਕੀਲ ਤੇ ਸੰਵਿਧਾਨ ਮਾਹਿਰ ਵੀ ਮੰਨ ਰਹੇ ਹਨ ਕਿ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸੰਸਦ ਮੈਂਬਰਾਂ ਦੀ ਮੈਂਬਰਸ਼ਿਪ ਜਾਣੀ ਤੈਅ ਹੈ।

# ਪੰਜਾਬ 'ਚ ਮੁੜ ਭਖੀ ਨਾੜ ਫੂਕਣ ਦੀ ਅੱਗ, 10 ਦਿਨਾਂ 'ਚ 197 ਮਾਮਲੇ ਦਰਜ

ਬਠਿੰਡਾ, 27 ਅਪ੍ਰੈਲ (ਚ.ਨ.ਸ): ਪੰਜਾਬ ਵਿੱਚ ਕਣਕ ਦੀ ਵਾਢੀ ਦੇ ਸੀਜ਼ਨ ਦੇ ਨਾਲ ਹੀ ਖੇਤਾਂ ਵਿੱਚ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੇ ਇੱਕ ਵਾਰ ਫਿਰ ਜ਼ੋਰ ਫੜ ਲਿਆ ਹੈ। ਭਾਰਤੀ ਖੇਤੀਬਾੜੀ ਖੋਜ ਸੰਸਥਾ ਵੱਲੋਂ ਜਾਰੀ ਕੀਤੇ ਗਏ ਸੈਟੇਲਾਈਟ ਅੰਕੜਿਆਂ ਅਨੁਸਾਰ ਪਿਛਲੇ ਸਿਰਫ 10 ਦਿਨਾਂ ਦੇ ਅੰਦਰ ਸੂਬੇ ਵਿੱਚ ਖੇਤਾਂ ਨੂੰ ਅੱਗ ਲਗਾਉਣ ਦੇ 197 ਮਾਮਲੇ ਸਾਹਮਣੇ ਆਏ ਹਨ। 15 ਤੋਂ 25 ਅਪ੍ਰੈਲ ਤੱਕ ਦੇ ਇਨ੍ਹਾਂ ਅੰਕੜਿਆਂ ਨੇ ਵਾਤਾਵਰਨ ਪ੍ਰੇਮੀਆਂ ਤੇ ਪ੍ਰਸ਼ਾਸਨ ਦੀ ਚਿੰਤਾ ਵਧਾ ਦਿੱਤੀ ਹੈ। ਇਸ ਸੂਚੀ ਵਿੱਚ ਹੁਸ਼ਿਆਰਪੁਰ ਜ਼ਿਲ੍ਹਾ ਸਭ ਤੋਂ ਮੋਹਰੀ ਰਿਹਾ ਹੈ, ਜਿੱਥੇ ਹੁਣ ਤੱਕ ਸਭ ਤੋਂ ਵੱਧ 24 ਮਾਮਲੇ ਦਰਜ ਕੀਤੇ ਗਏ ਹਨ। ਇਸ ਤੋਂ ਇਲਾਵਾ ਬਠਿੰਡਾ ਵਿੱਚ 17 ਤੇ ਫਿਰੋਜ਼ਪੁਰ ਵਿੱਚ 16 ਘਟਨਾਵਾਂ ਰਿਪੋਰਟ ਹੋਈਆਂ ਹਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ 15 ਅਪ੍ਰੈਲ ਤੋਂ ਫਾਰਮ ਫਾਇਰ ਮਾਮਲਿਆਂ ਦੀ ਨਿਗਰਾਨੀ ਸ਼ੁਰੂ ਕੀਤੀ ਗਈ ਸੀ, ਜੋ ਕਿ 31 ਮਈ ਤੱਕ ਜਾਰੀ ਰਹੇਗੀ। ਅੰਕੜਿਆਂ ਦੀ ਤੁਲਨਾ ਕਰੀਏ ਤਾਂ ਪਿਛਲੇ ਸਾਲ 2025 ਵਿੱਚ ਇਸੇ ਸਮੇਂ ਦੌਰਾਨ ਅੱਗ ਲੱਗਣ ਦੀਆਂ 217 ਘਟਨਾਵਾਂ ਵਾਪਰੀਆਂ ਸਨ, ਜਿਸ ਦੇ ਮੁਕਾਬਲੇ ਇਸ ਸਾਲ ਹਾਲੇ ਮਾਮੂਲੀ ਗਿਰਾਵਟ ਦੇਖਣ ਨੂੰ ਮਿਲੀ ਹੈ। ਹਾਲਾਂਕਿ, ਮਾਹਿਰਾਂ ਦਾ ਕਹਿਣਾ ਹੈ ਕਿ ਬੇਮੌਸਮੀ ਬਾਰਿਸ਼ ਤੇ ਗੜ੍ਹੇਮਾਰੀ ਕਾਰਨ ਇਸ ਵਾਰ ਵਾਢੀ ਵਿੱਚ ਦੇਰੀ ਹੋਈ ਹੈ, ਜਿਸ ਕਾਰਨ ਅੱਗ ਲੱਗਣ ਦੀਆਂ ਘਟਨਾਵਾਂ ਹੁਣ ਤੇਜ਼ੀ ਨਾਲ ਵਧਣ ਦੀ ਸਮੱਰਥਾ ਹੈ। ਰਾਜੀਵ ਗੁਪਤਾ ਨੋਡਲ ਅਫਸਰ ਪੀ.ਪੀ.ਸੀ.ਬੀ. ਨੇ ਦੱਸਿਆ ਕਿ ਵਿਭਾਗ ਵੱਲੋਂ ਕਿਸਾਨਾਂ ਨੂੰ ਨਾੜ ਨਾ ਸਾੜਨ ਲਈ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ



ਹੈ ਤੇ ਖੇਤਾਂ ਵਿੱਚ ਹੀ ਰਹਿੰਦ-ਖੂੰਹਦ ਦੇ ਨਿਬੇੜੇ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਵਾਰ ਪੰਜਾਬ ਵਿੱਚ ਲਗਭਗ 86 ਲੱਖ ਏਕੜ ਰਕਬੇ ਵਿੱਚ ਕਣਕ ਦੀ ਬਿਜਾਈ ਕੀਤੀ ਗਈ ਸੀ, ਜਿਸ ਤੋਂ 182 ਲੱਖ ਟਨ ਉਤਪਾਦਨ ਦੀ ਉਮੀਦ ਹੈ। ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਕਣਕ ਦੇ ਨਾੜ ਨੂੰ ਅਕਸਰ ਤੂੜੀ ਬਣਾ ਕੇ ਪਸ਼ੂਆਂ ਦੇ ਚਾਰੇ ਵਜੋਂ ਵਰਤਿਆ ਜਾਂਦਾ ਹੈ, ਪਰ ਫਿਰ ਵੀ ਬਹੁਤ ਸਾਰੇ ਕਿਸਾਨ ਅਗਲੀ ਫ਼ਸਲ ਲਈ ਖੇਤ ਤਿਆਰ ਕਰਨ ਦੀ ਕਾਹਲੀ ਵਿੱਚ ਜੜ੍ਹਾਂ ਤੇ ਬਚੇ ਹੋਏ ਨਾੜ ਨੂੰ ਅੱਗ ਲਗਾ ਦਿੰਦੇ ਹਨ। ਸਰਕਾਰ ਵੱਲੋਂ ਪਰਾਲੀ ਪ੍ਰੋਟੈਕਸ਼ਨ ਫੋਰਸ ਵੀ ਤਾਇਨਾਤ ਕੀਤੀ ਗਈ ਹੈ ਤਾਂ ਜੋ ਇਨ੍ਹਾਂ ਘਟਨਾਵਾਂ 'ਤੇ ਨਜ਼ਰ ਰੱਖੀ ਜਾ ਸਕੇ। ਆਉਣ ਵਾਲੇ ਦਿਨਾਂ ਵਿੱਚ ਜਿਵੇਂ-ਜਿਵੇਂ ਵਾਢੀ ਮੁਕੰਮਲ ਹੋਵੇਗੀ, ਖੇਤਾਂ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ ਵੱਡਾ ਉਛਾਲ ਆਉਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ।

# ਬਾਬਾ ਇਕਬਾਲ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਅੱਜ ਤੋਂ

ਚੀਮਾ, 27 ਅਪ੍ਰੈਲ (ਚ.ਨ.ਸ): ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੱਚਖੰਡ ਵਾਸੀ ਪਦਮਸ਼੍ਰੀ ਤੇ ਸ਼੍ਰੋਮਣੀ ਪੰਥ ਰਤਨ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੇ 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਅਪ੍ਰੈਲ 28, 29, 30 ਤੇ ਪਹਿਲੀ ਮਈ ਨੂੰ ਗੁਰਦੁਆਰਾ ਬੜੂ ਸਾਹਿਬ ਹਿਮਾਚਲ ਪ੍ਰਦੇਸ਼ ਵਿੱਚ ਕਰਵਾਇਆ ਜਾਵੇਗਾ। ਸਮਾਗਮ ਸਬੰਧੀ ਬੜੂ ਸਾਹਿਬ ਟਰੱਸਟ ਦੇ ਉਪ-ਪ੍ਰਧਾਨ ਭਾਈ ਜੇਜੀਤ ਸਿੰਘ (ਕਾਕਾ ਵੀਰ ਜੀ) ਨੇ ਦੱਸਿਆ ਕਿ ਇਸ ਮੌਕੇ ਜਿੱਥੇ 28 ਤੋਂ 30 ਅਪ੍ਰੈਲ ਤੱਕ 117 ਅਖੰਡ ਪਾਠਾਂ ਦੇ ਭੋਗ ਪਾਏ ਜਾਣਗੇ, ਉਥੇ ਨਾਲ ਹੀ ਸਹਿਜ ਪਾਠਾਂ ਦੇ ਵੀ ਭੋਗ ਪਾਏ ਜਾਣਗੇ ਤੇ ਪਹਿਲੀ ਮਈ ਨੂੰ ਸਵੇਰੇ ਸ਼ਾਮ ਕਥਾ ਕੀਰਤਨ, ਦੀਵਾਨ ਸਜਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪਹਿਲੀ ਮਈ ਨੂੰ ਸਵੇਰੇ ਅੰਮ੍ਰਿਤ ਸੰਚਾਰ ਕਰਵਾਇਆ



ਜਾਵੇਗਾ। ਉਨ੍ਹਾਂ ਦੱਸਿਆ ਕਿ ਸੇਖਾਗਮ ਦੇ ਆਖ਼ਰੀ ਦਿਨ ਗਿਆਨੀ ਬਲਦੇਵ ਸਿੰਘ ਪਟਨਾ ਸਾਹਿਬ, ਗਿਆਨੀ ਗਗਨਦੀਪ ਸਿੰਘ, ਕੰਵਲਦੀਪ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ, ਬਾਬਾ ਹਰਨੇਕ ਸਿੰਘ ਲੰਗਰਾਂ ਵਾਲੇ, ਬਾਬਾ ਜਗਤਾਰ ਸਿੰਘ ਕਾਨਗੜ੍ਹ ਵਾਲੇ ਸੰਗਤ ਨਾਲ ਗੁਰਮਤਿ ਵਚਨਾਂ ਦੀ ਸਾਂਝ ਪਾਉਣਗੇ।

# 30 ਤੋਂ ਸ਼ੁਰੂ ਹੋਵੇਗੀ ਸਵੈ-ਗਣਨਾ ਪ੍ਰਕਿਰਿਆ, ਜ਼ਿਲ੍ਹਾ ਵਾਸੀ ਵੱਧ ਤੋਂ ਵੱਧ ਹਿੱਸੇਦਾਰੀ ਯਕੀਨੀ ਬਣਾਉਣ: ਡੀ.ਸੀ.

ਹੁਸ਼ਿਆਰਪੁਰ, 27 ਅਪ੍ਰੈਲ (ਦੀਪਕ ਅਗਨੀਹੋਤਰੀ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜਨਗਣਨਾ-2027 ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ ਤੇ ਇਸ ਤਹਿਤ ਜ਼ਿਲ੍ਹੇ ਵਿੱਚ ਸਵੈ-ਗਣਨਾ ਦੀ ਪ੍ਰਕਿਰਿਆ 30 ਅਪ੍ਰੈਲ ਤੋਂ 14 ਮਈ ਤੱਕ ਕਰਵਾਈ ਜਾਵੇਗੀ। ਇਸ ਤੋਂ ਬਾਅਦ 15 ਮਈ ਤੋਂ 13 ਜੂਨ 2026 ਤੱਕ ਨਿਯੁਕਤ ਗਿਣਤੀਕਾਰ ਘਰ-ਘਰ ਜਾ ਕੇ ਮਰਦਮਸ਼ੁਮਾਰੀ ਦੀ ਪ੍ਰਕਿਰਿਆ ਸਬੰਧੀ ਵੇਰਵੇ ਲੈਣਗੇ। ਉਨ੍ਹਾਂ ਦੱਸਿਆ ਕਿ ਇਹ ਪ੍ਰਕਿਰਿਆ ਬਹੁਤ ਹੀ ਸੁਖਾਲੀ ਤੇ ਸੌਖੇ ਹੀ ਸਮਝ ਆ ਜਾਣ ਵਾਲੀ ਹੈ, ਜਿਸ ਨੂੰ ਲੋਕਾਂ ਵੱਲੋਂ ਆਸਾਨੀ ਨਾਲ ਆਨਲਾਈਨ ਮੁਕੰਮਲ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸਵੈ-ਗਣਨਾ ਉਪਰੰਤ ਫਰਵਰੀ 2027 ਵਿੱਚ ਇੱਕ ਵਿਸਥਾਰ ਸਰਵੇਖਣ ਵੀ ਕੀਤਾ ਜਾਵੇਗਾ, ਜਿਨ੍ਹਾਂ ਪਰਿਵਾਰਾਂ ਨੇ ਪਹਿਲਾਂ ਹੀ ਆਨਲਾਈਨ ਸਵੈ-ਗਣਨਾ ਕਰ ਲਈ ਹੋਵੇਗੀ, ਉਹ ਗਿਣਤੀਕਾਰ ਨੂੰ ਸਿਰਫ ਆਪਣੀ ਸਵੈ-ਗਣਨਾ ਵਾਲੀ ਆਈ.ਡੀ. ਦਿਖਾ ਕੇ ਪ੍ਰਕਿਰਿਆ ਨੂੰ ਆਸਾਨ ਬਣਾ ਸਕਦੇ ਹਨ। ਜਿਥੇ ਜਿਨ੍ਹਾਂ ਪਰਿਵਾਰਾਂ ਨੇ ਸਵੈ-ਗਣਨਾ ਨਹੀਂ ਕੀਤੀ ਹੋਵੇਗੀ, ਉਨ੍ਹਾਂ ਨੇ ਨਿਯੁਕਤ ਗਿਣਤੀਕਾਰ ਘਰ ਜਾ ਕੇ ਪੂਰੀ ਜਾਣਕਾਰੀ ਦਰਜ ਕਰੇਗਾ। ਮਰਦਮਸ਼ੁਮਾਰੀ ਦੀ ਪ੍ਰਕਿਰਿਆ ਬਾਰੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਬੰਧੀ ਲੋੜੀਂਦੇ ਇੰਤਜ਼ਾਮ ਤੇ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ ਤਾਂ ਜੋ ਸਮੁੱਚੀ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰਕਿਰਿਆ ਨੂੰ ਮੁਕੰਮਲ ਕਰਵਾਉਣ ਵਿੱਚ ਗਿਣਤੀਕਾਰਾਂ ਨਾਲ ਪੂਰਾ ਸਹਿਯੋਗ ਕਰਨ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਲੋਕਾਂ ਦੀ ਸਾਰੀ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਤੇ ਸੁਰੱਖਿਅਤ ਰਹੇਗੀ।

# 'ਆਪ' ਛੱਡ ਕੇ ਭਾਜਪਾ 'ਚ ਸ਼ਾਮਲ ਰਾਜ ਸਭਾ ਮੈਂਬਰਾਂ ਦੇ ਵਿਰੁੱਧ ਵਿਧਾਇਕ ਅਮਰਪਾਲ ਸਿੰਘ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 27 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਆਮ ਆਦਮੀ ਪਾਰਟੀ ਨੂੰ ਛੱਡ ਭਾਜਪਾ ਵਿੱਚ ਜਾਣ ਵਾਲੇ ਰਾਘਵ ਚੱਢਾ ਸਮੇਤ ਬਾਗੀ ਹੋਏ ਰਾਜ ਸਭਾ ਮੈਂਬਰਾਂ ਪ੍ਰਤੀ ਆਪ ਲੀਡਰਸ਼ਿਪ ਤੇ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਵਿਧਾਨ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਤੇ ਆਗੂਆਂ ਵੱਲੋਂ [illegible] ਚੱਢਾ, ਹਰਭਜਨ ਸਿੰਘ, ਸੰਦੀਪ ਪਾਠਕ, ਅਸ਼ੋਕ ਮਿੱਤਲ, ਰਾਜਿੰਦਰ ਕੁਮਾਰ, ਸਵਾਤੀ ਮਾਲੀਵਾਲ ਤੇ ਵਿਕਰਮਜੀਤ ਸਿੰਘ ਸਾਹਨੀ ਦੇ ਵਿਰੁੱਧ ਮੇਨ ਬਾਜ਼ਾਰ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਲੈ ਕੇ ਬੱਸ ਅੱਡਾ ਚੌਂਕ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੱਕ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਪੁਤਲੇ ਫੂਕੇ ਗਏ। ਇਸ ਮੌਕੇ ਵਿਧਾਇਕ ਅਮਰਪਾਲ ਸਿੰਘ ਕਿਸ਼ਨਕੋਟ ਨੇ ਕਿਹਾ ਕਿ ਪੰਜਾਬ ਦੇ ਲੋਕ ਇਨ੍ਹਾਂ



ਗੱਦਾਰਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ, ਜਿਨ੍ਹਾਂ ਨੇ ਪਾਰਟੀ ਦੇ ਅਕਸ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਮੈਡਮ ਨੀਲਮ ਘੁਮਾਣ, ਪੀਏ ਸੁਖਦੇਵ ਸਿੰਘ ਰੋਮੀ, ਪੀਏ ਨਵ ਭਿੰਡਰ, ਮਾਰਕੀਟ ਕਮੇਟੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਚੇਅਰਮੈਨ ਐਡ. ਨਿਸ਼ਾਨ ਸਿੰਘ ਚਾਹਲ, ਯੁੱਧ ਨਸ਼ਿਆਂ ਵਿਰੁੱਧ ਮੋਰਚਾ ਦੇ ਹਲਕਾ ਕੋਆਰਡੀਨੇਟਰ ਰਾਜਵਿੰਦਰ ਸਿੰਘ ਬਬਲੂ ਟੀਵੀਐਸ ਘੁਮਾਣ, ਸੰਗਠਨ ਇੰਚਾਰਜ ਹਰਜਿੰਦਰ ਸਿੰਘ ਰਾਜਪੁਰਾ, ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ, ਬਲਾਕ ਪ੍ਰਧਾਨ ਗੁਰਮੀਤ ਸਿੰਘ ਪੰਨੂੰ ਸਰਪੰਚ, ਸਾਬਕਾ ਸਰਪੰਚ ਮਨਜੀਤ ਸਿੰਘ ਹਰਦਾਨ, ਬਲਾਕ ਪ੍ਰਧਾਨ ਨਰਿੰਦਰ ਸਿੰਘ ਮੜੀਆਂਵਾਲਾ, ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਸਿੰਘ ਰਾਣਾ ਘੁਮਾਣ, ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਜੌਨੀ ਘੁਮਾਣ, ਸਾਬਕਾ ਸਰਪੰਚ ਨਰਿੰਦਰ ਸਿੰਘ ਨਿੰਦੀ ਘੁਮਾਣ, ਬਲਾਕ ਪ੍ਰਧਾਨ ਗੁਰਦਿਆਲ ਸਿੰਘ ਘੁਮਾਣ, ਸਰਪੰਚ ਨਿਸ਼ਾਨ ਸਿੰਘ ਮੱਲ੍ਹੀ, ਸਰਪੰਚ ਬਲਜੀਤ ਸਿੰਘ ਪੇਜੋਚੱਕ, ਸਰਪੰਚ ਨਿਰਵੈਰ ਸਿੰਘ ਦਕੋਹਾ, ਬਲਾਕ ਪ੍ਰਧਾਨ ਠੇਕੇਦਾਰ, ਸਤਿੰਦਰ ਸਿੰਘ ਦਕੋਹਾ ਪ੍ਰਧਾਨ ਪ੍ਰਲੋਕ ਸਿੰਘ ਘੁਮਾਣ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਆਗੂ ਹਾਜ਼ਰ ਸਨ।

# 4 ਕਿਲੋ 490 ਗ੍ਰਾਮ ਹੈਰੋਇਨ ਸਮੇਤ ਇੱਕ ਕਾਬੂ

ਨਵਾਂਸ਼ਹਿਰ, 27 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਤੁਸ਼ਾਰ ਗੁਪਤਾ ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ ਸ਼ਹੀਦ ਭਗਤ ਸਿੰਘ ਨਗਰ ਦੀਆਂ ਹਦਾਇਤਾਂ ਮੁਤਾਬਿਕ ਸਰਬਜੀਤ ਸਿੰਘ ਬਾਹੀਆ ਪੀ.ਪੀ.ਐਸ. ਕਪਤਾਨ ਪੁਲਿਸ ਜਾਂਚ ਤੇ ਜਤਿੰਦਰ ਚੌਹਾਨ ਪੀ.ਪੀ.ਐਸ. ਉਪ-ਕਪਤਾਨ ਪੁਲਿਸ ਜਾਂਚ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਿਸ ਵੱਲੋਂ ਨਸ਼ਾ ਸਮੱਗਲਰਾਂ ਤੇ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਨੂੰ ਜਾਰੀ ਰੱਖਦੇ ਹੋਏ ਸੀ.ਆਈ.ਏ. ਸਟਾਫ ਨਵਾਂਸ਼ਹਿਰ ਦੀ ਪੁਲਿਸ ਪਾਰਟੀ ਵੱਲੋਂ ਰਕੇਸ਼ ਕੁਮਾਰ ਉਰਫ ਰਾਹੁਲ ਪੁੱਤਰ ਰਾਮ ਕਿਸ਼ਨ ਵਾਸੀ ਟਕਾਰਲਾ ਥਾਣਾ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਕਾਬੂ ਕਰਕੇ ਇਸਦੇ ਕਬਜ਼ਾ ਵਾਲੀ ਗੱਡੀ ਮਾਰਕਾ ਇਨੋਵਾ ਕਰਿਸਟਾ ਨੰਬਰੀ 4334 ਵਿੱਚੋਂ 04 ਕਿਲੋ 490 ਗ੍ਰਾਮ ਹੈਰੋਇਨ ਬ੍ਰਾਮਦ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਮਿਤੀ 23.04.2026 ਨੂੰ ਏ.ਐਸ.ਆਈ. ਨਿਰਮਲ ਸਿੰਘ ਨੰ: 03, ਸੀ.ਆਈ.ਏ. ਸਟਾਫ ਨਵਾਂਸ਼ਹਿਰ ਸਮੇਤ ਪੁਲਿਸ ਪਾਰਟੀ ਦੌਰਾਨੇ ਗਸ਼ਤ ਕੰਗਨਾ



ਪੁੱਲ ਬਲਾਚੌਰ ਮੌਜੂਦਾ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਰਕੇਸ਼ ਕੁਮਾਰ ਉਰਫ ਰਾਹੁਲ ਪੁੱਤਰ ਰਾਮ ਕਿਸ਼ਨ ਵਾਸੀ ਟਕਾਰਲਾ ਥਾਣਾ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਰਾਹੀਂ ਨਵਾਂਸ਼ਹਿਰ, ਬਲਾਚੌਰ ਤੇ ਹੁਸ਼ਿਆਰਪੁਰ ਦੇ ਏਰੀਆ ਵਿੱਚ ਹੈਰੋਇਨ ਦੀ ਸਪਲਾਈ ਕਰ ਰਿਹਾ ਹੈ ਜੋ ਅੱਜ ਵੀ ਰਕੇਸ਼ ਕੁਮਾਰ ਉਕਤ ਆਪਣੀ ਗੱਡੀ ਮਾਰਕਾ ਇਨੋਵਾ ਕਰਿਸਟਾ ਰੰਗ ਚਿੱਟਾ ਵਿੱਚ ਹੈਰੋਇਨ ਲੈ ਕੇ ਪਿੰਡ ਸਾਹਲਾ ਸਾਈਡ ਤੋਂ ਨਹਿਰ ਦੇ ਨਾਲ-ਨਾਲ ਕਸਬਾ ਬਲਾਚੌਰ ਸਾਈਡ ਨੂੰ ਆ ਰਿਹਾ ਹੈ, ਜੇਕਰ ਹੁਣੇ ਹੀ ਨਹਿਰ ਦੇ ਨਾਲ-ਨਾਲ ਗਸ਼ਤ ਕੀਤੀ ਜਾਵੇ ਤਾਂ ਰਕੇਸ਼ ਕੁਮਾਰ ਉਕਤ ਹੈਰੋਇਨ ਦੀ ਵੱਡੀ ਖੇਪ ਸਮੇਤ ਕਾਬੂ ਆ ਸਕਦਾ ਹੈ ਜੋ ਮੁਖਬਰ ਖਾਸ ਦੀ ਇਤਲਾਹ 'ਤੇ ਮੁਕੱਦਮਾ ਨੰਬਰ 53 ਮਿਤੀ 23.04.2026 ਅ/ਧ 21, 29-61-1985 ਥਾਣਾ ਸਿਟੀ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਰਕੇਸ਼ ਕੁਮਾਰ ਵਗੈਰਾ ਦੇ ਦਰਜ ਕਰਵਾ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਤੇ ਪਿੰਡ ਗੜ੍ਹੀਕਾਨੂੰਗੋ ਕੋਲੋਂ ਰਕੇਸ਼ ਕੁਮਾਰ ਉਕਤ ਨੂੰ ਸਮੇਤ ਉਸਦੀ ਗੱਡੀ ਨੰਬਰੀ ਮਾਰਕਾ ਇਨੋਵਾ ਕਰਿਸਟਾ ਰੰਗ ਚਿੱਟਾ ਦੇ ਕਾਬੂ ਕੀਤਾ।

# ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 24 ਦੀ ਗਲੀ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ

ਬਟਾਲਾ/ਨੌਸ਼ਿਹਰਾ ਮੱਝਾ ਸਿੰਘ, 27 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਬਟਾਲਾ ਸ਼ਹਿਰ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਸ਼ਹਿਰ ਵਾਸੀਆਂ ਦੀਆਂ ਲੰਬੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ



ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਾਰਡ ਨੰਬਰ 24 ਵਿਖੇ ਵਾਰਡ ਵਾਸੀਆਂ ਦੀ ਮੌਜੂਦਗੀ ਵਿਖੇ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਨ ਉਪਰੰਤ ਕੀਤਾ। ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਦਹਾਕਿਆਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਤੇ ਹੁਣ ਲੋਕਾਂ ਦੀ ਬਾਂਹ ਫੜ੍ਹਦਿਆਂ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ। ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਿਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।

# ਰਮਨ ਬਹਿਲ ਵੱਲੋਂ ਤੇਜ਼ੀ ਨਾਲ ਵਿਕਾਸ ਕਾਰਜ ਜਾਰੀ: ਚੇਅਰਮੈਨ ਰਣਜੀਤ ਸਿੰਘ ਰਾਣਾ

### ☛ਹਲਕੇ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੀ ਸੇਵਾ 'ਚ 24 ਘੰਟੇ ਹਾਜ਼ਰ ਹਾਂ: ਰਣਜੀਤ ਸਿੰਘ

ਗੁਰਦਾਸਪੁਰ, 27 ਅਪ੍ਰੈਲ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਰਣਜੀਤ ਸਿੰਘ ਰਾਣਾ ਗੁਰਦਾਸਪੁਰ ਵੱਲੋਂ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨੂੰ ਲੈ ਕੇ ਖੁਸ਼ੀ ਜਤਾਈ ਗਈ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਹੀ ਆਮ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਤੇ ਪੰਜਾਬ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਖਾਸ ਤੌਰ 'ਤੇ ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਦੀ ਤਰੀਫ਼ ਕਰਦਿਆਂ ਕਿਹਾ ਕਿ ਉਹ ਆਪਣੇ ਹਲਕੇ ਵਿੱਚ ਹੀ ਨਹੀਂ, ਸਗੋਂ ਲੋਕਾਂ ਦੀ ਭਲਾਈ ਲਈ ਹਰ ਪੱਧਰ 'ਤੇ ਵੱਡੇ ਪੱਧਰ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਰਮਨ ਬਹਿਲ ਵੱਲੋਂ ਹਲਕੇ ਦੇ ਹਰ ਵਰਗ ਦੀਆਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਨਾਲ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਕਿ ਰਮਨ ਬਹਿਲ ਦੀ ਅਗਵਾਈ ਹੇਠ ਗੁਰਦਾਸਪੁਰ ਵਿੱਚ ਬਿਜਲੀ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਲਈ ਲਗਾਤਾਰ ਪ੍ਰੋਜੈਕਟ ਲਾਗੂ ਕੀਤੇ ਜਾ ਰਹੇ ਹਨ। ਇਸ ਤਹਿਤ ਹਾਲ ਹੀ ਵਿੱਚ 8 ਕਰੋੜ 90 ਲੱਖ ਰੁਪਏ ਦੀ ਲਾਗਤ



ਨਾਲ ਬਣਨ ਵਾਲੇ 66 ਕੇ.ਵੀ. ਸਬ-ਸਟੇਸ਼ਨ ਦਾ ਨੀਂਹ ਪੱਥਰ ਪਾਵਰ ਕਲੋਨੀ, ਜੇਲ੍ਹ ਰੋਡ ਗੁਰਦਾਸਪੁਰ ਵਿਖੇ ਰੱਖਿਆ ਗਿਆ, ਜੋ ਇਲਾਕੇ ਦੇ ਵਿਕਾਸ ਲਈ ਇੱਕ ਵੱਡਾ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਵਿਕਾਸ ਕਾਰਜਾਂ ਨਾਲ ਨਾ ਸਿਰਫ਼ ਸ਼ਹਿਰ ਦੀ ਸੂਰਤ ਬਦਲ ਰਹੀ ਹੈ, ਸਗੋਂ ਲੋਕਾਂ ਦੀ ਜੀਵਨਸ਼ੈਲੀ ਵਿੱਚ ਵੀ ਸੁਧਾਰ ਆ ਰਿਹਾ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਹੋਰ ਪ੍ਰੋਜੈਕਟ ਲਾਗੂ ਕਰਕੇ ਗੁਰਦਾਸਪੁਰ ਨੂੰ ਹੋਰ ਤਰੱਕੀ ਦੀ ਰਾਹ 'ਤੇ ਲਿਆਂਦਾ ਜਾਵੇਗਾ।

# ਅਮਰਪਾਲ ਸਿੰਘ ਨੇ ਸਟਰੀਟ ਲਾਈਟਾਂ ਲਗਾਉਣ ਦਾ ਕੰਮ ਸ਼ੁਰੂ ਕਰਵਾਇਆ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਬਟਾਲਾ, 27 ਅਪ੍ਰੈਲ (ਸੁੱਖ ਅਮਰਿਤ ਘੁਮਾਣ/ਡਾ. ਸਰਬਜੀਤ ਭਿੰਡਰ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਹਲਕੇ ਅੰਦਰ ਨਿਰੰਤਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸਟਰੀਟ ਲਾਈਟਾਂ ਲਗਾਉਣ ਦਾ ਕੰਮ ਪੀਰ ਬਾਬਾ ਸ਼ਾਹਮਾਨਾ ਦੀ ਦੇ ਪਵਿੱਤਰ ਸਥਾਨ ਤੋਂ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਹਲਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ। ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਇਸ ਮੌਕੇ 'ਤੇ ਪੀ.ਏ. ਸੁਖਦੇਵ ਸਿੰਘ ਰੋਮੀ, ਰਾਜੂ ਭਿੰਡਰ, ਸਲਾਹਕਾਰ ਤੇ ਜ਼ਿਲ੍ਹਾ ਮੀਡੀਆ ਇੰਚਾਰਜ ਪਰਮਬੀਰ ਰਾਣਾ, ਬਾਬਾ ਸੋਨੂੰ ਭੱਲਾ, ਪ੍ਰਧਾਨ ਟ੍ਰੇਡ ਵਿੰਗ ਰੋਮੀ ਸਮੇਤ ਵੱਖ-ਵੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਸੀ.ਐਚ.ਸੀ. ਵਿਖੇ ਆਸ਼ਾ ਵਰਕਰ ਡੇਅ ਮਨਾਇਆ



ਫਤਹਿਗੜ੍ਹ ਚੂੜੀਆਂ, 27 ਅਪ੍ਰੈਲ (ਰਾਜਨ ਸ਼ਰਮਾ): ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਲਖਵਿੰਦਰ ਸਿੰਘ ਐਸਐਮਓ ਦੀ ਅਗਵਾਈ ਹੇਠ ਸੀਐਚਸੀ ਫਤਹਿਗੜ੍ਹ ਚੂੜੀਆਂ ਵਿਖੇ ਆਸ਼ਾ ਵਰਕਰ ਡੇਅ ਮਨਾਇਆ ਗਿਆ। ਇਸ ਮੌਕੇ 'ਤੇ ਐਸਐਮਓ ਡਾ. ਲਖਵਿੰਦਰ ਸਿੰਘ ਨੇ ਦੱਸਿਆ ਕਿ ਆਸ਼ਾ ਵਰਕਰਾਂ ਗਰਭਵਤੀ ਔਰਤਾਂ, ਹਾਈ ਰਿਸਕ ਕੇਸਾਂ, ਡਲਿਵਰੀ ਹੋਣ ਤੱਕ ਕੇਸਾਂ ਦੀ ਦੇਖਭਾਲ ਕਰਨਾ, ਬੱਚਿਆਂ ਦਾ ਟੀਕਾਕਰਨ, ਫੈਮਲੀ ਪਲੈਨਿੰਗ ਸੇਵਾਵਾਂ ਨਿਭਾਉਣ ਵਿੱਚ ਇਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਹੈ। ਇਸ ਮੌਕੇ 'ਤੇ ਵਧੀਆ ਸੇਵਾਵਾਂ ਨਿਭਾਉਣ ਵਾਲੀਆਂ ਆਸ਼ਾ ਵਰਕਰ ਤੇ ਅਰੋਗਿਆ ਮਿੱਤਰ ਜੋਤੀ ਸ਼ਰਮਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਜੋਗਾ ਸਿੰਘ ਬੀਈਈ, ਹਰਵਿੰਦਰ ਸਿੰਘ ਹੈਲਥ ਸੁਪਰਵਾਈਜ਼ਰ, ਸਰਬਜੀਤ ਕੌਰ ਐਲਐਚਵੀ, ਮਨਜਿੰਦਰ ਕੌਰ ਏਐਨਐਮ, ਰਾਜਵਿੰਦਰ ਕੌਰ ਸੀਐਚਓ, ਪਰਮਜੀਤ ਕੌਰ ਆਸ਼ਾ ਸੁਪਰਵਾਈਜ਼ਰ ਤੇ ਸਮੂਹ ਆਸ਼ਾ ਵਰਕਰ ਹਾਜ਼ਰ ਸਨ।

# ਮੌਕਾਪ੍ਰਸਤਾਂ ਲਈ ਪਾਰਟੀ ਤੇ ਲੋਕਾਂ ਦੇ ਦਿਲਾਂ 'ਚ ਕੋਈ ਜਗ੍ਹਾ ਨਹੀਂ: ਜੈ ਕ੍ਰਿਸ਼ਨ ਸਿੰਘ ਰੌੜੀ

ਹੁਸ਼ਿਆਰਪੁਰ/ਗੜ੍ਹਸ਼ੰਕਰ, 27 ਅਪ੍ਰੈਲ (ਦੀਪਕ ਅਗਨੀਹੋਤਰੀ): ਬੀਜੇਪੀ ਵਿੱਚ ਸ਼ਾਮਲ ਹੋਏ ਆਪ ਆਗੂਆਂ ਦੇ ਖ਼ਿਲਾਫ ਅੱਜ ਗੜ੍ਹਸ਼ੰਕਰ ਦੇ ਬੰਗਾ ਚੌਂਕ ਵਿੱਚ ਡਿਪਟੀ ਸਪੀਕਰ ਰੌੜੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਵਰਕਰ ਇਕੱਠੇ ਹੋਏ ਤੇ ਨਾਅਰੇਬਾਜ਼ੀ ਕਰਦਿਆਂ ਆਪਣੇ ਗੁੱਸੇ ਦਾ ਪ੍ਰਗਟਾਵਾ ਕੀਤਾ। ਵਰਕਰਾਂ ਨੇ ਦੋਸ਼ ਲਗਾਇਆ ਕਿ ਜਿਹੜੇ ਆਗੂਆਂ ਨੂੰ ਲੋਕਾਂ ਨੇ ਭਰੋਸਾ ਕਰਕੇ ਚੁਣਿਆ ਸੀ, ਉਨ੍ਹਾਂ ਨੇ ਆਪਣੀ ਨਿੱਜੀ ਲਾਭ ਲਈ ਪਾਰਟੀ ਛੱਡ ਕੇ ਲੋਕਾਂ ਨਾਲ ਧੋਖਾ ਕੀਤਾ ਹੈ। ਡਿਪਟੀ ਸਪੀਕਰ ਰੌੜੀ ਨੇ ਇਸ ਮੌਕੇ ਕਿਹਾ ਕਿ ਆਮ ਆਦਮੀ ਪਾਰਟੀ ਸਿਧਾਂਤਾਂ ਤੇ ਲੋਕ ਸੇਵਾ ਦੀ ਰਾਜਨੀਤੀ ਕਰਦੀ ਹੈ। ਉਨ੍ਹਾਂ ਕਿਹਾ ਕਿ ਕੁਝ ਆਗੂ ਸਿਰਫ ਸੱਤਾ ਦੀ ਲਾਲਚ ਵਿੱਚ ਪਾਰਟੀਆਂ ਬਦਲ ਰਹੇ ਹਨ, ਜੋ ਲੋਕਤੰਤਰ ਤੇ ਲੋਕਾਂ ਦੇ ਭਰੋਸੇ ਨਾਲ ਖਿਲਵਾੜ ਹੈ। ਉਨ੍ਹਾਂ ਨੇ ਵਰਕਰਾਂ ਨੂੰ



ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਆਪਣੀ ਜ਼ਿੰਮੇਵਾਰੀ ਨੂੰ ਸਮਝੇ ਤੇ ਲੋਕਾਂ ਦੇ ਹੱਕਾਂ ਲਈ ਮੈਦਾਨ ਵਿੱਚ ਡੱਟ ਕੇ ਖੜ੍ਹਾ ਰਹੇ। ਰੌੜੀ ਨੇ ਕਿਹਾ ਕਿ ਅਜਿਹੇ ਮੌਕਾਪ੍ਰਸਤ ਆਗੂਆਂ ਨੂੰ ਆਉਣ ਵਾਲੇ ਸਮੇਂ ਵਿੱਚ ਲੋਕ ਆਪਣਾ ਜਵਾਬ ਦੇਣਗੇ ਤੇ ਉਨ੍ਹਾਂ ਨੂੰ ਰਾਜਨੀਤੀ ਵਿੱਚ ਠਿਕਾਣਾ ਨਹੀਂ ਮਿਲੇਗਾ। ਉਨ੍ਹਾਂ ਇਹ ਵੀ ਕਿਹਾ ਕਿ ਆਪ ਮਜ਼ਬੂਤੀ ਨਾਲ ਲੋਕਾਂ ਦੇ ਵਿੱਚ ਖੜ੍ਹੀ ਹੈ ਤੇ ਹਰ ਵਰਕਰ ਲੋਕਾਂ ਨੂੰ ਸਚਾਈ ਨਾਲ ਜਾਣੂੰ ਕਰਵਾਏਗਾ। ਇਸ ਦੌਰਾਨ ਵਰਕਰਾਂ ਨੇ ਪੋਸਟਰ ਹੱਥਾਂ ਵਿੱਚ ਫੜ੍ਹ ਕੇ ਨਾਅਰੇਬਾਜ਼ੀ ਕੀਤੀ ਤੇ ਬੀਜੇਪੀ ਵਿੱਚ ਸ਼ਾਮਲ ਹੋਏ ਆਗੂਆਂ ਦੇ ਖ਼ਿਲਾਫ ਆਪਣਾ ਵਿਰੋਧ ਦਰਜ ਕਰਵਾਇਆ। ਉਨ੍ਹਾਂ ਕਿਹਾ ਕਿ ਉਹ ਇਲਾਕੇ ਵਿੱਚ ਅਜਿਹੀ ਰਾਜਨੀਤੀ ਨੂੰ ਕਦੇ ਕਾਮਯਾਬ ਨਹੀਂ ਹੋਣ ਦੇਣਗੇ ਤੇ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਹਮੇਸ਼ਾ ਆਵਾਜ਼ ਉਠਾਉਂਦੇ ਰਹਿਣਗੇ। ਇਸ ਦੌਰਾਨ ਰੌੜੀ ਨੇ ਕਿਹਾ ਕਿ ਮੌਕਾਪ੍ਰਸਤਾਂ ਲਈ ਨਾ ਤਾਂ ਪਾਰਟੀ ਵਿੱਚ ਤੇ ਨਾ ਹੀ ਲੋਕਾਂ ਦੇ ਦਿਲਾਂ ਵਿੱਚ ਕੋਈ ਜਗ੍ਹਾ ਹੈ। ਸਾਰੇ ਵਰਕਰਾਂ ਨੇ ਇਕਜੁੱਟਤਾ ਦਾ ਸੰਦੇਸ਼ ਦਿੰਦਿਆਂ ਪਾਰਟੀ ਦੀ ਮਜ਼ਬੂਤੀ ਲਈ ਹੋਰ ਜ਼ੋਰ-ਸ਼ੋਰ ਨਾਲ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਸਮੂਹ ਵਿੰਗਾਂ ਦੇ ਅਹੁਦੇਦਾਰ ਤੇ ਪਾਰਟੀ ਵਰਕਰ ਹਾਜ਼ਰ ਸਨ।

# ਰਾਘਵ ਚੱਢਾ ਸਮੇਤ ਭਾਜਪਾ 'ਚ ਸ਼ਾਮਲ ਹੋਏ ਰਾਜ ਸਭਾ ਮੈਂਬਰਾਂ ਨੇ 'ਆਪ' ਨਾਲ ਧੋਖਾ ਕੀਤਾ: ਜੋਨੀ ਘੁਮਾਣ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 27 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਰਾਘਵ ਚੱਢਾ ਸਮੇਤ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰਾਂ ਨੇ ਆਮ ਆਦਮੀ ਪਾਰਟੀ ਨਾਲ ਗ਼ੱਦਾਰੀ ਤੇ ਧੋਖਾ ਕੀਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਜੋਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਰਾਘਵ ਚੱਢਾ, ਹਰਭਜਨ ਸਿੰਘ ਸਮੇਤ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਰਾਜ ਸਭਾ ਮੈਂਬਰਾਂ ਨੂੰ ਬਹੁਤ ਮਾਣ-ਸਤਿਕਾਰ ਦਿੱਤਾ ਸੀ। ਪਰ ਇਨ੍ਹਾਂ ਲੋਕਾਂ ਨੇ ਪਾਰਟੀ ਨਾਲ ਗ਼ੱਦਾਰੀ ਕਰਕੇ ਆਮ ਆਦਮੀ ਪਾਰਟੀ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਉਨ੍ਹਾਂ ਆਖਿਆ ਕਿ ਇਹ ਲੋਕ ਆਪਣੇ ਬਲਬੂਤੇ 'ਤੇ ਕਿਸੇ ਸ਼ਹਿਰ ਦੇ ਐਮਸੀ ਵੀ ਨਹੀਂ ਸੀ ਬਣ ਸਕਦੇ। ਪਰ ਪਾਰਟੀ ਵੱਲੋਂ ਇਨ੍ਹਾਂ ਨੂੰ ਰਾਜ ਸਭਾ ਮੈਂਬਰ ਨਿਯੁਕਤ ਕੀਤਾ ਗਿਆ। ਪਰ ਇਨ੍ਹਾਂ ਲੋਕਾਂ ਨੇ ਪਾਰਟੀ ਸਤਿਕਾਰ ਦੇਣ ਦੀ ਬਜਾਏ ਪਾਰਟੀ ਨਾਲ ਗ਼ੱਦਾਰੀ ਤੇ ਧੋਖੇਬਾਜ਼ੀ ਕਰ ਦਿੱਤੀ। ਉਨ੍ਹਾਂ ਆਖਿਆ ਕਿ ਜਿਸ ਤਰ੍ਹਾਂ ਪਹਿਲਾਂ ਵੀ ਕਈ ਵੱਖ-ਵੱਖ ਪਾਰਟੀਆਂ ਦੇ ਲੋਕ ਆਪਣੀ ਪਾਰਟੀ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਸਨ। ਜਦੋਂ ਭਾਜਪਾ ਨੇ ਉਨ੍ਹਾਂ ਲੋਕਾਂ ਨੂੰ ਕੋਈ ਮਾਣ-ਸਨਮਾਨ ਨਹੀਂ ਦਿੱਤਾ ਤਾਂ ਉਹ ਲੋਕ ਵਾਪਸ ਆਪਣੀਆਂ ਪਾਰਟੀਆਂ ਵਿੱਚ ਆਉਣ ਲਈ ਤਰਲੋ ਮੱਛੀ ਹੋ ਰਹੇ ਹਨ। ਇਸ ਤਰ੍ਹਾਂ ਆਮ ਆਦਮੀ ਪਾਰਟੀ ਛੱਡ ਕੇ ਗਏ ਰਾਜ ਸਭਾ ਮੈਂਬਰਾਂ ਨੂੰ ਇੱਕ ਦਿਨ



ਪਛਤਾਉਣਾ ਪਵੇਗਾ। ਉਨ੍ਹਾਂ ਆਖਿਆ ਕਿ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰ ਨੂੰ ਪਾਰਟੀ ਕਦੇ ਮੂੰਹ ਨਹੀਂ ਲਗਾਵੇਗੀ। ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਹਰ ਵਰਗ ਦੇ ਲੋਕਾਂ ਦੀ ਹਮਦਰਦ ਸਰਕਾਰ ਹੈ। ਪਰ ਜਿਸ ਨੇ ਪਾਰਟੀ ਨਾਲ ਗ਼ੱਦਾਰੀ ਕੀਤੀ ਹੈ, ਉਸ ਹਸ਼ਰ ਹਮੇਸ਼ਾ ਬੁਰਾ ਹੋਇਆ ਹੈ।

# ਜਨਗਣਨਾ ਨਾਲ ਸਬੰਧਤ ਕੰਮ ਨੂੰ ਨੇਪਰੇ ਚਾੜ੍ਹਨ ਸਬੰਧੀ ਸਿਖਲਾਈ ਕੈਂਪ ਲਗਾਇਆ

ਬਟਾਲਾ, 27 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜਨਗਣਨਾ/ਮਤਗਣਨਾ ਨਾਲ ਸਬੰਧਤ ਕੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਪੰਨ ਕਰਨ ਦੇ ਉਦੇਸ਼ ਨਾਲ ਆਰਡੀ ਖੋਸਲਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਟ੍ਰੇਨਿੰਗ ਕੈਂਪ ਲਗਾਇਆ ਗਿਆ। ਇਸ ਟ੍ਰੇਨਿੰਗ ਦੌਰਾਨ ਅਧਿਆਪਕਾਂ ਨੂੰ ਐਨਯੂਮੇਰੇਟਰ (ਗਿਣਤੀਕਾਰ) ਤੇ ਸੁਪਰਵਾਈਜ਼ਰ ਵਜੋਂ ਸਿਖਲਾਈ ਦਿੱਤੀ ਗਈ ਤਾਂ ਜੋ ਆਉਣ ਵਾਲੀ ਜਨਗਣਨਾ ਪ੍ਰਕਿਰਿਆ ਨੂੰ ਸੁਚਾਰੂ, ਸਹੀ ਤੇ



ਪਾਰਦਰਸ਼ੀ ਢੰਗ ਨਾਲ ਪੂਰਾ ਕੀਤਾ ਜਾ ਸਕੇ। ਇਸ ਮੌਕੇ ਜਾਣਕਾਰੀ ਦਿੰਦਿਆਂ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਨੇ ਦੱਸਿਆ ਕਿ ਐਸ.ਡੀ.ਐਮ. ਸਾਰੰਗਪ੍ਰੀਤ ਦੀ ਅਗਵਾਈ ਹੇਠ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਮੁੱਚੀ ਟੀਮ ਵੱਲੋਂ ਸੁਚਾਰੂ ਢੰਗ ਨਾਲ ਸਿਖਲਾਈ ਦਿੱਤੀ ਗਈ ਹੈ। ਇਸ ਮੌਕੇ ਨਾਇਬ ਤਹਿਸੀਲਦਾਰ ਨਿਤਿਨ ਸਹੋਤਾ ਵੀ ਮੌਜੂਦ ਸਨ। ਟ੍ਰੇਨਿੰਗ ਦੌਰਾਨ ਜ਼ਿਲ੍ਹਾ ਫੀਲਡ ਟ੍ਰੇਨਰ ਵੱਲੋਂ ਟ੍ਰੇਨਿੰਗ ਲੈਣ ਪਹੁੰਚੇ ਅਧਿਆਪਕਾਂ ਨੂੰ ਜਨਗਣਨਾ ਦੀ ਪੂਰੀ ਪ੍ਰਕਿਰਿਆ, ਘਰ-ਘਰ ਸਰਵੇਖਣ, ਡਾਟਾ ਇਕੱਠਾ ਕਰਨਾ, ਡਿਜੀਟਲ ਐਂਟਰੀ, ਗੋਪਨੀਯਤਾ ਦੇ ਨਿਯਮ ਤੇ ਮੈਦਾਨ ਵਿੱਚ ਆਉਣ ਵਾਲੀਆਂ ਚੁਣੌਤੀਆਂ ਨਾਲ ਨਿਪਟਣ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਜਨਗਣਨਾ ਸਿਰਫ਼ ਜਨਸੰਖਿਆ ਦੀ ਗਿਣਤੀ ਨਹੀਂ, ਬਲਕਿ ਸਮਾਜਿਕ, ਆਰਥਿਕ ਤੇ ਸ਼ੈਖ਼ਸ਼ਿਕ ਹਾਲਤ ਦਾ ਮਹੱਤਵਪੂਰਨ ਦਸਤਾਵੇਜ਼ ਹੁੰਦੀ ਹੈ, ਜਿਸ ਦੇ ਆਧਾਰ 'ਤੇ ਸਰਕਾਰ ਭਵਿੱਖ ਦੀਆਂ ਨੀਤੀਆਂ ਤੇ ਯੋਜਨਾਵਾਂ ਬਣਾਉਂਦੀ ਹੈ। ਟ੍ਰੇਨਿੰਗ ਵਿੱਚ ਖਾਸ ਤੌਰ 'ਤੇ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਗਿਣਤੀਕਾਰ ਘਰ-ਘਰ ਜਾ ਕੇ ਸਹੀ ਤੇ ਪ੍ਰਮਾਣਿਕ ਜਾਣਕਾਰੀ ਇਕੱਠੀ ਕਰਨ ਤੇ ਲੋਕਾਂ ਨੂੰ ਇਸ ਪ੍ਰਕਿਰਿਆ ਦੇ ਮਹੱਤਵ ਬਾਰੇ ਜਾਗਰੂਕ ਕਰਨ।

# ਅਹਿਮਦੀਆ ਕ੍ਰਿਕਟ ਕਲੱਬ ਨੇ ਕੰਡੀਲਾ ਕ੍ਰਿਕਟ ਅਕੈਡਮੀ ਨੂੰ ਹਰਾ ਕੇ ਕੱਪ ਆਪਣੇ ਨਾਮ ਕੀਤਾ




ਕਾਦੀਆਂ, 27 ਅਪ੍ਰੈਲ (ਸਲਾਮ ਤਾਰੀ/ਸਿਕੰਦਰ ਸੰਧੂ): ਪਿੰਡ ਨੱਤ ਮੋਕਲ ਵਿਖੇ ਕਰਵਾਏ ਫਰੀਡਮ ਕ੍ਰਿਕਟ ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਬਹੁਤ ਹੀ ਰੋਮਾਂਚਕ ਤੇ ਦਿਲਚਸਪ ਰਿਹਾ, ਜਿਸ ਵਿੱਚ ਅਹਿਮਦੀਆ ਕ੍ਰਿਕਟ ਕਲੱਬ ਕਾਦੀਆਂ ਨੇ ਕੰਡੀਲਾ ਕ੍ਰਿਕਟ ਅਕੈਡਮੀ ਨੂੰ ਹਰਾ ਕੇ ਸ਼ਾਨਦਾਰ ਜਿੱਤ ਦਰਜ ਕਰਦਿਆਂ ਕੱਪ ਆਪਣੇ ਨਾਮ ਕਰ ਲਿਆ। ਇਸ ਟੂਰਨਾਮੈਂਟ ਵਿੱਚ ਜ਼ਿਲ੍ਹੇ ਦੀਆਂ 16 ਪ੍ਰਸਿੱਧ ਤੇ ਮਜ਼ਬੂਤ ਟੀਮਾਂ ਨੇ ਹਿੱਸਾ ਲਿਆ, ਜਿਸ ਕਰਕੇ ਹਰ ਮੈਚ ਵਿੱਚ ਕਾਫੀ ਟੱਕਰ ਦੇਖਣ ਨੂੰ ਮਿਲੀ। ਟੂਰਨਾਮੈਂਟ ਦੌਰਾਨ ਖਿਡਾਰੀਆਂ ਵੱਲੋਂ ਖੇਡ ਪ੍ਰਤੀ ਜੋਸ਼ ਤੇ ਜਜ਼ਬਾ ਦੇਖਣ ਯੋਗ ਸੀ। ਦਰਸ਼ਕਾਂ ਦੀ ਭਾਰੀ ਭੀੜ ਨੇ ਵੀ ਮੈਚਾਂ ਦਾ ਖੂਬ ਆਨੰਦ ਲਿਆ ਤੇ ਖਿਡਾਰੀਆਂ ਦਾ ਹੌਸਲਾ ਵਧਾਇਆ। ਇਸ ਦੇ ਨਾਲ ਹੀ ਰਈਸ ਅਹਿਮਦ, ਆਦਿਲ ਤੇ ਦਾਊਦ ਨੇ ਵੀ ਜ਼ਰੂਰੀ ਸਮੇਂ 'ਤੇ ਵਧੀਆ ਖੇਡ ਦਿਖਾਈ ਤੇ ਟੀਮ ਨੂੰ ਜਿੱਤ ਦੇ ਨੇੜੇ ਲੈ ਆਏ। ਆਖਿਰਕਾਰ ਅਹਿਮਦੀਆ ਕ੍ਰਿਕਟ ਕਲੱਬ ਨੇ ਟੀਚਾ ਹਾਸਲ ਕਰਦਿਆਂ ਮੈਚ ਜਿੱਤ ਲਿਆ ਤੇ ਟੂਰਨਾਮੈਂਟ ਦਾ ਖਿਤਾਬ ਆਪਣੇ ਨਾਮ ਕੀਤਾ। ਮੈਚ ਦੇ ਅੰਤ ਵਿੱਚ ਖਿਡਾਰੀਆਂ ਦੀ ਪ੍ਰਦਰਸ਼ਨ ਨੂੰ ਸਨਮਾਨਤ ਕਰਦੇ ਹੋਏ ਇਨਾਮ ਵੀ ਵੰਡੇ ਗਏ। ਵਿਕਾਸ ਅਹਿਮਦ ਨਾਸਿਰ ਨੂੰ ਬੈਸਟ ਬਾਲਰ ਘੋਸ਼ਿਤ ਕੀਤਾ ਗਿਆ ਤੇ ਉਨ੍ਹਾਂ ਨੂੰ 2100 ਰੁਪਏ ਦੇ ਨਗਦ ਇਨਾਮ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਜਿੱਤਣ ਵਾਲੀ ਟੀਮ ਅਹਿਮਦੀਆ ਕ੍ਰਿਕਟ ਕਲੱਬ ਨੂੰ 31,000 ਰੁਪਏ ਦਾ ਨਗਦ ਇਨਾਮ ਤੇ ਟਰਾਫੀ ਪ੍ਰਦਾਨ ਕੀਤੀ ਗਈ, ਜਦਕਿ ਦੂਜੇ ਨੰਬਰ 'ਤੇ ਰਹੀ ਕੰਡੀਲਾ ਕ੍ਰਿਕਟ ਅਕੈਡਮੀ ਨੂੰ 21,000 ਰੁਪਏ ਦਾ ਇਨਾਮ ਦਿੱਤਾ ਗਿਆ। ਇਸ ਟੂਰਨਾਮੈਂਟ ਦੇ ਸਫਲ ਆਯੋਜਨ ਲਈ ਪ੍ਰਬੰਧਕ ਕਮੇਟੀ ਦੀ ਵੀ ਸਰਾਹਨਾ ਕੀਤੀ ਗਈ, ਜਿਨ੍ਹਾਂ ਵੱਲੋਂ ਖਿਡਾਰੀਆਂ ਲਈ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਤੇ ਮੈਚਾਂ ਨੂੰ ਸੁਚੱਜੇ ਢੰਗ ਨਾਲ ਕਰਵਾਇਆ ਗਿਆ। ਇਹ ਟੂਰਨਾਮੈਂਟ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਝਾਨ ਵਧਾਉਣ ਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਇੱਕ ਸਰਾਹੁਣਯੋਗ ਉਪਰਾਲਾ ਸਾਬਤ ਹੋਇਆ।

# ਅਰਦਾਸ ਕੰਸਲਟੈਂਸੀ ਦੇ ਨਵੇਂ ਦਫ਼ਤਰ ਦਾ ਉਦਘਾਟਨ




ਬੰਗਾ, 27 ਅਪ੍ਰੈਲ (ਪ੍ਰਭਜੋਤ ਸਿੰਘ): ਮੁਕੰਦਪੁਰ ਰੋਡ ਬੰਗਾ ਵਿਖੇ ਅੱਜ ਅਰਦਾਸ ਕੰਸਲਟੈਂਸੀ ਦੇ ਨਵੇਂ ਦਫ਼ਤਰ ਦਾ ਉਦਘਾਟਨ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਕੀਤਾ ਗਿਆ। ਇਸ ਮੌਕੇ ਲਵਪ੍ਰੀਤ ਕੌਰ ਵੱਲੋਂ ਪ੍ਰਮਾਤਮਾ ਦਾ ਓਟ ਆਸਰਾ ਲੈਂਦੇ ਹੋਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਨਵੇਂ ਅਦਾਰੇ ਬਾਰੇ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਅਰਦਾਸ ਕੰਸਲਟੈਂਸੀ ਵਿਖੇ ਵਿਦੇਸ਼ ਜਾਣ ਦੇ ਚਾਹਵਾਨਾਂ ਲਈ ਏਅਰ ਟਿਕਟਿੰਗ, ਟੂਰਿਸਟ ਪੈਕੇਜ ਤੇ ਹਰ ਤਰ੍ਹਾਂ ਦੀ ਇਮੀਗ੍ਰੇਸ਼ਨ ਕੰਸਲਟੈਂਸੀ ਨਾਲ ਸਬੰਧਤ ਸਾਰੀਆਂ ਸਹੂਲਤਾਂ ਇੱਕੋ ਛੱਤ ਹੇਠ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਲੋਕਾਂ ਨੂੰ ਪਾਰਦਰਸ਼ੀ ਤੇ ਭਰੋਸੇਯੋਗ ਸੇਵਾਵਾਂ ਪ੍ਰਦਾਨ ਕਰਨਾ ਹੈ। ਇਸ ਉਦਘਾਟਨੀ ਸਮਾਰੋਹ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪ੍ਰਬੰਧਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਹਾਜ਼ਰ ਹੋਣ ਵਾਲਿਆਂ ਵਿੱਚ ਜਸਵਿੰਦਰ ਸਿੰਘ ਮਾਨ, ਪਰਮਜੀਤ ਸਿੰਘ ਕੱਟ, ਜਤਿੰਦਰ ਸਿੰਘ ਮਾਨ (ਐਮ.ਸੀ.), ਹਿੰਮਤ ਤੇਜਪਾਲ, ਮਨਜੀਤ ਸਿੰਘ ਬੱਬਲ, ਅਮਰੀਕ ਸਿੰਘ ਸੋਨੀ ਅਮਨੀ ਮਾਨ, ਜਗਦੀਸ਼ ਕੁਮਾਰ (ਸਾਬਕਾ ਪੰਚ ਕੱਟ), ਜਥੇ. ਜੋਗਾ ਸਿੰਘ, ਕਾਮਰੇਡ ਅਵਤਾਰ ਸਿੰਘ, ਗੁਰਤੀਰਥ ਸਿੰਘ, ਅਰਜੁਨ ਸਿੰਘ, ਗੁਰਜੀਤ ਸਿੰਘ ਤੇ ਅਵਤਾਰ ਸਿੰਘ ਸਮੇਤ ਕਈ ਹੋਰ ਪਤਵੰਤੇ ਸੱਜਣ ਸ਼ਾਮਲ ਸਨ।

# ਪ੍ਰਧਾਨ ਮੰਤਰੀ ਮੋਦੀ ਪੱਛਮੀ ਬੰਗਾਲ 'ਚ ਔਰਤਾਂ ਦੀ ਸੁਰੱਖਿਆ ਨੂੰ ਲੈ ਕੇ ਭੜਕੇ

## ☛ਘੁਸਪੈਠੀਏ 4 ਮਈ ਤੋਂ ਬਾਅਦ ਦੇਸ਼ ਛੱਡ ਜਾਣ

ਕੋਲਕਾਤਾ, 27 ਅਪ੍ਰੈਲ (ਚ.ਨ.ਸ): ਪੱਛਮੀ ਬੰਗਾਲ 'ਚ ਔਰਤਾਂ ਦੀ ਸੁਰੱਖਿਆ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤ੍ਰਿਣਮੂਲ ਕਾਂਗਰਸ ਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਭਾਜਪਾ ਹਰ ਗੁੰਡੇ ਤੇ ਜਬਰ-ਜਨਾਹੀ ਨੂੰ ਲੱਭ ਲਵੇਗੀ। ਤ੍ਰਿਣਮੂਲ ਕਾਂਗਰਸ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਇਸ ਪਾਰਟੀ ਨੇ ਸੂਬੇ ਦੀਆਂ ਔਰਤਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਵਾਅਦਾ ਕੀਤਾ ਕਿ ਭਾਰਤੀ ਜਨਤਾ ਪਾਰਟੀ ਦੇ ਸੱਤਾ 'ਚ ਆਉਣ ਤੋਂ ਬਾਅਦ ਸਰਕਾਰ ਗੁੰਡਿਆਂ ਤੇ ਜਬਰ-ਜਨਾਹੀਆਂ ਨੂੰ ਲੱਭ-ਲੱਭ ਕੇ ਫੜੇਗੀ। ਬਨਗਾਉਂ 'ਚ ਇੱਕ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਮੌਜੂਦਾ ਸਰਕਾਰ ਦੇ ਕਾਰਜਕਾਲ ਨੂੰ 'ਜੰਗਲਰਾਜ' ਦੱਸਿਆ। ਉਨ੍ਹਾਂ ਮਹਿਲਾ ਸਸ਼ਕਤੀਕਰਨ ਦੇ ਮੰਤਵ ਨਾਲ ਕਈ ਨਵੀਆਂ ਪਹਿਲਕਦਮੀਆਂ ਤੇ ਵਾਅਦਿਆਂ ਦੀ ਰੂਪ-ਰੇਖਾ ਵੀ ਦਿੱਤੀ। ਸੂਬੇ ਦੀਆਂ ਔਰਤਾਂ ਤ੍ਰਿਣਮੂਲ ਦੇ ਜੰਗਲਰਾਜ ਦੀਆਂ ਸਭ ਤੋਂ ਵੱਡੀਆਂ ਸ਼ਿਕਾਰ ਹਨ। ਉਨ੍ਹਾਂ ਨਾਲ ਸਭ ਤੋਂ ਵੱਧ ਧੋਖਾ ਕੀਤਾ ਗਿਆ ਹੈ। ਸੰਦੇਸ਼ਖਾਲੀ 'ਚ ਸਾਡੀਆਂ ਭੈਣਾਂ 'ਤੇ ਤਸ਼ੱਦਦ ਕੀਤਾ ਗਿਆ। ਔਰਤਾਂ ਪ੍ਰਤੀ ਮਾੜੀ ਭਾਸ਼ਾ ਵਰਤੀ ਗਈ ਤ੍ਰਿਣਮੂਲ ਦੇ ਜੰਗਲਰਾਜ 'ਚ ਮੁਟਿਆਰਾਂ ਲਾਪਤਾ ਹੋ ਰਹੀਆਂ ਹਨ। 4 ਮਈ ਤੋਂ ਬਾਅਦ ਭਾਜਪਾ ਸਰਕਾਰ ਹਰ ਗੁੰਡੇ ਤੇ ਜਬਰ-ਜਨਾਹੀ ਨੂੰ ਫੜੇਗੀ ਤੇ ਉਨ੍ਹਾਂ ਦੇ ਅਪਰਾਧਾਂ ਲਈ ਉਨ੍ਹਾਂ ਨੂੰ ਸਜ਼ਾਵਾਂ ਦੇਵੇਗੀ। ਭਾਜਪਾ ਔਰਤਾਂ ਨੂੰ ਸੁਰੱਖਿਆ ਤੇ ਮੌਕਾ ਦੋਵੇਂ ਪ੍ਰਦਾਨ ਕਰੇਗੀ। ਮੋਦੀ ਨੇ ਵਾਅਦਾ ਕੀਤਾ ਕਿ ਪੱਛਮੀ ਬੰਗਾਲ 'ਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਔਰਤਾਂ ਦੇ ਖਾਤਿਆਂ 'ਚ ਸਾਲਾਨਾ 36,000 ਰੁਪਏ ਜਮ੍ਹਾਂ ਕਰਵਾਏਗੀ। ਇਸ ਤੋਂ ਇਲਾਵਾ ਸਰਕਾਰੀ ਨੌਕਰੀਆਂ 'ਚ ਔਰਤਾਂ ਲਈ 33 ਫੀਸਦੀ ਰਾਖਵਾਂਕਰਨ ਰੱਖਿਆ ਜਾਵੇਗਾ। ਭਾਜਪਾ ਦੀ ਡਬਲ-ਇੰਜਣ ਸਰਕਾਰ ਦੇ ਦੋਹਰੇ ਲਾਭ ਬੰਗਾਲ ਦੀਆਂ ਔਰਤਾਂ ਲਈ ਦੁੱਗਣੇ ਕੀਤੇ ਜਾਣਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਘੁਸਪੈਠ 'ਤੇ ਸਖ਼ਤ ਸਟੈਂਡ ਲੈਂਦੇ ਹੋਏ ਘੁਸਪੈਠੀਆਂ ਨੂੰ 4 ਮਈ ਤੋਂ ਬਾਅਦ ਦੇਸ਼ ਛੱਡਣ ਜਾਂ ਕਾਰਵਾਈ ਦਾ ਸਾਹਮਣਾ ਕਰਨ ਦੀ ਚਿਤਾਵਨੀ ਦਿੱਤੀ। ਉਨ੍ਹਾਂ ਮਤੂਆ ਭਾਈਚਾਰੇ ਦੇ ਸ਼ਰਨਾਰਥੀਆਂ ਨੂੰ ਨਾਗਰਿਕਤਾ ਦੀ ਗਾਰੰਟੀ ਦਿੱਤੀ। ਉਨ੍ਹਾਂ ਮਤੂਆ ਭਾਈਚਾਰੇ ਦੇ ਨਾਲ ਹੀ ਬੰਗਲਾਦੇਸ਼ ਤੋਂ ਆਏ ਸ਼ਰਨਾਰਥੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਨਾਗਰਿਕਤਾ ਸੋਧ ਕਾਨੂੰਨ ਅਧੀਨ ਪੂਰੇ ਅਧਿਕਾਰ ਦਿੱਤੇ ਜਾਣਗੇ।



# ਲਾਹੌਰ 'ਚ 6 ਸਾਲ ਤੋਂ ਸੀਲ ਸ਼ਹੀਦੀ ਅਸਥਾਨ ਭਾਈ ਤਾਰੂ ਸਿੰਘ ਨੂੰ ਲੈ ਕੇ ਸਿੱਖਾਂ 'ਚ ਭਾਰੀ ਰੋਸ

## ☛ਕਮੇਟੀ ਗੁਰਦੁਆਰਿਆਂ ਦੀ ਨਵਉਸਾਰੀ ਦੇ ਨਾਲ-ਨਾਲ ਇਤਿਹਾਸਕ ਅਸਥਾਨਾਂ ਦੀ ਲਵੇ ਸਾਰ: ਸੰਗਤ

ਅੰਮ੍ਰਿਤਸਰ, 27 ਅਪ੍ਰੈਲ (ਚ.ਨ.ਸ): ਪਾਕਿਸਤਾਨ ਦੇ ਲਾਹੌਰ ਸ਼ਹਿਰ 'ਚ ਰੇਲਵੇ ਸਟੇਸ਼ਨ ਦੇ ਬਿਲਕੁਲ ਸਾਹਮਣੇ ਨੌਲੱਖਾ ਬਾਜ਼ਾਰ 'ਚ ਸਥਿਤ ਸ਼ਹੀਦ ਭਾਈ ਤਾਰੂ ਸਿੰਘ ਦੇ ਸ਼ਹੀਦੀ ਅਸਥਾਨ ਨੂੰ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਵੱਲੋਂ ਲਗਭਗ 6 ਸਾਲ ਪਹਿਲਾਂ ਸੀਲ ਕੀਤਾ ਗਿਆ ਸੀ। ਇਹ ਅਸਥਾਨ ਪਾਕਿਸਤਾਨੀ ਸਿੱਖਾਂ ਸਮੇਤ ਦੇਸ਼-ਵਿਦੇਸ਼ ਦੀ ਸੰਗਤ ਲਈ ਅਜੇ ਵੀ ਬੰਦ ਹੈ ਤੇ ਉਨ੍ਹਾਂ ਨੂੰ ਇੱਥੇ ਦਰਸ਼ਨਾਂ ਲਈ ਜਾਣ ਦੀ ਮਨਜ਼ੂਰੀ ਨਹੀਂ ਹੈ। ਇਸਨੂੰ ਲੈ ਕੇ ਪਾਕਿ ਸਿੱਖ ਸੰਗਤ 'ਚ ਭਾਰੀ ਰੋਸ ਬਣਿਆ ਹੋਇਆ ਹੈ ਤੇ ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਹੈ ਕਿ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਿਆਂ ਦੀ ਨਵਉਸਾਰੀ 'ਤੇ ਅਰਬਾਂ ਰੁਪਏ ਖ਼ਰਚਣ ਦੇ ਨਾਲ-ਨਾਲ ਪੁਰਾਣੇ ਇਤਿਹਾਸਕ ਗੁਰਦੁਆਰਿਆਂ ਤੇ ਖ਼ਾਸ ਤੌਰ 'ਤੇ ਭਾਈ ਮਨੀ ਸਿੰਘ ਦੀ ਸਮਾਧ ਤੇ ਭਾਈ ਤਾਰੂ ਸਿੰਘ ਦੀ ਸਮਾਧ ਨੂੰ ਵੀ ਕਬਜ਼ਾ ਮੁਕਤ ਕਰਵਾਏ। ਪਾਕਿ ਦੇ ਸਿੱਖ ਆਗੂ ਗੋਪਾਲ ਸਿੰਘ ਚਾਵਲਾ ਨੇ ਇੱਕ ਅਖਬਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਈ ਤਾਰੂ ਸਿੰਘ ਦੇ ਸ਼ਹੀਦੀ ਸਥਾਨ ਦੇ ਨਾਂ ਹਿੰਦੂ ਔਕਾਫ਼ ਵੱਲੋਂ ਲਗਾਈ 4-5 ਕਨਾਲ ਭੂਮੀ ਹਥਿਆਉਣ ਲਈ ਸੁਹੇਲ ਬੱਟ ਪੁੱਤਰ ਸਲਾਹੁਦੀਨ ਬੱਟ ਤੇ ਕੱਟੜਪੰਥੀ ਸਮੂਹ ਦਾਵਤ-ਏ-ਇਸਲਾਮੀ (ਬਰੇਲਵੀ) ਵੱਲੋਂ ਵਿਵਾਦ ਖੜ੍ਹਾ ਕਰਕੇ ਇਸ ਅਸਥਾਨ ਨੂੰ ਪੱਕੇ ਤੌਰ 'ਤੇ ਸੀਲ ਕਰਵਾਇਆ ਗਿਆ ਹੈ। ਉਨ੍ਹਾਂ ਦੇ ਦਾਅਵਾ ਹੈ ਕਿ ਜਿਸ ਜ਼ਮੀਨ 'ਤੇ ਸ਼ਹੀਦੀ ਅਸਥਾਨ ਸਥਾਪਤ ਹੈ, ਉਹ ਸਾਰੀ ਭੂਮੀ ਹਜ਼ਰਤ ਪੀਰ ਸ਼ਾਹ ਕਾਕੂ ਚਿਸ਼ਤੀ ਦੀ ਮਜ਼ਾਰ ਦੀ ਹੈ। ਉਕਤ ਵਿਵਾਦ ਦੇ ਚੱਲਦਿਆਂ ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਹਾੜੇ ਦੇ ਸਮਾਗਮ ਵੀ ਪਿਛਲੇ 6 ਸਾਲ ਤੋਂ ਉਕਤ ਅਸਥਾਨ ਦੀ ਬਜਾਇ ਇਸ ਦੇ ਸਾਹਮਣੇ ਸਥਿਤ ਗੁਰਦੁਆਰਾ ਸ਼ਹੀਦਗੰਜ ਸਿੰਘ ਸਿੰਘਣੀਆਂ ਵਿਖੇ ਕਰਵਾਏ ਜਾ ਰਹੇ ਹਨ। ਚਾਵਲਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸ਼ਹੀਦੀ ਅਸਥਾਨ ਨੂੰ ਖੁੱਲ੍ਹਵਾਉਣ ਲਈ ਲਈ ਉਪਰਾਲੇ ਕੀਤੇ ਗਏ ਸਨ, ਪਰ ਗੁਰਦੁਆਰਾ ਕਮੇਟੀ ਦੀ ਚੁੱਪ ਕਾਰਨ ਇਹ ਮਾਮਲਾ ਠੰਡੇ ਬਸਤੇ 'ਚ ਪੈ ਗਿਆ।



# ਜਨਮਜਾਤ ਨਾਗਰਿਕਤਾ ਨੂੰ ਬੰਦ ਕਰਨ ਦਾ ਵਿਰੋਧ ਕਰ ਰਹੇ ਨੇ ਅਮਰੀਕੀ

ਵਾਸ਼ਿੰਗਟਨ, 27 ਅਪ੍ਰੈਲ (ਚ.ਨ.ਸ): ਜ਼ਿਆਦਾਤਰ ਅਮਰੀਕੀ ਮੰਨਦੇ ਹਨ ਕਿ ਦੇਸ਼ 'ਚ ਪੈਦਾ ਹੋਣ ਵਾਲੇ ਸਾਰੇ ਬੱਚਿਆਂ ਨੂੰ ਖ਼ੁਦ ਹੀ ਨਾਗਰਿਕਤਾ ਮਿਲ ਜਾਣੀ ਚਾਹੀਦੀ ਹੈ। ਰਾਇਟਰ/ਇਪਸੋਸੇ ਵੱਲੋਂ ਕੀਤੇ ਗਏ ਇੱਕ ਸਰਵੇਖਣ 'ਚ ਇਹ ਗੱਲ ਸਾਹਮਣੇ ਆਈ ਹੈ। ਇਹ ਸਰਵੇਖਣ ਅਜਿਹੇ ਸਮੇਂ 'ਚ ਕੀਤਾ ਗਿਆ ਹੈ, ਜਦੋਂ ਅਮਰੀਕੀ ਸੁਪਰੀਮ ਕੋਰਟ ਰਾਸ਼ਟਰਪਤੀ ਡੌਨਾਲਡ ਟਰੰਪ ਦੇ ਇਸ ਰਵਾਇਤ ਨੂੰ ਖ਼ਤਮ ਕਰਨ ਦੀ ਕੋਸ਼ਿਸ਼ 'ਤੇ ਫ਼ੈਸਲਾ ਸੁਣਾਉਣ ਦੀ ਤਿਆਰੀ ਕਰ ਰਹੀ ਹੈ। 15 ਤੋਂ 20 ਅਪ੍ਰੈਲ ਤੱਕ ਦੇ ਸ਼ਪੱਧਰੀ ਸਰਵੇਖਣ 'ਚ ਪਾਇਆ ਗਿਆ ਕਿ 64 ਫ਼ੀਸਦੀ ਅਮਰੀਕੀ ਜਨਮਜਾਤ ਨਾਗਰਿਕਤਾ ਨੂੰ ਖ਼ਤਮ ਕਰਨ ਦੇ ਵਿਰੋਧ 'ਚ ਹਨ, ਜਦਕਿ 32 ਫ਼ੀਸਦੀ ਲੋਕ ਇਸ ਨੂੰ ਖ਼ਤਮ ਕਰਨੇ ਦਾ ਸਮਰਥਨ ਕਰਦੇ ਹਨ। ਸਰਵੇਖਣ ਅਨੁਸਾਰ ਜਨਮਜਾਤ ਨਾਗਰਿਕਤਾ ਦੇ ਸਬੰਧ 'ਚ ਜਨਤਾ ਦੀ ਰਾਏ ਸਿਆਸੀ ਪਾਰਟੀਆਂ ਦੇ ਆਧਾਰ 'ਤੇ ਵੰਡੀ ਹੋਈ ਹੈ। ਸਿਰਫ ਨੌਂ ਫ਼ੀਸਦੀ ਡੈਮੋਕ੍ਰੇਟਸ ਦਾ ਮੰਨਣਾ ਹੈ ਕਿ ਇਸ ਨੀਤੀ ਨੂੰ ਖ਼ਤਮ ਕਰ ਦੇਣਾ ਚਾਹੀਦਾ ਹੈ।



# ਆਸਟ੍ਰੇਲੀਆ 'ਚ ਨੌਜਵਾਨ ਆਗੂਆਂ ਨੂੰ ਕਾਂਗਰਸ ਪਾਰਟੀ ਨੇ ਅਹੁਦੇ ਦੇ ਕੇ ਵਧਾਇਆ ਮਾਣ: ਲਾਲੀ ਭੁੱਲਰ

## ☛ਗੁਰਿੰਦਰ ਸਿੰਘ ਸੰਧੂ ਯੂਥ ਕਾਂਗਰਸ ਆਸਟ੍ਰੇਲੀਆ ਦਾ ਜਨਰਲ ਸਕੱਤਰ ਨਿਯੁਕਤ

ਮੋਗਾ, 27 ਅਪ੍ਰੈਲ (ਸਰਬਜੀਤ ਰੌਲੀ): ਬਹੁਤ ਹੀ ਨਿੱਘੇ ਸੁਭਾਅ ਦੇ ਮਾਲਕ ਤੇ ਨੌਜਵਾਨਾਂ ਵਿੱਚ ਨਿਮਰਤਾ ਤੇ ਲਿਆਕਤ ਨਾਲ ਵਿਚਰਨ ਵਾਲੇ ਗੁਰਿੰਦਰ ਸਿੰਘ ਸੰਧੂ ਨੂੰ ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਆਸਟ੍ਰੇਲੀਆ ਦੇ ਯੂਥ ਕਾਂਗਰਸ ਵਿੰਗ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਗੱਲਬਾਤ ਦੌਰਾਨ ਗੁਰਿੰਦਰ ਸਿੰਘ ਸੰਧੂ ਨੇ ਆਲ ਇੰਡੀਆ ਯੂਥ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀਆਂ ਆਸਾਂ-ਉਮੀਦਾਂ 'ਤੇ ਖਰਾ ਉਤਰ ਕੇ ਕਾਂਗਰਸ ਪਾਰਟੀ ਦੇ ਲਈ ਦਿਨ-ਰਾਤ ਇੱਕ ਕਰਕੇ ਤੇ ਨੌਜਵਾਨਾਂ ਨੂੰ ਕਾਂਗਰਸ ਪਾਰਟੀ ਨਾਲ ਵੱਧ ਤੋਂ ਵੱਧ ਜੋੜੇਗਾ। ਪੰਜਾਬ ਬਾਰੇ ਗੱਲਬਾਤ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਇਸ ਵੇਲੇ ਪੰਜਾਬ ਵਿੱਚ ਸਰਕਾਰ ਨਾਂ ਦੀ ਕੋਈ ਚੀਜ਼ ਨਹੀਂ ਹੈ। ਪੰਜਾਬ ਦੀ ਮੌਜੂਦਾ ਸਰਕਾਰ ਲੋਕਾਂ ਦੀਆਂ ਆਸਾਂ-ਉਮੀਦਾਂ 'ਤੇ ਖਰੀ ਨਹੀਂ ਉਤਰੀ ਤੇ ਲੋਕਾਂ ਵਿੱਚ ਸਰਕਾਰ ਖ਼ਿਲਾਫ਼ ਗੁੱਸਾ ਦਿਨ-ਬ-ਦਿਨ ਵੱਧਦਾ ਜਾ ਰਿਹਾ ਹੈ। ਲੋਕਾਂ ਦਾ ਝੁਕਾ ਇਸ ਵੇਲੇ ਕਾਂਗਰਸ ਪਾਰਟੀ ਵੱਲ ਹੈ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਲੋਕਾਂ ਦੀ ਸੇਵਾ ਕਰੇਗੀ। ਗੁਰਿੰਦਰ ਸਿੰਘ ਦੀ ਨਿਯੁਕਤੀ 'ਤੇ ਉਨ੍ਹਾਂ ਦੇ ਮਿੱਤਰ ਮਨਜਿੰਦਰ ਸਿੰਘ, ਲਾਲੀ ਭੁੱਲਰ ਸੁੱਖ ਸੰਧੂ ਮਾੜੀ ਮੇਘਾ ਅਰਸ਼ ਸੰਧੂ ਨੇ ਗੁਰਿੰਦਰ ਸੰਧੂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਆਸਟ੍ਰੇਲੀਆ ਵਿੱਚ ਕਾਂਗਰਸ ਪਾਰਟੀ ਵੱਡੀ ਪੱਧਰ 'ਤੇ ਮਜ਼ਬੂਤ ਹੋਵੇਗੀ ਤੇ ਨੌਜਵਾਨਾਂ ਵਿੱਚ ਇਸ ਨਿਯੁਕਤੀ 'ਤੇ ਵੱਡੀ ਪੱਧਰ 'ਤੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।



# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਰਾਸ਼ਟਰੀ ਸਮਾਜਿਕ ਯਤਨਾਂ ਨੂੰ ਮਜ਼ਬੂਤ ਕਰਨ ਲਈ ਨੈਸ਼ਨਲ ਇੰਸਟੀਚਿਊਟ ਆਫ ਸੋਸ਼ਲ ਡਿਫੈਂਸ ਨਾਲ ਸਮਝੌਤਾ

ਮੰਡੀ ਗੋਬਿੰਦਗੜ੍ਹ, 27 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਰਾਸ਼ਟਰੀ ਸਮਾਜਿਕ ਵਿਕਾਸ ਯਤਨਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਪੰਜਾਬ ਦੀ ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰਾਲੇ ਅਧੀਨ ਸੰਸਥਾ ਨੈਸ਼ਨਲ ਇੰਸਟੀਚਿਊਟ ਆਫ ਸੋਸ਼ਲ ਡਿਫੈਂਸ (ਐਨਆਈਐਸਡੀ) ਨਾਲ ਸਮਝੌਤਾ ਪੱਤਰ (ਐਮਓਯੂ) 'ਤੇ ਦਸਤਖਤ ਕੀਤੇ ਹਨ। ਇਹ ਰਣਨੀਤਿਕ ਸਹਿਯੋਗ ਦੇਸ਼ ਭਰ ਵਿੱਚ ਸਮਾਵੇਸ਼ੀ ਵਿਕਾਸ, ਸਮਾਜਿਕ ਸਸ਼ਕਤੀਕਰਨ ਤੇ ਕਮਿਊਨਿਟੀ-ਆਧਾਰਿਤ ਵਿਕਾਸ ਪਹਿਲਾਂ ਨੂੰ ਅੱਗੇ ਵਧਾਉਣ ਦੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਸਮਝੌਤਾ ਪੱਤਰ 'ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਤੇ ਅਧਿਕਾਰਤਾ ਵਿਭਾਗ ਦੇ ਡਾਇਰੈਕਟਰ ਗੌਰਵ ਰਾਜਾਵਤ ਵੱਲੋਂ ਚੰਡੀਗੜ੍ਹ ਵਿੱਚ ਆਯੋਜਿਤ ਚਿੰਤਨ ਸ਼ਿਵਿਰ ਦੌਰਾਨ ਰਸਮੀ ਤੌਰ 'ਤੇ ਦਸਤਖਤ ਕੀਤੇ ਗਏ। ਇਸ ਮੌਕੇ 'ਤੇ ਪੰਜਾਬ ਦੇ ਮਾਣਯੋਗ ਰਾਜਪਾਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਸਮਾਜਿਕ ਨਿਆਂ ਤੇ ਅਧਿਕਾਰਤਾ ਦੇ ਕੇਂਦਰੀ ਮੰਤਰੀ ਵੀਰੇਂਦਰ ਕੁਮਾਰ ਤੇ ਰਾਜ ਮੰਤਰੀ ਬੀ.ਐਲ. ਵਰਮਾ ਸਮੇਤ ਦੇਸ਼ ਭਰ ਤੋਂ ਹੋਰ ਮਾਣਯੋਗ ਹਸਤੀਆਂ ਹਾਜ਼ਰ ਸਨ। ਇਸ ਸਹਿਯੋਗ ਦਾ ਉਦੇਸ਼ ਰਾਸ਼ਟਰੀ ਮਿਸ਼ਨਾਂ ਤੇ ਸਮਾਜਿਕ ਤਰਜੀਹਾਂ ਅਨੁਸਾਰ ਸਾਂਝੇ ਪ੍ਰੋਗਰਾਮਾਂ, ਰਿਸਰਚ, ਟ੍ਰੇਨਿੰਗ ਤੇ ਜਾਗਰੂਕਤਾ ਮੁਹਿੰਮਾਂ ਨੂੰ ਉਤਸ਼ਾਹਿਤ ਕਰਨਾ ਹੈ। ਸਮਝੌਤੇ ਦੇ ਮੁੱਖ ਖੇਤਰਾਂ ਵਿੱਚ ਕਿਫਾਇਤੀ ਭਾਰਤ ਰਾਹੀਂ ਸਿੱਖਿਆ ਆਧਾਰਿਤ ਸਸ਼ਕਤੀਕਰਨ, ਸਮ੍ਰਿੱਧ ਭਾਰਤ ਰਾਹੀਂ ਆਰਥਿਕ ਉਨਤੀ ਤੇ ਨਸ਼ਾ ਮੁਕਤ ਭਾਰਤ ਅਧੀਨ ਜਾਗਰੂਕਤਾ ਤੇ ਪੁਨਰਵਾਸ ਯਤਨਾਂ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ। ਇਸ ਸਹਿਯੋਗ ਦੇ ਤਹਿਤ ਸਮਰੱਥਾ ਨਿਰਮਾਣ, ਹੁਨਰ ਵਿਕਾਸ ਤੇ ਕਮਿਊਨਿਟੀ ਭਾਗੀਦਾਰੀ 'ਤੇ ਖ਼ਾਸ ਧਿਆਨ ਦਿੱਤਾ ਜਾਵੇਗਾ, ਖ਼ਾਸ ਕਰਕੇ ਸਮਾਜ ਦੇ ਹਾਸ਼ੀਏ 'ਤੇ ਰਹਿੰਦੇ ਤੇ ਕਮਜ਼ੋਰ ਵਰਗਾਂ ਲਈ। ਇਸ ਸਮਝੌਤੇ ਰਾਹੀਂ ਦੇਸ਼ ਭਗਤ ਯੂਨੀਵਰਸਿਟੀ ਆਪਣੀ ਅਕਾਦਮਿਕ ਮਹਾਰਤ, ਰਿਸਰਚ ਸਮਰੱਥਾ ਤੇ ਆਊਟਰੀਚ ਨੈੱਟਵਰਕ ਦਾ ਸਰਗਰਮ ਯੋਗਦਾਨ ਦੇਵੇਗੀ, ਜਿਸ ਨਾਲ ਸਬੂਤ-ਆਧਾਰਤ ਨੀਤੀ ਬਣਾਉਣ ਤੇ ਸਮਾਜਿਕ ਭਲਾਈ ਪ੍ਰੋਗਰਾਮਾਂ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਵਿੱਚ ਮਦਦ ਮਿਲੇਗੀ। ਸੰਯੁਕਤ ਪਹਿਲਾਂ ਵਿੱਚ ਟ੍ਰੇਨਿੰਗ ਮਾਡਿਊਲ, ਜਾਗਰੂਕਤਾ ਮੁਹਿੰਮਾਂ, ਫੀਲਡ ਦਖ਼ਲ-ਅੰਦਾਜ਼ੀ ਤੇ ਪ੍ਰਭਾਵਸ਼ਾਲੀ ਰਿਸਰਚ ਪ੍ਰੋਜੈਕਟ ਸ਼ਾਮਲ ਹੋ ਸਕਦੇ ਹਨ। ਇਸ ਮੌਕੇ 'ਤੇ ਯੂਨੀਵਰਸਿਟੀ ਦੀ ਲੀਡਰਸ਼ਿਪ ਨੇ ਸਿੱਖਿਆ, ਨਵੀਨਤਾ ਤੇ ਸਮਾਜਿਕ ਜ਼ਿੰਮੇਵਾਰੀ ਰਾਹੀਂ ਰਾਸ਼ਟਰ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਇਹ ਸਹਿਯੋਗ ਇੱਕ ਹੋਰ ਸਮਾਵੇਸ਼ੀ, ਨਿਆਂਪੂਰਨ ਤੇ ਸਸ਼ਕਤ ਸਮਾਜ ਦੇ ਨਿਰਮਾਣ ਵਿੱਚ ਯੂਨੀਵਰਸਿਟੀ ਦੀ ਭੂਮਿਕਾ ਨੂੰ ਦਰਸਾਉਂਦਾ ਹੈ। ਇਹ ਸਮਝੌਤਾ ਵਿਕਸਿਤ ਭਾਰਤ 2047 ਦੇ ਵਿਸ਼ਾਲ ਰਾਸ਼ਟਰੀ ਵਿਜ਼ਨ ਨਾਲ ਵੀ ਮੇਲ ਖਾਂਦਾ ਹੈ, ਜੋ ਉਚ ਸਿੱਖਿਆ ਸੰਸਥਾਵਾਂ ਨੂੰ ਸਮਾਜਿਕ ਬਦਲਾਅ ਦੇ ਪ੍ਰੇਰਕ ਵਜੋਂ ਮਜ਼ਬੂਤ ਕਰਦਾ ਹੈ।



# ਮੋਟਰਸਾਈਕਲ ਚੋਰੀ ਕਰਨ ਵਾਲਾ ਵਿਅਕਤੀ ਕਾਬੂ

ਫਿਰੋਜ਼ਪੁਰ, 27 ਅਪ੍ਰੈਲ (ਤਿਵਾੜੀ): ਮਾਣਯੋਗ ਸਪੈਸ਼ਲ ਡੀਜੀਪੀ ਰੇਲਵੇ (ਪਟਿਆਲਾ) ਵੱਲੋਂ ਦਿੱਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਤੇ ਡੀਐਸਪੀ (ਜੀਆਰਪੀ) ਫਿਰੋਜ਼ਪੁਰ ਦੀ ਨਿਗਰਾਨੀ ਹੇਠ ਥਾਣਾ ਜੀਆਰਪੀ ਫਿਰੋਜ਼ਪੁਰ ਪੁਲਿਸ ਨੇ ਰੇਲਵੇ ਸਟੇਸ਼ਨ ਤੋਂ ਮੋਟਰਸਾਈਕਲ ਚੋਰੀ ਕਰਨ ਵਾਲੇ ਵਿਅਕਤੀ ਨੂੰ ਚੋਰੀ ਕੀਤੇ ਮੋਟਰਸਾਈਕਲ ਸਮੇਤ 4 ਦਿਨਾਂ ਅੰਦਰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਮੁਕੱਦਮਾ ਨੰਬਰ 09 ਮਿਤੀ 18-04-26 ਅ/ਧ 303(2) 317(2) ਭਾਰਤੀ ਨਿਆਂ ਸਹਿਤਾ ਥਾਣਾ ਜੀਆਰਪੀ ਫਿਰੋਜ਼ਪੁਰ ਸ਼ਿਕਾਇਤਕਰਤਾ ਮਨਿਸ਼ ਪੁੱਤਰ ਅਸ਼ੋਕ ਕੁਮਾਰ ਵਾਸੀ ਫਿਰੋਜ਼ਪੁਰ ਦੇ ਮੋਟਰਸਾਈਕਲ PB 05 AD 6436 ਰੇਲਵੇ ਸਟੇਸ਼ਨ ਫਿਰੋਜ਼ਪੁਰ ਕੈਂਟ ਤੋਂ ਚੋਰੀ ਹੋ ਗਿਆ ਸੀ, ਜਿਸ 'ਤੇ ਉਕਤ ਮੁਕੱਦਮਾ ਤਫਤੀਸ਼ ਏਐਸਆਈ ਸੁਰਜੀਤ ਸਿੰਘ ਥਾਣਾ ਜੀਆਰਪੀ ਫਿਰੋਜ਼ਪੁਰ ਵੱਲੋਂ ਦਰਜ ਕੀਤਾ ਗਿਆ, ਜਿਸ 'ਤੇ ਤਫ਼ਤੀਸ਼ੀ ਵੱਲੋਂ ਮੋਟਰਸਾਈਕਲ ਤੇ ਚੋਰੀ ਕਰਨ ਵਾਲੇ ਵਿਅਕਤੀ ਦੀ ਤਲਾਸ਼ ਸ਼ੁਰੂ ਕੀਤੀ ਗਈ। ਜਿਸ 'ਤੇ ਕੱਲ੍ਹ ਮਿਤੀ 23/4/26 ਨੂੰ ਮੋਟਰਸਾਈਕਲ ਤੇ ਚੋਰੀ ਕਰਨ ਵਾਲੇ ਵਿਅਕਤੀ ਨੂੰ ਕਾਬੂ ਕਰ ਲਿਆ ਗਿਆ ਹੈ। ਕਾਬੂ ਕੀਤੇ ਵਿਅਕਤੀ ਨੇ ਆਪਣਾ ਨਾਂ ਬਲਵਿੰਦਰ ਸਿੰਘ ਪੁੱਤਰ ਅਮਰ ਸਿੰਘ ਵਾਸੀ ਦੂਲੋਂ ਕੇ ਨੰਬੂ ਵਾਲਾ ਜ਼ਿਲ੍ਹਾ ਫ਼ਾਜ਼ਿਲਕਾ ਦੱਸਿਆ ਹੈ ਤੇ ਪੁਲਿਸ ਰਿਮਾਂਡ ਦੌਰਾਨ ਇਕ ਹੋਰ ਮੋਟਰਸਾਈਕਲ ਹੀਰੋ ਹੌਂਡਾ ਸਪਲੈਂਡਰ ਪਲੱਸ ਬਿਨਾਂ ਨੰਬਰੀ ਚੋਰੀ ਕਰਨਾ ਮੰਨਿਆ, ਜੋ ਉਸ ਨੇ ਫ਼ਾਜ਼ਿਲਕਾ ਤੋਂ ਚੋਰੀ ਕੀਤਾ ਸੀ, ਉਹ ਵੀ ਬ੍ਰਾਮਦ ਕਰ ਲਿਆ ਗਿਆ ਹੈ। ਅਗਲੀ ਤਫ਼ਤੀਸ਼ ਜਾਰੀ ਹੈ।



# ਵਿਸ਼ਵ ਰਾਜਪੂਤ ਭਾਈਚਾਰੇ ਦੇ ਕੌਮੀ ਪ੍ਰਧਾਨ ਦਾ ਭਰਵਾਂ ਸਵਾਗਤ



ਕੋਟ ਈਸੇ ਖਾਂ, 27 ਅਪ੍ਰੈਲ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਸ਼ਹੀਦ ਭਾਈ ਮਨੀ ਸਿੰਘ ਜੀ ਜਿਨ੍ਹਾਂ ਦਾ ਬੰਦ-ਬੰਦ ਕੱਟਿਆ ਗਿਆ ਸੀ, ਉਨ੍ਹਾਂ ਦਾ ਸਰੂਪ (ਤਸਵੀਰ) ਲੈ ਕੇ ਕੋਟ ਈਸੇ ਖਾਂ ਦੇ ਧਰਮਕੋਟ ਤੇ ਸੁਭਾਇਮਾਨ ਗੁਰਦੁਆਰਾ ਬਾਬਾ ਬਚਿੱਤਰ ਸਿੰਘ ਜੀ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਸ਼ਵ ਰਾਜਪੂਤ ਭਾਈਚਾਰੇ ਦੇ ਆਗੂ ਜਿਨ੍ਹਾਂ ਵਿੱਚ ਕੌਮੀ ਪ੍ਰਧਾਨ ਭਾਈ ਅਜੀਤ ਸਿੰਘ ਪਵਾਰ, ਦਲੀਪ ਸਿੰਘ ਬਿਕਰ, ਗੁਰਵਿੰਦਰ ਸਿੰਘ ਬੱਬੂ, ਜੰਗ ਬਹਾਦਰ ਸਿੰਘ, ਦਲਜੀਤ ਸਿੰਘ ਰਾਜਪੁਰਾ ਤੇ ਸਿੱਧਵਾਂ ਬੇਟ ਦੇ ਚੇਅਰਮੈਨ ਜਗਜੀਤ ਸਿੰਘ ਸਿੱਧਵਾਂ ਆਦਿ ਆਗੂਆਂ ਦਾ ਰਾਜਪੂਤ ਭਾਈਚਾਰੇ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਭਾਈ ਅਜੀਤ ਸਿੰਘ ਪਵਾਰ ਨੇ ਕਿਹਾ ਕਿ ਅਸੀਂ 2013 ਤੋਂ ਰਾਜਪੂਤ ਭਾਈਚਾਰੇ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ ਤੇ ਆਲ ਇੰਡੀਆ ਵਿੱਚ ਜਿਥੇ ਵੀ ਰਾਜਪੂਤ ਭਾਈਚਾਰੇ ਦੇ ਲੋਕ ਵੱਸਦੇ ਹਨ, ਉਨ੍ਹਾਂ ਨੂੰ ਜਾਗਰੂਕ ਕਰ ਰਹੇ ਹਾਂ ਤੇ ਹਰੇਕ ਗੁਰਦੁਆਰੇ ਵਿੱਚ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸਰੂਪ (ਤਸਵੀਰ) ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਸੀਂ ਆਪਣੇ ਭਾਈਚਾਰੇ ਦੇ ਲੋਕ ਐਮਐਲਏ ਤੇ ਐਮਪੀ ਦੀ ਚੋਣਾਂ ਵਿੱਚ ਵੀ ਲਾਜ਼ਮੀ ਖੜ੍ਹੇ ਕਰਾਂਗੇ। ਇਸ ਮੌਕੇ 'ਤੇ ਸ਼ਹੀਦ ਭਾਈ ਮਨੀ ਸਿੰਘ ਜੀ ਬਾਬਾ ਬਚਿੱਤਰ ਸਿੰਘ ਵੈਲਫੇਅਰ ਸੁਸਾਇਟੀ ਦੇ ਕੌਮੀ ਪ੍ਰਧਾਨ ਭਾਈ ਲਖਵਿੰਦਰ ਸਿੰਘ ਸਰਪੰਚ ਫੁਲਰਵੰਨੀਆ, ਪੰਜਾਬ ਪ੍ਰਧਾਨ ਭਾਈ ਸੋਹਣ ਸਿੰਘ ਖ਼ਾਲਸਾ ਮੋਗਾ, ਤੇਜਿੰਦਰ ਸਿੰਘ ਕਾਕਾ ਢੁਡੀ, ਪ੍ਰੈਸ ਸਕੱਤਰ ਭਾਈ ਬਲਵੀਰ ਸਿੰਘ ਪਾਂਧੀ, ਸੁਖਵਿੰਦਰ ਸਿੰਘ ਸਫ਼ਰੀ, ਗਿਆਨੀ ਅਨੋਖ ਸਿੰਘ, ਸਵਰਨ ਸਿੰਘ ਤਲਵੰਡੀ, ਰਛਪਾਲ ਸਿੰਘ ਮੋਗਾ, ਮਹਿੰਦਰ ਸਿੰਘ ਸਾਬਕਾ ਐਮਸੀ, ਕੁਲਦੀਪ ਸਿੰਘ ਰਾਜਪੂਤ ਸਾਬਕਾ ਐਮਸੀ, ਗੁਰਸਾਹਿਬ ਸਿੰਘ ਪਾਂਧੀ, ਗੁਰਪ੍ਰੀਤ ਸਿੰਘ ਪ੍ਰੀਤ, ਜਸਬੀਰ ਸਿੰਘ ਬੱਬੂ, ਮਹਿੰਗਾ ਸਿੰਘ, ਸਵਰਨ ਸਿੰਘ ਪੀਪੀ, ਲਾਲ ਸਿੰਘ ਮਮਦੋਟ, ਸੁਖਦੇਵ ਸਿੰਘ ਬਠਿੰਡਾ, ਸੁਖਵਿੰਦਰ ਸਿੰਘ ਸ਼ੇਖਾਂ, ਪਿੱਪਲ ਸਿੰਘ ਰਾਜਪੂਤ, ਬੋਹੜ ਸਿੰਘ ਬਲਾਕ ਸੰਮਤੀ, ਤੇਜਿੰਦਰ ਸਿੰਘ ਕਾਲਾ, ਹਰਮੇਲ ਸਿੰਘ ਸਾਬਕਾ ਸਰਪੰਚ, ਗ੍ਰੰਥੀ ਭਾਈ ਜਸਵਿੰਦਰ ਸਿੰਘ, ਮਨਜੀਤ ਸਿੰਘ ਟੀਚਰ ਕਲੋਨੀ ਮੋਗਾ, ਹਰਜੀਤ ਸਿੰਘ ਮੋਗਾ ਆਦਿ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 2027 'ਚ ਵੀ 'ਆਪ' ਸਰਕਾਰ ਆਵੇਗੀ: ਗੁਰਲਾਲ ਸਿੰਘ

ਮੋਗਾ, 27 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਪੰਜਾਬ ਵਿੱਚ 2027 ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਆਵੇਗੀ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰਧਾਨ ਲਾਈਟ ਟਰੱਕ ਯੂਨੀਅਨ ਗੁਰਲਾਲ ਸਿੰਘ ਤੇ ਪ੍ਰਧਾਨ ਟਰੱਕ ਯੂਨੀਅਨ ਆਗਿਆਪਾਲ ਸਿੰਘ ਤੇ ਬਲਾਕ ਪ੍ਰਧਾਨ ਜਗਦੀਪ ਸਿੰਘ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹਰੇਕ ਵਾਅਦੇ ਪੂਰੇ ਕੀਤੇ ਹਨ ਤੇ ਦੂਸਰਾ ਸਰਕਾਰਾਂ ਵਾਂਗੂੰ ਲੋਕਾਂ ਨਾਲ ਲਾਰੇ ਨਹੀਂ ਲਗਾਏ ਹਨ ਤੇ ਪੰਜਾਬ ਸਰਕਾਰ ਉਤੇ ਲੋਕਾਂ ਦਾ ਵਿਸ਼ਵਾਸ ਹੋ ਗਿਆ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੋ ਗੱਲ ਕਰਦੇ ਹਨ, ਉਨ੍ਹਾਂ ਉਤੇ ਖਰੇ ਉਤਰਦੇ ਹਨ ਤੇ ਮੋਗਾ ਤੋਂ ਐਮਐਲਏ ਅਮਨਦੀਪ ਕੌਰ ਅਰੋੜਾ ਨੇ ਵੀ ਮੋਗਾ ਨਿਵਾਸੀਆਂ ਨਾਲ ਜੋ ਵਾਅਦੇ ਕੀਤੇ ਹਨ, ਉਹ ਸਾਰੇ ਪੂਰੇ ਕੀਤੇ ਹਨ ਤੇ ਮੋਗਾ ਨੂੰ ਸੁੰਦਰ ਬਣਾਉਣ ਲਈ ਰੋਜ਼ ਐਮਐਲਏ ਮੈਡਮ ਮਿਹਨਤ ਕਰ ਰਹੇ ਹਨ ਤੇ ਮੋਗਾ ਨਿਵਾਸੀਆਂ ਦਾ ਐਮਐਲਏ ਮੈਡਮ ਨੇ ਦਿਲ ਜਿੱਤਿਆ ਹੋਇਆ ਹੈ ਕਿਉਂਕਿ ਮੈਡਮ ਨੇ ਜੋ ਵੀ ਅਧੂਰੇ ਕੰਮ ਸਨ, ਉਹ ਸਾਰੇ ਪੂਰੇ ਕੀਤੇ ਹਨ। ਮੈਡਮ ਦੀ ਇੱਕ ਹੀ ਤਮੰਨਾ ਹੈ ਕਿ ਮੋਗਾ ਸ਼ਹਿਰ ਨੂੰ ਸੁੰਦਰਤਾ ਨੂੰ ਲੈ ਕੇ ਨੰਬਰ ਵਨ ਬਣਾਇਆ ਜਾਵੇ ਤੇ ਜੋ ਵੀ ਸੜਕਾਂ ਰਹਿੰਦੀਆਂ ਹਨ, ਉਹ ਸੜਕਾਂ ਸਾਰੀਆ ਇੰਟਰਲਾਕ ਕਰਵਾ ਦਿੱਤੀਆਂ ਹਨ ਤੇ 2027 ਵਿੱਚ ਵੀ ਮੋਗਾ ਨਿਵਾਸੀ ਮੈਡਮ ਨੂੰ ਦੁਬਾਰਾ ਐਮਐਲਏ ਬਣਾਉਣਗੇ।



# 'ਆਪ' ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ 'ਚ ਸ਼ਾਮਲ ਹੋਣ ਦੇ ਵਿਰੋਧ 'ਚ ਜ਼ੋਰਦਾਰ ਪ੍ਰਦਰਸ਼ਨ

ਫਾਜ਼ਿਲਕਾ/ਅਬੋਹਰ, 27 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਦੇ ਵਿਰੋਧ ਵਿੱਚ ਅੱਜ ਅਬੋਹਰ ਵਿੱਚ ਪਾਰਟੀ ਵਰਕਰਾਂ ਵੱਲੋਂ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਇਹ ਪ੍ਰਦਰਸ਼ਨ ਸ਼ਹਿਰ ਦੇ ਪ੍ਰਮੁੱਖ ਸਥਾਨ ਸ਼ਹੀਦ ਭਗਤ ਸਿੰਘ ਚੌਕ 'ਤੇ ਕੀਤਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਵਰਕਰ ਇਕੱਠੇ ਹੋਏ ਤੇ ਆਪਣੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਪ੍ਰਦਰਸ਼ਨ ਦੀ ਅਗਵਾਈ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਅਰੁਣ ਨਾਰੰਗ ਤੇ ਸੀਨੀਅਰ ਆਗੂ ਐਡ. ਹਰਪ੍ਰੀਤ ਸਿੰਘ ਵੱਲੋਂ ਕੀਤੀ ਗਈ। ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਭਾਜਪਾ ਵਿੱਚ ਸ਼ਾਮਲ ਹੋਏ ਸੰਸਦ ਮੈਂਬਰਾਂ ਦੇ ਪੁਤਲੇ ਫੂਕ ਕੇ ਆਪਣਾ ਵਿਰੋਧ ਦਰਜ ਕਰਵਾਇਆ ਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸੰਬੋਧਨ ਕਰਦੇ ਹੋਏ ਹਲਕਾ ਇੰਚਾਰਜ ਅਰੁਣ ਨਾਰੰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਵਿਚਾਰਧਾਰਾ ਦੀ ਲੜਾਈ ਲੜ ਰਹੀ ਹੈ ਤੇ ਇਸ ਤਰ੍ਹਾਂ ਦੇ ਰਾਜਨੀਤਿਕ ਦਾਓ-ਪੇਚਾਂ ਨਾਲ ਨਾ ਤਾਂ ਪਾਰਟੀ ਕਮਜ਼ੋਰ ਹੋਵੇਗੀ ਤੇ ਨਾ ਹੀ ਵਰਕਰਾਂ ਦਾ ਮਨੋਬਲ ਟੁੱਟੇਗਾ। ਉਨ੍ਹਾਂ ਕਿਹਾ ਕਿ ਪਾਰਟੀ ਜਨਤਾ ਵਿੱਚ ਜਾ ਕੇ ਸੱਚਾਈ ਰੱਖੇਗੀ ਤੇ ਲੋਕਤੰਤਰ ਦੀ ਰੱਖਿਆ ਲਈ ਹਰ ਪੱਧਰ 'ਤੇ ਸੰਘਰਸ਼ ਕਰੇਗੀ। ਇਸ ਪ੍ਰਦਰਸ਼ਨ ਵਿੱਚ ਪਾਰਟੀ ਦੇ ਕਈ ਪ੍ਰਮੁੱਖ ਆਗੂ ਤੇ ਵਰਕਰ ਹਾਜ਼ਰ ਸਨ, ਜਿਨ੍ਹਾਂ ਵਿੱਚ ਰਣਧੀਰ ਗਾਬਾ, ਉਪਕਾਰ ਜਾਖੜ, ਰਾਜਿੰਦਰ ਕੰਬੋਜ, ਸੁਰਜੀਤ ਜੀਤ, ਸ਼ੇਰਾ, ਤੇਜਵੀਰ ਬਰਾਰ, ਸੰਦੀਪ ਨੋਖਵਾਲ, ਅਭਿਸ਼ੇਕ ਸਿਡਾਨਾ, ਸੁਨੀਤਾ ਰਾਣੀ, ਅਰਵਿੰਦ ਬਜਾਜ, ਸੁਨੀਲ ਕੁਮਾਰ ਸ਼ੀਲਾ, ਸਰਪੰਚ ਗੁਰਮੀਤ ਸਿੰਘ, ਜਤਿੰਦਰ ਕੌਰ, ਭਗਵੰਤੀ ਦੇਵੀ ਤੇ ਅੰਕੁਸ਼ ਸੇਟੀਆ ਸ਼ਾਮਲ ਸਨ।




# ਜ਼ਿਲ੍ਹਾ ਲਿਖਾਰੀ ਸਭਾ ਵੱਲੋਂ ਪਰਮਜੀਤ ਸਿੰਘ ਚੀਮਾ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

ਸ੍ਰੀ ਫਤਹਿਗੜ੍ਹ ਸਾਹਿਬ, 27 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਲਿਖਾਰੀ ਸਭਾ ਦੀ ਹੰਗਾਮੀ ਇਕੱਤਰਤਾ ਸਭਾ ਦੀ ਪ੍ਰਧਾਨ ਪਰਮਜੀਤ ਕੌਰ ਸਰਹਿੰਦ ਦੇ ਗ੍ਰਹਿ ਵਿਖੇ ਹੋਈ। ਇਸ ਮੌਕੇ ਸਭਾ ਦੇ ਪ੍ਰੈਸ ਸਕੱਤਰ ਅਮਰਬੀਰ ਸਿੰਘ ਚੀਮਾ ਦੇ ਪਿਤਾ ਪਰਮਜੀਤ ਸਿੰਘ ਚੀਮਾ ਦੇ ਹੋਏ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸੋਗ ਮਤਾ ਪਾਇਆ ਗਿਆ। ਇਸ ਤੋਂ ਪਹਿਲਾਂ ਸਭਾ ਦੇ ਅਹੁਦੇਦਾਰ ਤੇ ਮੈਂਬਰ ਪਰਮਜੀਤ ਕੌਰ ਸਰਹਿੰਦ, ਬਲਤੇਜ ਸਿੰਘ ਬਠਿੰਡਾ, ਹਰਜਿੰਦਰ ਸਿੰਘ ਗੋਪਾਲੋਂ, ਅਜਮੇਰ ਸਿੰਘ ਮਾਨ, ਸਿਮਰਨ ਜੀਤ ਸਿੰਘ, ਅਵਤਾਰ ਸਿੰਘ ਪੁਆਰ ਤੇ ਹੋਰ ਪਰਮਜੀਤ ਸਿੰਘ ਚੀਮਾ ਦੇ ਅੰਤਿਮ ਸਸਕਾਰ ਮੌਕੇ ਉਨ੍ਹਾਂ ਦੇ ਘਰ ਸਰਹਿੰਦ ਸ਼ਹਿਰ ਤੋਂ ਉਨ੍ਹਾਂ ਦੀ ਮਜ਼ਲ ਵਿੱਚ ਸ਼ਾਮਲ ਹੋ ਕੇ ਸ਼ਮਸ਼ਾਨਘਾਟ ਤੱਕ ਨਾਲ ਗਏ। ਸਥਾਨਕ ਲੋਕਾਂ, ਰਿਸ਼ਤੇਦਾਰਾਂ ਤੇ ਮਿੱਤਰ ਪਿਆਰਿਆਂ ਤੋਂ ਇਲਾਵਾ ਉਨ੍ਹਾਂ ਦੇ ਜੱਦੀ ਪਿੰਡ ਛਲੇੜੀ ਤੋਂ ਪੰਚ-ਸਰਪੰਚ, ਨੰਬਰਦਾਰ ਤੇ ਪਿੰਡ ਦੇ ਬਹੁਤ ਸਾਰੇ ਹਮਦਰਦ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਏ। ਇਹ ਚੀਮਾ ਪਰਿਵਾਰ ਦੇ ਮੁਹੱਬਤੀ ਸੁਭਾਅ ਤੇ ਮਿਲਵਰਤਣ ਦਾ ਪ੍ਰਤੱਖ ਪ੍ਰਮਾਣ ਸੀ। ਉਹ 76 ਸਾਲਾ ਦੀ ਉਮਰ ਵਿੱਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਉਘੇ ਪੱਤਰਕਾਰ ਤੇ ਜ਼ਿਲ੍ਹਾ ਲਿਖਾਰੀ ਸਭਾ ਦੇ ਪ੍ਰੈਸ ਸਕੱਤਰ ਅਮਰਬੀਰ ਸਿੰਘ ਚੀਮਾ ਦੇ ਪਿਤਾ ਜੀ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਮਰਹੂਮ ਪਰਮਜੀਤ ਸਿੰਘ ਚੀਮਾ ਮਾਰਕਫੈਡ ਵਿੱਚੋਂ ਇੰਸਪੈਕਟਰ ਦੀ ਮਾਣਮੱਤੀ ਸੇਵਾ ਤੋਂ ਮੁਕਤ ਹੋਣ ਉਪਰੰਤ ਘਰੇਲੂ ਜ਼ਿੰਮੇਵਾਰੀਆਂ ਦੇ ਨਾਲ ਸਾਹਿਤ ਨਾਲ ਵੀ ਬਹੁਤ ਨੇੜਿਓਂ ਜੁੜੇ ਹੋਏ ਸਨ। ਉਨ੍ਹਾਂ ਨੂੰ ਮੁੱਢੋਂ ਹੀ ਚੰਗਾ ਸਾਹਿਤ ਪੜ੍ਹਨ ਦਾ ਸ਼ੌਂਕ ਸੀ। ਮਰਹੂਮ ਪਰਮਜੀਤ ਸਿੰਘ ਚੀਮਾ ਦੀ ਪਤਨੀ ਪਰਮਿੰਦਰ ਕੌਰ ਸੇਵਾ ਮੁਕਤ ਮੁੱਖ ਅਧਿਆਪਕਾ ਹਨ, ਉਹ ਵੀ ਸਾਹਿਤ ਰਸੀਏ ਹਨ।



# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਪੰਜ ਦਿਨਾਂ ਸਕੂਲ ਫਿਨਿਸ਼ਿੰਗ ਪ੍ਰੋਗਰਾਮ

ਸ੍ਰੀ ਫਤਹਿਗੜ੍ਹ ਸਾਹਿਬ, 27 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸਿੱਖਿਆ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਵੱਲੋਂ 21 ਤੋਂ 25 ਅਪ੍ਰੈਲ ਤੱਕ ਅਧਿਆਪਕ ਤਿਆਰੀ ਰਾਹੀਂ ਅਕਾਦਮਿਕ ਗੁਣਵੱਤਾ ਵਿੱਚ ਸੁਧਾਰ ਵਿਸ਼ੇ 'ਤੇ ਪੰਜ ਦਿਨਾਂ ਸਕੂਲ ਫਿਨਿਸ਼ਿੰਗ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਸੈਂਟਰ ਆਫ ਇੰਟਰਨਸ਼ਿਪ ਐਂਡ ਸੋਸ਼ਲ ਆਊਟਰੀਚ, ਸਿੱਖਿਆ ਵਿਭਾਗ ਵੱਲੋਂ ਕਰਵਾਇਆ ਗਿਆ, ਜੋ ਕਿ ਡਾ. ਹਰਨੀਤ ਬਿਲਿੰਗ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮਿਸਟਰ ਵਿਕਾਸ ਕੁਮਾਰ, ਪ੍ਰਿੰਸੀਪਲ, ਆਕਸਫੋਰਡ ਲਿਟਲ ਸਕਾਲਰ ਸਕੂਲ ਵੱਲੋਂ ਅਸੈਸਮੈਂਟ ਲਿਟਰੇਸੀ ਐਂਡ ਅਕਾਊਂਟੇਬਿਲਟੀ ਵਿਸ਼ੇ 'ਤੇ ਜਾਣਕਾਰੀਪੂਰਨ ਸੈਸ਼ਨ ਨਾਲ ਹੋਈ। ਉਨ੍ਹਾਂ ਨੇ ਮੁਲਾਂਕਣ ਦੇ ਬਦਲਦੇ ਰੁਝਾਨਾਂ, ਕੰਪਿਟੈਂਸੀ-ਆਧਾਰਿਤ ਮੁਲਾਂਕਣ ਤੇ ਸੰਸਥਾਗਤ ਜ਼ਿੰਮੇਵਾਰੀ ਬਾਰੇ ਵਿਸਥਾਰ ਨਾਲ ਦੱਸਿਆ ਤੇ ਵਿਦਿਆਰਥੀ ਸਿਖਲਾਈ ਦੇ ਨਤੀਜਿਆਂ ਵਿੱਚ ਸੁਧਾਰ ਲਈ ਅਧਿਆਪਕ ਦੀ ਕੇਂਦਰੀ ਭੂਮਿਕਾ ਉਜਾਗਰ ਕੀਤੀ। ਦੂਜੇ ਦਿਨ ਮਿਸ ਇਕਤਾ ਗੁਲਾਟੀ, ਸਾਹਿਬਜ਼ਾਦਾ ਅਜੀਤ ਸਿੰਘ ਸਕੂਲ, ਲੱਧੇਵਾਲ (ਮਹਿਲਪੁਰ) ਵੱਲੋਂ ਟੈਕਨਾਲੋਜੀ ਸਹਾਇਤ ਸਿੱਖਿਆ ਰਾਹੀਂ ਅਧਿਆਪਕ ਕਾਬਲੀਅਤ ਮਜ਼ਬੂਤ ਕਰਨਾ ਵਿਸ਼ੇ 'ਤੇ ਰੁਚਿਕਰ ਸੈਸ਼ਨ ਦਿੱਤਾ ਗਿਆ। ਤੀਜੇ ਦਿਨ, ਮਿਸ ਰਾਜਵੀਰ ਕੌਰ, ਲੈਕਚਰਾਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕੋਟਲਾ ਬਜ਼ਵਾਰ ਵੱਲੋਂ ਪੈਡਾਗੌਜੀਕਲ ਕਾਬਲੀਅਤ ਤੇ ਕਲਾਸਰੂਮ ਪ੍ਰਭਾਵਸ਼ੀਲਤਾ ਵਿਸ਼ੇ 'ਤੇ ਵਿਚਾਰ ਸਾਂਝੇ ਕੀਤੇ ਗਏ। ਚੌਥੇ ਦਿਨ, ਮਿਸ ਨੀਰੂ ਧੀਰ ਵੱਲੋਂ ਪ੍ਰੋਫੈਸ਼ਨਲ ਐਥਿਕਸ, ਰਿਫਲੈਕਸ਼ਨ ਤੇ ਕੰਡੀਸ਼ਨ ਡਿਵੈਲਪਮੈਂਟ ਵਿਸ਼ੇ 'ਤੇ ਵਿਚਾਰ ਪ੍ਰਗਟ ਕੀਤੇ ਗਏ।



# ਸੂਬੇਦਾਰ ਸੁਖਵਿੰਦਰ ਸਿੰਘ ਨੇ ਆਈਬੀਏ 2 ਸਟਾਰ ਸਰਟੀਫਿਕੇਸ਼ਨ ਹਾਸਲ ਕੀਤੀ

ਅਮਲੋਹ, 27 ਅਪ੍ਰੈਲ (ਜਸਵੰਤ ਸਿੰਘ): ਅਮਲੋਹ ਸਬ-ਡਵੀਜ਼ਨ ਦੇ ਪਿੰਡ ਮਾਜਰੀ ਕਿਸਨੇ ਵਾਲੀ ਦੇ ਵਸਨੀਕ ਸੂਬੇਦਾਰ ਸੁਖਵਿੰਦਰ ਸਿੰਘ ਜੋ ਮੌਜੂਦਾ ਸਮੇਂ 16 ਸਿੱਖ ਰੈਜ਼ੀਮੈਂਟ ਵਿੱਚ ਸੇਵਾ ਨਿਭਾ ਰਿਹਾ ਹੈ ਨੇ ਇੰਟਰਨੈਸ਼ਨਲ ਬਾਕਸਿੰਗ ਐਸੋਸੀਏਸ਼ਨ ਦੀ 2 ਸਟਾਰ ਰੈਫਰੀ ਤੇ ਜੱਜ ਸਰਟੀਫਿਕੇਸ਼ਨ ਪਾਸ ਕਰਕੇ ਅੰਤਰਰਾਸ਼ਟਰੀ ਪੱਧਰ 'ਤੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਇਹ ਕੋਰਸ ਸਾਗੀ ਰਾਮਕ੍ਰਿਸ਼ਨਮ ਰਾਜੂ ਟਰਾਫੀ 2026 ਦੇ ਦੌਰਾਨ ਆਂਧਰਾ ਪ੍ਰਦੇਸ਼ ਵਿੱਚ ਹੋਈ ਸੀ, ਜਿਸ ਵਿੱਚ ਇਸ ਨੇ ਇਹ ਪ੍ਰੀਖਿਆ ਪਾਸ ਕਰਕੇ 2-ਸਟਾਰ ਲੈਵਲ ਹਾਸਲ ਕੀਤਾ। ਇਹ ਉਪਲਬੰਧੀ ਉਨ੍ਹਾਂ ਜਾਂ ਉਨ੍ਹਾਂ ਦੇ ਪਰਿਵਾਰ ਤੱਕ ਨਹੀਂ ਸਗੋਂ ਇਲਾਕੇ ਤੇ ਰੈਜ਼ੀਮੈਂਟ ਲਈ ਮਾਣ ਵਾਲੀ ਗੱਲ ਹੈ। ਫੌਜੀ ਡਿਊਟੀ ਦੇ ਕਠਿਨ ਮਾਹੌਲ ਵਿੱਚ ਰਹਿੰਦੇ ਹੋਏ ਵੀ ਉਸ ਨੇ ਖੇਡਾਂ ਵਿੱਚ ਆਪਣੀ ਲਗਨ, ਅਨੁਸ਼ਾਸਨ ਤੇ ਮਿਹਨਤ ਨਾਲ ਇਹ ਵੱਡੀ ਸਫਲਤਾ ਹਾਸਲ ਕੀਤੀ। ਇਹ ਉਪਲਬਧੀ ਦੇਸ਼ ਦੇ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਹੈ ਜੋ ਖੇਡਾਂ ਵਿੱਚ ਆਪਣਾ ਭਵਿੱਖ ਬਣਾਉਣਾ ਚਾਹੁੰਦੇ ਹਨ।



# ਰਿਮਟ ਹਸਪਤਾਲ 'ਚ ਮੁਫ਼ਤ ਮੈਡੀਕਲ ਕੈਂਪ 30 ਨੂੰ

ਮੰਡੀ ਗੋਬਿੰਦਗੜ੍ਹ, 27 ਅਪ੍ਰੈਲ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 30 ਅਪ੍ਰੈਲ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਡਾਇਰੈਕਟਰ ਡਾ. ਟੀਸੀ ਗੋਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ, ਇਸ ਤੋਂ ਬਿਨਾਂ ਖ਼ੂਨ ਦੇ ਸਾਰੇ ਟੈਸਟ ਫ੍ਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖ਼ੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿੱਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ੍ਹ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਵੱਲੋਂ ਲੋਕਾਂ ਨੂੰ ਪੂਰੀ ਬਾਡੀ ਦੇ ਟੈਸਟ ਕਰਵਾਉਣ ਦੀ ਵੀ ਸਹੂਲਤ ਦਿੱਤੀ ਗਈ ਹੈ।



# ਗੜ੍ਹੇਮਾਰੀ ਨਾਲ ਤਬਾਹ ਹੋਈ ਕਣਕ ਦੀ ਫ਼ਸਲ ਲਈ ਪੀੜਤ ਕਿਸਾਨਾਂ ਦੇ ਹੱਕ 'ਚ ਉਤਰਿਆ ਅਕਾਲੀ ਦਲ: ਸੰਨੀ ਗਿੱਲ



ਮੋਗਾ, 27 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਅੱਜ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਹਲਕਾ ਮੋਗਾ ਦਿਹਾਤੀ ਦੀ ਮੀਟਿੰਗ ਬੁਲਾਈ, ਜਿਸ ਵਿੱਚ ਸਾਰੇ ਸਰਕਲ ਪ੍ਰਧਾਨ ਜਿਨ੍ਹਾਂ ਵਿੱਚ ਹਲਕਾ ਚੜਿੱਕ ਜ਼ੋਨ ਤੋਂ ਗੁਰਬਿੰਦ ਸਿੰਘ ਸਿੰਘਾ ਵਾਲਾ, ਸਰਕਲ ਘੱਲ ਕਲਾਂ ਤੋਂ ਨਰਿੰਦਰ ਸਿੰਘ ਬੁੱਕਣ ਵਾਲਾ, ਸਰਕਲ ਡਰੋਲੀ ਭਾਈ ਤੋਂ ਵਾਈਸ ਸਰਕਲ ਪ੍ਰਧਾਨ ਗੁਰਮੀਤ ਸਿੰਘ ਫੌਜੀ, ਸਰਕਲ ਖੋਸਾ ਪਾਂਡੋ ਤੋਂ ਬਿਪਨਪਾਲ ਸਿੰਘ ਖੋਸਾ, ਸਰਕਲ ਦੌਲਤਪੁਰਾ ਤੋਂ ਰਵਦੀਪ ਸਿੰਘ ਸੰਘਾ ਦਾਰਾਪੁਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੂਬੇ ਦੀ ਉਹ ਖੇਤਰੀ ਪਾਰਟੀ ਹੈ, ਜਿਹੜੀ ਹਰ ਸਮੇਂ ਮੁਸ਼ਕਿਲ ਦੀ ਘੜੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ ਤੇ ਹੁਣ ਇੱਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ ਗੜ੍ਹੇਮਾਰੀ ਤੋਂ ਪੀੜਤ ਕਿਸਾਨਾਂ ਦੇ ਨਾਲ ਖੜ੍ਹਾ ਹੈ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਆਦੇਸ਼ਾਂ 'ਤੇ ਜਿਨ੍ਹਾਂ ਕਿਸਾਨਾਂ ਦੀ ਫਸਲ ਤਬਾਹ ਹੋਈ ਹੈ ਉਨ੍ਹਾਂ ਨੂੰ ਪੂਰੇ ਪੰਜਾਬ 'ਚੋਂ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਵਰਕਰ ਕਣਕ ਇਕੱਠੀ ਕਰਕੇ ਪੀੜਤ ਕਿਸਾਨਾਂ ਦੇ ਕੋਲ ਪੁੱਜਦੀ ਕਰਨਗੇ। ਇਸ ਲਈ ਹਲਕਾ ਮੋਗਾ ਦੇ ਦਿਹਾਤੀ ਵਰਕਰਾਂ ਤੇ ਆਗੂਆਂ ਨਾਲ ਮੀਟਿੰਗ ਕੀਤੀ ਗਈ ਤੇ ਵਰਕਰਾਂ ਤੇ ਆਗੂਆਂ ਦੀਆਂ ਕਣਕ ਇਕੱਠੀ ਕਰਨ ਸਬੰਧੀ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਤੇ ਹਲਕਾ ਮੋਗਾ ਤੋਂ ਵੱਧ ਤੋਂ ਵੱਧ ਕਣਕ ਇਕੱਠੀ ਕਰਕੇ ਪੀੜਤ ਕਿਸਾਨਾਂ ਨੂੰ ਭੇਜੀ ਜਾਵੇਗੀ। ਸੰਨੀ ਗਿੱਲ ਨੇ ਕਿਹਾ ਕਿ ਆਪ ਪਾਰਟੀ ਦੇ ਸੱਤ ਵੱਡੇ ਲੀਡਰ ਪਾਰਟੀ ਛੱਡ ਗਏ ਹਨ ਤੇ ਆਉਣ ਵਾਲੀਆਂ ਚੋਣਾਂ ਤੋਂ ਲੋਕ ਜਵਾਬ ਦੇਣਗੇ ਤੇ ਸੂਬੇ ਅੰਦਰ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣਗੇ ਕਿਉਂਕਿ ਸੂਬੇ ਦੇ ਲੋਕ ਆਪਣੀ ਖੇਤਰੀ ਪਾਰਟੀ ਦੇ ਨਾਲ ਚੱਟਾਨ ਵਾਂਗ ਖੜ੍ਹੇ ਹੋ ਗਏ ਹਨ।

# ਬਿਜਲੀ ਕੱਟਾਂ ਤੋਂ ਲੋਕ ਪ੍ਰੇਸ਼ਾਨ: ਸਰਬਜੋਤ ਸਾਬੀ

ਮੁਕੇਰੀਆਂ, 27 ਅਪ੍ਰੈਲ (ਧਰਮ ਚੰਦ): ਮੁਕੇਰੀਆਂ ਵਿੱਚ ਬਿਜਲੀ ਸਪਲਾਈ ਦੀ ਬੇਹਾਲ ਹਾਲਤ ਖ਼ਿਲਾਫ਼ ਅੱਜ ਕਾਂਗਰਸ ਵਰਕਰਾਂ ਤੇ ਕਿਸਾਨਾਂ ਵੱਲੋਂ ਤਿੱਖਾ ਰੋਸ ਪ੍ਰਦਰਸ਼ਨ ਸਰਬਜੋਤ ਸਿੰਘ ਸਾਬੀ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਸਰਕਾਰ ਦਾ ਪੁਤਲਾ ਫੂਕ ਕੇ ਸਰਕਾਰ ਖ਼ਿਲਾਫ਼ ਨਾਰੇਬਾਜ਼ੀ ਕੀਤੀ ਗਈ। ਪ੍ਰਦਰਸ਼ਨ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਤੇ ਕਾਂਗਰਸ ਪਾਰਟੀ ਦੇ ਵਰਕਰ ਸ਼ਾਮਲ ਹੋਏ। ਇਸ ਮੌਕੇ ਬੋਲਦਿਆਂ ਸਰਬਜੋਤ ਸਿੰਘ ਸਾਬੀ ਨੇ ਦੋਸ਼ ਲਗਾਇਆ ਕਿ ਮੁਕੇਰੀਆਂ ਤੇ ਆਸ-ਪਾਸ ਦੇ ਪਿੰਡਾਂ ਵਿੱਚ ਬਿਜਲੀ ਸਪਲਾਈ ਬਹੁਤ ਹੀ ਖ਼ਰਾਬ ਹਾਲਤ ਵਿੱਚ ਹੈ, ਜਿਸ ਕਾਰਨ ਆਮ ਲੋਕਾਂ ਦੇ ਨਾਲ-ਨਾਲ ਕਿਸਾਨ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ, ਉਨ੍ਹਾਂ ਕਿਹਾ ਕਿ ਖ਼ਾਸ ਤੌਰ 'ਤੇ ਇਸ ਇਲਾਕੇ ਵਿੱਚ ਗੰਨੇ ਦੀ ਖੇਤੀ ਵੱਡੇ ਪੱਧਰ 'ਤੇ ਹੁੰਦੀ ਹੈ ਤੇ ਇਸ ਫ਼ਸਲ ਨੂੰ ਸਮੇਂ-ਸਿਰ ਪਾਣੀ ਲਗਾਉਣ ਲਈ ਘੱਟੋ-ਘੱਟ 8 ਘੰਟੇ ਬਿਜਲੀ ਦੀ ਲੋੜ ਹੁੰਦੀ ਹੈ ਪਰ ਮੌਜੂਦਾ ਹਾਲਾਤ ਵਿੱਚ ਬਿਜਲੀ ਦੀ ਘੱਟ ਸਪਲਾਈ ਕਾਰਨ ਸਿੰਚਾਈ ਨਹੀਂ ਹੋ ਰਹੀ, ਜਿਸ ਨਾਲ ਗੰਨੇ ਦੀ ਫ਼ਸਲ ਸੁੱਕਣ ਲੱਗ ਪਈ ਹੈ ਤੇ ਕਿਸਾਨਾਂ ਨੂੰ ਵੱਡੇ ਆਰਥਿਕ ਨੁਕਸਾਨ ਦਾ ਖਤਰਾ ਬਣ ਗਿਆ ਹੈ। ਉਨ੍ਹਾਂ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਬਿਜਲੀ ਸਪਲਾਈ ਨੂੰ ਜਲਦ ਹੀ ਠੀਕ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਰੋਸ ਪ੍ਰਦਰਸ਼ਨ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਹੇਠ ਇੱਕ ਮੰਗ ਪੱਤਰ ਅਧਿਕਾਰੀਆਂ ਨੂੰ ਸੌਂਪਿਆ ਗਿਆ। ਇਸ ਮੌਕੇ ਬੇਅੰਤ ਸਿੰਘ ਰੰਧਾਵਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਅਨਿਲ ਠਾਕੁਰ ਸਰਪੰਚ ਮਾਨਸਰ, ਕਿਸ਼ਨਪਾਲ ਸਿੰਘ ਬਿੱਟੂ ਸਨਿਆਲ, ਬਲਦੇਵ ਸਿੰਘ ਕੋਲਪੁਰ, ਸੁਸ਼ੀਲ ਕੁਮਾਰ ਜ਼ਿਲ੍ਹਾ ਪ੍ਰਧਾਨ ਸੇਵਾ ਦਲ ਕਾਂਗਰਸ, ਅਮਨ ਕੁਮਾਰ ਮੀਡੀਆ ਇੰਚਾਰਜ ਕਾਂਗਰਸ ਸੇਵਾ ਦਲ, ਰਜੇਸ਼ ਕੁਮਾਰ ਕੌਂਸਲਰ, ਮਨਜਿੰਦਰ ਸਿੰਘ ਸਰਪੰਚ ਮਹਿਤਾਬਪੁਰ ਸਾਬਾ ਬਲਾਕ ਸੰਮਤੀ ਮੈਂਬਰ ਮਹਿਤਾਬਪੁਰ, ਅਵਤਾਰ ਸਿੰਘ ਕੋਟਲੀ, ਬਲਬੀਰ ਸਿੰਘ ਟੀਟਾ, ਮਹਿੰਦਰਪਾਲ ਸਿੰਘ ਰਿੰਕੂ ਸਰਪੰਚ ਭਟੀਆਂ ਰਾਜਪੂਤਾਂ, ਨੰਬਰਦਾਰ ਬਲਜੀਤ ਸਿੰਘ ਨੀਟਾ, ਕੁਲਬੀਰ ਸਿੰਘ ਬੱਬਾ, ਮਨਮੋਹਨ ਸ਼ਰਮਾ, ਨਿੱਕੂ ਸਰਪੰਚ ਕੋਲੀਆਂ, ਰਾਜ ਕੁਮਾਰ ਛੰਨਾ ਰਾਏ, ਲਖਬੀਰ ਸਿੰਘ ਮਾਨਾ ਤੇ ਤੇਜਿੰਦਰ ਪਾਲ ਸਿੰਘ ਬੱਬਲ ਸਰਪੰਚ ਗੋਦੜਾ ਮੌਜੂਦ ਰਹੇ।



# ਲਗਾਤਾਰ ਅੱਗ ਲੱਗਣ ਦੀਆਂ ਘਟਨਾਵਾਂ ਰੋਕਣ ਦੇ ਮਕਸਦ ਨਾਲ ਐਸ.ਐਸ.ਪੀ. ਨੇ ਡੀ.ਸੀ ਨੂੰ ਲਿਖਿਆ ਪੱਤਰ

ਲੁਧਿਆਣਾ, 27 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਪੁਲਿਸ ਜ਼ਿਲ੍ਹਾ ਖੰਨਾ ਵਿੱਚ ਵੱਧ ਰਹੀਆਂ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਡਾ. ਦਰਪਣ ਆਹਲੂਵਾਲੀਆ ਵੱਲੋਂ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨੂੰ ਇੱਕ ਮਹੱਤਵਪੂਰਨ ਪੱਤਰ ਲਿਖਿਆ ਗਿਆ ਹੈ। ਇਸ ਪੱਤਰ ਵਿੱਚ ਅੱਗ ਦੀਆਂ ਵਧ ਰਹੀਆਂ ਘਟਨਾਵਾਂ ‘ਤੇ ਚਿੰਤਾ ਜ਼ਾਹਿਰ ਕਰਦੇ ਹੋਏ ਲੋਕਾਂ ਦੀ ਜਾਨ ਅਤੇ ਮਾਲ ਦੀ ਸੁਰੱਖਿਆ ਲਈ ਤੁਰੰਤ ਤੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ ‘ਤੇ ਜ਼ੋਰ ਦਿੱਤਾ ਗਿਆ ਹੈ। ਇਸਦੇ ਨਾਲ ਹੀ ਅਪੀਲ ਕੀਤੀ ਗਈ ਹੈ ਕਿ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ (ਪੀ.ਪੀ.ਸੀ.ਬੀ) ਅਤੇ ਫਾਇਰ ਸੇਫਟੀ ਵਿਭਾਗ ਰਾਹੀਂ ਫੈਕਟਰੀਆਂ ਅਤੇ ਵਪਾਰਕ ਇਕਾਈਆਂ ਵਿੱਚ ਫਾਇਰ ਸੇਫਟੀ ਅਤੇ ਜਲਣਸ਼ੀਲ ਸਮੱਗਰੀ ਦੇ ਸਟੋਰੇਜ ਦਾ ਵਿਸਥਾਰ ਨਾਲ ਆਡਿਟ ਕਰਵਾਇਆ ਜਾਵੇ। ਖਾਸ ਕਰਕੇ ਉਹਨਾਂ ਥਾਵਾਂ ‘ਤੇ ਸਖ਼ਤ ਜਾਂਚ ਕੀਤੀ ਜਾਵੇ, ਜਿੱਥੇ ਕੈਮੀਕਲ ਜਾਂ ਹੋਰ ਖਤਰਨਾਕ ਪਦਾਰਥ ਸਟੋਰ ਕੀਤੇ ਜਾਂਦੇ ਹਨ, ਤਾਂ ਜੋ ਅੱਗ ਵਰਗੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਆਪਣੇ ਪੱਤਰ ਵਿੱਚ ਦਰਸਾਇਆ ਕਿ ਖੰਨਾ ਦੇ ਵੱਖ-ਵੱਖ ਇਲਾਕਿਆਂ ਵਿੱਚ ਕੁੱਝ ਹੀ ਸਮੇਂ ਵਿੱਚ ਅੱਗ ਲੱਗਣ ਦੀਆਂ ਕਈ



ਘਟਨਾਵਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚ ਕਾਫੀ ਜਾਨੀ ਅਤੇ ਮਾਲੀ ਨੁਕਸਾਨ ਹੋਇਆ। ਸਮਰਾਲਾ ਰੋਡ ਸਥਿਤ ਫਰਨੀਚਰ ਸ਼ੋਅ-ਰੂਮ, ਜੀ.ਟੀ ਰੋਡ ‘ਤੇ ਮੰਜਾ ਮਾਰਕੀਟ ਦੀਆਂ ਕੱਪੜਿਆਂ ਦੀਆਂ ਦੁਕਾਨਾਂ ਅਤੇ ਮਲਕਪੁਰ ਪਿੰਡ ਨੇੜੇ ਵਾਟਰ ਪਾਰਕ ਵਰਗੇ ਸਥਾਨਾਂ ‘ਤੇ ਵਾਪਰੀਆਂ ਘਟਨਾਵਾਂ ਨੇ ਲੋਕਾਂ ਵਿੱਚ ਹਫੜਾ ਦਫੜੀ ਪੈਦਾ ਕਰ ਦਿੱਤੀ ਸੀ। ਇਸਤੋਂ ਇਲਾਵਾ ਦੋਰਾਹਾ ਅਤੇ ਸ੍ਰੀ ਮਾਛੀਵਾੜਾ ਸਾਹਿਬ ਖੇਤਰਾਂ ਵਿੱਚ ਵੀ ਉਦਯੋਗਿਕ ਇਕਾਈਆਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਹਾਲਾਤਾਂ ਦੌਰਾਨ ਖੰਨਾ ਪੁਲਿਸ ਨੇ ਬੇਹੱਦ ਸਰਗਰਮੀ ਅਤੇ ਜਿੰਮੇਵਾਰੀ ਨਾਲ ਕੰਮ ਕਰਦਿਆਂ ਮੌਕੇ ‘ਤੇ ਪਹੁੰਚ ਕੇ ਹਾਲਾਤਾਂ ‘ਤੇ ਕਾਬੂ ਪਾਇਆ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕੀਤੀ। ਪੁਲਿਸ ਦੀ ਤੇਜ਼ ਕਾਰਵਾਈ ਨਾਲ ਕਈ ਵੱਡੇ ਹਾਦਸਿਆਂ ਨੂੰ ਟਾਲਿਆ ਗਿਆ, ਲੋਕਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਗਿਆ। ਪੁਲਿਸ ਦੀ ਇਸ ਪਹਿਲ ਅਤੇ ਸੇਵਾ ਭਾਵਨਾ ਨੇ ਸਾਬਤ ਕਰ ਦਿੱਤਾ ਹੈ ਕਿ ਪੁਲਿਸ ਮਹਿਕਮਾ ਲੋਕਾਂ ਦੀ ਸੁਰੱਖਿਆ ਲਈ ਹਰ ਸਮੇਂ ਤਤਪਰ ਹੈ। ਇਲਾਕੇ ਦੇ ਲੋਕਾਂ ਨੇ ਐਸ.ਐਸ.ਪੀ ਦੇ ਇਸ ਯਤਨ ਦੀ ਸ਼ਲਾਘਾ ਕਰਦਿਆਂ ਉਮੀਦ ਜਤਾਈ ਹੈ ਕਿ ਆਉਣ ਵਾਲੇ ਸਮੇਂ ਵਿੱਚ ਅੱਗ ਵਰਗੀਆਂ ਘਟਨਾਵਾਂ ‘ਤੇ ਪੂਰੀ ਤਰ੍ਹਾਂ ਕਾਬੂ ਪਾਉਣ ਤੇ ਵੱਡੇ ਹਾਦਸੇ ਰੋਕਣ ਲਈ ਪ੍ਰਬੰਧ ਹੋਰ ਵੀ ਢੁੱਕਵੇਂ ਹੋਣਗੇ।

# ਬਗ਼ੈਰ ਜਾਂਚ-ਪੜਤਾਲ ਕਿਰਾਏਦਾਰ ਰੱਖਣ ਵਾਲਿਆਂ ਖ਼ਿਲਾਫ਼ ਵੱਡੀ ਕਾਰਵਾਈ

ਲੁਧਿਆਣਾ, 27 ਅਪ੍ਰੈਲ (ਵਿਸ਼ਾਲ ਸ਼ਰਮਾ) : ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਅਤੇ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਪੁਲਿਸ ਵੱਲੋਂ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਕੜੀ ਅਧੀਨ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ‘ਤੇ ਖੰਨਾ ਪੁਲਿਸ ਨੇ ਕਿਰਾਏਦਾਰ ਵੈਰੀਫਿਕੇਸ਼ਨ ਨੂੰ ਲੈ ਕੇ ਸਖ਼ਤੀ ਵਧਾ ਦਿੱਤੀ ਹੈ। ਇਸ ਮੁਹਿੰਮ ਤਹਿਤ ਸਿਟੀ ਥਾਣਾ-2 ਖੰਨਾ ਦੀ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਦੋ ਮਕਾਨ ਮਾਲਕਾਂ ਨੂੰ ਗ੍ਰਿਫਤਾਰ ਕੀਤਾ, ਜਿਨ੍ਹਾਂ ਨੇ ਬਿਨਾਂ ਪੁਲਿਸ ਵੈਰੀਫਿਕੇਸ਼ਨ ਦੇ ਕਿਰਾਏਦਾਰ ਰੱਖੇ ਹੋਏ ਸਨ। ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਐਸ.ਐਚ.ਓ ਅਜੀਤੇਜ਼ ਕੌਸ਼ਲ ਨੇ ਦੱਸਿਆ ਕਿ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਮੁਹਿੰਮ ਨੂੰ ਹੋਰ ਤੇਜ਼ ਕਰਦੇ ਹੋਏ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਦੋਸ਼ੀਆਂ ਦੀ ਪਛਾਣ ਰਾਕੇਸ਼ ਕੁਮਾਰ ਅਤੇ ਸੁਖਵੀਰ ਸਿੰਘ ਵਾਸੀ ਬਸੰਤ ਨਗਰ, ਖੰਨਾ ਵਜੋਂ ਹੋਈ ਹੈ। ਦੋਵਾਂ ਨੇ ਆਪਣੇ ਮਕਾਨਾਂ ਦੇ ਕਮਰੇ ਕਿਰਾਏ ’ਤੇ ਦਿੰਦੇ ਸਮੇਂ ਲਾਜ਼ਮੀ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਨਹੀਂ ਕੀਤੀ ਅਤੇ ਕਿਰਾਏਦਾਰਾਂ ਦੀ ਪੁਲਿਸ ਵੈਰੀਫਿਕੇਸ਼ਨ ਨਹੀਂ ਕਰਾਈ, ਜੋ ਸੁਰੱਖਿਆ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਐਸ.ਐਚ.ਓ ਅਜੀਤੇਜ਼ ਕੌਸ਼ਲ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਇਲਾਕੇ ਵਿੱਚ ਚੈਕਿੰਗ ਦੌਰਾਨ ਇਸ ਲਾਪਰਵਾਹੀ ਨੂੰ ਬੇਨਕਾਬ ਕੀਤਾ ਅਤੇ ਤੁਰੰਤ ਕਾਰਵਾਈ ਕਰਦਿਆਂ ਦੋਵਾਂ ਦੇ ਖਿਲਾਫ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ। ਪੁਲਿਸ ਦੀ ਇਸ ਤਤਪਰਤਾ ਅਤੇ ਚੌਕਸੀ ਦੀ ਸ਼ਹਿਰ ਵਾਸੀਆਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ, ਕਿਉਂਕਿ ਇਸ ਨਾਲ ਇਲਾਕੇ ਦੀ ਸੁਰੱਖਿਆ ਹੋਰ ਮਜ਼ਬੂਤ ਹੋਵੇਗੀ। ਹਾਲਾਂਕਿ ਜ਼ਮਾਨਤੀ ਧਾਰਾਵਾਂ ਹੋਣ ਕਰਕੇ ਬਾਅਦ ਵਿੱਚ ਦੋਵਾਂ ਦੋਸ਼ੀਆਂ ਨੂੰ ਜ਼ਮਾਨਤ ‘ਤੇ ਛੱਡਿਆ ਗਿਆ, ਪਰ ਪੁਲਿਸ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ‘ਤੇ ਐਸ.ਐਚ.ਓ ਅਜੀਤੇਜ ਕੌਸ਼ਲ ਨੇ ਸ਼ਹਿਰ ਵਾਸੀਆਂ ਨੂੰ ਖਾਸ ਅਪੀਲ ਕਰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਬਿਨਾਂ ਪੁਲਿਸ ਵੈਰੀਫਿਕੇਸ਼ਨ ਦੇ ਕਿਰਾਏਦਾਰ ਨਾ ਰੱਖੇ। ਉਨ੍ਹਾਂ ਨੇ ਕਿਹਾ ਕਿ ਸਾਰੇ ਮਕਾਨ ਮਾਲਕ ਆਪਣੇ ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਸਾਂਝ ਕੇਂਦਰ ਰਾਹੀਂ ਜ਼ਰੂਰ ਕਰਵਾਉਣ ਅਤੇ ਲਾਜ਼ਮੀ ਰਜਿਸਟ੍ਰੇਸ਼ਨ ਪ੍ਰਕਿਰਿਆ ਪੂਰੀ ਕਰਨ। ਖੰਨਾ ਪੁਲਿਸ ਦੀ ਇਸ ਸਰਗਰਮੀ ਅਤੇ ਸਖ਼ਤੀ ਨਾਲ ਸਾਫ਼ ਸੁਨੇਹਾ ਜਾਂਦਾ ਹੈ ਕਿ ਕਾਨੂੰਨ ਪ੍ਰਤੀ ਲਾਪਰਵਾਹੀ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਮੁਰੱਮਤ ਕਰਦਿਆਂ ਫਟਿਆ ਮੋਬਾਇਲ ਫੋਨ



ਜਗਰਾਓਂ, 27 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਜਗਰਾਓਂ ਸ਼ਹਿਰ ਵਿੱਚ ਇੱਕ ਮੋਬਾਈਲ ਰਿਪੇਅਰਿੰਗ ਦੀ ਦੁਕਾਨ ’ਤੇ ਉਸ ਵੇਲੇ ਵੱਡਾ ਹਾਦਸਾ ਹੋਣ ਤੋਂ ਟਲ ਗਿਆ, ਜਦੋਂ ਮੁਰੰਮਤ ਲਈ ਆਏ ਇੱਕ ਮੋਬਾਈਲ ਫੋਨ ਦੀ ਬੈਟਰੀ ਅਚਾਨਕ ਫਟਣ ਦੇ ਕਗਾਰ ’ਤੇ ਪਹੁੰਚ ਗਈ। ਇਹ ਸਾਰੀ ਘਟਨਾ ਦੁਕਾਨ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਮਿਲੀ ਜਾਣਕਾਰੀ ਮੁਤਾਬਕ ਦੁਕਾਨ ਮਾਲਕ ਮਣੀ ਮਾਰੀਆ ਆਪਣੇ ਦੋਸਤ ਅਮਿਤ ਨਾਲ ਦੁਕਾਨ ’ਚ ਬੈਠਾ ਹੋਇਆ ਸੀ। ਉਨ੍ਹਾਂ ਦੇ ਸਾਹਮਣੇ ਇੱਕ ਗਾਹਕ ਦਾ ਮੋਬਾਈਲ ਪਿਆ ਸੀ, ਜਿਸ ਦੀ ਬੈਟਰੀ ਬਦਲਣ ਲਈ ਉਸ ਦਾ ਪਿਛਲਾ ਕਵਰ ਖੋਲ੍ਹਿਆ ਗਿਆ ਸੀ। ਅਚਾਨਕ ਮੋਬਾਈਲ ਵਿੱਚੋਂ ਧੂੰਆਂ ਅਤੇ ਚਿੰਗਾਰੀਆਂ ਨਿਕਲਣ ਲੱਗ ਪਈਆਂ, ਜਿਸ ਨਾਲ ਮੌਕੇ ’ਤੇ ਹੜਕੰਪ ਮਚ ਗਿਆ। ਸਥਿਤੀ ਨੂੰ ਸਮਝਦਿਆਂ ਮਣੀ ਨੇ ਤੁਰੰਤ ਸੂਝਬੂਝ ਦਿਖਾਈ ਅਤੇ ਆਪਣੇ ਦੋਸਤ ਨੂੰ ਕਿਹਾ ਕਿ ਫੋਨ ਨੂੰ ਫੌਰਨ ਬਾਹਰ ਸੁੱਟ ਦਿੱਤਾ ਜਾਵੇ। ਜਿਵੇਂ ਹੀ ਫੋਨ ਨੂੰ ਦੁਕਾਨ ਤੋਂ ਬਾਹਰ ਸੁੱਟਿਆ ਗਿਆ, ਉਹ ਜ਼ੋਰਦਾਰ ਧਮਾਕੇ ਨਾਲ ਫਟ ਗਿਆ ਅਤੇ ਉਸ ਵਿੱਚ ਅੱਗ ਲੱਗ ਗਈ। ਗਨੀਮਤ ਰਹੀ ਕਿ ਇਹ ਘਟਨਾ ਦੁਕਾਨ ਦੇ ਅੰਦਰ ਨਹੀਂ ਵਾਪਰੀ, ਨਹੀਂ ਤਾਂ ਵੱਡਾ ਨੁਕਸਾਨ ਹੋ ਸਕਦਾ ਸੀ।ਦੁਕਾਨ ਮਾਲਕ ਨੇ ਦੱਸਿਆ ਕਿ, ਅਸੀਂ ਆਮ ਤੌਰ ’ਤੇ ਮੁਰੰਮਤ ਕਰ ਰਹੇ ਸੀ ਕਿ ਅਚਾਨਕ ਫੋਨ ਰਿਐਕਟ ਕਰਨ ਲੱਗ ਪਿਆ। ਜੇਕਰ ਇਹ ਅੰਦਰ ਹੀ ਫਟ ਜਾਂਦਾ ਤਾਂ ਜਾਨੀ ਤੇ ਮਾਲੀ ਨੁਕਸਾਨ ਹੋ ਸਕਦਾ ਸੀ। ਇਸ ਘਟਨਾ ਨੇ ਇੱਕ ਵਾਰ ਫਿਰ ਮੋਬਾਈਲ ਫੋਨਾਂ ਦੀਆਂ ਬੈਟਰੀਆਂ ਦੀ ਸੁਰੱਖਿਆ ’ਤੇ ਸਵਾਲ ਖੜ੍ਹੇ ਕਰ ਦਿੱਤੇ ਹਨ।

# ਟੱਲੇਵਾਲੀਆ ਦਾ ਲਿਖਿਆ ਧਾਰਮਿਕ ਗੀਤ ‘ਸਤਿਗੁਰ ਮੇਰੇ ਦਇਆ ਕਰੋ’ ਰਿਲੀਜ਼



ਲੁਧਿਆਣਾ, 27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਇੰਜੀਨੀਅਰ ਟੱਲੇ ਵਾਲਾ ਰਿਕਾਰਡਜ਼ ਵੱਲੋਂ ਨਾਮਵਰ ਗੀਤਕਾਰ ਵਰਿੰਦਰ ਟਲੇਵਾਲੀਆ ਦਾ ਲਿਖਿਆ ਧਾਰਮਿਕ ਗੀਤ ‘ਸਤਿਗੁਰ ਮੇਰੇ ਦਇਆ ਕਰੋ’ ਰਿਲੀਜ਼ ਕੀਤਾ ਗਿਆ ਹੈ। ਟੱਲੇਵਾਲੀਆਂ ਨੇ ਦੱਸਿਆ ਕਿ ਆਰਟੀਫਿਸ਼ੀਅਲ ਇੰਟੈਲੀਜੰਸ ਏਆਈ ਦੀ ਆਵਾਜ਼ ਵਿੱਚ ਰਿਕਾਰਡ ਕੀਤੇ ਗਏ ਇਸ ਗੀਤ ਦਾ ਸੰਗੀਤ ਵੀ ਏਆਈ ਦੁਆਰਾ ਤਿਆਰ ਕੀਤਾ ਗਿਆ ਹੈ, ਉਹਨਾਂ ਦੱਸਿਆ ਕਿ ਇਸ ਗੀਤ ਦੀ ਵੀਡੀਓ ਐਮਸੀ ਕਰੋ ਨੇ ਬਣਾਈ ਹੈ। ਉਹਨਾਂ ਆਖਿਆ ਕਿ ਇਸ ਗੀਤ ਨੂੰ ਸੋਸ਼ਲ ਮੀਡੀਆ ਤੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਕਿ ਭਵਿੱਖ ਵਿੱਚ ਉਹ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਗੀਤਾਂ ਦੀ ਰਚਨਾ ਕਰਨਗੇ ਤਾਂ ਕਿ ਸਮਾਜ ਵਿੱਚ ਜਾਗਰਤੀ ਪੈਦਾ ਕੀਤੀ ਜਾ ਸਕੇ।

# ਰੇਨੂ ਨਾਰੰਗ ਨੇ ‘ਆਪ’ ਨੂੰ ਅਲਵਿਦਾ ਆਖ ਕੇ ਸਾਥਣਾਂ ਸਮੇਤ ਕਾਂਗਰਸ ਦਾ ਪੱਲਾ ਫੜਿਆ



ਲੁਧਿਆਣਾ, 27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਮੁਹੱਲਾ ਬੇਗੋ ਆਣਾ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਓਬੀਸੀ ਦੇ ਚੇਅਰਮੈਨ ਵਰਿੰਦਰ ਭੱਲਾ ਦੇ ਦਫ਼ਤਰ ਵਿੱਚ ਕਾਂਗਰਸੀ ਅਹੁਦੇਦਾਰਾਂ ਤੇ ਵਰਕਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਆਲ ਇੰਡੀਆ ਕਾਂਗਰਸ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਬੱਬੂ ਵਿਸ਼ੇਸ਼ ਤੌਰ ’ਤੇ ਪਹੁੰਚੇ। ਇਸ ਮੌਕੇ ਓਬੀਸੀ ਦੇ 5 ਮਈ ਨੂੰ ਹੋਣ ਵਾਲੇ ਮਹਾ ਸੰਮੇਲਨ ਦੇ ਸੰਬੰਧ ਵਿੱਚ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਆਮ ਆਦਮੀ ਪਾਰਟੀ ਨੂੰ ਝਟਕਾ ਦਿੰਦੇ ਹੋਏ ਪਾਰਟੀ ਦੀ ਸੀਨੀਅਰ ਨੇਤਾ ਮੈਡਮ ਰੇਨੂੰ ਨਾਰੰਗ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਆਪਣੀਆਂ ਸਾਥਣਾ ਸਮੇਤ ਕਾਂਗਰਸ ਵਿੱਚ ਸ਼ਮੂਲੀਅਤ ਕੀਤੀ। ਸ੍ਰੀ ਭੱਲਾ ਨੇ ਬੱਬੂ ਅਤੇ ਹੋਰ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਸਮੇਤ ਹੋਰ ਪਾਰਟੀਆਂ ਦੇ ਅਨੇਕਾਂ ਆਗੂ ਧੜਾ ਧੜ ਕਾਂਗਰਸ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਹਨਾਂ ਦੀ ਸ਼ਮੂਲੀਅਤ ਦੀ ਰਫ਼ਤਾਰ ਹੋਰ ਵੀ ਤੇਜ਼ ਹੋ ਜਾਵੇਗੀ। ਉਹਨਾਂ ਦਾਅਵਾ ਕੀਤਾ ਕਿ ਅਗਲੇ ਸਾਲ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਕਾਂਗਰਸ ਵੱਡੇ ਬਹੁਮਤ ਨਾਲ ਜਿੱਤ ਕੇ ਆਪਣੀ ਸਰਕਾਰ ਬਣਾਵੇਗੀ। ਇਸ ਮੌਕੇ ਗੁਰਨਾਮ ਸਿੰਘ ਕਲੇਰ ਜਨਰਲ ਸਕੱਤਰ, ਸੁਸ਼ੀਲ ਮਲਹੋਤਰਾ, ਸੁਖਵਿੰਦਰ ਸਿੰਘ ਸਕੱਤਰ, ਨਾਮਵਰ ਉਦਯੋਗਪਤੀ ਕਿਰਪਾਲ ਸਾਗਰ, ਪਰਮਜੀਤ ਸਿੰਘ ਪੀ ਏ, ਬਲਾਕ ਪ੍ਰਧਾਨ ਸਰਬਜੀਤ ਵਰਮਾ ਤੇ ਹੋਰ ਅਨੇਕਾਂ ਸਾਥੀ ਹਾਜ਼ਰ ਸਨ।

# ਭਾਜਪਾ ਲੁਧਿਆਣਾ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ



ਲੁਧਿਆਣਾ, 27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਫਿਰੋਜ਼ਪੁਰ ਰੋਡ ‘ਤੇ ਭਾਜਪਾ ਕਾਰਕੁਨਾਂ ਵੱਲੋਂ ਆਮ ਆਦਮੀ ਪਾਰਟੀ ਦੀ ਨਿਕੰਮੀ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ‘ਤੇ ਭਾਜਪਾ ਦੇ ਪ੍ਰਦੇਸ਼ ਉਪ ਪ੍ਰਧਾਨ ਕੇਵਲ ਸਿੰਘ ਢਿੱਲੋਂ, ਜਤਿੰਦਰ ਮਿੱਤਲ, ਮਹਾਂਮੰਤਰੀ ਅਨਿਲ ਸਰੀਨ, ਸਕੱਤਰ ਰੇਣੂ ਥਾਪਰ ਅਤੇ ਪ੍ਰਦੇਸ਼ ਖ਼ਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਵਿਸ਼ੇਸ਼ ਤੌਰ ‘ਤੇ ਮੌਜੂਦ ਰਹੇ।ਭਾਜਪਾ ਕਾਰਕੁੰਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਰੋਸ ਪ੍ਰਦਰਸ਼ਨ ਦੌਰਾਨ ਕੁਝ ਮਹੀਨੇ ਪਹਿਲਾਂ ਬਾਥ ਕੈਸਲ ਵਿੱਚ ਹੋਈ ਗੋਲੀਬਾਰੀ ਵਿੱਚ ਵਾਸ਼ੂ ਚੋਪੜਾ ਦੀ ਮੌਤ ਹੋਣ ਦੇ ਮਾਮਲੇ ਨੂੰ ਵੀ ਉਠਾਇਆ ਗਿਆ। ਉਸਦੇ ਪਰਿਵਾਰਕ ਮੈਂਬਰ ਅਜੇ ਵੀ ਇਨਸਾਫ਼ ਲਈ ਭਟਕ ਰਹੇ ਹਨ। ਪਰਿਵਾਰਕ ਮੈਂਬਰ ਪਾਰੁਲ ਮਲਹੋਤਰਾ ਨੇ ਕਿਹਾ ਕਿ ਇਸ ਘਟਨਾ ਬਾਰੇ ਅਜੇ ਤੱਕ ਕੋਈ ਵੀ ਗ੍ਰਿਫ਼ਤਾਰੀ ਨਹੀਂ ਹੋਈ।

ਇਸ ਤੋਂ ਬਾਅਦ ਨੇਹਾ ਕਪਿਲੇਸ਼ ਬੰਸਲ ਨੇ ਆਪਣੀ ਪੀੜਾ ਸਾਂਝੀ ਕਰਦਿਆਂ ਦੱਸਿਆ ਕਿ ਬਾਜ਼ਾਰ ਵਿੱਚ ਇੱਕ ਛੋਟੀ ਜਿਹੀ ਤਕਰਾਰ ਨੂੰ ਲੈ ਕੇ ਉਸਦੇ ਪਤੀ ‘ਤੇ ਧਾਰਾ 307 ਤਹਿਤ ਗਲਤ ਮਾਮਲਾ ਦਰਜ ਕਰ ਦਿੱਤਾ ਗਿਆ।

ਰੋਸ ਪ੍ਰਦਰਸ਼ਨ ਦੌਰਾਨ ਰਾਗੀ ਹਰਬੰਸ ਸਿੰਘ ਦੇ ਪੋਤੇ ਮਹਾਗੁਜੋਤ ਸਿੰਘ ਨੇ ਵੀ ਫ਼ੋਨ ਰਾਹੀਂ ਆਪਣੀ ਵਿਥਾ ਸਾਂਝੀ ਕੀਤੀ।

ਭਾਜਪਾ ਦੇ ਪ੍ਰਦੇਸ਼ ਉਪ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਵੀ ਸੰਬੋਧਨ ਕੀਤਾ। ਰੋਸ ਪ੍ਰਦਰਸ਼ਨ ਵਿੱਚ ਭਾਜਪਾ ਦੇ ਪੂਰਵ ਪ੍ਰਦੇਸ਼ ਮਹਾਮੰਤਰੀ ਪਰਵੀਨ ਬੰਸਲ, ਬਿਕਰਮ ਸਿੰਘ ਸਿੱਧੂ, ਸੁਭਾਸ਼ ਡਾਬਰ, ਸੀਨੀਅਰ ਆਗੂ ਅਸ਼ੋਕ ਲੁੰਬਾ, ਡਾ.ਡੀ.ਪੀ.ਖੋਸਲਾ, ਪ੍ਰੀਤਪਾਲ ਸਿੰਘ ਬੱਲੀਏਵਾਲ, ਵਿਪਨ ਸੂਦ ਕਾਕਾ, ਜ਼ਿਲ੍ਹਾ ਮਹਾਮੰਤਰੀ ਸਰਦਾਰ ਨਰਿੰਦਰ ਸਿੰਘ ਮੱਲੀ, ਡਾ. ਕਨਿਕਾ ਜਿੰਦਲ, ਯਸ਼ਪਾਲ ਜਨੋਤਰਾ, ਜ਼ਿਲ੍ਹਾ ਉਪ ਪ੍ਰਧਾਨ ਮਹੇਸ਼ ਸ਼ਰਮਾ, ਡਾ. ਨਿਰਮਲ ਨੱਈਅਰ ਆਦਿ ਵੀ ਮੌਜੂਦ ਸਨ।

# ਪੰਡਿਤ ਨਹਿਰੂ ਤੋਂ ਲੈ ਕੇ ਡਾ. ਮਨਮੋਹਨ ਸਿੰਘ ਦੀ ਭਾਰਤ ਨੂੰ ਦੇਣ ਵਿਸ਼ੇ ’ਤੇ ਹੋਵੇਗਾ ਸੈਮੀਨਾਰ : ਬਾਵਾ



ਲੁਧਿਆਣਾ,27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਹਲਕਾ ਦੱਖਣੀ ਵਿੱਚ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਸਵ. ਪੰਡਿਤ ਜਵਾਹਰ ਲਾਲ ਨਹਿਰੂ ਤੋਂ ਲੈ ਕੇ ਡਾ. ਮਨਮੋਹਨ ਸਿੰਘ ਤੱਕ ਦੀਆਂ ਸਰਕਾਰਾਂ ਨੇ ਜੋ ਭਾਰਤ ਨੂੰ ਦੇਣ ਦਿੱਤੀ, ਇਸ ਵਿਸ਼ੇ ’ਤੇ ਸੈਮੀਨਾਰ ਮਈ ਵਿੱਚ ਹੋਵੇਗਾ। ਇਹ ਜਾਣਕਾਰੀ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਪ੍ਰਧਾਨ ਦੇਸ਼ ਭਗਤ ਯਾਦਗਾਰੀ ਸੋਸਾਇਟੀ ਪੰਜਾਬ ਅਤੇ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਦਿੱਤੀ।

ਸ੍ਰੀ ਬਾਵਾ ਨੇ ਕਿਹਾ ਕਿ ‘ਆਪ’ ਪਾਰਟੀ ਜਿਵੇਂ ਆਈ ਸੀ ਉਵੇਂ ਜਾਏਗੀ। ਉਹਨਾਂ ਕਿਹਾ ਕਿ ਸਿਧਾਂਤਹੀਣ ਪਾਰਟੀਆਂ ਦੇਸ਼ ਅਤੇ ਸਮਾਜ ਲਈ ਖਤਰੇ ਦੀ ਘੰਟੀ ਹਨ। ਉਹਨਾਂ ਕਿਹਾ ਕਿ ਜੇਕਰ ਕੋਈ ਨੇਤਾ ਸਿਰਫ ਨਿੱਜੀ ਫਾਇਦਾ ਸੋਚੇਗਾ ਤਾਂ ਪਾਰਟੀ ਦਾ ਨੁਕਸਾਨ ਹੋਵੇਗਾ। ਬੇਸ਼ੱਕ ਕੋਈ ਵੀ ਸਿਆਸੀ ਪਾਰਟੀ ਹੋਵੇ। ਬਾਵਾ ਨੇ ਕਿਹਾ ਕਿ. ਭਗਵੰਤ ਮਾਨ ਕਿਸੇ ਕਾਂਗਰਸੀ ਨੇਤਾ ਨੂੰ ਦੇਣ ਲੈਣ ਵਾਲੇ ਸੂਟ ਕਹਿੰਦੇ ਸੀ, ਪਰ ਅਸਲੀ ਸੂਟ ਇਹ ਹੁੰਦੇ ਹਨ ਜੋ 7 ਸੂਟ ਸ਼ਗਨਾਂ ਦੇ ਤੁਹਾਡੇ ਨਾਲੋਂ ਵੱਡੇ ਵਪਾਰੀਆਂ ਦੇ ਘਰ ਚਲੇ ਗਏ। ਹੁਣ ਦੇਖਦੇ ਹਾਂ ਭਾਜਪਾ ਦੀ ਸਬਜੀ ਕਿੰਨੀ ਕੁ ਸਵਾਦ ਬਣਾਉਂਦੇ ਹਨ। ਉਹਨਾਂ ਕਿਹਾ ਕਿ ਦਿੱਲੀ ਦੇ ਇਸ਼ਾਰਿਆਂ ’ਤੇ ਚੱਲਣ ਵਾਲੀ ਪਾਰਟੀ ਅਤੇ ਦਿੱਲੀ ਦੇ ਕਾਬਜ ਲੋਕਾਂ ਨੇ ਪੰਜਾਬ ਦੀ ਮਾਣ ਮਰਿਆਦਾ ਨੂੰ ਭਾਰੀ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਇਹ 7 ਐਮ.ਪੀ ਮੋਮਬੱਤੀਆਂ ਫੜ ਕੇ ਚੌਂਕਾਂ ਵਿੱਚ ਨਹੀਂ ਖੜ੍ਹੇ। ਇਹਨਾਂ ਨੇ ਤਾਂ ਅਸਲੀ ਵਰਕਰਾਂ ਦਾ ਹੱਕ ਖੋਹਿਆ ਹੈ ਜੋ ਹੁਣ ਪਾਰਟੀ ਭੁਗਤ ਰਹੀ ਹੈ। ਅੱਜ ਦੇਖ ਰਹੇ ਹਾਂ ਸਾਡੇ ਨੇਤਾ ਤਾਂ ਸਿਕਿਊਰਟੀ ਲਈ ਪਾਰਟੀ ਬਦਲ ਲੈਂਦੇ ਹਨ। ਇਹਨਾਂ ਤੋਂ ਪੰਜਾਬ ਦਾ ਭਵਿੱਖ ਸਵਾਰਨ ਦੀ ਕੀ ਆਸ ਰੱਖੀ ਜਾ ਸਕਦੀ ਹੈ।

ਬਾਵਾ ਨੇ ਕਿਹਾ ਕਿ ਜੇਕਰ 1985 ਵਿੱਚ ਮਰਹੂਮ ਰਾਜੀਵ ਗਾਂਧੀ ਨੇ ਦਲ ਬਦਲੀ ਤੇ ਕਾਨੂੰਨ ਨਾ ਬਣਾਇਆ ਹੁੰਦਾ ਤਾਂ ਅੱਜ ਦੇਸ਼ ਦੇ ਲੋਕਤੰਤਰ ਨੂੰ ਹੋਰ ਵੀ ਵੱਡਾ ਖਤਰਾ ਹੋਣਾ ਸੀ।ਉਹਨਾਂ ਕਿਹਾ ਕਿ ਸ੍ਰੀ ਕੇਜਰੀਵਾਲ ਨੇ ਤਾਂ ਧਰਮਵੀਰ ਗਾਂਧੀ, ਸੁਖਪਾਲ ਖਹਿਰਾ, ਸੁੱਚਾ ਸਿੰਘ ਛੋਟੇਪੁਰ, ਗੁਰਪ੍ਰੀਤ ਘੁੱਗੀ ਅਤੇ ਐਚ.ਐਸ ਫੂਲਕਾ ਨੂੰ ਬਾਹਰ ਦਾ ਰਸਤਾ ਦਿਖਾ ਕੇ ਪੰਜਾਬੀਆਂ ਨਾਲ ਧ੍ਰੋਹ ਕਮਾਇਆ ਹੈ।

# ਸੇਵਾਦਾਰ ਸੇਵਾ ਸੁਸਾਇਟੀ ਵੱਲੋਂ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਦਾ ਸਨਮਾਨ



ਲੁਧਿਆਣਾ, 27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸੇਵਾਦਾਰ ਸੇਵਾ ਸੋਸਾਇਟੀ ਦੇ ਸੇਵਾਦਾਰ ਹਰਜੀਤ ਸਿੰਘ ਖਾਲਸਾ ਦੀ ਅਗਵਾਈ ਹੇਠ ਪਿਛਲੇ ਦਿਨੀਂ ਸੱਚਖੰਡ ਅਬਚਲ ਨਗਰ ਸ੍ਰੀ ਹਜ਼ੂਰ ਸਾਹਿਬ ਦੀ ਯਾਤਰਾ ਤੇ ਗਏ ਪ੍ਰਾਣੀਆਂ ਵੱਲੋਂ ਜਿੱਥੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨ ਦੀਦਾਰ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ, ਉੱਥੇ ਹੀ ਇਤਿਹਾਸਕ ਸਥਾਨਾਂ ਅਤੇ ਲੋਕਲ ਗੁਰਦੁਆਰਾ ਸਾਹਿਬਾਨਾਂ ਦੇ ਵੀ ਦਰਸ਼ਨ ਕੀਤੇ ਗਏ।

ਇਸੇ ਤਹਿਤ ਅੱਜ ਯਾਤਰੀ ਜਥੇ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਅਸਥਾਨ ਗੁਰਦੁਆਰਾ ਨਾਨਕ ਝੀਰਾ ਸਾਹਿਬ, ਬਿਦਰ (ਕਰਨਾਟਕਾ) ਵਿਖੇ ਨਤਮਸਤਕ ਹੋ ਕੇ ਦਰਸ਼ਨ ਦੀਦਾਰ ਕੀਤੇ ਗਏ। ਸੰਗਤਾਂ ਨੇ ਗੁਰੂ ਘਰ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸੇਵਾਦਾਰ ਸੇਵਾ ਸੋਸਾਇਟੀ ਅਤੇ ਯਾਤਰਾ ’ਤੇ ਗਏ ਪ੍ਰਾਣੀਆਂ ਵੱਲੋਂ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਦਾ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਅਮਰਜੀਤ ਸਿੰਘ, ਰਜਿੰਦਰ ਸਿੰਘ, ਪਰਵਿੰਦਰ ਸਿੰਘ, ਗੁਰਬਖਸ਼ ਸਿੰਘ, ਗੁਰਵਿੰਦਰ ਸਿੰਘ ਸੋਨੂੰ, ਅਰਸ਼ਦੀਪ ਸਿੰਘ, ਸੁਮਿਤ ਕੌਰ ਸੱਚਰ, ਛਿੰਦਾ ਦੁੱਗਰੀ, ਗੁਰਮੀਤ ਸਿੰਘ ਅਤੇ ਦਵਿੰਦਰ ਕੌਰ ਸੋਹਲ, ਗੁਰਵਿੰਦਰ ਸਿੰਘ ਰੰਧਾਵਾ, ਜਸਬੀਰ ਸਿੰਘ, ਮਨਪ੍ਰੀਤ ਸਿੰਘ, ਅਮਰਪ੍ਰੀਤ ਕੌਰ, ਗੁਰਵਿੰਦਰ ਕੌਰ, ਕੁਲਵੰਤ ਕੌਰ ਚੌਹਾਨ, ਰਣਜੀਤ ਕੌਰ, ਚਾਂਦ ਕੌਰ, ਮਨਪ੍ਰੀਤ ਸਿੰਘ, ਵਰਿੰਦਰ ਸਿੰਘ, ਸੁਖਵਿੰਦਰ ਕੌਰ, ਰੂਪਨੀਤ ਕੌਰ ਵੀ ਮੌਜੂਦ ਸਨ।

# ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਅਨੰਦ ਮਾਣਿਆ



ਲੁਧਿਆਣਾ, 27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸਿੱਖ ਸ਼ਹੀਦਾਂ ਦਾ ਯਾਦਗਾਰੀ ਅਸਥਾਨ ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਂਕ ਵਿਖੇ ਹਫਤਾਵਾਰੀ ਧਾਰਮਿਕ ਗੁਰਮਤਿ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਇਆ ਗਿਆ। ਅੰਮ੍ਰਿਤ ਵੇਲੇ ਤੋਂ ਹੀ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਭਾਈ ਪਰਮਵੀਰ ਸਿੰਘ, ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਹਰਪ੍ਰੀਤ ਸਿੰਘ ਖਾਲਸਾ ਅਤੇ ਵਿਸ਼ੇਸ਼ ਤੌਰ ‘ਤੇ ਭਾਈ ਗੁਰਦੇਵ ਸਿੰਘ ਵੇਰਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਅੰਮ੍ਰਿਤਮਈ ਗੁਰਬਾਣੀ ਕੀਰਤਨ ਦੀ ਸੇਵਾ ਨਿਭਾਈ ਗਈ, ਜਿਸ ਨਾਲ ਸੰਗਤਾਂ ਨੂੰ ਆਤਮਕ ਅਨੰਦ ਪ੍ਰਾਪਤ ਹੋਇਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤੀ ਰੂਪ ਵਿੱਚ ਰਾਗੀ ਜਥੇ ਨੂੰ ਸਿਰਪਾਓ ਭੇਟ ਕੀਤੇ। ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸੀ ਡੰਗ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ ਟੋਨੀ ਗਿੱਲ ਐਨਆਰਆਈ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੂਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਅਰਜੁਨ ਸਿੰਘ ਚੀਮਾ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ, ਦਵਿੰਦਰ ਕੌਰ ਸੋਹਲ, ਜਸਮੇਲ ਕੌਰ ਖੇੜੀਕਲਾਂ, ਰਵਨੀਤ ਕੌਰ ਖੇੜੀਕਲਾਂ, ਅਰਵਿੰਦਰ ਕੌਰ ਆਦਿ ਹਾਜ਼ਰ ਸਨ।

# ਸੁਸਾਇਟੀ ਨੇ ਖ਼ਾਲਸਾ ਸਾਜਨਾ ਦਿਵਸ ਮਨਾਇਆ



ਲੁਧਿਆਣਾ, 27 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਦਸਮੇਸ਼ ਪਿਤਾ, ਸਾਹਿਬ-ਏ-ਕਮਾਲ, ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਨੀਆਂ ਦੇ ਇਤਿਹਾਸ ਅੰਦਰ ਇੱਕ ਮਹਾਨ ਇਨਕਲਾਬੀ ਯੋਧੇ ਹੋਏ ਹਨ, ਜਿਨ੍ਹਾਂ ਨੇ ਸਦੀਆਂ ਤੋਂ ਜਬਰ ਜ਼ੁਲਮ ਦੀਆਂ ਸੱਟਾਂ ਨਾਲ ਮਿੱਧੇ ਮਧੋਲੇ ਹਿੰਦੁਸਤਾਨੀ ਸਮਾਜ ਵਿੱਚ ਨਵੀਂ ਰੂਹ ਫੂਕੀ ਅਤੇ ਲੋਕਾਂ ਦੇ ਮਨਾਂ ਵਿਚੋਂ ਹਕੂਮਤੀ ਜਬਰ ਦੇ ਸਹਿਮ ਨੂੰ ਦੂਰ ਕਰਨ ਲਈ ਤਿਆਰ ਬਰ ਤਿਆਰ ਖਾਲਸਾ ਪੰਥ ਦੀ ਸਿਰਜਨਾ ਕੀਤੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀਤੀ ਸ਼ਾਮ ਸ.ਇੰਦਰਜੀਤ ਸਿੰਘ ਮੱਕੜ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਨੇ ਮਾਡਲ ਟਾਊਨ ਐਕਸਟੈਨਸ਼ਨ ਵੈਲਫੇਅਰ ਸੁਸਾਇਟੀ ਬਲਾਕ - ਏ ਲੁਧਿਆਣਾ ਵੱਲੋਂ ਡ੍ਰੀਮ ਪਾਰਕ ਵਿਖੇ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਨੂੰ ਸਮਰਪਿਤ ਆਯੋਜਿਤ ਕੀਤੇ ਗਏ ਗੁਰਮਤਿ ਸਮਾਗਮ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ।ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਗੁਰਦੀਪ ਸਿੰਘ ਡੀਮਾਰਟੇ ਨੇ ਸਮੂਹ ਸੰਗਤਾਂ ਨੂੰ ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਸਮਾਗਮ ਅੰਦਰ ਮਾਡਲ ਟਾਊਨ ਐਕਸਟੈਨਸ਼ਨ( ਏ ਬਲਾਕ) ਦੇ ਬੱਚਿਆਂ ਦੇ ਕੀਰਤਨੀ ਜੱਥਿਆਂ ਨੇ ਗੁਰਬਾਣੀ ਦਾ ਆਨੰਦਮਈ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਪਤੀ ਮੌਕੇ ਨਰਿੰਦਰਪਾਲ ਸਿੰਘ ਕਥੂਰੀਆ, ਫਾਈਨਾਂਸ ਸੈਕਟਰੀ, ਸੁਰਿੰਦਰਪਾਲ ਸਿੰਘ ਭੁਟੀਆਨੀ ਵਾਈਸ ਪ੍ਰਧਾਨ, ਭੁਪਿੰਦਰ ਸਿੰਘ ਜੁਨੇਜਾ ਵਾਈਸ ਪ੍ਰਧਾਨ,ਪ੍ਰੀਤ ਕਮਲ ਸਿੰਘ ਜਨ. ਸੈਕਟਰੀ ਨੇ ਸਾਂਝੇ ਰੂਪ ਵਿੱਚ ਗੁਰਮਤਿ ਸਮਾਗਮ ਅੰਦਰ ਭਾਗ ਲੈਣ ਵਾਲੇ ਸਮੂਹ ਬੱਚਿਆਂ, ਕੀਰਤਨੀ ਜੱਥੇ ਦੇ ਮੈਂਬਰਾਂ ਸਮੇਤ ਸਮਾਗਮ ਅੰਦਰ ਹਾਜ਼ਰੀ ਭਰਨ ਲਈ ਪੁੱਜੀਆਂ ਪ੍ਰਮੁੱਖ ਸ਼ਖਸੀਅਤਾਂ ਜਿਨ੍ਹਾਂ ਵਿੱਚ ਸ.ਇੰਦਰਜੀਤ ਸਿੰਘ ਮੱਕੜ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਤੇ ਗੁਰਦੁਆਰਾ ਪ੍ਰੰਬਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰਾਂ ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮਕੱੜ ਅਵਤਾਰ ਸਿੰਘ ਬੀ. ਕੇ, ਹਰਮੀਤ ਸਿੰਘ ਡੰਗ,ਵਿਧਾਇਕ ਕੁਲਵੰਤ ਸਿੰਘ ਸਿੱਧੂ, ਅਕਾਲੀ ਆਗੂ ਪਰਉਪਕਾਰ ਸਿੰਘ ਘੁੰਮਣ, ਅੰਮ੍ਰਿਤ ਸਾਗਰ ਕੰਪਨੀ ਦੇ ਮਾਲਕ ਬਲਬੀਰ ਸਿੰਘ ਭਾਟੀਆ ਭਾਜਪਾ ਆਗੂ ਜੀਵਨ ਗੁਪਤਾ, ਬੌਬੀ ਜਿੰਦਲ,ਕੌਂਸਲਰ ਕੰਵਲਜੀਤ ਸਿੰਘ ਸਚਦੇਵਾ, ਹਰਪ੍ਰੀਤ ਸਿੰਘ ਡੰਗ, ਹਰਪ੍ਰੀਤ ਸਿੰਘ ਰਾਜਧਾਨੀ, ਭੁਪਿੰਦਰ ਸਿੰਘ ਮਨੀ ਜਿਊਲਰਜ਼,ਸਮੇਤ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ ਨੂੰ ਦੋਸ਼ਾਲੇ ਭੇਟ ਕਰਕੇ ਸਨਮਾਨਿਤ ਵੀ ਕੀਤਾ। ਗੁਰੂ ਦਾ ਲੰਗਰ ਅਤੁੱਟ ਵਰਤਿਆ ।


ਫਾਰਮ ਨੰ. 3
(ਦੇਖੋ ਨਿਯਮਾਂਵਲੀ-13(1)(ਏ))

**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1)**
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ

ਮਾਮਲਾ ਨੰ. : ਓਏ/1672/2023 ਈਐਕਸਐਚ ਨੰ. 33020

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ

**ਯੂਨੀਅਨ ਬੈਂਕ ਆਫ ਇੰਡੀਆ ਬਨਾਮ ਹਰਮਿੰਦਰਵੰਤ ਸਿੰਘ ਦਿਓਲ**

ਵੱਲ,
(1) ਸਮਰਾਂਟ ਛਿੱਬਾ ਪੁੱਤਰ ਵਿਨੋਦ ਕੁਮਾਰ ਛਿੱਬਾ, ਵਾਸੀ ਮਕਾਨ ਨੰ. 1, ਮੁਹੱਲਾ ਗੁਰਦਿੱਤ ਨਗਰ, ਅਰੋੜਾ ਕਲੋਨੀ, ਹੁਸ਼ਿਆਰਪੁਰ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ-146001

ਸੰਮਨ

ਜਿਥੇ ਕਿ, ਓ. ਏ./1672/2003, 02.02.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 44,68,891.01/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ ’ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜ਼ਬਤ ਕਰਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 11.05.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ ’ਤੇ ਅਰਜ਼ੀ ’ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 03.02.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ



**ਵਸੂਲੀ ਅਧਿਕਾਰੀ ਦਾ ਦਫਤਰ-1/2**

**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)**
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ

ਆਰ.ਸੀ./229/2022 ਮਿਤੀ : 15.12.2025

ਪੰਜਾਬ ਨੈਸ਼ਨਲ ਬੈਂਕ
ਬਨਾਮ
ਸੰਤੋਖ ਸਿੰਘ

ਵੱਲ,
(ਸੀਡੀ 1) ਸੰਤੋਖ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਕਾਨ ਨੰ. 194 ਪਿੰਡ ਦਿਵਾਲੀ, ਡਾਕਖਾਨਾ ਜਮਸ਼ੇਰ ਖਾਸ, ਜਲੰਧਰ, ਪੰਜਾਬ
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1) ਓਏ/1221/2021 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 27.04.2021 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 12.80% ਦੀ ਦਰ ’ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 28,50,028/- (ਰੁਪਏ ਅਠਾਈ ਲੱਖ ਪੰਜਾਹ ਹਜ਼ਾਰ ਅਠਾਈ ਕੇਵਲ) ਦੀ ਰਕਮ ਅਤੇ ਰੁ. 31,000/- (ਰੁਪਏ ਇਕੱਤੀ ਹਜ਼ਾਰ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ ’ਤੇ/ਪੂਰਨ/ਸੀਮਿਤ ਤੌਰ ’ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ ’ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3.ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ ’ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 17.07.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ:
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 15.12.2025 ਨੂੰ ਜਾਰੀ।
ਵਸੂਲੀ ਅਧਿਕਾਰੀ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ, ਡੀਆਰਟੀ 1



**ਬੈਂਕ ਆਫ ਬੜੌਦਾ** Bank of Baroda

**ਬੈਂਕ ਆਫ ਬੜੌਦਾ**
ਖੇਤਰੀ ਦਫ਼ਤਰ : ਜਲੰਧਰ ਖੇਤਰ, 24, ਪਹਿਲੀ ਮੰਜ਼ਿਲ,
ਵਿਜੈ ਨਗਰ, ਫੁੱਟਬਾਲ ਚੌਕ, ਜਲੰਧਰ, ਫੋਨ : 0181- 5057857,
E-mail: RECOVERY.PJKR@bankofbaroda.bank.in

**ਈ-ਨਿਲਾਮੀ ਵਿਕਰੀ ਸੂਚਨਾ**

ਅਚੱਲ/ਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ
“ਅੰਤਿਕਾ- IV-1 [ਨਿਯਮ 6(2) ਅਤੇ 8(6)/9(1) ਦੀ ਵਿਵਸਥਾ ਵੇਖੋ]

ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 6(2) ਅਤੇ 8(6) ਦੇ ਵਿਵਸਥਾ ਦੇ ਨਾਲ ਪੜ੍ਹੇ ਗਏ ਵਿੱਤੀ ਸੰਪਤੀਆਂ ਦੇ ਪ੍ਰਤੀਭੂਤੀਕਰਨ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ। ਇਸ ਦੁਆਰਾ ਆਮ ਤੌਰ ’ਤੇ ਜਨਤਾ ਨੂੰ ਅਤੇ ਖਾਸ ਤੌਰ ’ਤੇ ਕਰਜ਼ਦਾਰ (†), ਗਿਰਵੀਕਾਰ (†) ਅਤੇ ਜ਼ ਾਮਨ (†) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੇ ਗਏ ਅਚੱਲ/ਚੱਲ ਜਾਇਦਾਦਾਂ ਨੂੰ ਸੁਰੱਖਿਅਤ ਕਰਜ਼ਦਾਤਾ ਨੂੰ ਗਿਰਵੀ/ਚਾਰਜ ਕੀਤਾ ਗਿਆ ਹੈ, ਜਿਸਦਾ ਕਬਜ਼ਾ ਬੈਂਕ ਆਫ ਬੜੌਦਾ ਦੇ ਅਧਿਕਾਰਤ ਅਧਿਕਾਰੀ, ਸੁਰੱਖਿਅਤ ਕਰਜ਼ਦਾਤਾ ਦੁਆਰਾ ਲਿਆ ਗਿਆ ਹੈ, ਨੂੰ ÷ਜਿਵੇਂ ਹੈ ਜਿੱਥੇ ਹੈ÷, ÷ਜਿਵੇਂ ਹੈ ਜੋ ਹੈ÷ ਅਤੇ ÷ਜਿਵੇਂ ਹੈ ਉੱਥੇ ਹੈ÷ ਦੇ ਆਧਾਰ ’ਤੇ ਹੇਠਾਂ ਦਿੱਤੇ ਖਾਤਿਆਂ ਵਿੱਚ ਬਕਾਇਆਂ ਨੂੰ ਵਸੂਲਣ ਲਈ ਵੇਚਿਆ ਜਾਵੇਗਾ। ਕਰਜ਼ਦਾਰ/ਗਿਰਵੀਕਾਰ/ਜ਼ਾਮਨ/ਸੁਰੱਖਿਅਤ ਸੰਪਤੀ/ਬਕਾਇਆ/ਰਿਜ਼ਰਵ ਕੀਮਤ/ਈ-ਨਿਲਾਮੀ ਮਿਤੀ ਅਤੇ ਸਮਾਂ, ਈਐਮਡੀ ਅਤੇ ਬੋਲੀ ਵਾਧੇ ਦੀ ਰਕਮ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ।

| ਲੜੀ ਨੰ. | ਸ਼ਾਖਾ ਦਾ ਨਾਮ ਅਤੇ ਕਰਜ਼ਦਾਰ (†)/ਗਿਰਵੀਕਾਰ (†) ਦਾ ਪਤਾ | ਅਚੱਲ ਸੰਪੱਤੀ/ਆਂ ਦੇ ਵੇਰਵੇ | ਕਬਜ਼ੇ ਦੀ ਕਿਸਮ | ਸੰਪੱਤੀ ਦਾ ਸਰੂਪ | ਕੁੱਲ ਬਕਾਏ ਰੁ. ’ਚ | ਰਾਖਵੀਂ ਕੀਮਤ ਰੁ. ’ਚ | ਬੋਲੀ ਦੀ ਸ਼ੁਰੂਆਤੀ ਕੀਮਤ ਰੁ. ’ਚ / ਬਿਆਨਾ ਰਕਮ ਰੁ. ’ਚ | ਘੱਟੋ ਘੱਟ ਬੋਲੀ ਵਾਧਾ ਰਕਮ ਰੁ. ’ਚ | ਈ-ਨਿਲਾਮੀ ਦੀ ਸ਼ੁਰੂਆਤ ਦੀ ਮਿਤੀ ਅਤੇ ਸਮਾਂ | ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ | ਸ਼ਾਖਾ ਪ੍ਰਬੰਧਕ/ ਅਧਿਕਾਰਤ ਅਧਿਕਾਰੀ |
|---|---|---|---|---|---|---|---|---|---|---|---|
| 1. | ਜੀ. ਟੀ. ਰੋਡ ਜਲੰਧਰ ਸ਼ਾਖਾ<br>ਸ਼੍ਰੀਮਤੀ ਪੂਨਮ ਠਾਕੁਰ ਸੁਪਤਨੀ ਸਵਰਗਵਾਸੀ ਅਮਿਤ ਠਾਕੁਰ, ਪਤਾ 1: ਨੰਬਰ 275, ਅਰਬਨ ਅਸਟੇਟ ਫੇਜ਼-2 ਜਲੰਧਰ, ਦੂਜਾ ਪਤਾ: ਮਕਾਨ ਨੰ. 93, ਗਲੀ ਨੰਬਰ 2 ਨਿਊ ਗੁਰੂ ਤੇਗ ਬਹਾਦਰ ਨਗਰ, ਪਿੰਡ ਕਿੰਗਰਾ ਜਲੰਧਰ, (2) ਸ਼੍ਰੀਮਤੀ ਪੂਨਮ ਠਾਕੁਰ ਸੁਪਤਨੀ ਸਵਰਗੀ ਅਮਿਤ ਠਾਕੁਰ (ਸਵਰਗੀ ਅਮਿਤ ਠਾਕੁਰ ਦੇ ਕਾਨੂੰਨੀ ਵਾਰਸ) ਮਕਾਨ ਨੰਬਰ 275 ਅਰਬਨ ਅਸਟੇਟ ਫੇਜ਼-2 ਜਲੰਧਰ, ਦੂਜਾ ਪਤਾ; ਮਕਾਨ ਨੰ. 93, ਗਲੀ ਨੰਬਰ 2 ਨਿਊ ਗੁਰੂ ਤੇਗ ਬਹਾਦਰ ਨਗਰ, ਪਿੰਡ ਕਿੰਗਰਾ ਜਲੰਧਰ, (3) ਭਾਵਿਤ (ਨਾਬਾਲਗ) (ਸਵਰਗਵਾਨ ਅਮਿਤ ਠਾਕੁਰ ਦੇ ਕਾਨੂੰਨੀ ਵਾਰਸ ਮਾਤਾ ਅਤੇ ਕੁਦਰਤੀ ਸਰਪ੍ਰਸਤ ਪੂਨਮ ਠਾਕੁਰ ਪਤਨੀ ਸਵਰਗੀ ਅਮਿਤ ਠਾਕੁਰ ਰਾਹੀਂ, ਪਤਾ 1: ਮਕਾਨ ਨੰਬਰ 275 ਅਰਬਨ ਅਸਟੇਟ ਫੇਜ਼-2 ਜਲੰਧਰ, 2 ਪਤਾ; ਮਕਾਨ, ਗਲੀ ਨੰਬਰ 2 ਨਿਊ ਗੁਰੂ ਤੇਗ ਬਹਾਦਰ ਨਗਰ, ਪਿੰਡ ਕਿੰਗਰਾ ਜਲੰਧਰ | ਵਿਕਰੀ ਡੀਡ ਨੰਬਰ 2021-22/186/1/1369 ਮਿਤੀ 30.04.2021 ਦੇ ਅਨੁਸਾਰ ਗਲੀ ਨੰ. 2, ਗੁਰੂ ਤੇਗ ਬਹਾਦਰ ਨਗਰ, ਅਬਾਦੀ ਪਿੰਡ ਕਿੰਗਰਾ, ਜਲੰਧਰ ਵਿਖੇ ਸਥਿਤ 5.65 ਮਰਲੇ (17-6’X67’) ਮਾਪ ਵਾਲਾ ਮਕਾਨ ਨੰ. 93, ਸਵਰਗੀ ਸ੍ਰੀ ਅਮਿਤ ਠਾਕੁਰ ਅਤੇ ਪੂਨਮ ਠਾਕੁਰ ਸੁਪਤਨੀ ਸਵਰਗੀ ਅਮਿਤ ਠਾਕੁਰ ਦੇ ਨਾਮ ’ਤੇ ਰਿਹਾਇਸ਼ੀ ਸੰਪੱਤੀ ਦੀ ਨਿਆਂਸੰਗਤ ਗਿਰਵੀ। | ਸੰਕੇਤਕ | ਰਿਹਾਇਸ਼ੀ ਸੰਪੱਤੀ | ਰੁ. 54,62,329/- (ਰੁਪਏ ਚੁਰੰਜਾ ਲੱਖ ਬਾਹਠ ਹਜ਼ਾਰ ਤਿੰਨ ਸੌ ਉਣੱਤੀ ਕੇਵਲ) ਜਮ੍ਹਾਂ ਅਣਵਸੂਲਿਆ ਵਿਆਜ ਜਮ੍ਹਾਂ 10.11.2025 ਤੋਂ ਪ੍ਰਭਾਵੀ ਇਕਰਾਰਨਾਮਾ ਵਿਆਜ, ਭੁਗਤਾਨ ਦੇ ਦਿਨ ਤੱਕ ਭਾਵੀ ਵਿਆਜ ਸਮੇਤ ਕਾਨੂੰਨੀ ਅਤੇ ਹੋਰ ਫੀਸਾਂ। | ₹ 57,98,000/- | ₹ 58,03,000/- / ₹ 5,79,800/- | ₹ 5,000/- | 01.06.2026 from 02:00 PM to 06:00 PM | ਕੇਵਲ ਅਗਾਊਂ ਪ੍ਰਵਾਨਗੀ ’ਤੇ। | ਦਲੀਪ ਕੁਮਾਰ M: 8288097570 |

ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਵਾਸਤੇ ਕਿਰਪਾ ਕਰਕੇ ਵੈਬਸਾਈਟ ਲਿੰਕ https://www.bankofbaroda.in/e-auction.htm ਅਤੇ https://baanknet.com ਦਾ ਹਵਾਲਾ ਲਓ। ਨਾਲ ਹੀ ਇੱਛੁਕ ਬੋਲੀਕਾਰ ਉਪਰੋਕਤ ਅਧਿਕਾਰਤ ਅਧਿਕਾਰੀ ਨੂੰ ਸੰਪਰਕ ਕਰ ਸਕਦੇ ਹਨ।

ਬਿਆਨਾ ਰਕਮ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ : 01.06.2026 ਨੂੰ ਸ਼ਾਮ 6.00 ਵਜੇ ਤੱਕ
ਈ-ਨਿਲਾਮੀ ਦੀ ਸ਼ੁਰੂਆਤੀ ਮਿਤੀ ਅਤੇ ਸਮਾਂ : 01.06.2026 ਨੂੰ ਦੁਪਹਿਰ 02.00 ਵਜੇ ਤੋਂ ਸ਼ਾਮ 06.00 ਵਜੇ ਤੱਕ।
ਇਸ ਨੂੰ ਸਰਫਾਇਸੀ ਐਕਟ 2002 ਦੇ ਅਧੀਨ 30 ਰੋਜ਼ਾ ਵਿਧਾਨਿਕ ਵਿਕਰੀ ਸੂਚਨਾ ਵਜੋਂ ਸਮਝਿਆ ਜਾਵੇ

ਮਿਤੀ : 27.04.2026 ਸਥਾਨ : ਜਲੰਧਰ ਅਧਿਕਾਰਤ ਅਧਿਕਾਰੀ



**ਬੈਂਕ ਆਫ਼ ਮਹਾਰਾਸ਼ਟਰਾ** Bank of Maharashtra
ਏਕ ਪਰਿਵਾਰ ਏਕ ਬੈਂਕ

ਜ਼ੋਨਲ ਦਫ਼ਤਰ :- ਐਸਸੀਓ 120-122, ਪਹਿਲੀ ਮੰਜ਼ਿਲ, ਸੈਕਟਰ 17-ਸੀ, ਚੰਡੀਗੜ੍ਹ-160017, ਫੋਨ : 0172-2713010,
E-mail: recovery_chd@bankofmaharashtra.bank.in
ਮੁੱਖ ਦਫ਼ਤਰ : ‘ਲੋਕਮੰਗਲ’, 1501 ਸ਼ਿਵਾਜੀਨਗਰ, ਪੁਣੇ 411005

**ਈ-ਨਿਲਾਮੀ ਵਿਕਰੀ ਸੂਚਨਾ**

**ਅਚੱਲ ਸੰਪਤੀਆਂ ਦੀ ਵਿਕਰੀ ਦੇ ਲਈ ਵਿਕਰੀ ਸੂਚਨਾ**

ਅਗਾਊਂ ਪ੍ਰਵਾਨਗੀ ਦੁਆਰਾ ਸੰਪਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ 05.05.2026 ਤੋਂ 13.05.2026 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 5.00 ਵਜੇ ਦੇ ਵਿਚਾਲੇ

ਈ-ਨਿਲਾਮੀ ਦੀ ਮਿਤੀ ਅਤੇ ਸਮਾਂ : 14.05.2026, ਵੀਰਵਾਰ ਸਵੇਰੇ 11.00 ਵਜੇ ਤੋਂ ਬਾ. ਦੁ. 2.00 ਵਜੇ (ਆਖਰੀ 5 ਮਿੰਟਾਂ ਦੇ ਅੰਦਰ ਬੋਲੀ ਦਿੱਤੇ ਜਾਣ ਦੀ ਸੂਰਤ ਵਿਚ 10 ਮਿੰਟਾਂ ਦੇ ਸਵੈ ਵਾਧੇ ਦੇ ਨਾਲ)

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।
ਆਮ ਕਰਕੇ ਜਨਤਾ ਨੂੰ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ/† ਅਤੇ ਜ਼ਾਮਨ/† ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਬੈਂਕ ਆਫ ਮਹਾਰਾਸ਼ਟਰਾ ਕੋਲ ਬੰਦੀ/ਗਿਰਵੀ ਨਿਮਨ ਦਰਸਾਈਆਂ ਅਚੱਲ ਸੰਪੱਤੀਆਂ, ਜਿਨ੍ਹਾਂ ਦਾ ਕਬਜ਼ਾ ਬੈਂਕ ਆਫ ਮਹਾਰਾਸ਼ਟਰਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਸਾਰਣੀ ਵਿਚ ਦਰਸਾਏ ਅਨੁਸਾਰ ਕਰਜ਼ਦਾਰ (†) ਅਤੇ ਜ਼ਾਮਨ (†) ਤੋਂ ਬੈਂਕ ਆਫ ਮਹਾਰਾਸ਼ਟਰਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ 14.05.2026 ਨੂੰ “ਜਿਵੇਂ ਹੈ ਜਿਥੇ ਹੈ”, “ਜਿਵੇਂ ਹੈ ਜੋ ਹੈ” ਅਤੇ “ਜੋ ਵੀ ਉਥੇ ਹੈ” ਅਧਾਰ ’ਤੇ ਕੀਤੀ ਜਾਵੇਗੀ। ਕਰਜ਼ਦਾਰ/† ਅਤੇ ਜ਼ਾਮਨ/†, ਬਕਾਇਆ ਰਕਮ, ਅਚੱਲ ਸੰਪੱਤੀ ਅਤੇ ਜਾਣੂ ਦੇਣਦਾਰੀਆਂ ਦਾ ਸੰਖੇਪ ਵੇਰਵਾ, ਕਬਜ਼ੇ ਦੀ ਕਿਸਮ, ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਦੇ ਵੇਰਵੇ ਹੇਠਾਂ ਵੀ ਦਰਸਾਏ ਗਏ ਹਨ :-

| ਲ. ਨੰ. | ਸ਼ਾਖਾ ਦਾ ਨਾਮ/ਕਰਜ਼ਦਾਰ (†)/ਜ਼ਾਮਨ (†)/ਗਿਰਵੀਕਾਰ (†) ਦਾ ਨਾਮ ਅਤੇ ਪਤਾ | ਸੰਪਤੀ/ਆਂ ਦੇ ਸੰਖੇਪ ਵੇਰਵੇ | ਨਿਰਧਾਰਤ ਮਿਤੀ ਨੂੰ ਕੁੱਲ ਦੇਣਦਾਰੀਆਂ | ਰਾਖਵੀਂ ਕੀਮਤ | ਬਿਆਨਾ ਰਕਮ ਜਮ੍ਹਾਂ/ਬੋਲੀ ਵਾਧਾ ਰਕਮ |
|---|---|---|---|---|---|
| 1. | ਸ਼ਾਖਾ: ਏਆਰਬੀ, ਚੰਡੀਗੜ੍ਹ, ਐਸਸੀਓ 44, ਪਹਿਲੀ ਮੰਜ਼ਿਲ, ਸੈਕਟਰ 29-4, ਚੰਡੀਗੜ੍ਹ 160029. ਸ੍ਰੀ ਨਿਸ਼ਿਤ ਚੰਦਰਾ, ਮੋ.. 8292940000, ਅਬਦੁਲ ਵਹਾਬ-ਮੰਡਲ, ਮੋ.: 9910457928, ਈ-ਮੇਲ: recovery_chd@bankofmaharashtra.bank.in, brmgr1949@bankofmaharashtra.bank.in<br>ਕਰਜ਼ਦਾਰ(†):- ਗੁਰਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ, ਪਤਾ-1:- ਡੇਰਾ ਨਿਹੰਗਾ ਦਾ, ਘਲੂਘਾਰਾ ਰੋਡ, ਪਿੰਡ ਲਮੀਂ, ਤਿਬੜੀ, ਗੁਰਦਾਸਪੁਰ 143530, ਪਤਾ-II:- 172 MH ਮਾਰਫਤ 56 ਏਪੀਓ, ਮਿਲਟਰੀ ਹਸਪਤਾਲ, ਤਿਬੜੀ ਕੈਂਟ, ਗੁਰਦਾਸਪੁਰ -143530 ਸਹਿ-ਕਰਜ਼ਦਾਰ:- ਜਸਵਿੰਦਰ ਕੌਰ ਪਤਨੀ ਗੁਰਪ੍ਰੀਤ ਸਿੰਘ, ਪਤਾ:- ਡੇਰਾ ਨਿਹੰਗਾ ਦਾ, ਘੱਲੂਘਾਰਾ ਰੋਡ, ਪਿੰਡ ਲਮੀਨ, ਤਿੱਬੜੀ, ਗੁਰਦਾਸਪੁਰ - 143530 | 54 ਕਨਾਲ 10 ਮਰਲੇ ਦੀ ਜ਼ਮੀਨ ਵਿੱਚੋਂ 31/9810 ਹਿੱਸੇ ਵਾਲੀ ਕਰਮ 5 1/2 ਫੁੱਟ ਵਾਲੀ 3 ਮਰਲੇ 4 ਸਰਸਾਹੀ ਵਾਲੀ ਜ਼ਮੀਨ ’ਤੇ ਬਣੇ ਰਿਹਾਇਸ਼ੀ ਮਕਾਨ ਦਾ ਬਰਾਬਰ ਗਿਰਵੀਨਾਮਾ, ਜਿਸ ਵਿੱਚ ਖੇਵਟ ਨੰਬਰ 22, 225, 320, ਖਤੌਨੀ ਨੰਬਰ 48, 428, 594 ਖਸਰਾ ਨੰਬਰ 44-7/2(2-16), 8/2(5-2), 9(8-0), 17/1(2-4), ਅਤੇ ਖਸਰਾ ਨੰਬਰ 44-13(8-0), 14(4-8), 11(8-0), 12(8-0) ਪਿੰਡ ਹਯਾਤ ਨਗਰ, ਐਚਬੀ ਨੰਬਰ 236, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ ਦੀ ਮਾਲੀਆ ਜਾਇਦਾਦ ਵਿੱਚ ਸਥਿਤ ਹੈ, ਜੋ ਕਿ ਸ਼੍ਰੀਮਤੀ ਜਸਵਿੰਦਰ ਕੌਰ ਪਤਨੀ ਸ਼੍ਰੀਮਤੀ ਗੁਰਪ੍ਰੀਤ ਸਿੰਘ ਦੀ ਮਲਕੀਅਤ ਹੈ ਜੋ ਕਿ ਵਿਕਰੀ ਡੀਡ ਨੰਬਰ 2022-23/147/1/2274 ਮਿਤੀ 31.10.2022 ਨੂੰ ਸਬ-ਰਜਿਸਟਰਾਰ ਗੁਰਦਾਸਪੁਰ ਕੋਲ ਰਜਿਸਟਰਡ ਹੈ ਅਤੇ ਹੇਠ ਲਿਖੇ ਅਨੁਸਾਰ ਹੱਦਬੰਦੀ:- ਉੱਤਰ: ਹਰਜਿੰਦਰ ਕੌਰ ਦੀ ਜਾਇਦਾਦ ਮਾਪ 37’06”; ਦੱਖਣ: ਮਾਲਕ (ਤਨਵੀਰ ਸਿੰਘ) ਮਾਪ 37’06”; ਪੂਰਬ: ਗਲੀ ਮਾਪ 20’00”; ਪੱਛਮ: ਮਾਲਕ (ਤਨਵੀਰ ਸਿੰਘ) ਮਾਪ 20’00”<br>ਮੁਕੱਦਮਾ: ਬੈਂਕ ਵੱਲੋਂ ਕਰਜ਼ਾ ਲੈਣ ਵਾਲੇ ਵਿਰੁੱਧ 07.09.2025 ਨੂੰ DRT 1 ਚੰਡੀਗੜ੍ਹ ਵਿੱਚ OA ਨੰਬਰ 1554/2025 ਨਾਲ ਮੁਕੱਦਮਾ ਦਾਇਰ ਕੀਤਾ ਗਿਆ। PO ਦੀ ਅਦਾਲਤ ਵਿੱਚ ਲੰਬਿਤ ਹੈ। ਅਗਲੀ ਸੂਚੀਕਰਨ ਦੀ ਮਿਤੀ 12.10.2026 ਹੈ। | Rs. 20,63,134/- 12.04.2024 ਤੋਂ ਜਮ੍ਹਾ ਵਿਆਜ ਅਤੇ ਖਰਚੇ (12.04.2024 ਤੋਂ ਬਾਅਦ ਜੇਕਰ ਕੋਈ ਰਿਕਵਰੀ ਪ੍ਰਭਾਵਿਤ ਹੋਈ, ਤਾਂ ਉਸ ਤੋਂ ਬਾਅਦ ਘੱਟ ਰਿਕਵਰੀ ਪ੍ਰਭਾਵਿਤ ਹੋਈ)। ਸੰਕੇਤਕ ਕਬਜ਼ਾ ਲੈਣ ਦੀ ਮਿਤੀ 13.08.2024 | Rs. 9,10,000/- | Rs. 91,000/- Rs. 10,000/- |
| 2. | ਸ਼ਾਖਾ: ਏਆਰਬੀ, ਚੰਡੀਗੜ੍ਹ, ਐਸਸੀਓ 44, ਪਹਿਲੀ ਮੰਜ਼ਿਲ, ਸੈਕਟਰ 29-ਡੀ, ਚੰਡੀਗੜ੍ਹ - 160029 ਸ਼੍ਰੀਮਤੀ ਅੰਜਲੀ ਭੌਇਰ, ਸੀ.ਐਮ ਰਿਕਵਰੀ, ਚੰਡੀਗੜ੍ਹ, ਸ੍ਰੀ ਅਖਿਲੇਸ਼, ਮੋ.. 9560409065, ਈ-ਮੇਲ: recovery_chd@bankofmaharashtra.bank.in, brmgr1949@bankofmaharashtra.bank.in<br>ਕਰਜ਼ਦਾਰ(†):- (1) ਸ਼੍ਰੀ ਵਿੱਕੀ ਸਿੰਘ ਪੁੱਤਰ ਸ਼੍ਰੀ ਸੁੰਦਰ ਪਾਲ ਸਿੰਘ, ਪਤਾ-1:- ਗਲੀ ਨੰਬਰ 9/ਸੀ, ਚਿਮਨੀ ਰੋਡ, ਨਿਊ ਸ਼ਿਮਲਾ ਪੁਰੀ, ਲੁਧਿਆਣਾ 141003 ਪਤਾ-2:- ਮਕਾਨ ਨੰਬਰ 1688/27/174, ਗਲੀ ਨੰਬਰ 9, ਵਾਰਡ ਨੰਬਰ 63, ਗੋਬਿੰਦ ਨਗਰ, ਸ਼ਿਮਲਾ ਪੁਰੀ, ਲੁਧਿਆਣਾ - 141003 (2) ਸ਼੍ਰੀਮਤੀ ਬਲਵਿੰਦਰ ਕੌਰ ਪੁੱਤਰੀ ਸ਼੍ਰੀ ਸੁਰੇਂਦਰ ਪਾਲ ਸਿੰਘ, ਪਤਾ-1:- ਗਲੀ ਨੰਬਰ 9/ਸੀ, ਚਿਮਨੀ ਰੋਡ, ਨਿਊ ਸ਼ਿਮਲਾ ਪੁਰੀ, ਲੁਧਿਆਣਾ -141003 ਪਤਾ-2:- ਮਕਾਨ ਨੰਬਰ 1688/27/174, ਗਲੀ ਨੰਬਰ 9, ਵਾਰਡ ਨੰਬਰ 63, ਗੋਬਿੰਦ ਨਗਰ, ਸ਼ਿਮਲਾ ਪੁਰੀ, ਲੁਧਿਆਣਾ - 141003 | 97 ਵਰਗ ਗਜ਼ ਦੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਸਾਲ 2011-12 ਦੀ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 869, ਖਾਤਾ ਨੰਬਰ 2295/2977 ਵਿੱਚ ਸ਼ਾਮਲ ਹੈ, ਜੋ ਕਿ ਪਿੰਡ ਗਿੱਲ-II, ਹੱਦਬਸਤ ਨੰਬਰ 263 ਸਥਾਨ ਜਿਸਨੂੰ ਨਿਊ ਸ਼ਿਮਲਾਪੁਰੀ ਵਜੋਂ ਜਾਣਿਆ ਜਾਂਦਾ ਹੈ, ਗਲੀ ਨੰਬਰ 9, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ ਜੋ ਕਿ ਵਿਕਰੀ ਡੀਡ ਨੰਬਰ 2021-22/103/1/2492 ਮਿਤੀ 16.06.2021 ਅਨੁਸਾਰ ਸ਼੍ਰੀਮਤੀ ਬਲਵਿੰਦਰ ਕੌਰ ਪੁੱਤਰੀ ਸ਼੍ਰੀ ਸੁਰਿੰਦਰ ਪਾਲ ਸਿੰਘ ਦੀ ਮਲਕੀਅਤ ਹੈ। ਹੱਦਬੰਦੀ ਹੇਠ ਲਿਖੇ ਅਨੁਸਾਰ ਹੈ:- ਪੂਰਬ: ਗਲੀ 20 ਚੌੜੀ ਮਾਪ 22’; ਪੱਛਮ: ਪ੍ਰਕਾਸ਼ ਸਿੰਘ ਮਾਪ 17.5; ਉੱਤਰ: ਹੋਰ ਮਾਲਕ ਮਾਪ 50’; ਦੱਖਣ: ਗੁਆਂਢੀ ਮਾਪ 50’<br>ਮੁਕੱਦਮਾ: ਬੈਂਕ ਵੱਲੋਂ ਕਰਜ਼ਦਾਰ ਵਿਰੁੱਧ 21.06.2025 ਨੂੰ DRT 3 ਚੰਡੀਗੜ੍ਹ ਵਿੱਚ OA ਨੰਬਰ 791/2025 ਨਾਲ ਮੁਕੱਦਮਾ ਦਾਇਰ ਕੀਤਾ ਗਿਆ। ਰਜਿਸਟਰਾਰ ਦੀ ਅਦਾਲਤ ਵਿੱਚ ਲੰਬਿਤ ਹੈ। ਅਗਲੀ ਸੂਚੀਕਰਨ ਮਿਤੀ 11.05.2026 ਹੈ। | Rs. 24,68,409/- 12.03.2024 ਤੋਂ ਜਮ੍ਹਾ ਵਿਆਜ ਅਤੇ ਖਰਚੇ (12.03.2024 ਤੋਂ ਬਾਅਦ ਜੇਕਰ ਕੋਈ ਰਿਕਵਰੀ ਪ੍ਰਭਾਵਿਤ ਹੋਈ, ਤਾਂ ਉਸ ਤੋਂ ਬਾਅਦ ਘੱਟ ਰਿਕਵਰੀ ਪ੍ਰਭਾਵਿਤ ਹੋਈ)। ਸੰਕੇਤਕ ਕਬਜ਼ਾ ਲੈਣ ਦੀ ਮਿਤੀ 05.08.2024 | Rs. 18,20,000/- | Rs. 1,82,000/- Rs. 20,000/- |

ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਬੈਂਕ ਦੀ ਵੈੱਬਸਾਈਟ ਅਤੇ ਬੈਂਕਨੇਟ ਪੋਰਟਲ https://baanknet.com/eauction-psb/home ’ਤੇ ਦਿੱਤੇ ਗਏ ਲਿੰਕ https://bankofmaharashtra.bank.in/asset-for-sales-search ਨੂੰ ਵੇਖੋ।

**ਸਰਫਾਇਸੀ ਐਕਟ, 2002 ਦੇ ਤਹਿਤ ਕਾਨੂੰਨੀ 15 ਦਿਨਾਂ ਦੀ ਵਿਕਰੀ ਨੋਟਿਸ**
ਉਪਰੋਕਤ ਨਾਮਿਤ ਕਰਜ਼ਦਾਰ/† ਅਤੇ ਜ਼ਾਮਨਾਂ ਨੂੰ ਨਿਲਾਮੀ ਦੀ ਮਿਤੀ ਤੋਂ ਪਹਿਲਾਂ ਦੱਸੀ ਗਈ ਰਕਮ ਦੇ ਨਾਲ-ਨਾਲ ਨਵੀਨਤਮ ਵਿਆਜ ਅਤੇ ਸਹਾਇਕ ਖਰਚਿਆਂ ਦਾ ਭੁਗਤਾਨ ਕਰਨ ਲਈ ਸੂਚਿਤ ਕੀਤਾ ਜਾਂਦਾ ਹੈ, ਨਹੀਂ ਤਾਂ ਜਾਇਦਾਦ ਦੀ ਨਿਲਾਮੀ/ਵੇਚੀ ਜਾਵੇਗੀ ਅਤੇ ਜੇਕਰ ਕੋਈ ਬਕਾਇਆ ਹੈ ਤਾਂ ਵਿਆਜ ਅਤੇ ਲਾਗਤ ਸਮੇਤ ਵਸੂਲ ਕੀਤਾ ਜਾਵੇਗਾ।

ਮਿਤੀ: 27.04.2026 ਸਥਾਨ: ਚੰਡੀਗੜ੍ਹ ਅਧਿਕਾਰਤ ਅਧਿਕਾਰੀ, ਬੈਂਕ ਆਫ਼ ਮਹਾਰਾਸ਼ਟਰ

# ਜੁਝਾਰੂ ਸਿੱਖ ਆਗੂ ਜਥੇਦਾਰ ਊਧਮ ਸਿੰਘ ਨਾਗੋਕੇ ਨੂੰ ਯਾਦ ਕਰਦਿਆਂ

**ਗੁਰਦੁਆਰਾ** ਸੁਧਾਰ ਲਹਿਰ ਨੇ ਕੇਵਲ ਸੰਘਰਸ਼ਸ਼ੀਲ ਆਗੂ ਹੀ ਪੈਦਾ ਨਹੀ ਕੀਤੇ, ਸਗੋ ਆਪਣੇ ਅਕੀਦੇ ਤੇ ਵਿਸ਼ਵਾਸ 'ਤੇ ਪਹਿਰਾ ਦਿੰਦਿਆਂ, ਸਿੱਖ ਹਿੱਤਾਂ ਪ੍ਰਤੀ ਪ੍ਰਤੀਬੱਧਤਾ ਨਾਲ ਜ਼ਿੰਦਗੀ ਦੀਆਂ ਤੰਗੀਆਂ ਤੁਰਸ਼ੀਆਂ ਦਾ ਮੁਕਾਬਲਾ ਕਰਦਿਆਂ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਵੀ ਪੂਰੇ ਉਤਰਨ ਵਾਲੇ ਜਥੇਦਾਰ ਊਧਮ ਸਿੰਘ ਨਾਗੋਕੇ ਵਰਗੇ ਵਿਰਲੇ ਇਨਸਾਨ ਹੀ ਹੁੰਦੇ ਹਨ। ਜਥੇਦਾਰ ਨਾਗੋਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਅਤੇ ਰਾਜ ਸਭਾ ਦੇ ਮੈਂਬਰ ਵਜੋਂ ਜਿਸ ਪਦਾਂ 'ਤੇ ਰਹਿੰਦਿਆਂ ਵੀ ਰਹੇ ਹਮੇਸ਼ਾ ਪੰਥਪ੍ਰਸਤ ਹੀ ਰਹੇ। ਜਥੇਦਾਰ ਊਧਮ ਸਿੰਘ ਨਾਗੋਕੇ ਅਜਿਹੀ ਸ਼ਖ਼ਸੀਅਤ ਦੇ ਮਾਲਕ ਸਨ, ਜਿਨ੍ਹਾਂ ਜੀਵਨ ਦੇ ਹਰ ਮੋੜ 'ਤੇ ਜੁਝਾਰੂ ਸਿੱਖ ਵਜੋਂ ਆਪਣੀ ਪਹਿਚਾਣ ਬਣਾਈ ਰੱਖੀ। ਇਸ ਪੰਥ ਸੇਵਕ ਦਾ ਜਨਮ 28 ਅਪ੍ਰੈਲ, 1894 ਈ: ਨੂੰ ਭਾਈ ਬੇਲਾ ਸਿੰਘ ਅਤੇ ਮਾਤਾ ਆਸ ਕੌਰ ਦੇ ਗ੍ਰਹਿ ਵਿਖੇ ਪਿੰਡ ਨਾਗੋਕੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਤਕੜੇ ਜੁੱਸੇ ਅਤੇ ਕੱਦ ਕਾਠ ਦੇ ਮਾਲਕ ਜਥੇਦਾਰ ਊਧਮ ਸਿੰਘ ਨੇ ਪਹਿਲਾਂ ਫ਼ੌਜ ਦੀ ਨੌਕਰੀ ਕੀਤੀ, ਪਰ ਛੇਤੀ ਹੀ ਫ਼ੌਜੀ ਨੌਕਰੀ ਨੂੰ ਅਲਵਿਦਾ ਆਖਕੇ 26 ਕੁ ਸਾਲ ਦੀ ਉਮਰ ਵਿੱਚ ਘਰ ਵਾਪਸ ਆ ਗਏ, 1920 ਅਜਿਹਾ ਵਰ੍ਹਾ ਸੀ ਜੋ ਗੁਰਦੁਆਰਾ ਸੁਧਾਰ ਲਹਿਰ ਦਾ ਆਰੰਭਕ ਵਰ੍ਹਾ ਸੀ । ਪੂਰੇ ਜੋਸ਼ੋ-ਖਰੋਸ਼ ਨਾਲ ਗੁਰਧਾਮਾਂ ਦੀ ਅਜ਼ਾਦੀ ਦੀ ਲਹਿਰ ਵਿੱਚ ਕੁੱਦ ਪਏ। ਸ੍ਰੀ ਹਰਿਮੰਦਰ ਸਾਹਿਬ ਦੇ ਤੋਸ਼ੇ ਖਾਨੇ ਦੀਆਂ ਚਾਬੀਆਂ ਲੈਣ ਦੇ ਮਾਮਲੇ ਵਿੱਚ ਛੇ ਮਹੀਨੇ ਦੀ ਕੈਦ ਹੋਈ। ਇਸ ਤੋਂ ਛੇਤੀ ਪਿੱਛੋਂ ਗੁਰੂ ਕੇ ਬਾਗ ਮੋਰਚੇ ਵਿੱਚ ਇਕ ਸਾਲ ਦੀ ਕੈਦ ਕੱਟਣੀ ਪਈ। ਹੁਣ ਜਥੇਦਾਰ ਊਧਮ ਸਿੰਘ ਪੰਥਕ ਸਫ਼ਾਂ ਵਿੱਚ ਜਾਣੇ-ਪਛਾਣੇ ਸਿੱਖ ਆਗੂ ਬਣ ਚੁੱਕੇ ਸਨ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹੈਸੀਅਤ ਵਿੱਚ ਆਪ ਨੇ ਜੈਤੋ ਦੇ ਮੋਰਚੇ ਦੇ ਪਹਿਲੇ ਜਥੇ ਦੀ ਅਗਵਾਈ ਕਰਨੀ ਸੀ। ਪਰ ਮੋਰਚੇ ਵਿੱਚ ਜੱਥਾ ਲੈ ਜਾਣ ਤੋਂ ਪਹਿਲਾਂ 8 ਫ਼ਰਵਰੀ, 1924 ਨੂੰ ਆਪ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਹੁਣ ਮੁੜ ਦੋ ਸਾਲ ਦੀ ਕੈਦ ਦੀ ਸਜ਼ਾ ਹੋਈ। ਜਦੋਂ 1926 ਈ: ਵਿੱਚ ਕੈਦ ਤੋਂ ਬਾਹਰ ਆਏ ਤਾਂ ਫਿਰ ਆਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੜ ਜਥੇਦਾਰ ਨਿਯੁਕਤ ਕੀਤਾ ਗਿਆ। ਜਦੋਂ 1925 ਵਿੱਚ ਅੰਗ੍ਰੇਜ਼ ਹਕੂਮਤ ਨੇ ਗੁਰਦੁਆਰਾ ਐਕਟ ਬਣਾਇਆ ਤਾਂ ਜਥੇਦਾਰ ਊਧਮ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਚੁਣਿਆ ਗਿਆ। ਇਸ ਤੋਂ ਪਿੱਛੋਂ 1954 ਈ: ਤੱਕ ਕਿਸੇ-ਨਾ ਕਿਸੇ ਹੈਸੀਅਤ ਵਿੱਚ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਸੇਵਾਵਾਂ ਨਿਭਾਉਂਦੇ ਰਹੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪ੍ਰਬੰਧਕੀ ਸੇਵਾਵਾਂ ਵਿੱਚ ਵੀ

## ਜਨਮ ਦਿਨ 'ਤੇ ਵਿਸ਼ੇਸ਼

ਅਹਿਮ ਭੂਮਿਕਾ ਨਿਭਾਉਂਦੇ ਰਹੇ। ਸ੍ਰੀ ਗੁਰੂ ਰਾਮ ਦਾਸ ਨਿਵਾਸ (ਸਰਾਂ) ਦੀ ਉਸਾਰੀ ਵਿੱਚ ਵੀ ਸ਼ਲਾਘਾਯੋਗ ਕਾਰਜ ਕੀਤੇ । 1948 ਈ: ਅਤੇ 1952 ਈ: ਵਿੱਚ ਆਪ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਈਆਂ। 1920 ਈ: ਤੋਂ ਹੀ ਆਪ ਕਾਂਗਰਸ ਪਾਰਟੀ ਨਾਲ ਸਬੰਧਤ ਦੇਸ਼ ਦੀ ਅਜ਼ਾਦੀ ਦੀ ਲਹਿਰ ਵਿੱਚ ਯੋਗਦਾਨ ਪਾਉਂਦੇ ਰਹੇ। ਇਨ੍ਹਾਂ ਦਿਨਾਂ ਵਿੱਚ ਰਾਜਨੀਤੀ ਵਿੱਚ ਕਾਂਗਰਸ ਪਾਰਟੀ ਲਈ ਹਰ ਪੰਥ ਪ੍ਰਸਤ ਆਗੂ ਆਪਣਾ ਯੋਗਦਾਨ ਪਾਉਂਦਾ ਸੀ। ਕਿਉਂਕਿ ਕਾਂਗਰਸ ਦੇਸ਼ ਦੀ ਅਜ਼ਾਦੀ ਲਹਿਰ ਲਈ ਸੰਘਰਸ਼ ਵਿੱਚ ਜੁਟੀ ਹੋਈ ਸੀ। ਕਾਂਗਰਸ ਵੱਲੋਂ ਚਲਾਏ ਸਿਵਲ ਨਾ ਫੁਰਮਾਨੀ ਅੰਦੋਲਨ ਵਿੱਚ ਹਿੱਸਾ ਲੈਣ ਕਰਕੇ ਹਕੂਮਤ ਵੱਲੋਂ ਇਕ ਸਾਲ ਦੀ ਸਜ਼ਾ ਹੋਈ। 1942 ਈ: ਵਿੱਚ ਭਾਰਤ ਛੋੜੋ ਅੰਦੋਲਨ ਵਿੱਚ ਭਾਗ ਲੈਣ ਕਰਕੇ ਤਿੰਨ ਸਾਲ ਦੀ ਸਜ਼ਾ ਭੁਗਤੀ। ਜਦੋਂ ਜੇਲ੍ਹ ਤੋਂ ਬਾਹਰ ਆਏ ਤਾਂ 1946 ਈ: ਵਿੱਚ ਪੰਜਾਬ ਵਿਧਾਨ ਪ੍ਰੀਸ਼ਦ ਦੇ ਮੈਂਬਰ ਚੁਣੇ ਗਏ। ਦੇਸ਼ ਦੀ ਅਜ਼ਾਦੀ ਤੋਂ ਬਾਅਦ 1952 ਈ: ਵਿੱਚ ਆਪ ਨੂੰ ਭਾਰਤ ਸੇਵਕ



ਸਮਾਜ ਦਾ ਮੁਖੀ ਬਣਾਇਆ ਗਿਆ। 1953 ਈ: ਵਿੱਚ ਕਾਂਗਰਸ ਪਾਰਟੀ ਵੱਲੋਂ ਰਾਜ ਸਭਾ ਮੈਂਬਰ ਵਜੋਂ ਨਾਮਜ਼ਦ ਹੋਏ। 1960 ਈ: ਤੱਕ ਰਾਜ ਸਭਾ ਵਿੱਚ ਇਸ ਪਦਵੀ 'ਤੇ ਰਹੇ। 1960 ਈ: ਵਿੱਚ ਰਾਜ ਗੋਪਾਲ ਅਚਾਰੀਆ ਵੱਲੋਂ ਸ਼ੁਰੂ ਕੀਤੀ ਸੁਤੰਤਰ ਪਾਰਟੀ ਵਿੱਚ ਸ਼ਾਮਲ ਹੋ ਗਏ ਅਤੇ ਸੁਤੰਤਰ ਪਾਰਟੀ ਦੀ ਪੰਜਾਬ ਸ਼ਾਖਾ ਦੇ ਪਹਿਲੇ ਮੁਖੀ ਬਣੇ। ਅਕਾਲੀ ਦਲ ਨਾਲ ਸ਼ੁਰੂ ਤੋਂ ਹੀ ਸਬੰਧਤ ਰਹੇ। 1935 ਈ: ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ ਗਏ। 1942 ਵਿੱਚ ਅਕਾਲੀ ਆਗੂ ਮਾਸਟਰ ਤਾਰਾ ਸਿੰਘ ਨਾਲ ਮੱਤਭੇਦ ਹੋਣ ਕਰਕੇ ਉਨ੍ਹਾਂ ਦੇ ਧੜੇ ਤੋਂ ਵੱਖ ਹੋ ਗਏ। 1948 ਈ: ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਵਿੱਚ ਮਾਸਟਰ ਤਾਰਾ ਸਿੰਘ ਨੂੰ ਹਰਾਇਆ। ਜਦੋਂ 1947 ਈ: ਵਿੱਚ ਦੇਸ਼ ਦੀ ਵੰਡ ਹੋਈ ਤਾਂ ਦੰਗਿਆਂ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਫਿਰਕੂ ਦੰਗਿਆਂ ਤੋਂ ਬਚਾਉਣ ਲਈ ਜਿਹੜੇ ਫਰਜ਼ਾਂ ਨੂੰ ਨਿਭਾਇਆ, ਉਸ ਦੀ ਪ੍ਰਸ਼ੰਸਾ ਹਰ ਸਰਬ-ਸਾਂਝੀਵਾਲਤਾ ਦੇ ਮੁਦਈ ਦੇਸ਼ ਵਾਸੀ ਦੀ ਜ਼ੁਬਾਨ ਉੱਪਰ ਸੀ। ਪੂਰੀ ਹਯਾਤੀ ਦੌਰਾਨ ਵਾਰ-ਵਾਰ ਜੇਲ੍ਹਾਂ ਵਿੱਚ ਰਹਿਣ ਕਰਕੇ ਸਿਹਤ ਖਰਾਬ ਰਹਿਣ ਲੱਗ ਪਈ। 11 ਜਨਵਰੀ, 1966 ਨੂੰ ਚੰਡੀਗੜ੍ਹ ਵਿਖੇ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਇਸ ਜੁਝਾਰੂ ਸਿੱਖ ਆਗੂ ਦੀ ਯਾਦ ਅੱਜ ਵੀ ਲੋਕ-ਮਨਾਂ ਵਿੱਚ ਤਰੋ-ਤਾਜ਼ਾ ਹੈ।

# 'ਸ਼ਬਦਾਂ ਦੀ ਤ੍ਰਿਵੇਣੀ' ਅਹਿਸਾਸਾਂ, ਅਰਦਾਸਾਂ ਅਤੇ ਆਦਰਸ਼ਾਂ ਦਾ ਰੂਹਾਨੀ ਸੰਗਮ

ਸਮੀਖਿਆਕਾਰ:
ਵਿੰਕਲ ਸਰਾ, ਪਟਿਆਲਾ
9501477889

**ਸ਼ਬਦਾਂ ਦਾ ਇੱਕ ਪਵਿੱਤਰ ਸਰੋਵਰ:** ਪੰਜਾਬੀ ਸਾਹਿਤ ਦੇ ਵਿਸ਼ਾਲ ਅੰਬਰ ਵਿੱਚ ਜਦੋਂ ਕੋਈ ਨਵਾਂ ਸਿਤਾਰਾ ਆਪਣੀ ਚਮਕ ਬਿਖੇਰਦਾ ਹੈ, ਤਾਂ ਉਹ ਸਿਰਫ਼ ਅੱਖਰਾਂ ਦੀ ਖੇਡ ਨਹੀ ਹੁੰਦਾ, ਸਗੋਂ ਲੇਖਕ ਦੀ ਰੂਹ ਦਾ ਨਿਚੋੜ ਹੁੰਦਾ ਹੈ। ਬਲਜੀਤ ਸ਼ਰਮਾ ਦੀ ਪਹਿਲੀ ਕਾਵਿ-ਕ੍ਰਿਤੀ 'ਸ਼ਬਦਾਂ ਦੀ ਤ੍ਰਿਵੇਣੀ' ਪੰਜਾਬੀ ਕਾਵਿ-ਜਗਤ ਵਿੱਚ ਇੱਕ ਅਜਿਹੀ




ਤਾਜ਼ਾ ਹਵਾ ਦਾ ਬੁੱਲਾ ਹੈ, ਜੋ ਪਾਠਕ ਨੂੰ ਅਹਿਸਾਸਾਂ ਦੇ ਉਸ ਪੜਾਅ 'ਤੇ ਲੈ ਜਾਂਦੀ ਹੈ ਜਿੱਥੇ ਸ਼ਬਦ ਸਿਰਫ਼ ਪੜ੍ਹੇ ਨਹੀ, ਸਗੋਂ ਮਹਿਸੂਸ ਕੀਤੇ ਜਾਂਦੇ ਹਨ। ਇਹ ਕਿਤਾਬ ਜੀਵਨ ਦੇ ਅਨੁਭਵਾਂ, ਰਿਸ਼ਤਿਆਂ ਦੀ ਮਹਿਕ ਅਤੇ ਅਧਿਆਤਮਿਕ ਗਹਿਰਾਈ ਦਾ ਇੱਕ ਅਜਿਹਾ 'ਤ੍ਰਿਵੇਣੀ ਸੰਗਮ' ਹੈ ਜਿੱਥੇ ਮਨ, ਬੁੱਧੀ ਅਤੇ ਆਤਮਾ ਇਕਸੁਰ ਹੁੰਦੇ ਹਨ।

**ਲੇਖਿਕਾ ਦੇ ਮਨ ਦੀ ਪਰਵਾਜ਼; "ਕਲਮ ਜਦੋਂ ਰੂਹ ਦੀ ਆਵਾਜ਼ ਬਣ ਜਾਵੇ":** ਕਿਤਾਬ ਦੇ ਸ਼ੁਰੂਆਤੀ ਪੰਨਿਆਂ 'ਤੇ ਲੇਖਿਕਾ ਨੇ ਖ਼ੁਦ ਸਵੀਕਾਰ ਕੀਤਾ ਹੈ ਕਿ ਇਹ ਪੁਸਤਕ ਸਿਰਫ਼ ਇੱਕ ਸਾਹਿਤਕ ਕੋਸ਼ਿਸ਼ ਨਹੀ, ਸਗੋਂ ਮਾਂ-ਬੋਲੀ ਪੰਜਾਬੀ ਦੇ ਚਰਨਾਂ ਵਿੱਚ ਆਪਣੇ ਜਜ਼ਬਾਤ ਭੇਟ ਕਰਨ ਦਾ ਇੱਕ ਨਿਮਾਣਾ ਜਿਹਾ ਯਤਨ ਹੈ। ਇੱਕ ਅਧਿਆਪਕਾ, ਮੰਚ ਸੰਚਾਲਿਕਾ ਅਤੇ ਗਾਇਕਾ ਹੋਣ ਦੇ ਨਾਤੇ ਬਲਜੀਤ ਸ਼ਰਮਾ ਦਾ ਸ਼ਬਦਾਂ ਅਤੇ ਸੁਰਾਂ ਨਾਲ ਰਿਸ਼ਤਾ ਬਹੁਤ ਗੂੜ੍ਹਾ ਹੈ। ਉਨ੍ਹਾਂ ਦਾ ਇਹ ਮੰਨਣਾ ਬਹੁਤ ਪ੍ਰਭਾਵਸ਼ਾਲੀ ਹੈ: "ਜੇਕਰ ਅਸੀ ਖ਼ੁਦ ਕੁਝ ਸਿਰਜਾਂਗੇ, ਤਾਂ ਹੀ ਅਸੀ ਆਉਣ ਵਾਲੀ ਪੀੜ੍ਹੀ ਲਈ ਮਾਰਗ-ਦਰਸ਼ਕ ਬਣ ਸਕਾਂਗੇ।" ਇਹੀ ਸੋਚ ਇਸ ਪੁਸਤਕ ਨੂੰ ਸਮਾਜਿਕ ਜ਼ਿੰਮੇਵਾਰੀ ਦੇ ਨਾਲ ਵੀ ਜੋੜਦੀ ਹੈ।

**ਸੰਰਚਨਾ ਅਤੇ ਸਾਹਿਤਕ ਵੰਨਗੀਆਂ:** ਪੁਸਤਕ ਨੂੰ ਤਿੰਨ ਮੁੱਖ 'ਪ੍ਰਵਾਹਾਂ' ਵਿੱਚ ਵੰਡਿਆ ਗਿਆ ਹੈ, ਜੋ ਇਸਦੇ ਸਿਰਲੇਖ 'ਤ੍ਰਿਵੇਣੀ' ਨੂੰ ਸਾਰਥਕ ਬਣਾਉਂਦੇ ਹਨ:

**1. ਪਹਿਲਾ ਪ੍ਰਵਾਹ; ਦੋਹੇ (ਦੋ ਹਰਫ਼ੀ ਗੱਲਾਂ):** ਇੱਥੇ ਲੇਖਿਕਾ ਨੇ ਜੀਵਨ ਦੇ ਵੱਡੇ ਸੱਚਾਂ ਨੂੰ ਬਹੁਤ ਹੀ ਸੰਖੇਪ ਰੂਪ ਵਿੱਚ ਪੇਸ਼ ਕੀਤਾ ਹੈ। 'ਗਿਆਨ ਦਾ ਚਾਨਣ', 'ਸੱਚ ਦਾ ਮਾਰਗ' ਅਤੇ 'ਵਕਤ ਦੀ ਅਹਿਮੀਅਤ' ਵਰਗੇ ਵਿਸ਼ੇ ਪਾਠਕ ਨੂੰ ਜੀਵਨ ਜਿਉਣ ਦੀ ਸੇਧ ਦਿੰਦੇ ਹਨ। ਨਮੂਨਾ: "ਕਲਮ ਚਲਾਈ ਸਿਦਕ ਨਾਲ, ਰੱਖੀ ਮਨ ਵਿੱਚ ਚਾਅ, ਸੱਚੇ ਮਾਰਗ ਚੱਲਦਿਆਂ, ਰੱਬ ਮਿਲੂਗਾ ਆ।"

**2. ਦੂਜਾ ਪ੍ਰਵਾਹ; ਰੁਬਾਈਆਂ (ਖਿਆਲਾਂ ਦੀ ਪਰਵਾਜ਼):** ਰੁਬਾਈਆਂ ਵਿੱਚ ਲੇਖਿਕਾ ਦੀ ਕਲਮ ਵਧੇਰੇ ਦਾਰਸ਼ਨਿਕ ਅਤੇ ਰੂਹਾਨੀ ਹੋ ਜਾਂਦੀ ਹੈ। 'ਸ਼ੁਕਰਾਨਾ-ਏ-ਕਲਮ' ਵਿੱਚ ਉਹ ਉਸ ਮਾਲਕ ਦਾ ਧੰਨਵਾਦ ਕਰਦੀ ਹੈ ਜਿਸਨੇ ਉਸਨੂੰ ਲਿਖਣ ਦੀ ਦਾਤ ਬਖ਼ਸ਼ੀ। 'ਵਿਰਸੇ ਦੀ ਮਹਿਕ' ਅਤੇ 'ਮਾਂ-ਬੋਲੀ' ਪ੍ਰਤੀ ਉਨ੍ਹਾਂ ਦਾ ਲਗਾਅ ਇਨ੍ਹਾਂ ਰਚਨਾਵਾਂ ਵਿੱਚ ਸਾਫ਼ ਝਲਕਦਾ ਹੈ।

**3. ਤੀਜਾ ਪ੍ਰਵਾਹ: ਗ਼ਜ਼ਲਾਂ (ਧੜਕਣਾਂ ਦਾ ਸੰਗੀਤ):** ਗ਼ਜ਼ਲ ਦੀ ਵਿਧਾ ਵਿੱਚ ਲੇਖਿਕਾ ਨੇ ਬਹੁਤ ਹੀ ਨਜ਼ਾਕਤ ਨਾਲ ਮਨੁੱਖੀ ਮਨ ਦੇ ਉਤਾਰ-ਚੜ੍ਹਾਅ ਚਿਤਰੇ ਹਨ। 'ਸ਼ਬਦਾਂ ਦੀ ਤ੍ਰਿਵੇਣੀ' ਨਾਮਕ ਗ਼ਜ਼ਲ ਕਿਤਾਬ ਦੇ ਮੁੱਖ ਫਲਸਫੇ ਨੂੰ ਬਿਆਨ ਕਰਦੀ ਹੈ: **"ਸ਼ਬਦਾਂ ਦੀ ਤ੍ਰਿਵੇਣੀ ਅੰਦਰ, ਮਨ ਦੇ ਚਾਅ ਨਿਵਾਵਾਂ ਮੈਂ, ਦਰਦ ਪਰੋ ਕੇ ਕਾਗਜ਼ ਉੱਤੇ, ਰੂਹ ਦੇ ਗੀਤ ਸੁਣਾਵਾਂ ਮੈਂ।"**



## ਪੁਸਤਕ ਸਮੀਖਿਆ

**ਸਮਾਜਿਕ ਅਤੇ ਸਾਹਿਤਕ ਪ੍ਰਵਾਨਗੀ:** ਸਾਹਿਤ ਜਗਤ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਇਸ ਪੁਸਤਕ ਦਾ ਖੁੱਲ੍ਹੇ ਦਿਲ ਨਾਲ ਸਵਾਗਤ ਕੀਤਾ ਹੈ: **ਸੁਖਵਿੰਦਰ ਸਿੰਘ ਫੁੱਲ (ਅਜੀਤ):** ਉਨ੍ਹਾਂ ਅਨੁਸਾਰ ਇਹ ਪੁਸਤਕ ਪੰਜਾਬੀ ਸਾਹਿਤ ਦੇ ਅਸਮਾਨ ਵਿੱਚ ਚਮਕਦੇ ਸਿਤਾਰੇ ਵਾਂਗ ਦੇਖੀ ਜਾਵੇਗੀ। **ਜਸਵੰਤ ਸਿੰਘ ਖਹਿਰਾ:** ਉਨ੍ਹਾਂ ਨੇ ਲੇਖਿਕਾ ਦੀ 'ਸੰਜੀਦਗੀ, ਸੁਹਿਰਦਤਾ ਅਤੇ ਹਲੀਮੀ' ਦੀ ਪ੍ਰਸ਼ੰਸਾ ਕਰਦਿਆਂ ਇਸ ਤ੍ਰਿਵੇਣੀ ਨੂੰ ਇੱਕ ਮੁਕੰਮਲ ਸੁਮੇਲ ਦੱਸਿਆ ਹੈ। **ਸੁੱਖੀ ਬਾਠ (ਕੈਨੇਡਾ):** ਉਨ੍ਹਾਂ ਨੇ ਬਲਜੀਤ ਸ਼ਰਮਾ ਦੀ ਲਗਨ ਨੂੰ ਕਾਬਿਲੇ-ਤਾਰੀਫ਼ ਦੱਸਦਿਆਂ ਕਿਹਾ ਕਿ ਉਹ ਬੱਚਿਆਂ ਨੂੰ ਆਪਣੀ ਵਿਰਾਸਤ ਨਾਲ ਜੋੜਨ ਵਿੱਚ ਵਡਮੁੱਲਾ ਯੋਗਦਾਨ ਪਾ ਰਹੇ ਹਨ। **ਸ. ਹਰਪ੍ਰੀਤ ਸਿੰਘ ਦਰਦੀ (ਡਾਇਰੈਕਟਰ, ਚੜ੍ਹਦੀਕਲਾ ਟਾਈਮ ਟੀਵੀ):** "ਬਲਜੀਤ ਸ਼ਰਮਾ ਇੱਕ ਬਹੁ-ਪੱਖੀ ਸ਼ਖ਼ਸੀਅਤ ਹਨ ਅਤੇ ਉਨ੍ਹਾਂ ਦੀ ਇਹ ਕਿਤਾਬ ਉਨ੍ਹਾਂ ਦੇ ਡੂੰਘੇ ਅਨੁਭਵਾਂ ਦਾ ਨਿਚੋੜ ਹੈ। 'ਸ਼ਬਦਾਂ ਦੀ ਤ੍ਰਿਵੇਣੀ' ਵਿੱਚ ਦੋਹੇ, ਰੁਬਾਈਆਂ ਅਤੇ ਗ਼ਜ਼ਲਾਂ ਦਾ ਜੋ ਸੰਗਮ ਪੇਸ਼ ਕੀਤਾ ਗਿਆ ਹੈ, ਉਹ ਪਾਠਕ ਨੂੰ ਜੀਵਨ ਦੇ ਅਸਲ ਅਰਥਾਂ ਨਾਲ ਜੋੜਦਾ ਹੈ। ਉਨ੍ਹਾਂ ਦੀ ਕਲਮ ਵਿੱਚ ਉਹ ਰਵਾਨਗੀ ਅਤੇ ਸਪੱਸ਼ਟਤਾ ਹੈ ਜੋ ਸਿੱਧੀ ਦਿਲ ਵਿੱਚ ਉੱਤਰ ਜਾਂਦੀ ਹੈ। ਮੈਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਾ ਹਾਂ।" **ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ (ਚੇਅਰਮੈਨ, ਚੜ੍ਹਦੀਕਲਾ ਗਰੁੱਪ):** "ਬੀਬਾ ਬਲਜੀਤ ਸ਼ਰਮਾ ਦੀ ਪੁਸਤਕ 'ਸ਼ਬਦਾਂ ਦੀ ਤ੍ਰਿਵੇਣੀ' ਪੜ੍ਹ ਕੇ ਮਨ ਨੂੰ ਬੇਹੱਦ ਸਕੂਨ ਮਿਲਿਆ ਹੈ। ਉਨ੍ਹਾਂ ਨੇ ਆਪਣੀ ਕਲਮ ਰਾਹੀ ਪੰਜਾਬੀ ਵਿਰਸੇ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਬਹੁਤ ਹੀ ਸੁਹਿਰਦਤਾ ਨਾਲ ਚਿਤਰਿਆ ਹੈ। ਅਜਿਹੀਆਂ ਰਚਨਾਵਾਂ ਸਾਡੀ ਨਵੀ ਪੀੜ੍ਹੀ ਨੂੰ ਆਪਣੀ ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਮੈਂ ਇਸ ਸਾਰਥਕ ਕਾਰਜ ਲਈ ਲੇਖਿਕਾ ਨੂੰ ਦਿਲੋਂ ਮੁਬਾਰਕਬਾਦ ਦਿੰਦਾ ਹਾਂ।"

**ਸਮੀਖਿਆਤਮਕ ਨਜ਼ਰੀਆ; "ਸਫ਼ਰ-ਏ-ਹਯਾਤ ਦਾ ਨਿਚੋੜ":** ਪੁਸਤਕ ਦੇ ਅਖੀਰਲੇ ਪੰਨਿਆਂ 'ਤੇ 'ਸਫ਼ਰ-ਏ-ਹਯਾਤ' ਨਾਮਕ ਰਚਨਾ ਲੇਖਿਕਾ ਦੀ ਪੂਰੀ ਜ਼ਿੰਦਗੀ ਅਤੇ ਲੇਖਣੀ ਦਾ ਸਾਰ ਪੇਸ਼ ਕਰਦੀ ਹੈ। ਲੇਖਿਕਾ ਸਿਰਫ਼ ਪਿਆਰ-ਮੁਹੱਬਤ ਦੀ ਗੱਲ ਨਹੀ ਕਰਦੀ, ਸਗੋਂ ਉਹ "ਦੇਸ਼ ਦਾ ਬਦਲਦਾ ਇਤਿਹਾਸ" ਵੀ ਲਿਖਣਾ ਚਾਹੁੰਦੀ ਹੈ। ਉਨ੍ਹਾਂ ਦੀ ਕਲਮ ਵਿੱਚ ਉਹ ਸੰਵੇਦਨਸ਼ੀਲਤਾ ਹੈ ਜੋ ਦੂਜਿਆਂ ਦੇ ਦਰਦ ਨੂੰ ਆਪਣਾ ਬਣਾ ਕੇ ਕਾਗਜ਼ 'ਤੇ ਉਤਾਰ ਸਕਦੀ ਹੈ। ਪੁਸਤਕ ਦੇ ਵਿਸ਼ੇਸ਼ ਪਹਿਲੂ; ਜੜ੍ਹਾਂ ਨਾਲ ਜੁੜੀ ਕਲਮ: ਆਪਣੀ ਮਾਂ 'ਨਸੀਬ ਕੌਰ ਜੀ' ਅਤੇ ਪਰਿਵਾਰ ਨੂੰ ਸਮਰਪਿਤ ਇਹ ਪੁਸਤਕ ਸਿਖਾਉਂਦੀ ਹੈ ਕਿ ਸਫਲਤਾ ਦਾ ਰਸਤਾ ਸੰਸਕਾਰਾਂ ਵਿੱਚੋਂ ਨਿਕਲਦਾ ਹੈ। ਬਹੁ-ਪੱਖੀ ਸ਼ਖਸੀਅਤ: ਮਿਸਿਜ਼ ਪੰਜਾਬ ਅਤੇ ਮਿਸਿਜ਼ ਇੰਡੀਆ ਯੂਨੀਵਰਸ ਵਰਗੇ ਖਿਤਾਬਾਂ ਦੇ ਨਾਲ-ਨਾਲ ਸਾਹਿਤਕ ਉਡਾਣ ਭਰਨਾ ਲੇਖਿਕਾ ਦੀ ਵਿਲੱਖਣਤਾ ਹੈ। ਸਰਲ ਭਾਸ਼ਾ: ਲੇਖਿਕਾ ਨੇ ਗੁੰਝਲਦਾਰ ਸ਼ਬਦਾਂ ਦੀ ਬਜਾਏ ਆਮ ਲੋਕਾਂ ਦੀ ਭਾਸ਼ਾ ਵਿੱਚ ਡੂੰਘੀ ਗੱਲ ਕਹਿਣ ਦੀ ਕਲਾ ਦਾ ਪ੍ਰਦਰਸ਼ਨ ਕੀਤਾ ਹੈ।

**ਸਾਹਿਤਕ ਆਕਾਸ਼ ਦੀ ਇੱਕ ਉਮੀਦ:** 'ਸ਼ਬਦਾਂ ਦੀ ਤ੍ਰਿਵੇਣੀ' ਸਿਰਫ਼ ਇੱਕ ਕਿਤਾਬ ਨਹੀ, ਸਗੋਂ ਬਲਜੀਤ ਸ਼ਰਮਾ ਦੇ ਸਿਦਕ ਅਤੇ ਪਹਿਚਾਣ ਦਾ ਸ਼ੀਸ਼ਾ ਹੈ। ਇਹ ਪੁਸਤਕ ਉਨ੍ਹਾਂ ਪਾਠਕਾਂ ਲਈ ਇੱਕ ਤੋਹਫ਼ਾ ਹੈ ਜੋ ਸ਼ਬਦਾਂ ਵਿੱਚ ਜੀਵਨ ਦੀ ਤਲਾਸ਼ ਕਰਦੇ ਹਨ। ਇਸ ਕਾਰਜ ਲਈ ਲੇਖਿਕਾ ਵਧਾਈ ਦੀ ਪਾਤਰ ਹੈ। ਉਮੀਦ ਹੈ ਕਿ ਇਹ 'ਤ੍ਰਿਵੇਣੀ' ਪੰਜਾਬੀ ਸਾਹਿਤਕ ਹਲਕਿਆਂ ਵਿੱਚ ਆਪਣੀ ਮਹਿਕ ਬਿਖੇਰਦੀ ਰਹੇਗੀ ਅਤੇ ਪਾਠਕਾਂ ਦੇ ਮਨਾਂ ਨੂੰ ਟੁੰਬਦੀ ਰਹੇਗੀ।

**"ਕਲਮ ਦੇ ਇਸ ਸਫ਼ਰ ਨੂੰ ਦਿਲੋਂ ਮੁਬਾਰਕਬਾਦ।"**

### ਪੁਸਤਕ ਦਾ ਵੇਰਵਾ

**ਪੁਸਤਕ ਦਾ ਨਾਮ:** ਸ਼ਬਦਾਂ ਦੀ ਤ੍ਰਿਵੇਣੀ (Shabdan Di Triveni)
**ਲੇਖਕ:** ਬਲਜੀਤ ਸ਼ਰਮਾ (Baljit Sharma)
**ਪ੍ਰਕਾਸ਼ਕ:** ਜੇ.ਪੀ. ਪਬਲੀਕੇਸ਼ਨ, ਘਲੋੜੀ ਗੇਟ, ਪਟਿਆਲਾ
**ਛਾਪਕ:** ਐੱਚ.ਬੀ. ਪ੍ਰਿੰਟਰਜ਼, ਪਟਿਆਲਾ
**ਪ੍ਰਕਾਸ਼ਨ ਸਾਲ:** 2026 (ਪਹਿਲਾ ਐਡੀਸ਼ਨ)
**ਕੀਮਤ:** 200/- ਰੁਪਏ
**ਕੰਪਿਊਟਰ ਸੈਟਿੰਗ:** ਜਗਦੀਪ ਬਾਵਾ

# ਕਣਕ-ਚੌਲ ਨਾਲੋਂ ਕਿਨੋਆ ਤੇ ਜੌਂ ਵਰਗੇ ਪ੍ਰਾਚੀਨ ਅਨਾਜ ਤੁਹਾਡੇ ਲਈ ਵਧੇਰੇ ਫ਼ਾਇਦੇਮੰਦ ਹਨ?

ਜੈਸਿਕਾ ਬ੍ਰੈਡਲੀ

**ਪ੍ਰਾਚੀਨ** ਅਨਾਜਾਂ ਦੇ ਸਿਹਤ ਨਾਲ ਜੁੜੇ ਫ਼ਾਇਦਿਆਂ ਬਾਰੇ ਜੋ ਚਰਚਾ ਹੋ ਰਹੀ ਹੈ, ਕੀ ਉਹ ਸਹੀ ਹੈ? ਵਿਗਿਆਨੀਆਂ ਦਾ ਕਹਿਣਾ ਹੈ ਕਿ ਇਹ ਓਨਾ ਸਿੱਧਾ ਨਹੀ ਭਾਈ ਜਿੰਨਾ ਤੁਸੀ ਸੋਚ ਰਹੇ ਹੋ। ਪ੍ਰਾਚੀਨ ਅਨਾਜ ਉਹ ਹਨ ਜਿਨ੍ਹਾਂ ਵਿੱਚ ਸੈਂਕੜੇ ਸਾਲਾਂ ਤੋਂ ਸ਼ਾਇਦ ਹੀ ਕੋਈ ਬਦਲਾਅ ਆਇਆ ਹੈ। ਕਣਕ ਵਰਗੀਆਂ ਆਮ ਫ਼ਸਲਾਂ ਜਿਨ੍ਹਾਂ ਨੂੰ ਇਨਸਾਨਾਂ ਨੇ ਹਜ਼ਾਰਾਂ ਸਾਲਾਂ ਵਿੱਚ ਸੋਧ ਕਰ ਕਰਕੇ ਬਿਹਤਰ ਬਣਾਇਆ ਹੈ, ਦੇ ਉਲਟ ਪ੍ਰਾਚੀਨ ਅਨਾਜਾਂ ਨੇ ਆਪਣੇ ਜੰਗਲੀ ਪੂਰਵਜਾਂ ਤੋਂ ਮਿਲੇ ਜੈਨੇਟਿਕ ਗੁਣ ਬਰਕਰਾਰ ਰੱਖੇ ਹਨ ਅਤੇ ਅੱਜ, ਇਨ੍ਹਾਂ ਦੀ ਲੋਕਪ੍ਰਿਅਤਾ ਵਿੱਚ ਫਿਰ ਤੋਂ ਤੇਜ਼ੀ ਦੇਖਣ ਨੂੰ ਮਿਲ ਰਹੀ ਹੈ। ਇਨ੍ਹਾਂ ਬਾਰੇ ਸਿਹਤ ਨਾਲ ਜੁੜੇ ਕਈ ਦਾਅਵੇ ਕੀਤੇ ਜਾਂਦੇ ਹਨ, ਜਿਨ੍ਹਾਂ ਵਿੱਚ ਇਹ ਵੀ ਸ਼ਾਮਲ ਹੈ ਕਿ ਇਨ੍ਹਾਂ ਵਿੱਚ ਆਪਣੇ ਆਧੁਨਿਕ ਸਮਕਾਲੀ ਅਨਾਜਾਂ ਦੇ ਮੁਕਾਬਲੇ ਵੱਧ ਪੋਸ਼ਕ ਤੱਤ ਹੁੰਦੇ ਹਨ। ਪਰ ਕੀ ਇਹ ਸੱਚਮੁੱਚ ਉਨ੍ਹਾਂ ਆਧੁਨਿਕ ਅਨਾਜਾਂ ਨਾਲੋਂ ਵਧੀਆ ਹਨ, ਜਿਨ੍ਹਾਂ ਨੂੰ ਪੱਥਰ ਯੁੱਗ ਤੋਂ ਹੀ ਖੇਤੀਬਾੜੀ ਦੇ ਤਰੀਕਿਆਂ ਨਾਲ ਢਾਲਿਆ ਅਤੇ ਬਦਲਿਆ ਗਿਆ ਹੈ?

## ਅਨਾਜ ਬਨਾਮ ਸਾਬਤ ਅਨਾਜ

ਅਨਾਜ - ਜਿਵੇਂ ਚੌਲ, ਕਣਕ, ਜੌਂਅ ਅਤੇ ਮੱਕੀ - ਸਾਰੀ ਦੁਨੀਆ ਵਿੱਚ ਸਾਡੀ ਖ਼ੁਰਾਕ ਦਾ ਵੱਡਾ ਹਿੱਸਾ ਬਣਾਉਂਦੇ ਹਨ। ਸਾਨੂੰ ਆਪਣਾ ਜ਼ਿਆਦਾਤਰ ਫ਼ਾਈਬਰ ਅਤੇ ਕਾਰਬੋਹਾਈਡਰੇਟ ਅਨਾਜਾਂ ਤੋਂ ਹੀ ਮਿਲਦਾ ਹੈ, ਨਾਲ ਹੀ ਕੁਝ ਪ੍ਰੋਟੀਨ ਵੀ ਮਿਲਦੇ ਹਨ। ਇਹ ਸਲਾਹ ਦਿੱਤੀ ਜਾਂਦੀ ਹੈ ਕਿ ਅਸੀ ਜਿੰਨੇ ਅਨਾਜ ਖਾਂਦੇ ਹਾਂ, ਉਨ੍ਹਾਂ ਵਿੱਚੋਂ ਘੱਟੋ-ਘੱਟ ਅੱਧੀ ਮਾਤਰਾ ਸਾਬਤ ਅਨਾਜਾਂ ਦੀ ਹੋਣੀ ਚਾਹੀਦੀ ਹੈ। ਇਹ ਉਹ ਅਨਾਜ ਹੁੰਦੇ ਹਨ ਜਿਨ੍ਹਾਂ ਨੂੰ ਚੱਕੀ ਵਿੱਚ ਪੀਸ ਕੇ ਰਿਫ਼ਾਈਨ ਨਹੀਂ ਕੀਤਾ ਜਾਂਦਾ, ਇਸ ਲਈ ਇਨ੍ਹਾਂ ਵਿੱਚ ਅਜੇ ਵੀ ਇਨ੍ਹਾਂ ਦੇ ਤਿੰਨੇ ਮੂਲ ਹਿੱਸੇ ਮੌਜੂਦ ਹੁੰਦੇ ਹਨ: ਛਿਲਕਾ, ਐਂਡੋਸਪਰਮ ਅਤੇ ਜਰਮ- ਜੋ ਪ੍ਰੋਟੀਨ, ਵਿਟਾਮਿਨ ਬੀ, ਲੋਹਾ ਅਤੇ ਫ਼ਾਈਬਰ ਸਮੇਤ ਕਈ ਵਿਟਾਮਿਨਾਂ ਅਤੇ ਪੋਲੀਫ਼ੀਨੋਲ ਨਾਲ ਭਰਪੂਰ ਹੁੰਦੇ ਹਨ। ਉਦਾਹਰਣ ਲਈ, ਸਾਬਤ ਅਨਾਜ ਵਾਲੇ ਪਾਸਤਾ ਦਾ ਸਵਾਦ ਵੱਖਰਾ ਅਤੇ ਹੋਰ ਜ਼ਮੀਨੀ ਹੁੰਦਾ ਹੈ। ਨਾਲ ਹੀ ਰਿਫ਼ਾਈਨਡ ਪਾਸਤਾ ਦੇ ਮੁਕਾਬਲੇ ਇਸ ਵਿੱਚ ਵੱਧ ਫ਼ਾਈਬਰ, ਐਂਟੀਆਕਸੀਡੈਂਟ ਅਤੇ ਵਿਟਾਮਿਨ ਹੁੰਦੇ ਹਨ। ਦੂਜੇ ਪਾਸੇ, ਰਿਫ਼ਾਈਨਡ ਅਨਾਜਾਂ ਨੂੰ ਪ੍ਰੋਸੈਸ (ਅਕਸਰ ਚੱਕੀ ਵਿੱਚ ਪੀਸ ਕੇ ਤਿਆਰ) ਕੀਤਾ ਜਾਂਦਾ ਹੈ ਅਤੇ ਉਨ੍ਹਾਂ ਦੀ ਮੂਲ ਬਣਤਰ ਖ਼ਤਮ ਹੋ ਜਾਂਦੀ ਹੈ। ਇਸ ਪ੍ਰਕਿਰਿਆ ਦੌਰਾਨ, ਉਹ ਆਪਣੇ ਕੁਝ ਫ਼ਾਈਬਰ ਅਤੇ ਪੋਸ਼ਕ ਤੱਤ ਵੀ ਗੁਆ ਦਿੰਦੇ ਹਨ। ਫਿਨਲੈਂਡ ਦੇ ਫਿਨਿਸ਼ ਇੰਸਟੀਚਿਊਟ ਫ਼ਾਰ ਹੈਲਥ ਐਂਡ ਵੈਲਫੇਅਰ ਵਿੱਚ ਨਿਊਟ੍ਰਿਸ਼ਨਲ ਐਪੀਡਿਮੀਓਲੋਜੀ ਸਬੰਧੀ ਖੋਜ ਕਰਨ ਵਾਲੇ ਰੀਲਾ ਟੈਮੀ ਕਹਿੰਦੇ ਹਨ, "ਅਨਾਜਾਂ ਨੂੰ ਸਵਾਦ ਅਤੇ ਬੇਕਿੰਗ ਲਈ ਰਿਫ਼ਾਈਨ ਕੀਤਾ ਜਾਂਦਾ ਹੈ। ਰਿਫ਼ਾਈਨਿੰਗ ਨਾਲ ਉਨ੍ਹਾਂ ਦੀ ਸ਼ੈਲਫ਼ ਲਾਈਫ਼ (ਲੰਮੇ ਸਮੇਂ ਤੱਕ ਤਾਜ਼ਾ ਰਹਿਣ ਦੀ ਮਿਆਦ) ਵੀ ਵਧ ਜਾਂਦੀ ਹੈ।" ਅਜਿਹਾ ਇਸ ਲਈ ਹੁੰਦਾ ਹੈ ਕਿਉਂਕਿ ਚੋਕਰ ਅਤੇ ਜਰਮ - ਜਿਨ੍ਹਾਂ ਨੂੰ ਆਮ ਤੌਰ 'ਤੇ ਰਿਫ਼ਾਈਨਿੰਗ ਦੌਰਾਨ ਹਟਾ ਦਿੱਤਾ ਜਾਂਦਾ ਹੈ - ਵਿੱਚ ਅਜਿਹੇ ਫੈਟੀ ਐਸਿਡ ਹੁੰਦੇ ਹਨ ਜੋ ਸ਼ੈਲਫ਼ ਲਾਈਫ਼ ਨੂੰ ਘਟਾਉਂਦੇ ਹਨ। ਹਾਲਾਂਕਿ, ਸਾਬਤ ਅਨਾਜਾਂ ਨਾਲ ਭਰਪੂਰ ਖ਼ੁਰਾਕ ਲੈਣ ਨਾਲ ਕਈ ਬਿਮਾਰੀਆਂ - ਜਿਨ੍ਹਾਂ ਵਿੱਚ ਟਾਈਪ-2 ਡਾਇਬਟੀਜ਼ ਵੀ ਸ਼ਾਮਲ ਹੈ - ਦਾ ਖ਼ਤਰਾ ਘੱਟ ਹੁੰਦਾ ਹੈ। ਖੋਜ ਤੋਂ ਇਹ ਵੀ ਪਤਾ ਲੱਗਿਆ ਹੈ ਕਿ ਨਿਯਮਿਤ ਤੌਰ 'ਤੇ ਸਾਬਤ ਅਨਾਜ ਖਾਣ ਨਾਲ ਬਲੱਡ ਪ੍ਰੈਸ਼ਰ ਵੀ ਘੱਟ ਰਹਿੰਦਾ ਹੈ। ਸਾਲ 2020 ਵਿੱਚ 17 ਅਧਿਐਨਾਂ ਦੀ ਇੱਕ ਸਮੀਖਿਆ ਵਿੱਚ ਖੋਜਕਾਰਾਂ ਨੇ ਪਾਇਆ ਕਿ ਸਾਬਤ ਅਨਾਜਾਂ ਨਾਲ ਭਰਪੂਰ ਖ਼ੁਰਾਕ ਦਾ ਸਬੰਧ ਕੋਲੋਰੈਕਟਲ, ਕੋਲਨ, ਗੈਸਟ੍ਰਿਕ, ਪੈਨਕ੍ਰਿਆਟਿਕ ਅਤੇ ਇਸੋਫੇਜੀਅਲ ਕੈਂਸਰ ਦੇ ਘੱਟ ਖ਼ਤਰੇ ਨਾਲ ਸੀ। ਅਮਰੀਕਾ ਦੇ ਮਿਨੇਸੋਟਾ ਵਿੱਚ ਸੇਂਟ ਕੈਥਰੀਨ ਯੂਨੀਵਰਸਿਟੀ ਵਿੱਚ ਫੂਡਜ਼ ਅਤੇ ਨਿਊਟ੍ਰਿਸ਼ਨ ਦੀ ਪ੍ਰੋਫੈਸਰ ਐਮੇਰਿਟਾ (ਸੇਵਾਮੁਕਤ ਅਤੇ ਮੰਨੇ-ਪ੍ਰਮੰਨੇ) ਜੂਲੀ ਮਿਲਰ ਜੋਨਸ ਕਹਿੰਦੇ ਹਨ ਕਿ ਫਿਰ ਵੀ, ਇਨ੍ਹਾਂ ਨਤੀਜਿਆਂ ਪ੍ਰਤੀ ਸਾਵਧਾਨੀ ਨਾਲ ਚੱਲਣਾ ਚਾਹੀਦਾ ਹੈ। ਇਸ ਬਾਰੇ ਆਬਾਦੀ ਦਾ ਡੇਟਾ ਅਕਸਰ ਗੁੰਝਲਦਾਰ ਹੁੰਦਾ ਹੈ, ਕਿਉਂਕਿ ਜੋ ਲੋਕ ਸਾਬਤ ਅਨਾਜ ਖਾਂਦੇ ਹਨ, ਉਨ੍ਹਾਂ ਵਿੱਚ ਅਕਸਰ ਹੋਰ ਕਈ ਸਿਹਤਮੰਦ ਆਦਤਾਂ ਵੀ ਹੁੰਦੀਆਂ ਹਨ, ਇਹ ਗੱਲ । ਉਦਾਹਰਨ ਲਈ, ਇੱਕ ਫਿਨਿਸ਼ ਅਧਿਐਨ ਵਿੱਚ 5,000 ਤੋਂ ਵੱਧ ਬਾਲਗਾਂ ਦੀਆਂ ਖਾਣ-ਪੀਣ ਦੀਆਂ ਆਦਤਾਂ ਅਤੇ ਸਿਹਤ ਦਾ ਵਿਸ਼ਲੇਸ਼ਣ ਕੀਤਾ ਗਿਆ। ਵਿਗਿਆਨੀਆਂ ਨੇ ਪਾਇਆ ਕਿ ਜੋ ਲੋਕ ਵੱਧ ਸਾਬਤ ਅਨਾਜ ਖਾਂਦੇ ਸਨ, ਉਨ੍ਹਾਂ ਦੀ ਖ਼ੁਰਾਕ ਕੁੱਲ ਮਿਲਾ ਕੇ ਜ਼ਿਆਦਾ ਸਿਹਤਮੰਦ ਹੁੰਦੀ ਸੀ, ਜਿਸ ਵਿੱਚ ਵੱਧ ਫਲ, ਸਬਜ਼ੀਆਂ, ਘੱਟ ਫੈਟ ਵਾਲਾ ਦੁੱਧ ਅਤੇ ਮੱਛੀ ਸ਼ਾਮਲ ਹੁੰਦੇ ਸਨ, ਅਤੇ ਲਾਲ ਅਤੇ ਪ੍ਰੋਸੈਸਡ ਮੀਟ ਘੱਟ ਹੁੰਦਾ ਸੀ।

## ਪ੍ਰਾਚੀਨ ਅਨਾਜ

ਪੋਸ਼ਣ 'ਤੇ ਵਧ ਰਹੀ ਖੋਜ ਹੁਣ ਇਹ ਦਰਸਾ ਰਹੀ ਹੈ ਕਿ "ਆਧੁਨਿਕ" ਅਨਾਜਾਂ - ਜੋ ਸਾਡੀ ਖ਼ੁਰਾਕ ਦਾ ਵੱਡਾ ਹਿੱਸਾ ਬਣਾਉਂਦੇ ਹਨ - ਅਤੇ ਆਮ "ਪ੍ਰਾਚੀਨ ਅਨਾਜਾਂ" ਵਿਚਕਾਰ ਇੱਕ ਅੰਤਰ ਹੈ। ਦੋਹਾਂ ਵਿੱਚੋਂ ਕਈਆਂ ਨੂੰ ਸਾਬਤ ਜਾਂ ਰਿਫ਼ਾਈਨਡ ਅਨਾਜ ਵਜੋਂ ਖਾਧਾ ਜਾ ਸਕਦਾ ਹੈ, ਪਰ ਆਧੁਨਿਕ ਅਨਾਜ ਉਹ ਹਨ ਜਿਨ੍ਹਾਂ ਨੂੰ ਸਮੇਂ ਦੇ ਨਾਲ ਖੇਤੀਬਾੜੀ ਦੇ ਤਰੀਕਿਆਂ ਰਾਹੀ ਇਸ ਤਰ੍ਹਾਂ ਵਿਕਸਤ ਕੀਤਾ ਗਿਆ ਹੈ ਕਿ ਉਨ੍ਹਾਂ ਤੋਂ ਵੱਧ ਪੈਦਾਵਾਰ ਜਾਂ ਵਧੀਆ ਸੁਆਦ ਵਰਗੀਆਂ ਮਨਚਾਹੀਆਂ ਖੂਬੀਆਂ ਮਿਲਣ। ਅੱਜ ਅਸੀ ਜੋ ਕਣਕ ਅਤੇ ਮੱਕੀ ਖਾਂਦੇ ਹਾਂ, ਉਨ੍ਹਾਂ ਸਾਰੀਆਂ ਨੂੰ ਹਜ਼ਾਰਾਂ ਸਾਲਾਂ ਤੋਂ ਕ੍ਰਾਸ-ਬ੍ਰੀਡ ਕੀਤਾ ਗਿਆ ਹੈ। ਮੱਕੀ ਇੱਕ ਜੰਗਲੀ ਘਾਹ ਤੋਂ ਉਤਪੰਨ ਹੋਈ ਹੈ ਜਿਸਨੂੰ 'ਟਿਓਸਿੰਟੇ' ਕਿਹਾ ਜਾਂਦਾ ਹੈ। ਇਹ ਮੁੱਢਲੇ ਤੌਰ 'ਤੇ ਮੈਕਸੀਕੋ ਦੀ ਹੈ ਅਤੇ ਇਸ ਵਿੱਚ ਵੱਡੇ-ਵੱਡੇ ਦਾਣਿਆਂ ਦੀ ਥਾਂ ਛੋਟੇ ਬੀਜ ਹੁੰਦੇ ਹਨ। ਅਤੇ ਆਧੁਨਿਕ ਕਣਕ, ਪੁਰਾਣੀ ਕਣਕ ਦੀਆਂ ਕਿਸਮਾਂ - ਜਿਨ੍ਹਾਂ ਵਿੱਚ 'ਐਮਰ' ਅਤੇ 'ਸਪੈਲਟ' ਸ਼ਾਮਲ ਹਨ - ਦੀ ਚੋਣਵੀ ਬ੍ਰੀਡਿੰਗ ਦਾ ਨਤੀਜਾ ਹੈ। ਖੋਜ ਕਰਨ ਵਾਲਿਆਂ ਦੇ ਅਨੁਸਾਰ, 'ਐਮਰ' ਉਨ੍ਹਾਂ ਪਹਿਲੇ ਅਨਾਜਾਂ ਵਿੱਚੋਂ ਇੱਕ ਸੀ ਜਿਸਨੂੰ ਖੇਤੀ ਦੇ ਉਪਯੋਗ ਲਈ ਵਿਕਸਿਤ ਕੀਤਾ ਗਿਆ ਸੀ। ਇਸ ਦੀ ਖੇਤੀ ਲੇਵੈਂਟ ਖੇਤਰ ਵਿੱਚ ਲਗਭਗ 9700 ਈਸਾ ਪੂਰਵ ਤੋਂ ਸ਼ੁਰੂ ਹੋਈ ਸੀ ਅਤੇ ਫਿਰ ਨਵਪਾਸ਼ਾਣ ਯੁੱਗ (ਪਾਸ਼ਾਣ ਯੁੱਗ ਦੇ ਐਟੀਕ ਚਰਨ) 'ਚ ਖੇਤੀਬਾੜੀ ਦੇ ਵਿਕਾਸ ਨਾਲ ਇਹ ਦੁਨੀਆ ਦੇ ਹੋਰ ਹਿੱਸਿਆਂ ਵਿੱਚ ਫੈਲ ਗਈ। ਇਸ ਦੇ ਉਲਟ, ਪ੍ਰਾਚੀਨ ਅਨਾਜ ਉਹ ਹਨ ਜਿਨ੍ਹਾਂ ਵਿੱਚ ਇਨਸਾਨਾਂ ਨੇ ਕੋਈ ਬਹੁਤੀ ਛੇੜਛਾੜ ਨਹੀ ਕੀਤੀ ਅਤੇ ਉਹ ਆਪਣੇ ਮੂਲ ਗੁਣਾਂ ਨੂੰ ਕਾਫ਼ੀ ਹੱਦ ਤੱਕ ਬਰਕਰਾਰ ਰੱਖਦੇ ਹਨ। ਖੋਜ ਦਿਖਾਉਂਦੀ ਹੈ ਕਿ ਉਦਾਹਰਨ ਲਈ, 'ਸਪੈਲਟ' ਦੀ ਖੇਤੀ ਨਵਪਾਸ਼ਾਣ ਯੁੱਗ



ਵਿੱਚ ਹੁੰਦੀ ਸੀ, ਜੋ ਲਗਭਗ 12,000 ਸਾਲ ਪਹਿਲਾਂ ਸ਼ੁਰੂ ਹੋਇਆ ਸੀ ਅਤੇ ਉਸ ਤੋਂ ਬਾਅਦ ਇਸ ਵਿੱਚ ਜਾਣਬੁਝ ਕੇ ਕੋਈ ਵੱਡਾ ਬਦਲਾਅ ਨਹੀ ਕੀਤਾ ਗਿਆ। ਜੌਂਅ ਦਾ ਜ਼ਿਕਰ ਲਗਭਗ 4,000 ਸਾਲ ਪਹਿਲਾਂ ਮਨੁੱਖੀ ਲਿਖਤ ਦੇ ਕੁਝ ਸਭ ਤੋਂ ਪਹਿਲੇ ਰਿਕਾਰਡਾਂ ਵਿੱਚ ਮਿਲਦਾ ਹੈ, ਜੋ ਮੈਸੋਪੋਟੇਮੀਆ ਤੋਂ ਮਿਲੇ ਹਨ। ਲਗਭਗ ਉਸੇ ਸਮੇਂ, ਚੀਆ ਸੀਡਜ਼ - ਜੋ ਮੁੱਢਲੇ ਤੌਰ 'ਤੇ ਮੈਕਸੀਕੋ ਦੇ ਸਨ - ਦੀ ਖੇਤੀ ਐਜ਼ਟੈਕ ਲੋਕ ਕਰ ਰਹੇ ਸਨ। ਯੂਕੇ ਵਿੱਚ ਆਕਸਫੋਰਡ ਦੇ ਸਕੂਲ ਆਫ਼ ਆਰਕਿਆਲੋਜੀ ਵਿੱਚ ਯੂਰਪੀਅਨ ਆਰਕਿਆਲੋਜੀ ਦੇ ਪ੍ਰੋਫੈਸਰ ਐਮੀ ਬੋਗਾਰਡ ਦੇ ਅਨੁਸਾਰ, ਆਧੁਨਿਕ ਇਨਸਾਨਾਂ ਨੇ 19ਵੀਂ ਸਦੀ ਦੇ ਅਖੀਰ ਅਤੇ 20ਵੀ ਸਦੀ ਦੀ ਸ਼ੁਰੂਆਤ ਵਿੱਚ ਪ੍ਰਾਚੀਨ ਅਨਾਜਾਂ ਨੂੰ ਦੁਬਾਰਾ ਖੋਜਣਾ ਸ਼ੁਰੂ ਕੀਤਾ। ਖੁਦਾਈ ਕਰ ਰਹੇ ਕਿਸਾਨੀ ਸਮੂਹਾਂ ਨੂੰ ਕਈ ਵਾਰ ਅਜਿਹੇ ਅਨਾਜ ਦੇ ਟੁਕੜੇ ਮਿਲੇ, ਜਿਨ੍ਹਾਂ ਨੂੰ ਉਨ੍ਹਾਂ ਨੇ ਉਨ੍ਹਾਂ ਕਿਸਮਾਂ ਨਾਲ ਜੋੜਿਆ ਜਿਨ੍ਹਾਂ ਦੀ ਉਹ ਉਸ ਵੇਲੇ ਖੇਤੀ ਨਹੀ ਕਰ ਰਹੇ ਸਨ। ਬੋਗਾਰਡ ਕਹਿੰਦੇ ਹਨ ਕਿ ਉਹ ਅਨਾਜ ਸੜੇ ਹੋਏ ਸਨ, ਜਿਸਦਾ ਮਤਲਬ ਹੈ ਕਿ ਉਨ੍ਹਾਂ ਨੂੰ ਸਾਡੇ ਪੂਰਵਜਾਂ ਨੇ ਪਕਾਇਆ ਸੀ। ਉਸ ਤੋਂ ਬਾਅਦ, ਉਹ ਅਤੇ ਉਨ੍ਹਾਂ ਦੇ ਸਾਥੀਆਂ ਨੇ ਹਜ਼ਾਰਾਂ ਸੜੇ ਹੋਏ ਪ੍ਰਾਚੀਨ ਅਨਾਜ ਦੇ ਨਮੂਨਿਆਂ ਦਾ ਅਧਿਐਨ ਕੀਤਾ ਹੈ, ਤਾਂ ਜੋ ਉਹ ਪੁਰਾਣੀਆਂ ਖੇਤੀਬਾੜੀ ਦੇ ਤਰੀਕਿਆਂ ਅਤੇ ਉਸ ਵੇਲੇ ਦੀਆਂ ਮਿੱਟੀ ਦੀਆਂ ਸਥਿਤੀਆਂ ਨੂੰ ਸਮਝ ਸਕਣ, ਜਿਨ੍ਹਾਂ ਵਿੱਚ ਫ਼ਸਲਾਂ ਉਗਾਈਆਂ ਜਾਂਦੀਆਂ ਸਨ। ਹੁਣ, ਇਨ੍ਹਾਂ ਵਿੱਚੋਂ ਕਈ ਅਨਾਜ ਆਧੁਨਿਕ ਖਾਣ-ਪੀਣ ਵਿੱਚ ਦੁਬਾਰਾ ਸ਼ਾਮਲ ਕੀਤੇ ਜਾ ਰਹੇ ਹਨ। ਕੁਝ ਨੂੰ ਤਾਂ ਸੁਰੱਖਿਅਤ ਦਾ ਦਰਜਾ ਵੀ ਦਿੱਤਾ ਗਿਆ ਹੈ - ਜਿਵੇਂ ਕਿ ਆਇਨਕੋਰਨ ਕਰਨ, ਜਿਸ ਨੂੰ ਫਰਾਂਸ ਦੇ ਹੌਤੇ ਪ੍ਰਾਂਤ ਵਿੱਚ ਪੁਟੀ ਏਪੌਥ ਵੀ ਕਿਹਾ ਜਾਂਦਾ ਹੈ। ਨਿਊਕੈਸਲ ਯੂਨੀਵਰਸਿਟੀ ਵਿੱਚ ਖ਼ੁਰਾਕ ਅਤੇ ਮਨੁੱਖੀ ਪੋਸ਼ਣ ਦੇ ਐਮੇਰਿਟਸ ਪ੍ਰੋਫੈਸਰ ਕ੍ਰਿਸ ਸੀਲ ਕਹਿੰਦੇ ਹਨ ਕਿ ਪ੍ਰਾਚੀਨ ਅਨਾਜ ਅਜੇ ਵੀ ਕਿਸਾਨਾਂ ਵਿੱਚ ਸਭ ਤੋਂ ਲੋਕਪ੍ਰਿਯ ਨਹੀ ਹਨ। ਕਿਸਾਨ ਆਮ ਤੌਰ 'ਤੇ ਆਧੁਨਿਕ ਅਨਾਜ ਉਗਾਉਣਾ ਪਸੰਦ ਕਰਦੇ ਹਨ, ਕਿਉਂਕਿ ਉਨ੍ਹਾਂ ਤੋਂ ਪੈਦਾਵਾਰ ਵੱਧ ਹੁੰਦੀ ਹੈ। ਉਹ ਕਹਿੰਦੇ ਹਨ, "ਅਸੀ ਹੁਣ ਪੁਰਾਣੀ ਕਣਕ ਦੀਆਂ ਜ਼ਿਆਦਾਤਰ ਕਿਸਮਾਂ ਇਸ ਲਈ ਨਹੀ ਉਗਾਉਂਦੇ, ਕਿਉਂਕਿ ਆਧੁਨਿਕ ਖੇਤੀਬਾੜੀ ਦੀਆਂ ਹਾਲਤਾਂ ਵਿੱਚ ਉਹ ਓਨੇ ਵਧੀਆ ਢੰਗ ਨਾਲ ਨਹੀ ਵਧਦੀਆਂ।" ਸੀਲ ਦੱਸਦੇ ਹਨ ਕਿ ਕਣਕ ਦੀਆਂ ਕਈ ਪੁਰਾਣੀਆਂ ਕਿਸਮਾਂ ਕਾਫ਼ੀ ਉੱਚੀਆਂ ਹੁੰਦੀਆਂ ਹਨ, ਜਦਕਿ ਆਧੁਨਿਕ ਕਣਕ ਆਮ ਤੌਰ 'ਤੇ ਛੋਟੇ ਪੌਦਿਆਂ ਵਾਲੀ ਹੁੰਦੀ ਹੈ। ਉਹ ਕਹਿੰਦੇ ਹਨ ਕਿ ਤੇਜ਼ ਹਵਾਵਾਂ ਵਿੱਚ ਕਣਕ ਦੇ ਲੰਮੇ ਪੌਦੇ ਮੁੜ ਜਾਂ ਟੁੱਟ ਸਕਦੇ ਹਨ, ਜਿਸ ਨਾਲ ਪੈਦਾਵਾਰ ਘੱਟ ਹੋ ਜਾਂਦੀ ਹੈ। ਮਿਲਰ ਜੋਨਜ਼ ਕਹਿੰਦੇ ਹਨ, ਇਸਦਾ ਇੱਕ ਕਾਰਨ ਇਹ ਵੀ ਹੈ ਕਿ ਬ੍ਰੈੱਡ ਬਣਾਉਣ ਲਈ ਪ੍ਰਾਚੀਨ ਅਨਾਜ ਓਨੇ ਲਾਭਕਾਰੀ ਨਹੀ ਹੁੰਦੇ। ਉਹ ਕਹਿੰਦੇ ਹਨ, "ਉਗਾਉਣ ਵਾਲਾ ਸਭ ਤੋਂ ਪਹਿਲਾਂ ਪੈਦਾਵਾਰ 'ਤੇ ਧਿਆਨ ਦਿੰਦਾ ਹੈ ਅਤੇ ਦੂਜੀ ਗੱਲ ਇਹ ਦੇਖਦਾ ਹੈ ਕਿ ਉਸ ਨਾਲ ਬ੍ਰੈੱਡ ਕਿੰਨੀ ਵਧੀਆ ਬਣਦੀ ਹੈ।"

## ਕੀ ਪ੍ਰਾਚੀਨ ਅਨਾਜ ਵਾਕਈ ਆਧੁਨਿਕ ਅਨਾਜਾਂ ਨਾਲੋਂ ਵਧੇਰੇ ਸਿਹਤਮੰਦ ਹੁੰਦੇ ਹਨ?

ਪ੍ਰਾਚੀਨ ਅਨਾਜਾਂ ਦਾ ਇੱਕ ਮੁੱਖ ਫ਼ਾਇਦਾ ਇਹ ਹੈ ਕਿ ਉਨ੍ਹਾਂ ਵਿੱਚੋਂ ਕਈਆਂ ਵਿੱਚ ਗਲੂਟਨ ਬਹੁਤ ਘੱਟ ਜਾਂ ਬਿਲਕੁਲ ਨਹੀ ਹੁੰਦਾ। ਬਾਜਰਾ, ਘਾਹ ਦੇ ਇੱਕ ਅਜਿਹੇ ਪਰਿਵਾਰ ਨਾਲ ਸਬੰਧਤ ਹੈ ਜੋ ਕਣਕ ਤੋਂ ਵੱਖਰਾ ਹੈ, ਜਦਕਿ ਕਿਨੋਆ ਅਸਲ ਵਿੱਚ ਇੱਕ ਬੀਜ ਹੈ ਜੋ ਪਾਲਕ ਅਤੇ ਚਾਰਡ ਦੇ ਹੀ ਪਰਿਵਾਰ ਨਾਲ ਜੁੜਿਆ ਹੈ। ਸੀਲ ਕਹਿੰਦੇ ਹਨ ਕਿ ਇਸ ਦਾ ਮਤਲਬ ਹੈ ਕਿ ਜਿਨ੍ਹਾਂ ਲੋਕਾਂ ਨੂੰ ਗਲੂਟਨ ਨਾਲ ਐਲਰਜੀ ਜਾਂ ਅਸਹਿਣਸ਼ੀਲਤਾ ਹੈ, ਉਹ ਵੀ ਇਹ ਅਨਾਜ ਖਾ ਸਕਦੇ ਹਨ। ਸੀਲ ਦੱਸਦੇ ਹਨ ਕਿ ਕੁਝ ਅਧਿਐਨਾਂ ਵਿੱਚ ਕਿਹਾ ਗਿਆ ਹੈ ਕਿ ਕਿਨੋਆ ਖਾਣ ਦਾ ਨਾਲ ਟਾਈਪ 2 ਡਾਇਬਟੀਜ਼ ਦੇ ਸ਼ੁਰੂਆਤੀ ਲੱਛਣਾਂ ਵਿੱਚ ਸੁਧਾਰ ਨਜ਼ਰ ਆਇਆ ਹੈ। ਉਦਾਹਰਨ ਲਈ, ਇੱਕ ਅਧਿਐਨ ਵਿੱਚ 37 ਪੁਰਸ਼ਾਂ ਨੇ ਚਾਰ ਹਫ਼ਤਿਆਂ ਤੱਕ ਹਰ ਰੋਜ਼ ਕਿਨੋਆ ਦੇ ਆਟੇ ਨਾਲ ਬਣੀ ਬ੍ਰੈੱਡ ਖਾਧੀ। ਇਸ ਦੀ ਤੁਲਨਾ ਇੱਕ ਹੋਰ ਸਮੂਹ ਨਾਲ ਕੀਤੀ ਗਈ ਜਿਸ ਨੇ ਰਿਫ਼ਾਈਨਡ ਵ੍ਹਾਈਟ ਬ੍ਰੈੱਡ ਖਾਧੀ ਸੀ। ਖੋਜਕਰਤਾਵਾਂ ਨੇ ਪਾਇਆ ਕਿ ਕਿਨੋਆ ਖਾਣ ਵਾਲੇ ਸਮੂਹ ਵਿੱਚ, ਖਾਣ ਤੋਂ ਬਾਅਦ ਖ਼ੂਨ ਵਿੱਚ ਸ਼ੂਗਰ ਦਾ ਪੱਧਰ ਵ੍ਹਾਈਟ ਬ੍ਰੈੱਡ ਵਾਲੇ ਸਮੂਹ ਨਾਲੋਂ ਘੱਟ ਸੀ। ਹਾਲਾਂਕਿ, ਸਾਲ 2020 ਵਿੱਚ ਖੋਜਕਰਤਾਵਾਂ ਨੂੰ ਇਸ ਗੱਲ ਦੇ ਬਹੁਤ ਘੱਟ ਸਬੂਤ ਮਿਲੇ ਕਿ ਖੇਤੀਬਾੜੀ ਦੇ ਤੀਬਰ ਤਰੀਕਿਆਂ ਨੇ ਆਧੁਨਿਕ ਅਨਾਜਾਂ ਦੀ ਪੋਸ਼ਣ ਪ੍ਰੋਫ਼ਾਈਲ ਨੂੰ ਨੁਕਸਾਨ ਪਹੁੰਚਾਇਆ ਹੈ। ਹਾਲਾਂਕਿ, ਕੁਝ ਅਧਿਐਨਾਂ ਦੇ ਮੁਤਾਬਕ, 1960 ਦੇ ਦਹਾਕੇ ਤੋਂ ਲੋਹਾ, ਜ਼ਿੰਕ ਅਤੇ ਮੈਗਨੀਸ਼ੀਅਮ ਵਰਗੇ ਕੁਝ ਖਣਿਜਾਂ ਦੀ ਮਾਤਰਾ ਵਿੱਚ ਕਾਫ਼ੀ ਘਾਟਾ ਆਇਆ ਹੈ। ਮਿਲਰ ਜੋਨਜ਼ ਕਹਿੰਦੇ ਹਨ, "ਪ੍ਰਾਚੀਨ ਅਨਾਜਾਂ ਨੂੰ ਲੈ ਕੇ ਬਹੁਤ ਜ਼ਿਆਦਾ ਚਰਚਾ ਹੈ। ਜਿਨ੍ਹਾਂ ਲੋਕਾਂ ਨੂੰ ਗਲੂਟਨ ਨਾਲ ਸਮੱਸਿਆ ਹੈ, ਉਨ੍ਹਾਂ ਲਈ ਇਹ ਉਤਸ਼ਾਹ ਜਾਇਜ਼ ਹੈ...ਪਰ ਇਸ ਤੋਂ ਇਲਾਵਾ, ਅਨਾਜ ਦੇ ਸਿਹਤ ਨੂੰ ਹੁੰਦੇ ਫ਼ਾਇਦਿਆਂ ਬਾਰੇ ਗੱਲ ਕਰੀਏ ਤਾਂ ਇਹ ਗੱਲ ਬਹੁਤੀ ਮਾਅਨੇ ਨਹੀ ਰੱਖਦੀ ਕਿ ਉਹ 'ਪ੍ਰਾਚੀਨ' ਹਨ ਜਾਂ ਨਹੀ।" ਸੀਲ ਕਹਿੰਦੇ ਹਨ ਕਿ ਫਿਰ ਵੀ ਪ੍ਰਾਚੀਨ ਅਨਾਜਾਂ ਅਤੇ ਸਿਹਤ ਬਾਰੇ ਹੋਏ ਅਧਿਐਨਾਂ ਦੀ ਗਿਣਤੀ ਹੋਰ ਨਵੇਂ ਕਿਸਮ ਦੇ ਅਨਾਜਾਂ 'ਤੇ ਹੋਏ ਅਧਿਐਨਾਂ ਨਾਲੋਂ ਕਾਫ਼ੀ ਘੱਟ ਹੈ। ਭਰੋਸੇਯੋਗ ਡੇਟਾ ਇਕੱਠਾ ਕਰਨ ਵਿੱਚ ਕੁਝ ਮੁਸ਼ਕਲਾਂ ਹਨ, ਕਿਉਂਕਿ ਅਨਾਜ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਨਾਲ ਪ੍ਰਭਾਵਿਤ ਹੁੰਦੇ ਹਨ। ਇਸ ਲਈ ਨਤੀਜਿਆਂ ਦੀ ਤੁਲਨਾ ਇੱਕੋ-ਜਿਹੀਆਂ ਸਥਿਤੀਆਂ ਵਿੱਚ ਹੀ ਕੀਤੀ ਜਾਣੀ ਚਾਹੀਦੀ ਹੈ। ਪਰ ਪ੍ਰਾਚੀਨ ਅਨਾਜ ਸਾਡੇ ਲਈ ਵਧੀਆ ਕਿਉਂ ਹੋ ਸਕਦੇ ਹਨ, ਇਸ ਦੀ ਇੱਕ ਵਜ੍ਹਾ ਇਹ ਨਹੀ ਕਿ ਉਨ੍ਹਾਂ ਵਿੱਚ ਕੀ ਹੈ - ਬਲਕਿ ਇਹ ਹੈ ਕਿ ਅਸੀ ਉਨ੍ਹਾਂ ਨੂੰ ਕਿਵੇਂ ਪ੍ਰੋਸੈਸ ਕਰਦੇ ਹਾਂ ਅਤੇ ਕਿਵੇਂ ਖਾਂਦੇ ਹਾਂ। ਇਹ ਸਾਨੂੰ ਫਿਰ ਉਸੇ ਗੱਲ 'ਤੇ ਲੈ ਆਉਂਦਾ ਹੈ ਜਿਸਦਾ ਜ਼ਿਕਰ ਅਸੀ ਪਹਿਲਾਂ ਕੀਤਾ ਸੀ - ਸੀਲ ਕਹਿੰਦੇ ਹਨ ਕਿ ਅਸੀ ਉਨ੍ਹਾਂ ਨੂੰ ਜ਼ਿਆਦਾਤਰ ਸਾਬਤ ਰੂਪ ਵਿੱਚ ਹੀ ਖਾਂਦੇ ਹਾਂ। ਉਹ ਕਹਿੰਦੇ ਹਨ, "ਰਿਫ਼ਾਈਨਡ ਕਣਕ ਦੇ ਮੁਕਾਬਲੇ, ਇਸ ਦਾ ਮਤਲਬ ਹੈ ਫ਼ਾਈਬਰ ਦੀ ਵੱਧ ਮਾਤਰਾ, ਵੱਧ ਖਣਿਜ ਅਤੇ ਵੱਧ ਵਿਟਾਮਿਨ।"

## ਪ੍ਰਾਚੀਨ ਅਨਾਜਾਂ ਦੀ ਵਾਪਸੀ

ਸੀਲ ਕਹਿੰਦੇ ਹਨ ਕਿ ਜਲਵਾਯੂ ਪਰਿਵਰਤਨ ਇਸ ਸਮੇਂ ਅਨਾਜ ਉਤਪਾਦਨ ਨੂੰ ਪ੍ਰਭਾਵਿਤ ਕਰਨ ਵਾਲੇ ਸਭ ਤੋਂ ਵੱਡੇ ਕਾਰਕਾਂ ਵਿੱਚੋਂ ਇੱਕ ਹੈ ਅਤੇ ਪ੍ਰਾਚੀਨ ਅਨਾਜਾਂ ਦੀ ਵਾਪਸੀ ਦੇ ਪਿੱਛੇ ਦਾ ਇੱਕ ਹੋਰ ਕਾਰਨ ਵੀ ਇਹੀ ਹੈ। ਕੁਝ ਪ੍ਰਾਚੀਨ ਅਨਾਜ ਮੁਸ਼ਕਲ ਹਾਲਤਾਂ ਵਿੱਚ ਵੀ ਕਾਫ਼ੀ ਮਜ਼ਬੂਤ ਰਹਿੰਦੇ ਹਨ ਅਤੇ ਉਨ੍ਹਾਂ ਨੂੰ ਘੱਟ ਕੀਟਨਾਸ਼ਕਾਂ ਦੀ ਲੋੜ ਹੁੰਦੀ ਹੈ। ਇਸ ਲਈ, ਭਵਿੱਖ ਵਿੱਚ ਭਰੋਸੇਯੋਗ ਖ਼ੁਰਾਕ ਸਪਲਾਈ ਯਕੀਨੀ ਬਣਾਉਣ ਵਿੱਚ ਇਹ ਅਨਾਜ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ। ਸੀਲ ਕਹਿੰਦੇ ਹਨ, "ਕਿਸਾਨ ਵੱਖ-ਵੱਖ ਕਿਸਮਾਂ ਦੀ ਜਾਂਚ ਕਰ ਰਹੇ ਹਨ, ਤਾਂ ਜੋ ਇਹ ਪਤਾ ਲੱਗ ਸਕੇ ਕਿ ਕਿਹੜੀਆਂ ਕਿਸਮਾਂ ਸੋਕੇ ਦਾ ਵਧੀਆ ਤਰ੍ਹਾਂ ਸਾਹਮਣਾ ਕਰ ਸਕਦੀਆਂ ਹਨ।" ਤੁਰਕੀ ਦੇ ਇੱਕ ਖੇਤਰ ਵਿੱਚ, ਜਿੱਥੇ ਸੋਕੇ ਕਾਰਨ ਮਿੱਟੀ ਦੀ ਉਪਜਾਊ ਸ਼ਕਤੀ ਘੱਟ ਹੋ ਗਈ ਹੈ, ਛੋਟੇ ਕਿਸਾਨ ਜ਼ਮੀਨ ਨੂੰ ਸੁਧਾਰਨ ਲਈ ਕਣਕ ਦੀਆਂ ਪੁਰਾਣੀਆਂ ਕਿਸਮਾਂ ਨੂੰ ਦੁਬਾਰਾ ਉਗਾ ਰਹੇ ਹਨ। ਇਸੇ ਤਰ੍ਹਾਂ, ਪੱਛਮੀ ਅਫ਼ਰੀਕਾ ਵਿੱਚ ਖੋਜਕਰਤਾ ਇਸ ਗੱਲ 'ਤੇ ਕੰਮ ਕਰ ਰਹੇ ਹਨ ਕਿ ਪ੍ਰਾਚੀਨ ਅਨਾਜ 'ਫੋਨਿਓ' ਨੂੰ ਸਭ ਤੋਂ ਵਧੀਆ ਤਰੀਕੇ ਨਾਲ ਕਿਵੇਂ ਦੁਬਾਰਾ ਉਗਾਇਆ ਜਾਵੇ, ਇਹ ਅਨਾਜ ਸੋਕੇ ਪ੍ਰਤੀ ਸਹਿਣਸ਼ੀਲ ਹੈ। ਜਦੋਂ ਗੱਲ ਖ਼ੁਰਾਕ ਦੀ ਆਉਂਦੀ ਹੈ, ਤਾਂ ਹੋ ਸਕਦਾ ਹੈ ਕਿ ਪ੍ਰਾਚੀਨ ਜਾਂ ਪ੍ਰਾਚੀਨ ਅਨਾਜ ਓਨੇ ਪ੍ਰਭਾਵਸ਼ਾਲੀ ਨਾ ਹੋਣ ਜਿੰਨਿਆਂ ਉਨ੍ਹਾਂ ਬਾਰੇ ਗੱਲਾਂ ਹੋ ਰਹੀਆਂ ਹਨ। ਮਾਹਿਰ ਮੰਨਦੇ ਹਨ ਕਿ ਹਰ ਕਿਸਮ ਦੇ ਅਨਾਜਾਂ ਨੂੰ ਮਿਲਾ ਕੇ ਖਾਣਾ ਅਤੇ ਜਿੰਨਾ ਸੰਭਵ ਹੋਵੇ, ਉਨ੍ਹਾਂ ਨੂੰ ਸਾਬਤ ਰੂਪ ਵਿੱਚ ਖਾਣਾ, ਸਭ ਤੋਂ ਵਧੀਆ ਤਰੀਕਾ ਹੈ। ਬੋਗਾਰਡ ਕਹਿੰਦੇ ਹਨ, "ਅਜਿਹੇ ਬਹੁਤ ਸਾਰੇ ਅਨਾਜ ਹਨ ਜਿਨ੍ਹਾਂ ਨੂੰ ਅਸੀ ਅੱਜ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੇ ਹਾਂ। ਪੁਰਾਤਨ ਸਮੇਂ ਦੀ ਖੇਤੀਬਾੜੀ ਵਿੱਚ ਅਨਾਜ ਹਮੇਸ਼ਾ ਹੋਰ ਕਿਸਮਾਂ ਦੀਆਂ ਫ਼ਸਲਾਂ ਨਾਲ ਮਿਲਾ ਕੇ ਉਗਾਏ ਜਾਂਦੇ ਸਨ। ਉਨ੍ਹਾਂ ਨੂੰ ਅੱਜ ਦੀ ਤਰ੍ਹਾਂ ਅਲੱਗ ਤੋਂ ਨਹੀ ਉਗਾਇਆ ਜਾਂਦਾ ਸੀ।" ਮਿਲਰ ਜੋਨਜ਼ ਵੀ ਇਸ ਗੱਲ ਨਾਲ ਸਹਿਮਤ ਹਨ ਅਤੇ ਉਹ ਵੱਖ-ਵੱਖ ਕਿਸਮ ਦੇ ਸੂਖਮ ਪੋਸ਼ਕ ਤੱਤਾਂ ਦਾ ਲਾਭ ਲੈਣ ਲਈ ਵੱਖ-ਵੱਖ ਅਨਾਜ ਖਾਣ ਦੀ ਸਲਾਹ ਦਿੰਦੇ ਹਨ, ਜਿਨ੍ਹਾਂ ਵਿੱਚ ਪ੍ਰਾਚੀਨ ਅਨਾਜ ਵੀ ਸ਼ਾਮਲ ਹਨ। ਉਹ ਕਹਿੰਦੇ ਹਨ, "ਜੇ ਤੁਸੀ ਵੱਖ-ਵੱਖ ਕਿਸਮ ਦੇ ਅਨਾਜ ਖਾਂਦੇ ਹੋ ਤਾਂ ਤੁਹਾਨੂੰ ਵਿਟਾਮਿਨਾਂ ਦੀ ਪੂਰੀ ਰੇਂਜ ਮਿਲਦੀ ਹੈ। ਵਿਭਿੰਨਤਾ ਹੀ ਸਭ ਤੋਂ ਵਧੀਆ ਰਣਨੀਤੀ ਹੈ।"





# ਨਕਾਰਾਤਮਕ ਸੋਚ ਤੋਂ ਬਚੋ

ਜਗਦੀਸ਼ ਕੌਰ ਮਾਨ

**ਸਫ਼ਲਤਾਵਾਂ** ਤੇ ਅਸਫ਼ਲਤਾਵਾਂ ਮਨੁੱਖੀ ਜ਼ਿੰਦਗੀ ਦਾ ਹਿੱਸਾ ਹਨ। ਜ਼ਿੰਦਗੀ ਵਿਚ ਸਫ਼ਲ ਹੋਣ ਲਈ ਸਕਾਰਾਤਮਕ ਰਹਿਣਾ ਬਹੁਤ ਜ਼ਰੂਰੀ ਹੈ। ਮਨੁੱਖ ਅਸਫ਼ਲਤਾਵਾਂ ਤੋਂ ਘਬਰਾਉਂਦਾ ਹੋਇਆ ਚੁਣੌਤੀਆਂ ਨਾਲ ਬਿਨਾਂ ਲੜੇ ਹਾਰਦਾ ਨਜ਼ਰ ਆਉਂਦਾ ਹੈ। ਸਾਨੂੰ ਆਪਣੇ ਆਪ ਵਿਚ ਦੇਖਣ ਦੀ ਜ਼ਰੂਰਤ ਹੈ ਕਿ ਸਾਡੇ ਵਿਚ ਘਾਟ ਕਿੱਥੇ ਹੈ। ਜਦੋਂ ਤੁਸੀ ਆਪਣੇ ਵਿਚਾਰਾਂ ਵਿਚੋਂ ਨਾਂਹ ਸ਼ਬਦ ਨੂੰ ਹਟਾ ਦਿੰਦੇ ਹੋ ਤਾਂ ਜਿੱਤ ਦਾ ਅਗਲਾ ਨੰਬਰ ਤੁਹਾਡਾ ਹੁੰਦਾ ਹੈ। ਕਾਮਯਾਬ ਹੋਏ ਨੌਜਵਾਨਾਂ ਨੇ ਨਕਾਰਾਤਮਕ ਸੋਚ ਤੋਂ ਬਚ ਕੇ ਜ਼ਿੰਦਗੀ ਵਿਚ ਕਾਮਯਾਬੀ ਦਾ ਮੀਲ ਪੱਥਰ ਗੱਡਿਆ। ਜਦੋਂ ਅਸੀ ਆਪਣੀ ਉਸਾਰੂ ਸੋਚ ਨੂੰ ਸਹੀ ਢੰਗ ਨਾਲ ਵਰਤਦੇ ਹਾਂ ਤਾਂ ਅਸੀ ਹਰ ਖੇਤਰ ਵਿਚ ਕਾਮਯਾਬ ਹੁੰਦੇ ਚਲੇ ਜਾਂਦੇ ਹਾਂ। ਨੌਜਵਾਨਾਂ ਨੂੰ ਜ਼ਰੂਰਤ ਹੈ ਆਪਣੇ ਵਿਚਾਰਾਂ ਵਿਚ ਸਕਾਰਾਤਮਕ ਸੋਚ ਨੂੰ ਲਿਆਉਣ ਦੀ। ਤੁਸੀ ਆਪਣੇ ਟੀਚੇ ਨੂੰ ਹਾਸਲ ਕਰਨ ਲਈ ਦਿਨ-ਰਾਤ ਮਿਹਨਤ ਕਰੋ। ਤੁਹਾਡੇ ਵੱਲੋਂ ਸਕਾਰਾਤਮਕ ਤਰੀਕੇ ਨਾਲ ਕੀਤੇ ਕੰਮ ਦੇ ਚੰਗੇ ਨਤੀਜੇ ਵਧੇਰੇ ਆਉਣਗੇ। ਜਿਹੜੇ ਵਿਅਕਤੀ ਦੂਜਿਆਂ ਕਾਰਨ ਪਰੇਸ਼ਾਨ ਰਹਿੰਦੇ ਹਨ, ਉਨ੍ਹਾਂ ਨੂੰ ਦੂਜਿਆਂ ਬਾਰੇ ਸੋਚਣਾ ਬੰਦ ਕਰ ਦੇਣਾ ਚਾਹੀਦਾ ਹੈ। ਕਿਉਂਕਿ ਇਹ ਜ਼ਿੰਦਗੀ ਤੁਹਾਡੀ ਹੈ, ਇਸ ਜ਼ਿੰਦਗੀ ਦੇ ਮਾਲਕ ਤੁਸੀ ਆਪ ਹੋ। ਆਪਣੇ ਆਪ ਨਾਲ ਖ਼ੁਸ਼ ਰਹਿਣ ਦੀ ਆਦਤ ਪਾ ਲਵੋ ਤਾਂ ਜ਼ਿੰਦਗੀ ਵਿਚ ਅੱਗੇ ਵਧਦੇ ਜਾਓਗੇ। ਅਸੀ ਦੇਖਦੇ ਹਾਂ ਕਿ ਜੋ ਮਨੁੱਖ ਜ਼ਿੰਦਗੀ ਵਿਚ ਕਾਮਯਾਬ ਹੈ ਉਸ ਵਿਚ ਨਿਮਰਤਾ ਵਧੇਰੇ ਹੈ। ਨਿਮਰ ਰਹਿਣ ਦੇ ਲਈ ਆਪਣੇ ਆਪ ਨੂੰ ਖ਼ੁਸ਼ ਰੱਖਣ ਦੀ ਆਦਤ ਪਾਓ। ਖ਼ੁਸ਼ ਰਹਿਣ ਲਈ ਆਪਣੇ ਵਿਹਲੇ ਸਮੇਂ ਦੀ ਸਹੀ ਵਰਤੋਂ ਕਰੋ। ਵਿਹਲੇ ਸਮੇਂ ਦੀ ਵਰਤੋਂ ਤੁਸੀ ਆਮ ਲੋਕਾਂ ਦੀ ਮਦਦ ਕਰ ਕੇ ਵੀ ਕਰ ਸਕਦੇ ਹੋ। ਆਪਣੇ ਆਪ ਨੂੰ ਕਿਸੇ ਨਾ ਕਿਸੇ ਕੰਮ ਵਿਚ ਰੁੱਝਿਆ ਰੱਖੋ। ਜੇਕਰ ਤੁਸੀ ਇਕ ਟੀਚਾ ਤੈਅ ਕੀਤਾ ਹੈ ਤਾਂ ਤੁਹਾਨੂੰ ਮਾੜੀ ਸੰਗਤ ਤੋਂ ਬਚਣਾ ਚਾਹੀਦਾ ਹੈ। ਇਸ ਦਾ ਇਕੋ-ਇਕ ਤਰੀਕਾ ਹੈ ਕਿ ਆਪਣੇ ਟੀਚਿਆਂ ਪ੍ਰਤੀ ਜਨੂਨ ਪੈਦਾ ਕਰੋ। ਤੁਸੀ ਵਿਹਲੇ ਰਹਿੰਦੇ ਹੋ ਤਾਂ ਮਾੜੇ ਕੰਮਾਂ ਵੱਲ ਧਿਆਨ ਵੱਧ ਜਾਂਦਾ ਹੈ। ਕਈ ਵਾਰ ਅਜਿਹਾ ਹੁੰਦਾ ਹੈ ਕਿ ਅਸੀ ਜੋ ਕੁਝ ਕਰਨਾ ਚਾਹੁੰਦੇ ਹਾਂ ਉਹ ਕਰ ਨਹੀ ਪਾਉਂਦੇ। ਅਸੀ ਜਾਣਦੇ ਹਾਂ ਕਿ ਸਾਨੂੰ ਸਖ਼ਤ ਮਿਹਨਤ ਦੀ ਜ਼ਰੂਰਤ ਹੈ ਪਰ ਫਿਰ ਵੀ ਅਸੀ ਮਿਹਨਤ ਤੋਂ ਦੂਰ ਭੱਜਦੇ ਹਾਂ ਤੇ ਕਾਮਯਾਬੀ ਸਾਡੇ ਤੋਂ ਦੂਰ ਹੁੰਦੀ ਜਾਂਦੀ ਹੈ। ਸਾਨੂੰ ਪਤਾ ਹੈ ਕਿ ਕਿਤਾਬਾਂ ਪੜ੍ਹਨੀਆਂ ਚਾਹੀਦੀਆਂ ਹਨ ਪਰ ਫਿਰ ਵੀ ਅਸੀ ਇਸ ਨੂੰ ਟਾਲਦੇ ਹਾਂ ਤੇ ਬਹੁਤ ਸਾਰਾ ਸਮਾਂ ਸੋਸ਼ਲ ਸਾਈਟਸ 'ਤੇ ਜਾ ਕੇ ਖ਼ਰਾਬ ਕਰ ਦਿੰਦੇ ਹਾਂ । ਅਸੀ ਸਮੇਂ ਦੀ ਕਦਰ ਨਹੀ ਕਰਦੇ ਹਾਂ। ਸਾਨੂੰ ਖ਼ੁਦ ਨੂੰ ਸਕਾਰਾਤਮਕ ਰੱਖਣ ਲਈ ਅਜਿਹੇ ਲੋਕਾਂ ਤੋਂ ਦੂਰ ਰਹਿਣਾ ਚਾਹੀਦਾ ਹੈ ਜੋ ਲਗਾਤਾਰ ਸਾਨੂੰ ਟੀਚੇ ਤੋਂ ਦੂਰ ਲਿਜਾਣ ਦੀ ਕੋਸ਼ਿਸ਼ ਕਰਦੇ ਹਨ। ਇਹ ਗੱਲ ਵੀ ਯਾਦ ਰੱਖਣੀ ਚਾਹੀਦੀ ਹੈ ਕਿ ਕਾਮਯਾਬੀ ਜਲਦ ਨਹੀ ਮਿਲਦੀ। ਇਸ ਲਈ ਲੰਬੇ ਸਮੇਂ ਤੱਕ ਮਿਹਨਤ ਕਰਨੀ ਪੈਂਦੀ ਹੈ। ਰਾਹ 'ਚ ਬਹੁਤ ਸਾਰੇ ਅੜਿੱਕੇ ਤੇ ਪਰੇਸ਼ਾਨੀਆਂ ਆ ਸਕਦੀਆਂ ਹਨ ਪਰ ਸਾਨੂੰ ਆਪਣਾ ਰਾਹ ਨਹੀ ਛੱਡਣਾ ਚਾਹੀਦਾ। ਲਗਾਤਾਰ ਆਪਣੀ ਮੰਜ਼ਿਲ ਵੱਲ ਕਦਮ ਵਧਾਉਣੇ ਚਾਹੀਦੇ ਹਨ। ਇਸ ਲਈ ਸਾਨੂੰ ਆਪਣੇ ਅੰਦਰ ਧੀਰਜ ਅਤੇ ਸਬਰ ਦੇ ਗੁਣ ਪੈਦਾ ਕਰਨੇ ਪੈਣਗੇ। ਜੇ ਹਾਲਾਤ ਸਾਡੇ ਹਿਤ 'ਚ ਨਹੀ ਹਨ ਤਾਂ ਉਨ੍ਹਾਂ ਨੂੰ ਆਪਣੇ ਹਿਤ 'ਚ ਕਰਨ ਲਈ ਮਿਹਨਤ ਕਰਨੀ ਚਾਹੀਦੀ ਹੈ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਵਿਸ਼ਵ 'ਚ ਅਜਿਹਾ ਕੋਈ ਕੰਮ ਨਹੀ ਹੈ, ਜਿਸ ਨੂੰ ਇਨਸਾਨ ਨਾ ਕਰ ਸਕੇ। ਦਿਲ 'ਚ ਕੰਮਾਂ ਪ੍ਰਤੀ ਜਨੂਨ ਤੇ ਲਗਨ ਹੋਣੀ ਚਾਹੀਦੀ ਹੈ। ਸਕਾਰਾਤਮਕਤਾ ਆਪਣੇ 'ਤੇ ਵਿਸ਼ਵਾਸ ਕਰਨ ਨਾਲ ਹੀ ਪੈਦਾ ਹੁੰਦੀ ਹੈ। ਵੱਧ ਮਿਹਨਤ ਕਰਨ ਦੀ ਸਮਰੱਥਾ ਹੀ ਸਾਨੂੰ ਸਕਾਰਾਤਮਕ ਬਣਾ ਸਕਦੀ ਹੈ। ਇਹ ਯਾਦ ਰੱਖੋ ਕਿ ਤੁਹਾਡੇ ਵੱਲੋਂ ਕੀਤਾ ਗਿਆ ਕੋਈ ਕੰਮ ਫਲ ਨਾ ਦੇਵੇ, ਇਹ ਹੋ ਹੀ ਨਹੀ ਸਕਦਾ। ਸਭ ਕੁਝ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਤੁਸੀ ਕੰਮ ਨੂੰ ਕਿਵੇਂ ਕਰਦੇ ਹੋ। ਜ਼ਿੰਦਗੀ ਪ੍ਰਤੀ ਤੁਹਾਡਾ ਨਜ਼ਰੀਆ ਬਹੁਤ ਮਹੱਤਵਪੂਰਨ ਹੁੰਦਾ ਹੈ। ਜ਼ਿੰਦਗੀ 'ਚ ਸਕਾਰਾਤਮਕਤਾ ਲਿਆ ਕੇ ਤੁਸੀ ਜੀਵਨ ਨੂੰ ਆਨੰਦਿਤ ਬਣਾ ਸਕਦੇ ਹੋ ਤੇ ਕੋਈ ਵੀ ਟੀਚਾ ਹਾਸਲ ਕਰ ਸਕਦੇ ਹੋ।

ਪੰਜਾਬ ਐਂਡ ਸਿੰਧ ਬੈਂਕ
PUNJAB & SIND BANK
(A GOVT. OF INDIA UNDERTAKING)
ਜ਼ੋਨਲ ਦਫ਼ਤਰ : ਮੋਗਾ
ਜਿੱਥੇ ਸੇਵਾ ਹੀ ਜੀਵਨ ਦਾ ਰਾਹ ਹੈ

**ਸਰਫਾਇਸੀ ਐਕਟ ਦੀ ਧਾਰਾ 13(8) ਅਧੀਨ ਸੂਚਨਾ**

ਵਿਸ਼ਾ: ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (SARFAESIACT") ਦੀ ਧਾਰਾ 13(8) ਦੇ ਤਹਿਤ ਤੁਹਾਡੇ ਕੋਲ ਨਿਹਿਤ ਅਧਿਕਾਰ ਦੇ ਸੰਦਰਭ ਵਿੱਚ ਮੁਕਤੀ ਲਈ ਨੋਟਿਸ, ਜੋ ਕਿ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8(6) ਦੇ ਉਪਬੰਧ ਦੇ ਨਾਲ ਪੜਿਆ ਜਾਂਦਾ ਹੈ। ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਨਿਮਨ ਹਸਤਾਖਰੀ ਨੇ ਖਾਤੇ ਦੇ ਵਿਰੁੱਧ ਦੱਸੀ ਗਈ ਮਿਤੀ ਨੂੰ ਸਰਫੇਸੀ ਐਕਟ ਦੀ ਧਾਰਾ 13(2) ਦੇ ਤਹਿਤ ਇੱਕ ਮੰਗ ਨੋਟਿਸ ਜਾਰੀ ਕੀਤਾ ਹੈ। ਕਰਜ਼ਦਾਰ(†)/ਜ਼ਾਮਨ(†)/ਗਿਰਵੀਕਾਰ(†) ਬੈਂਕ ਦੀਆਂ ਦੇਣਦਾਰੀਆਂ ਨੂੰ ਨਿਭਾਉਣ ਵਿੱਚ ਅਸਫਲ ਰਹੇ ਹਨ, ਇਸ ਲਈ, ਅਧਿਕਾਰਤ ਅਧਿਕਾਰੀ ਵਜੋਂ ਨਿਮਨ ਹਸਤਾਖਰੀ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੀ ਧਾਰਾ 13(4) ਦੇ ਅਧੀਨ ਆਪਣੀ ਸ਼ਕਤੀ ਦੀ ਵਰਤੋਂ ਕਰਦੇ ਹੋਏ, ਉਪਰੋਕਤ ਕਰਜ਼ਦਾਰ ਅਤੇ ਜ਼ਾਮਨ ਬੈਂਕ ਦੇ ਬਕਾਇਆ ਕਰਜ਼ਿਆਂ ਦੀ ਪ੍ਰਾਪਤੀ ਲਈ ਈ-ਨਿਲਾਮੀ ਰਾਹੀਂ ਹੇਠਾਂ ਦੱਸੇ ਅਨੁਸਾਰ ਜਾਇਦਾਦਾਂ, ਸੁਰੱਖਿਅਤ ਸੰਪਤੀਆਂ ਵੇਚਣ ਦਾ ਫੈਸਲਾ ਕੀਤਾ ਹੈ।

ਕਰਜ਼ਦਾਰ(†)/ਜ਼ਾਮਨ(†)/ਗਿਰਵੀਕਾਰ(†) ਦਾ ਧਿਆਨ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੀ ਧਾਰਾ 13(8) ਵੱਲ ਖਿੱਚਿਆ ਜਾਂਦਾ ਹੈ, ਜੋ ਕਿ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8(6) ਦੇ ਪ੍ਰਾਵਧਾਨ ਦੇ ਨਾਲ ਪੜਿਆ ਜਾਂਦਾ ਹੈ, ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ ਉਪਲਬਧ ਸਮੇਂ (ਭਾਵ 30 ਦਿਨ) ਦੇ ਸੰਬੰਧ ਵਿੱਚ। ਕਿਰਪਾ ਕਰਕੇ ਧਿਆਨ ਦਿਓ ਕਿ ਧਾਰਾ 13(8) ਦੇ ਤਹਿਤ ਤੁਹਾਡਾ ਅਧਿਕਾਰ ਜਨਤਕ ਨਿਲਾਮੀ ਲਈ ਨੋਟਿਸ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ ਖਤਮ ਹੋ ਜਾਵੇਗਾ ਜਾਂ ਸੁਰੱਖਿਅਤ ਸੰਪਤੀ ਦੇ ਲੀਜ਼, ਅਸਾਈਨਮੈਂਟ ਜਾਂ ਵਿਕਰੀ ਦੁਆਰਾ ਟ੍ਰਾਂਸਫਰ ਲਈ ਜਨਤਕ ਜਾਂ ਨਿੱਜੀ ਸੰਧੀ ਤੋਂ ਹਵਾਲਾ ਜਾਂ ਟੈਂਡਰ ਸੱਦਾ ਦੇਵੇਗਾ।

| ਲ. ਨੰ. | ਸ਼ਾਖਾ ਅਤੇ ਕਰਜ਼ਦਾਰ (†)/ਜ਼ਾਮਨ (†) ਗਿਰਵੀਕਾਰ (†) ਦਾ ਨਾਮ | ਮੰਗ ਸੂਚਨਾ/ਕਬਜ਼ਾ ਮਿਤੀ / ਮੰਗ ਸੂਚਨਾ ਰਕਮ | ਸੁਰੱਖਿਅਤ ਅਸਾਸੇ ਦੇ ਵੇਰਵੇ | 30.03.2026 ਨੂੰ ਕੁੱਲ ਵਸੂਲੀਯੋਗ ਬਕਾਏ | ਰਾਖਵੀਂ ਕੀਮਤ / ਕਬਜ਼ੇ ਦੀ ਕਿਸਮ |
|---|---|---|---|---|---|
| 1. | ਤਰਨਤਾਰਨ (ਟੀ0088) — ਮੈਸਰਜ਼ ਦੀਪ ਬਾਠ ਕਮਿਸ਼ਨ ਏਜੰਟ ਆਪਣੇ ਪ੍ਰੋਪਰਾਈਟਰ ਸ੍ਰੀ ਸਲਵੰਤ ਸਿੰਘ ਪੁੱਤਰ ਬਚਨ ਸਿੰਘ ਜੋ ਕਿ ਦੁਕਾਨ/ਬੂਥ ਨੰ. 2, ਨਵੀਂ ਅਨਾਜ ਮੰਡੀ ਨੇੜੇ ਸਟੇਟ ਬੈਂਕ ਆਫ਼ ਇੰਡੀਆ ਸਿਟੀ ਤਰਨਤਾਰਨ, ਜ਼ਿਲ੍ਹਾ ਤਰਨਤਾਰਨ, ਪੰਜਾਬ (ਕਰਜ਼ਦਾਰ) ਵਿਖੇ ਸਥਿਤ ਹੈ 2. ਸ੍ਰੀ ਸਲਵੰਤ ਸਿੰਘ ਪੁੱਤਰ ਬਚਨ ਸਿੰਘ ਵਾਸੀ ਮਕਾਨ ਨੰਬਰ 48, ਪਿੰਡ ਠੱਖੂ ਚੱਕ ਜ਼ਿਲ੍ਹਾ ਤਰਨਤਾਰਨ, ਪੰਜਾਬ ਦੂਜਾ ਪਤਾ: ਵਾਸੀ ਮੁਹੱਲਾ ਗੁਰੂ ਕਾ ਖੂਹ ਗਲੀ ਹਸਰੀ ਵਾਲੀ ਸਿਟੀ ਤਰਨ ਤਾਰਨ ਜ਼ਿਲ੍ਹਾ ਤਰਨਤਾਰਨ ਪੰਜਾਬ-143401 (ਕਰਜ਼ਦਾਰ) 3. ਸ੍ਰੀ ਕੇਹਰ ਸਿੰਘ ਪੁੱਤਰ ਸ੍ਰੀ ਗੁਰਦੀਪ ਸਿੰਘ ਵਾਸੀ ਪਿੰਡ ਮੁਗਲ ਚੱਕ ਜ਼ਿਲ੍ਹਾ ਤਰਨਤਾਰਨ, ਪੰਜਾਬ (ਜ਼ਾਮਨ) 4. ਸ੍ਰੀਮਤੀ ਮਨਜੀਤ ਕੌਰ ਪਤਨੀ ਸ੍ਰੀ ਸਲਵੰਤ ਸਿੰਘ ਵਾਸੀ ਮੁਹੱਲਾ ਗੁਰੂ ਕਾ ਖੂਹ ਗਲੀ ਹਸਰੀ ਵਾਲੀ ਸਿਟੀ ਤਰਨਤਾਰਨ ਜ਼ਿਲ੍ਹਾ ਤਰਨਤਾਰਨ ਪੰਜਾਬ- 143401 (ਜ਼ਾਮਨ) | 07.04.2021/18.05.2022 / ਰੁ. 14,53,730.76 01.04.2021 ਤੋਂ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ, ਮਨਫ਼ੀ ਵਸੂਲੀਆਂ, ਜੇਕਰ ਕੋਈ ਹਨ | ਨਵੀਂ ਅਨਾਜ ਮੰਡੀ ਤਰਨ ਤਾਰਨ ਸਟੇਟ ਬੈਂਕ ਆਫ਼ ਇੰਡੀਆ ਦੇ ਨੇੜੇ ਸਿਟੀ ਤਰਨ ਤਾਰਨ ਵਿਖੇ ਸਥਿਤ 10 ਫੁੱਟ X 30 ਫੁੱਟ 4.5 ਇੰਚ ਮਾਪ ਦੀ ਬੂਥ ਨੰਬਰ 2 ਵਾਲੀ ਜਾਇਦਾਦ ਦਾ ਬਰਾਬਰੀ ਵਾਲਾ ਗਿਰਵੀਨਾਮਾ, ਜੋ ਕਿ ਵਸੀਕਾ ਨੰਬਰ 3900, ਬਹੀ ਨੰਬਰ 1, ਜਿਲਦ ਨੰਬਰ 3413 ਅਤੇ ਸਫਾ ਨੰਬਰ 8990, ਮਿਤੀ 21-12-2005 ਨੂੰ ਸਬ ਰਜਿਸਟਰਾਰ ਤਰਨ ਤਾਰਨ ਵਿਖੇ ਰਜਿਸਟਰਡ ਹੈ, ਜਿਸਦੀ ਹੱਦਬੰਦੀ ਇਸ ਪ੍ਰਕਾਰ ਹੈ: -ਉੱਤਰ: ਬੂਥ ਨੰਬਰ 1, ਦੱਖਣ: ਬੂਥ ਨੰਬਰ 3, ਪੂਰਬ: ਰੋਡ ਅਤੇ ਪਲੇਟਫਾਰਮ, ਪੱਛਮ: ਬੂਥ ਨੰਬਰ 37 ਸਰਸਾਈ ਸੰਪਤੀ : 100002890978 | ਰੁ. 25,30,447.00 | ਰੁ.21,80,000.00 / ਸੰਕੇਤਕ |
| 2. | ਭਿਖੀਵਿੰਡ — 1. ਮੈਸਰਜ਼ ਗਿੱਲ ਸੰਧੂ ਕਮਿਸ਼ਨ ਏਜੰਟ (ਕਰਜ਼ਦਾਰ) ਅਨਾਜ ਮੰਡੀ ਬਿਖੀਵਿੰਡ ਤਹਿਸੀਲ ਪੱਟੀ, ਤਰਨ ਤਾਰਨ ਵਿਖੇ ਸਥਿਤ ਹੈ ਰਾਹੀਂ ਆਪਣੇ ਭਾਈਵਾਲਾਂ ਸ਼੍ਰੀਮਤੀ ਮਨਦੀਪ ਕੌਰ ਪਤਨੀ ਅਰਵਿੰਦਰ ਸਿੰਘ ਅਤੇ ਸ੍ਰੀ ਬਲਜੀਤ ਸਿੰਘ ਪੁੱਤਰ ਸਰਵਣ ਸਿੰਘ 143303 2. ਸ਼੍ਰੀਮਤੀ ਮਨਦੀਪ ਕੌਰ ਪਤਨੀ ਅਰਵਿੰਦਰ ਸਿੰਘ (ਭਾਈਵਾਲ) ਵਾਸੀ ਪਿੰਡ ਅਤੇ ਡਾਕਖਾਨਾ ਮਾੜੀ ਗੌਰ ਸਿੰਘ ਤਹਿਸੀਲ ਪੱਟੀ, ਤਰਨ ਤਾਰਨ 143303 3. ਸ੍ਰੀ ਬਲਜੀਤ ਸਿੰਘ ਪੁੱਤਰ ਸਰਵਣ ਸਿੰਘ (ਭਾਈਵਾਲ) ਵਾਸੀ ਪਿੰਡ ਅਤੇ ਡਾਕਖਾਨਾ ਮਾੜੀ ਗੌਰ ਸਿੰਘ ਤਹਿਸੀਲ ਪੱਟੀ, ਤਰਨ ਤਾਰਨ 143303 4. ਸ੍ਰੀ ਇਕਬਾਲ ਸਿੰਘ ਪੁੱਤਰ ਚੰਨਣ ਸਿੰਘ (ਜ਼ਾਮਨ) ਵਾਸੀ ਪਿੰਡ ਅਤੇ ਡਾਕਖਾਨਾ ਦਿਆਲਪੁਰਾ, ਤਹਿਸੀਲ ਪੱਟੀ, ਤਰਨ ਤਾਰਨ 143304 5. ਸ੍ਰੀ ਅਰਵਿੰਦਰ ਸਿੰਘ ਪੁੱਤਰ ਸ੍ਰੀ ਸਲਵਿੰਦਰ ਸਿੰਘ (ਜ਼ਾਮਨ) 20-03-2014 ਤੋਂ ਪਾਵਰ ਆਫ਼ ਅਟਾਰਨੀ ਧਾਰਕ ਵਾਸੀ ਪਿੰਡ ਅਤੇ ਡਾਕਖਾਨਾ ਮਾੜੀ ਗੌਰ ਸਿੰਘ ਤਹਿਸੀਲ ਪੱਟੀ ਤਰਨ ਤਾਰਨ 143303 | 01.07.2023/10.01.2024 / ਰੁ. 15,51,078.14 30.06.2023 ਤੋਂ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ, ਮਨਫ਼ੀ ਵਸੂਲੀਆਂ, ਜੇਕਰ ਕੋਈ ਹਨ | ਅਨਾਜ ਮੰਡੀ ਭਿੱਖੀਵਿੰਡ ਵਿੱਚ 20' X 125' ਮਾਪ ਵਾਲੇ ਪਲਾਟ/ਦੁਕਾਨ ਨੰਬਰ 3 ਦਾ ਕਾਨੂੰਨੀ ਗਿਰਵੀਨਾਮਾ, ਜੋ ਕਿ ਕੁੱਲ ਮਾਪ 277.77 ਵਰਗ ਗਜ਼, ਤਹਿਸੀਲ ਅਤੇ ਜ਼ਿਲ੍ਹਾ ਤਰਨਤਾਰਨ, ਸ੍ਰੀ ਅਰਵਿੰਦਰ ਸਿੰਘ ਪੁੱਤਰ ਸ੍ਰੀ ਸਲਵਿੰਦਰ ਸਿੰਘ ਦੀ ਮਲਕੀਅਤ ਹੈ ਜੋ ਕਿ ਸਬ-ਰਜਿਸਟਰਾਰ ਭਿੱਖੀਵਿੰਡ ਦੇ ਦਫ਼ਤਰ ਵਿੱਚ ਵਿਕਰੀ ਡੀਡ ਮਿਤੀ 01-03-2004 ਨੂੰ ਵਸੀਕਾ ਨੰਬਰ 2672, ਜਿਲਦ ਨੰਬਰ 87, 01-03-2004 ਨੂੰ ਦਰਜ ਕੀਤਾ ਗਿਆ ਸੀ ਅਤੇ ਹੱਦਬੰਦੀ ਉੱਤਰ: ਸ੍ਰੀ ਸਕਤਾਰ ਸਿੰਘ ਦੀ ਖੇਤੀ ਵਾਲੀ ਜ਼ਮੀਨ, ਪੱਛਮ: ਮੰਡੀ ਟਾਊਨਸ਼ਿਪ ਦਾ ਪਲਾਟ, ਪੰਜਾਬ, ਚੰਡੀਗੜ੍ਹ, ਪੂਰਬ: ਸ੍ਰੀ ਸੌਰਭ ਧਵਨ ਜਾਇਦਾਦ ਦੱਖਣ: ਫੁੱਟਪਾਥ (ਬਾਰਾ)। ਸਰਸਾਈ ਸੰਪਤੀ: 200000717600 | ਰੁ. 20,56,919.00 | ਰੁ.43,00,000.00 / ਸੰਕੇਤਕ |
| 3. | ਭਿਖੀਵਿੰਡ — 1. ਮੈਸ ਪਾਲ ਮਕੈਨੀਕਲ ਵਰਕਸ ਤਰਨ ਤਾਰਨ ਰੋਡ, ਪਿੰਡ ਤੇ ਡਾਕਖਾਨਾ ਦਿਆਲਪੁਰ, ਤਹਿਸੀਲ ਪੱਟੀ, ਜਿਲਾ ਤਰਨਤਾਰਨ ਰਾਹੀਂ ਇਸਦੇ ਪ੍ਰੋਪ. ਸ੍ਰੀ ਜਸਪਾਲ ਸਿੰਘ ਸਪੁੱਤਰ ਸ੍ਰੀ ਕੇਹਰ ਸਿੰਘ 143304, 2. ਸ੍ਰੀ ਜਸਪਾਲ ਸਿੰਘ ਪੁੱਤਰ ਕੇਹਰ ਸਿੰਘ ਵਾਸੀ ਦਿਆਲਪੁਰਾ, ਤਹਿਸੀਲ ਪੱਟੀ, ਜ਼ਿਲ੍ਹਾ. ਤਰਨਤਾਰਨ 143304. 3. ਸ੍ਰੀ ਨਰਿੰਦਰ ਸਿੰਘ ਪੁੱਤਰ ਸ੍ਰੀ ਕੇਹਰ ਸਿੰਘ, ਤਰਨਤਾਰਨ ਰੋਡ, ਪਿੰਡ ਅਤੇ ਡਾਕਖਾਨਾ ਦਿਆਲਪੁਰ, ਤਹਿਸੀਲ ਪੱਟੀ, ਜ਼ਿਲ੍ਹਾ ਤਹਿਸੀਲ ਪੱਟੀ, ਤਰਨ ਤਾਰਨ-143304 4. ਸ੍ਰੀ ਹਰਜਿੰਦਰ ਸਿੰਘ ਪੁੱਤਰ ਸ੍ਰੀ ਕੇਹਰ ਸਿੰਘ, ਤਰਨਤਾਰਨ ਰੋਡ, ਪਿੰਡ ਅਤੇ ਡਾਕਖਾਨਾ ਦਿਆਲਪੁਰ, ਤਹਿਸੀਲ ਪੱਟੀ, ਜ਼ਿਲਾ ਤਰਨਤਾਰਨ, 143304. 5. ਸ੍ਰੀ ਕੇਹਰ ਸਿੰਘ ਪੁੱਤਰ ਕਰਤਾਰ ਸਿੰਘ, ਵਾਸੀ ਦਿਆਲਪੁਰਾ, ਤਹਿਸੀਲ ਪੱਟੀ, ਤਰਨਤਾਰਨ-143304 6. ਸ੍ਰੀ ਦਿਲਬਾਗ ਸਿੰਘ ਪੁੱਤਰ ਕੇਹਰ ਸਿੰਘ, ਵਾਸੀ ਦਿਆਲਪੁਰਾ, ਤਹਿਸੀਲ ਪੱਟੀ, ਤਰਨਤਾਰਨ-143304 | 28.07.2020/01.07.2023 / ਰੁ. 4,36,034.00 30.06.2020 ਨੂੰ ਲਾਗੂ ਵਿਆਜ ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਫੀਸਾਂ ਸਮੇਤ | ਪਿੰਡ ਦਿਆਲਪੁਰਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਵਿਖੇ ਸਥਿਤ 10 ਮਰਲੇ ਦੀ ਦੋ ਮੰਜ਼ਲੀ ਵਪਾਰਕ ਅਤੇ ਰਿਹਾਇਸ਼ੀ ਇਮਾਰਤ, ਜੋ ਕਿ 10K-19M ਦਾ 10/219 ਹਿੱਸਾ ਹੈ, ਜਿਸ ਵਿੱਚ ਖਾਤਾ ਖਤੌਨੀ ਨੰਬਰ 115/468, ਕਿਲ੍ਹਾ ਨੰਬਰ 12//16(7-7), 17/1(3-12) ਸ਼ਾਮਲ ਹੈ, ਸਾਲ 2002-2003 ਲਈ ਜਮਾਂਬੰਦੀ ਅਨੁਸਾਰ, ਸ੍ਰੀ ਦਿਲਬਾਗ ਸਿੰਘ, ਸ੍ਰੀ ਜਸਪਾਲ ਸਿੰਘ ਅਤੇ ਸ੍ਰੀ ਹਰਜਿੰਦਰ ਸਿੰਘ ਦੀ ਮਲਕੀਅਤ ਹੈ ਜੋ ਕਿ ਵਿਕਰੀ ਡੀਡ ਮਿਤੀ 05.05.2004 ਨੂੰ ਸਬ-ਰਜਿਸਟਰਾਰ ਪੱਟੀ ਦੇ ਦਫ਼ਤਰ ਵਿੱਚ ਰਜਿਸਟਰ ਕੀਤੀ ਗਈ ਸੀ ਅਤੇ ਟਾਈਟਲ ਡੀਡ ਅਨੁਸਾਰ ਹੱਦਬੰਦੀ ਪੂਰਬ: ਮਹਿੰਦਰ ਸਿੰਘ, ਪੱਛਮ: ਨਿਸ਼ਾਨ ਸਿੰਘ, ਉੱਤਰ: ਤਰਨ ਤਾਰਨ ਰੋਡ, ਦੱਖਣ: ਮਾਲਕ। ਸਰਸਾਈ ਸੰਪਤੀ: 200029288802 | ਰੁ. 5,48,774.00 | ਰੁ.26,75,000.00 / ਸੰਕੇਤਕ |

ਸਾਰੀਆਂ ਉਕਤ ਸੰਪੱਤੀਆਂ ਲਈ ਈ-ਨਿਲਾਮੀ ਦੀ ਮਿਤੀ ਅਤੇ ਸਮਾਂ : 29.05.2026 ਨੂੰ ਦੁਪਹਿਰ 12 ਵਜੇ ਤੋਂ ਬਾ. ਦੁ. 2 ਵਜੇ ਤੱਕ
ਸਾਰੀਆਂ ਉਕਤ ਸੰਪੱਤੀਆਂ ਲਈ ਬੋਲੀ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ ਅਤੇ ਸਮਾਂ : 28.05.2026 ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਦੇ ਵਿਚਾਲੇ
ਸਾਰੀਆਂ ਉਕਤ ਸੰਪੱਤੀਆਂ ਲਈ ਜਾਂਚ ਦੀ ਮਿਤੀ : 28.05.2026 ਨੂੰ ਸ਼ਾਮ 5 ਵਜੇ ਤੱਕ

ਮਿਤੀ : 27.04.2026 ਸਥਾਨ : ਤਰਨ ਤਾਰਨ ਅਧਿਕਾਰਤ ਅਧਿਕਾਰੀ

# ਸਿਆਸਤ 'ਚ ਵੱਡੇ ਖਲਾਅ ਨੂੰ ਨੌਜਵਾਨ ਹੀ ਭਰ ਸਕਦੇ ਨੇ : ਗਿ. ਹਰਪ੍ਰੀਤ ਸਿੰਘ



ਦਿੜ੍ਹਬਾ ਮੰਡੀ, 27 ਅਪ੍ਰੈਲ (ਸੁਖਵਿੰਦਰ ਸਿੰਘ ਵਿਰਕ): ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਸਮੇਂ ਰਾਜਨੀਤੀ ਦੇ ਵਿੱਚ ਇੱਕ ਵੱਡਾ ਖਿਲਾਫ ਪੈਦਾ ਹੋ ਚੁੱਕਿਆ ਹੈ ਇਸ ਨੂੰ ਪੂਰਾ ਕਰਨ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਹੈ। ਉਹ ਦਿੜ੍ਹਬਾ ਵਿਖੇ ਸੋਸ਼ਲ ਯੂਥ ਸਪੋਰਟਸ ਕਲੱਬ ਦਿੜ੍ਹਬਾ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਗੁਰਦੁਆਰਾ ਸਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਪਾਏ ਗਏ ਭੋਗ ਸਮੇਂ ਹਾਜ਼ਰੀ ਲਵਾਉਣ ਪਹੁੰਚੇ ਸਨ। ਉਹਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੌਜੂਦਾ ਸਮੇਂ ਦੇ ਅੰਦਰ ਰਾਜਨੀਤੀ ਬਹੁਤ ਹੀ ਨੀਚੇ ਪੱਧਰ ਤੇ ਪਹੁੰਚ ਚੁੱਕੀ ਹੈ ਇਸ ਦੇ ਨਾਲ ਇੱਕ ਬਹੁਤ ਵੱਡਾ ਪਾੜਾ ਰਾਜਨੀਤੀ ਦੇ ਵਿੱਚ ਆ ਗਿਆ ਹੈ ਇਸ ਨੂੰ ਸੁਧਾਰਨ ਦੇ ਲਈ ਨੌਜਵਾਨਾਂ ਨੂੰ ਅੱਗੇ ਆਉਣ ਦੀ ਅਪੀਲ ਕੀਤੀ ਤਾਂ ਕਿ ਉਹ ਹਰ ਖੇਤਰ ਦੇ ਵਿੱਚ ਚਾਹੇ ਉਹ ਧਾਰਮਿਕ ਖੇਤਰ ਹੋਵੇ ਜਾਂ ਸਮਾਜਿਕ ਖੇਤਰ ਹੋਵੇ ਉਸ ਦੇ ਅੰਦਰ ਸੁਧਾਰ ਕਰ ਸਕਦੇ ਹਨ। ਉਹਨਾਂ ਰਾਜਨੀਤੀ ਵਿੱਚ ਸੁਧਾਰ ਕਰਨ ਲਈ ਕਿਹਾ ਕਿ ਸਮੇਂ ਦੀ ਮੰਗ ਹੈ ਕਿ ਰਾਜਨੀਤਿਕ ਲੋਕਾਂ ਨੂੰ ਆਪਣੀ ਨੀਤੀ ਅਤੇ ਨੀਅਤ ਤੇ ਪਹਿਰਾ ਦੇਣਾ ਪਵੇਗਾ ਨੀਤੀ ਸਾਫ ਸੁਥਰੀ ਪਾਰਦਰਸ਼ੀ ਹੋਣੀ ਚਾਹੀਦੀ ਹੈ ਜਿਸ ਨੂੰ ਸਾਫ ਨੀਅਤ ਨਾਲ ਲੋਕਾਂ ਦੀ ਭਲਾਈ ਲਈ ਲਾਗੂ ਕਰਨਾ ਚਾਹੀਦਾ ਹੈ। ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਸਮਝੌਤਾ ਕੀਤੇ ਜਾਣ ਉੱਤੇ ਉਹਨਾਂ ਕਿਹਾ ਕਿ ਜੋ ਪੰਜਾਬ ਹਿਤੈਸ਼ੀ ਹਨ ਜਾਂ ਪੰਜਾਬ ਦਾ ਭਲਾ ਚਾਹੁੰਦੇ ਹਨ ਉਹ ਸਾਡੇ ਨਾਲ ਆਉਣ ਦਾ ਸਵਾਗਤ ਕੀਤਾ ਜਾਵੇਗਾ ਅਤੇ ਸਾਰੇ ਰਲ ਕੇ ਪੰਜਾਬ ਨੂੰ ਇੱਕ ਭਿਆਨਕ ਰਾਜਨੀਤੀ ਦੇ ਦੌਰ ਵਿੱਚੋਂ ਬਾਹਰ ਕੱਢਿਆ ਜਾਵੇ। ਗਿਆਨੀ ਹਰਪ੍ਰੀਤ ਸਿੰਘ ਨੇ ਮੁੱਖ ਮੰਤਰੀ ਦੀ ਦੌੜ ਬਾਰੇ ਪੁੱਛੇ ਗਏ ਸਵਾਲ ਉੱਤੇ ਜਵਾਬ ਦਿੰਦੇ ਹੋਏ ਕਿਹਾ ਕਿ ਉਹ ਪਹਿਲਾਂ ਵੀ ਸਪਸ਼ਟ ਕਰ ਚੁੱਕੇ ਹਨ ਕਿ ਉਹ ਕੋਈ ਵੀ ਚੋਣ ਨਹੀਂ ਲੜਨਗੇ ਇੱਥੋਂ ਤੱਕ ਕਿ ਉਹ ਐਮਸੀ ਜਾਂ ਸਰਪੰਚ ਦੀ ਚੋਣ ਵੀ ਨਹੀਂ ਲੜਨਗੇ। ਭਾਈ ਅੰਮ੍ਰਿਤਪਾਲ ਸਿੰਘ ਦੇ ਮੁੱਖ ਮੰਤਰੀ ਬਣਨ ਦੇ ਕੀਤੇ ਜਾ ਰਹੇ ਦਾਅਵੇ ਨੂੰ ਉਹਨਾਂ ਕਿਹਾ ਕਿ ਕੋਈ ਵੀ ਵਿਅਕਤੀ ਇਸ ਲੋਕਤੰਤਰ ਦੇ ਵਿੱਚ ਦਾਅਵਾ ਕਰ ਸਕਦਾ ਤੇ ਜਿੱਥੋਂ ਜੀ ਚਾਹੇ ਉਹ ਇਲੈਕਸ਼ਨ ਲੜ ਸਕਦਾ ਹੈ ਪਰ ਇਸ ਦਾ ਫੈਸਲਾ ਸਾਡੀ ਅੰਦਰੂਨੀ ਕਮੇਟੀ ਹੀ ਕਰੇਗੀ ਅਜੇ ਤੱਕ ਅਸੀਂ ਇਸ ਬਾਰੇ ਕੋਈ ਫੈਸਲਾ ਨਹੀਂ ਕੀਤਾ।

ਇਸ ਮੌਕੇ ਐਸਜੀਪੀਸੀ ਦੇ ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸੀਨੀਅਰ ਅਕਾਲੀ ਦਲ ਆਗੂ ਤੇਜਾ ਸਿੰਘ ਕਮਾਲਪੁਰ, ਕਰਨ ਕਮਾਣ ਕਨੇਡਾ, ਐਸਜੀਪੀਸੀ ਮੈਂਬਰ ਹਰਦੇਵ ਸਿੰਘ ਰੋਗਲਾ, ਰਾਮਪਾਲ ਸਿੰਘ ਬੈਣੀਵਾਲ , ਰਣਧੀਰ ਸਿੰਘ ਸਮੂਰਾਂ,ਸੁਖਜਿੰਦਰ ਸਿੰਘ ਸਿੰਦੜਾਂ, ਕਸ਼ਮੀਰ ਸਿੰਘ ਰੋੜੇਵਾਲ ਅਤੇ ਹੋਰ ਵਰਕਰ ਹਾਜ਼ਰ ਸਨ।

# ਐੱਸ.ਐੱਮ.ਓ. ਵੱਲੋਂ ਆਸ਼ਾ ਦਿਵਸ ਮੌਕੇ ਵਧੀਆ ਕਾਰਗੁਜ਼ਾਰੀ ਲਈ ਆਸ਼ਾ ਵਰਕਰ ਦਾ ਸਨਮਾਨ

ਨਵਾਂਸ਼ਹਿਰ, 27 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਸਿਵਲ ਸਰਜਨ ਡਾ ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਵਿਖੇ ਸੋਮਵਾਰ ਨੂੰ ਆਸ਼ਾ ਦਿਵਸ ਮਨਾਇਆ ਗਿਆ। ਇਸ ਮੌਕੇ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸ ਤ ਵਿੰ ਦ ਰ ਪਾ ਲ ਸਿੰਘ ਨੇ ਅਰਬਨ ਨਵਾਂਸ਼ਹਿਰ ਵਿੱਚ ਸਭ ਤੋਂ ਵਧੀਆ ਕੰਮ ਕਰਨ ਵਾਲੀ ਆਸ਼ਾ ਵਰਕਰ ਸ਼ੀਲਾ ਦੇਵੀ ਨੂੰ ਸਨਮਾਨਿਤ ਕੀਤਾ ਜਿਨ੍ਹਾਂ ਨੇ ਆਪਣੇ ਏਰੀਏ ਵਿੱਚ ਲੋਕਾਂ ਤੱਕ ਮਿਆਰੀ ਸਿਹਤ ਸੇਵਾਵਾਂ ਪਹੁੰਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਮੌਕੇ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਆਸ਼ਾ ਵਰਕਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਨੇ ਕਿਹਾ ਕਿ ਆਸ਼ਾ ਵਰਕਰਾਂ ਦੀ ਨਿਸ਼ਠਾ, ਸਮਰਪਣ ਅਤੇ ਮਿਹਨਤ ਨਾਲ ਹੀ ਸਰਕਾਰ ਦੀਆਂ ਸਿਹਤ ਯੋਜਨਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਦਾ ਹੈ। ਜੱਚਾ ਤੇ ਬੱਚਾ ਸਿਹਤ, ਟੀਕਾਕਰਨ, ਪਰਿਵਾਰ ਨਿਯੋਜਨ, ਵੈਕਟਰ ਬੋਰਨ ਡਿਜੀਜ ਕੰਟਰੋਲ ਪ੍ਰੋਗਰਾਮ ਵਰਗੀਆਂ ਯੋਜਨਾਵਾਂ ਵਿੱਚ ਆਸ਼ਾ ਵਰਕਰਾਂ ਦੀ ਭੂਮਿਕਾ ਬੇਮਿਸਾਲ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਇਹ ਸਨਮਾਨ ਹੋਰ ਵਰਕਰਾਂ ਲਈ ਪ੍ਰੇਰਣਾ ਸਰੋਤ ਬਣੇਗਾ ਅਤੇ ਉਹ ਹੋਰ ਵੀ ਉਤਸ਼ਾਹ ਨਾਲ ਆਪਣੀ ਸੇਵਾ ਜਾਰੀ ਰੱਖਣਗੀਆਂ। ਅੰਤ ਵਿੱਚ ਸਿਹਤ ਵਿਭਾਗ ਵੱਲੋਂ ਸਮੂਹ ਆਸ਼ਾ ਵਰਕਰਾਂ ਨੂੰ ਉਨ੍ਹਾਂ ਦੀ ਨਿਰੰਤਰ ਸੇਵਾ ਅਤੇ ਸਮਰਪਣ ਲਈ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਕੰਮ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਲ ਐੱਚ ਵੀ ਗਗਨਦੀਪ ਕੌਰ, ਸੂਚਨਾ ਸਹਾਇਕ ਅਮਨਦੀਪ ਕੌਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।



# ਹਰਮੀਤ ਸਿੰਘ ਕਾਲਕਾ ਵੱਲੋਂ ਜੱਸਾ ਸਿੰਘ ਰਾਮਗੜ੍ਹੀਆ ਦੀ ਯਾਦ ਨੂੰ ਸਮਰਪਿਤ ਐਵਾਰਡ ਸਮਾਰੋਹ ਲਈ ਸੁਖਦੇਵ ਸਿੰਘ ਰਿਐਤ ਦੀ ਸ਼ਲਾਘਾ

ਨਵੀਂ ਦਿੱਲੀ 27 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਹੈ ਕਿ ਸਿੱਖ ਬੰਧੂ ਵੈਲਫੇਅਰ ਟਰੱਸਟ ਵੱਲੋਂ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਏ 10ਵੇਂ ਐਵਾਰਡ ਸਮਾਰੋਹ ਕਰਵਾਇਆ ਗਿਆ। ਉਨਾਂ ਦਸਿਆ ਇਸ ਐਵਾਰਡ ਸਮਾਗਮ ਵਿੱਚ ਦਿੱਲੀ ਦੇ ਕੈਬਿਨਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮਨਜਿੰਦਰ ਸਿੰਘ ਸਿਰਸਾ ਨੇ ਆਪਣੇ ਸੰਬੋਧਨ ਵਿੱਚ ਸੁਖਦੇਵ ਸਿੰਘ ਰਿਐਤ ਪ੍ਰਧਾਨ ਆਲ ਇੰਡੀਆ ਰਾਮਗੜ੍ਹੀਆ ਵਿਸ਼ਕਰਮਾ ਫੈਡਰੇਸ਼ਨ ਵੱਲੋਂ ਐਵਾਰਡ ਸਮਾਰੋਹ ਕਰਵਾਉਣ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸਿੱਖ ਬੰਧੂ ਵੈਲਫੇਅਰ ਟਰੱਸਟ ਦੀਆਂ ਸਮਾਜਿਕ ਭਲਾਈ ਲਈ ਵਡਮੁੱਲੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਦਿੱਲੀ ਸਰਕਾਰ ਵੱਲੋਂ ਮਦਦ ਲਈ ਭਰੋਸਾ ਦਵਾਇਆ। ਸਰਦਾਰ ਹਰਮੀਤ ਸਿੰਘ ਕਾਲਕਾ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਆਪਣੇ ਸੰਬੋਧਨ ਵਿੱਚ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਦੇ ਪ੍ਰਧਾਨ ਸੁਖਦੇਵ ਸਿੰਘ ਰਿਐਤ ਦੀ ਅਗਵਾਈ ਵਿੱਚ ਬੜੀ ਸੁਚੱਜੀ ਯੋਜਨਾ ਨਾਲ ਆਯੋਜਿਤ ਐਵਾਰਡ ਸਮਾਰੋਹ ਕੀਤਾ ਗਿਆ, ਜਿਸ ਨਾਲ ਸੰਗਤ ਵਿੱਚ ਭਾਈਚਾਰੇ, ਸੇਵਾ ਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਹੈ। ਕਾਲਕਾ ਨੇ ਕਿਹਾ ਕਿ ਇਸ ਸਾਲ ਦਾ ਐਵਾਰਡ ਸਮਾਗਮ ਵਿਸ਼ੇਸ਼ ਤੌਰ 'ਤੇ ਮਹਾਨ ਯੋਧੇ ਤੇ ਦੂਰਦਰਸ਼ੀ ਆਗੂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਕੀਤਾ ਗਿਆ, ਜੋ ਸਿੱਖ ਕੌਮ ਲਈ ਬਹਾਦਰੀ ਅਤੇ ਅਟੱਲ ਆਤਮ-ਵਿਸ਼ਵਾਸ ਦਾ ਪ੍ਰਤੀਕ ਹਨ।



ਕਾਲਕਾ ਨੇ ਦੱਸਿਆ ਕਿ ਇਹ ਸਮਾਗਮ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਦੇ ਪ੍ਰਧਾਨ ਸੁਖਦੇਵ ਸਿੰਘ ਰਾਏਤ ਦੀ ਸੋਚਵੀਂ ਰਹਿਨੁਮਾਈ ਹੇਠ ਬੜੀ ਸੁਚੱਜੀ ਯੋਜਨਾ ਨਾਲ ਆਯੋਜਿਤ ਕੀਤਾ ਗਿਆ, ਜਿਸ ਨੇ ਸੰਗਤ ਵਿੱਚ ਭਾਈਚਾਰੇ, ਸੇਵਾ ਅਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਉਨ੍ਹਾਂ ਨੇ ਐਵਾਰਡ ਸਮਾਰੋਹ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਮਹਤਵਪੂਰਨ ਯੋਗਦਾਨ ਲਈ ਸਾਰੇ ਸਨਮਾਨਿਤ ਵਿਅਕਤੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਨਿਸ਼ਕਾਮ ਸੇਵਾ ਅਤੇ ਸਮਾਜ ਪ੍ਰਤੀ ਅਟੁੱਟ ਵਚਨਬੱਧਤਾ ਸਾਨੂੰ ਸਾਰਿਆਂ ਨੂੰ ਪ੍ਰੇਰਿਤ ਕਰਦੀ ਹੈ।

ਹਰਮੀਤ ਸਿੰਘ ਕਾਲਕਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਦੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹੋਰ ਸਮਾਜਿਕ ਸੰਸਥਾਵਾਂ ਇਕਜੁੱਟ ਹੋ ਕੇ ਭਲਾਈ ਤੇ ਤਰੱਕੀ ਦੇ ਸਾਂਝੇ ਵਿਜ਼ਨ ਨਾਲ ਕੰਮ ਕਰਦੀਆਂ ਹਨ, ਤਾਂ ਪੰਥ ਅਤੇ ਸਮਾਜ ਲਈ ਪ੍ਰਾਪਤੀਆਂ ਦੀ ਕੋਈ ਹੱਦ ਨਹੀਂ ਰਹਿੰਦੀ। ਉਨ੍ਹਾਂ ਨੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੇਰਣਾਦਾਇਕ ਸਮਾਗਮਾਂ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਉਪਰਾਲੇ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਸੇਵਾ ਦੇ ਰਾਹ 'ਤੇ ਅੱਗੇ ਵੱਧਣ ਲਈ ਪ੍ਰੇਰਿਤ ਕਰਦੇ ਹਨ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਣਜੀਤ ਕੌਰ ਨੇ ਸਮਾਗਮ ਵਿਚ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸਰਦਾਰ ਤਰਲੋਚਨ ਸਿੰਘ ਸਾਬਕਾ ਮੈਂਬਰ ਰਾਜ ਸਭਾ,ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਜਗਦੀਪ ਸਿੰਘ ਕਾਹਲੋਂ, ਬਲਵਿੰਦਰ ਸਿੰਘ ਮੁਲਤਾਨੀ ਪ੍ਰਧਾਨ ਉ.ਬੀ.ਸੀ ਫੈਡਰੇਸ਼ਨ,ਵੱਡੀ ਗਿਣਤੀ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਤੇ ਸਮਾਜ ਦੇ ਵੱਖ ਵੱਖ ਖੇਤਰਾਂ ਦੀਆਂ ਸ਼ਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ।

# ਐਸ.ਐਫ਼.ਸੀ. ਪਬਲਿਕ ਸਕੂਲ 'ਚ ਕਹਾਣੀ ਦਿਵਸ ਮੌਕੇ ਸੁਣਾਈਆਂ ਪ੍ਰੇਰਨਾਦਾਇਕ ਕਹਾਣੀਆਂ

ਮੋਗਾ, 27 ਅਪ੍ਰੈਲ (ਨਿਸ਼ੀ ਮਨਚੰਦਾ): ਸ਼ਹਿਰ ਦੀ ਪ੍ਰਮੁੱਖ ਸੰਸਥਾ ਐਸ ਐਫਸੀ ਪਬਲਿਕ ਸਕੂਲ ਵਿੱਚ ਕਹਾਣੀ ਵਾਚਨ ਦਿਵਸ ਮੌਕੇ ਪ੍ਰੇਰਨਾਦਾਇਕ ਕਹਾਣੀਆਂ ਸੁਣਾਈਆਂ ਗਈਆਂ, ਜਿਵੇਂ ਸਫਲਤਾ ਦਾ ਰਾਜ,ਅਭਿਆਸ ਦਾ ਮਹੱਤਵ, ਅਭਿਨਵ ਬਿੰਦਰਾ, ਡਾਕਟਰ ਏ, ਪੀ ਜੀ ਅਬਦੁਲ ਕਲਾਮ ਆਦਿ, ਉਹ ਬੱਚਿਆਂ ਨੂੰ ਕਹਾਣੀ ਸੁਣਾਉਣ ਦਾ ਮੁੱਖ ਉਦੇਸ਼ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਪ੍ਰੇਰਤ ਕਰਨਾ ਹੈ, ਐਸਐਫਸੀ ਪਬਲਿਕ ਸਕੂਲ ਵਿੱਚ ਬੱਚਿਆਂ ਨੂੰ ਦੱਸਿਆ ਗਿਆ ਕਹਾਣੀਆਂ ਦੇ ਪਾਤਰ ਬਚਪਨ ਤੋਂ ਹੀ ਆਪਣੇ ਟੀਚੇ ਲਈ ਪੱਕੇ ਸਨ, ਬੱਚਿਆਂ ਵਿੱਚ ਕਲਾ ਕੌਸ਼ਲ, ਭਾਸ਼ਾ ਕੌਸ਼ਲ ਤੇ ਸੁਣਨ ਦੀ ਸ਼ਕਤੀ ਦੀ ਭਾਵਨਾ ਦਾ ਵਿਕਾਸ ਹੁੰਦਾ ਹੈ, ਸੀ ਐਮ ਡੀ ਅਭਿਸ਼ੇਕ ਜਿੰਦਲ ਨੇ ਕਿਆ ਕੇ ਕਹਾਣੀਆਂ ਦਾ ਮਨੁੱਖੀ ਜੀਵਨ ਵਿੱਚ ਬਹੁਤ ਮਹੱਤਵ ਹੈ, ਬੱਚਿਆਂ ਨੇ ਖੁਦ ਕਹਾਣੀਆਂ ਦੇ ਕਿਰਦਾਰ ਨਿਭਾਏ,ਅਤੇ ਬਹੁਤ ਆਨੰਦ ਉਠਾਇਆ, ਐਚਐਮ ਸਰਿਤਾ ਅਰੋੜਾ ਵੱਲੋਂ ਵੀ ਬੱਚਿਆਂ ਨੂੰ ਕਹਾਣੀਆਂ ਦਾ ਮਹੱਤਵ ਸਮਝਾਇਆ ਗਿਆ , ਉਹਨਾਂ ਨੇ ਕਿਹਾ ਕਿ ਕਹਾਣੀਆਂ ਵਿੱਚ ਕੁਝ ਸਿੱਖਿਆਵਾਂ ਲੁਕੀਆਂ ਹੁੰਦੀਆਂ ਹਨ, ਜੋ ਸਾਨੂੰ ਜ਼ਿੰਦਗੀ ਵਿੱਚ ਅਗਾਹਵਧੂ ਸੋਚ ਲਈ ਪ੍ਰੇਰਿਤ ਕਰਦੀਆਂ ਹਨ, ਅੱਜ ਦਾ ਇਹ ਅਨੁਭਵ ਬੱਚਿਆਂ ਲਈ ਅਨੰਦ ਭਰਪੂਰ ਤੇ ਸੁਖਦ ਰਿਹਾ।




# ਪੰਜਾਬ ਨੈਸ਼ਨਲ ਬੈਂਕ ਚੰਡੀਗੜ੍ਹ ਸਰਕਲ ਵਿਖੇ ਐਮ.ਐਸ.ਐਮ.ਈ. ਆਊਟਰੀਚ ਪ੍ਰੋਗਰਾਮ ਅੱਜ




ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.): ਸੈਕਟਰ 31, ਚੰਡੀਗੜ੍ਹ ਵਿਖੇ ਇੱਕ ਵਿਸ਼ੇਸ਼ ਐਮ.ਐਸ.ਐਮ. ਈ. ਆਊਟਰੀਚ ਪ੍ਰੋਗਰਾਮ ਦਾ ਆਯੋਜਨ ਕਰ ਰਿਹਾ ਹੈ, ਤਾਂ ਜੋ ਐਮ.ਐਸ.ਐਮ. ਈ. ਸੈਕਟਰ ਨੂੰ ਉਤਸ਼ਾਹਿਤ ਕੀਤਾ ਜਾ ਸਕੇ ਤੇ ਉੱਦਮੀਆਂ ਨੂੰ ਬੈਂਕਿੰਗ ਸਹੂਲਤਾਂ ਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾ ਸਕੇ। ਇਸ ਪ੍ਰੋਗਰਾਮ ਵਿੱਚ ਆਸ਼ੀਸ਼ ਚਤੁਰਵੇਦੀ, ਚੰਡੀਗੜ੍ਹ ਜ਼ੋਨਲ ਮੈਨੇਜਰ, ਸੰਜੀਵ ਕੁਮਾਰ ਧੂਪਰ, ਮੁੱਖ ਦਫਤਰ ਤੋਂ ਮੁੱਖ ਜਨਰਲ ਮੈਨੇਜਰ ਤੇ ਦੀਪਰਾ ਲਾਕੜਾ, ਵਿੱਤ ਸਕੱਤਰ, ਚੰਡੀਗੜ੍ਹ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਉਹ ਭਾਗੀਦਾਰਾਂ ਦੀਆਂ ਚਿੰਤਾਵਾਂ ਨੂੰ ਸੰਬੋਧਿਤ ਕਰਨਗੇ ਅਤੇ ਢੁਕਵੇਂ ਵਿੱਤੀ ਵਿਕਲਪਾਂ ਬਾਰੇ ਮਾਰਗਦਰਸ਼ਨ ਪ੍ਰਦਾਨ ਕਰਨਗੇ।

ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਐਮ.ਐਸ.ਐਮ. ਈ. ਉੱਦਮੀਆਂ, ਉੱਦਮੀਆਂ ਤੇ ਸਟਾਰਟਅੱਪਸ ਵਿੱਚ ਵਿੱਤੀ ਸਹਾਇਤਾ, ਕਰਜ਼ਾ ਸਕੀਮਾਂ, ਡਿਜੀਟਲ ਬੈਂਕਿੰਗ ਸੇਵਾਵਾਂ ਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਐਮ.ਐਸ.ਐਮ.ਈ. ਸੈਕਟਰ ਦੇ ਵਿਕਾਸ, ਆਤਮਨਿਰਭਰ ਭਾਰਤ ਅਭਿਆਨ ਨੂੰ ਮਜ਼ਬੂਤ ਕਰਨ ਅਤੇ ਸਥਾਨਕ ਉੱਦਮੀਆਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਪੰਜਾਬ ਨੈਸ਼ਨਲ ਬੈਂਕ ਸਾਰੇ ਦਿਲਚਸਪੀ ਰੱਖਣ ਵਾਲੇ ਉੱਦਮੀਆਂ ਅਤੇ ਕਾਰੋਬਾਰੀਆਂ ਨੂੰ ਇਸ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਅਤੇ ਬੈਂਕ ਦੀਆਂ ਸਕੀਮਾਂ ਦਾ ਲਾਭ ਉਠਾਉਣ ਦੀ ਅਪੀਲ ਕਰਦਾ ਹੈ।

# ਲੁਧਿਆਣਾ ਸਰਕਲ ਵਿਖੇ ਪੀਐਨਬੀ ਮੈਗਾ ਐਮ.ਐਸ. ਐਮ.ਈ. ਆਊਟਰੀਚ ਪ੍ਰੋਗਰਾਮ ਕਰਵਾਏ



ਮੂਨਕ, 27 ਅਪ੍ਰੈਲ (ਸਮਸ਼ੇਰ ਸਿੰਘ ਭੁਟਾਲ): ਸਿਵਲ ਸਰਜਨ ਸੰਗਰੂਰ ਡਾ ਅਮਰਜੀਤ ਕੌਰ ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ ਰਮਨਦੀਪ ਕੌਰ ਤੇ ਡਾ ਉਪਾਸਨਾ ਬਿੰਦਰਾ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ (ਕਾਰਜਕਾਰੀ) ਮੂਨਕ ਡਾ ਸੁਖਲੀਨ ਕੌਰ ਦੀ ਯੋਗ ਅਗਵਾਈ ਅਤੇ ਸੀਨੀਅਰ ਇੰਸਪੈਕਟਰ ਅਸ਼ੋਕ ਕੁਮਾਰ ਪ੍ਰਾਇਮਰੀ ਹੈਲਥ ਸੈਂਟਰ ਮੂਨਕ ਦੀ ਸੁਪਰਵੀਜ਼ਨ ਵਿੱਚ ਸੈਂਟ ਮੈਰੀ ਪਬਲਿਕ ਸਕੂਲ ਚੂੜਲ ਕਲਾਂ (ਸਿਹਤ ਸਬ ਸੈਂਟਰ ਚੂੜਲ ਕਲਾਂ)ਵਿਖੇ ਮਲੇਰੀਆ ਦਿਵਸ ਮਨਾਇਆ ਗਿਆ। ਇਸ ਮੌਕੇ ਸਿਧਾਰਥ ਕੁਮਾਰ ਮਲਟੀਪਰਪਜ਼ ਹੈਲਥ ਵਰਕਰ( ਮੇਲ)ਚੂੜਲ ਕਲਾਂ ਅਤੇ ਸੁਰਿੰਦਰ ਸਿੰਘ ਜੋਸ਼ੀ ਮਲਟੀਪਰਪਜ਼ ਹੈਲਥ ਵਰਕਰ (ਮੇਲ ) ਸਿਹਤ ਸਬ ਸੈਂਟਰ ਚੋਟੀਆ ਨੇ ਬੱਚਿਆਂ ਨੂੰ ਮਲੇਰੀਆ ਤੋਂ ਬਚਾਅ ਲਈ ਸਰਲ ਤਰੀਕੇ ਨਾਲ ਜਾਣਕਾਰੀ ਸਾਂਝੀ ਕੀਤੀ। ਉਹਨਾਂ ਕਿਹਾ ਕਿ ਮਲੇਰੀਆ ਬੁਖਾਰ ਵਿੱਚ ਠੰਡ ਲੱਗਦੀ ਹੈ। ਅਤੇ ਬੁਖਾਰ ਉਤਰਨ ਤੋਂ ਬਾਅਦ ਪਸੀਨਾ ਆਂਦਾ ਹੈ। ਇਹ ਬਿਮਾਰੀ ਮੱਛਰਾਂ ਮਾਂਦਾ ਐਨਾਫਲੀਜ਼ ਦੇ ਕੱਟਣ ਨਾਲ ਫੈਲਦੀ ਹੈ। ਜੋ ਕਿ ਸਾਫ਼ ਖੜੇ ਪਾਣੀ ਵਿੱਚ ਪੈਦਾ ਹੁੰਦੇ ਹਨ। ਇਸ ਲਈ ਸਾਨੂੰ ਆਪਣੇ ਘਰਾਂ ਅਤੇ ਆਲੇ ਦੁਆਲੇ ਕੀਤੇ ਵੀ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ। ਕੂਲਰਾਂ ਗਮਲੇ, ਫਰਿਜਾਂ ਦੇ ਪਿਛਲੇ ਪਾਸੇ ਨੀਚੇ ਪਾਣੀ ਵਾਲੀ ਟਰੇ, ਕਵਾੜ ਬਰਤਨ, ਪੁਰਾਣੇ ਟਾਇਰ, ਟੁੱਟੇ ਬੁਝੇ ਭਾਂਡੇ ਅਤੇ ਹੋਰ ਪਾਣੀ ਵਾਲੀ ਜਗ੍ਹਾਵਾਂ ਦੀ ਨੀਮਤ ਸਫਾਈ ਕਰਨੀ ਚਾਹੀਦੀ ਹੈ। ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ ਬੁਖਾਰ ਹੋਣ ਤੇ ਨੇੜੇ ਦੀ ਸਿਹਤ ਸੰਸਥਾ ਜਾਂ ਸਰਕਾਰੀ ਹਸਪਤਾਲ ਨਾਲ ਸੰਪਰਕ ਕਰੋ।ਮਲੇਰੀਏ ਬੁਖਾਰ ਦਾ ਟੈਸਟ ਅਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਜ਼ਿਕਰਯੋਗ ਯੋਗ ਹੈ ।ਕਿ ਵਿਸ਼ਵ ਮਲੇਰੀਆ ਦਿਵਸ਼ ਹਰੇਕ ਸਾਲ 25 ਅਪ੍ਰੈਲ ਨੂੰ ਵਿਸ਼ਵ ਸਿਹਤ ਸੰਗਠਨ ਦੁਆਰਾ ਜਾਰੀ ਥੀਮ ਅਨੁਸਾਰ ਸਿਹਤ ਸੰਸਥਾਵਾਂ ਵਿੱਚ ਮਨਾਇਆ ਜਾਂਦਾ ਹੈ।ਇਸ ਮੌਕੇ ਸੀਨੀਅਰ ਇੰਸਪੈਕਟਰ ਕਸਤੂਰੀ ਲਾਲ, ਅਮਰਿੰਦਰ ਸਿੰਘ ਮੈਨੇਜਿੰਗ ਡਾਇਰੈਕਟਰ, ਪੂਜਾ ਪ੍ਰਿੰਸੀਪਲ ਤੇ ਮੰਗਤ ਸਿੰਘ ਹਾਜ਼ਰ ਸਨ।

# ਸਿੱਖ ਬੰਧੂ ਟਰੱਸਟ ਵੱਲੋਂ ਜਸਪ੍ਰੀਤ ਸਿੰਘ ਕਰਮਸਰ ਨੂੰ ਸਰਵੋਤਮ ਮੈਂਬਰ ਐਵਾਰਡ



ਨਵੀਂ ਦਿੱਲੀ, 27 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੂੰ ਸਿੱਖ ਬੰਧੂ ਵੈਲਫੇਅਰ ਟਰੱਸਟ ਵੱਲੋਂ ਸਾਲ 2026 ਦੇ ਸਰਵੋਤਮ ਮੈਂਬਰ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਵੀ ਮੌਜੂਦ ਰਹੇ। ਸੰਸਥਾ ਦੇ ਮੁਖੀ ਸੁਖਦੇਵ ਸਿੰਘ ਰਯਾਤ ਤੇ ਉਨ੍ਹਾਂ ਦੀ ਟੀਮ ਵੱਲੋਂ ਜਸਪ੍ਰੀਤ ਸਿੰਘ ਕਰਮਸਰ ਨੂੰ ਉਨ੍ਹਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਲਈ ਇਸ ਸਾਲ ਦੇ ਸਰਵੋਤਮ ਮੈਂਬਰ ਸਨਮਾਨ ਨਾਲ ਨਿਵਾਜਿਆ ਗਿਆ। ਜਸਪ੍ਰੀਤ ਸਿੰਘ ਕਰਮਸਰ ਨੇ ਸੁਖਦੇਵ ਸਿੰਘ ਰਯਾਤ ਅਤੇ ਸਿੱਖ ਬੰਧੂ ਵੈਲਫੇਅਰ ਟਰੱਸਟ ਦੀ ਸਮੂਹ ਟੀਮ ਦਾ ਧੰਨਵਾਦ ਪ੍ਰਗਟ ਕੀਤਾ।

ਸੰਸਥਾ ਦੇ ਮੁਖੀ ਸੁਖਦੇਵ ਸਿੰਘ ਰਯਾਤ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਹਰ ਸਾਲ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਵਸ ਨੂੰ ਸਮਰਪਿਤ ਐਵਾਰਡ ਸਮਾਰੋਹ ਕਰਵਾ ਕੇ ਸਮਾਜ ਵਿੱਚ ਬਿਹਤਰ ਸੇਵਾਵਾਂ ਦੇਣ ਵਾਲੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕਰਦੀ ਹੈ। ਇਸ ਵਾਰ ਰਾਮਗੜ੍ਹੀਆ ਰਤਨ ਐਵਾਰਡ ਸਾਬਕਾ ਰਾਜ ਸਭਾ ਮੈਂਬਰ ਤਰਲੋਚਨ ਸਿੰਘ ਨੂੰ ਦਿੱਤਾ ਗਿਆ, ਜਦਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਧਰਮ ਪ੍ਰਚਾਰ ਦੇ ਚੇਅਰਮੈਨ ਵਜੋਂ ਬਿਹਤਰ ਸੇਵਾਵਾਂ ਲਈ ਜਸਪ੍ਰੀਤ ਸਿੰਘ ਕਰਮਸਰ ਨੂੰ ਸਰਵੋਤਮ ਮੈਂਬਰ ਐਵਾਰਡ ਨਾਲ ਨਿਵਾਜਿਆ ਗਿਆ। ਉਨ੍ਹਾਂ ਕਿਹਾ ਕਿ ਜਸਪ੍ਰੀਤ ਸਿੰਘ ਕਰਮਸਰ ਵੱਲੋਂ ਧਰਮ ਪ੍ਰਚਾਰ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ। ਦਿੱਲੀ ਹੀ ਨਹੀਂ, ਸਗੋਂ ਹੋਰ ਰਾਜਾਂ ਵਿੱਚ ਵੀ ਗਰਮੀ ਦੀਆਂ ਛੁੱਟੀਆਂ ਦੌਰਾਨ ਗੁਰਮਤ ਕੈਂਪ ਲਗਾਏ ਗਏ, ਜਿਨ੍ਹਾਂ ਵਿੱਚ ਹਜ਼ਾਰਾਂ ਬੱਚਿਆਂ ਨੇ ਭਾਗ ਲੈ ਕੇ ਗੁਰਮਤ ਦਾ ਗਿਆਨ ਹਾਸਲ ਕੀਤਾ। ਦਿੱਲੀ ਦੇ ਵੱਖ ਵੱਖ ਖੇਤਰਾਂ ਵਿੱਚ ਧੰਨ ਲਿਖਾਰੀ ਨਾਨਕ ਵਰਗੇ ਵੱਡੇ ਸਮਾਗਮ, ਕੀਰਤਨ ਦਰਬਾਰ ਤੇ ਅੰਮ੍ਰਿਤ ਸੰਚਾਰ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਰਾਹੀਂ ਲੋਕ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣ ਰਹੇ ਹਨ। ਜੋ ਨੌਜਵਾਨ ਸਿੱਖੀ ਤੋਂ ਦੂਰ ਹੋ ਕੇ ਪਤਿਤਪੁਣੇ ਵੱਲ ਵੱਧ ਰਹੇ ਹਨ, ਉਨ੍ਹਾਂ ਨੂੰ ਵਾਪਸ ਸਿੱਖੀ ਨਾਲ ਜੋੜਨ ਲਈ ਵੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਤੋਂ ਇਲਾਵਾ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਮਹਾਂਸਚਿਵ ਜਗਦੀਪ ਸਿੰਘ ਕਾਹਲੋਂ ਤੇ ਜਸਪ੍ਰੀਤ ਸਿੰਘ ਕਰਮਸਰ ਦੇ ਵਿਸ਼ੇਸ਼ ਯਤਨਾਂ ਨਾਲ ਅੰਮ੍ਰਿਤਧਾਰੀ ਪਰਿਵਾਰਾਂ ਦੇ ਬੱਚਿਆਂ ਲਈ ਫੀਸ ਮੁਆਫ਼ੀ ਦੀ ਸਹੂਲਤ ਵੀ ਦਿੱਤੀ ਜਾ ਰਹੀ ਹੈ। ਬੀਤੇ ਦਿਨੀਂ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਸਹਿਜ ਪਾਠ ਦੀ ਲੜੀ ਚਲਾਈ ਗਈ ਸੀ, ਜਿਸ ਵਿੱਚ ਲੱਖਾਂ ਲੋਕਾਂ ਨੇ ਜੁੜ ਕੇ ਸਹਿਜ ਪਾਠ ਕੀਤਾ। ਇਨ੍ਹਾਂ ਸਾਰੇ ਕਾਰਜਾਂ ਨੂੰ ਧਿਆਨ ਵਿੱਚ ਰੱਖਦਿਆਂ ਹੀ ਜਸਪ੍ਰੀਤ ਸਿੰਘ ਕਰਮਸਰ ਨੂੰ ਇਸ ਸਾਲ ਦਾ ਸਰਵੋਤਮ ਮੈਂਬਰ ਚੁਣਿਆ ਗਿਆ।

# ਬੰਗਾਲ 'ਚ ਬਦਲਾਅ ਦੀ ਲਹਿਰ, 4 ਮਈ ਨੂੰ ਭਾਜਪਾ ਦੀ ਬਹੁਮਤ ਸਰਕਾਰ ਬਣਨਾ ਤੈਅ : ਬੀਬਾ ਰਾਮੂਵਾਲੀਆ

ਚੰਡੀਗੜ੍ਹ, 27 ਅਪ੍ਰੈਲ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਦੀ ਨੈਸ਼ਨਲ ਐਗਜ਼ੀਕਿਊਟਿਵ ਕਮੇਟੀ ਮੈਂਬਰ ਬੀਬਾ ਅਮਨਜੋਤ ਕੌਰ ਰਾਮੂਵਾਲੀਆ ਨੇ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਵਿੱਚ ਹੋਏ ਰਿਕਾਰਡ ਮਤਦਾਨ ਨੂੰ ਲੋਕਤੰਤਰ ਦੀ ਮਜ਼ਬੂਤੀ ਦਾ ਪ੍ਰਤੀਕ ਦੱਸਦਿਆਂ ਕਿਹਾ ਕਿ ਇਸ ਵਾਰ ਬੰਗਾਲ ਦੀ ਜਨਤਾ ਨੇ ਬਦਲਾਅ ਦੇ ਹੱਕ ਵਿੱਚ ਖੁੱਲ੍ਹ ਕੇ ਵੋਟ ਪਾਈ ਹੈ। ਪੱਛਮੀ ਬੰਗਾਲ ਦੀਆਂ 294 ਵਿਧਾਨ ਸਭਾ ਸੀਟਾਂ ਲਈ ਚੱਲ ਰਹੀ ਵੋਟਿੰਗ ਦੌਰਾਨ ਭਾਜਪਾ ਦੇ ਹੱਕ ਵਿੱਚ ਵਧਦਾ ਜਨ ਸਮਰਥਨ ਸਾਫ਼ ਨਜ਼ਰ ਆ ਰਿਹਾ ਹੈ। ਬੀਬਾ ਰਾਮੂਵਾਲੀਆ ਨੇ ਕਿਹਾ ਕਿ ਪਹਿਲੇ ਪੜਾਅ ਵਿੱਚ ਵੱਡੀ ਗਿਣਤੀ 'ਚ ਵੋਟਰਾਂ ਦੀ ਭਾਗੀਦਾਰੀ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਲੋਕ ਹੁਣ ਤ੍ਰਿਣਮੂਲ ਕਾਂਗਰਸ ਦੀ ਭ੍ਰਿਸ਼ਟ ਤੇ ਹਿੰਸਕ ਰਾਜਨੀਤੀ ਤੋਂ ਤੰਗ ਆ ਚੁੱਕੇ ਹਨ ਤੇ ਉਹ ਵਿਕਾਸ, ਸੁਰੱਖਿਆ ਤੇ ਸੁਸ਼ਾਸਨ ਲਈ ਭਾਜਪਾ ਨੂੰ ਚੁਣਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੇ ਪੱਛਮੀ ਬੰਗਾਲ ਵਿੱਚ ਘਰ-ਘਰ ਤੱਕ ਪਹੁੰਚ ਕਰਕੇ ਲੋਕਾਂ ਦੇ ਦਿਲਾਂ ਵਿੱਚ ਆਪਣੀ ਥਾਂ ਬਣਾਈ ਹੈ ਤੇ ਮਹਿਲਾਵਾਂ, ਨੌਜਵਾਨਾਂ, ਕਿਸਾਨਾਂ ਤੇ ਆਮ ਵਰਗ ਨੇ ਇਸ ਵਾਰ ਭਾਜਪਾ ਨੂੰ ਖੁੱਲ੍ਹਾ ਸਮਰਥਨ ਦਿੱਤਾ ਹੈ। ਉਨ੍ਹਾਂ ਭਰੋਸਾ ਜਤਾਇਆ ਕਿ 4 ਮਈ ਨੂੰ ਪੱਛਮੀ ਬੰਗਾਲ ਵਿੱਚ ਭਾਜਪਾ ਪੂਰੇ ਬਹੁਮਤ ਨਾਲ ਆਪਣੀ ਸਰਕਾਰ ਬਣਾਉਣ ਜਾ ਰਹੀ ਹੈ। ਬੀਬਾ ਅਮਨਜੋਤ ਕੌਰ ਰਾਮੂਵਾਲੀਆ ਨੇ ਕਿਹਾ ਕਿ ਬੰਗਾਲ ਦੀ ਜਨਤਾ ਇਸ ਵਾਰ ਡਰ ਤੇ ਭ੍ਰਿਸ਼ਟਾਚਾਰ ਦੀ ਰਾਜਨੀਤੀ ਨੂੰ ਖਤਮ ਕਰਕੇ ਵਿਕਾਸ ਦੀ ਨਵੀਂ ਦਿਸ਼ਾ ਵੱਲ ਕਦਮ ਵਧਾਏਗੀ ਤੇ ਭਾਜਪਾ ਦੀ ਸਰਕਾਰ ਰਾਜ ਨੂੰ ਤਰੱਕੀ ਦੇ ਨਵੇਂ ਰਾਹ 'ਤੇ ਲੈ ਕੇ ਜਾਵੇਗੀ।




## ਪੰਜਾਬ ਸਰਕਾਰ — ਟੈਂਡਰ ਸੂਚਨਾ

| ਲੜੀ ਨੰ. | ਵਿਭਾਗ ਦਾ ਨਾਮ | ਕੰਮ ਦਾ ਨਾਮ/ਸੂਚਨਾ/ਟੈਂਡਰ | ਖੁੱਲ੍ਹਣ ਦੀ ਮਿਤੀ/ ਬੰਦ ਹੋਣ ਦੀ ਮਿਤੀ | ਰਕਮ/ ਈ.ਐਮ.ਡੀ. (ਅਨੁਮਾਨਤ) ਲੱਖਾਂ ਵਿੱਚ | ਨੋਡਲ ਅਫ਼ਸਰ/ਸੰਪਰਕ ਵੇਰਵੇ/ਈਮੇਲ |
|---|---|---|---|---|---|
| 1. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਿਵੀਜ਼ਨ ਨੰਬਰ 1 ਚੰਡੀਗੜ੍ਹ ਵਿਖੇ | 1. ਡੀਸਿਲਟਿੰਗ, PH 4,5, 322, ਮੋਹਾਲੀ 2. ਡੀਸਿਲਟਿੰਗ, PH 9,10,11 ਅਤੇ SEC 48-3, ਮੋਹਾਲੀ 3. ਡੀਸਿਲਟਿੰਗ, PH-1 ਤੋਂ 7, 9 ਤੋਂ 11. SEC-483, 70 ਅਤੇ 71, ਮੋਹਾਲੀ 4. ਡੀਸਿਲਟਿੰਗ, PH-7, 321, SEC-70, 71 ਅਤੇ ਪਿੰਡ ਮੋਹਾਲੀ | 25.04.2026<br>05.05.2026 | 69.29 ਹਜ਼ਾਰ | 9872519223<br>eegwd1@yahoo.in |
| 2. | ਕਾਰਜਕਾਰੀ ਇੰਜੀਨੀਅਰ, ਕੰਢੀ ਨਹਿਰ-3, ਜਲ ਸਰੋਤ ਵਿਭਾਗ, ਪੰਜਾਬ, ਹੁਸ਼ਿਆਰਪੁਰ | ਕੰਡੀ ਨਹਿਰ ਸਟੇਜ-2 ਹੁਸ਼ਿਆਰਪੁਰ ਦੇ ਆਰਡੀ 85200 ਮੀਟਰ 'ਤੇ ਰੋਗਰੋਂ ਲਿਫਟ ਸਿੰਚਾਈ ਯੋਜਨਾ ਦੇ ਜ਼ਿਲ੍ਹਾ ਨੰਬਰ 1 ਦੀ ਧੋਤੇ ਗਏ UPVC ਅੰਡਰਗਰਾਊਂਡ ਪਾਈਪਲਾਈਨ ਦੀ ਬਹਾਲੀ ਲਈ ਅਨੁਮਾਨ | 20.04.2026<br>30.04.2026 | 8.34 ਹਜ਼ਾਰ | 9646843843<br>ee.mech.dwr.hsp@punjab.gov.in |
| 3. | ਕਾਰਜਕਾਰੀ ਇੰਜੀਨੀਅਰ, ਭਾਖੜਾ ਮੇਨ ਲਾਈਨ ਨਹਿਰ ਅਤੇ ਭੂਮੀਗਤ ਜਲ ਵਿਭਾਗ, ਡਬਲਿਊਆਰਡੀ, ਪਟਿਆਲਾ | ਪਿੰਡ ਬੱਲਾਂ ਜ਼ਿਲ੍ਹਾ ਰੋਪੜ ਵਿਖੇ ਗੈਰ-ਕਾਰਜਸ਼ੀਲ ਰੈਸਟ ਹਾਊਸਾਂ ਨੂੰ ਕਿਰਾਏ 'ਤੇ ਦੇਣਾ | 27.04.2026<br>14.05.2026 | 30.00 ਹਜ਼ਾਰ | 9217955584<br>xenbml@gmail.com |
| 4. | ਕਾਰਜਕਾਰੀ ਇੰਜੀਨੀਅਰ/ਪਟਿਆਲਾ ਡਰੇਨੇਜ-ਕਮ-ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਡਬਲਿਊਆਰਡੀ, ਪੰਜਾਬ, ਪਟਿਆਲਾ | ਪਿੰਡ ਮਹਿਦੂਦਾ ਬੰਨ੍ਹ ਆਰਡੀ 5000, 4500 ਪਿੰਡ ਮਹਿਦੂਦਾ ਅਤੇ ਘੱਗਰ ਦਰਿਆ ਦੇ ਵੱਖ-ਵੱਖ ਸਥਾਨਾਂ 'ਤੇ ਪਚੀਸਦਾਰਾ ਨਾਲੇ ਦੀ ਸਫਾਈ, ਨੇੜਲੇ ਆਬਦੀਆਂ ਅਤੇ ਖੇਤੀਬਾੜੀ ਜ਼ਮੀਨ ਨੂੰ ਬਚਾਉਣ ਲਈ ਜ਼ਿਲ੍ਹਾ ਪਟਿਆਲਾ | 25.04.2026<br>05.05.2026 | 10.00 ਲੱਖ | 9356900010<br>eedrg.dwr.ptl@punjab.gov.in |
| 5. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਬਰਨਾਲਾ | ਪਿੰਡ ਧੂਰਕੋਟ (ਲਾਗਤ 159.86 ਲੱਖ), ਬਦਰਾ (ਲਾਗਤ 92.62 ਲੱਖ), ਨੰਗਲ (ਲਾਗਤ 5.57 ਲੱਖ) ਲਈ ਪਾਣੀ ਦੀ ਸਪਲਾਈ ਯੋਜਨਾ ਦਾ ਨਿਲਾਮ | 28.04.2026<br>13.05.2026 | 5.16 ਲੱਖ | 8699349036<br>eedivdwss.barnala@punjab.gov.in |
| 6. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ (ਮਕੈਨੀਕਲ) ਡਿਵੀਜ਼ਨ, ਪਟਿਆਲਾ | ਕਾਨਫਰੰਸ ਰੂਮ (ਕਮਰਾ ਨੰਬਰ 205) ਦੀ ਸਥਾਪਨਾ, ਸੁਰੱਖਿਆ ਰੂਮ ਦੀ ਉਸਾਰੀ ਅਤੇ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਪਟਿਆਲਾ ਦੇ ਮੁੱਖ ਦਫ਼ਤਰ ਵਿੱਚ ਨਵੇਂ ਟਾਇਲਟ ਦੀ ਉਸਾਰੀ ਪੈਕੇਜ ਦੇ ਵੇਰਵੇ ਲਈ https://eproc.punjab.gov.in 'ਤੇ ਲੌਗਇਨ ਕਰੋ। | 28.04.2026<br>07.05.2026 | 44.81 ਹਜ਼ਾਰ | 9041049149<br>eemechanical.patiala@punjab.gov.in |
| 7. | ਕਾਰਜਕਾਰੀ ਇੰਜੀਨੀਅਰ, ਸੰਗਰੂਰ ਨਹਿਰ ਅਤੇ ਭੂਮੀਗਤ ਜਲ ਵਿਭਾਗ, ਜਲ ਸਰੋਤ ਵਿਭਾਗ, ਸੰਗਰੂਰ | ਉੱਪਲੀ, ਸ਼ੇਰੋਂ, ਜੋਗਾ, ਭੈਣੀ ਮਹਿਰਾਜ, ਬਟੂਹਾ ਅਤੇ ਮੰਡੀ ਮਾਈਨਰ ਪਿੰਡਾਂ ਲਈ ਭੂਮੀਗਤ ਪਾਈਪਲਾਈਨ ਵਿਛਾਉਣ ਦਾ ਅਨੁਮਾਨ | 18.04.2026<br>28.04.2026 | 10.17 ਲੱਖ | 9463952933<br>xen.wrd.sangrur@gmail.com |
| 8. | ਮੰਡਲ ਭੂਮੀ ਸੰਭਾਲ ਅਫ਼ਸਰ, ਸੰਗਰੂਰ | ਸੰਗਰੂਰ ਜ਼ਿਲ੍ਹਾ ਦੇ ਵੱਖ-ਵੱਖ ਪਿੰਡਾਂ ਵਿੱਚ ਆਰ.ਸੀ.ਸੀ. ਯੂ.ਜੀ.ਪੀ.ਐਲ. ਕੰਮਾਂ ਦਾ ਵਿਛਾਉਣਾ ਅਤੇ ਜੋੜਨਾ, ਏ.ਆਰ.ਵੀ., ਏ.ਏ.ਵੀ., ਜੀ.ਵੀ./ਸਲੂਇਸ ਵਾਲਵ ਦੀ ਫਿਕਸਿੰਗ, ਹੌਦੀਆਂ ਦੀ ਉਸਾਰੀ ਅਤੇ ਹੋਰ ਸਾਰੇ ਸਹਾਇਕ ਕਾਰਜ। | 20.04.2026<br>04.05.2026 | 2.15 ਲੱਖ | 9417284738<br>dsco.dswc.sangrur@punjab.gov.in |
| 9. | ਕਾਰਜਕਾਰੀ ਇੰਜੀਨੀਅਰ ਪੰਚਾਇਤੀ ਰਾਜ ਪੀ.ਡਬਲਯੂ. ਡਿਵੀਜ਼ਨ ਮੋਗਾ | ਮੋਗਾ ਜ਼ਿਲ੍ਹਾ ਦੇ ਪਿੰਡ ਢਿੱਲਵਾਂ ਵਾਲਾ ਵਿਖੇ ਆਰ.ਸੀ.ਸੀ. ਪਾਈਪਲਾਈਨ ਵਿਛਾਉਣਾ | 25.04.2026<br>11.05.2026 | 0.39 ਲੱਖ | 9780020165<br>xenprdmoga@gmail.com |
| 10. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਿਵੀਜ਼ਨ ਨੰ.2, ਹੁਸ਼ਿਆਰਪੁਰ | ਵਿਵਸਥਾ ਅਤੇ ਸਥਾਪਨਾ ਡੂੰਘੀ ਟੀ/ਵੈੱਲ 200 ਐਮ.ਐਮ. ਆਈ/ਡੀ ਰਿਵਰਸ ਰੋਟਰੀ ਰਿਗ ਦੇ ਨਾਲ, 50 ਕਿਲੋਗ੍ਰਾਮ ਸਮਰੱਥਾ ਦੇ 1 ਨੰਬਰ OHSR ਦਾ ਨਿਰਮਾਣ, ਜ਼ਿਲ੍ਹਾ ਸਿਸਟਮ, ਵਾਟਰ ਮੀਟਰ, ਆਦਿ। ਬੀ.ਆਈ.ਐਫ. ਡਬਲਯੂ/ਐਸ ਸਕੀਮ ਸਰਹਾਲਾ, ਬਲਾਕ ਭੂੰਗਾ, ਜ਼ਿਲ੍ਹਾ ਹੁਸ਼ਿਆਰਪੁਰ (ਐਨ-ਐਕਸਗੰਕਸ/ਸਟੇਟ ਸ਼ੇਅਰ/4215) ਰੁਪਏ। 61.93 ਲੱਖ | 28.04.2026<br>11.05.2026 | 1.24 ਲੱਖ | 9779600911<br>eediv2dwss.hsp@punjab.gov.in |
| 11. | ਕਾਰਜਕਾਰੀ ਇੰਜੀਨੀਅਰ, ਸੂਬਾਈ ਵਿਭਾਗ, ਲੋਕ ਨਿਰਮਾਣ ਵਿਭਾਗ (ਭ ਅਤੇ ਮਾਇਆ) ਸ਼ਾਖਾ, ਹੁਸ਼ਿਆਰਪੁਰ | ਨਵੇਂ ਜੁਡੀਸ਼ੀਅਲ ਕੋਰਟ ਕੰਪਲੈਕਸ, ਹੁਸ਼ਿਆਰਪੁਰ ਵਿੱਚ ਅੰਤਰ ਨੂੰ ਦੂਰ ਕਰਨਾ | 28.04.2026<br>08.05.2026 | 15.92 ਹਜ਼ਾਰ | 8288869999<br>eepdhsrpurpwdpb@gmail.com |
| 12. | ਕਾਰਜਕਾਰੀ ਇੰਜੀਨੀਅਰ, ਹੁਸ਼ਿਆਰਪੁਰ ਡਰੇਨੇਜ-ਕਮ-ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਹੁਸ਼ਿਆਰਪੁਰ | ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਤਹਿਸੀਲ ਬਲਾਚੌਰ ਵਿੱਚ 1-ਆਰ ਬੰਧ ਦੇ ਆਰਡੀ 20000 ਫੇਕਟ ਤੋਂ ਆਰਡੀ 30000 ਫੁੱਟ ਦੇ ਵਿਚਕਾਰ ਪ੍ਰਾਗਪੁਰ ਕੰਪਲੈਕਸ ਵਿਖੇ ਸਤਲੁਜ ਦਰਿਆ ਦੇ ਤਲ ਵਿੱਚ ਲੰਬਕਾਰੀ ਭਾਗ ਵਿੱਚ ਗਾਰ ਕੱਢਣਾ। | 27.04.2026<br>06.05.2026 | 10.00 ਲੱਖ | 9646030730<br>eedcm.dwr.hsp@punjab.gov.in |
| 13. | ਕਾਰਜਕਾਰੀ ਇੰਜੀਨੀਅਰ, ਡਰੇਨੇਜ-ਕਮ-ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਜਲ ਸਰੋਤ ਵਿਭਾਗ; ਗੁਰਦਾਸਪੁਰ | ਪਿੰਡ ਧਰਮਕੋਟ ਪੱਤਣ ਤੋਂ ਮਨਸੂਰਾ ਤੱਕ ਦਰਿਆ ਦੇ ਤਲ ਦੇ ਪਦਾਰਥਾਂ ਦੀ ਸਫਾਈ ਅਤੇ ਹਟਾਉਣਾ ਤਾਂ ਜੋ ਡਰੇਨੇਜ ਦੀ ਭੀੜ ਨੂੰ ਖਤਮ ਕੀਤਾ ਜਾ ਸਕੇ ਅਤੇ ਨੇੜਲੇ ਰਿਹਾਇਸ਼ੀ ਖੇਤਰਾਂ ਅਤੇ ਖੇਤੀਬਾੜੀ ਜ਼ਮੀਨ ਨੂੰ ਸੰਭਾਵੀ ਹੜ੍ਹਾਂ ਅਤੇ ਕਟੌਤੀ ਤੋਂ ਬਚਾਇਆ ਜਾ ਸਕੇ। (ਘੁਣੇਵਾਲ ਪੁਲ ਦੀ ਐਲ/ਐਸ ਦਾ ਯੂ/ਐਸ)। | 25.04.2026<br>11.05.2026 | 10.00 ਲੱਖ | 9464918920<br>drgdivngsp@yahoo.in |
| 14. | ਕਾਰਜਕਾਰੀ ਇੰਜੀਨੀਅਰ, ਬਿਸਤ ਦੋਆਬ ਡਿਵੀਜ਼ਨ, ਜਲੰਧਰ | ਪਾਣੀ ਦੇ ਰਸਤੇ ਦੀ ਬਹਾਲੀ (ਸਟੇਟ ਨੰਬਰ 1 ਤੋਂ 03 ਦੇ ਬਾਅਦ ਵਰਕ ਆਰਡਰ ਦੇ ਆਧਾਰ 'ਤੇ ਕੰਮ) | 23.04.2026<br>30.04.2026 | 0.62 ਲੱਖ | 8146818685<br>xenbddcanal@gmail.com |
| 15. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਿਵੀਜ਼ਨ ਨੰ.1, ਅੰਮ੍ਰਿਤਸਰ | ਜਲ ਸਪਲਾਈ ਸਕੀਮ ਜਗੀਆਨਾ ਬਲਾਕ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਦੀ ਸਥਾਪਨਾ ਅਤੇ ਜਲ ਸਪਲਾਈ ਸਕੀਮ ਗੱਗਰ ਨੂੰ ਮੌਜੂਦਾ ਜਲ ਸਪਲਾਈ ਸਕੀਮ ਨਿਸੋਕੇ ਬਲਾਕ ਰਾਮਦਾਸ ਜ਼ਿਲ੍ਹਾ ਅੰਮ੍ਰਿਤਸਰ ਤੋਂ ਵੰਡਣਾ (ਨਾਬਾਰਡ 31 ਦੇ ਅਧੀਨ) | 28.04.2026<br>06.05.2026 | 1.56 ਲੱਖ | 9872672747<br>eediv1dwss.amritsar@punjab.gov.in |
| 16. | ਕਾਰਜਕਾਰੀ ਇੰਜੀਨੀਅਰ/ਫਾਜ਼ਿਲਕਾ ਡਰੇਨੇਜ-ਕਮ-ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਡਬਲਯੂ.ਆਰ.ਡੀ., ਪੰਜਾਬ, ਫਾਜ਼ਿਲਕਾ | ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਹਸਤਾਂ ਕਲਾਂ ਨੇੜੇ ਦਰਿਆ ਸਤਲੁਜ ਕਰੀਕ ਬੰਧ ਦੇ ਸੱਜੇ ਪਾਸੇ 'ਤੇ ਡੀਸਿਲਟਿੰਗ | 27.04.2026<br>10.05.2026 | 5.00 ਲੱਖ | 8800120292<br>xendcdfzkmining@gmail.com |
| 17. | ਮੰਡਲ ਭੂਮੀ ਸੰਭਾਲ ਅਫਸਰ, ਲੁਧਿਆਣਾ | ਏਵੀਪੀ, ਜੀ.ਵੀ. ਅਤੇ ਏ.ਏ.ਵੀ. ਅਤੇ ਕੰਸਟ. ਆਫ ਇਲਾਉਡਿਸ ਦੇ 700 ਮਿਲੀਮੀਟਰ ਵਿਆਸ ਆਰ.ਸੀ.ਸੀ. ਪਾਈਪ ਫਿਕਸਿੰਗ ਦੇ ਭੂਮੀਗਤ ਪਾਈਪਲਾਈਨ ਨੂੰ ਲੋਅਰਿੰਗ ਅਤੇ ਜੋੜਨ ਲਈ ਖਾਈ ਦੀ ਖੁਦਾਈ ਲਈ ਧਰਤੀ ਦਾ ਕੰਮ। ਲੋਹਟਬੱਦੀ ਐਕਸਟੈਂਸ਼ਨ ਪ੍ਰੋਜੈਕਟ 108000TR ਬਠਿੰਡਾ ਸ਼ਾਖਾ ਤਹਿ ਰਾਏਕੋਟ, ਜ਼ਿਲ੍ਹਾ ਲੁਧਿਆਣਾ ਵਿਖੇ। | 08.05.2026<br>08.05.2026 | 1.12 ਲੱਖ | 8194933611<br>dsco.dswc.ludhiana<br>@punjab.gov.in |
| 18. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਿਵੀਜ਼ਨ ਨੰ.2, ਫਿਰੋਜ਼ਪੁਰ | ਡਬਲਿਊਐਸਐਸ ਧਾਨੀ ਗੁਰਮੁਖ ਸਿੰਘ ਬਲਾਕ ਗੁਰੂਹਰਸਹਾਏ ਅਤੇ ਡਬਲਿਊਐਸਐਸ ਮੱਲਾ ਰਹੀਮ ਕੇ ਉਤਰ, ਬਲਾਕ ਮਮਦੋਟ ਦਾ ਨਾਬਾਰਡ-XXX1 ਅਧੀਨ ਵਾਧਾ | 29.04.2026<br>09.05.2026 | 1.37 ਲੱਖ | 9872335428<br>ee.div2.ferozepur@punjab.gov.in |
| 19. | ਕਾਰਜਕਾਰੀ ਇੰਜੀਨੀਅਰ, ਉਸਾਰੀ ਵਿਭਾਗ, ਲੋਕ ਨਿਰਮਾਣ ਵਿਭਾਗ (ਭਅਤੇਚਾਂਚਾ) ਸ਼ਾਖਾ, ਰੂਪਨਗਰ | ਰੂਪਨਗਰ ਵਿਖੇ ਡੀ.ਆਈ.ਈ.ਟੀ. ਇਮਾਰਤ ਵਿੱਚ ਆਡੀਟੋਰੀਅਮ ਦੀ ਉਸਾਰੀ | 27.04.2026<br>05.05.2026 | 1.43 ਲੱਖ | 9779970088<br>pwdropar@yahoo.co.in |
| 20. | ਕਾਰਜਕਾਰੀ ਇੰਜੀਨੀਅਰ/ਜਲੰਧਰ ਡਰੇਨੇਜ ਕਮ ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਡਬਲਿਊਆਰਡੀ, ਪੰਜਾਬ। | ਜ਼ਿਲ੍ਹਾ ਜਲੰਧਰ ਵਿਖੇ 9 ਨੰਬਰ ਡੀਸਿਲਟਿੰਗ ਵਰਕਸ | 25.04.2026<br>05.05.2026 | 65.00 ਲੱਖ | 9417900074<br>xenjaldrg@yahoo.in |
| 21. | ਕਾਰਜਕਾਰੀ ਇੰਜੀਨੀਅਰ/ਫਤਿਹਗੜ੍ਹ ਸਾਹਿਬ, ਨਹਿਰ ਅਤੇ ਭੂਮੀਗਤ ਜਲ ਵਿਭਾਗ, ਡਬਲਿਊਆਰਡੀ, ਸਰਹਿੰਦ | ਆਕਾਸ਼ ਸਬ ਡਿਵੀਜ਼ਨ ਅਧੀਨ ਅੰਦਰੂਨੀ ਹਿੱਸਿਆਂ ਤੋਂ ਨਦੀਨਾਂ, ਜੱਲਾ, ਡੀਲਾ ਆਦਿ ਨੂੰ ਹੱਥੀਂ ਹਟਾਉਣ ਲਈ ਕਈ ਕੰਮ। | 28.04.2026<br>08.05.2026 | 0.13 ਲੱਖ | 9915176900<br>eefatehgarhsahibcanals<br>@gmail.com |
| 22. | ਕਾਰਜਕਾਰੀ ਇੰਜੀਨੀਅਰ, ਉਸਾਰੀ ਡਿਵੀਜ਼ਨ ਨੰ.2, ਲੋਕ ਨਿਰਮਾਣ ਵਿਭਾਗ (ਭ ਅਤੇ ਮ) ਸ਼ਾਖਾ, ਬਠਿੰਡਾ | ਪਿੰਡ ਮਲਕਾਣਾ ਵਿਖੇ ਏਏਸੀ ਵਜੋਂ ਐਸਐਚਸੀ ਦੀ ਨਵੀਂ ਇਮਾਰਤ ਦਾ ਨਿਰਮਾਣ | 24.04.2026<br>04.05.2026 | 90.75 ਹਜ਼ਾਰ | 9888566783<br>xenc2bti@gmail.com |
| 23. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਿਵੀਜ਼ਨ ਨੰ. 2, ਅੰਮ੍ਰਿਤਸਰ | ਡਬਲਿਊਐਸ ਸਕੀਮ ਅਬਾਦੀ ਰਾਮਪੁਰਾ (ਓਐਚ), ਬਲਾਕ ਜੰਡਿਆਲਾ ਗੁਰੂ, ਜ਼ਿਲ੍ਹਾ ਵਿਖੇ ਨਵਾਂ ਟਿਊਬਵੈੱਲ, ਸਿਵਲ ਵਰਕ ਅਤੇ ਓਐਚਐਸਆਰ ਦੀ ਸਥਾਪਨਾ। ਅੰਮ੍ਰਿਤਸਰ (ਨਾਬਾਰਡ-XXX1/4215 ਅਧੀਨ) | 11.05.2026<br>11.05.2026 | 1.35 ਲੱਖ | 9876131598<br>ee2.dwss.amritsar@punjab.gov.in |
| 24. | ਕਾਰਜਕਾਰੀ ਇੰਜੀਨੀਅਰ/ਦੇਵੀਗੜ੍ਹ ਪਟਿਆਲਾ ਨਹਿਰ ਅਤੇ ਭੂਮੀਗਤ ਜਲ ਵਿਭਾਗ, ਪੰਜਾਬ, ਪਟਿਆਲਾ | ਦੇਵੀਗੜ੍ਹ ਡਿਵੀਜ਼ਨ ਪਟਿਆਲਾ ਦੇ ਵੱਖ-ਵੱਖ ਡਿਸਟਰੀਬਿਊਟਰੀ/ਮਾਈਨਰ ਦੇ ਅੰਦਰੂਨੀ ਹਿੱਸੇ ਤੋਂ ਨਦੀਨ, ਜੱਲਾ, ਡੇਕਲਾ, ਸਰਕੰਡਾ, ਜੰਗਲ ਬੂਟੀ ਈਟੀ ਦੀ ਹੱਥੀਂ ਸਫਾਈ | 28.04.2026<br>08.05.2026 | 1.71 ਲੱਖ | 8699994751<br>eedevigarhpatiala@gmail.com |
| 25. | ਕਾਰਜਕਾਰੀ ਇੰਜੀਨੀਅਰ/ਪਟਿਆਲਾ ਡਰੇਨੇਜ-ਕਮ-ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਡਬਲਿਊਆਰਡੀ, ਪੰਜਾਬ, ਪਟਿਆਲਾ | ਅਬਲੋਵਾਲ ਖੇਤਰ ਅਤੇ ਗੁਰਦੁਆਰਾ ਸ੍ਰੀ ਦੁਖ ਨਿਵਾਰਨ ਸਾਹਿਬ ਤੱਕ ਵਾਤਾਵਰਣ ਪਾਰਕ ਦੇ ਨੇੜੇ ਧਰਤੀ ਦੇ ਕੰਮ ਨਾਲ ਪਲਾਸਟਰਿੰਗ ਸਿੱਧੀ ਕਰਨ ਨਾਲ ਹੰਸਾਲੀ ਚੈਨਲ ਦੀ ਮੁਰੰਮਤ। | 27.04.2026<br>07.05.2026 | 10.00 ਹਜ਼ਾਰ | 9356900010<br>eedrg.dwr.ptl@punjab.gov.in |
| 26. | ਕਾਰਜਕਾਰੀ ਇੰਜੀਨੀਅਰ/ਫਿਰੋਜ਼ਪੁਰ ਡਰੇਨੇਜ-ਕਮ-ਮਾਈਨਿੰਗ ਅਤੇ ਭੂ-ਵਿਗਿਆਨ ਵਿਭਾਗ, ਡਬਲਯੂਆਰਡੀ, ਫਿਰੋਜ਼ਪੁਰ | ਸਤਲੁਜ ਦਰਿਆ ਦੇ ਆਰਡੀ 16850 ਤੋਂ 17250 ਅਤੇ 17700 ਤੋਂ 19450 ਤੱਕ ਲੰਬਕਾਰੀ ਲੰਬਾਈ ਵਿੱਚ ਡੀਸਿਲਟਿੰਗ | 27.04.2026<br>07.05.2026 | 5.00 ਲੱਖ | 9779184987<br>xengolewala@rediffmail.com |
| 27. | ਕਾਰਜਕਾਰੀ ਇੰਜੀਨੀਅਰ, ਫਾਜ਼ਿਲਕਾ ਨਹਿਰ ਅਤੇ ਭੂਮੀਗਤ ਜਲ ਵਿਭਾਗ, ਫਿਰੋਜ਼ਪੁਰ | 2 ਨੰਬਰ ਕੰਮ ਸਤਲੁਜ ਦਰਿਆ ਦੇ ਆਰਡੀ 0 ਤੋਂ 28000 ਤੱਕ ਕਾਨਿਆਂਵਾਲੀ ਜ਼ਿਲ੍ਹੇ ਦੇ ਖਰਾਬ ਹੋਏ ਲਾਈਨਿੰਗ ਹਿੱਸੇ ਦੀ ਮੁਰੰਮਤ ਅਤੇ ਸਤਲੁਜ ਦਰਿਆ ਦੇ ਪੁਰਾਣੇ ਸ਼ਹਿਰ ਦੇ ਬੰਨ੍ਹ ਆਰਡੀ 1700-24600 ਨੂੰ ਮਜ਼ਬੂਤ ਕਰਕੇ ਹੜ੍ਹ ਜੋਖਮ ਘਟਾਓ (DNIT ਵੇਖੋ) | 28.04.2026<br>14.05.2026 | 6.62 ਲੱਖ | 9988056162<br>xeneastern.fzr@gmail.com |
| 28. | ਕਾਰਜਕਾਰੀ ਇੰਜੀਨੀਅਰ, ਰੋਪੜ ਨਹਿਰ ਅਤੇ ਭੂਮੀਗਤ ਜਲ ਵਿਭਾਗ, ਡਬਲਯੂਆਰਡੀ ਪੰਜਾਬ, ਰੋਪੜ | 1. ਬਠਿੰਡਾ ਬ੍ਰਾਂਚ ਆਰਡੀ 28500-32000 ਦੀ ਅਨੁਮਾਨਤ ਡੀਸਿਲਟਿੰਗ 2. ਰੋਹਿਰਾ ਡਿਸਟੀ ਅਤੇ ਇਸਦੇ ਮਲੇਰਕੋਟਲਾ ਮਾਈਨਰ, ਮਲੌਦ ਪੱਖੋਵਾਲ ਡਿਸਟੀ ਦੇ ਮਾਈਨਰ, ਪੱਖੋਵਾਲ ਜ਼ਿਲ੍ਹਾ ਆਰਡੀ 0-79000, ਡੇਹਲੋਂ ਜ਼ਿਲ੍ਹਾ 0-88000, ਮਾਲੌਧ ਜ਼ਿਲ੍ਹਾ ਆਰਡੀ 0-52400 ਦੀ ਅੰਦਰੂਨੀ ਕਲੀਅਰੈਂਸ ਲਈ ਛੇ ਕੰਮ | 25.04.2026<br>06.05.2026 | 2.41 ਲੱਖ | 9569225001<br>xen.roparcanal@gmail.com |
| 29. | ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਡਿਵੀਜ਼ਨ ਨੰ.1, ਲੋਕ ਨਿਰਮਾਣ ਵਿਭਾਗ (ਭ ਅਤੇ ਮ) ਸ਼ਾਖਾ, ਪਟਿਆਲਾ | ਪਟਿਆਲਾ ਵਿਖੇ ਸਿਵਲ ਏਅਰੋਡਰੋਮ ਵਿਖੇ ਹਵਾਬਾਜ਼ੀ ਅਜਾਇਬ ਘਰ ਦੀ ਉਸਾਰੀ | 27.04.2026<br>12.05.2026 | 13.98 ਲੱਖ | 9888821419<br>eepd1ptapwdpb@gmail.com |
| 30. | ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਡਿਵੀਜ਼ਨ ਨੰਬਰ 1 ਚੰਡੀਗੜ੍ਹ ਵਿਖੇ | 1. ਪੀਐਚ 1, 2, 6, 3ਏ ਅਤੇ ਪਿੰਡ ਮਦਨਪੁਰ ਮੋਹਾਲੀ ਵਿਖੇ ਡੀਸਿਲਟਿੰਗ 2. ਪੰਪਸੈੱਟ, ਪੀਐਚ-3ਬੀ2, ਮੋਹਾਲੀ ਪ੍ਰਦਾਨ ਕਰਨਾ। 3. PH-3B-2 ਅਤੇ PH-7, ਮੋਹਾਲੀ ਵਿਖੇ ਸੰਚਾਲਨ ਪੰਪਿੰਗ ਮਸ਼ੀਨਰੀ 4. PH-11, ਮੋਹਾਲੀ ਵਿਖੇ ਸੰਚਾਲਨ ਪੰਪਿੰਗ ਮਸ਼ੀਨਰੀ | 28.04.2026<br>08.05.2026 | 58.64 ਹਜ਼ਾਰ | 9872519223<br>eegwd1@yahoo.in |
| 31. | ਕਾਰਜਕਾਰੀ ਇੰਜੀਨੀਅਰ, ਲਹਿਲ ਨਹਿਰ ਡਿਵੀਜ਼ਨ, ਜਲ ਸਰੋਤ ਵਿਭਾਗ, ਪੰਜਾਬ, ਪਟਿਆਲਾ | ਕੋਟੜਾ ਡਿਸਟਰੀਬਿਊਟਰੀ ਦੇ RD 88080 ਅਤੇ 5510Z 'ਤੇ ਨਿਰਮਾਣ ਬਾਕਸ ਕਲਵਰਟ ਬ੍ਰਿਜ, ਭਵਾਨੀਗੜ੍ਹ ਜ਼ਿਲ੍ਹੇ ਦੇ ਆਊਟਲੈੱਟ RD 14676/R ਵਿੱਚ ਭੂਮੀਗਤ ਪਾਈਪਲਾਈਨ, ਫਰੰਟ ਲੋਡਰ 1 ਕਮ ਬਾਲਟੀ ਕਿਰਾਏ 'ਤੇ ਲੈ ਕੇ ਵੱਖ-ਵੱਖ ਡਿਸਟਰੀਬਿਊਟਰੀਆਂ ਦੀ ਸਫਾਈ, ਮੁਰੰਮਤ ਅਤੇ ਰੱਖ-ਰਖਾਅ। | 24.04.2026<br>05.05.2026 | 1.54 ਲੱਖ | 9779173979<br>XENIBLEHAL@GMAIL.COM |

ਹੋਰ ਜਾਣਕਾਰੀ ਅਤੇ ਸੋਧ ਅਤੇ ਵਾਧਾ, ਜੇਕਰ ਕੋਈ ਹੈ, ਦੇ ਲਈ ਕਿਰਪਾ ਕਰਕੇ ਦੇਖੋ : https://eproc.punjab.gov.in/, eproc.punjab.gov.in, www.eproc.punjab.gov.in, dswcpunjab.gov.in, irrigation.punjab.gov.in

RO No. PR-Advt. No.: 1001/12/2026-27/10941/Dated CHD: 27/04/2026

ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ

## ਕੀ ਹੁੰਦਾ ਹੈ ਹੀਟ ਸਟ੍ਰੋਕ, ਗਰਮੀ ਵਿਚ ਕਿਵੇਂ ਰਹੀਏ ਸਿਹਤਮੰਦ

ਦੇਸ਼ ਭਰ ਵਿੱਚ ਇਸ ਸਮੇਂ ਭਿਆਨਕ ਗਰਮੀ ਪੈ ਰਹੀ ਹੈ। ਦਿਨ ਦਾ ਤਾਪਮਾਨ ਲਗਾਤਾਰ ਵੱਧ ਰਿਹਾ ਹੈ, ਅਤੇ ਲੂ ਚੱਲ ਰਹੀ ਹੈ। ਅਜਿਹੇ ਮੌਸਮ ਵਿੱਚ, ਹੀਟ ਸਟ੍ਰੋਕ ਦਾ ਖ਼ਤਰਾ ਬਹੁਤ ਜ਼ਿਆਦਾ ਹੁੰਦਾ ਹੈ, ਜਿਸ ਕਰਕੇ ਸਾਵਧਾਨ ਰਹਿਣਾ ਬਹੁਤ ਜ਼ਰੂਰੀ ਹੈ। ਹੀਟ ਸਟ੍ਰੋਕ ਉਦੋਂ ਹੁੰਦਾ ਹੈ ਜਦੋਂ ਸਰੀਰ ਦਾ ਤਾਪਮਾਨ ਬਹੁਤ ਜ਼ਿਆਦਾ ਵੱਧ ਜਾਂਦਾ ਹੈ ਅਤੇ ਸਰੀਰ ਆਪਣੇ ਆਪ ਨੂੰ ਠੰਡਾ ਕਰਨ ਦੀ ਸਮਰੱਥਾ ਗੁਆ ਦਿੰਦਾ ਹੈ। ਇਹ ਸਥਿਤੀ ਬਹੁਤ ਗੰਭੀਰ ਅਤੇ ਕਈ ਵਾਰ ਘਾਤਕ ਵੀ ਹੋ ਸਕਦੀ ਹੈ। ਇਸ ਲਈ, ਗਰਮੀਆਂ ਦੇ ਮੌਸਮ ਦੌਰਾਨ ਸੁਚੇਤ ਰਹਿਣਾ ਬਹੁਤ ਜ਼ਰੂਰੀ ਹੈ। ਸਮੇਂ ਸਿਰ ਸਾਵਧਾਨੀਆਂ ਅਤੇ ਮੁੱਢਲੀ ਸਹਾਇਤਾ ਲੈ ਕੇ ਇਸ ਸਮੱਸਿਆ ਤੋਂ ਬਚਿਆ ਜਾ ਸਕਦਾ ਹੈ। ਕੁਝ ਸਾਵਧਾਨੀਆਂ ਵਰਤ ਕੇ ਹੀਟ ਸਟ੍ਰੋਕ ਤੋਂ ਬਚਿਆ ਜਾ ਸਕਦਾ ਹੈ। ਇਸ ਮੌਸਮ ਵਿੱਚ, ਹਲਕਾ ਭੋਜਨ ਖਾਓ, ਠੰਡਾ ਪਾਣੀ ਪੀਓ, ਅਤੇ ਆਪਣੇ ਸਰੀਰ ਨੂੰ ਠੰਡਾ ਰੱਖਣ ਦੀ ਕੋਸ਼ਿਸ਼ ਕਰੋ।



**ਸਟ੍ਰੋਕ ਨੂੰ ਰੋਕਣ ਦੇ ਆਸਾਨ ਤਰੀਕੇ**

*– ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਦੇ ਵਿਚਕਾਰ ਭਾਰੀ ਕੰਮ ਕਰਨ ਜਾਂ ਬਾਹਰ ਜਾਣ ਤੋਂ ਪਰਹੇਜ਼ ਕਰੋ, ਕਿਉਂਕਿ ਇਹ ਸਭ ਤੋਂ ਗਰਮ ਸਮਾਂ ਹੁੰਦਾ ਹੈ।

*– ਦਿਨ ਭਰ ਬਹੁਤ ਸਾਰਾ ਪਾਣੀ ਪੀਓ, ਭਾਵੇਂ ਤੁਹਾਨੂੰ ਪਿਆਸ ਨਾ ਲੱਗੇ।

*– ਕੋਲਡ ਡਰਿੰਕਸ, ਚਾਹ ਅਤੇ ਕੌਫੀ ਵਰਗੇ ਪੀਣ ਵਾਲੇ ਪਦਾਰਥਾਂ ਤੋਂ ਪਰਹੇਜ਼ ਕਰੋ, ਕਿਉਂਕਿ ਇਹ ਡੀਹਾਈਡਰੇਸ਼ਨ ਵਧਾ ਸਕਦੇ ਹਨ।

*– ਹਲਕੇ ਰੰਗ ਦੇ, ਢਿੱਲੇ-ਫਿਟਿੰਗ ਵਾਲੇ ਸੂਤੀ ਕੱਪੜੇ ਪਾਓ, ਕਿਉਂਕਿ ਗੂੜ੍ਹੇ ਰੰਗ ਜ਼ਿਆਦਾ ਗਰਮੀ ਨੂੰ ਸੋਖ ਲੈਂਦੇ ਹਨ।

– ਬਾਹਰ ਕੰਮ ਕਰਦੇ ਸਮੇਂ, ਹਰ 15-20 ਮਿੰਟਾਂ ਵਿੱਚ ਛਾਂ ਵਿੱਚ ਬ੍ਰੇਕ ਲਓ।

ਜੇਕਰ ਤੁਹਾਨੂੰ ਹੀਟ ਸਟ੍ਰੋਕ ਹੋਵੇ ਤਾਂ ਕੀ ਕਰਨਾ ਹੈ ; ਜੇਕਰ ਕਿਸੇ ਨੂੰ ਹੀਟ ਸਟ੍ਰੋਕ ਦੇ ਲੱਛਣ ਦਿਖਾਈ ਦਿੰਦੇ ਹਨ, ਜਿਵੇਂ ਕਿ ਚੱਕਰ ਆਉਣਾ, ਉਲਟੀਆਂ ਆਉਣਾ, ਤੇਜ਼ ਬੁਖਾਰ, ਬੇਹੋਸ਼ੀ, ਜਾਂ ਸਰੀਰ ਦਾ ਬਹੁਤ ਜ਼ਿਆਦਾ ਤਾਪਮਾਨ, ਤਾਂ ਉਸ ਨੂੰ ਤੁਰੰਤ ਠੰਡੇ ਅਤੇ ਹਵਾਦਾਰ ਖੇਤਰ ਵਿੱਚ ਲੈ ਜਾਓ। ਸਰੀਰ 'ਤੇ, ਖਾਸ ਕਰਕੇ ਗਰਦਨ, ਗੁੱਟਾਂ ਅਤੇ ਪੈਰਾਂ 'ਤੇ, ਠੰਡੇ ਪਾਣੀ ਦੇ ਛਿੱਟੇ ਮਾਰੋ। ਮਰੀਜ਼ ਨੂੰ ਹੌਲੀ-ਹੌਲੀ ਠੰਡਾ ਪਾਣੀ ਦਿਓ। ਇੱਕ ਵਾਰ ਜਦੋਂ ਉਸ ਦੀ ਹਾਲਤ ਵਿੱਚ ਸੁਧਾਰ ਹੁੰਦਾ ਹੈ, ਤਾਂ ਉਸ ਨੂੰ ਹਲਕੇ, ਪਾਣੀ ਵਾਲੇ ਫਲ ਜਾਂ ਜੂਸ ਦਿਓ।

# ਸਾਂਸਦ ਸਾਹਨੀ ਵੱਲੋਂ ਕਰਵਾਏ ਗਰੈਂਡ ਵੈਸਾਖੀ ਐਵਾਰਡ ਗਾਲਾ 'ਚ ਪੰਜਾਬ ਦੇ ਰਾਜਪਾਲ ਕਟਾਰੀਆ ਤੇ ਦਿੱਲੀ ਦੇ ਐਲ.ਜੀ. ਸੰਧੂ ਵੱਲੋਂ ਸ਼ਿਰਕਤ

ਨਵੀਂ ਦਿੱਲੀ, 27 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਵਰਲਡ ਪੰਜਾਬੀ ਆਰਗੇਨਾਈਜੇਸ਼ਨ (ਡਬਲਯੂਪੀਓ) ਨੇ ਨਵੀਂ ਦਿੱਲੀ ਦੇ ਤਾਜ ਪੈਲੇਸ ਹੋਟਲ ਵਿਖੇ ਸ਼ਾਨਦਾਰ ਡਬਲਯੂਪੀਓ ਵੈਸਾਖੀ ਐਵਾਰਡ ਗਾਲਾ - 2026 ਦਾ ਆਯੋਜਨ ਕੀਤਾ, ਜਿਸ ਵਿੱਚ ਵਿਸਾਖੀ ਦਾ ਸ਼ਾਨਦਾਰ ਜਸ਼ਨ ਮਨਾਇਆ ਗਿਆ ਜੋ ਕਿ ਖੁਸ਼ਹਾਲੀ, ਨਵੀਂ ਸ਼ੁਰੂਆਤ ਅਤੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਸੀ। ਪਦਮਸ਼੍ਰੀ ਡਾ. ਵਿਕਰਮਜੀਤ ਸਿੰਘ ਸਾਹਨੀ, ਰਾਜ ਸਭਾ ਮੈਂਬਰ ਅਤੇ ਡਬਲਯੂਪੀਓ ਦੇ ਇੰਟਰਨੈਸ਼ਨਲ ਪ੍ਰਧਾਨ ਦੀ ਅਗਵਾਈ ਹੇਠ ਆਯੋਜਿਤ, ਇਸ ਵੱਕਾਰੀ ਸਮਾਗਮ ਨੂੰ ਪੰਜਾਬ ਦੇ ਮਾਣਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਦਿੱਲੀ ਦੇ ਮਾਣਯੋਗ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ ਦੀ ਮੌਜੂਦਗੀ ਨੇ ਚਾਰ ਚੰਨ ਲਗਾ ਦਿੱਤੇ।



ਰਾਕੇਸ਼ ਭਾਰਤੀ ਮਿੱਤਲ, ਰਾਜ ਕੁੰਦਰਾ, ਸੰਜੀਵ ਜੁਨੇਜਾ, ਪ੍ਰਭਤੇਜ ਸਿੰਘ ਭਾਟੀਆ, ਗੀਤਾ ਬਸਰਾ ਅਤੇ ਜੇਜੇ ਵਲਾਇਆ ਸਮੇਤ ਵੱਖ-ਵੱਖ ਖੇਤਰਾਂ ਦੀਆਂ ਕਈ ਉੱਘੀਆਂ ਸ਼ਖਸੀਅਤਾਂ ਨੂੰ ਸਮਾਰੋਹ ਵਿੱਚ ਸਨਮਾਨਿਤ ਕੀਤਾ ਗਿਆ।ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ, ਵਿਸਾਖੀ ਸਿਰਫ਼ ਇੱਕ ਤਿਉਹਾਰ ਨਹੀਂ ਹੈ, ਸਗੋਂ ਸਾਡੀ ਪਛਾਣ, ਸਾਡੀ ਲਚਕਤਾ ਅਤੇ ਸਾਡੀ ਸਮੂਹਿਕ ਭਾਵਨਾ ਦਾ ਜਸ਼ਨ ਹੈ।÷ ਇਨ੍ਹਾਂ ਪੁਰਸਕਾਰਾਂ ਰਾਹੀਂ, ਅਸੀਂ ਵਪਾਰਕ ਲੀਡਰਸ਼ਿਪ, ਸਿਨੇਮਾ, ਉੱਦਮਤਾ, ਪੱਤਰਕਾਰੀ, ਸਮਾਜ ਸੇਵਾ, ਖੇਡ ਪ੍ਰਸ਼ਾਸਨ, ਫੈਸ਼ਨ, ਮੀਡੀਆ, ਪ੍ਰਾਹੁਣਚਾਰੀ ਅਤੇ ਵਿਸ਼ਵ ਵਪਾਰ ਵਰਗੇ ਵਿਭਿੰਨ ਖੇਤਰਾਂ ਵਿੱਚ ਉੱਤਮਤਾ ਨੂੰ ਸਨਮਾਨਿਤ ਕਰ ਰਹੇ ਹਾਂ- ਉਨ੍ਹਾਂ ਵਿਅਕਤੀਆਂ ਨੂੰ ਮਾਨਤਾ ਦਿੰਦੇ ਹਾਂ ਜੋ ਨਵੀਆਂ ਕਹਾਣੀਆਂ ਸਿਰਜ ਰਹੇ ਹਨ, ਸੰਸਥਾਵਾਂ ਬਣਾ ਰਹੇ ਹਨ ਅਤੇ ਸਮਾਜ ਵਿੱਚ ਸਾਰਥਕ ਯੋਗਦਾਨ ਪਾ ਰਹੇ ਹਨ, ਨਾਲ ਹੀ ਪੰਜਾਬ ਦੀ ਵਿਰਾਸਤ ਨੂੰ ਵਿਸ਼ਵ ਪੱਧਰ 'ਤੇ ਅੱਗੇ ਵਧਾ ਰਹੇ ਹਨ।

ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਗੇ ਕਿਹਾ, ' ਡਬਲਯੂ ਪੀ ਓ ਸੱਭਿਆਚਾਰ, ਉੱਦਮ ਅਤੇ ਸਮਾਜਿਕ ਪ੍ਰਭਾਵ ਰਾਹੀਂ ਦੁਨੀਆ ਭਰ ਦੇ ਪੰਜਾਬੀਆਂ ਨੂੰ ਜੋੜਨ ਲਈ ਵਚਨਬੱਧ ਹੈ। ਇਹ ਪਲੇਟਫਾਰਮ ਉਨ੍ਹਾਂ ਲੋਕਾਂ ਨੂੰ ਸਮਰਪਿਤ ਹੈ ਜੋ ਦ੍ਰਿਸ਼ਟੀ ਅਤੇ ਉਦੇਸ਼ ਨਾਲ ਅਗਵਾਈ ਕਰਦੇ ਹਨ, ਅਤੇ ਇਹ ਇਸ ਤੱਥ ਦਾ ਪ੍ਰਮਾਣ ਹੈ ਕਿ ਪੰਜਾਬ ਦੀ ਭਾਵਨਾ ਵਿਸ਼ਵ ਪੱਧਰ 'ਤੇ ਰੋਸ਼ਨ ਰਹਿੰਦੀ ਹੈ।ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ, ਦਿੱਲੀ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਅਤੇ ਡੀਐਸਜੀਐਮਸੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੀ ਇਸ ਮੌਕੇ 'ਤੇ ਮੌਜੂਦ ਸਨ।

## ਗੁ. ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਦਰਸ਼ਨਾਂ ਲਈ ਪੁੱਜ ਰਹੀ ਸੰਗਤ ਦੀ ਸਹੂਲਤ ਲਈ ਪੂਰੇ ਪ੍ਰਬੰਧ : ਡਾ. ਵਿਜੇ ਸਤਬੀਰ ਸਿੰਘ

ਹਜ਼ੂਰ ਸਾਹਿਬ (ਨਾਂਦੇੜ), 27 ਅਪ੍ਰੈਲ (ਚ.ਨ.ਸ.) : ਮਰਾਠਵਾੜਾ ਖੇਤਰ ਵਿੱਚ ਮੌਜੂਦਾ ਸਮੇਂ ਚੱਲ ਰਹੀ ਭਿਆਨਕ ਗਰਮੀ ਦੇ ਮੱਦੇਨਜ਼ਰ, ਅਤੇ ਦੇਸ਼-ਵਿਦੇਸ਼ਾਂ ਤੋਂ ਗੁਰਦੁਆਰਾ ਤਖ਼ਤ ਸੱਚਖੰਡ ਸ੍ਰੀ ਹਜ਼ੂਰ



ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਦਰਸ਼ਨਾਂ ਲਈ ਆਉਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਲਈ ਭਾਰੀ ਗਰਮੀ ਤੋਂ ਆਰਾਮ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਸ਼ਾਸਕ ਡਾ. ਵਿਜੇ ਸਤਬੀਰ ਸਿੰਘ IAS (Retd.) ਨੇ ਮੁੱਖ ਗੁਰਦੁਆਰਾ ਸਾਹਿਬ ਦੇ ਸਾਰੇ ਦਰਸ਼ਨੀ ਦੇਓਡੀਆਂ ਦੇ ਨਾਲ-ਨਾਲ ਆਸ ਪਾਸ ਦੇ ਸਾਰੇ ਲੋਕਲ ਗੁਰਦੁਆਰਾ ਸਾਹਿਬਾਨ ਵਿੱਚ ਸ਼ਰਧਾਲੂਆਂ ਲਈ ਠੰਡੇ ਪਾਣੀ ਦੀ ਛਬੀਲ ਲਗਾਉਣ ਨਿਰਦੇਸ਼ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਗਰਮੀ ਦੇ ਦੌਰੇ ਨੂੰ ਰੋਕਣ ਅਤੇ ਤੁਰੰਤ ਡਾਕਟਰੀ ਸਹਾਇਤਾ ਨੂੰ ਯਕੀਨੀ ਬਣਾਉਣ ਲਈ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਸਾਰੀਆਂ ਰਿਹਾਇਸ਼ੀ ਸਹੂਲਤਾਂ, ਪ੍ਰਬੰਧਕੀ ਦਫਤਰਾਂ ਅਤੇ ਸਥਾਨਕ ਗੁਰਦੁਆਰਾ ਸਾਹਿਬਾਨ ਵਿੱਚ ਫਸਟ-ਏਡ ਕਿੱਟਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਲੰਗਰ ਛਕਣ ਲਈ ਆਉਣ ਵਾਲੇ ਸ਼ਰਧਾਲੂਆਂ ਨੂੰ ਲੰਗਰ ਦੇ ਨਾਲ ਠੰਡੀ ਲੱਸੀ ਵਰਤਾਈ ਜਾ ਰਹੀ ਹੈ। ਮਾਣਯੋਗ ਪ੍ਰਸ਼ਾਸਕ ਸਾਹਿਬ ਨੇ ਸਾਰੀਆਂ ਰਿਹਾਇਸ਼ੀ ਸਹੂਲਤਾਂ, ਸਥਾਨਕ ਗੁਰਦੁਆਰਾ ਸਾਹਿਬਾਨ ਅਤੇ ਦਸਮੇਸ਼ ਹਸਪਤਾਲ ਦੇ ਸਮੁੱਚੇ ਸਟਾਫ ਨੂੰ ਚੌਕਸ ਰਹਿਣ ਲਈ ਖਾਸ ਨਿਰਦੇਸ਼ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਮਿਤੀ 02 ਅਤੇ 03 ਮਈ 2026 ਨੂੰ ਹੋਣ ਵਾਲੇ ਸਮੂਹਿਕ ਵਿਆਹ ਮੇਲਾਵੇ ਦੌਰਾਨ ਇਨ੍ਹਾਂ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ 'ਤੇ ਵਿਸ਼ੇਸ਼ ਜ਼ੋਰ ਦੇਣ ਬਾਰੇ ਹਿਦਾਇਤ ਦਿੱਤੀ ਗਈ ਅਤੇ ਐਂਬੂਲੈਂਸ ਸੇਵਾਵਾਂ ਸਮੇਤ ਡਾਕਟਰੀ ਸਹੂਲਤਾਂ ਹਾਈ ਅਲਰਟ ਅਤੇ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਆਦੇਸ਼ ਜਾਰੀ ਕੀਤੇ ਗਏ।

## ਪ੍ਰਧਾਨ ਜਗਜੋਤ ਸਿੰਘ ਸੋਹੀ ਨੂੰ ਕਮੇਟੀ ਸਟਾਫ਼ ਵੱਲੋਂ ਜਨਮ ਦਿਨ ਦੀ ਵਧਾਈ

ਪਟਨਾ, 27 ਅਪ੍ਰੈਲ (ਮਨਪ੍ਰੀਤ ਸਿੰਘ) : ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਦੇ ਜਨਮ ਦਿਨ 'ਤੇ, ਪੂਰਾ ਸਟਾਫ਼ ਉਨ੍ਹਾਂ ਨੂੰ ਵਧਾਈ ਦੇਣ ਲਈ ਇਕੱਠਾ ਹੋਇਆ ਅਤੇ ਗੁਰੂ ਮਹਾਰਾਜ ਨੂੰ ਉਨ੍ਹਾਂ



ਦੀ ਲੰਬੀ ਉਮਰ ਲਈ ਅਰਦਾਸ ਕੀਤੀ। ਸੁਪਰਡੈਂਟ ਦਲਜੀਤ ਸਿੰਘ, ਮੈਨੇਜਰ ਦਲੀਪ ਸਿੰਘ ਪਟੇਲ, ਦਵਿੰਦਰ ਸਿੰਘ, ਪਪਿੰਦਰ ਸਿੰਘ ਅਤੇ ਪੂਰਾ ਸਟਾਫ਼ ਮੌਜੂਦ ਸੀ। ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਦਲੀਪ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ ਭੇਟ ਕੀਤਾ। ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ ਅਤੇ ਸਾਰੇ ਮੈਂਬਰਾਂ ਸਮੇਤ ਹੋਰ ਕਮੇਟੀ ਅਧਿਕਾਰੀਆਂ ਨੇ ਵੀ ਉਨ੍ਹਾਂ ਨੂੰ ਵਧਾਈ ਦਿੱਤੀ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਸੁਪਰਡੈਂਟ ਦਲਜੀਤ ਸਿੰਘ ਨੇ ਕਿਹਾ ਕਿ ਪ੍ਰਧਾਨ ਦਾ ਸਮੁੱਚੇ ਸਟਾਫ਼ ਨਾਲ ਇੱਕ ਖਾਸ ਰਿਸ਼ਤਾ ਹੈ, ਜਿਸ ਕਰਕੇ ਹਰ ਕੋਈ ਉਨ੍ਹਾਂ ਨੂੰ ਲੰਬੀ ਉਮਰ ਦੀ ਕਾਮਨਾ ਕਰਦਾ ਹੈ। ਉਨ੍ਹਾਂ ਕਿਹਾ ਕਿ ਬਹੁਤ ਘੱਟ ਪ੍ਰਧਾਨ ਗੁਰੂ ਘਰ ਦੀ ਇੰਨੀ ਨਿਰਸਵਾਰਥ ਸੇਵਾ ਕਰਦੇ ਹਨ। ਉਨ੍ਹਾਂ ਪ੍ਰਾਰਥਨਾ ਕੀਤੀ ਕਿ ਗੁਰੂ ਮਹਾਰਾਜ ਉਨ੍ਹਾਂ ਨੂੰ ਲੰਬੀ ਉਮਰ ਦੇਣ ਤਾਂ ਜੋ ਉਹ ਹੋਰ ਵੀ ਜੋਸ਼ ਨਾਲ ਸੇਵਾ ਕਰਦੇ ਰਹਿਣ।

## ਲੰਡਨ ਮੈਰਾਥਨ: ਵਰਲਡ ਰਿਕਾਰਡ ਤੋੜਦੇ ਹੋਏ, ਸਬਾਸਟਿਅਨ ਸਾਵੇ ਨੇ ਕੁਝ ਹੀ ਘੰਟਿਆ 'ਚ ਜਿੱਤ ਹਾਸਿਲ ਕੀਤੀ

ਲੰਡਨ, 27 ਅਪ੍ਰੈਲ (ਚ.ਨ.ਸ.) : ਕੇਨਿਆ ਦਾ ਖਿਡਾਰੀ ਸਬਾਸਟਿਅਨ ਸਾਵੇ ਨੇ ਲੰਡਨ ਮੈਰਾਥਨ ਵਿੱਚ ਇਤਿਹਾਸ ਰਚ ਦਿੱਤਾ ਹੈ। ਉਹ ਪਹਿਲੇ ਐਥਲੀਟ ਬਣੇ ਹਨ ਜਿਨ੍ਹਾਂ ਨੇ ਕਿਸੇ ਮੁਕਾਬਲੇ ਵਾਲੀ ਮੈਰਾਥਨ ਦੋ ਘੰਟਿਆਂ ਤੋਂ ਘੱਟ ਸਮੇਂ ਵਿੱਚ ਪੂਰੀ ਕੀਤੀ। ਸਾਵੇ ਨੇ 42.2 ਕਿਲੋਮੀਟਰ ਦੀ ਦੌੜ 1 ਘੰਟਾ 59 ਮਿੰਟ 30 ਸੈਕਿੰਡ ਵਿੱਚ ਪੂਰੀ ਕੀਤੀ। ਇਹ ਉਹ ਕਾਰਨਾਮਾ ਹੈ ਜੋ ਕਈ ਦਹਾਕਿਆਂ ਤੋਂ ਅਸੰਭਵ ਮੰਨਿਆ ਜਾਂਦਾ ਸੀ। ਕੇਨਿਆ ਇੱਕ ਅਫ਼ਰੀਕੀ ਦੇਸ਼ ਹੈ। ਇਹ ਪੂਰਬੀ ਅਫ਼ਰੀਕਾ ਵਿੱਚ ਸਥਿਤ ਹੈ।ਇਥੋਪੀਆ ਦੇ ਯੋਮਿਫ ਕੇਜਲਚਾ ਨੇ ਵੀ ਦੋ ਘੰਟਿਆਂ ਤੋਂ ਘੱਟ ਸਮੇਂ ਵਿੱਚ ਦੌੜ ਪੂਰੀ ਕੀਤੀ। ਉਹ 1 ਘੰਟਾ 59 ਮਿੰਟ 41 ਸੈਕਿੰਡ ਨਾਲ ਦੂਜੇ ਸਥਾਨ 'ਤੇ ਰਹੇ। ਇਸ ਤਰ੍ਹਾਂ ਦੋਵੇਂ ਦੌੜਾਂ ਦੇ ਖਿਡਾਰੀ ਸਬ-ਟੂ-ਆਵਰ ਕਲੱਬ ਵਿੱਚ ਸ਼ਾਮਲ ਹੋ ਗਏ। ਇਥੋਪੀਆ, ਅਫ਼ਰੀਕਾ ਮਹਾਦੀਪ ਵਿੱਚ ਸਥਿਤ ਦੇਸ਼ ਹੈ।ਇਸ ਤੋਂ ਪਹਿਲਾਂ ਕਿਸੇ ਵੀ ਕਾਨੂੰਨੀ ਮੁਕਾਬਲੇ ਵਿੱਚ ਦੋ ਘੰਟਿਆਂ ਦੀ ਸੀਮਾ ਨਹੀਂ ਟੁੱਟੀ ਸੀ। ਸਾਵੇ ਨੇ 2023 ਵਿੱਚ ਕੇਲਵਿਨ ਕਿਪਟਮ ਦੁਆਰਾ ਬਣਾਇਆ 2:00:35 ਦਾ ਵਰਲਡ ਰਿਕਾਰਡ ਵੀ ਤੋੜ ਦਿੱਤਾ। ਤੀਜੇ ਸਥਾਨ 'ਤੇ ਯੂਗਾਂਡਾ ਦੇ ਜੈਕਬ ਕਿਪਲੀਮੋ ਰਹੇ, ਜਿਨ੍ਹਾਂ ਨੇ 2:00:28 ਦਾ ਸਮਾਂ ਲਗਾਇਆ।ਦੌੜ ਦੀ ਸ਼ੁਰੂਆਤ ਗ੍ਰੀਨਵਿਚ ਪਾਰਕ ਤੋਂ ਹੋਈ ਅਤੇ ਲੰਡਨ ਦੀਆਂ ਗਲੀਆਂ ਰਾਹੀਂ ਬੱਕਿੰਘਮ ਪੈਲੇਸ ਦੇ ਨੇੜੇ ਮਾਲ 'ਤੇ ਖਤਮ ਹੋਈ।ਇਸੇ ਮੈਰਾਥਨ ਵਿੱਚ ਮਹਿਲਾ ਸ਼੍ਰੇਣੀ ਵਿੱਚ ਵੀ ਇਤਿਹਾਸ ਬਣਿਆ। ਇਥੋਪੀਆ ਦੀ ਟਿਗਸਟ ਅਸੇਫਾ ਨੇ ਆਪਣਾ ਹੀ ਮਹਿਲਾ ਵਰਲਡ ਰਿਕਾਰਡ ਤੋੜਿਆ। ਉਸਨੇ 2:15:41 ਦੇ ਸਮੇਂ ਨਾਲ ਦੌੜ ਜਿੱਤੀ। ਕੇਨਿਆ ਦੀ ਹੈਲਨ ਓਬੀਰੀ 2:15:53 ਨਾਲ ਦੂਜੇ ਅਤੇ ਜੋਇਸਲਿਨ ਜੇਪਕੋਸਗੇਈ 2:15:55 ਨਾਲ ਤੀਜੇ ਸਥਾਨ 'ਤੇ ਰਹੀਆਂ




## ਕਰੋੜਾਂ ਦਾ ਫੰਡ, ਲੱਖਾਂ ਦੀਆਂ ਦੁਆਵਾਂ: ਮੈਨੀ ਸਿੰਘ ਕੰਗ ਦੀ 'ਮੈਰਾਥਨ ਮੈਡਨੈਸ' ਨੇ ਜਿੱਤਿਆ ਦੁਨੀਆਂ ਦਾ ਦਿਲ

ਲੰਡਨ , 27 ਅਪ੍ਰੈਲ (ਚ.ਨ.ਸ.) : ਮਨੁੱਖਤਾ ਦੀ ਸੇਵਾ ਅਤੇ ਦ੍ਰਿੜ ਇਰਾਦੇ ਦੀ ਇੱਕ ਬੇਮਿਸਾਲ ਉਦਾਹਰਣ ਪੇਸ਼ ਕਰਦਿਆਂ, ਮੈਨੀ ਸਿੰਘ ਕੰਗ ਨੇ ਇੱਕ ਬੇਹੱਦ ਚੁਣੌਤੀਪੂਰਨ ਸਰੀਰਕ ਕਾਰਨਾਮਾ ਕਰ ਦਿਖਾਇਆ ਹੈ। ਮੈਨੀ ਨੇ 130 ਮੀਲ ਦਾ ਸਫ਼ਰ ਲਗਾਤਾਰ ਪੈਦਲ ਚੱਲ ਕੇ ਤੈਅ ਕੀਤਾ ਅਤੇ ਇਸ ਤੋਂ ਤੁਰੰਤ ਬਾਅਦ 26.2 ਮੀਲ ਦੀ ਲੰਡਨ ਮੈਰਾਥਨ ਵਿੱਚ ਹਿੱਸਾ ਲਿਆ।



ਉਨ੍ਹਾਂ ਦਾ ਇਹ ਸਫ਼ਰ ਸਿਰਫ਼ ਸਰੀਰਕ ਸਮਰੱਥਾ ਦੀ ਪ੍ਰੀਖਿਆ ਨਹੀਂ ਸੀ, ਸਗੋਂ ਇੱਕ ਨੇਕ ਕਾਰਜ ਲਈ ਸਮਰਪਿਤ ਸੀ।156 ਮੀਲ ਦਾ ਸਫ਼ਰ ਮੈਨੀ ਸਿੰਘ ਕੰਗ ਨੇ ਆਪਣੀ ਇਸ ਯਾਤਰਾ ਦੀ ਸ਼ੁਰੂਆਤ ਮੋਲੀਨਕਸ ਸਟੇਡੀਅਮ ਤੋਂ ਕੀਤੀ ਅਤੇ ਵੱਖ-ਵੱਖ ਸ਼ਹਿਰਾਂ ਵਿੱਚੋਂ ਹੁੰਦੇ ਹੋਏ ਮਹਿਜ਼ ਤਿੰਨ ਦਿਨਾਂ ਵਿੱਚ ਲੰਡਨ ਪਹੁੰਚੇ। ਇਸ ਪੂਰੇ ਸਫ਼ਰ ਦੌਰਾਨ ਉਹ ਇਕ ਪਲ ਵੀ ਨਹੀਂ ਸੋਏ ਤੇ ਬਿਨਾ ਰੁਕੇ ਲਗਾਤਾਰ ਚੱਲਦੇ ਰਹੇ। ਲੰਡਨ ਪਹੁੰਚਦੇ ਹੀ, ਬਿਨਾਂ ਕੋਈ ਆਰਾਮ ਕੀਤੇ, ਉਹ ਸਿੱਧਾ ਆਪਣੀ ਸੱਤਵੀਂ ਲੰਡਨ ਮੈਰਾਥਨ ਦੀ ਸ਼ੁਰੂਆਤੀ ਲਾਈਨ 'ਤੇ ਪਹੁੰਚ ਗਏ, ਜੋ ਉਨ੍ਹਾਂ ਦੀ ਅਦੁੱਤੀ ਮਾਨਸਿਕ ਅਤੇ ਸਰੀਰਕ ਸ਼ਕਤੀ ਨੂੰ ਦਰਸਾਉਂਦਾ ਹੈ।

**ਡਿਮੈਂਸ਼ੀਆ ਦੇ ਮਰੀਜ਼ਾਂ ਲਈ ਇਕੱਠੇ ਕੀਤੇ ਕਰੋੜਾਂ ਰੁਪਏ** ; ਇਸ ਮੁਹਿੰਮ ਦਾ ਮੁੱਖ ਉਦੇਸ਼ ਡਿਮੈਂਸ਼ੀਆ ਯੂਕੇ ਸੰਸਥਾ ਲਈ ਫੰਡ ਇਕੱਠਾ ਕਰਨਾ ਹੈ। ਮੈਨੀ ਪਿਛਲੇ ਕਈ ਸਾਲਾਂ ਤੋਂ ਇਸ ਸੰਸਥਾ ਨਾਲ ਜੁੜੇ ਹੋਏ ਹਨ ਅਤੇ ਹੁਣ ਤੱਕ 345,000 (ਲਗਭਗ 3.6 ਕਰੋੜ ਰੁਪਏ) ਤੋਂ ਵੱਧ ਦੀ ਰਾਸ਼ੀ ਜੁਟਾ ਚੁੱਕੇ ਹਨ। ਇਸ ਚੁਣੌਤੀ ਨੂੰ ਹੋਰ ਵੀ ਭਾਵੁਕ ਅਤੇ ਅਰਥਪੂਰਨ ਬਣਾਉਣ ਲਈ, ਉਨ੍ਹਾਂ ਨੇ ਆਪਣੀਆਂ ਜੁੱਤੀਆਂ 'ਤੇ ਡਿਮੈਂਸ਼ੀਆ ਦੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਨਾਮ ਉੱਕਰੇ ਹੋਏ ਸਨ।

**ਸਿੱਖ ਧਰਮ ਦੇ ਸੇਵਾ ਦੇ ਸਿਧਾਂਤ ਤੋਂ ਪ੍ਰੇਰਿਤ** ; ਮੈਨੀ ਸਿੰਘ ਕੰਗ ਨੇ ਦੱਸਿਆ ਕਿ ਉਨ੍ਹਾਂ ਦੀ ਇਸ ਨਿਰੰਤਰ ਕੋਸ਼ਿਸ਼ ਦੇ ਪਿੱਛੇ ਸਿੱਖ ਧਰਮ ਦਾ ਸੇਵਾ (ਨਿਰਸਵਾਰਥ ਸੇਵਾ) ਦਾ ਸਿਧਾਂਤ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਸ ਤਰ੍ਹਾਂ ਦੇ ਯਤਨਾਂ ਰਾਹੀਂ ਸਮਾਜ ਵਿੱਚ ਇੱਕ ਅਸਲੀ ਬਦਲਾਅ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਦੀ ਇਸ ਹਿੰਮਤ ਅਤੇ ਜਜ਼ਬੇ ਦੀ ਦੁਨੀਆ ਭਰ ਵਿੱਚ ਸ਼ਲਾਘਾ ਹੋ ਰਹੀ ਹੈ।




**ਸੋਧ :** ਪਿਛਲੇ ਅੰਕ ਵਿੱਚ ਛਪੀ ਇਸ ਫੋਟੋ ਦੀ ਕੈਪਸ਼ਨ ਵਿੱਚ ਅਣਜਾਣੇ 'ਚ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਦਾ ਨਾਮ ਲਿਖਿਆ ਗਿਆ ਸੀ ਜਦੋਂ ਕਿ ਫੋਟੋ ਵਿੱਚ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ ਹਨ।

## ਬਾਰਸੀਲੋਨਾ ਲਾ ਲਿਗਾ 'ਚ ਲਗਾਤਾਰ ਦੂਜੇ ਖਿਤਾਬ ਨੇੜੇ ਪੁੱਜਾ

ਬਾਰਸੀਲੋਨਾ, 27 ਅਪ੍ਰੈਲ (ਚ.ਨ.ਸ.) : ਬਾਰਸੀਲੋਨਾ ਗੇਟਾਫੇ 'ਤੇ ਮਿਲੀ 2-0 ਦੀ ਜਿੱਤ ਨਾਲ ਸਪੈਨਿਸ਼ ਫੁੱਟਬਾਲ ਲੀਗ ਲਾ ਲਿਗਾ 'ਚ ਲਗਾਤਾਰ ਦੂਜੀ ਵਾਰ ਖਿਤਾਬ ਜਿੱਤਣ ਦੇ ਨੇੜੇ ਪਹੁੰਚ ਗਿਆ ਹੈ ਜਦਕਿ ਐਟਲੇਟਿਕੋ ਮੈਡ੍ਰਿਡ ਚੈਂਪੀਅਨਜ਼ ਲੀਗ ਸੈਮੀਫਾਈਨਲ 'ਚ ਆਰਸਨੈੱਲ ਦਾ ਸਾਹਮਣਾ ਕਰਨ ਤੋਂ ਪਹਿਲਾਂ ਆਤਮਵਿਸ਼ਵਾਸ ਭਰੀ ਜਿੱਤ ਹਾਸਲ ਕਰਨ 'ਚ ਸਫਲ ਰਿਹਾ।ਬਾਰਸੀਲੋਨਾ ਵੱਲੋਂ ਪਹਿਲਾ ਗੋਲ ਫਰਮਿਨ ਲੋਪੇਜ਼ ਨੇ 45ਵੇਂ ਮਿੰਟ 'ਚ ਕੀਤਾ। ਉਸ ਨੇ ਆਪਣਾ ਇਹ ਗੋਲ ਜ਼ਖ਼ਮੀ ਲਾਮਿਨ ਯਾਮਲ ਨੂੰ ਸਮਰਪਿਤ ਕੀਤਾ। ਬਾਰਸੀਲੋਨਾ ਵੱਲੋਂ ਇਸ ਪ੍ਰਤੀਯੋਗਿਤਾ 'ਚ ਸਰਵੋਤਮ ਗੋਲ ਕਰਨ ਵਾਲਾ ਯਾਮਲ ਮਾਸਪੇਸ਼ੀਆਂ 'ਚ ਖਿਚਾਅ ਹੋਣ ਕਾਰਨ ਇਸ ਸੈਸ਼ਨ ਤੋਂ ਬਾਹਰ ਹੋ ਗਿਆ ਹੈ। ਮਾਰਕਸ ਰੈਸ਼ਫੋਰਡ ਬਦਲਵੇਂ ਖਿਡਾਰੀ ਵਜੋਂ ਮੈਦਾਨ 'ਤੇ ਉਤਰਿਆ ਤੇ ਉਸ ਨੇ 74ਵੇਂ ਮਿੰਟ 'ਚ ਗੋਲ ਕਰਕੇ ਬਾਰਸੀਲੋਨਾ ਦੀ 2-0 ਨਾਲ ਜਿੱਤ ਯਕੀਨੀ ਬਣਾਈ।ਇਹ ਬਾਰਸੀਲੋਨਾ ਦੀ ਗੇਟਾਫੇ 'ਚ 6 ਸੈਸ਼ਨਾਂ 'ਚ ਪਹਿਲੀ ਜਿੱਤ ਹੈ।

## ਪਤੰਜਲੀ ਦੇ ਪ੍ਰਯੋਗ ਨੇ ਉੱਤਰੀ ਭਾਰਤ ਵਿੱਚ ਚੰਦਨ ਦੀ ਲੱਕੜ ਦੀ ਖੇਤੀ ਨੂੰ ਦਿੱਤੀ ਦਿਸ਼ਾ

ਹਰਿਦੁਆਰ, 27 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਦੇਸ਼ ਵਿੱਚ ਚੰਦਨ ਦੀ ਖੇਤੀ ਨੂੰ ਲੰਬੇ ਸਮੇਂ ਤੋਂ ਦੱਖਣੀ ਭਾਰਤ ਤੱਕ ਸੀਮਤ ਮੰਨਿਆ ਜਾਂਦਾ ਸੀ, ਪਰ ਹੁਣ ਇਹ ਧਾਰਨਾ ਬਦਲ ਰਹੀ ਹੈ। ਉਤਰਾਖੰਡ ਵਿੱਚ ਪਤੰਜਲੀ ਦੁਆਰਾ ਵਿਕਸਤ ਕੀਤੇ ਗਏ ਚੰਦਨ ਦੇ ਜੰਗਲ ਮਾਡਲ ਨੇ ਸਾਬਤ ਕਰ ਦਿੱਤਾ ਹੈ ਕਿ ਅਨੁਕੂਲ ਹਾਲਤਾਂ ਵਿੱਚ ਉੱਤਰੀ ਭਾਰਤ ਵਿੱਚ ਸਫਲ ਚੰਦਨ ਦੀ ਖੇਤੀ ਸੰਭਵ ਹੈ। ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਸਕਾਰਾਤਮਕ ਉਦਾਹਰਣਾਂ ਪਹਿਲਾਂ ਹੀ ਸਾਹਮਣੇ ਆ ਚੁੱਕੀਆਂ ਹਨ। ਹਰਿਦੁਆਰ ਸਥਿਤ ਪਤੰਜਲੀ ਦੇ ਜਨਰਲ ਸਕੱਤਰ ਆਚਾਰੀਆ ਬਾਲਕ੍ਰਿਸ਼ਨ ਨੇ ਲਗਭਗ ਦੋ ਦਹਾਕੇ ਪਹਿਲਾਂ ਚੰਦਨ ਦੀ ਖੇਤੀ ਦਾ ਪ੍ਰਯੋਗ ਕਰਨਾ ਸ਼ੁਰੂ ਕਰ ਦਿੱਤਾ ਸੀ। ਉਸ ਸਮੇਂ, ਉੱਤਰੀ ਭਾਰਤ ਵਿੱਚ ਇਸਦੀ ਖੇਤੀ ਲਗਭਗ ਨਾ-ਮਾਤਰ ਸੀ। ਪਤੰਜਲੀ ਦੇ ਖੋਜ ਕੇਂਦਰ ਅਤੇ ਔਸ਼ਧੀ ਬਾਗ਼ ਵਿੱਚ ਲਗਾਏ ਗਏ ਚੰਦਨ ਦੇ ਰੁੱਖਾਂ @ਤੇ ਕੀਤੇ ਗਏ ਅਧਿਐਨਾਂ ਦੇ ਸਕਾਰਾਤਮਕ ਨਤੀਜੇ ਸਾਹਮਣੇ ਆਏ, ਜਿਸ ਨਾਲ ਰਾਜ ਦੇ ਕਈ ਜ਼ਿਲ੍ਹਿਆਂ ਦੇ ਕਿਸਾਨਾਂ ਅਤੇ ਨਿੱਜੀ ਸੰਗਠਨਾਂ ਨੂੰ ਇਸ ਮਾਡਲ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਮਾਹਿਰਾਂ ਦੇ ਅਨੁਸਾਰ, ਚੰਦਨ ਇੱਕ ਅਰਧ-ਪਰਜੀਵੀ ਰੁੱਖ ਹੈ ਜਿਸਨੂੰ ਇਸਦੇ ਵਿਕਾਸ ਲਈ ਦੂਜੇ ਪੌਦਿਆਂ ਦੀਆਂ ਜੜ੍ਹਾਂ ਤੋਂ ਪੋਸ਼ਣ ਦੀ ਲੋੜ ਹੁੰਦੀ ਹੈ। ਇਸ ਲਈ, ਇਸਦੀ ਕਾਸ਼ਤ ਵਿਗਿਆਨਕ ਤਰੀਕਿਆਂ ਅਤੇ ਸਹੀ ਪ੍ਰਬੰਧਨ 'ਤੇ ਨਿਰਭਰ ਕਰਦੀ ਹੈ। ਆਚਾਰੀਆ ਬਾਲਕ੍ਰਿਸ਼ਨ ਨੇ ਕਈ ਸਾਲ ਪਹਿਲਾਂ ਉੱਤਰਾਖੰਡ ਵਿੱਚ ਮਨੀਕੁਟ ਪਹਾੜਾਂ 'ਤੇ ਚੰਦਨ ਦੀ ਮੌਜੂਦਗੀ ਬਾਰੇ ਇੱਕ ਖ਼ਬਰ ਪੜ੍ਹਨ ਤੋਂ ਬਾਅਦ,



ਇਸਦੀ ਸੰਭਾਵਨਾ ਦੀ ਜਾਂਚ ਕੀਤੀ। ਖ਼ਬਰ ਕਹਾਣੀ ਵਿੱਚ ਜ਼ਿਕਰ ਕੀਤਾ ਗਿਆ ਸੀ ਕਿ ਚੰਦਨ ਦੀ ਲੱਕੜ ਇੱਕ ਵਾਰ ਮਨੀਕੁਟ ਪਹਾੜਾਂ ਦੀਆਂ ਪਹਾੜੀਆਂ 'ਤੇ ਉੱਗਦੀ ਸੀ ਅਤੇ ਨਦੀ ਰਾਹੀਂ ਉੱਤਰ ਪ੍ਰਦੇਸ਼ ਦੇ ਕੰਨੌਜ ਤੱਕ ਪਹੁੰਚਾਈ ਜਾਂਦੀ ਸੀ। ਆਚਾਰੀਆ ਬਾਲਕ੍ਰਿਸ਼ਨ ਅਤੇ ਉਨ੍ਹਾਂ ਦੀ ਟੀਮ ਇਸਦੀ ਪੁਸ਼ਟੀ ਕਰਨ ਲਈ ਨਿਕਲੀ। ਵਿਗਿਆਨਕ ਜਾਂਚ ਤੋਂ ਬਾਅਦ, ਇਹ ਖੁਲਾਸਾ ਹੋਇਆ ਕਿ ਚੰਦਨ ਦੇ ਰੁੱਖ ਇਸ ਖੇਤਰ ਵਿੱਚ ਮੌਜੂਦ ਸਨ, ਪਰ ਸਿਰਫ ਥੋੜ੍ਹੀ ਗਿਣਤੀ ਵਿੱਚ। ਉਨ੍ਹਾਂ ਨੇ ਹਰਿਦੁਆਰ ਅਤੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਚੰਦਨ ਦੇ ਰੁੱਖ ਲਗਾਉਣ ਦਾ ਫੈਸਲਾ ਕੀਤਾ।

ਪਤੰਜਲੀ ਮੈਡੀਸਨਲ ਗਾਰਡਨ ਵਿੱਚ ਲਗਾਏ ਗਏ ਪੌਦੇ ਕੁਝ ਸਾਲਾਂ ਦੇ ਅੰਦਰ ਚੰਦਨ ਦੇ ਜੰਗਲ ਵਿੱਚ ਵਧ ਗਏ। ਇਸ ਤੋਂ ਬਾਅਦ, ਇਹ ਪ੍ਰਯੋਗ ਪੌੜੀ ਜ਼ਿਲ੍ਹੇ ਸਮੇਤ ਹੋਰ ਖੇਤਰਾਂ ਵਿੱਚ ਸਫਲ ਰਿਹਾ। ਇਸ ਪਹਿਲਕਦਮੀ ਨੇ ਉਤਰਾਖੰਡ ਵਿੱਚ ਚੰਦਨ ਦੀ ਕਾਸ਼ਤ ਦੀ ਸੰਭਾਵਨਾ ਨੂੰ ਮਜ਼ਬੂਤ ਕੀਤਾ। ਉੱਤਰਾਖੰਡ ਵਿੱਚ ਵੱਧ ਰਹੇ ਪ੍ਰਵਾਸ ਨੂੰ ਰੋਕਣ ਲਈ, ਆਚਾਰੀਆ ਬਾਲਕ੍ਰਿਸ਼ਨ ਨੇ ਆਈਆਈਟੀ ਰੁੜਕੀ ਵਿਖੇ ਵਿਜ਼ਨ 2047 'ਤੇ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਆਪਣਾ ਸਪੱਸ਼ਟ ਦ੍ਰਿਸ਼ਟੀਕੋਣ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਲੋਕ ਰੁਜ਼ਗਾਰ ਦੀ ਭਾਲ ਵਿੱਚ ਪਹਾੜਾਂ ਨੂੰ ਛੱਡ ਰਹੇ ਹਨ, ਜਦੋਂ ਕਿ ਸਥਾਨਕ ਸਰੋਤਾਂ ਦੀ ਸਹੀ ਵਰਤੋਂ ਇੱਥੇ ਖੁਸ਼ਹਾਲੀ ਲਿਆ ਸਕਦੀ ਹੈ।

## ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ, ਕਸ਼ਮੀਰ ਦੇ ਦੋ ਦਿਨਾਂ ਦੌਰੇ 'ਤੇ ਉਮਰ ਅਬਦੁੱਲਾ ਅਤੇ ਸੁਰਿੰਦਰ ਚੌਧਰੀ ਨਾਲ ਸ੍ਰੀਨਗਰ ਵਿਖੇ ਸਮਾਗਮ 'ਚ ਕਰਨਗੇ ਸ਼ਿਰਕਤ

ਨਵੀਂ ਦਿੱਲੀ, 27 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਜੰਮੂ ਅਤੇ ਕਸ਼ਮੀਰ ਵਿੱਚ ਵਿਕਾਸ ਦਾ ਇੱਕ ਨਵਾਂ ਅਧਿਆਇ ਲਿਖਣ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਕੱਲ੍ਹ ਦੇਖਿਆ ਜਾਵੇਗਾ ਜਦੋਂ ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ, SKICC, ਸ਼੍ਰੀਨਗਰ ਵਿਖੇ ਆਯੋਜਿਤ ਇੱਕ ਵਿਸ਼ੇਸ਼ ਸਮਾਗਮ ਵਿੱਚ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਬੈਚ-99 ਦੀ ਸ਼ੁਰੂਆਤ ਕਰਨਗੇ। ਇਸ ਸਮਾਗਮ ਦੌਰਾਨ, ਕੇਂਦਰੀ ਮੰਤਰੀ ਸ਼੍ਰੀ ਚੌਹਾਨ DAY-NRLM ਅਧੀਨ 24 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ 4,568.23 ਕਰੋੜ ਦਾ ਕੇਂਦਰੀ ਹਿੱਸਾ ਜਾਰੀ ਕਰਕੇ ਪੇਂਡੂ ਆਜੀਵਿਕਾ ਮਿਸ਼ਨ ਨੂੰ ਇੱਕ ਨਵੀਂ ਗਤੀ ਦੇਣਗੇ। ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਸ਼੍ਰੀ ਉਮਰ ਅਬਦੁੱਲਾ, ਉਪ ਮੁੱਖ ਮੰਤਰੀ ਸ਼੍ਰੀ ਸੁਰਿੰਦਰ ਕੁਮਾਰ ਚੌਧਰੀ, ਅਤੇ ਹੋਰ ਸੀਨੀਅਰ ਪਤਵੰਤੇ ਵੀ ਮੌਜੂਦ ਰਹਿਣਗੇ, ਜਿਸ ਨਾਲ ਇਹ ਸਮਾਗਮ ਸਿਰਫ਼ ਇੱਕ ਪ੍ਰਸ਼ਾਸਕੀ ਸਮਾਗਮ ਨਹੀਂ ਸਗੋਂ ਵਿਕਾਸ ਪ੍ਰਤੀ ਸਾਂਝੀ ਵਚਨਬੱਧਤਾ ਲਈ ਇੱਕ ਵੱਡਾ ਜਨਤਕ ਪਲੇਟਫਾਰਮ ਬਣ ਜਾਵੇਗਾ। 2000 ਤੋਂ, PMGSY ਦੇ ਤਹਿਤ, ਜੰਮੂ ਅਤੇ ਕਸ਼ਮੀਰ ਵਿੱਚ 3,328 ਸੜਕਾਂ ਬਣਾਈਆਂ ਗਈਆਂ ਹਨ, 19,851 ਕਿਲੋਮੀਟਰ ਸੜਕੀ ਨੈੱਟਵਰਕ ਬਣਾਇਆ ਗਿਆ ਹੈ, ਅਤੇ 257 ਪੁਲ ਬਣਾਏ ਗਏ ਹਨ। ਹੁਣ, PMGSY-IV, ਬੈਚ 99 ਦੇ ਤਹਿਤ, 330 ਨਵੀਆਂ ਸੜਕਾਂ, 1,600 ਕਿਲੋਮੀਟਰ ਸੜਕ ਦੀ ਲੰਬਾਈ, 3,550 ਕਰੋੜ ਦੇ ਪ੍ਰੋਜੈਕਟ ਮੁੱਲ, ਅਤੇ 363 ਬਸਤੀਆਂ ਖੇਤਰੀ ਵਿਕਾਸ ਨੂੰ ਨਵੀਆਂ ਉਚਾਈਆਂ 'ਤੇ ਲੈ ਜਾਣਗੀਆਂ।ਕੇਂਦਰੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਇਹ ਪਹਿਲਕਦਮੀ ਸਪੱਸ਼ਟ ਤੌਰ @ਤੇ ਦਰਸਾਉਂਦੀ ਹੈ ਕਿ ਮੋਦੀ ਸਰਕਾਰ ਜੰਮੂ ਅਤੇ ਕਸ਼ਮੀਰ ਵਿੱਚ ਵਿਕਾਸ ਨੂੰ ਸਿਰਫ਼ ਘੋਸ਼ਣਾਵਾਂ ਤੱਕ ਸੀਮਤ ਨਹੀਂ ਰੱਖਦੀ, ਸਗੋਂ ਪਿੰਡਾਂ ਨੂੰ ਸੜਕਾਂ, ਸੇਵਾਵਾਂ, ਸਹੂਲਤਾਂ ਅਤੇ ਮਾਣ ਪ੍ਰਦਾਨ ਕਰਨ ਲਈ ਇੱਕ ਠੋਸ ਰਣਨੀਤੀ 'ਤੇ ਕੰਮ ਕਰ ਰਹੀ ਹੈ। ਰਾਜਨੀਤਿਕ ਤੌਰ 'ਤੇ, ਇਹ ਸੰਦੇਸ਼ ਵੀ ਮਹੱਤਵਪੂਰਨ ਹੈ: ਕੇਂਦਰ ਸਰਕਾਰ ਜੰਮੂ ਅਤੇ ਕਸ਼ਮੀਰ ਨੂੰ ਰਾਸ਼ਟਰੀ ਵਿਕਾਸ ਦੇ ਦ੍ਰਿਸ਼ ਵਿੱਚ ਹੋਰ ਜੋੜਨ ਲਈ ਬੁਨਿਆਦੀ ਢਾਂਚੇ ਨੂੰ ਤਬਦੀਲੀ ਦੇ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਵਜੋਂ ਦੇਖਦੀ ਹੈ।



28 ਅਪ੍ਰੈਲ ਨੂੰ ਸਵੇਰੇ 11 ਵਜੇ ਸ਼ੁਰੂ ਹੋਣ ਵਾਲੇ ਇਸ ਸਮਾਗਮ ਵਿੱਚ, ਕੇਂਦਰੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਮੁੱਖ ਮੰਤਰੀ ਨੂੰ PMGSY-IV ਬੈਚ-99 ਲਈ ਪ੍ਰਵਾਨਗੀ ਪੱਤਰ ਸੌਂਪਣਗੇ, ਅਤੇ DAY-NRLM ਲਈ ?4568.23 ਕਰੋੜ ਦੇ ਕੇਂਦਰੀ ਹਿੱਸੇ ਨੂੰ ਵੀ ਪ੍ਰਵਾਨਗੀ ਦੇਣਗੇ, ਜੋ ਕਿ ਜੰਮੂ ਅਤੇ ਕਸ਼ਮੀਰ ਵਿੱਚ ÷ਲਖਪਤੀ ਦੀਦੀਆਂ÷ ਬਣਾਉਣ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਮਹੱਤਵਪੂਰਨ ਸਮਾਗਮ ਵਿੱਚ, ਕੇਂਦਰੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਦੀਨਦਿਆਲ ਅੰਤਯੋਦਯ ਯੋਜਨਾ-ਰਾਸ਼ਟਰੀ ਪੇਂਡੂ ਆਜੀਵਿਕਾ ਮਿਸ਼ਨ ਅਧੀਨ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ ਫੰਡਾਂ ਦਾ ਕੇਂਦਰੀ ਹਿੱਸਾ ਜਾਰੀ ਕਰਨਗੇ। ਇਸ ਪਹਿਲਕਦਮੀ ਨੂੰ ਔਰਤਾਂ ਦੇ ਸਵੈ-ਸਹਾਇਤਾ ਸਮੂਹਾਂ, ਪੇਂਡੂ ਆਜੀਵਿਕਾ ਨੂੰ ਉਤਸ਼ਾਹਿਤ ਕਰਨ, ਭਾਈਚਾਰਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਪਿੰਡਾਂ ਵਿੱਚ ਸਵੈ-ਰੁਜ਼ਗਾਰ-ਅਧਾਰਤ ਆਰਥਿਕ ਗਤੀਵਿਧੀਆਂ ਨੂੰ ਅੱਗੇ ਵਧਾਉਣ ਲਈ ਮਹੱਤਵਪੂਰਨ ਮੰਨਿਆ ਜਾਂਦਾ ਹੈ, ਖਾਸ ਕਰਕੇ ਕਿਉਂਕਿ ਵੱਡੀ ਗਿਣਤੀ ਵਿੱਚ ਸਵੈ-ਸਹਾਇਤਾ ਸਮੂਹ, ਪਿੰਡ ਸੰਗਠਨ ਅਤੇ ਕਲੱਸਟਰ-ਪੱਧਰੀ ਫੈਡਰੇਸ਼ਨ ਜੰਮੂ ਅਤੇ ਕਸ਼ਮੀਰ ਵਿੱਚ DAY-NRLM ਅਧੀਨ ਸਰਗਰਮ ਭੂਮਿਕਾ ਨਿਭਾ ਰਹੇ ਹਨ।






# ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਭਲਕੇ ਅੰਮ੍ਰਿਤਸਰ ਵਿਖੇ ਲਗਾਈ ਜਾਵੇਗੀ ਲੋਕ ਅਦਾਲਤ : ਡੀ.ਸੀ.



ਅੰਮ੍ਰਿਤਸਰ, 27 ਅਪ੍ਰੈਲ (ਗੁਰਦਿਆਲ ਸਿੰਘ/ਬਬਲੂ ਮਹਾਜਨ):ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ, ਚੇਅਰਪਰਸਨ ਸ੍ਰੀਮਤੀ ਰਾਜ ਲਾਲੀ ਗਿੱਲ ਦੀ ਅਗਵਾਈ ਹੇਠ, 29 ਅਪ੍ਰੈਲ, 2026 (ਬੁੱਧਵਾਰ) ਨੂੰ ਸਵੇਰੇ 10.30 ਵਜੇ ਕਾਨਫਰੰਸ ਹਾਲ, ਪੁਲਿਸ ਲਾਈਨ ਨੇੜੇ ਲਾਰੈਂਸ ਰੋਡ, ਅੰਮ੍ਰਿਤਸਰ ਵਿਖੇ ਲੋਕ ਅਦਾਲਤ ਲਗਾਈ ਜਾਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਲੋਕ ਅਦਾਲਤ ਦਾ ਉਦੇਸ਼ ਮਹਿਲਾਵਾਂ ਨੂੰ ਆਪਣੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਨੂੰ ਸਿੱਧਾ ਕਮਿਸ਼ਨ ਅਤੇ ਪੁਲਿਸ ਅਧਿਕਾਰੀਆਂ ਦੇ ਸਾਹਮਣੇ ਰੱਖਣ ਲਈ ਇੱਕ ਸਿੱਧਾ ਅਤੇ ਸੁਗਮ ਮੰਚ ਉਪਲੱਬਧ ਕਰਵਾਉਣਾ ਹੈ। ਇਸ ਦੌਰਾਨ ਲਗਾਏ ਗਏ ਮਾਮਲਿਆਂ ਦਾ ਮੌਕੇ 'ਤੇ ਨਿਪਟਾਰਾ ਕਰਨ ਲਈ ਉੱਚ ਅਧਿਕਾਰੀਆਂ ਮੌਜੂਦ ਰਹਿਣਗੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕ ਅਦਾਲਤ ਵਿੱਚ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਮਹਿਲਾਵਾਂ ਦੇ ਹੱਕਾਂ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੀਆਂ ਗੰਭੀਰ ਸਮੱਸਿਆਵਾਂ ਦਾ ਤੁਰੰਤ ਹੱਲ ਕਰਵਾਇਆ ਜਾਵੇਗਾ। ਇਹ ਖੁੱਲ੍ਹਾ ਦਰਬਾਰ ਪੀੜਤ ਮਹਿਲਾਵਾਂ ਨੂੰ ਬਿਨਾਂ ਦੇਰੀ ਨਿਆਂ ਪ੍ਰਾਪਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ।ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਸਮੂਹ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਲੋਕ ਅਦਾਲਤ ਵਿੱਚ ਹਿੱਸਾ ਲੈ ਕੇ ਆਪਣੀਆਂ ਸਮੱਸਿਆਵਾਂ ਸਿੱਧੇ ਕਮਿਸ਼ਨ ਅੱਗੇ ਰੱਖਣ ਦਾ ਲਾਭ ਉਠਾਇਆ ਜਾਵੇ।

# ਗੁਰਕੰਵਲ ਸਿੰਘ ਨੇ ਸਹਾਇਕ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ



ਹੁਸ਼ਿਆਰਪੁਰ, 27 ਅਪ੍ਰੈਲ (ਦੀਪਕ ਅਗਨੀਹੋਤਰੀ): 2025 ਬੈਚ ਦੇ ਆਈ.ਏ.ਐਸ. ਅਧਿਕਾਰੀ ਗੁਰਕੰਵਲ ਸਿੰਘ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਮੌਜੂਦਗੀ ਵਿਚ ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਵਜੋਂ ਅਹੁਦਾ ਸੰਭਾਲਿਆ।ਜਲੰਧਰ ਜ਼ਿਲ੍ਹੇ ਨਾਲ ਸਬੰਧਤ ਗੁਰਕੰਵਲ ਸਿੰਘ, ਜਿਨ੍ਹਾਂ ਦੀ ਇਹ ਪਹਿਲੀ ਫੀਲਡ ਪੋਸਟਿੰਗ ਹੈ, ਨੇ ਥਾਪਰ ਯੂਨੀਵਰਸਿਟੀ, ਪਟਿਆਲਾ ਤੋਂ ਸਿਵਲ ਇੰਜੀਨੀਅਰਿੰਗ ਕੀਤੀ ਹੋਈ ਹੈ। ਉਨ੍ਹਾਂ ਦੇ ਪਿਤਾ ਸਤਪਾਲ ਸਿੰਘ ਮੁਲਤਾਨੀ ਸੇਵਾ ਮੁਕਤ ਸਹਾਇਕ ਆਬਕਾਰੀ ਅਤੇ ਕਰ ਕਮਿਸ਼ਨਰ ਹਨ।ਅਹੁਦਾ ਸੰਭਾਲਣ ਸਮੇਂ ਗੁਰਕੰਵਲ ਸਿੰਘ ਨੇ ਕਿਹਾ ਕਿ ਉਹ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਅਤੇ ਨਾਗਰਿਕ ਸੇਵਾਵਾਂ ਲੋਕਾਂ ਤੱਕ ਘੱਟੋ-ਘੱਟ ਸਮੇਂ ਵਿਚ ਪੁੱਜਦੀਆਂ ਕਰਨਾ ਅਤੇ ਜਨਤਕ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਉਨ੍ਹਾਂ ਦੀ ਮੁੱਖ ਤਰਜ਼ੀਹ ਰਹੇਗੀ। ਇਸ ਤੋਂ ਪਹਿਲਾ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਗੁਰਕੰਵਲ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਅਤੇ ਪ੍ਰਸ਼ਾਸਨਿਕ ਸੇਵਾਵਾਂ ਦੇ ਖੇਤਰ ਵਿਚ ਬਿਹਤਰੀਨ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ, ਆਈ.ਏ.ਐਸ. ਅਧਿਕਾਰੀ ਗੁਰਕੰਵਲ ਸਿੰਘ ਦੇ ਪਿਤਾ ਸਤਪਾਲ ਸਿੰਘ ਮੁਲਤਾਨੀ, ਮਾਤਾ ਪਰਮਜੀਤ ਕੌਰ ਅਤੇ ਹੋਰ ਪਰਿਵਾਰਕ ਮੈਂਬਰ ਵੀ ਮੌਜੂਦ ਸਨ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪੱਧਰੀ ਕਨਵੈਨਸ਼ਨ

ਗੜ੍ਹਸ਼ੰਕਰ, 27 ਅਪ੍ਰੈਲ (ਤਜਿੰਦਰ ਜੋਤ):ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ. 295) ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਕਨਵੈਨਸ਼ਨ ਜ਼ਿਲ੍ਹਾ ਪ੍ਰਧਾਨ ਡਾ ਮਨਜੀਤ ਸਿੰਘ ਦੀ ਪ੍ਰਧਾਨਗੀ ਹੇਠ ਸੈਲਾ ਖੁਰਦ ਵਿਖੇ ਸੰਪੰਨ ਹੋਈ। ਇਸ ਕਨਵੈਨਸ਼ਨ ਵਿੱਚ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਦਾ ਜ਼ਿਲ੍ਹਾ ਟੀਮ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਨੇ ਜਥੇਬੰਦੀ ਦੇ ਇਤਿਹਾਸ 'ਤੇ ਚਾਨਣਾ ਪਾਉਂਦਿਆਂ ਮੌਜੂਦਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਚੋਣਾਂ ਸਮੇਂ ਆਪਣੇ ਮੈਨੀਫੈਸਟੋ ਵਿੱਚ ਪੇਂਡੂ ਡਾਕਟਰਾਂ ਨੂੰ ਪਾਰਟ ਟਾਈਮ ਟ੍ਰੇਨਿੰਗ ਦੇ ਕੇ ਕਾਨੂੰਨੀ ਮਾਨਤਾ ਦੇਣ ਦਾ ਵਾਅਦਾ ਕੀਤਾ ਸੀ। ਪਰ ਅਫਸੋਸ ਕਿ ਚਾਰ ਸਾਲਾਂ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਸਰਕਾਰ ਨੇ ਆਪਣਾ ਵਾਅਦਾ ਪੂਰਾ ਨਹੀਂ ਕੀਤਾ, ਜਿਸ ਕਾਰਨ ਡਾਕਟਰਾਂ ਵਿੱਚ ਭਾਰੀ ਰੋਸ ਹੈ।ਇਸ ਮੌਕੇ ਜ਼ਿਲ੍ਹਾ ਨਵਾਂਸ਼ਹਿਰ ਦੇ ਪ੍ਰਧਾਨ ਕਸ਼ਮੀਰ ਸਿੰਘ ਢਿੱਲੋਂ ਅਤੇ ਸੂਬਾ ਉਪ ਪ੍ਰਧਾਨ ਦਿਲਦਾਰ ਸਿੰਘ ਚਾਹਲ ਨੇ ਸਾਂਝੇ ਤੌਰ 'ਤੇ ਕਿਹਾ ਕਿ 11 ਅਪ੍ਰੈਲ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕਰਕੇ ਜਥੇਬੰਦੀ ਨੇ ਮਹਿਜ਼ ਇੱਕ ਟ੍ਰੇਲਰ ਦਿਖਾਇਆ ਸੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਤੁਰੰਤ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਪੰਜਾਬ ਪੱਧਰ 'ਤੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।ਕਨਵੈਨਸ਼ਨ ਵਿੱਚ ਡਾ ਦਿਲਦਾਰ ਸਿੰਘ ਚਾਹਲ ਸੂਬਾ ਉਪ ਪ੍ਰਧਾਨ, ਡਾ ਰਾਕੇਸ਼ ਬੱਸੀ ਸੂਬਾ ਕਮੇਟੀ ਮੈਂਬਰ, ਡਾ ਗੁਰਦਾਵਰ ਰਾਮ, ਡਾ ਕਸ਼ਮੀਰ ਸਿੰਘ ਢਿੱਲੋਂ ਪ੍ਰਧਾਨ ਨਵਾਂਸ਼ਹਿਰ, ਡਾਕਟਰ ਕੁਲਵਿੰਦਰ ਸਿੰਘ ਅਤੇ ਡਾ ਰਣਜੀਤ ਸਿੰਘ ਨੇ ਵੀ ਸੰਬੋਧਨ ਕੀਤਾ।

# ਜ਼ਿਲ੍ਹਾ ਅੰਮ੍ਰਿਤਸਰ ਵਿਖੇ 3838 ਅਧਿਆਪਕਾਂ ਨੇ ਦਿੱਤੀ ਅਧਿਆਪਕ ਯੋਗਤਾ ਪ੍ਰੀਖਿਆ

ਅੰਮ੍ਰਿਤਸਰ, 27 ਅਪ੍ਰੈਲ (ਬਬਲੂ ਮਹਾਜਨ): ਰਾਜ ਵਿੱਦਿਅਕ ਅਤੇ ਖੋਜ ਸਿਖਲਾਈ ਸੰਸਥਾ ਪੰਜਾਬ ਦੀ ਦਿਸ਼ਾ ਨਿਰਦੇਸ਼ਾਂ ਹੇਠ ਸਿੱਖਿਆ ਵਿਭਾਗ ਪੰਜਾਬ ਵੱਲੋਂ ਅੱਜ ਕਰਵਾਈ ਗਈ ਅਧਿਆਪਕ ਯੋਗਤਾ ਟੈਸਟ ਲਈ ਜ਼ਿਲ੍ਹੇ ਅੰਦਰ ਬਣਾਏ ਗਏ ਕੁੱਲ ਪੰਜ ਪ੍ਰੀਖਿਆ ਕੇਂਦਰਾਂ ਵਿੱਚ 3838 ਅਧਿਆਪਕਾਂ ਨੇ ਅਧਿਆਪਕ ਯੋਗਤਾ ਪ੍ਰੀਖਿਆ ਵਿੱਚ ਭਾਗ ਲਿਆ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸ੍ਰੀ ਰਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿੱ) ਅੰਮ੍ਰਿਤਸਰ ਅਤੇ ਸ. ਕਵਲਜੀਤ ਸਿੰਘ ਸੰਧੂ ਜ਼ਿਲ੍ਹਾ ਸਿੱਖਿਆ ਅਫਸਰ (ਐਲੀ) ਅੰਮ੍ਰਿਤਸਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕੁਲ 4077 ਅਧਿਆਪਕ ਪ੍ਰੀਖਿਆ ਲਈ ਕੁੱਲ ਪੰਜ ਪ੍ਰੀਖਿਆ ਕੇਂਦਰ ਬਣਾਏ ਗਏ ਸਨ, ਜਿਨ੍ਹਾਂ ਵਿੱਚ ਅੱਜ ਹੋਈ ਇਮਤਿਹਾਨ ਲਈ 3838 ਅਧਿਆਪਕਾਂ ਨੇ ਹਿੱਸਾ ਲਿਆ, ਜਦ ਕਿ ਕੁੱਲ 239 ਅਧਿਆਪਕ ਪ੍ਰੀਖਿਆਰਥੀ ਪ੍ਰੀਖਿਆ ਕੇਂਦਰਾਂ ਤੋਂ ਦੂਰ ਰਹੇ । ਸਿੱਖਿਆ ਅਧਿਕਾਰੀਆਂ ਨੇ ਦੱਸਿਆ ਜ਼ਿਲ੍ਹੇ ਅੰਦਰ ਅੱਜ ਹੋਈ ਅਧਿਆਪਕ ਯੋਗਤਾ ਪ੍ਰੀਖਿਆ ਅਮਨ ਸ਼ਾਂਤੀ ਅਤੇ ਬਿਨਾਂ ਕਿਸੇ ਰੌਲੇ ਤੋਂ ਨੇਪਰੇ ਚੜ੍ਹੀ।ਪ੍ਰੀਖਿਆ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਦੋਹਾਂ ਸਿੱਖਿਆ ਅਧਿਕਾਰੀਆਂ ਨੇ ਦੱਸਿਆ ਕਿ ਅੱਜ ਸਵੇਰ ਸਮੇਂ ਹੋਈ ਪੰਜਾਬ ਰਾਜ ਅਧਿਆਪਕ ਯੋਗਤਾ ਪ੍ਰੀਖਿਆ-2 ਲਈ ਬਣੇ 5 ਪ੍ਰੀਖਿਆ ਕੇਂਦਰਾਂ ਵਿੱਚ ਕੁੱਲ 1972 ਉਮੀਦਵਾਰਾ ਵਿੱਚੋਂ 1815 ਉਮੀਦਵਾਰ ਹਾਜ਼ਰ ਹੋਈ, ਜਦ ਕਿ 157 ਉਮੀਦਵਾਰਗੈਰ ਹਾਜ਼ਰ ਰਹੇ ਜਦਕਿ ਉਮੀਦਵਾਰਾਂ ਦੀ ਹਾਜ਼ਰੀ 92.04 ਪ੍ਰਤੀਸ਼ਤ ਰਹੀ ਇਸੇ ਤਰਾਂ ਸ਼ਾਮ ਸਮੇਂ ਪੰਜਾਬ ਰਾਜ ਅਧਿਆਪਕ ਯੋਗਤਾ ਪ੍ਰੀਖਿਆ-1 ਲਈ ਕੁੱਲ 2105 ਉਮੀਦਵਾਰਾਂ ਲਈ ਪੰਜ ਪ੍ਰੀਖਿਆ ਕੇਂਦਰ ਬਣਾਏ ਗਏ ਸਨ, ਜਿਨ੍ਹਾਂ ਵਿੱਚ 2023 ਉਮੀਦਵਾਰ ਹਾਜ਼ਰ ਰਹੇ, ਜਦਕਿ 82 ਉਮੀਦਵਾਰ ਗੈਰ ਹਾਜ਼ਰ ਰਹੇ । ਹਾਜ਼ਰ ਉਮੀਦਵਾਰਾਂ ਦੀ ਹਾਜ਼ਰੀ 96.1 ਪ੍ਰਤੀਸ਼ਤ ਰਹੀ। ਇਸਤੋਂ ਪਹਿਲਾਂ ਸ੍ਰੀ ਰਜੇਸ਼ ਕੁਮਾਰ ਸ਼ਰਮਾ ਡੀਈਓ ਸੈਕੰਡਰੀ, ਕਵਲਜੀਤ ਸਿੰਘ ਸੰਧੂ ਡੀ ਈ ਓ ਐਲੀਮੈਂਟਰੀ ਵੱਲੋਂ ਵੱਖ-ਵੱਖ ਪ੍ਰੀਖਿਆ ਕੇਂਦਰਾਂ ਦਾ ਨਿਰੀਖਣ ਕਰਦਿਆਂ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਇਸ ਸਮੇਂ ਉਹਨਾਂ ਨਾਲ ਸ੍ਰੀ ਰਜੇਸ਼ ਖੰਨਾ ਡਿਪਟੀ ਡੀਈਓ, ਸ੍ਰੀ ਰਾਜਨ ਡੀ ਆਰ ਸੀ, ਪਰਮਿੰਦਰ ਸਿੰਘ ਸਰਪੰਚ ਜ਼ਿਲ੍ਹਾ ਮੀਡੀਆ ਕੁਆਰਡੀਨੇਟਰ, ਸਟੈਨੋ ਰਾਜਦੀਪ ਸਿੰਘ, ਗੁਰਪ੍ਰੀਤ ਸਿੰਘ ਵਡਾਲੀ ਗੁਰੂ, ਹਤਿੰਦਰ ਪਾਲ ਸਿੰਘ ਮਾਲ ਰੋਡ, ਲੈਕਚਰਾਰ ਰਮਿੰਦਰ ਪਾਲ ਸਿੰਘ ਅਜਨਾਲਾ ਸਮੇਤ ਹੋਰ ਸਿੱਖਿਆ ਅਧਿਕਾਰੀ ਹਾਜ਼ਰ ਸਨ ।

# ਭਾਸ਼ਾ ਵਿਭਾਗ ਪੰਜਾਬ ਨੇ ਮਨਾਇਆ ਗੁਰਬਖਸ਼ ਸਿੰਘ ਪ੍ਰੀਤਲੜੀ ਦਾ ਜਨਮ ਦਿਵਸ

## ਪ੍ਰੀਤ ਨਗਰ ਪੰਜਾਬ ਦਾ ਸ਼ਾਂਤੀ ਨਿਕੇਤਨ ਹੈ : ਜਸਵੰਤ ਸਿੰਘ ਜ਼ਫ਼ਰ



ਅੰਮ੍ਰਿਤਸਰ, 27 ਅਪ੍ਰੈਲ (ਗੁਰਦਿਆਲ ਸਿੰਘ/ਬਬਲੂ ਮਹਾਜਨ) : ਪੰਜਾਬ ਸਰਕਾਰ ਦੀ ਸਰਪ੍ਰਸਤੀ 'ਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਬਾਂਗੀ ਸਾਹਿਤਕਾਰ ਗੁਰਬਖਸ਼ ਸਿੰਘ (ਪ੍ਰੀਤਲੜੀ) ਦਾ ਜਨਮ ਦਿਨ ਉਨ੍ਹਾਂ ਦੀ ਕਰਮਭੂਮੀ ਪ੍ਰੀਤਨਗਰ ਵਿਖੇ ਮਨਾਇਆ ਗਿਆ। ਜਿਸ ਮੌਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਸਾਹਿਤਕਾਰ ਤੇ ਸਾਹਿਤ ਰਸੀਏ 'ਪ੍ਰੀਤ ਯਾਤਰਾ' ਤਹਿਤ ਪਹੁੰਚੇ। ਇਸ ਮੌਕੇ ਉਹਨਾਂ ਦੇ ਪਰਿਵਾਰਿਕ ਮੈਂਬਰਾਂ ਅਤੇ ਵਿਦਵਾਨਾਂ ਵੱਲੋਂ ਉਨ੍ਹਾਂ ਦੀ ਯਾਦਾਂ ਸਾਂਝੀਆਂ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸਾਹਿਤ ਨੂੰ ਦੇਣ ਬਾਰੇ ਵੀ ਵਿਚਾਰਾਂ ਹੋਈਆਂ। ਪ੍ਰੀਤ ਭਵਨ ਵਿਖੇ ਹੋਏ ਸਮਾਗਮ ਦੌਰਾਨ ਸ੍ਰੀ ਕੇਵਲ ਧਾਲੀਵਾਲ ਦੁਆਰਾ ਤਿਆਰ ਕੀਤੀ ਦਸਤਾਵੇਜ਼ੀ ਫਿਲਮ 'ਸੁਪਨਿਆਂ ਦੀ ਧਰਤੀ' ਵੀ ਦਿਖਾਈ ਗਈ।ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਗੁਰਬਖਸ਼ ਸਿੰਘ ਨੇ ਆਪਣੇ ਸਾਹਿਤ ਤੇ ਕਰਮ ਰਾਹੀਂ ਸਾਂਝ, ਸੁਹਜ, ਸੂਝ, ਸਚਾਈ, ਸਿਆਣਪ ਅਤੇ ਸ਼ਿਸ਼ਟਾਚਾਰ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਇਸੇ ਸੋਚ 'ਚੋਂ ਉਪਜਿਆ ਪ੍ਰੀਤਨਗਰ ਅਜ਼ਾਦੀ ਤੋਂ ਪਹਿਲਾਂ ਦੇ ਪੰਜਾਬ ਦੇ ਬਿਲਕੁੱਲ ਕੇਂਦਰ ਵਿੱਚ ਸੀ ਪਰ ਸੌੜੀ ਸਿਆਸੀ ਅਤੇ ਫਿਰਕੂ ਸੋਚ ਕਾਰਨ ਪੰਜਾਬ ਦਾ ਇਹ ਸ਼ਾਂਤੀ ਨਿਕੇਤਨ ਵਰਗਾ ਮਹੱਤਵ ਰੱਖਣ ਵਾਲਾ ਸਥਾਨ ਇੱਕ ਪੰਜਾਬ ਦੀ ਨੁੱਕਰੇ ਲੱਗ ਕੇ ਰਹਿ ਗਿਆ। ਹਿਰਦੇਪਾਲ ਸਿੰਘ ਨੇ ਆਪਣੇ ਪਿਤਾ ਦੇ ਜੀਵਨ ਬਾਰੇ ਬੋਲਦਿਆਂ ਕਿਹਾ ਕਿ ਉਨ੍ਹਾਂ ਨੇ ਦੁਸ਼ਵਾਰ ਪ੍ਰਸਥਿਤੀਆਂ ਦੇ ਬਾਵਜੂਦ ਆਪਣੀ ਜ਼ਿੰਦਗੀ ਨੂੰ ਖੁਸ਼ਹਾਲ ਅਤੇ ਖੁਸ਼ਗਵਾਰ ਬਣਾਇਆ। ਉਨ੍ਹਾਂ ਦੀਆਂ ਘਰੋਗੀ ਹਾਲਤਾਂ ਕਿਸੇ ਪੱਖੋਂ ਵੀ ਸਾਜ਼ਗਾਰ ਨਹੀਂ ਸਨ, ਪਰ ਉਹ ਫਿਰ ਵੀ ਅਮਰੀਕਾ 'ਚ ਜਾ ਕੇ ਪੜ੍ਹਾਈ ਕਰਨ 'ਚ ਸਫ਼ਲ ਰਹੇ ਅਤੇ ਹੋਰਨਾਂ ਲੋਕਾਂ ਦੀਆਂ ਰੀਝਾਂ ਦੀ ਪੂਰਤੀ ਲਈ ਕਾਰਜਸ਼ੀਲ ਰਹੇ। ਉਨ੍ਹਾਂ ਨੇ ਪ੍ਰੀਤ ਨਗਰ ਦੇ ਰੂਪ 'ਚ ਪੰਜਾਬ ਦਾ ਪਹਿਲਾ ਯੋਜਨਾਬੱਧ, ਸਮਾਜਿਕ ਤੇ ਸੱਭਿਆਚਾਰਕ ਪੱਖੋਂ ਅਮੀਰ ਨਗਰ ਵਸਾਇਆ। ਉਨ੍ਹਾਂ ਪ੍ਰੀਤਨਗਰ 'ਚ ਭਾਵੇਂ ਕੋਈ ਧਾਰਮਿਕ ਸਥਾਨ ਨਹੀਂ ਬਣਾਇਆ, ਪਰ ਇਸ ਦੇ ਵਾਸੀ ਸਾਰੇ ਧਰਮਾਂ ਦੇ ਤਿਉਹਾਰ ਇਕੱਠੇ ਹੋ ਕੇ ਸਾਂਝੇ ਰੂਪ 'ਚ ਮਨਾਉਂਦੇ ਸਨ। ਉਹ ਕਿਸੇ ਨੂੰ ਵੀ ਅਸੀਸ ਨਹੀਂ ਦਿੰਦੇ ਸਨ ਪਰ ਅੱਗੇ ਵਧਣ ਲਈ ਥਾਪੜਾ ਜ਼ਰੂਰ ਦਿੰਦੇ ਸਨ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਅੱਜ ਪ੍ਰੀਤ ਨਗਰ ਪੁੱਜ ਕੇ ਉਹਨਾਂ ਦਾ ਜਨਮ ਦਿਨ ਮਨਾਉਣਾ ਇਤਿਹਾਸਿਕ ਘਟਨਾ ਬਣ ਗਈ ਹੈ।ਪ੍ਰੋ. ਹਰਭਜਨ ਸਿੰਘ ਭਾਟੀਆ ਨੇ 'ਗੁਰਬਖਸ਼ ਸਿੰਘ ਪ੍ਰੀਤਲੜੀ ਹੋਣ ਦਾ ਮਹੱਤਵ ਵਿਸ਼ੇ 'ਤੇ ਬੋਲਦਿਆ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਅਸੀਂ ਜੋ ਸੋਚਦੇ ਹਾਂ, ਜੋ ਬੋਲਦੇ ਹਾਂ, ਜੋ ਦੇਖਦੇ ਹਾਂ ਤੇ ਜੋ ਕਰਦੇ ਹਾਂ ਉਸ ਵਿੱਚ ਢੇਰ ਅੰਤਰ ਹੁੰਦਾ ਹੈ, ਪਰ ਸ. ਗੁਰਬਖਸ਼ ਸਿੰਘ ਇਸ ਦੇ ਉਲਟ ਸਨ ਉਹ ਜੋ ਸੋਚਦੇ, ਦੇਖਦੇ, ਬੋਲਦੇ ਸੀ, ਉਸੇ 'ਤੇ ਅਮਲ ਕਰਦੇ ਸਨ। ਜੋ ਉਨ੍ਹਾਂ ਦੀ ਸ਼ਖ਼ਸੀਅਤ ਦਾ ਸਾਕਾਰਤਮਕ ਪਹਿਲੂ ਸੀ। ਉਨ੍ਹਾਂ ਦੱਸਿਆ ਕਿ 1970 ਵਿੱਚ ਪ੍ਰੀਤਲੜੀ ਰਸਾਲੇ ਦੀਆਂ 18 ਹਜ਼ਾਰ ਕਾਪੀਆਂ ਛਪਦੀਆਂ ਸਨ। ਜੋ ਕਿ ਇੱਕ ਬਹੁਤ ਵੱਡਾ ਕੀਰਤੀਮਾਨ ਹੈ। ਉਨ੍ਹਾਂ ਨੇ ਚੀਨੀ, ਯੂਨਾਨੀ, ਜੈਨੀ, ਬੁੱਧ ਅਤੇ ਗੁਰੂ ਸਾਹਿਬਾਨਾਂ ਦੀ ਫਿਲਾਸਫੀ ਨੂੰ ਆਤਮਸਾਥ ਕੀਤਾ, ਜਿਸ ਕਰਕੇ ਉਨ੍ਹਾਂ ਦੀਆਂ ਲਿਖਤਾ 'ਚ ਪ੍ਰੀਤ, ਸਦਾਚਾਰ ਤੇ ਸਾਂਝੀਵਾਲਤਾ ਦਾ ਬੋਲ ਬਾਲਾ ਹੈ। ਉਹਨਾਂ ਨੇ ਪਹਿਲਾਂ ਅੰਗਰੇਜ਼ੀ 'ਚ ਲਿਖਣਾ ਸ਼ੁਰੂ ਕੀਤਾ ਫਿਰ ਆਪਣੇ ਲੋਕਾਂ ਲਈ ਪੰਜਾਬੀ 'ਚ ਲਿਖਣ ਲਈ ਪੰਜਾਬੀ ਸਿੱਖੀ। ਉਨ੍ਹਾਂ ਨੇ ਆਪਣੇ ਜੀਵਨ ਦੌਰਾਨ 31 ਨਿਬੰਧਾਂ ਦੀਆਂ ਪੁਸਤਕਾਂ, 4 ਜੀਵਨੀਆਂ/ ਯਾਦਾਂ ਨਾਲ ਸਬੰਧਤ, 14 ਕਹਾਣੀ ਸੰਗ੍ਰਹਿ, 14 ਨਾਟਕ, 5 ਅਨੁਵਾਦ ਅਤੇ ਬਾਲ ਸਾਹਿਤ ਨਾਲ ਸਬੰਧਤ ਪੁਸਤਕਾਂ ਰਚੀਆਂ।ਇਸ ਮੌਕੇ ਉੱਘੇ ਸ਼ਾਇਰ ਵਿਜੇ ਵਿਵੇਕ ਨੇ ਕਿਹਾ ਕਿ ਪ੍ਰੀਤਲੜੀ ਅਜਿਹਾ ਰਸਾਲਾ ਸੀ ਜਿਸ ਦੀ ਇੱਕ-ਇੱਕ ਕਾਪੀ ਨੂੰ ਪਿੰਡਾਂ-ਸ਼ਹਿਰਾਂ 7-8 ਪਾਠਕ ਪੜਦੇ ਸਨ ਜਿਨਾਂ ਵਿੱਚ ਗੁਰਦੁਆਰੇ ਦੇ ਗ੍ਰੰਥੀ, ਦੁਕਾਨਦਾਰ, ਆਜੜੀ, ਕਿਸਾਨ ਤੇ ਗ੍ਰਹਿਣੀਆਂ, ਅਧਿਆਪਕ ਸ਼ਾਮਿਲ ਸਨ। ਜਿਸ ਤੋਂ ਇਸ ਦੀ ਹਰਮਨ ਪਿਆਰਤਾ ਦਾ ਪਤਾ ਲੱਗਦਾ ਹੈ।

# ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸੁਖਬੀਰ ਬਾਦਲ ਨੂੰ ਸ੍ਰੀ ਅਕਾਲ ਤਖ਼ਤ 'ਤੇ ਤਲਬ ਕਰਨ ਲਈ ਜਥੇਦਾਰ ਦੇ ਨਾਮ ਦਿੱਤਾ ਮੰਗ ਪੱਤਰ



ਅਮ੍ਰਿਤਸਰ, 27 ਅਪ੍ਰੈਲ (ਬਬਲੂ ਮਹਾਜਨ):ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦਾ ਇੱਕ ਵਫ਼ਦ ਮਾਸਟਰ ਮਿੱਠੂ ਸਿੰਘ ਕਾਨਕੇ ਦੀ ਅਗਵਾਈ ਹੇਠ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਿਆ, ਜਿੱਥੇ ਉਨ੍ਹਾਂ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਮੁੜ ਤਲਬ ਕਰਨ ਲਈ ਜਥੇਦਾਰ ਸਾਹਿਬ ਨੂੰ ਮੰਗ ਪੱਤਰ ਸੌਂਪਿਆ ਗਿਆ। ਵਫ਼ਦ ਨੇ ਮੰਗ ਕੀਤੀ ਕਿ ਬਾਦਲ ਵੱਲੋਂ ਹਾਲ ਹੀ ਵਿੱਚ ਦਿੱਤੇ ਗਏ ਬਿਆਨਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਉਨ੍ਹਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ।ਮੀਡੀਆ ਨਾਲ ਗੱਲਬਾਤ ਕਰਦਿਆਂ ਮੈਂਬਰਾਂ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਵੱਡੀਆਂ ਤੋਂ ਵੱਡੀਆਂ ਸ਼ਖ਼ਸੀਅਤਾਂ ਨੇ ਅਕਾਲ ਤਖ਼ਤ ਸਾਹਿਬ ਅੱਗੇ ਨਿਮਰਤਾ ਨਾਲ ਪੇਸ਼ ਹੋ ਕੇ ਆਪਣੀਆਂ ਗਲਤੀਆਂ ਲਈ ਮਾਫ਼ੀ ਮੰਗੀ ਹੈ। ਉਨ੍ਹਾਂ ਮਹਾਰਾਜਾ ਰਣਜੀਤ ਸਿੰਘ, ਗਿਆਨੀ ਜੈਲ ਸਿੰਘ ਅਤੇ ਸੁਰਜੀਤ ਸਿੰਘ ਬਰਨਾਲਾ ਵਰਗੇ ਆਗੂਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਪਰੰਪਰਾ ਸਿੱਖ ਪੰਥ ਦੀ ਮਰਿਆਦਾ ਨੂੰ ਦਰਸਾਉਂਦੀ ਹੈ। ਪਰ ਮੌਜੂਦਾ ਮਾਮਲੇ ਵਿੱਚ ਹੁਕਮਨਾਮੇ ਨੂੰ ਮੰਨਣ ਤੋਂ ਬਾਅਦ ਉਸਨੂੰ ਸਾਜ਼ਿਸ਼ ਕਰਾਰ ਦੇਣਾ ਬਹੁਤ ਗੰਭੀਰ ਮਾਮਲਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਸੁਖਬੀਰ ਸਿੰਘ ਬਾਦਲ ਵੱਲੋਂ ਦਿੱਤਾ ਗਿਆ ਇਹ ਬਿਆਨ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਢਾਹ ਲਾਉਂਦਾ ਹੈ ਅਤੇ ਪੰਥਕ ਰਵਾਇਤਾਂ ਦੇ ਖ਼ਿਲਾਫ਼ ਹੈ। ਵਫ਼ਦ ਨੇ ਮੰਗ ਕੀਤੀ ਕਿ ਉਨ੍ਹਾਂ ਨੂੰ ਤੁਰੰਤ ਤਲਬ ਕਰਕੇ ਤਨਖਾਹੀਆ ਕਰਾਰ ਦਿੱਤਾ ਜਾਵੇ ਅਤੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ, ਤਾਂ ਜੋ ਭਵਿੱਖ ਵਿੱਚ ਕੋਈ ਵੀ ਵਿਅਕਤੀ ਅਕਾਲ ਤਖ਼ਤ ਦੇ ਹੁਕਮਾਂ ਨੂੰ ਚੁਣੌਤੀ ਦੇਣ ਦੀ ਹਿੰਮਤ ਨਾ ਕਰੇ।ਇਸ ਦੇ ਨਾਲ ਹੀ ਮੈਂਬਰਾਂ ਨੇ ਐਸਜੀਪੀਸੀ ਪ੍ਰਧਾਨ ਦੀ ਭੂਮਿਕਾ 'ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ 2 ਦਸੰਬਰ 2024 ਨੂੰ ਜਾਰੀ ਹੋਏ ਹੁਕਮਨਾਮਿਆਂ ਦੀ ਪਾਲਣਾ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਪ੍ਰਧਾਨ ਦੀ ਸੀ, ਪਰ ਇਸ ਮਾਮਲੇ ਵਿੱਚ ਉਹ ਆਪਣਾ ਫ਼ਰਜ਼ ਨਿਭਾਉਣ ਵਿੱਚ ਨਾਕਾਮ ਰਹੇ। ਉਨ੍ਹਾਂ ਨੇ ਮੰਗ ਕੀਤੀ ਕਿ ਪ੍ਰਧਾਨ ਨੂੰ ਵੀ ਅਕਾਲ ਤਖ਼ਤ ਸਾਹਿਬ ਅੱਗੇ ਤਲਬ ਕਰਕੇ ਪੁੱਛਗਿੱਛ ਕੀਤੀ ਜਾਵੇ।ਵਫ਼ਦ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਇਹ ਗਲਤ ਮਿਸਾਲ ਕਾਇਮ ਹੋਵੇਗੀ ਅਤੇ ਭਵਿੱਖ ਵਿੱਚ ਅਕਾਲ ਤਖ਼ਤ ਦੇ ਹੁਕਮਾਂ ਦੀ ਅਣਦੇਖੀ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਥਕ ਮਰਿਆਦਾ ਅਤੇ ਅਨੁਸ਼ਾਸਨ ਨੂੰ ਕਾਇਮ ਰੱਖਣ ਲਈ ਇਹ ਕਦਮ ਬਹੁਤ ਜ਼ਰੂਰੀ ਹੈ। ਇਸ ਮੌਕੇ 'ਤੇ ਰਾਮਪਾਲ ਸਿੰਘ ਬਹਿਣੀਵਾਲ, ਜਥੇਦਾਰ ਅਮਰੀਕ ਸਿੰਘ ਸ਼ਾਹਪੁਰ, ਤੇਜਾ ਸਿੰਘ ਕਮਾਲਪੁਰ, ਨਿਰਮੈਲ ਸਿੰਘ ਜੌਲਾਂ ਆਦਿ ਸ਼ਾਮਲ ਸਨ।

# ਰਸਮੀ ਸੇਵਾ ਦੀ ਬਜਾਏ ਹੱਥੀਂ ਸੇਵਾ ਕਰਨ ਦੀ ਰਵਾਇਤ ਨਾਲ ਜੁੜੇ ਸੰਗਤ: ਜਥੇਦਾਰ ਗੜਗੱਜ



ਅੰਮ੍ਰਿਤਸਰ, 27 ਅਪ੍ਰੈਲ (ਬਬਲੂ ਮਹਾਜਨ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਬੀਲ ਦੀ ਸੇਵਾ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਸੇਵਾ ਦੇ ਅਸਲ ਸਿਧਾਂਤ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਾਨੂੰ ਸੇਵਾ ਦਾ ਮਾਰਗ ਦਿਖਾਇਆ ਹੈ ਅਤੇ ਉਹ ਮਨੁੱਖ ਵਡਭਾਗਾ ਹੈ, ਜਿਸ ਨੂੰ ਸੇਵਾ ਦਾ ਮੌਕਾ ਮਿਲਦਾ ਹੈ। ਉਨ੍ਹਾਂ ਚਿੰਤਾ ਪ੍ਰਗਟਾਈ ਕਿ ਅਜੋਕੇ ਸਮੇਂ ਵਿੱਚ, ਖ਼ਾਸ ਕਰਕੇ ਸ਼ਹਿਰਾਂ ਵਿੱਚ, ਲੋਕ ਹੱਥੀਂ ਸੇਵਾ ਕਰਨ ਦੀ ਬਜਾਏ ਪੈਸੇ ਦੇ ਕੇ ਕੰਮ ਕਰਵਾਉਣ ਨੂੰ ਪਹਿਲ ਦੇਣ ਲੱਗੇ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਘਰ ਦੇ ਸਮਾਗਮਾਂ ਵਿੱਚ ਮਾਈਆਂ-ਬੀਬੀਆਂ ਅਤੇ ਭਾਈਆਂ ਨੂੰ ਆਪ ਸਬਜ਼ੀਆਂ ਬਣਾਉਣ ਅਤੇ ਪ੍ਰਸ਼ਾਦੇ ਪਕਾਉਣ ਵਰਗੀਆਂ ਹੱਥੀਂ ਸੇਵਾਵਾਂ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ।ਵਧ ਰਹੀ ਗਰਮੀ ਦਾ ਜ਼ਿਕਰ ਕਰਦਿਆਂ ਜਥੇਦਾਰ ਨੇ ਕਿਹਾ ਕਿ ਜਿੱਥੇ ਵੀ ਜਲ ਦੀ ਲੋੜ ਹੈ, ਉੱਥੇ ਸੰਗਤਾਂ ਨੂੰ ਠੰਢੇ ਜਲ ਦੀਆਂ ਛਬੀਲਾਂ ਜ਼ਰੂਰ ਲਗਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਵਾਤਾਵਰਣ ਦੀ ਸੰਭਾਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਨੂੰ ਕੇਵਲ ਛਬੀਲਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਵੱਧ ਤੋਂ ਵੱਧ ਰੁੱਖ ਵੀ ਲਗਾਉਣੇ ਚਾਹੀਦੇ ਹਨ ਅਤੇ ਲਗਾਏ ਗਏ ਰੁੱਖਾਂ ਦੀ ਪਾਲਣਾ ਵੀ ਕਰਨੀ ਚਾਹੀਦੀ ਹੈ। ਉਨ੍ਹਾਂ ਕੀਰਤਪੁਰ ਸਾਹਿਬ ਦੇ ਨੌ ਲੱਖਾ ਬਾਗ ਦਾ ਉਦਾਹਰਨ ਦਿੰਦਿਆਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਾਨੂੰ ਕੁਦਰਤ ਨਾਲ ਜੁੜਨ ਦਾ ਸੰਦੇਸ਼ ਦਿੱਤਾ ਹੈ।ਜਥੇਦਾਰ ਗੜਗੱਜ ਨੇ ਜਲ ਦੇ ਕੁਦਰਤੀ ਸਰੋਤਾਂ ਅਤੇ ਦਰਿਆਵਾਂ ਦੀ ਸਾਂਭ-ਸੰਭਾਲ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਪੰਛੀਆਂ ਅਤੇ ਬੇਜ਼ੁਬਾਨ ਜੀਵਾਂ ਪ੍ਰਤੀ ਹਮਦਰਦੀ ਜਤਾਉਂਦਿਆਂ ਉਨ੍ਹਾਂ ਕਿਹਾ ਕਿ ਇਨਸਾਨ ਤਾਂ ਆਪਣੇ ਲਈ ਪਾਣੀ ਦਾ ਪ੍ਰਬੰਧ ਕਰ ਲੈਂਦਾ ਹੈ, ਪਰ ਗਰਮੀ ਵਿੱਚ ਪੰਛੀਆਂ ਨੂੰ ਭਾਰੀ ਮੁਸ਼ਕਿਲ ਆਉਂਦੀ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਕੋਠੀਆਂ ਅਤੇ ਘਰਾਂ ਦੀਆਂ ਛੱਤਾਂ 'ਤੇ ਪੰਛੀਆਂ ਲਈ ਪਾਣੀ ਅਤੇ ਚੋਗੇ ਦਾ ਪ੍ਰਬੰਧ ਕਰਨ। ਉਨ੍ਹਾਂ ਕਿਹਾ ਕਿ ਕੁਦਰਤ ਦੇ ਹਰ ਜੀਵ ਦੀ ਸੇਵਾ ਕਰਨਾ ਹੀ ਅਸਲ ਮਨੁੱਖਤਾ ਹੈ।

# ਸਰਕਾਰ ਦੇ ਮੁਲਾਜ਼ਮ ਵਿਰੋਧੀ ਰਵੱਈਏ ਖ਼ਿਲਾਫ਼ ਸੰਘਰਸ਼ ਦਾ ਐਲਾਨ,

## ਪੀਐਸਐਮਯੂ ਵੱਲੋਂ 15 ਮਈ ਨੂੰ ਸੰਗਰੂਰ 'ਚ ਰੋਸ ਮਾਰਚ

ਦੀਨਾਨਗਰ, 27 ਅਪ੍ਰੈਲ (ਡਾ.ਰਮੇਸ਼ ਸਰੰਗਲ): ਪੰਜਾਬ ਸਟੇਟ ਮਿਨਿਸਟਰੀਅਲ ਸਰਵਿਸਜ਼ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੂਬਾਈ ਅਤੇ ਜ਼ਿਲ੍ਹਾ ਆਗੂਆਂ ਨੇ ਭਾਗ ਲੈ ਕੇ ਮੌਜੂਦਾ ਹਾਲਾਤਾਂ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਅਗਲੇ ਸੰਘਰਸ਼ ਲਈ ਮਹੱਤਵਪੂਰਨ ਫ਼ੈਸਲੇ ਲਏ।ਮੀਟਿੰਗ ਦੌਰਾਨ ਬੁਲਾਰਿਆਂ ਨੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਰਵੱਈਏ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਉੱਚ ਅਦਾਲਤਾਂ ਵੱਲੋਂ ਦਿੱਤੇ ਗਏ ਮੁਲਾਜ਼ਮ ਹਿਤੈਸ਼ੀ ਫ਼ੈਸਲੇ ਲਾਗੂ ਕਰਨ ਵਿੱਚ ਸਰਕਾਰ ਟਾਲਮਟੋਲ ਕਰ ਰਹੀ ਹੈ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨੂੰ ਜਲਦੀ ਲਾਗੂ ਨਾ ਕੀਤਾ ਗਿਆ, ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰ ਨੂੰ ਕਰੜਾ ਜਵਾਬ ਦਿੱਤਾ ਜਾਵੇਗਾ।ਮੀਟਿੰਗ ਵਿੱਚ ਇਹ ਫ਼ੈਸਲਾ ਵੀ ਲਿਆ ਗਿਆ ਕਿ 5 ਮਈ ਤੋਂ 8 ਮਈ ਦੇ ਵਿਚਕਾਰ ਕਿਸੇ ਇੱਕ ਦਿਨ ਜ਼ਿਲ੍ਹਾ ਪੱਧਰੀ ਜਨਰਲ ਇਜਲਾਸ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਨੇੜਲੇ ਜ਼ਿਲ੍ਹਿਆਂ ਦੇ ਸੂਬਾਈ ਆਗੂ ਵੀ ਸ਼ਿਰਕਤ ਕਰਨਗੇ। ਇਨ੍ਹਾਂ ਇਜਲਾਸਾਂ ਵਿੱਚ ਸੰਘਰਸ਼ ਨੂੰ ਤੇਜ਼ ਕਰਨ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਰਣਨੀਤੀ ਤਿਆਰ ਕੀਤੀ ਜਾਵੇਗੀ।ਇਸ ਤੋਂ ਇਲਾਵਾ 15 ਮਈ 2026 ਨੂੰ ਸੰਗਰੂਰ ਵਿੱਚ ਸੂਬਾ ਅਤੇ ਜ਼ਿਲ੍ਹਾ ਲੀਡਰਸ਼ਿਪ ਵੱਲੋਂ ਕਾਲੇ ਚੋਲੇ ਪਾ ਕੇ ਪੰਜਾਬ ਦੇ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਦੇ ਘਰ ਵੱਲ ਸੰਕੇਤਕ ਰੋਸ ਮਾਰਚ ਕੀਤਾ ਜਾਵੇਗਾ ਅਤੇ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਅਗਲੇ ਸੰਘਰਸ਼ਕਾਰੀ ਕਦਮਾਂ ਦਾ ਵੀ ਐਲਾਨ ਕੀਤਾ ਜਾਵੇਗਾ, ਜਿਸ ਵਿੱਚ ਕਲਮ ਛੋੜ ਹੜਤਾਲ ਅਤੇ ਕੈਬਨਿਟ ਸਬ ਕਮੇਟੀ ਮੈਂਬਰਾਂ ਦੇ ਘਰਾਂ ਦਾ ਘਿਰਾਓ ਵੀ ਸ਼ਾਮਿਲ ਹੋ ਸਕਦਾ ਹੈ।ਯੂਨੀਅਨ ਨੇ ਆਉਣ ਵਾਲੀਆਂ ਨਗਰ ਕੌਂਸਲ ਅਤੇ ਨਿਗਮ ਚੋਣਾਂ ਦੌਰਾਨ ਵੀ ਸਰਕਾਰ ਖ਼ਿਲਾਫ਼ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਹੈ। ਚੋਣ ਪ੍ਰਚਾਰ ਦੇ ਆਖਰੀ ਦਿਨ ਜ਼ਿਲ੍ਹਾ ਪੱਧਰ 'ਤੇ ਕਾਲੇ ਝੰਡਿਆਂ ਨਾਲ ਮੋਟਰਸਾਈਕਲ ਮਾਰਚ ਕੱਢੇ ਜਾਣਗੇ। ਮੁੱਖ ਨਾਅਰਾ ਹੋਵੇਗਾ— ਇਹ ਸਰਕਾਰ ਨਿਕੰਮੀ ਹੈ - ਆਪਾਂ ਇਹ ਬਦਲਣੀ ਹੈ। ਵੋਟਾਂ ਦੇ ਦਿਨ ਕਲੈਰੀਕਲ ਕਰਮਚਾਰੀ ਕਾਲੇ ਬਿੱਲੇ ਲਾ ਕੇ ਚੋਣ ਡਿਊਟੀ ਕਰਨਗੇ ਅਤੇ ਹੋਰ ਜਥੇਬੰਦੀਆਂ ਨੂੰ ਵੀ ਇਸ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਜਾਵੇਗੀ।ਇਸ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਸਬੰਧੀ ਸੂਬਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੱਟੜਾ (ਸੂਬਾ ਪ੍ਰਧਾਨ ਸਿੱਖਿਆ ਵਿਭਾਗ) ਨੇ ਇਹ ਜਾਣਕਾਰੀ ਦਿੱਤੀ। ਇਸ ਮੀਟਿੰਗ ਵਿੱਚ ਸੂਬਾ ਚੇਅਰਮੈਨ ਰਘਬੀਰ ਸਿੰਘ ਬਡਵਾਲ, ਵਾਈਸ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਅਨੀਰੁਧ ਮੋਦਗਿਲ, ਨਰਿੰਦਰ ਸ਼ਰਮਾ ਐਡੀਸ਼ਨਲ ਜਨਰਲ ਸਕੱਤਰ ਸਿੱਖਿਆ ਵਿਭਾਗ ਪੰਜਾਬ ਪਿੱਪਲ ਸਿੰਘ ਸਿੱਧੂ (ਫਿਰੋਜ਼ਪੁਰ) ਅਤੇ ਖੁਸ਼ਕਰਨਜੀਤ ਸਿੰਘ (ਮੁਕਤਸਰ) ਦੋਵੇਂ ਸੂਬਾ ਸੀਨੀਅਰ ਮੀਤ ਪ੍ਰਧਾਨ, ਅਮਿਤ ਅਰੋੜਾ ਸੂਬਾ ਵਧੀਕ ਜਨਰਲ ਸਕੱਤਰ ਅਤੇ ਸੂਬਾ ਪ੍ਰਧਾਨ ਬੀ ਐਂਡ ਆਰ ਵਿਭਾਗ, ਤੇਜਿੰਦਰ ਸਿੰਘ ਨੰਗਲ ਸੂਬਾ ਮੁਖ ਸਲਾਹਕਾਰ ਅਤੇ ਸੂਬਾ ਪ੍ਰਧਾਨ ਤੇ ਨਰਿੰਦਰ ਸਿੰਘ ਚੀਮਾ ਸੂਬਾ ਜਨਰਲ ਸਕੱਤਰ ਦੋਵੇਂ ਪੰਜਾਬ ਰਾਜ ਜ਼ਿਲ੍ਹਾ (ਡੀਸੀ) ਦਫਤਰ ਕਰਮਚਾਰੀ ਯੂਨੀਅਨ, ਸਚਿਨ ਕੁਮਾਰ, ਜਤਿੰਦਰ ਕੁਮਾਰ, ਨਰੇਸ਼ ਕੁਮਾਰ ਪਠਾਨਕੋਟ ਆਦਿ ਸ਼ਾਮਿਲ ਹੋਏ।

# ਬੋਟੈਨੀਕਲ ਸਾਇੰਸਿਜ਼ ਵਿੱਚ ਕਰੀਅਰ ਦੇ ਮੌਕੇ ਵਿਸ਼ੇ 'ਤੇ ਵਿਸ਼ੇਸ਼ ਲੈਕਚਰ



ਅੰਮ੍ਰਿਤਸਰ, 27 ਅਪ੍ਰੈਲ (ਗੁਰਦਿਆਲ ਸਿੰਘ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਬੋਟੈਨਿਕਲ ਅਤੇ ਇਨਵਾਇਰਨਮੈਂਟਲ ਸਾਇੰਸਿਜ਼ ਵਿਭਾਗ ਵੱਲੋਂ ਬੋਟੈਨਿਕਲ ਸਾਇੰਸਿਜ਼ ਵਿੱਚ ਵਿੱਚ ਕਰੀਅਰ ਦੇ ਮੌਕੇ ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਹ ਲੈਕਚਰ ਵਾਈਸ ਚਾਂਸਲਰ ਪ੍ਰੋ.(ਡਾ.)ਕਰਮਜੀਤ ਸਿੰਘ ਦੀ ਰਹਿਨੁਮਾਈ ਅਤੇ ਵਿਭਾਗ ਮੁਖੀ ਪ੍ਰੋ. (ਡਾ.) ਰਾਜਿੰਦਰ ਕੌਰ ਦੀ ਦੇਖ-ਰੇਖ ਹੇਠ ਆਯੋਜਿਤ ਕੀਤਾ ਗਿਆ।ਪੌਦੇ, ਖੁਰਾਕ ਅਤੇ ਐਗਰੀਟੈਕ ਖੇਤਰ ਵਿੱਚ ਕਰੀਅਰ ਦੀਆਂ ਭਵਿੱਖਮੁਖੀ ਦਿਸ਼ਾਵਾਂ ਥੀਮ ਹੇਠ ਕਰਵਾਏ ਗਏ ਇਸ ਲੈਕਚਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਬੋਟੈਨੀਕਲ ਸਾਇੰਸਿਜ਼ ਨਾਲ ਸਬੰਧ ਉਦਮੀ ਪ੍ਰੀਕ੍ਰਿਆਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਲੈਕਚਰ ਦੀ ਸ਼ੁਰੂਆਤ ਦੌਰਾਨ ਡਾ. ਅੰਚਲ ਅਰੋੜਾ, ਯੂਨੀਵਰਸਿਟੀ ਸਕੂਲ ਆਫ ਫਾਇਨੈਂਸ਼ਲ ਸਟੱਡੀਜ਼ ਦਾ ਪ੍ਰੋ. ਰਾਜਿੰਦਰ ਕੌਰ ਵੱਲੋਂ ਸਵਾਗਤ ਨਾਲ ਹੋਈ। ਡਾ. ਅੰਚਲ ਅਰੋੜਾ ਨੇ ਆਪਣੇ ਲੈਕਚਰ ਦੌਰਾਨ ਵਿਦਿਆਰਥੀਆਂ ਨੂੰ ਸਟਾਰਟਅੱਪ ਸੱਭਿਆਚਾਰ ਦੇ ਵੱਖ ਵੱਖ ਰੁਝਾਨਾਂ ਬਾਰੇ ਚਾਨਣਾ ਪਾਇਆ ਅਤੇ ਉਨ੍ਹਾਂ ਨੂੰ ਭਵਿੱਖ ਦੇ ਸੀਈਓ ਅਤੇ ਸੰਸਥਾਪਕ ਵਜੋਂ ਆਪਣੇ ਆਪ ਨੂੰ ਦੇਖਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਦਾ ਲੈਕਚਰ ਬਹੁਤ ਹੀ ਪ੍ਰੇਰਨਾਦਾਇਕ ਰਿਹਾ, ਜਿਸ ਨਾਲ ਵਿਦਿਆਰਥੀਆਂ ਵਿੱਚ ਖੁਦਮੁਖਤਿਆਰ ਕਰੀਅਰ ਵੱਲ ਵਿਸ਼ਵਾਸ ਅਤੇ ਉਤਸ਼ਾਹ ਵਧਿਆ। ਇਸ ਤੋਂ ਬਾਅਦ ਪ੍ਰਸ਼ਨ-ਉੱਤਰ ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਡਾ. ਅਰੋੜਾ ਨਾਲ ਸੰਵਾਦ ਕਰਦੇ ਹੋਏ ਕਰੀਅਰ ਯੋਜਨਾ ਅਤੇ ਸਟਾਰਟਅੱਪ ਵਿਕਾਸ ਬਾਰੇ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ।ਡਾ. ਨਿਤਿਕਾ ਕਪੂਰ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਡਾ. ਆਸਥਾ ਭਾਟੀਆ, ਡਾ. ਕਿਰਨਦੀਪ ਧਾਮੀ, ਡਾ. ਮੇਹਕ ਤਨੇਜਾ ਅਤੇ ਡਾ. ਕ੍ਰਿਤਿਕਾ ਪੰਡਿਤ ਸਮੇਤ ਵਿਦਿਆਰਥੀ, ਰਿਸਰਚ ਸਕਾਲਰ ਅਤੇ ਫੈਕਲਟੀ ਮੈਂਬਰ ਮੌਜੂਦ ਸਨ।

## ਮਾਮਲਾ ਪ੍ਰਧਾਨ ਮੰਤਰੀ ਬਾਜੇਕੇ ਅਤੇ ਸੰਦੀਪ ਸਿੰਘ ਸੰਨੀ ਤੇ ਜੇਲ ਪ੍ਰਸ਼ਾਸਨ ਦੁਆਰਾ ਧੱਕੇਸ਼ਾਹੀ ਤੇ ਧਾਰਮਿਕ ਅਪਮਾਨ ਦਾ

# ਪੰਜਾਬ ਦੀਆਂ ਜੇਲ੍ਹਾਂ ਵਿੱਚ ਸਿੱਖ ਕੈਦੀਆਂ ਨਾਲ ਜਬਰ-ਜ਼ੁਲਮ ਦੀਆਂ ਹੱਦਾਂ ਪਾਰ : ਬਾਪੂ ਤਰਸੇਮ ਸਿੰਘ



ਅੰਮ੍ਰਿਤਸਰ, 27 ਅਪ੍ਰੈਲ ( ਬਬਲੂ ਮਹਾਜਨ): ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਤੋਂ ਆ ਰਹੀਆਂ ਤਾਜ਼ਾ ਖ਼ਬਰਾਂ ਸਿਰਫ਼ ਚਿੰਤਾਜਨਕ ਨਹੀਂ ਸਗੋਂ ਬਹੁਤ ਹੀ ਗੰਭੀਰ ਅਤੇ ਦੁਖਦਾਈ ਹਨ। ਜਿੱਥੇ ਕਾਨੂੰਨ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨ ਵਾਲੀਆਂ ਥਾਵਾਂ ਹੀ ਜ਼ਬਰ ਅਤੇ ਧਾਰਮਿਕ ਅਪਮਾਨ ਦੇ ਕੇਂਦਰ ਬਣਦੀਆਂ ਦਿਖ ਰਹੀਆਂ ਹਨ। ਅਕਾਲੀ ਦਲ 'ਵਾਰਿਸ ਪੰਜਾਬ ਦੇ' ਮੀਡੀਆ ਇੰਚਾਰਜ ਭਾਈ ਸਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਬਠਿੰਡਾ ਜੇਲ੍ਹ ਵਿੱਚ ਨਜ਼ਰਬੰਦ ਪ੍ਰਧਾਨ ਮੰਤਰੀ ਬਾਜੇਕੇ ਵੱਲੋਂ ਸਾਹਮਣੇ ਆਈ ਫੋਨ ਕਾਲ ਵਿੱਚ ਇਹ ਦੱਸਿਆ ਗਿਆ ਹੈ, ਕਿ ਉਨ੍ਹਾਂ ਨੂੰ ਜੇਲ੍ਹ ਪ੍ਰਸ਼ਾਸਨ ਵੱਲੋਂ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਹੈ। ਬਤੌਰ ਸਿੱਖ ਧਾਰਮਿਕ ਅਕੀਦਤ ਲਈ ਪਾਠ ਕਰਨ ਵਰਗੇ ਮੂਲ ਧਾਰਮਿਕ ਅਧਿਕਾਰ ਤੋਂ ਵਾਂਝਾ ਕੀਤਾ ਜਾ ਰਿਹਾ ਹੈ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੀ ਦਾੜ੍ਹੀ ਵੀ ਪੁੱਟੀ ਗਈ ਹੈ। ਇਹ ਸਿਰਫ਼ ਇਕ ਵਿਅਕਤੀ ਨਾਲ ਬਦਸਲੂਕੀ ਨਹੀਂ, ਸਗੋਂ ਸਿੱਖ ਕੌਮ ਦੀ ਪਹਿਚਾਣ ਤੇ ਵਿਸ਼ਵਾਸ 'ਤੇ ਸਿੱਧਾ ਵਾਰ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਇਸਦੇ ਨਾਲ ਹੀ ਸ੍ਰੀ ਮੁਕਤਸਰ ਸਾਹਿਬ ਜੇਲ੍ਹ ਵਿੱਚ ਬੰਦ ਭਾਈ ਸੰਦੀਪ ਸਿੰਘ ਸੰਨ੍ਹੀ ਨਾਲ ਵੀ ਹੋ ਰਹੀ ਧੱਕੇਸ਼ਾਹੀ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ, ਜਿੱਥੇ ਉਹ ਆਪਣੇ ਸੈੱਲ ਵਿੱਚ ਸੁਸ਼ੋਭਿਤ ਪੋਥੀ ਸਾਹਿਬ ਦੇ ਸਤਿਕਾਰ ਲਈ ਮਰਿਆਦਾ ਬਣਾਈ ਰੱਖਦੇ ਹਨ, ਪਰ ਜੇਲ੍ਹ ਪ੍ਰਸ਼ਾਸਨ ਦੇ ਕੁਝ ਅਧਿਕਾਰੀ ਜਾਣ-ਬੁੱਝ ਕੇ ਜੁੱਤੀਆਂ ਸਮੇਤ ਅੰਦਰ ਦਾਖਲ ਹੋ ਕੇ ਤਲਾਸ਼ੀ ਲੈਂਦੇ ਹਨ, ਜੋ ਸਿੱਧੀ-ਸਿੱਧੀ ਧਾਰਮਿਕ ਬੇਅਦਬੀ ਹੈ ਅਤੇ ਦੂਸਰੇ ਪਾਸੇ ਭਰੋਸੇਯੋਗ ਸੂਤਰਾਂ ਤੋਂ ਇਹ ਵੀ ਸਾਹਮਣੇ ਆ ਰਿਹਾ ਹੈ ਕਿ ਸਰਕਾਰ ਦੇ ਆਪਣੇ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਇੱਕ ਗੰਭੀਰ ਮਾਮਲੇ ਦੇ ਬਾਵਜੂਦ ਜੇਲ੍ਹ ਅੰਦਰ ਵੀ.ਆਈ.ਪੀ. ਟ੍ਰੀਟਮੈਂਟ ਦਿੱਤਾ ਜਾ ਰਿਹਾ ਹੈ, ਜੋ ਪੰਜਾਬ ਵਿੱਚ ਚੱਲ ਰਹੇ ਦੋਹਰੇ ਮਾਪਦੰਡਾਂ ਨੂੰ ਬੇਨਕਾਬ ਕਰਦਾ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਸਿੱਖ ਕੈਦੀਆਂ ਦੇ ਅਧਿਕਾਰਾਂ ਨੂੰ ਕੁਚਲਿਆ ਜਾ ਰਿਹਾ ਹੈ ਅਤੇ ਦੂਜੇ ਪਾਸੇ ਸੱਤਾ ਨਾਲ ਜੁੜੇ ਲੋਕਾਂ ਨੂੰ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਬਾਪੂ ਤਰਸੇਮ ਸਿੰਘ ਜੀ ਨੇ ਜੇਲ ਪ੍ਰਸ਼ਾਸਨ ਵੱਲੋਂ ਸਿੱਖ ਨਜ਼ਰਬੰਦੀਆਂ ਨਾਲ ਕੀਤੇ ਜਾ ਰਹੇ ਇਸ ਘੱਟੀਆ ਰਵੱਈਏ ਦੀ ਸਖ਼ਤ ਲਫਜਾਂ ਵਿੱਚ ਨਿਖੇਧੀ ਕੀਤੀ ਅਤੇ ਪੰਜਾਬ ਸਰਕਾਰ ਅਤੇ ਖ਼ਾਸ ਕਰਕੇ ਡੀ.ਜੀ.ਪੀ. ਜੇਲ੍ਹਾਂ ਨੂੰ ਸਿੱਧਾ ਸਵਾਲ ਕੀਤਾ ਕਿ ਕੀ ਇਹੀ ਤੁਹਾਡੀ ਕਾਨੂੰਨ-ਵਿਵਸਥਾ ਹੈ, ਜਿੱਥੇ ਜੇਲ੍ਹਾਂ ਅੰਦਰ ਧਾਰਮਿਕ ਅਪਮਾਨ ਨੂੰ ਖੁੱਲ੍ਹੀ ਛੂਟ ਮਿਲ ਰਹੀ ਹੈ ਅਤੇ ਕੈਦੀਆਂ ਦੇ ਮੂਲ ਅਧਿਕਾਰਾਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਜੇ ਇਹ ਮਾਮਲੇ ਤੁਰੰਤ ਗੰਭੀਰਤਾ ਨਾਲ ਨਾਂ ਲਏ ਗਏ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾਂ ਕੀਤੀ ਗਈ ਤਾਂ ਅਕਾਲੀ ਦਲ 'ਵਾਰਿਸ ਪੰਜਾਬ ਦੇ' ਵੱਲੋਂ ਜਲਦ ਮੀਟਿੰਗ ਬੁਲਾ ਕੇ ਸਖ਼ਤ ਸਟੈਂਡ ਲਿਆ ਜਾਵੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਤੇ ਪੰਜਾਬ ਦੀ ਸਮੂਹ ਸੰਗਤ ਹੁਣ ਚੁੱਪ ਨਹੀਂ ਰਹੇਗੀ।

# 'ਆਪ' ਦੇ ਰਾਜ ਸਭਾ ਮੈਂਬਰਾਂ ਨੇ ਪਾਰਟੀ ਛੱਡ ਕੇ ਸੂਬੇ ਦੇ ਲੋਕਾਂ ਨਾਲ ਗੱਦਾਰੀ ਕੀਤੀ : ਤਲਬੀਰ ਸਿੰਘ ਗਿੱਲ



ਮਜੀਠਾ, 27 ਅਪ੍ਰੈਲ (ਅਸ਼ਵਨੀ ਨਈਅਰ): ਆਮ ਆਦਮੀ ਪਾਰਟੀ (ਆਪ) ਦੇ ਸੱਤ ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਛੱਡ ਕੇ ਭਾਜਪਾ ਵਿਚ ਸ਼ਾਮਲ ਹੋਣ ਦੇ ਇਸ ਫੈਸਲੇ ਖ਼ਿਲਾਫ਼ ਆਪ ਵਰਕਰਾਂ ਨੇ ਭਾਰੀ ਰੋਸ ਪ੍ਰਗਟਾਇਆ। ਮਜੀਠਾ ਬੱਸ ਅੱਡੇ ਉੱਤੇ ਆਪ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਵਿਚ ਇੱਕ ਰੋਸ ਮੁਜਾਹਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਰਾਜ ਸਭਾ ਮੈਂਬਰਾਂ ਦੇ ਪੁਤਲੇ ਫੂਕੇ ਗਏ ਅਤੇ ਉਨ੍ਹਾਂ ਖਿਲਾਫ ਤਿੱਖੀ ਨਾਅਰੇਬਾਜੀ ਵੀ ਕੀਤੀ ਗਈ। ਪੁਤਲਾ ਫੂਕਣ ਤੋਂ ਪਹਿਲਾਂ ਆਪਣੀ ਪ੍ਰਤੀਕਿਰਿਆ ਦਿੰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਨ੍ਹਾਂ ਸੱਤ ਰਾਜ ਸਭਾ ਮੈਂਬਰਾਂ ਨੇ ਆਪਣੀ ਪਾਰਟੀ ਨਾਲ ਧੋਖਾ ਕੀਤਾ ਹੈ ਅਤੇ ਪੰਜਾਬ ਤੇ ਪੰਜਾਬੀਆਂ ਨਾਲ ਵੀ ਵੱਡੀ ਗੱਦਾਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੇ ਇਨ੍ਹਾਂ ਨੂੰ ਬਹੁਤ ਵੱਡੇ ਅਹੁਦੇ ਅਤੇ ਆਦਰ-ਸਤਿਕਾਰ ਦਿੱਤਾ ਸੀ, ਪਰ ਇਹ ਲੋਕ ਉਸ ਮਾਨ-ਸਨਮਾਨ ਨੂੰ ਬਰਦਾਸ਼ਤ ਨਾ ਕਰ ਸਕੇ ਅਤੇ ਪਾਰਟੀ ਛੱਡ ਗਏ। ਗਿੱਲ ਨੇ ਇਸ ਘਟਨਾ ਨੂੰ ਪਾਰਟੀ ਲਈ ਇੱਕ ਵੱਡਾ ਧੋਖਾ ਦੱਸਿਆ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਲੋਕਾਂ ਨੇ ਆਪਣੀ ਸਿਆਸੀ ਮੂਰਖਤਾ ਵਿਖਾਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਮਜ਼ਬੂਤੀ ਨਾਲ ਖੜ੍ਹੀ ਹੈ। ਗਿੱਲ ਨੇ ਭਰੋਸਾ ਜਤਾਇਆ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਆਪ ਇੱਕਜੁੱਟਤਾ ਨਾਲ ਲੜੇਗੀ ਅਤੇ ਪੰਜਾਬ ਵਿਚ ਇੱਕ ਵਾਰ ਫਿਰ ਸਰਕਾਰ ਬਣਾਵੇਗੀ। ਇਸ ਰੋਸ ਮੁਜਾਹਰੇ ਵਿਚ ਤਲਬੀਰ ਸਿੰਘ ਗਿੱਲ ਤੋਂ ਇਲਾਵਾ ਬਲਜਿੰਦਰ ਸਿੰਘ ਛੀਨਾ, ਹਰਭੁਪਿੰਦਰ ਸਿੰਘ ਸ਼ਾਹ, ਜਸਵੰਤ ਸਿੰਘ ਪੰਨੂੰ, ਯਾਦਵਿੰਦਰ ਸਿੰਘ, ਸਾਹਿਬ ਸਿੰਘ ਰੰਗਲੀਪੁਰਾ, ਨੀ ਸਾਬਕਾ ਸਰਪੰਚ ਅਜੈਬ ਵਾਲੀ, ਰਿੰਕੂ ਕੋਟਲਾ ਚੇਅਰਮੈਨ, ਸਰਪੰਚ ਚੰਨਪ੍ਰੀਤ ਅਜੈਬਵਾਲੀ, ਅਤੇ ਵੱਖ-ਵੱਖ ਇਲਾਕਿਆਂ ਦੇ ਸਰਪੰਚਾਂ ਸਮੇਤ ਆਪ ਦੇ ਇੱਕ ਵੱਡੀ ਗਿਣਤੀ ਵਿਚ ਵਰਕਰ ਅਤੇ ਆਗੂ ਹਾਜ਼ਰ ਸਨ।

# ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਨਿਰਵਿਘਨ ਖ਼ਰੀਦ ਜਾਰੀ

ਅੰਮ੍ਰਿਤਸਰ, 27 ਅਪ੍ਰੈਲ (ਬਬਲੂ ਮਹਾਜਨ ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 464947 ਮੀਟਰਿਕ ਟਨ ਕਣਕ ਦੀ ਖ਼ਰੀਦੀ ਕੀਤੀ ਜਾ ਚੁੱਕੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 495426 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 464947 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚ ਖ਼ਰੀਦ ਏਜੰਸੀ ਪਨਗਰੇਨ ਨੇ 159463 ਮੀਟਰਿਕ ਟਨ, ਮਾਰਕਫ਼ੈੱਡ ਨੇ 110698 ਮੀਟਰਿਕ ਟਨ, ਪਨਸਪ ਨੇ 101772 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 70162 ਮੀਟਰਿਕ ਟਨ ਅਤੇ ਐੱਫ਼.ਸੀ.ਆਈ. ਨੇ 17138 ਮੀਟਰਿਕ ਟਨ ਕਣਕ ਖ਼ਰੀਦੀ ਹੈ। ਇਸ ਤੋਂ ਇਲਾਵਾ 5714 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ।

# ਬੰਗਾ ਦੇ ਸੇਠ ਹਸਪਤਾਲ ਵਿੱਚ ਲੱਖਾਂ ਦੀ ਚੋਰੀ, ਮੁਲਾਜ਼ਮ ਫ਼ਰਾਰ



ਬੰਗਾ- 27 ਅਪ੍ਰੈਲ (ਪ੍ਰਭਜੋਤ ਸਿੰਘ )ਬੰਗਾ ਦੇ ਮਸ਼ਹੂਰ ਸੇਠ ਹਸਪਤਾਲ ਵਿੱਚ ਬੀਤੀ ਰਾਤ ਚੋਰੀ ਦੀ ਇੱਕ ਵੱਡੀ ਵਾਰਦਾਤ ਸਾਹਮਣੇ ਆਈ ਹੈ। ਹਸਪਤਾਲ ਵਿੱਚ ਕੰਮ ਕਰਦੇ ਇੱਕ ਕਰਿੰਦੇ ਵੱਲੋਂ ਹਸਪਤਾਲ ਦੀ ਕੀਮਤੀ ਮਸ਼ੀਨਰੀ ਅਤੇ ਨਕਦੀ ਲੈ ਕੇ ਫ਼ਰਾਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਪ੍ਰਾਪਤ ਜਾਣਕਾਰੀ ਅਨੁਸਾਰ, ਦੋਸ਼ੀ ਦੀ ਪਛਾਣ ਮੁਹੰਮਦ ਆਸਿਫ਼ ਵਜੋਂ ਹੋਈ ਹੈ, ਜੋ ਕਿ ਜਮਾਲੁਦੀਨ ਪੁਰ (ਉੱਤਰ ਪ੍ਰਦੇਸ਼) ਦਾ ਰਹਿਣ ਵਾਲਾ ਹੈ। ਆਸਿਫ਼ ਪਿਛਲੇ ਕੁਝ ਸਮੇਂ ਤੋਂ ਬੰਗਾ ਵਿੱਚ ਹੀ ਇੱਕ ਕਿਰਾਏ ਦੇ ਮਕਾਨ ਵਿੱਚ ਰਹਿ ਰਿਹਾ ਸੀ ਅਤੇ ਹਸਪਤਾਲ ਵਿੱਚ ਬਤੌਰ ਕਰਿੰਦਾ ਕੰਮ ਕਰਦਾ ਸੀ।ਹਸਪਤਾਲ ਪ੍ਰਬੰਧਕਾਂ ਅਨੁਸਾਰ ਦੋਸ਼ੀ ਰਾਤ ਦੇ ਸਮੇਂ ਮਸ਼ੀਨ ਅਤੇ ਨਕਦੀ ਲੈ ਕੇ ਫ਼ਰਾਰ ਹੋ ਗਿਆ ਮਸ਼ੀਨਜਿਸ ਦੀ ਕੀਮਤ ਲਗਭਗ 3 ਲੱਖ ਰੁਪਏਦੱਸੀ ਜਾ ਰਹੀ ਹੈ। ਹਸਪਤਾਲ ਦੇ ਕੈਸ਼ ਕਾਊਂਟਰ ਵਿੱਚੋਂ 1.5 ਲੱਖ ਰੁਪਏ ਦੀ ਨਕਦੀ ਚੋਰੀ ਕੀਤੀ ਗਈ । ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਿਸ ਨੇ ਮੌਕੇ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਵੱਲੋਂ ਦੋਸ਼ੀ ਮੁਹੰਮਦ ਆਸਿਫ਼ ਦੇ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਉਸ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਦੋਸ਼ੀ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# 2 ਬੱਚਿਆਂ ਦੀ ਮਾਂ ਦੀ, ਭੇਦ ਭਰੇ ਹਾਲਾਤਾਂ ਚ ਹੋਈ ਮੌਤ

ਬਟਾਲਾ, 27 ਅਪ੍ਰੈਲ, ਬਲਵਿੰਦਰ ਸਿੰਘ ਪੰਜਗਰਾਈਂ।ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਅਧੀਨ ਆਉਂਦੇ ਥਾਣਾ ਰੰਗੜ ਨੰਗਲ ਦੇ ਪਿੰਡ ਮੀਰਪੁਰ 'ਚ 2 ਬੱਚਿਆਂ ਦੀ ਮਾਂ ਦੀ ਭੇਦਭਰੇ ਹਾਲਾਤਾਂ 'ਚ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ ਸ਼੍ਰੀ ਹਰਗੋਬਿੰਦਪੁਰ ਸਾਹਿਬ ਹਰੀਸ਼ ਬਹਿਲ ਅਤੇ ਐਸ ਐਚ ਓ ਗੁਰ ਇਕਬਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਮੀਰਪੁਰ 'ਚ ਇਕ ਔਰਤ ਕੰਵਲਜੀਤ ਕੌਰ ਦੀ ਭੇਦਭਰੇ ਹਾਲਾਤਾਂ 'ਚ ਮੌਤ ਹੋਈ ਹੈ। ਉਨ੍ਹਾਂ ਕਿਹਾ ਕਿ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਉਨ੍ਹਾਂ ਥਾਣਾ ਰੰਗੜ ਨੰਗਲ ਦੇ ਐੱਸ.ਐੱਚ.ਓ ਗੁਰਇਕਬਾਲ ਸਿੰਘ ਅਤੇ ਫੌਰੈਂਸਿਕ ਟੀਮ ਨਾਲ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮ੍ਰਿਤਕਾ ਦੇ ਪਰਿਵਾਰਿਕ ਮੈਂਬਰਾਂ ਨੇ ਪੁਲਸ ਨੂੰ ਦੱਸਿਆ ਹੈ ਕਿ ਸਹੁਰਾ ਪਰਿਵਾਰ ਵਾਲੇ ਕੰਵਲਜੀਤ ਕੌਰ ਨੂੰ ਤੰਗ ਪ੍ਰੇਸ਼ਾਨ ਕਰਦੇ ਸਨ ਅਤੇ ਉਨ੍ਹਾਂ ਦਾ ਪਹਿਲਾਂ ਵੀ ਪਿੰਡ ਦੀ ਪੰਚਾਇਤ ਵਲੋਂ ਰਾਜੀਨਾਮਾ ਕਰਵਾਇਆ ਗਿਆ ਸੀ। ਡੀ.ਐੱਸ.ਪੀ ਸ਼੍ਰੀ ਬਹਿਲ ਅਤੇ ਐਸਐਚਓ ਗੁਰ ਇਕਬਾਲ ਸਿੰਘ ਪੁਲਿਸ ਥਾਣਾ ਰੰਗੜ ਨੰਗਲ ਨੇ ਦੱਸਿਆ ਕਿ ਮਿਰਤਕਾ ਦੀ ਭੈਣ ਦਿਲਜੀਤ ਕੌਰ ਪਤਨੀ ਸਤਨਾਮ ਸਿੰਘ ਵਾਸੀ ਪਿੰਡ ਸ਼ਿਕਾਰ ਮਾਛੀਆਂ ਦੇ ਬਿਆਨਾਂ ਤੇ ਫਿਲਹਾਲ ਪੁਲਸ ਨੇ ਮ੍ਰਿਤਕਾ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਉਸਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਟਾਲਾ 'ਚ ਭੇਜ ਦਿੱਤਾ ਹੈ ਅਤੇ ਪੁਲਸ ਵਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਸਬੰਧੀ ਪੁਲਿਸ ਥਾਣਾ ਰੰਗੜ ਨੰਗਲ ਉਹ ਗੁਰ ਇਕਬਾਲ ਸਿੰਘ ਨੇ ਦੱਸਿਆ ਕਿ ਮ੍ਰਿਤਕਾ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਉੱਪਰ, ਰਵਿੰਦਰ ਸਿੰਘ ਪੁੱਤਰ ਹਰਦੀਪ ਸਿੰਘ, ਸੁਖਵਿੰਦਰ ਕੌਰ ਪਤਨੀ ਹਰਦੀਪ ਸਿੰਘ ਅਤੇ ਪਰਮਿੰਦਰ ਸਿੰਘ ਪੁੱਤਰ ਹਰਦੀਪ ਸਿੰਘ ਦੇ ਖਿਲਾਫ ਬਣਦੀਆਂ ਧਾਰਾਵਾਂ ਤਹਿਤ, ਪਰਚਾ ਦਰਜ ਕਰ ਦਿੱਤਾ ਗਿਆ ਹੈ। ਕਥਿੱਤ ਦੋਸ਼ੀ ਸੁਖਵਿੰਦਰ ਕੌਰ ਅਤੇ ਪਰਮਿੰਦਰ ਸਿੰਘ ਨੂੰ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਮਾਨਯੋਗ ਅਦਾਲਤ ਤੋਂ ਪੁਲਿਸ ਰਿਮਾਂਡ ਲੈਣ ਉਪਰੰਤ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਚੇਅਰਮੈਨ ਲਾਭ ਸਿੰਘ ਆਹਲੂਵਾਲੀਆ ਨੇ ਸਰਗਰਮੀਆਂ ਤੇਜ਼ ਕੀਤੀਆਂ

ਮੋਗਾ , 27 ਅਪ੍ਰੈਲ ( ਨਿਸ਼ੀ ਮਨਚੰਦਾ )- 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹਰ ਪਾਰਟੀ ਵੱਲੋਂ ਓਹਨਾ ਦੇ ਆਗੂਆਂ ਵੱਲੋਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਅਗਰ ਆਪਾਂ ਗੱਲ ਕਰੀਏ ਮੋਗਾ ਦੀ ਤਾਂ ਮੋਗਾ ਦੇ ਟਕਸਾਲੀ ਆਗੂ ਚੇਅਰਮੈਨ ਲਾਭ ਸਿੰਘ ਆਹਲੂਵਾਲੀਆ ਵੱਲੋਂ ਵੀ ਮੋਗਾ ਵਿੱਚ ਸਰਗਰਮੀਆਂ ਤੇਜ਼ ਕੀਤੀਆਂ ਗਈਆਂ ਹਨ,ਚੇਅਰਮੈਨ ਲਾਭ ਸਿੰਘ ਆਹਲੂਵਾਲੀਆਂ ਜਿਨਾਂ ਨੂੰ ਬੱਚਾ ਤੋਂ ਲੈ ਕੇ ਬਜ਼ੁਰਗ ਤੱਕ ਜਾਣਦਾ ਹੈ, ਇਹ ਲੋਕਾਂ ਦਾ ਪਿਆਰੇ ਆਗੂ ਹੈ, ਅਤੇ ਲੋਕਾਂ ਦੇ ਵਿੱਚ ਮੋਗਾ ਦੇ ਵਿੱਚ ਕਾਂਗਰਸ ਵੱਲੋਂ ਇਲੈਕਸ਼ਨ ਲੜਨ ਲਈ ਤਿਆਰੀ ਕਰ ਰਹੇ ਹਨ, ਦੱਸਣਯੋਗ ਗੱਲ ਇਹ ਵੀ ਹੈ ਕਿ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੇ ਬਹੁਤ ਕਰੀਬੀ ਹੈ, ਅਤੇ ਲਾਭ ਸਿੰਘ ਆਹਲੂਵਾਲੀਆ ਲੋਕਾਂ ਦੇ ਹਰੇਕ ਦੁੱਖ ਸੁੱਖ ਦੇ ਵਿੱਚ ਨਾਲ ਖੜਦੇ ਹਨ, ਅਤੇ ਮੋਗਾ ਨਿਵਾਸੀਆਂ ਵੱਲੋਂ ਉਨ੍ਹਾਂ ਨੂੰ ਪੂਰਾ ਮਾਣ ਦਿੱਤਾ ਜਾਂਦਾ ਹੈ, ਇੱਥੇ ਇਹ ਵੀ ਦੱਸਣ ਯੋਗ ਹੈ ਕਿ ਜਦੋਂ ਕਾਂਗਰਸ ਉੱਤੇ ਮਾੜਾ ਟਾਈਮ ਆਇਆ ਸੀ, ਇਹਨਾਂ ਵੱਲੋਂ ਉਸ ਟਾਈਮ ਵੀ ਕਾਂਗਰਸ ਪਾਰਟੀ ਦੇ ਨਾਲ ਖੜੇ ਸਨ, ਪਾਰਟੀ ਵੱਲੋਂ ਜਿਹੜੀਆਂ ਵੀ ਇਹਨਾਂ ਦੀਆਂ ਡਿਊਟੀਆਂ ਲਗਾਈਆਂ ਜਾਂਦੀਆਂ ਹਨ,ਉਹ ਵੀ ਇਹਨਾਂ ਵੱਲੋਂ ਤਨਦੇਹੀ ਨਾਲ ਨਿਭਾਈਆ ਜਾਂਦੀਆਂ ਹੈ, ਹੁਣ ਆਪਾਂ ਨੂੰ ਇਹ ਵੇਖਣਾ ਹੋਵੇਗਾ ਕਿ ਮੋਗਾ ਨਿਵਾਸੀ 2027 ਵਿੱਚ ਪਿਆਰ ਦੇਕੇ ਵਿਧਾਨ ਸਭਾ ਵਿੱਚ ਭੇਜਣਗੇ

# ਜਣਗਣਨਾ 2027 ਦੇ ਪਹਿਲੇ ਪੜਾਅ ਅਧੀਨ ਤਿੰਨ ਬੈਚਾਂ ਦੀ ਟਰੇਨਿੰਗ ਸਫਲਤਾ ਪੂਰਵਕ ਸਮਾਪਤ




ਸ੍ਰੀ ਮੁਕਤਸਰ ਸਾਹਿਬ, 24 ਅਪ੍ਰੈਲ: ( ਐਚ ਐਸ ਕਪੂਰ ) ਸ੍ਰੀ ਗੁਰਕਿਰਨਦੀਪ ਸਿੰਘ ਸਿੱਧੂ ਪੀ.ਸੀ.ਐਸ, ਉਪ ਮੰਡਲ ਮੈਜਿਸਟ੍ਰੇਟ ਸ੍ਰੀ ਮੁਕਤਸਰ ਸਾਹਿਬ ਅਤੇ ਸ੍ਰੀਮਤੀ ਚਰਨਜੀਤ ਕੌਰ ਤਹਿਸੀਲਦਾਰ—ਕਮ—ਸੈਂਸਜ ਚਾਰਜ ਅਫਸਰ ਸ੍ਰੀ ਮੁਕਤਸਰ ਸਾਹਿਬ ਅਫਸਰ ਦੀ ਪ੍ਰਧਾਨਗੀ ਹੇਠ ਜਣਗਣਨਾ 2027 ਸੰਬੰਧੀ ਗਿਣਤੀਕਾਰਾਂ ਅਤੇ ਸੁਪਰਵਾਈਜ਼ਰ ਦੀ ਤਿੰਨ ਰੋਜ਼ਾ ਟਰੇਨਿੰਗ ਬਾਵਾ ਨਿਹਾਲ ਸਿੰਘ ਬੀ.ਐਡ ਕਾਲਜ ਵਿਖੇ ਸਫਲਤਾ ਪੂਰਵਕ ਸਮਾਪਤ ਹੋ ਗਈ । ਇਸ ਟਰੈਨਿੰਗ ਵਿੱਚ ਪ੍ਰੋਜੈਕਟਰ ਦੀ ਸਹਾਇਤਾ ਨਾਲ ਜਣਗਣਨਾ ਨੂੰ ਸਫਲਤਾਪੂਰਵਕ ਨੇਪੇਰੇ ਚਾੜਣ ਬਾਰੇ ਸਮਝਾਇਆ ਗਿਆ। ਇਸ ਸੰਬੰਧੀ ਉਪ ਮੰਡਲ ਮੈਜਿਸਟਰੇਟ, ਸ੍ਰੀ ਮੁਕਤਸਰ ਸਾਹਿਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਦੀ ਇਹ ਪਹਿਲੀ ਮਰਦਮਸ਼ੁਮਾਰੀ ਹੈ, ਜਿਸ ਵਿੱਚ ਮਰਦਮਸ਼ੁਮਾਰੀ ਦਾ ਡਾਟਾ ਇਕੱਠਾ ਕਰਨ ਦਾ ਕੰਮ ਡਿਜੀਟਲ ਸਾਧਨਾ ਰਾਹੀਂ ਕੀਤਾ ਜਾਣਾ ਹੈ। ਉਹਨਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਇਹ ਜਿੰਮੇਵਾਰੀ ਅਸੀਂ ਸਾਰੇ ਸਮਾਜ ਸੇਵਾ ਦੀ ਭਾਵਨਾ ਦੇ ਨਾਲ ਨੇਪਰੇ ਚਾੜਾਂਗੇ। ਉਹਨਾਂ ਵੱਲੋਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਗਿਆ ਕਿ ਸਾਰੇ ਹੀ ਕਰਮਚਾਰੀ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਤਾਂ ਜੋ ਇਕੱਠੀ ਕੀਤੀ ਗਈ ਜਾਣਕਾਰੀ ਨਾਲ ਸਰਕਾਰਾਂ ਵੱਲੋਂ ਬਣਾਈਆਂ ਗਈਆਂ ਨੀਤੀਆਂ ਨਾਲ ਆਮ ਜਨਤਾ ਨੂੰ ਸਹੂਲਤ ਮਿਲ ਸਕੇ। ਉਹਨਾਂ ਇਹ ਵੀ ਦੱਸਿਆ ਕਿ ਇਸ ਟਰੈਨਿੰਗ ਬੈਚ ਵਾਂਗ ਹੀ 2 ਮਈ ਤੱਕ ਹੋਰ ਬੈਚ ਵੀ ਚਲਣਗੇ। ਇਸ ਦੌਰਾਨ ਗਿਣਤੀਕਾਰਾਂ ਅਤੇ ਸੁਪਰਵਾਈਜ਼ਰ ਨੇ ਟਰੈਨਰਾ ਤੋਂ ਸਵਾਲ ਜੁਆਬ ਪੁੱਛ ਕੇ ਜਣਗਨਣਾ ਸੰਬੰਧੀ ਆਪਣੇ ਸਾਰੇ ਸ਼ੰਕੇ ਦੂਰ ਕੀਤੇ। ਇਸ ਮੌਕੇ ਸ੍ਰੀ ਰੁਪਿੰਦਰ ਸਿੰਘ, ਉਪ ਅਰਥ ਅਤੇ ਅੰਕੜਾ ਸਲਾਹਕਾਰ, ਸ੍ਰੀ ਮੁਕਤਸਰ ਸਾਹਿਬ ਅਤੇ ਸ੍ਰੀ ਪੰਕਜ ਕੁਮਾਰ, ਸੈਂਸਜ ਕੋਆਰਡੀਨੇਟਰ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ, ਸਮੂਹ ਫੀਲਜ ਟਰੇਨਰ ਅਤੇ ਤਹਿਸੀਲ, ਸ੍ਰੀ ਮੁਕਤਸਰ ਸਾਹਿਬ ਦੇ ਕਰਮਚਾਰੀ ਮੌਜੂਦ ਸਨ

# ਸੀਨੀਅਰ ਅਕਾਲੀ ਆਗੂ ਸਰਾਓ ਵੱਲੋਂ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਅਲਵਿਦਾ, ਭਾਜਪਾ 'ਚ ਹੋਏ ਸ਼ਾਮਲ

## ਸਾਬਕਾ ਡੀਡੀਪੀਓ ਗੁਰਵਿੰਦਰ ਸਿੰਘ ਭੁਟਾਲ ਨੇ ਵੀ ਭਾਜਪਾ ਦਾ ਦਾਮਨ ਫੜਿਆ




ਚੰਡੀਗੜ੍ਹ, 27 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਲਗਾਤਾਰ ਮਿਲ ਰਹੇ ਰਾਜਨੀਤਿਕ ਝਟਕਿਆਂ ਦੇ ਦਰਮਿਆਨ ਇੱਕ ਹੋਰ ਮਹੱਤਵਪੂਰਨ ਘਟਨਾਕ੍ਰਮ ਸਾਹਮਣੇ ਆਇਆ ਜਦੋਂ ਪਾਰਟੀ ਦੇ ਸੀਨੀਅਰ ਉਪ ਪ੍ਰਧਾਨ ਸੁਖਵੰਤ ਸਿੰਘ ਸਰਾਓ ਨੇ ਪਾਰਟੀ ਨੂੰ ਅਲਵਿਦਾ ਆਖਦਿਆਂ ਆਪਣੇ ਸਮਰਥਕਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਵਿਧੀਵਤ ਸ਼ਾਮਲ ਹੋ ਗਏ। ਚੰਡੀਗੜ੍ਹ ਵਿੱਚ ਬੀਤੇ ਦਿਨ ਹੋਏ ਇੱਕ ਸਮਾਗਮ ਦੌਰਾਨ ਭਾਜਪਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਕੁਮਾਰ ਦੀ ਹਾਜ਼ਰੀ ਵਿੱਚ ਉਨ੍ਹਾਂ ਨੇ ਪਾਰਟੀ ਦੀ ਮੈਂਬਰਸ਼ਿਪ ਪ੍ਰਾਪਤ ਕੀਤੀ। ਇਸ ਮੌਕੇ ਸਾਬਕਾ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ (ਡੀਡੀਪੀਓ) ਗੁਰਵਿੰਦਰ ਸਿੰਘ ਭੁਟਾਲ ਵੀ ਭਾਜਪਾ ਵਿੱਚ ਸ਼ਾਮਲ ਹੋ ਗਏ। ਅਕਾਲੀ ਦਲ ਦੀ ਵਿਰਾਸਤ ਵਿੱਚ ਪਲੇ ਤੇ ਜਵਾਨ ਹੋਏ ਸਰਾਓ ਕੋਲ ਲੋਕ ਪ੍ਰਸ਼ਾਸਨ ਦਾ ਵੱਡਾ ਤਜਰਬਾ ਹੈ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਕਾਨੂੰਨ ਦੀ ਡਿਗਰੀ ਪ੍ਰਾਪਤ ਸਰਾਓ ਨੇ ਪੰਜਾਬ ਸਰਕਾਰ ਵਿੱਚ ਸੰਗਰੂਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਤੇ ਪੰਜਾਬ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਬਤੌਰ ਡਿਪਟੀ ਡਾਇਰੈਕਟਰ (ਪੰਚਾਇਤਾਂ) ਵਜੋਂ ਸੇਵਾ ਨਿਭਾਈ। ਉਨ੍ਹਾਂ ਨੇ 30 ਸਤੰਬਰ, 2011 ਨੂੰ ਆਪਣੀ ਇੱਛਾ ਅਨੁਸਾਰ ਸਮੇਂ ਤੋਂ ਪਹਿਲਾਂ ਸੇਵਾਮੁਕਤੀ ਲੈ ਕੇ ਸਿੱਧੇ ਤੌਰ ਤੇ ਰਾਜਨੀਤੀ ਵਿੱਚ ਸ਼ਾਮਲ ਹੋ ਗਏ। ਇਸ ਤੋਂ ਬਾਅਦ 2012 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਉਨ੍ਹਾਂ ਨੇ ਸੰਗਰੂਰ ਜ਼ਿਲ੍ਹੇ ਦੇ ਲਹਿਰਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵਜੋਂ ਚੋਣ ਲੜੀ ਜਿੱਥੋਂ ਉਹ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਮੁੱਖ ਮੰਤਰੀ ਰਜਿੰਦਰ ਕੌਰ ਭੱਠਲ ਕੋਲੋਂ 3,345 ਵੋਟਾਂ ਦੇ ਥੋੜੇ ਅੰਤਰ ਨਾਲ ਹਾਰ ਗਏ। ਸਰਾਓ ਦੀ ਰਾਜਨੀਤਿਕ ਯਾਤਰਾ ਸਾਬਕਾ ਅਕਾਲੀ ਆਗੂ ਸੁਖਦੇਵ ਸਿੰਘ ਢੀਂਡਸਾ ਨਾਲ ਬਹੁਤ ਲੰਬਾ ਸਮਾਂ ਜੁੜੀ ਰਹੀ। ਉਨ੍ਹਾਂ ਨੂੰ ਢੀਂਡਸਾ ਦੇ ਸਭ ਤੋਂ ਵਿਸ਼ਵਾਸਪਾਤਰ ਸਾਥੀਆਂ ਵਿੱਚ ਗਿਣਿਆ ਜਾਂਦਾ ਰਿਹਾ ਹੈ। ਜਦੋਂ ਢੀਂਡਸਾ ਨੇ ਵੱਖ ਹੋ ਕੇ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੀ ਸਥਾਪਨਾ ਕੀਤੀ ਤਾਂ ਸਰਾਓ ਵੀ ਉਨ੍ਹਾਂ ਦੇ ਨਾਲ ਹੀ ਚਲੇ ਗਏ।ਬਾਅਦ ਵਿੱਚ ਜਦੋਂ ਢੀਂਡਸਾ ਦੇ ਪੁੱਤਰ ਅਤੇ ਸਾਬਕਾ ਕੈਬਿਨਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਸੁਨਾਮ ਹਲਕਾ ਛੱਡ ਕੇ ਲਹਿਰਾ ਤੋਂ ਚੋਣ ਲੜਨ ਦਾ ਫ਼ੈਸਲਾ ਕੀਤਾ ਤਾਂ ਸਰਾਓ ਨੇ ਆਪਣੀ ਦਾਵੇਦਾਰੀ ਖੁਦ ਹੀ ਵਾਪਸ ਲੈ ਲਈ। ਸਾਲ 2020 ਵਿੱਚ ਸਰਾਓ ਨੇ ਢੀਂਡਸਾ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿੱਚ ਸ਼ਾਮਲ ਹੋ ਕੇ ਸੀਨੀਅਰ ਉਪ ਪ੍ਰਧਾਨ ਵਜੋਂ ਜ਼ਿੰਮੇਵਾਰੀ ਨਿਭਾਈ ਜਿਸ ਅਹੁਦੇ 'ਤੇ ਉਹ ਬੀਤੇ ਦਿਨ ਤੱਕ ਕਾਰਜਸ਼ੀਲ ਰਹੇ। ਸਰਾਓ ਦਾ ਪਾਰਟੀ ਛੱਡਣਾ ਅਕਾਲੀ ਦਲ (ਪੁਨਰ ਸੁਰਜੀਤ) ਲਈ ਇੱਕ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ ਜੋ ਆਪਣੇ ਗਠਨ ਤੋਂ ਬਾਅਦ ਸੂਬੇ ਵਿੱਚ ਆਪਣੀ ਪਕੜ ਮਜ਼ਬੂਤ ਕਰਨ ਲਈ ਸੰਘਰਸ਼ ਕਰ ਰਿਹਾ ਹੈ ਅਤੇ ਮਾਲਵਾ ਖੇਤਰ ਵਿੱਚ ਸੰਗਠਨਾਤਮਕ ਤਾਕਤ ਵਧਾਉਣ ਲਈ ਸਰਾਓ ਵਰਗੇ ਤਜਰਬੇਕਾਰ ਆਗੂਆਂ 'ਤੇ ਨਿਰਭਰ ਸੀ। ਉਨ੍ਹਾਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ, ਖ਼ਾਸ ਕਰਕੇ ਸਾਬਕਾ ਡੀਡੀਪੀਓ ਦੇ ਨਾਲ, ਪੰਜਾਬ ਵਿੱਚ ਭਾਜਪਾ ਲਈ ਇੱਕ ਅਹਿਮ ਮਜ਼ਬੂਤੀ ਵਜੋਂ ਵੇਖਿਆ ਜਾ ਰਿਹਾ ਹੈ, ਵਿਸ਼ੇਸ਼ ਤੌਰ 'ਤੇ ਲਹਿਰਾ ਹਲਕੇ ਵਿੱਚ, ਜਿੱਥੇ ਪਾਰਟੀ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਆਪਣਾ ਵੋਟ ਬੈਂਕ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਵਰਨਣਯੋਗ ਹੈ ਕਿ ਸਰਾਓ ਦੇ ਵੱਡੇ ਭਰਾ ਗਿਆਨੀ ਨਿਰੰਜਨ ਸਿੰਘ ਭੁਟਾਲ ਅਕਾਲੀ ਦਲ ਦੇ ਸੀਨੀਅਰ ਆਗੂ ਰਹੇ ਹਨ ਅਤੇ ਉਨ੍ਹਾਂ ਨੇ 2002 ਵਿੱਚ ਲਹਿਰਾ ਹਲਕੇ ਤੋਂ ਪਾਰਟੀ ਦੇ ਅਧਿਕਾਰਕ ਉਮੀਦਵਾਰ ਵਜੋਂ ਚੋਣ ਲੜੀ ਸੀ ਪਰ ਉਹ ਕਾਮਯਾਬ ਨਹੀਂ ਹੋ ਸਕੇ। ਇਸ ਤੋਂ ਬਾਅਦ 2007 ਵਿੱਚ ਉਨ੍ਹਾਂ ਨੇ ਆਜ਼ਾਦ ਉਮੀਦਵਾਰ ਵਜੋਂ ਚੋਣ ਲੜੀ।ਗਿਆਨੀ ਜੀ ਦੀ ਪਤਨੀ, ਜੋ ਸਰਾਓ ਦੀ ਭਰਜਾਏ ਹਨ, ਮੂਨਕ ਹਲਕੇ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੋ ਵਾਰ ਮੈਂਬਰ ਵਜੋਂ ਚੁਣੀ ਗਈ।

# ਸਾਂਸਦ ਸ਼ੇਰ ਸਿੰਘ ਘੁਬਾਇਆ ਨੂੰ ਪੰਜਾਬ ਕਾਂਗਰਸ ਐੱਸ.ਸੀ. ਵਿਭਾਗ ਦੀ ਸਟੇਟ ਐਡਵਾਈਜ਼ਰੀ ਕੌਂਸਲ ਵਿੱਚ ਅਹਿਮ ਜ਼ਿੰਮੇਵਾਰੀ



ਫ਼ਾਜ਼ਿਲਕਾ, 27 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਆਲ ਇੰਡੀਆ ਕਾਂਗਰਸ ਕਮੇਟੀ ਦੇ ਐੱਸ.ਸੀ. ਵਿਭਾਗ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਸ ਸਬੰਧੀ ਇੱਕ ਮਹੱਤਵਪੂਰਨ ਫ਼ੈਸਲਾ ਲੈਂਦਿਆਂ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਐੱਸ.ਸੀ. ਵਿਭਾਗ ਲਈ ਸੂਬਾ ਸਲਾਹਕਾਰ ਕੌਂਸਲ ਦਾ ਐਲਾਨ ਕੀਤਾ ਗਿਆ ਹੈ। ਨਵੀਂ ਬਣੀ ਇਸ ਕੌਂਸਲ ਵਿੱਚ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਸਾਂਸਦ ਸ਼ੇਰ ਸਿੰਘ ਘੁਬਾਇਆ ਨੂੰ ਐੱਸ.ਸੀ. ਵਿਭਾਗ ਦੀ ਸੂਬਾ ਸਲਾਹਕਾਰ ਕੌਂਸਲ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਪੱਤਰ ਆਲ ਇੰਡੀਆ ਕਾਂਗਰਸ ਕਮੇਟੀ ਦੇ ਐੱਸ.ਸੀ. ਵਿਭਾਗ ਦੇ ਚੇਅਰਮੈਨ ਰਾਜੇਂਦਰ ਪਾਲ ਗੌਤਮ ਵੱਲੋਂ ਜਾਰੀ ਕੀਤਾ ਗਿਆ ਹੈ। ਪਾਰਟੀ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਐੱਸ.ਸੀ. ਵਿਭਾਗ ਦੀ ਸਟੇਟ ਐਡਵਾਈਜ਼ਰੀ ਕੌਂਸਲ ਵਿੱਚ ਵੱਖ-ਵੱਖ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਸੂਚੀ ਵਿੱਚ ਸ਼ੇਰ ਸਿੰਘ ਘੁਬਾਇਆ ਦਾ ਨਾਮ ਵੀ ਸ਼ਾਮਲ ਹੈ, ਜੋ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਅਹਿਮ ਚਿਹਰਾ ਮੰਨੇ ਜਾਂਦੇ ਹਨ। ਉਹ ਪਹਿਲਾਂ ਵੀ ਕਈ ਸਿਆਸੀ ਭੂਮਿਕਾਵਾਂ ਨਿਭਾ ਚੁੱਕੇ ਹਨ ਅਤੇ ਇਲਾਕੇ ਵਿੱਚ ਉਨ੍ਹਾਂ ਦੀ ਮਜ਼ਬੂਤ ਪਕੜ ਮੰਨੀ ਜਾਂਦੀ ਹੈ।ਨਵੀਂ ਜ਼ਿੰਮੇਵਾਰੀ ਮਿਲਣ 'ਤੇ ਉਨ੍ਹਾਂ ਨੇ ਪਾਰਟੀ ਦੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕਰਨਗੇ। ਸ਼ੇਰ ਸਿੰਘ ਘੁਬਾਇਆ ਲੋਕ ਸਭਾ ਹਲਕਾ ਫਿਰੋਜ਼ਪੁਰ ਅਤੇ ਸਰਹੱਦੀ ਖੇਤਰ ਦੇ ਇੱਕ ਪ੍ਰਭਾਵਸ਼ਾਲੀ ਆਗੂ ਮੰਨੇ ਜਾਂਦੇ ਹਨ। ਉਨ੍ਹਾਂ ਨੂੰ ਇਸ ਉੱਚ ਪੱਧਰੀ ਕਮੇਟੀ ਵਿੱਚ ਮੈਂਬਰ ਨਿਯੁਕਤ ਕੀਤੇ ਜਾਣ ਦੀ ਖ਼ਬਰ ਮਿਲਦਿਆਂ ਹੀ ਫਿਰੋਜ਼ਪੁਰ, ਜਲਾਲਾਬਾਦ, ਫ਼ਾਜ਼ਿਲਕਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ ਹੈ।ਰਾਜਨੀਤਿਕ ਵਿਸ਼ਲੇਸ਼ਕਾਂ ਦੇ ਅਨੁਸਾਰ, ਇਹ ਕਦਮ ਕਾਂਗਰਸ ਪਾਰਟੀ ਨੂੰ ਪੰਜਾਬ ਵਿੱਚ ਮੁੜ ਮਜ਼ਬੂਤ ਕਰਨ ਅਤੇ ਖਾਸ ਕਰਕੇ ਐੱਸ.ਸੀ. ਵਰਗ ਵਿੱਚ ਆਪਣੀ ਪਕੜ ਵਧਾਉਣ ਲਈ ਲਿਆ ਗਿਆ ਹੈ।

# ਧੂਰੀ ਪੁਲਿਸ ਨੇ ਇੱਕ ਹਫ਼ਤੇ ਅੰਦਰ 13 ਮੁੱਕਦਮੇ ਦਰਜ਼ ਕਰਕੇ 19 ਨਸ਼ਾ ਤਸੱਕਰ ਕਾਬੂ ਕੀਤੇ : ਸਰਤਾਜ ਸਿੰਘ ਚਹਿਲ



ਧੂਰੀ, 27 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ) :ਜਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਬ-ਡਵੀਜ਼ਨ ਧੂਰੀ ਪੁਲਿਸ ਵੱਲੋਂ ਨਸ਼ਿਆਂ ਦੇ ਮੁਕੰਮਲ ਸਫਾਏ ਲਈ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਤਹਿਤ ਵੱਡੀ ਸਫ਼ਲਤਾ ਹਾਸਲ ਕੀਤੀ ਗਈ ਹੈ। ਪੁਲਿਸ ਨੇ ਬੀਤੇ ਇੱਕ ਹਫ਼ਤੇ (20 ਅਪ੍ਰੈਲ ਤੋਂ 26 ਅਪ੍ਰੈਲ) ਦੌਰਾਨ ਸਖ਼ਤ ਕਾਰਵਾਈ ਕਰਦਿਆਂ 13 ਮੁਕੱਦਮੇ ਦਰਜ ਕੀਤੇ ਹਨ ਅਤੇ 19 ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਭੇਜਿਆ ਹੈ।ਪੁਲਿਸ ਵੱਲੋਂ ਫੜੇ ਗਏ ਮੁਲਜ਼ਮਾਂ ਕੋਲੋਂ ਭਾਰੀ ਮਾਤਰਾ ਵਿੱਚ ਨਸ਼ੀਲੀਆਂ ਵਸਤਾਂ ਬਰਾਮਦ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ 52 ਗ੍ਰਾਮ ਹੈਰੋਇਨ (ਚਿੱਟਾ), 80 ਨਸ਼ੀਲੀਆਂ ਗੋਲੀਆਂ ਅਤੇ 1540 ਬੋਤਲਾਂ ਨਾਜਾਇਜ਼ ਦੇਸੀ ਸ਼ਰਾਬ ਸ਼ਾਮਲ ਹੈ। ਇਸ ਦੇ ਨਾਲ ਹੀ ਪੁਲਿਸ ਨੇ ਸ਼ਹਿਰ ਵਿੱਚ ਦਹਿਸ਼ਤ ਫੈਲਾਉਣ ਵਾਲੀ ਪੈਟਰੋਲ ਬੰਬ ਦੀ ਵਾਰਦਾਤ ਨੂੰ ਸੁਲਝਾਉਂਦਿਆਂ 4 ਮੁੱਖ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਪੁਰਾਣੇ ਕੇਸਾਂ ਵਿੱਚ ਭਗੌੜੇ ਚੱਲ ਰਹੇ ਇੱਕ ਪੀ.ਓ. (ਇਸ਼ਤਿਹਾਰੀ ਮੁਲਜ਼ਮ) ਨੂੰ ਵੀ ਕਾਬੂ ਕੀਤਾ ਗਿਆ ਹੈ।ਸ੍ਰੀ ਚਹਿਲ ਨੇ ਦੱਸਿਆ ਕਿ ਪੁਲਿਸ ਕੇਵਲ ਗ੍ਰਿਫ਼ਤਾਰੀਆਂ ਤੱਕ ਹੀ ਸੀਮਤ ਨਹੀਂ ਹੈ, ਸਗੋਂ ਕਾਨੂੰਨੀ ਪ੍ਰਕਿਰਿਆ ਨੂੰ ਵੀ ਤੇਜ਼ੀ ਨਾਲ ਮੁਕੰਮਲ ਕੀਤਾ ਜਾ ਰਿਹਾ ਹੈ। ਇਸੇ ਤਹਿਤ 11 ਮੁਕੱਦਮਿਆਂ ਦੀ ਤਫਤੀਸ਼ ਮੁਕੰਮਲ ਕਰਕੇ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਜਾ ਚੁੱਕੇ ਹਨ। ਜਨਤਕ ਸ਼ਿਕਾਇਤਾਂ ਦਾ ਨਿਪਟਾਰਾ ਕਰਦਿਆਂ ਪੁਲਿਸ ਨੇ ਪਹਿਲ ਦੇ ਆਧਾਰ ਤੇ 102 ਦਰਖਾਸਤਾਂ ਦਾ ਹੱਲ ਕੀਤਾ ਹੈ। ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਵੀ ਸ਼ਿਕੰਜਾ ਕੱਸਦਿਆਂ 197 ਵਾਹਨਾਂ ਦੇ ਚਲਾਨ ਕੀਤੇ ਗਏ ਹਨ ਅਤੇ 45 ਸ਼ੱਕੀ ਵਿਅਕਤੀਆਂ ਵਿਰੁੱਧ 172 ਬੀਐਨਐਸਐਸ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਨਸ਼ਾ ਮੁਕਤੀ ਦੀ ਦਿਸ਼ਾ ਵੱਲ ਕਦਮ ਵਧਾਉਂਦਿਆਂ ਪੁਲਿਸ ਨੇ 11 ਨਸ਼ਾਗ੍ਰਸਤ ਵਿਅਕਤੀਆਂ ਨੂੰ ਇਲਾਜ ਲਈ ਓਟ ਸੈਂਟਰ ਵਿੱਚ ਦਾਖਲ ਕਰਵਾਇਆ ਹੈ। ਸੰਪਰਕ ਪ੍ਰੋਜੈਕਟ ਰਾਹੀਂ ਪਿੰਡ-ਪਿੰਡ ਜਾ ਕੇ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰ ਸੱਜਣਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਐਸ.ਐਸ.ਪੀ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ ਤਾਂ ਜੋ ਇਸ ਸਮਾਜਿਕ ਕੋੜ੍ਹ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ਿਆਂ ਖਿਲਾਫ਼ ਇਹ ਜੰਗ ਨਿਰੰਤਰ ਜਾਰੀ ਰਹੇਗੀ।

# ਆਪ ਸਰਕਾਰ ਬਿਜਲੀ ਕੱਟਾਂ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ : ਅਕਾਲੀ ਦਲ

ਚੰਡੀਗੜ੍ਹ, 27 ਅਪ੍ਰੈਲ: ਸ਼੍ਰੋਮਣੀ ਅਕਾਲੀ ਦਲ ਨੇ ਅੰਜ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਸੂਬੇ ਭਰ ਵਿਚ 8 ਤੋਂ 10 ਘੰਟੇ ਦੇ ਬਿਜਲੀ ਕੱਟਾਂ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ ਕਿਉਂਕਿ ਇਹ ਲਘੂ ਕਾਲੀ ਬਿਜਲੀ ਖਰੀਦ ਸਮਝੌਤੇ ਨਹੀਂ ਕਰ ਸਕੀ ਤੇ ਨਾ ਹੀ ਇਸਨੇ ਪਹਾੜੀ ਰਾਜਾਂ ਤੋਂ ਬਿਜਲੀ ਖਰੀਦਣ ਲਈ ਸਮੇਂ ਸਿਰ ਬਿਜਲੀ ਐਕਸਚੇਂਜ 'ਤੇ ਸਮਝੌਤੇ ਨੇਪਰੇ ਚਾੜ੍ਹੇ ਤੇ ਪੈਸੇ ਦੀ ਘਾਟ ਕਾਰਨ ਇਹ ਬਿਜਲੀ ਦੀ ਖਰੀਦ ਵੀ ਨਹੀਂ ਕਰ ਪਾ ਰਹੀ। ਜਾਰੀ ਕੀਤੇ ਇਕ ਬਿਆਨ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨੀ ਵਾਲੀ ਗੱਲ ਹੈ ਕਿ ਪੰਜਾਬ ਵਿਚ ਉਦੋਂ ਬਿਜਲੀ ਕੱਟ ਲੱਗ ਰਹੇ ਹਨ ਜਦੋਂ ਖੇਤੀਬਾੜੀ ਸੈਕਟਰ ਵਾਸਤੇ ਬਿਜਲੀ ਦੀ ਕੋਈ ਮੰਗ ਨਹੀਂ ਹੈ। ਉਹਨਾਂ ਕਿਹਾ ਕਿ ਸਪਸ਼ਟ ਤੌਰ 'ਤੇ ਇਹ ਕੁਪ੍ਰਬੰਧਨ ਦਾ ਮਾਮਲਾ ਹੈ। ਉਹਨਾਂ ਨੇ ਬਿਜਲੀ ਮੰਤਰੀ ਸੰਜੀਵ ਅਰੋੜਾ ਵੱਲੋਂ ਆਪਣੀਆਂ ਅਸਫਲਤਾਵਾਂ 'ਤੇ ਪਰਦੇ ਪਾਉਣ ਵਾਸਤੇ ਬਹਾਨੇਬਾਜ਼ੀ ਕਰਨ ਦੀ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਅਰੋੜਾ ਇਹ ਆਖ ਰਹੇ ਹਨ ਕਿ ਰੱਖ ਰੱਖਾਅ ਤੇ ਅਪਗ੍ਰੇਡੇਸ਼ਨ ਦੇ ਕੰਮ ਕਾਰਨ ਇਹ ਹਾਲਾਤ ਬਣੇ ਹਨ ਜਦੋਂ ਕਿ ਅਸਲੀਅਤ ਇਹ ਹੈ ਕਿ ਕੁਝ ਸਮਾਂ ਪਹਿਲਾਂ ਤਲਵੰਡੀ ਸਾਬੋ ਪਲਾਂਟ ਜੋ ਰੱਖ ਰੱਖਾਅ ਲਈ ਬੰਦ ਕੀਤਾ ਗਿਆ ਸੀ, ਮੁੜ ਚਾਲੂ ਹੋ ਗਿਆ ਹੈ ਤੇ ਰੋਪੜ ਪਲਾਂਟ ਦਾ ਇਕ ਯੂਨਿਟ ਹੀ ਇਸ ਵੇਲੇ ਬੰਦ ਹਨ।ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸੱਚਾਈ ਇਹ ਹੈ ਕਿ ਆਪ ਸਰਕਾਰ ਪੀ ਐਸ ਪੀ ਸੀ ਐਲ ਵੱਲੋਂ ਲਘੂ ਕਾਲੀ ਬਿਜਲੀ ਖਰੀਦ ਸਮਝੌਤੇ ਕਰਵਾਉਣ ਵਿਚ ਅਸਫਲ ਰਹੀ ਹੈ ਹਾਲਾਂਕਿ ਇਹ ਪਹਿਲਾਂ ਹੀ ਚੇਤਾਵਨੀ ਦਿੱਤੀ ਗਈ ਸੀ ਕਿ ਗਰਮੀ ਦਾ ਸੀਜ਼ਨ ਜਲਦੀ ਸ਼ੁਰੂ ਹੋ ਸਕਦਾ ਹੈ। ਉਹਨਾਂ ਕਿਹਾ ਕਿ ਪਹਾੜੀ ਰਾਜਾਂ ਨਾਲ ਹੁੰਦੇ ਬਿਜਲੀ ਖਰੀਦ ਸਮਝੌਤੇ ਜਿਸ ਸਦਕਾ ਜੰਮੂ-ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਤੋਂ ਪੰਜਾਬ ਨੂੰ ਗਰਮੀਆਂ ਵਿਚ ਬਿਜਲੀ ਮਿਲਦੀ ਹੈ, ਵੀ ਕਰਨ ਵਿਚ ਦੇਰੀ ਹੋਈ ਹੈ। ਉਹਨਾਂ ਕਿਹਾ ਕਿ ਇਹ ਸਮਝੌਤੇ ਹੁਣ 1 ਮਈ ਤੋਂ ਲਾਗੂ ਹੋਣਗੇ।ਅਕਾਲੀ ਆਗੂ ਨੇ ਕਿਹਾ ਕਿ ਸਰਕਸਾਰ ਫੰਡਾਂ ਦੀ ਘਾਟ ਕਾਰਨ ਬਿਜਲੀ ਖਰੀਦਣ ਵਿਚ ਵੀ ਅਸਫਲ ਰਹੀ ਹੈ। ਉਹਨਾਂ ਕਿਹਾ ਕਿ ਪੀ ਐਸ ਪੀ ਸੀ ਐਲ ਨੂੰ ਫੰਡਾਂ ਦੀ ਬਹੁਤ ਤੋੜ ਹੈ ਕਿਉਂਕਿ ਸਰਕਾਰ ਨੇ ਮੁਫਤ ਬਿਜਲੀ ਸਬਸਿਡੀ ਦੀ ਰਕਮ ਹਾਲੇ ਤੱਕ ਜਾਰੀ ਨਹੀਂ ਕੀਤੀ।

# ਟਾਂਡਾ ਵਿਖੇ ਫਾਇਰ ਸਟੇਸ਼ਨ ਸਥਾਪਿਤ ਨਾ ਕਰਨ ਕਾਰਨ ਸ਼ਿਵ ਸੈਨਾ ਨੇ ਸਰਕਾਰ ਖਿਲਾਫ਼ ਕੀਤਾ ਰੋਸ ਪ੍ਰਦਰਸ਼ਨ



ਟਾਂਡਾ ਉੜਮੁੜ 26 ਅਪ੍ਰੈਲ (ਅਰਜੁਨ ਜੈਨ)- ਹਰ ਸਾਲ ਫਸਲਾਂ ਦੀ ਕਟਾਈ ਸਮੇਂ ਖੇਤਾਂ ਵਿੱਚ ਅੱਗ ਲੱਗਣ ਕਾਰਨ ਟਾਂਡਾ ਇਲਾਕੇ ਵਿੱਚ ਕਰੋੜਾਂ ਰੁਪਏ ਦੇ ਹੋ ਰਹੇ ਨੁਕਸਾਨ ਨੂੰ ਰੋਕਣ ਲਈ ਅਤੇ ਟਾਂਡਾ ਵਿਖੇ ਫਾਇਰ ਸਟੇਸ਼ਨ ਸਥਾਪਿਤ ਕਰਵਾਉਣ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਵਿੱਚ ਸ਼ਿਵ ਸੈਨਾ ਦੇ ਦਫਤਰ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਨੇ ਆਗੂਆਂ ਨੇ ਭਾਗ ਲਿਆ। ਮੀਟਿੰਗ ਚ ਸ਼ਿਵ ਸੈਨਾ ਦੇ ਦੋਆਬਾ ਪ੍ਰਧਾਨ ਸ਼ਿਵਮ ਵੈਦ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਅਵਾਧਸ ਪੰਜਾਬ ਦੇ ਚੇਅਰਮੈਨ ਗਗਨ ਭੱਟੀ, ਬੇਟ ਏਰੀਆ ਪ੍ਰਧਾਨ ਅਤੇ ਜਲੰਧਰ ਯੁਵਾ ਇੰਚਾਰਜ ਗਗਨ ਪਰੋਜ, ਹਿੰਦੂ ਨੇਤਾ ਗਿੰਦਾ ਪਰੋਜ, ਸਨਾਤਨ ਧਰਮ ਸਭਾ ਕਲੋਇਆਂ ਦੇ ਪ੍ਰਧਾਨ ਆਕਾਸ਼ ਰਾਣਾ, ਯੁਵਾ ਨੇਤਾ ਜਿੰਦਰ ਬਨਿਆਲ, ਹਿੰਦੂ ਨੇਤਾ ਸੁਧਾਂਸ਼ੂ ਮਲਹੋਤਰਾ, ਯੁਵਾ ਨੇਤਾ ਹਰਜੀਤ ਸਿੰਘ ਬਘੇਲ ਅਤੇ ਗੌਰਵ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਮਾਨ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਹਾਜ਼ਿਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਿੱਕੀ ਪੰਡਿਤ ਨੇ ਕਿਹਾ ਕਿ ਕਾਫ਼ੀ ਸਾਲ ਪਹਿਲਾਂ ਇਲਾਕੇ ਦੇ ਲੋਕਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਟਾਂਡਾ ਨਗਰ ਕੌਂਸਲ ਵਿਖੇ ਇੱਕ ਫਾਇਰ ਬ੍ਰਿਗੇਡ ਦੀ ਗੱਡੀ ਭੇਜੀ ਗਈ ਸੀ ਪਰ ਉਸਨੂੰ ਚਲਾਉਣ ਲਈ ਡਰਾਈਵਰ ਅਤੇ ਫਾਇਰ ਬ੍ਰਿਗੇਡ ਮੁਲਾਜ਼ਮ ਨਾ ਭੇਜਣ ਕਾਰਨ ਕਾਫੀ ਸਮੇਂ ਬਾਅਦ ਇਹ ਫਾਇਰ ਬ੍ਰਿਗੇਡ ਦੀ ਗੱਡੀ ਵਾਪਸ ਭੇਜ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਉਸ ਤੋਂ ਬਾਅਦ ਅੱਜ ਤੱਕ ਫਾਇਰ ਬ੍ਰਿਗੇਡ ਸਟੇਸ਼ਨ ਟਾਂਡਾ ਵਿਖੇ ਨਾ ਹੋਣ ਕਾਰਨ ਇਲਾਕੇ ਦੇ ਕਿਸੇ ਵੀ ਘਰ ਵਿੱਚ ਅੱਗ ਲੱਗ ਜਾਵੇ ਤਾਂ ਉਸ ਘਰ ਵਾਲਿਆਂ ਦਾ ਕਾਫ਼ੀ ਨੁਕਸਾਨ ਹੋ ਜਾਂਦਾ ਹੈ। ਮਿੱਕੀ ਪੰਡਿਤ ਨੇ ਕਿਹਾ ਕਿ ਟਾਂਡਾ ਤਹਿਸੀਲ ਜ਼ਿਲੇ ਦੀਆਂ ਕਈ ਤਹਿਸੀਲਾਂ ਨਾਲੋਂ ਵੱਡੀ ਹੈ ਅਤੇ ਇੰਨੀ ਵੱਡੀ ਤਹਿਸੀਲ ਦੇ ਕਿਸੇ ਵੀ ਇਲਾਕੇ ਵਿੱਚ ਕਿਸਾਨਾਂ ਦੇ ਖੇਤਾਂ ਤੋਂ ਇਲਾਵਾ ਕਿਸੇ ਦੁਕਾਨ ਵਿੱਚ ਅੱਗ ਲੱਗ ਜਾਵੇ ਤਾਂ ਉਸਦਾ ਬਹੁਤ ਜਿਆਦਾ ਨੁਕਸਾਨ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਫਾਇਰ ਬ੍ਰਿਗੇਡ ਦੀ ਗੱਡੀ ਮੰਗਵਾਉਣ ਲਈ ਹੁਸ਼ਿਆਰਪੁਰ ਅਤੇ ਉੱਚੀ ਬਸੀ ਆਦੀ ਇਲਾਕਿਆਂ ਤੋਂ ਮੰਗਵਾਉਣੀ ਪੈਂਦੀ ਹੈ ਜਿਸਨੂੰ ਮੰਗਵਾਉਣ ਵਿੱਚ ਕਾਫ਼ੀ ਸਮਾਂ ਲੱਗ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੰਬਾ ਸਫ਼ਰ ਤੈਅ ਕਰਨ ਕਾਰਨ ਅੱਗ ਵਾਲੇ ਸਥਾਨ ਤੇ ਪਹੁੰਚਣ ਵਿੱਚ ਕਾਫ਼ੀ ਦੇਰੀ ਹੋ ਜਾਂਦੀ ਹੈ ਜਿਸ ਕਾਰਨ ਕਾਫ਼ੀ ਨੁਕਸਾਨ ਹੋ ਚੁੱਕਿਆ ਹੁੰਦਾ ਹੈ। ਮਿਕੀ ਪੰਡਿਤ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਇਲਾਕੇ ਦੀਆਂ ਫ਼ਸਲਾਂ ਦੇ ਹੋ ਰਹੇ ਨੁਕਸਾਨ ਤੋਂ ਇਲਾਵਾ ਸ਼ਹਿਰ ਵਾਸੀਆਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਾਨ ਸਰਕਾਰ ਟਾਂਡਾ ਸ਼ਹਿਰ ਵਿੱਚ ਜਲਦ ਤੋਂ ਜਲਦ ਫਾਇਰ ਸਟੇਸ਼ਨ ਸਥਾਪਿਤ ਕਰੇ। ਉਨ੍ਹਾਂ ਕਿਹਾ ਕਿ ਅਜਿਹਾ ਨਾ ਹੋਣ ਤੇ ਸ਼ਿਵ ਸੈਨਾ ਪੰਜਾਬ ਇਲਾਕੇ ਦੇ ਕਿਸਾਨਾਂ, ਸ਼ਹਿਰ ਵਾਸੀਆਂ ਅਤੇ ਬੁੱਧੀਜੀਵੀਆਂ ਦੇ ਸਹਿਯੋਗ ਨਾਲ ਸੰਘਰਸ਼ ਦਾ ਬਿਗੁਲ ਵਜਾ ਦੇਵੇਗੀ। ਇਸ ਮੌਕੇ ਤੇ ਸ਼ਿਵ ਸੈਨਾ ਦੀ ਕਾਰਗੁਜ਼ਾਰੀਆਂ ਤੋਂ ਪ੍ਰਭਾਵਿਤ ਹੋ ਕੇ ਰਵੀ ਖੁੱਡਾ ਆਪਣੇ ਸਾਥੀਆਂ ਸਮੇਤ ਸ਼ਿਵ ਸੈਨਾ ਪੰਜਾਬ ਵਿੱਚ ਸ਼ਾਮਿਲ ਹੋ ਗਏ।

# ਨਵਾਂ ਸ਼ਹਿਰ ਪੁਲਿਸ ਨੇ ਚਾਰ ਕਿਲੋ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਦਬੋਚਿਆ



ਨਵਾਂਸ਼ਹਿਰ, 27 ਅਪ੍ਰੈਲ ( ਸੁਖਦੇਵ ਸਿੰਘ ਉੜਾਪੜ) ਨਵਾਂ ਸ਼ਹਿਰ ਪੁਲਿਸ ਨੇ ਇੱਕ ਵਿਅਕਤੀ ਰਕੇਸ਼ ਕੁਮਾਰ ਨੂੰ 4 ਕਿਲੋ 490 ਗਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ । ਪੁਲਿਸ ਵੱਲੋਂ ਪ੍ਰੈਸ ਨੂੰ ਦਿੱਤੀ ਜਾਣਕਾਰੀ ਦੇ ਅਨੁਸਾਰ ਐਸ ਐਸ ਪੀ ਸ਼ਹੀਦ ਭਗਤ ਸਿੰਘ ਨਗਰ ਤੁਸ਼ਾਰ ਗੁਪਤਾ ਆਈਪੀਐਸ ਦੀਆਂ ਹਦਾਇਤਾਂ ਮੁਤਾਬਕ ਅਤੇ ਐਸ ਪੀ (ਜਾਂਚ) ਸਰਬਜੀਤ ਸਿੰਘ ਬਾਹੀਆ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਸੀ ਆਈ ਏ ਸਟਾਫ ਨਵਾਂ ਸ਼ਹਿਰ ਦੀ ਪੁਲਿਸ ਪਾਰਟੀ ਵੱਲੋਂ ਇਸ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਮਿਤੀ 23 ਅਪ੍ਰੈਲ 2026 ਨੂੰ ਏ ਐਸ ਆਈ ਨਿਰਮਲ ਸਿੰਘ ਨੇ ਸੀਆਈਏ ਸਟਾਫ ਨਵਾਂ ਸ਼ਹਿਰ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਕੰਗਣਾ ਪੁਲ ਬਲਾਚੌਰ ਮੌਜੂਦ ਸੀ ਤਾਂ ਪੁਲਿਸ ਪਾਰਟੀ ਨੂੰ ਖਬਰ ਮਿਲੀ ਕਿ ਰਕੇਸ਼ ਕੁਮਾਰ ਉਰਫ ਰਾਹੁਲ ਕੁਮਾਰ ਪੁੱਤਰ ਰਾਮ ਕਿਸ਼ਨ ਵਾਸੀ ਟਕਾਰਲਾ ਥਾਣਾ ਬਲਾਚੌਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਨਵਾਂ ਸ਼ਹਿਰ, ਬਲਾਚੌਰ ਅਤੇ ਹੁਸ਼ਿਆਰਪੁਰ ਦੇ ਏਰੀਆ ਵਿੱਚ ਹੈਰੋਇਨ ਦੀ ਸਪਲਾਈ ਕਰ ਰਿਹਾ ਹੈ। ਖਬਰ ਮਿਲਣ ਤੇ ਪੁਲਿਸ ਵੱਲੋਂ ਕੀਤੀ ਕਾਰਵਾਈ ਵਿੱਚ ਰਕੇਸ਼ ਕੁਮਾਰ ਨੂੰ ਚਾਰ ਕਿਲੋ 490 ਗ੍ਰਾਮ ਹੈਰੋਇਨ ਦੀ ਵੱਡੀ ਖੇਪ ਸਮੇਤ ਕਾਬੂ ਕਰ ਲਿਆ ਗਿਆ। ਕੇਸ਼ ਕੁਮਾਰ ਨੂੰ ਉਸਦੀ ਗੱਡੀ ਇਨੋਵਾ ਕ੍ਰਿਸ਼ਟਾ ਸਮੇਤ ਕਾਬੂ ਕੀਤਾ। ਪੁਲਿਸ ਵੱਲੋਂ ਮੁਢਲੀ ਜਾਂਚ ਵਿੱਚ ਉਸਨੇ ਦੋ ਹੋਰ ਵਿਅਕਤੀਆਂ ਦੇ ਨਾਮ ਦੱਸੇ ਹਨ ਅਤੇ ਪੁਲਿਸ ਵੱਲੋਂ ਰਿਮਾਂਡ ਦੌਰਾਨ ਦੋਸ਼ੀ ਪਾਸੋਂ ਹੋਰ ਪੁੱਛਕਿਛ ਜਾਰੀ ਹੈ। ਪੁਲਿਸ ਵੱਲੋਂ ਰਕੇਸ਼ ਕੁਮਾਰ ਦੇ ਖਿਲਾਫ ਥਾਣਾ ਸਿਟੀ ਬਲਾਚੌਰ ਵਿਖੇ ਮੁਕਦਮਾ ਦਰਜ ਕੀਤਾ ਗਿਆ ਹੈ।

# ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਲਈ ਪਾਣੀ ਦੇ ਟੈਂਕਰ / ਅੱਗ ਬੁਝਾਊ ਪੰਪ ਮੁਹੱਈਆ ਕਰਵਾਏ



ਫਿਰੋਜ਼ਪੁਰ, 27 ਅਪ੍ਰੈਲ (ਤਿਵਾੜੀ) :ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਸ੍ਰ. ਰਣਬੀਰ ਸਿੰਘ ਭੁੱਲਰ ਵੱਲੋਂ ਦਫ਼ਤਰ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਫਿਰੋਜ਼ਪੁਰ ਤੋਂ ਬਲਾਕ ਅਧੀਨ ਆਉਂਦੀਆਂ ਵੱਖ-ਵੱਖ ਗ੍ਰਾਮ ਪੰਚਾਇਤਾਂ ਜਿਵੇਂ ਕਿ ਉਲਾ ਕੇ, ਗੁਲਾਮ ਹੁਸੈਨ ਵਾਲਾ ਆਦਿ ਲਈ ਸਾਫ ਪੀਣ ਵਾਲੇ ਪਾਣੀ ਦੀ ਸਹੂਲਤ ਅਤੇ ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਲਈ ਪਾਣੀ ਦੇ ਟੈਂਕਰ ਅਤੇ ਅੱਗ ਬੁਝਾਊ ਪੰਪ ਮੁਹੱਈਆ ਕਰਵਾਏ ਗਏ।ਇਸ ਮੌਕੇ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪਿੰਡਾਂ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ ਅਤੇ ਸਾਫ ਪੀਣ ਵਾਲੇ ਪਾਣੀ ਦੀ ਉਪਲਬਧਤਾ ਅਤੇ ਅੱਗ ਜਿਹੀਆਂ ਅਚਾਨਕ ਘਟਨਾਵਾਂ ਨਾਲ ਨਜਿੱਠਣ ਲਈ ਇਹ ਉਪਰਾਲਾ ਕਾਫੀ ਲਾਭਦਾਇਕ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਹੂਲਤਾਂ ਨਾਲ ਪਿੰਡਾਂ ਦੀਆਂ ਜਰੂਰਤਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾ ਸਕੇਗਾ ਅਤੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਹੋਰ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਹਰ ਵਰਗ ਦੀ ਭਲਾਈ ਯਕੀਨੀ ਬਣਾਉਣ ਤਹਿਤ ਪਾਣੀ, ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ।ਇਸ ਮੌਕੇ ਸ੍ਰੀ ਦਿਲਬਾਗ ਸਿੰਘ ਨੰਡਾ (ਚੇਅਰਮੈਨ ਬਲਾਕ ਸੰਮਤੀ), ਪ੍ਰਤਾਪ ਸਿੰਘ (ਬੀ.ਡੀ.ਪੀ.ਓ), ਮਲਕੀਤ ਸਿੰਘ ਸਰਪੰਚ, ਅਕਾਸ਼ਦੀਪ ਸਿੰਘ ਅਤੇ ਪੰਚਾਇਤ ਸੈਕਟਰੀ ਹਾਜ਼ਰ ਸਨ।

# ਸਕੂਲ 'ਚ ਵਿਸ਼ਵ ਮਲੇਰੀਆ ਦਿਵਸ ਤਹਿਤ ਬੱਚਿਆਂ ਨੂੰ ਕੀਤਾ ਜਾਗਰੂਕ

ਮੂਨਕ 27 ਅਪ੍ਰੈਲ (ਸਮਸ਼ੇਰਸਿੰਘਭੁਟਾਲ) ਸਿਵਲ ਸਰਜਨ ਸੰਗਰੂਰ ਡਾ ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ ਰਮਨਦੀਪ ਕੌਰ ਅਤੇ ਡਾ ਉਪਾਸਨਾ ਬਿੰਦਰਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ (ਕਾਰਜਕਾਰੀ) ਮੂਨਕ ਡਾ ਸੁਖਲੀਨ ਕੌਰ ਦੀ ਯੋਗ ਅਗਵਾਈ ਅਤੇ ਸੀਨੀਅਰ ਇੰਸਪੈਕਟਰ ਅਸ਼ੋਕ ਕੁਮਾਰ ਪ੍ਰਾਇਮਰੀ ਹੈਲਥ ਸੈਂਟਰ ਮੂਨਕ ਦੀ ਸੁਪਰਵੀਜ਼ਨ ਵਿੱਚ ਸੈਂਟ ਮੈਰੀ ਪਬਲਿਕ ਸਕੂਲ ਚੂੜਲ ਕਲਾਂ (ਸਿਹਤ ਸਬ ਸੈਂਟਰ ਚੂੜਲ ਕਲਾਂ)ਵਿਖੇ ਮਲੇਰੀਆ ਦਿਵਸ ਮਨਾਇਆ ਗਿਆ। ਇਸ ਮੌਕੇ ਸਿਧਾਰਥ ਕੁਮਾਰ ਮਲਟੀਪਰਪਜ਼ ਹੈਲਥ ਵਰਕਰ( ਮੇਲ)ਚੂੜਲ ਕਲਾਂ ਅਤੇ ਸੁਰਿੰਦਰ ਸਿੰਘ ਜੋਸ਼ੀ ਮਲਟੀਪਰਪਜ਼ ਹੈਲਥ ਵਰਕਰ (ਮੇਲ ) ਸਿਹਤ ਸਬ ਸੈਂਟਰ ਚੋਟੀਆ ਨੇ ਬੱਚਿਆਂ ਨੂੰ ਮਲੇਰੀਆ ਤੋਂ ਬਚਾਅ ਲਈ ਸਰਲ ਤਰੀਕੇ ਨਾਲ ਜਾਣਕਾਰੀ ਸਾਂਝੀ ਕੀਤੀ। ਉਹਨਾਂ ਕਿਹਾ ਕਿ ਮਲੇਰੀਆ ਬੁਖਾਰ ਵਿੱਚ ਠੰਡ ਲੱਗਦੀ ਹੈ। ਅਤੇ ਬੁਖਾਰ ਉਤਰਨ ਤੋਂ ਬਾਅਦ ਪਸੀਨਾ ਆਂਦਾ ਹੈ। ਇਹ ਬਿਮਾਰੀ ਮੱਛਰਾਂ ਮਾਂਦਾ ਐਨਾਫਲੀਜ਼ ਦੇ ਕੱਟਣ ਨਾਲ ਫੈਲਦੀ ਹੈ। ਜੋ ਕਿ ਸਾਫ਼ ਖੜੇ ਪਾਣੀ ਵਿੱਚ ਪੈਦਾ ਹੁੰਦੇ ਹਨ। ਇਸ ਲਈ ਸਾਨੂੰ ਆਪਣੇ ਘਰਾਂ ਅਤੇ ਆਲੇ ਦੁਆਲੇ ਕੀਤੇ ਵੀ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ।

# ਟਰੱਕ ਅਪਰੇਟਰਾਂ ਵੱਲੋਂ 7 ਮੈਂਬਰੀ ਕਮੇਟੀ ਦਾ ਕੀਤਾ ਗਿਆ ਗਠਨ



ਖਨੌਰੀ 27 ਅਪ੍ਰੈਲ (ਓਮਪ੍ਰਕਾਸ ਮੁਆਲ) ਸ੍ਰੀ ਗੁਰੂ ਨਾਨਕ ਦੇਵ ਟਰੱਕ ਯੂਨੀਅਨ ਖਨੌਰੀ ਮੰਡੀ ਦਾ ਢੋਆ ਢੁਆਈ ਦੇ ਰੇਟਾਂ ਨੂੰ ਲੈ ਕੇ ਚੱਲ ਰਿਹਾ ਵਿਵਾਦ ਖਤਮ ਹੋ ਗਿਆ ਹੈ ਅਤੇ ਆਪਸੀ ਗੱਲਬਾਤ ਰਾਹੀਂ ਜਿਥੇ ਰੇਟਾਂ ਦੇ ਰੋਲੇ ਨੂੰ ਖਤਮ ਕਰ ਦਿੱਤਾ ਗਿਆ ਹੈ। ਉਥੇ ਹੁਣ ਟਰੱਕ ਯੂਨੀਅਨ ਦੇ ਪ੍ਰਧਾਨ ਦੇ ਨਾਲ ਯੂਨੀਅਨ ਦਾ ਕੰਮ ਚਲਾਉਣ ਲਈ ਟਰੱਕ ਅਪਰੇਟਰਾਂ ਵੱਲੋਂ 7 ਮੈਂਬਰੀ ਕਮੇਟੀ ਦਾ ਗਠਨ ਵੀ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਸ਼ਨੀਵਾਰ ਨੂੰ ਟਰੱਕ ਯੂਨੀਅਨ ਖਨੌਰੀ ਦੇ ਆਪ੍ਰੇਟਰਾਂ ਵੱਲੋਂ ਢੋਆ ਢੁਆਈ ਦੇ ਰੇਟਾਂ ਨੂੰ ਲੈ ਕੇ ਯੂਨੀਅਨ ਦੀ ਪੁਕਾਰ ਬੰਦ ਕਰਵਾ ਸਾਰਾ ਕੰਮ ਬੰਦ ਕਰ ਦਿੱਤਾ ਸੀ ਅਤੇ ਕਿਹਾ ਸੀ ਕਿ ਜਦੋਂ ਤੱਕ ਸਾਨੂੰ ਸਹੀ ਰੇਟ ਨਹੀਂ ਮਿਲਦੇ ਅਸੀਂ ਮਾਲ ਨਹੀਂ ਢੋਵਾਂਗੇ। ਇਸ ਉਪਰੰਤ ਅਨਾਜ ਮੰਡੀ ਖਨੌਰੀ ਸਮੇਤ ਨਾਲ ਪੈਂਦੇ ਕਰੀਬ 7-8 ਖਰੀਦ ਕੇਂਦਰਾਂ ਵਿੱਚ ਵੀ ਭਰੇ ਕਣਕ ਦੇ ਗੱਟਿਆਂ ਦੀ ਚੁਕਾਈ ਦਾ ਸਾਰਾ ਕੰਮ ਠੱਪ ਹੋ ਜਾਣ ਨਾਲ ਆੜਤੀਆਂ ਨੂੰ ਵੀ ਕਾਫੀ ਪਰੇਸ਼ਾਨੀ ਆਈ। ਜਿਸ ਨੂੰ ਲੈ ਕੇ ਖਨੌਰੀ ਦੇ ਕੁਝ ਪਤਵੰਤੇ ਵਿਅਕਤੀਆਂ ਨੇ ਆਪਸੀ ਗੱਲਬਾਤ ਰਾਹੀਂ ਇਸ ਮਸਲੇ ਨੂੰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਪਰ ਐਤਵਾਰ ਸ਼ਾਮ ਤੱਕ ਇਹ ਮਾਮਲਾ ਹੱਲ ਨਾ ਹੋਇਆ ਤੇ ਅੱਜ ਵੀ ਕਾਫੀ ਜਦੋਂ ਜਹਿਦ ਉਪਰੰਤ ਇਹ ਮਾਮਲਾ ਹੱਲ ਹੋਇਆ ਤੇ ਹੋਈ ਮੀਟਿੰਗ ਦੌਰਾਨ ਜਿਥੇ ਪ੍ਰਧਾਨ ਠੇਕੇਦਾਰ ਨਾਲ ਗੱਲਬਾਤ ਦੌਰਾਨ ਲਿਖਤੀ ਤੌਰ ਤੇ ਰੇਟ ਤਹਿ ਕੀਤੇ ਗਏ ਉਥੇ ਹੀ ਆਪ੍ਰੇਟਰਾਂ ਦੀ 7 ਮੈਂਬਰੀ ਕਮੇਟੀ ਦਾ ਵੀ ਗਠਨ ਕੀਤਾ ਗਿਆ ਜਿਸ ਵਿੱਚ ਨਿਰਮਲ ਸਿੰਘ, ਸਤਨਾਮ ਸਿੰਘ, ਹਰਜਿੰਦਰ ਸਿੰਘ ਰਾਜੂ, ਗੁਰਮੇਲ ਸਿੰਘ, ਸਤਬੀਰ ਸਿੰਘ, ਗੁਰਮੀਤ ਸਿੰਘ ਅਤੇ ਅਤਰ ਸਿੰਘ ਸ਼ਾਮਲ ਹਨ। ਟਰੱਕ ਯੂਨੀਅਨ ਦਾ ਵਿਵਾਦ ਹੱਲ ਜਾਣ ਉਪਰੰਤ ਸਮੂਹ ਆਪ੍ਰੇਟਰ ਅਤੇ ਡਰਾਈਵਰ ਵੀਰ ਸ਼ੁਕਰਾਨਾ ਕਰਦਿਆਂ ਜਿਥੇ ਯੂਨੀਅਨ ਵਿਖੇ ਲੱਗੇ ਸ੍ਰੀ ਨਿਸ਼ਾਨ ਸਾਹਿਬ ਵਿਖੇ ਨਤਮਸਤਕ ਹੋਏ ਉਥੇ ਇਸ ਮੌਕੇ ਲੱਡੂ ਵੀ ਵੰਡੇ ਗਏ। ਇਹ ਵਿਵਾਦ ਹੱਲ ਹੋ ਜਾਣ ਤੇ ਆਪ੍ਰੇਟਰਾਂ, ਡਰਾਈਵਰਾਂ, ਆੜਤੀਆਂ, ਪੱਲੇਦਾਰਾਂ ਅਤੇ ਇਸ ਧੰਦੇ ਨਾਲ ਜੁੜੇ ਸਭ ਲੋਕਾਂ ਵਿੱਚ ਖ਼ੁਸ਼ੀ ਦੇਖਣ ਨੂੰ ਮਿਲ ਰਹੀ ਸੀ।

# ਅਰੋੜਵੰਸ਼ ਖੱਤਰੀ ਸਭਾ ਦੇ ਪ੍ਰਧਾਨ ਵੱਲੋਂ ਨਵੀਂ ਟੀਮ ਦਾ ਐਲਾਨ

ਸੁਨਾਮ ਊਧਮ ਸਿੰਘ ਵਾਲਾ 27 ਅਪ੍ਰੈਲ (ਮੋਹਣ ਸ਼ਰਮਾ/ਰਾਉਵਿੰਦਰ ਮਠਾੜੂ): ਅਰੋੜਵੰਸ਼ ਖੱਤਰੀ ਸਭਾ ਸੁਨਾਮ ਦੀ ਇੱਕ ਮੀਟਿੰਗ ਸਭਾ ਦੇ ਪ੍ਰਧਾਨ ਰਮੇਸ਼ ਗੇਰਾ ਦੀ ਪ੍ਰਧਾਨਗੀ ਵਿੱਚ ਸ੍ਰੀ ਆਦਿ ਸ਼ਕਤੀ ਦੁਰਗਾ ਮੰਦਰ ਮੁਹੱਲਾ ਸੁਭਾਸ਼ ਨਗਰ ਵਿੱਚ ਹੋਈ ਇਸ ਮੀਟਿੰਗ ਵਿੱਚ ਨਵੇਂ ਚੁਣੇ ਗਏ ਪ੍ਰਧਾਨ ਰਮੇਸ਼ ਗੇਰਾ ਨੇ ਆਪਣੀ ਟੀਮ ਦਾ ਐਲਾਨ ਕੀਤਾ ਇਸ ਟੀਮ ਵਿੱਚ ਮੁਖ ਸਲਾਹਕਾਰ ਅਮਨ ਅਰੋੜਾ ਕੈਬਿਨਟ ਮੰਤਰੀ ਪੰਜਾਬ ਸਰਕਾਰ ਅਤੇ ਪੰਜਾਬ ਆਮ ਆਦਮੀ ਪਾਰਟੀ ਦੇ ਪ੍ਰਧਾਨ ,ਚੇਅਰਮੈਨ ਪ੍ਰੇਮ ਗੁਗਨਾਨੀ, ਮੁੱਖ ਸਰਪ੍ਰਸਤ ਮਾਸਟਰ ਸੁਰਿੰਦਰ ਪਾਲ ਪਰੂਥੀ,ਐਡੀਸ਼ਨਲ ਸਕੱਤਰ ਮੁਕੇਸ਼ ਜੁਨੇਜਾ ਚੇਅਰਮੈਨ ਮਾਰਕੀਟ ਕਮੇਟੀ, ਜਨਰਲ ਸਕੱਤਰ ਅਮਿਤ ਇੰਦਰ ਬਤਰਾ, ਖਜਾਨਚੀ ਵਿਨੋਦ ਵਰਮਾ, ਵਾਈਸ ਚੇਅਰਮੈਨ ਓਮ ਪ੍ਰਕਾਸ਼ ਮੁਖੀ, ਸੰਜੀਵ ਪੋਪਲੀ, ਸੀਨੀਅਰ ਵਾਈਸ ਪ੍ਰਧਾਨ ਕੁਲਦੀਪ ਸਿੰਘ ਜੱਗੀ ,ਅਮਰਨਾਥ ਨਾਗਪਾਲ, ਸੁਭਾਸ਼ ਤਨੇਜਾ ਡਾਕਟਰ ਜੋਤੀ ਵਧਵਾ, ਗਿਰਧਾਰੀ ਲਾਲ , ਬਲਦੇਵ ਮਦਾਨ ਜਗਜੀਤ ਸਿੰਘ ਅਹੂਜਾ, ਵਾਈਸ ਪ੍ਰੈਜੀਡੈਂਟ ਪ੍ਰੇਮ ਅਨੇਜਾ, ਸੁਰਜੀਤ ਸਿੰਘ ਆਨੰਦ ਪ੍ਰੇਮ ਕੁਮਾਰ ਪਾਹਵਾ ਗੋਪਾਲ ਕ੍ਰਿਸ਼ਨ ਭਟੇਜਾ ਯਸ਼ਪਾਲ ਸੇਠੀ ਸ਼ਾਮ ਲਾਲ ਟੁਟੇਜਾ, ਸੈਕਟਰੀ ਜੈ ਕ੍ਰਿਸ਼ਨ ਅਸੀਜਾ ਡਾਕਟਰ ਰਾਮ ਚੰਦ ਯੋਗੇਸ਼ ਸੇਠੀ ਦਰਸ਼ਨ ਕੁਮਾਰ ਗੱਖੜ ਜਗਦੀਸ਼ ਲਾਲ ਅਰੋੜਾ ਕੇਵਲ ਕ੍ਰਿਸ਼ਨ ਮਨਚੰਦਾ ਹਰਬੰਸ ਲਾਲ ਬੱਤਰਾ, ਪ੍ਰੈਸ ਸੈਕਟਰੀ ਰਜਿੰਦਰ ਕੁਮਾਰ ਸ਼ਾਹ, ਮੀਡੀਆ ਇੰਚਾਰਜ ਭਾਰਤ ਭੂਸ਼ਣ ਚਾਵਲਾ ਮਨੋਹਰ ਲਾਲ ਅਰੋੜਾ, ਪੀ.ਆਰ.ਓ ਪੰਕਜ ਗੁਗਨਾਨੀ ਰਕੇਸ਼ ਮੂੰਜਾਲ, ਸੁਰਿੰਦਰ ਸਿੰਘ ਜੱਗੀ ਬੋਰਡ ਆਫ ਡਾਇਰੈਕਟਰ ਰਮੇਸ਼ ਕੁਮਾਰ ਸੁਨੇਜਾ ਡਾਕਟਰ ਅੰਸ਼ੂਮਨ ਫੂਲ ਸ਼ਾਮ ਸਿੰਘ ਫੌਜੀ ਰਾਜ ਕੁਮਾਰ ਨਾਗਪਾਲ ਸਤਪਾਲ ਖੰਨਾ ਨੂੰ ਮਨਾਇਆ ਗਿਆ ਇਸ ਮੌਕੇ ਸਭਾ ਦੇ ਪ੍ਰਧਾਨ ਰਮੇਸ਼ ਗੇਰਾ ਨੇ ਕਿਹਾ ਕਿ ਉਨਾਂ ਨੂੰ ਪੂਰੀ ਉਮੀਦ ਹੈ ਕੀ ਸਭਾ ਦੀ ਬਣਾਈ ਗਈ ਟੀਮ ਉਨਾਂ ਦਾ ਪੂਰਾ ਸਾਥ ਦੇਵੇਗੀ ਤੇ ਉਹ ਸਾਰੇ ਸਭਾ ਦੇ ਲੋਕਾਂ ਨੂੰ ਨਾਲ ਲੈ ਕੇ ਚੱਲਣਗੇ ਇਸ ਮੌਕੇ ਸਭਾ ਦੇ ਚੇਅਰਮੈਨ ਪ੍ਰੇਮ ਗੁਗਨਾਨੀ ਨੇ ਸਭਾ ਦੇ ਪ੍ਰਧਾਨ ਨੂੰ ਵਿਸ਼ਵਾਸ ਦਵਾਇਆ ਕਿ ਪੂਰੀ ਟੀਮ ਤਨਦੇਹੀ ਨਾਲ ਸਭਾ ਦੇ ਕੰਮ ਕਰੇਗੀ ਅਤੇ ਉਨਾਂ ਕਿਹਾ ਕਿ ਸਭਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮ ਪਹਿਲਾਂ ਵਾਂਗ ਹੀ ਜਾਰੀ ਰਹਿਣਗੇ ਉਨਾਂ ਨੇ ਮੀਟਿੰਗ ਵਿੱਚ ਆਏ ਹੋਏ ਸਾਰੇ ਸਭਾ ਦੇ ਸਾਰੇ ਮੈਂਬਰਾਂ ਤੇ ਇਸਤਰੀ ਵਿੰਗ ਦਾ ਧੰਨਵਾਦ ਕੀਤਾ।



# ਬਿਜਲੀ ਦੇ ਲੰਮੇ ਕੱਟਾਂ ਵਿਰੁੱਧ ਬੀਕੇਯੂ ਵੱਲੋਂ ਧਰਨਾ

ਲਹਿਰਾਗਾਗਾ, 27 ਅਪ੍ਰੈਲ (ਗੁਰਦੀਪ ਸਿੰਘ): ਪਿਛਲੇ ਕਈ ਦਿਨਾਂ ਤੋਂ ਬਿਜਲੀ ਵਿਭਾਗ ਵੱਲੋਂ ਪਿੰਡਾਂ ਅੰਦਰ ਘਰੇਲੂ ਬਿਜਲੀ ਸਪਲਾਈ ਦੇ ਲਾਏ ਜਾ ਰਹੇ ਲੰਮੇ ਲੰਮੇ ਤੇ ਅਣਐਲਾਨੇ ਕੱਟਾਂ ਤੋਂ ਦੁਖੀ ਹੋਏ ਦਰਜਨਾਂ ਪਿੰਡਾਂ ਦੇ ਲੋਕਾਂ ਵੱਲੋਂ ਬੀਕੇਯੂ ਏਕਤਾ ਸਿੱਧੂਪੁਰ ਦੇ ਬਲਾਕ ਪ੍ਰਧਾਨ ਭੂਰਾ ਸਿੰਘ ਸਲੇਮਗੜ੍ਹ ਦੀ ਅਗਵਾਈ ਹੇਠ ਬਿਜਲੀ ਵਿਭਾਗ ਦੀ ਡਵੀਜ਼ਨ ਲਹਿਰਾ ਦੇ ਐਕਸੀਅਨ ਦਫਤਰ ਅੱਗੇ ਧਰਨਾ ਲਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਭੂਰਾ ਸਿੰਘ ਸਲੇਮਗੜ੍ਹ, ਜਨਰਲ ਸਕੱਤਰ ਰਾਮਫਲ ਸਿੰਘ ਜਲੂਰ, ਪ੍ਰੈਸ ਸਕੱਤਰ ਜਤਿੰਦਰ ਸਿੰਘ ਜਲੂਰ, ਮਨਿੰਦਰ ਸਿੰਘ ਲਦਾਲ ਨੇ ਦੱਸਿਆ ਕਿ ਪਿਛਲੇ ਕਰੀਬ 10 ਦਿਨਾਂ ਤੋਂ ਜਦੋਂ ਕਣਕ ਦੀ ਵਾਢੀ ਦਾ ਸੀਜਨ ਸ਼ੁਰੂ ਹੋਇਆ ਸੀ ਉਦੋਂ ਤੋਂ ਹੀ ਬਿਜਲੀ ਵਿਭਾਗ ਵੱਲੋਂ ਰਾਤ ਨੂੰ ਲੰਮੇ ਲੰਮੇ ਕੱਟ ਲਾਏ ਜਾ ਰਹੇ ਹਨ, ਕਿਸਾਨ ,ਮਜ਼ਦੂਰ ਆਪੋ ਆਪਣੇ ਕੰਮਾਂ ਕਾਰਾਂ ਤੋਂ ਥੱਕੇ ਟੁੱਟੇ ਜਦੋਂ ਦੇਰ ਰਾਤ ਘਰ ਆਉਂਦੇ ਹਨ ਤਾਂ ਲਾਈਟ ਨਹੀਂ ਹੁੰਦੀ, ਗਰਮੀ ਤੇ ਮੱਛਰ ਦੇ ਚਲਦਿਆਂ ਰਾਤਾਂ ਨੂੰ ਚੈਨ ਦੀ ਨੀਂਦ ਨਹੀਂ ਲੈ ਪਾਉਂਦੇ ਤੇ ਦਿਨ ਰਾਤ ਵਿੱਚ 14-15 ਘੰਟੇ ਕੰਮ ਕਰਨਾ ਹੁੰਦਾ ਹੈ। ਉਨਾਂ ਕਿਹਾ ਕਿ ਇਨਾਂ ਅਣਐਲਾਨੇ ਕੱਟਾਂ ਦੇ ਖਿਲਾਫ ਅੱਜ ਐਕਸੀਅਨ ਦਫਤਰ ਧਰਨਾ ਲਾਇਆ ਗਿਆ ਹੈ, ਜਿਸ ਦੌਰਾਨ ਆਗੂਆਂ ਦੀ ਐਕਸੀਅਨ ਨਾਲ ਹੋਈ ਮੀਟਿੰਗ ਉਪਰੰਤ ਐਕਸੀਅਨ ਮਨੀਸ਼ ਕੁਮਾਰ ਨੇ ਧਰਨੇ ਦੀ ਸਟੇਜ ਤੋਂ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਵਿਭਾਗ ਦੀਆਂ ਕੁੱਝ ਮਜਬੂਰੀਆਂ ਦੇ ਚੱਲਦਿਆਂ ਬਿਜਲੀ ਦੇ ਕੱਟ ਸ਼ਾਮ ਦੇ ਸਮੇਂ ਜਾਂ ਰਾਤ ਦੇ ਸਮੇਂ ਲੱਗ ਰਹੇ ਸੀ ਜਿਸ ਤੋਂ ਲੋਕ ਪ੍ਰੇਸ਼ਾਨ ਸੀ ,ਜਿਸ ਸਬੰਧੀ ਅਸੀਂ ਵੀ ਸਮੇਂ-ਸਮੇਂ ਤੇ ਵਿਭਾਗ ਨੂੰ ਲਿਖ ਰਹੇ ਸੀ। ਉਹਨਾਂ ਦੱਸਿਆ ਕਿ ਕੱਲ ਵਿਭਾਗ ਵੱਲੋਂ ਬਿਜਲੀ ਵੇਚਣ, ਖਰੀਦਣ ਦੇ ਕੁੱਝ ਸਮਝੌਤੇ ਕੀਤੇ ਗਏ ਹਨ, ਉਨਾਂ ਚ ਬਦਲਾਅ ਵੀ ਹੋਇਆ ਹੈ ਤੇ ਹੁਣ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲਦੀ ਰਹੇਗੀ ਤੇ ਕਿਸੇ ਤਰ੍ਹਾਂ ਦੇ ਕੱਟ ਨਹੀਂ ਲਗਾਏ ਜਾਣਗੇ । ਇਸ ਮੌਕੇ ਅਜਾਇਬ ਸਿੰਘ ਲਦਾਲ ,ਮਨਜੀਤ ਸਿੰਘ ਖਾਈ, ਬਿੰਦਰ ਲੇਹਲ ਕਲਾਂ ,ਕੁਲਦੀਪ ਸਿੰਘ ਜਵਾਹਰਵਾਲਾ ਵੱਲੋਂ ਵੀ ਧਰਨੇ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਰਘਬੀਰ ਸਿੰਘ ਸਲੇਮਗੜ੍ਹ, ਗੁਰਚਰਨ ਸਿੰਘ ਲੇਹਲ ਕਲਾਂ, ਮਿੱਠੂ ਸਿੰਘ ਭੁਟਾਲ ਕਲਾਂ, ਸੁਖਦੇਵ ਸਿੰਘ ਖੋਖਰ, ਕ੍ਰਿਸ਼ਨ ਸਿੰਘ ਨੰਗਲਾ, ਮੱਖਣ ਸਿੰਘ ਗਾਗਾ, ਨੈਬ ਸਿੰਘ ਰਾਮਗੜ੍ਹ ,ਦਰਸ਼ਨ ਸਿੰਘ ਜਲੂਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਪਿੰਡਾਂ ਤੋਂ ਆਏ ਲੋਕ ਹਾਜ਼ਰ ਸਨ।



# ਪਿਛਲੇ ਚਾਰ ਸਾਲ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਦੇ ਪ੍ਰਤੀਕ : ਢਿੱਲੋਂ




ਧੂਰੀ, 27 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਚਲਾਈ ਮੁਹਿੰਮ "ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ" ਮੁਹਿੰਮ ਤਹਿਤ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਧੂਰੀ ਦੇ ਵਾਰਡ ਨੰ. 2 ਵਿਖੇ ਲੋਕਾਂ ਨਾਲ ਸੰਵਾਦ ਕੀਤਾ। ਇਸ ਮੌਕੇ ਪੰਜਾਬ ਟਰੇਡਰਜ਼ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਨੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕੇ ਵਿੱਚ ਚੱਲ ਰਹੇ ਵਿਕਾਸਮਈ ਅੰਕੜਿਆਂ ਨੂੰ ਜਨਤਕ ਕਰਦਿਆਂ ਦੱਸਿਆ ਕਿ ਪਿਛਲੇ ਚਾਰ ਸਾਲ ਪੰਜਾਬ ਵਿੱਚ ਵੱਡੀ ਤਬਦੀਲੀ, ਤਰੱਕੀ ਤੇ ਖੁਸ਼ਹਾਲੀ ਦੇ ਪ੍ਰਤੀਕ ਰਹੇ ਹਨ।

ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਦਲਵੀਰ ਸਿੰਘ ਢਿੱਲੋਂ ਨੇ ਸਰਕਾਰ ਦੀਆਂ ਪ੍ਰਾਪਤੀਆਂ ਦੇ ਮੁੱਖ ਨੁਕਤੇ ਸਾਂਝੇ ਕਰਦਿਆਂ ਦੱਸਿਆ ਕਿ "ਮਾਵਾਂ-ਧੀਆਂ ਸਤਿਕਾਰ ਯੋਜਨਾ" ਤਹਿਤ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾਵਾਰ ਦੇਣ ਦੀ ਇਤਿਹਾਸਕ ਯੋਜਨਾ ਲਾਗੂ ਕੀਤੀ ਗਈ ਹੈ।

# ਸੇਂਟ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਅੰਤਰ -ਕ੍ਰਿਕਟ ਟੂਰਨਾਮੈਂਟ ਕਰਵਾਇਆ

ਭੁੱਚੋ ਮੰਡੀ/ਨਥਾਣਾ, 27 ਅਪ੍ਰੈਲ (ਹਰਬੰਸ ਸਿੰਘ ਭੋਲਾ): ਸੇਂਟ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ, ਭੁੱਚੋ ਖੁਰਦ, ਬਠਿੰਡਾ ਵਿੱਚ 25 ਅਪ੍ਰੈਲ ਨੂੰ ਅੰਤਰ-ਸਕੂਲ ਕ੍ਰਿਕਟ ਟੂਰਨਾਮੈਂਟ ਬੜੇ ਹੀ ਜੋਸ਼ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੁੱਸਮਾਗਮ ਵਿੱਚ ਵਿਦਿਆਰਥੀਆਂ ਨੇ ਵੱਡੇ ਚਾਵ ਨਾਲ ਹਿੱਸਾ ਲਿਆ ਅਤੇ ਪੂਰੇ ਦਿਨ ਖੇਡ ਦਾ ਭਰਪੂਰ ਆਨੰਦ ਮਾਣਿਆ। ਇਸ ਟੂਰਨਾਮੈਂਟ ਵਿੱਚ ਸਕੂਲ ਦੀਆਂ ਤਿੰਨ ਟੀਮਾਂ ਨੇ ਭਾਗ ਲਿਆ, ਜਿਸ ਕਰਕੇ ਹਰ ਮੈਚ ਬਹੁਤ ਹੀ ਰੋਮਾਂਚਕ ਅਤੇ ਮੁਕਾਬਲੇਭਰਪੂਰ ਰਿਹਾ। ਖਿਡਾਰੀਆਂ ਨੇ ਉੱਚ ਦਰਜੇ ਦੀ ਖੇਡ-ਭਾਵਨਾ, ਟੀਮ ਵਰਕ ਅਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਸਾਰੇ ਸਮਾਗਮ ਦਾ ਮਾਹੌਲ ਜੋਸ਼ ਨਾਲ ਭਰਿਆ ਰਿਹਾ। ਫਾਈਨਲ ਮੈਚ ਬਹੁਤ ਹੀ ਦਿਲਚਸਪ ਰਿਹਾ, ਜਿਸ ਵਿੱਚ ਟੀਮ ਦਿਲਦੀਪ ਨੇ ਸ਼ਾਨਦਾਰ ਖੇਡ ਦਿਖਾਉਂਦੇ ਹੋਏ ਜਿੱਤ ਦਰਜ ਕੀਤੀ ਤੇ ਟਰਾਫੀ ਆਪਣੇ ਨਾਮ ਕੀਤੀ। ਇਸ ਟੂਰਨਾਮੈਂਟ ਦੌਰਾਨ ਖੁਸ਼ਨੂਰ ਸਿੰਘ ਅਤੇ ਚੇਤਨ ਨੇ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕਰਦੇ ਹੋਏ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ। ਵਿਸ਼ੇਸ਼ ਸਨਮਾਨਾਂ ਵਿੱਚ ਅਮਿਤ ਸੈਨੀ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਮੈਨ ਆਫ਼ ਦ ਮੈਚ ਘੋਸ਼ਿਤ ਕੀਤਾ ਗਿਆ। ਇਸ ਤੋਂ ਇਲਾਵਾ ਸਰਤਾਜ ਨੂੰ ਸਰਬੋਤਮ ਬੱਲੇਬਾਜ਼ ਅਤੇ ਮਨਵਿੰਦਰ ਸਿੰਘ ਨੂੰ ਸਰਬੋਤਮ ਗੇਂਦਬਾਜ਼ ਦਾ ਖਿਤਾਬ ਪ੍ਰਦਾਨ ਕੀਤਾ ਗਿਆ। ਸਕੂਲ ਲਈ ਇਹ ਮਾਣ ਵਾਲੀ ਗੱਲ ਹੈ ਕਿ ਇੱਥੇ ਪਹਿਲਾਂ ਤੋਂ ਹੀ ਪ੍ਰਤਿਭਾਸ਼ਾਲੀ ਖਿਡਾਰੀ ਮੌਜੂਦ ਹਨ। ਚੇਤਨ ਅਤੇ ਤਨੀਸ਼ ਰਾਸ਼ਟਰੀ ਪੱਧਰ 'ਤੇ ਹਿੱਸਾ ਲੈ ਚੁੱਕੇ ਹਨ, ਜਦਕਿ ਦਿਲਦੀਪ ਰਾਜ ਪੱਧਰ 'ਤੇ ਆਪਣੀ ਕਾਬਲੀਅਤ ਸਾਬਤ ਕਰ ਚੁੱਕੇ ਹਨ। ਇਸ ਟੂਰਨਾਮੈਂਟ ਰਾਹੀਂ ਸਕੂਲ ਨੂੰ ਨਵੀਆਂ ਉਭਰਦੀਆਂ ਪ੍ਰਤਿਭਾਵਾਂ ਨੂੰ ਪਛਾਣਣ ਤੇ ਉਨ੍ਹਾਂ ਨੂੰ ਅੱਗੇ ਵਧਾਉਣ ਦਾ ਸੁਨਿਹਰਾ ਮੌਕਾ ਮਿਲਿਆ ਹੈ। ਇਸ ਮੌਕੇ 'ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਐੱਮ. ਐੱਲ. ਅਰੋੜਾ (M. L. Arora), ਡਾਇਰੈਕਟਰ ਨੰਦਿਤਾ ਮੈਮ (Mrs. Nandita) ਤੇ ਪ੍ਰਿੰਸੀਪਲ ਕਾਂਚਨ ਮੈਮ (Mrs. Kanchan) ਨੇ ਖਿਡਾਰੀਆਂ ਨੂੰ ਬਧਾਈ ਦਿੱਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ। ਇਹ ਸਮਾਗਮ ਸਕੂਲ ਲਈ ਮਾਣਯੋਗ ਪਲ ਸਾਬਤ ਹੋਇਆ, ਜਿਸ ਨੇ ਖੇਡਾਂ ਦੇ ਨਾਲ-ਨਾਲ ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਟੀਮ ਆਤਮਾ ਨੂੰ ਹੋਰ ਮਜ਼ਬੂਤ ਕੀਤਾ। "ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਹੀ ਮਹੱਤਵਪੂਰਨ ਹਨ," ਸਕੂਲ ਪ੍ਰਬੰਧਕਾਂ ਨੇ ਕਿਹਾ। ਸਮਾਗਮ ਦਾ ਸਮਾਪਨ ਖੁਸ਼ੀ, ਉਤਸ਼ਾਹ ਅਤੇ ਭਵਿੱਖ ਵਿੱਚ ਹੋਰ ਉੱਤਮ ਪ੍ਰਦਰਸ਼ਨ ਦੇ ਸੰਕਲਪ ਨਾਲ ਕੀਤਾ ਗਿਆ।



# ਦਿੱਲੀ 'ਚ ਸੰਘਰਸ਼ ਕਰ ਰਹੇ ਮਜ਼ਦੂਰਾਂ ਤੇ ਤਸ਼ੱਦਦ ਦੀ ਲੋਕ ਮੋਰਚਾ ਪੰਜਾਬ ਵੱਲੋਂ ਨਿਖੇਧੀ

ਬਠਿੰਡਾ, 27 ਅਪ੍ਰੈਲ (ਦੀਪਕ ਸ਼ਰਮਾ): ਜਦੋਂ ਪਸੀਨੇ ਦੀ ਕੀਮਤ ਮੰਗਣ ਵਾਲੇ ਹੱਥਾਂ ਨੂੰ ਹੱਥਕੜੀਆਂ ਦਾ ਡਰ ਦਿਖਾਇਆ ਜਾਵੇ, ਤਾਂ ਸਮਝੋ ਕਿ ਨਿਜ਼ਾਮ ਲੋਕਤੰਤਰ ਦੀ ਬਜਾਏ ਕਾਰਪੋਰੇਟਾਂ ਦੀ ਬੋਲੀ ਬੋਲ ਰਿਹਾ ਹੈ। ਰਾਜਧਾਨੀ ਦਿੱਲੀ ਅਤੇ ਆਸ-ਪਾਸ ਦੇ ਸਨਅਤੀ ਇਲਾਕਿਆਂ ਵਿੱਚ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਉੱਤਰੇ ਹਜ਼ਾਰਾਂ ਮਜ਼ਦੂਰਾਂ 'ਤੇ ਹੋ ਰਹੇ ਪੁਲਿਸ ਜਬਰ ਖ਼ਿਲਾਫ਼ ਹੁਣ ਪੰਜਾਬ ਵਿੱਚੋਂ ਵੀ ਬਗ਼ਾਵਤੀ ਸੁਰ ਉੱਠਣ ਲੱਗੇ ਹਨ। ਲੋਕ ਮੋਰਚਾ ਪੰਜਾਬ ਨੇ ਮਜ਼ਦੂਰਾਂ ਦੇ ਇਸ ਸੰਘਰਸ਼ ਨੂੰ ਸਹੀ ਠਹਿਰਾਉਂਦਿਆਂ ਸਰਕਾਰ ਦੇ 'ਕੂੜ ਪ੍ਰਚਾਰ' ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਜਗਮੇਲ ਸਿੰਘ ਅਤੇ ਸੂਬਾ ਕਮੇਟੀ ਮੈਂਬਰ ਸ਼ੀਰੀਂ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਦਿੱਲੀ ਦੀਆਂ ਸੜਕਾਂ 'ਤੇ ਦਿਖਾਈ ਦੇ ਰਿਹਾ ਮਜ਼ਦੂਰਾਂ ਦਾ ਗੁੱਸਾ ਕੋਈ ਅਚਾਨਕ ਵਾਪਰੀ ਘਟਨਾ ਨਹੀਂ, ਸਗੋਂ ਵੱਡੀਆਂ ਸਨਅਤਾਂ ਅੰਦਰ ਹੋ ਰਹੀ ਬੇਕਿਰਕ ਲੁੱਟ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਕਾਰਪੋਰੇਟਾਂ ਦੇ ਮੁਨਾਫ਼ਿਆਂ ਨੂੰ ਸੁਰੱਖਿਅਤ ਕਰਨ ਲਈ ਸਰਕਾਰ ਨੇ ਨਵੇਂ ਕਿਰਤ ਕੋਡ ਲਾਗੂ ਕਰਕੇ ਮਜ਼ਦੂਰਾਂ ਨੂੰ ਗੁਲਾਮੀ ਵਾਲੀਆਂ ਹਾਲਤਾਂ ਵਿੱਚ ਧੱਕ ਦਿੱਤਾ ਹੈ। ਅੱਜ ਮਜ਼ਦੂਰ ਸਿਰਫ਼ ਤਨਖਾਹਾਂ ਵਿੱਚ ਵਾਧਾ, ਕੰਮ ਦੇ ਘੰਟੇ ਨਿਸ਼ਚਿਤ ਕਰਨ ਅਤੇ ਓਵਰ ਟਾਈਮ ਦੇ ਕਾਨੂੰਨੀ ਭੁਗਤਾਨ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਮੰਗ ਕਰ ਰਹੇ ਹਨ, ਪਰ ਬਦਲੇ ਵਿੱਚ ਉਨ੍ਹਾਂ ਨੂੰ ਲਾਠੀਆਂ ਤੇ ਜੇਲ੍ਹਾਂ ਮਿਲ ਰਹੀਆਂ ਹਨ।

ਆਗੂਆਂ ਨੇ ਦੱਸਿਆ ਕਿ ਇਸ ਵੇਲੇ 40 ਹਜ਼ਾਰ ਤੋਂ ਵੱਧ ਮਜ਼ਦੂਰ 80 ਵੱਖ-ਵੱਖ ਥਾਵਾਂ 'ਤੇ ਪ੍ਰਦਰਸ਼ਨ ਕਰ ਰਹੇ ਹਨ। ਇੰਨੀ ਵੱਡੀ ਪੱਧਰ 'ਤੇ ਉੱਠੀ ਆਵਾਜ਼ ਨੂੰ ਦਬਾਉਣ ਲਈ ਪੁਲਿਸ ਨੇ ਲਾਠੀਚਾਰਜ ਕੀਤਾ ਅਤੇ 100 ਤੋਂ ਵੱਧ ਕੇਸ ਦਰਜ ਕਰ ਦਿੱਤੇ। ਸਭ ਤੋਂ ਮੰਦਭਾਗੀ ਗੱਲ ਇਹ ਹੈ ਕਿ ਮਜ਼ਦੂਰਾਂ ਦੇ ਇਸ ਹੱਕੀ ਸੰਘਰਸ਼ ਨੂੰ ਲੋਕਾਂ ਦੀਆਂ ਨਜ਼ਰਾਂ ਵਿੱਚ ਡੇਗਣ ਲਈ ਇਸ ਨੂੰ 'ਪਾਕਿਸਤਾਨੀ ਸ਼ਹਿ ਪ੍ਰਾਪਤ' ਜਾਂ 'ਨਕਸਲੀ ਹਿੰਸਾ' ਨਾਲ ਜੋੜ ਕੇ ਪ੍ਰਚਾਰਿਆ ਜਾ ਰਿਹਾ ਹੈ। ਲੋਕ ਮੋਰਚਾ ਪੰਜਾਬ ਨੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਾਰਪੋਰੇਟਾਂ ਵਿਰੁੱਧ ਲੜ ਰਹੇ ਇਨ੍ਹਾਂ ਮਜ਼ਦੂਰਾਂ ਦਾ ਸਾਥ ਦੇਣ। ਉਨ੍ਹਾਂ ਮੰਗ ਕੀਤੀ ਕਿ ਮਜ਼ਦੂਰਾਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ, ਦਰਜ ਕੀਤੇ ਝੂਠੇ ਕੇਸ ਵਾਪਸ ਲਏ ਜਾਣ ਅਤੇ ਕਿਰਤ ਕੋਡ ਰੱਦ ਕਰਕੇ ਮਜ਼ਦੂਰ ਪੱਖੀ ਕਾਨੂੰਨ ਬਣਾਏ ਜਾਣ। ਪੰਜਾਬ ਦੇ ਕਿਸਾਨਾਂ ਅਤੇ ਮੁਲਾਜ਼ਮ ਤਬਕਿਆਂ ਨੂੰ ਵੀ ਇਸ ਸੰਘਰਸ਼ ਦੀ ਹਿਮਾਇਤ ਵਿੱਚ ਡਟਣ ਦਾ ਸੱਦਾ ਦਿੱਤਾ ਗਿਆ ਹੈ।

# ਹਰਮੇਸ਼ ਸਿੰਘ ਮੇਸ਼ੀ ਨੇ ਸਾਹਿਤ ਤੇ ਸੱਭਿਆਚਾਰ ਮੰਚ ਦੀ ਮਹੀਨਾਵਾਰ ਮੀਟਿੰਗ 'ਚ ਕੀਤੀ ਸਾਹਿਤਕ ਚਰਚਾ

ਦਿੜ੍ਹਬਾ ਮੰਡੀ, 27 ਅਪ੍ਰੈਲ (ਹੈਪੀ): ਕੇਂਦਰੀ ਪੰਜਾਬੀ ਲੇਖ ਸਭਾ ਸੇਖੋਂ ਨਾਲ ਸਬੰਧਤ ਸਾਹਿਤ ਤੇ ਸੱਭਿਆਚਾਰ ਮੰਚ ਦਿੜ੍ਹਬਾ ਦੀ ਮਹੀਨਾਵਾਰ ਮੀਟਿੰਗ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਖੇਤਲਾ ਦੀ ਅਗਵਾਈ ਹੇਠ ਸ਼ਹੀਦ ਬਾਬਾ ਬੈਰਸੀਆਣਾ ਚੈਰੀਟੇਬਲ ਹਸਪਤਾਲ ਦੇ ਅੰਦਰ ਬਣੀ ਹੋਈ ਕਾਮਰੇਡ ਭੀਮ ਸਿੰਘ ਯਾਦਗਾਰੀ ਲਾਇਬਰੇਰੀ ਵਿਖੇ ਹੋਈ। ਹੋਈ ਇਸ ਮੀਟਿੰਗ ਚ ਪ੍ਰਧਾਨ ਗੁਰਮੀਤ ਸਿੰਘ ਖੇਤਲਾ ਦੀ ਇਜਾਜ਼ਤ ਨਾਲ ਸਾਹਿਤਕ ਪਿੜ ਵਿੱਚ ਆਉਣ ਵਾਲੀਆਂ ਮੁਸ਼ਕਿਲਾਂ ਤੇ ਉਹਨਾਂ ਦੇ ਹੱਲ ਲਈ ਖੁੱਲ ਕੇ ਚਰਚਾ ਕੀਤੀ ਗਈ। ਇਸ ਮੌਕੇ ਸਾਹਿਤਕਾਰਾਂ ਨੇ ਆਪਣੀਆਂ ਰਚਨਾਵਾਂ ਵੀ ਪੇਸ਼ ਕੀਤੀਆਂ ਤੇ ਉਨਾਂ ਉੱਤੇ ਵੀ ਖੁੱਲ ਕੇ ਵਿਚਾਰਾਂ ਵੀ ਕੀਤੀਆਂ ਗਈਆਂ। ਦਰਸ਼ਨ ਸਿੰਘ ਰੋਗਲਾ ਨੇ ਕਿਹਾ ਕਿ ਸਹਿਤ ਸਾਡੇ ਸਮਾਜ ਦਾ ਉਹ ਸ਼ੀਸ਼ਾ ਹੁੰਦਾ ਹੈ ਜੋ ਕਿ ਹਰ ਸਮੇਂ ਸਮਾਜ ਵਿੱਚ ਵਾਪਰਨ ਵਾਲੀਆਂ ਘਟਨਾਵਾਂ ਨੂੰ ਪੇਸ਼ ਕਰਦਾ ਰਹਿੰਦਾ ਹੈ। ਮੀਟਿੰਗ ਦੌਰਾਨ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਖੇਤਲਾ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜੀ ਸਹਿਤ ਤੇ ਕਿਤਾਬਾਂ ਤੋਂ ਦੂਰ ਹੁੰਦੀ ਜਾ ਰਹੀ ਹੈ । ਪ੍ਰੰਤੂ ਅੱਜ ਸਮੇਂ ਦੀ ਬਹੁਤ ਵੱਡੀ ਲੋੜ ਹੈ ਕਿ ਨੌਜਵਾਨ ਪੀੜੀ ਨੂੰ ਸਾਹਿਤ ਤੇ ਕਿਤਾਬਾਂ ਨਾਲ ਜੋੜਿਆ ਜਾ ਸਕੇ ਜਿਸ ਨਾਲ ਸਾਡੇ ਨਿਗਰ ਸਾਹਿਤ ਤੇ ਪਿਛੋਕੜ ਬਾਰੇ ਜਾਣਕਾਰੀ ਪ੍ਰਾਪਤ ਹੁੰਦੀ ਹੈ। ਇਸ ਦੇ ਨਾਲ ਹੀ ਆਉਣ ਵਾਲੇ ਸਮੇਂ ਬਾਰੇ ਵੀ ਕਿਤਾਬਾਂ ਵਿੱਚ ਚਰਚਾ ਕਰਨ ਦਾ ਖੁੱਲਾ ਸਮਾਂ ਮਿਲਦਾ ਹੈ। ਮੰਚ ਦੇ ਸੰਚਾਲਕ ਅਤੇ ਸਕੱਤਰ ਹਰਮੇਸ਼ ਸਿੰਘ ਮੇਸ਼ੀ ਨੇ ਕਿਹਾ ਕਿ ਸਾਹਿਤ ਤੇ ਸੱਭਿਆਚਾਰ ਮੰਚ ਲੰਮੇ ਸਮੇਂ ਤੋਂ ਸਾਹਿਤ ਦੀ ਸੇਵਾ ਕਰਦਾ ਆ ਰਿਹਾ ਹੈ। ਅੱਜ ਦੇ ਨੌਜਵਾਨਾਂ ਨੂੰ ਸਾਹਿਤ ਅਤੇ ਸਾਹਿਤਕ ਸਰਗਰਮੀਆਂ ਚ ਵੱਧ ਤੋਂ ਵੱਧ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਅਸੀਂ ਨਿੱਗਰ ਸਮਾਜ ਦੀ ਨੀਂਹ ਰੱਖ ਸਕੀਏ। ਇਸ ਮੌਕੇ ਗੁਰਚਰਨ ਸਿੰਘ ਰੋਗਲਾ, ਗੁਰਜੰਟ ਸਿੰਘ ਘੁਮਾਣ ਅਤੇ ਹੋਰ ਸਾਹਿਤ ਪ੍ਰੇਮੀ ਹਾਜ਼ਰ ਸਨ।



# 'ਖੰਗੂੜਾ ਜੋੜੀ' ਨੇ ਖੜਕਾਇਆ ਮੁੱਖ ਮੰਤਰੀ ਦੇ ਦਫ਼ਤਰ ਦਾ ਕੁੰਡਾ

ਧੂਰੀ, 27 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਹਲਕੇ ਧੂਰੀ 'ਚ ਨਸ਼ੇ ਵਿੱਚ ਕਥਿਤ ਵਿਕਰੀ ਤੇ ਆਮ ਲੋਕਾਂ ਦੇ ਅਟਕੇ ਹੋਏ ਜਾਇਜ਼ ਕੰਮਾਂ ਨੂੰ ਲੈ ਕੇ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਤੇ ਉਨ੍ਹਾਂ ਦੀ ਧਰਮਪਤਨੀ ਸਿਮਰਤ ਕੌਰ ਖੰਗੂੜਾ ਨੇ ਇਲਾਕੇ ਦੀਆਂ ਔਰਤਾਂ ਦੇ ਵੱਡੇ ਕਾਫਲੇ ਸਮੇਤ ਪ੍ਰਸ਼ਾਸਨ ਵਿਰੁੱਧ ਮੋਰਚਾ ਖੋਲ੍ਹਦਿਆਂ ਪਹਿਲਾਂ ਪੁਲਿਸ ਪ੍ਰਸ਼ਾਸਨ ਨੂੰ ਰਗੜੇ ਲਾਏ ਅਤੇ ਫਿਰ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਦਾ 'ਕੁੰਡਾ' ਖੜਕਾ ਕੇ ਸੱਤਾਧਾਰੀਆਂ ਨੂੰ ਹਲੂਣਾ ਦੇਣ ਦਾ ਯਤਨ ਕੀਤਾ। ਡੀ.ਐਸ.ਪੀ. ਦਫ਼ਤਰ ਧੂਰੀ ਵਿਖੇ ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਨਾਲ ਮੁਲਾਕਾਤ ਦੌਰਾਨ ਦਲਵੀਰ ਸਿੰਘ ਗੋਲਡੀ ਨੇ ਬੇਹੱਦ ਤਿੱਖੇ ਤੇਵਰ ਦਿਖਾਏ। ਉਨ੍ਹਾਂ ਦੋਸ਼ ਲਾਇਆ ਕਿ ਹਲਕੇ ਵਿੱਚ ਨਸ਼ਾ ਸ਼ਰੇਆਮ ਵਿਕ ਰਿਹਾ ਹੈ ਅਤੇ ਚਿੱਟੇ ਵਰਗੇ ਘਾਤਕ ਨਸ਼ਿਆਂ ਨੇ ਕਈ ਮਾਵਾਂ ਦੇ ਪੁੱਤ ਖੋਹ ਲਏ ਹਨ। ਉਨ੍ਹਾਂ ਕਿਹਾ ਕਿ ਘਰਾਂ ਵਿੱਚ ਸੱਥਰ ਵਿਛ ਰਹੇ ਹਨ, ਪਰ ਪੁਲਿਸ ਦੀ ਕਾਰਗੁਜ਼ਾਰੀ ਸਿਰਫ਼ ਕਾਗਜ਼ਾਂ ਤੱਕ ਸੀਮਤ ਹੈ। ਗੋਲਡੀ ਅਨੁਸਾਰ, ਨਸ਼ਾ ਤਸਕਰਾਂ ਨੂੰ ਨੱਥ ਪਾਉਣ ਦੀ ਬਜਾਏ ਪੁਲਿਸ ਸਿਰਫ਼ ਖਾਨਾਪੂਰਤੀ ਕਰ ਰਹੀ ਹੈ, ਜਿਸ ਕਾਰਨ ਲੋਕਾਂ ਵਿੱਚ ਭਾਰੀ ਸਹਿਮ ਤੇ ਰੋਸ ਪਾਇਆ ਜਾ ਰਿਹਾ ਹੈ।

ਪੁਲਿਸ ਪ੍ਰਸ਼ਾਸਨ ਨੂੰ ਘੇਰਨ ਤੋਂ ਬਾਅਦ 'ਖੰਗੂੜਾ ਜੋੜੀ' ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਪਹੁੰਚੀ। ਉੱਥੇ ਦਫ਼ਤਰ ਦੇ ਮੁੱਖ ਗੇਟ ਨੂੰ ਕੁੰਡਾ ਲੱਗਿਆ ਹੋਣ ਕਾਰਨ ਉਨ੍ਹਾਂ ਨੇ ਸਖ਼ਤ ਇਤਰਾਜ਼ ਪ੍ਰਗਟਾਇਆ ਅਤੇ ਸੰਕੇਤਕ ਤੌਰ 'ਤੇ ਗੇਟ ਦਾ ਕੁੰਡਾ ਖੜਕਾ ਕੇ ਰੋਸ ਜ਼ਾਹਿਰ ਕੀਤਾ। ਸਿਮਰਤ ਕੌਰ ਖੰਗੂੜਾ ਨੇ ਪ੍ਰਸ਼ਾਸਨਿਕ ਨਾਕਾਮੀਆਂ ਦਾ ਚਿੱਠਾ ਖੋਲ੍ਹਦਿਆਂ ਦੱਸਿਆ ਕਿ ਗਰੀਬ ਲੋਕਾਂ ਦੀਆਂ ਪੈਨਸ਼ਨਾਂ ਇੱਕ-ਇੱਕ ਸਾਲ ਤੋਂ ਨਹੀਂ ਲੱਗ ਰਹੀਆਂ, ਸੁਵਿਧਾ ਕੇਂਦਰਾਂ ਵਿੱਚ ਲੋਕਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਉਨ੍ਹਾਂ ਅੱਗੇ ਕਿਹਾ ਕਿ ਕੱਚੇ ਘਰਾਂ ਦੇ ਗਿਰਨ ਕਾਰਨ ਪੀੜਤ ਹੋਏ ਲੋਕਾਂ ਨੂੰ ਅਜੇ ਤੱਕ ਬਣਦੀ ਮੁਆਵਜ਼ਾ ਰਾਸ਼ੀ ਨਹੀਂ ਮਿਲੀ। ਆਮ ਆਦਮੀ ਦੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਵਿੱਚ ਖੱਜਲ-ਖੁਆਰੀ ਸਿਖਰਾਂ 'ਤੇ ਹੈ। ਭਾਵੇਂ 'ਆਪ' ਆਗੂਆਂ ਨੇ ਭਰੋਸਾ ਦਿੱਤਾ ਕਿ ਜਲਦ ਹੀ ਮੁਸ਼ਕਲਾਂ ਹੱਲ ਕੀਤੀਆਂ ਜਾਣਗੀਆਂ, ਪਰ 'ਖੰਗੂੜਾ ਜੋੜੀ' ਨੇ ਸਾਫ਼ ਕਰ ਦਿੱਤਾ ਕਿ ਜੇਕਰ ਜ਼ਮੀਨੀ ਪੱਧਰ 'ਤੇ ਸੁਧਾਰ ਨਾ ਹੋਇਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

ਦੂਜੇ ਪਾਸੇ, ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਨੇ ਨਸ਼ਿਆਂ ਦੇ ਦੋਸ਼ਾਂ 'ਤੇ ਸਫਾਈ ਦਿੰਦਿਆਂ ਕਿਹਾ ਕਿ ਪੁਲਿਸ ਨਸ਼ਾ ਤਸਕਰਾਂ ਵਿਰੁੱਧ ਸਖ਼ਤੀ ਨਾਲ ਨਿਪਟ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਵੇਚਣ ਵਾਲਿਆਂ ਬਾਰੇ ਗੁਪਤ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ ਤਾਂ ਜੋ ਇਸ ਕੋਹੜ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਨਸ਼ਾ ਖੋਰੀ ਦੇ ਮਾਮਲੇ ਵਿੱਚ ਕਿਸੇ ਨਾਲ ਵੀ ਕੋਈ ਲਿਹਾਜ਼ ਨਹੀਂ ਵਰਤਿਆ ਜਾਵੇਗਾ।



# ਸਕੂਲੀ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਪੁਲਿਸ ਚਲਾ ਰਹੀ ਹੈ ਜਾਗਰੂਕਤਾ ਅਭਿਆਨ

ਫਰੀਦਕੋਟ, 27 ਅਪ੍ਰੈਲ (ਅਵਤਾਰ ਸਿੰਘ ਮੱਲਾ): ਡਾ. ਪ੍ਰਗਿਆ ਜੈਨ, ਐਸ.ਐਸ.ਪੀ ਫਰੀਦਕੋਟ ਦੀ ਯੋਗ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਮੁਹੱਲਿਆਂ ਵਿੱਚ ਬੱਚਿਆਂ ਨੂੰ ਸੁਰੱਖਿਅਤ, ਜਾਗਰੂਕ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਦੇ ਉਦੇਸ਼ ਨਾਲ ਇੱਕ ਪ੍ਰੇਰਨਾਦਾਇਕ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹਾ ਕਮਿਊਨਿਟੀ ਪੁਲਿਸ ਅਫਸਰ ਮਨਵਿੰਦਰ ਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਰੀਦਕੋਟ ਪੁਲਿਸ ਵੱਲੋਂ ਵੱਖ-ਵੱਖ ਵਿਦਿਅਕ ਸੰਸਥਾਵਾਂ ਵਿੱਚ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸਾਂਝ ਸਟਾਫ ਜੈਤੋ ਅਤੇ ਜ਼ਿਲ੍ਹਾ ਟ੍ਰੈਫਿਕ ਵਿੰਗ ਫਰੀਦਕੋਟ ਵੱਲੋਂ ਸਾਂਝੇ ਤੌਰ ਤੇ ਸ਼ਿਵਾਲਿਕ ਪਬਲਿਕ ਸਕੂਲ, ਜੈਤੋ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਰੁਚੀ ਨਾਲ ਭਾਗ ਲਿਆ। ਸੈਮੀਨਾਰ ਦੌਰਾਨ ਬੱਚਿਆਂ ਨੂੰ ਬਾਲ ਸ਼ੋਸ਼ਣ, ਗੁੱਡ ਟੱਚ ਤੇ ਬੈਡ ਟੱਚ, ਸਾਈਬਰ ਕ੍ਰਾਈਮ, ਐਮਰਜੈਂਸੀ ਹੈਲਪਲਾਈਨ ਨੰਬਰਾਂ ਤੇ ਟ੍ਰੈਫਿਕ ਨਿਯਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਆਵਾਜਾਈ ਸੰਕੇਤਾਂ, ਸੜਕ ਸੁਰੱਖਿਆ ਨਿਯਮਾਂ ਅਤੇ ਜ਼ਿੰਮੇਵਾਰ ਡਰਾਈਵਿੰਗ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਦੋ-ਪਹੀਆ ਵਾਹਨਾਂ 'ਤੇ ਹੈਲਮੇਟ ਪਹਿਨਣ, ਸੀਟ ਬੈਲਟ ਲਗਾਉਣ, ਨਾਬਾਲਗਾਂ ਵੱਲੋਂ ਵਾਹਨ ਨਾ ਚਲਾਉਣ, ਤੇਜ਼ ਰਫ਼ਤਾਰ ਤੋਂ ਬਚਣ ਅਤੇ ਵਾਹਨ ਚਲਾਉਂਦੇ ਸਮੇਂ ਮੋਬਾਈਲ ਫੋਨ ਦੀ ਵਰਤੋਂ ਨਾ ਕਰਨ ਵਰਗੇ ਅਹਿਮ ਵਿਸ਼ਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਇਸ ਮੌਕੇ ਖ਼ਾਸ ਤੌਰ 'ਤੇ ਸਕੂਲ ਬੱਸ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਤੇ ਟ੍ਰੈਫਿਕ ਨਿਯਮਾਂ ਸਬੰਧੀ ਬਾਰੀਕੀ ਨਾਲ ਜਾਣੂ ਕਰਵਾਇਆ ਗਿਆ, ਤਾਂ ਜੋ ਸਕੂਲੀ ਬੱਚਿਆਂ ਦੀ ਯਾਤਰਾ ਨੂੰ ਹੋਰ ਵੀ ਸੁਰੱਖਿਅਤ ਬਣਾਇਆ ਜਾ ਸਕੇ। ਨਾਲ ਹੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਹੈਲਪਲਾਈਨ ਨੰਬਰ 112 ਅਤੇ ਸੇਫ ਪੰਜਾਬ ਐਂਟੀ-ਡਰੱਗ ਹੈਲਪਲਾਈਨ ਨੰਬਰ 97791-00200 ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਇੰਸਪੈਕਟਰ ਵਕੀਲ ਸਿੰਘ ਇੰਚਾਰਜ ਜ਼ਿਲ੍ਹਾ ਟ੍ਰੈਫਿਕ ਫਰੀਦਕੋਟ, ਸਹਾਇਕ ਥਾਣੇਦਾਰ ਸਤਪਾਲ ਸਿੰਘ ਇੰਚਾਰਜ ਸਾਂਝ ਸਟਾਫ ਜੈਤੋਂ ਸਮੇਤ ਟ੍ਰੈਫਿਕ ਵਿੰਗ ਅਤੇ ਸਾਂਝ ਸਟਾਫ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਰਹੇ। ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਫਰੀਦਕੋਟ ਪੁਲਿਸ ਦੁਆਰਾ ਚਲਾਈ ਜਾ ਰਹੀ ਇਸ ਜਾਗਰੂਕਤਾ ਮੁਹਿੰਮ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਗਿਆ ਕਿ ਅਜਿਹੇ ਉਪਰਾਲੇ ਨਾ ਸਿਰਫ਼ ਵਿਦਿਆਰਥੀਆਂ ਨੂੰ ਸੁਰੱਖਿਆ ਤੇ ਜਾਗਰੂਕਤਾ ਪ੍ਰਦਾਨ ਕਰਦੇ ਹਨ, ਸਗੋਂ ਉਨ੍ਹਾਂ ਨੂੰ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਸਮਝਣ ਅਤੇ ਚੰਗੇ ਨਾਗਰਿਕ ਬਣਨ ਲਈ ਵੀ ਪ੍ਰੇਰਿਤ ਕਰਦੇ ਹਨ।



# ਖਾਦ-ਬੀਜ ਡੀਲਰਾਂ ਦੀ ਦੇਸ਼ ਵਿਆਪੀ ਹੜਤਾਲ ਦਾ ਬਠਿੰਡਾ 'ਚ ਵੱਡਾ ਅਸਰ; ਦੁਕਾਨਾਂ ਨੂੰ ਲੱਗੇ ਜਿੰਦਰੇ

ਬਠਿੰਡਾ, 27 ਅਪ੍ਰੈਲ (ਦੀਪਕ ਸ਼ਰਮਾ): ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਕੇਂਦਰ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗਲ ਵਜਾਉਂਦਿਆਂ ਬਠਿੰਡਾ ਦੇ ਖਾਦ, ਬੀਜ ਤੇ ਕੀਟਨਾਸ਼ਕ ਦਵਾਈਆਂ ਦੇ ਵਿਕਰੇਤਾਵਾਂ ਨੇ 'ਆਲ ਇੰਡੀਆ ਐਗਰੋ ਇਨਪੁਟ ਡੀਲਰ ਐਸੋਸੀਏਸ਼ਨ' ਦੇ ਸੱਦੇ 'ਤੇ ਆਪਣੀਆਂ ਦੁਕਾਨਾਂ ਮੁਕੰਮਲ ਤੌਰ 'ਤੇ ਬੰਦ ਰੱਖੀਆਂ। ਇਸ ਹੜਤਾਲ ਦਾ ਸਭ ਤੋਂ ਵੱਡਾ ਅਸਰ ਖੇਤੀਬਾੜੀ ਦੇ ਚੱਲ ਰਹੇ ਸਾਉਣੀ ਸੀਜ਼ਨ 'ਤੇ ਦੇਖਣ ਨੂੰ ਮਿਲਿਆ, ਜਿੱਥੇ ਜ਼ਰੂਰੀ ਖਾਦਾਂ ਤੇ ਦਵਾਈਆਂ ਨਾ ਮਿਲਣ ਕਾਰਨ ਕਿਸਾਨਾਂ ਨੂੰ ਖਾਲੀ ਹੱਥ ਪਰਤਣਾ ਪਿਆ। ਬਠਿੰਡਾ ਸੀਡਜ਼ ਪੈਸਟੀਸਾਈਡਜ਼ ਫਰਟੀਲਾਈਜ਼ਰ ਐਸੋਸੀਏਸ਼ਨ ਦੇ ਪ੍ਰਧਾਨ ਪਵਨ ਕੁਮਾਰ ਸਿੰਗਲਾ ਨੇ ਸਥਾਨਕ ਵਪਾਰੀਆਂ ਦੀ ਇਕਜੁੱਟਤਾ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਕਿਸੇ ਵੀ ਡੀਲਰ ਨੇ ਅੱਜ ਆਪਣਾ ਕਾਰੋਬਾਰ ਨਹੀਂ ਖੋਲ੍ਹਿਆ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਬੰਦ ਕੇਂਦਰ ਸਰਕਾਰ ਦੇ ਅੜੀਅਲ ਵਤੀਰੇ ਵਿਰੁੱਧ ਇੱਕ ਰੋਸ ਵਜੋਂ ਕੀਤਾ ਗਿਆ ਹੈ। ਵਪਾਰੀਆਂ ਨੇ ਆਪਣੇ ਕਾਰੋਬਾਰ ਬੰਦ ਰੱਖ ਕੇ ਜਿੱਥੇ ਏਕਤਾ ਦਾ ਸਬੂਤ ਦਿੱਤਾ, ਉੱਥੇ ਹੀ ਬਾਜ਼ਾਰਾਂ 'ਚ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਰੋਸ ਪ੍ਰਦਰਸ਼ਨ ਵਿੱਚ ਓਮ ਪ੍ਰਕਾਸ਼, ਪ੍ਰਵੀਨ ਸਿੰਗਲਾ, ਪ੍ਰਿੰਸ ਸਿੰਗਲਾ, ਤੇਜਿੰਦਰ ਢਿੱਲੋਂ, ਵਿਕਰਾਂਤ ਅਰੋੜਾ, ਵਾਸੂਦੇਵ, ਵਿਪਿਨ, ਦੀਪ ਸਿੰਘ, ਪਵਨ ਕੁਮਾਰ ਬੰਸਲ, ਅਸ਼ੋਕ ਬੰਸਲ, ਵੀਰੇਂਦਰ ਕੁਮਾਰ, ਸਤਪਾਲ, ਤਨਵੀਰ ਖਾਨ, ਈਸ਼ਾਨ ਬੰਸਲ ਤੇ ਜੀਵਨ ਕੁਮਾਰ ਸਮੇਤ ਕਈ ਹੋਰ ਪ੍ਰਮੁੱਖ ਵਪਾਰੀ ਸ਼ਾਮਲ ਹੋਏ। ਇਸ ਮੌਕੇ ਜਥੇਬੰਦੀ ਦੇ ਪ੍ਰੈੱਸ ਸਕੱਤਰ ਕੇ.ਕੇ. ਮਿੱਤਲ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਉਹਨਾਂ ਦੀਆਂ ਵਾਜਬ ਮੰਗਾਂ ਨੂੰ ਤੁਰੰਤ ਪ੍ਰਵਾਨ ਨਾ ਕੀਤਾ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਦਾ ਰੂਪ ਹੋਰ ਵੀ ਤਿੱਖਾ ਹੋਵੇਗਾ। ਉਨ੍ਹਾਂ ਚਿਤਾਵਨੀ ਦਿੱਤੀ ਕਿ ਲੋੜ ਪੈਣ 'ਤੇ ਕਾਰੋਬਾਰੀ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਜਾਣ ਤੋਂ ਵੀ ਗੁਰੇਜ਼ ਨਹੀਂ ਕਰਨਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਸ਼ਾਸਨ ਤੇ ਪ੍ਰਸ਼ਾਸਨ ਦੀ ਹੋਵੇਗੀ।

# 'ਆਸ਼ਾ ਦਿਵਸ' ਮੌਕੇ ਬਿਹਤਰੀਨ ਕਾਰਗੁਜ਼ਾਰੀ ਵਾਲੀਆਂ ਆਸ਼ਾ ਵਰਕਰਾਂ ਦਾ ਸਨਮਾਨ



ਕੌਹਰੀਆਂ, 27 ਅਪ੍ਰੈਲ (ਅਵਤਾਰ ਸਿੰਘ ਜਟਾਣਾ): ਸਿਵਲ ਸਰਜਨ ਡਾ. ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਸਿਹਤ ਕੇਂਦਰ ਕੌਹਰੀਆਂ ਵਿਖੇ 'ਆਸ਼ਾ ਦਿਵਸ' ਮਨਾਇਆ ਗਿਆ, ਜਿਸ ਵਿੱਚ ਸਿਹਤ ਖੇਤਰ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀਆਂ ਆਸ਼ਾ ਵਰਕਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਡਾ. ਬਲਜਿੰਦਰ ਕੌਰ ਕਾਹਲੋਂ ਨੇ ਹਾਜ਼ਰ ਸਟਾਫ਼ ਤੇ ਆਸ਼ਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਸ਼ਾ ਵਰਕਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ, ਜੋ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸਿਹਤ ਸਹੂਲਤਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ ਦੀ ਦੇਖਭਾਲ, ਬੱਚਿਆਂ ਦਾ ਸੰਪੂਰਨ ਟੀਕਾਕਰਨ ਤੇ ਸਰਕਾਰੀ ਸਕੀਮਾਂ ਬਾਰੇ ਘਰ-ਘਰ ਜਾ ਕੇ ਜਾਗਰੂਕਤਾ ਫੈਲਾਉਣ ਵਿੱਚ ਇਨ੍ਹਾਂ ਦਾ ਯੋਗਦਾਨ ਬੇਮਿਸਾਲ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸੰਸਥਾਗਤ ਜਣੇਪੇ ਦੀ ਦਰ ਵਧਾਉਣ ਤੇ ਮਾਤਰੀ-ਮੌਤ ਦਰ ਨੂੰ ਘਟਾਉਣ 'ਚ ਆਸ਼ਾ ਵਰਕਰਾਂ ਦਿਨ-ਰਾਤ ਮਿਹਨਤ ਕਰ ਰਹੀਆਂ ਹਨ।

ਸਮਾਰੋਹ ਦੌਰਾਨ ਵੱਖ-ਵੱਖ ਸਿਹਤ ਸੂਚਕਾਂਕਾਂ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੀਆਂ ਆਸ਼ਾ ਵਰਕਰਾਂ ਨੂੰ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਨੇ ਸਨਮਾਨਿਤ ਵਰਕਰਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਮੀਦ ਜਤਾਈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੀ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਂਦੀਆਂ ਰਹਿਣਗੀਆਂ। ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਤੇ ਗੁਰਪ੍ਰੀਤ ਕੌਰ ਬੀ.ਐੱਸ.ਏ. ਨੇ ਦੱਸਿਆ ਕਿ ਪਿਛਲੇ ਵਿੱਤੀ ਵਰ੍ਹੇ ਵਿੱਚ ਸਭ ਤੋਂ ਬਿਹਤਰੀਨ ਕੰਮ ਕਰਨ ਵਾਲੀਆਂ ਆਸ਼ਾ ਸੁਖਵਿੰਦਰ ਕੌਰ, ਗੁਰਜੀਤ ਕੌਰ ਤੇ ਅੰਮ੍ਰਿਤਪਾਲ ਕੌਰ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਵਿੱਚ ਬਿਹਤਰੀਨ ਕਾਰਗੁਜ਼ਾਰੀ ਕਰਨ ਲਈ ਸੋਨੀ ਕੌਰ ਆਸ਼ਾ ਫੈਸਿਲੀਟੇਟਰ ਅਤੇ ਰਾਜਵਿੰਦਰ ਕੌਰ ਆਸ਼ਾ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ।

# ਦਲਬਦਲੂਆਂ ਵਿਰੁੱਧ ਪੰਜਾਬ ਦੀ ਜਨਤਾ ਦਾ ਗੁੱਸਾ ਸੱਤਵੇਂ ਅਸਮਾਨ 'ਤੇ : ਡਾ. ਜਵੰਧਾ

ਸੰਗਰੂਰ, 27 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਸੰਗਰੂਰ ਵਿੱਚ ਉਸ ਵੇਲੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਭਖ ਗਿਆ, ਜਦੋਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਅਗਵਾਈ ਵਿੱਚ ਰਾਜ ਸਭਾ ਮੈਂਬਰਾਂ ਦੀ ਕਥਿਤ ਗੱਦਾਰੀ ਵਿਰੁੱਧ ਇੱਕ ਵਿਸ਼ਾਲ ਅਤੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਲੋਕਾਂ ਦਾ ਇਕੱਠ ਇੰਨਾ ਵੱਡਾ ਸੀ ਕਿ ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਪ੍ਰਦਰਸ਼ਨਕਾਰੀਆਂ ਦਾ ਹੜ੍ਹ ਨਜ਼ਰ ਆਇਆ। ਇਸ ਦੌਰਾਨ ਗੁੱਸੇ ਵਿੱਚ ਆਏ ਲੋਕਾਂ ਨੇ ਨਾ ਕੇਵਲ ਰਾਜ ਸਭਾ ਮੈਂਬਰਾਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਬਲਕਿ ਉਨ੍ਹਾਂ ਦੇ ਪੁਤਲੇ ਫੂਕ ਕੇ ਆਪਣੀ ਨਰਾਜ਼ਗੀ ਦਾ ਵੀ ਪ੍ਰਗਟਾਵਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਜਵੰਧਾ ਨੇ ਬੇਹੱਦ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਜਿਨ੍ਹਾਂ ਆਗੂਆਂ ਨੂੰ ਪੰਜਾਬ ਦੀ ਜਨਤਾ ਨੇ ਬਹੁਤ ਉਮੀਦਾਂ ਅਤੇ ਵਿਸ਼ਵਾਸ ਨਾਲ ਉੱਚੇ ਅਹੁਦਿਆਂ 'ਤੇ ਬਿਠਾਇਆ ਸੀ, ਉਨ੍ਹਾਂ ਨੇ ਹੀ ਸੂਬੇ ਦੇ ਹਿੱਤਾਂ ਨਾਲ ਵੱਡਾ ਧ੍ਰੋਹ ਕਮਾਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਚੁਣੇ ਹੋਏ ਨੁਮਾਇੰਦਿਆਂ ਨੇ ਪੰਜਾਬ ਦੇ ਅਹਿਮ ਮੁੱਦਿਆਂ 'ਤੇ ਸੂਬੇ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ ਤੇ ਨਿੱਜੀ ਹਿੱਤਾਂ ਨੂੰ ਲੋਕ ਹਿੱਤਾਂ ਤੋਂ ਉੱਪਰ ਰੱਖਿਆ ਹੈ। ਡਾ. ਜਵੰਧਾ ਨੇ ਸਪੱਸ਼ਟ ਕੀਤਾ ਕਿ ਅਜਿਹੇ ਲੋਕਾਂ ਨੂੰ ਪੰਜਾਬ ਦੀ ਜਨਤਾ ਕਦੇ ਮੁਆਫ਼ ਨਹੀਂ ਕਰੇਗੀ ਤੇ ਉਨ੍ਹਾਂ ਨੂੰ ਹਰ ਮੋੜ 'ਤੇ ਲੋਕਾਂ ਦੇ ਤਿੱਖੇ ਸਵਾਲਾਂ ਦਾ ਸਾਹਮਣਾ ਕਰਨਾ ਪਵੇਗਾ।



ਡਾ. ਜਵੰਧਾ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਪੰਜਾਬ ਹਮੇਸ਼ਾ ਯੋਧਿਆਂ, ਸੂਰਬੀਰਾਂ ਅਤੇ ਅਣਖੀਲੇ ਲੋਕਾਂ ਦੀ ਧਰਤੀ ਰਿਹਾ ਹੈ, ਜਿੱਥੇ ਗੱਦਾਰਾਂ ਅਤੇ ਵਿਸ਼ਵਾਸਘਾਤੀਆਂ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਇਨ੍ਹਾਂ ਕਥਿਤ ਗੱਦਾਰਾਂ ਦਾ ਅਸਲੀ ਚਿਹਰਾ ਜਨਤਾ ਦੇ ਸਾਹਮਣੇ ਪੂਰੀ ਤਰ੍ਹਾਂ ਨੰਗਾ ਨਹੀਂ ਹੋ ਜਾਂਦਾ। ਉਨ੍ਹਾਂ ਐਲਾਨ ਕੀਤਾ ਕਿ ਇਹ ਰੋਸ ਪ੍ਰਦਰਸ਼ਨ ਸਿਰਫ਼ ਇੱਕ ਸ਼ੁਰੂਆਤ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਇਸ ਲਹਿਰ ਨੂੰ ਪੰਜਾਬ ਦੇ ਹਰ ਪਿੰਡ ਤੇ ਕਸਬੇ ਤੱਕ ਲਿਜਾਇਆ ਜਾਵੇਗਾ। ਪ੍ਰਦਰਸ਼ਨ ਦੌਰਾਨ ਸਥਾਨਕ ਆਗੂਆਂ, ਵਰਕਰਾਂ ਅਤੇ ਆਮ ਲੋਕਾਂ ਨੇ ਇਕੱਜੁੱਟ ਹੋ ਕੇ ਗੱਦਾਰੀ ਵਿਰੁੱਧ ਲੜਨ ਦਾ ਪੱਕਾ ਅਹਿਦ ਲਿਆ। ਇਸ ਵੱਡੇ ਇਕੱਠ ਨੇ ਸਿਆਸੀ ਗਲਿਆਰਿਆਂ ਵਿੱਚ ਇਹ ਸਪੱਸ਼ਟ ਸੰਕੇਤ ਦੇ ਦਿੱਤਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਸਿਆਸਤ ਵਿੱਚ ਵੱਡੀਆਂ ਤਬਦੀਲੀਆਂ ਦੇਖਣ ਨੂੰ ਮਿਲ ਸਕਦੀਆਂ ਹਨ ਅਤੇ ਜਨਤਾ ਆਪਣੇ ਅਸਲ ਨੁਮਾਇੰਦਿਆਂ ਦੀ ਚੋਣ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

# ਪੰਜਾਬ ਦੇ ਗ਼ੱਦਾਰਾਂ ਨੂੰ ਪੰਜਾਬੀ ਕਦੇ ਮੁਆਫ਼ ਨਹੀਂ ਕਰਨਗੇ : ਚੇਅਰਮੈਨ ਮਾਨ

ਭਗਤਾ ਭਾਈ ਕਾ, 27 ਅਪ੍ਰੈਲ (ਸਵਰਨ ਸਿੰਘ ਭਗਤਾ): ਮਾਰਕਫੈਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਛੇ ਰਾਜ ਸਭਾ ਸੰਸਦਾਂ ਵੱਲੋਂ ਹਾਲ ਹੀ ਵਿੱਚ ਪੰਜਾਬ ਦੇ ਲੋਕਾਂ ਨਾਲ ਗਦਾਰੀ ਕਰਦੇ ਹੋਏ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣਾ ਬਹੁਤ ਹੀ ਦੁੱਖਦਾਈ ਹੈ। ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਭਲੀਭਾਂਤੀ ਜਾਣਦੇ ਹਨ ਕਿ ਬੀਜੇਪੀ ਕਿਵੇਂ ਈਡੀ ਅਤੇ ਹੋਰ ਏਜੰਸੀਆਂ ਰਾਹੀਂ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਡਰਾਉਂਦੀ ਅਤੇ ਦਬਾਅ ਬਣਾਉਂਦੀ ਹੈ ਅਤੇ ਉਨ੍ਹਾਂ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕਰਨ ਲਈ ਮਜਬੂਰ ਕਰਦੀ ਹੈ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦਾ ਪੰਜਾਬ ਵਿੱਚ ਦਿਨੋਂ-ਦਿਨ ਵਧਦਾ ਪ੍ਰਭਾਵ ਦੇਖ ਕੇ ਕੇਂਦਰ ਦੀ ਬੀਜੇਪੀ ਸਰਕਾਰ ਘਬਰਾਹਟ ਵਿੱਚ ਹੈ ਤੇ ਇਸੇ ਕਾਰਨ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਲਾਲਚ ਜਾਂ ਦਬਾਅ ਦੇ ਰਾਹੀਂ ਆਪਣੀ ਪਾਰਟੀ ਵਿੱਚ ਸ਼ਾਮਿਲ ਕੀਤਾ ਜਾ ਰਿਹਾ ਹੈ।ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਜਿਸ ਵੀ ਕਿਸੇ ਨੇ ਪੰਜਾਬ ਤੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ, ਉਹਨੂੰ ਪੰਜਾਬ ਦੇ ਲੋਕ ਕਦੇ ਮਾਫ ਨਹੀਂ ਕਰਦੇ ਤੇ ਸਮੇਂ ਆਉਣ 'ਤੇ ਮੂੰਹਤੋੜ ਜਵਾਬ ਦਿੰਦੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਪੰਜਾਬ ਦੀ ਜਨਤਾ ਐਸੇ ਲੋਕਾਂ ਨੂੰ ਕਰਾਰਾ ਜਵਾਬ ਦੇਵੇਗੀ।ਉਨ੍ਹਾਂ ਅੱਗੇ ਕਿਹਾ ਕਿ ਵਿਰੋਧੀ ਪਾਰਟੀਆਂ ਚਾਹੇ ਕਿੰਨੀਆਂ ਵੀ ਚਾਲਾਂ ਚੱਲਣ, ਮਾਨ ਸਰਕਾਰ ਹਮੇਸ਼ਾਂ ਲੋਕ-ਹਿੱਤ ਦੇ ਫੈਸਲੇ ਕਰਨ ਲਈ ਵਚਨਬੱਧ ਰਹੀ ਹੈ ਅਤੇ ਰਹੇਗੀ। ਮਾਨ ਸਰਕਾਰ ਦਾ ਮੁੱਖ ਉਦੇਸ਼ ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਖਾਤਮਾ ਕਰਨਾ, ਹਰ ਵਰਗ ਨੂੰ ਸਹੂਲਤਾਂ ਪ੍ਰਦਾਨ ਕਰਨਾ, ਬੱਚਿਆਂ ਨੂੰ ਵਧੀਆ ਸਿੱਖਿਆ ਤੇ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਅਤੇ ਨੌਜਵਾਨਾਂ ਨੂੰ ਬਿਨਾਂ ਸਿਫਾਰਸ਼ ਤੇ ਬਿਨਾਂ ਰਿਸ਼ਵਤ ਦੇ ਸਰਕਾਰੀ ਨੌਕਰੀਆਂ ਦੇਣਾ ਹੈ।



ਅੰਤ ਵਿੱਚ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਮਾਨ ਸਰਕਾਰ ਦੇ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ਤੇ ਪੂਰੇ ਪੰਜਾਬ ਵਿੱਚ ਮਾਨ ਸਰਕਾਰ ਵੱਲੋਂ ਕੀਤੇ ਗਏ ਲੋਕ-ਹਿੱਤ ਫੈਸਲਿਆਂ ਦੀ ਚਰਚਾ ਹੋ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ਵਿੱਚ ਫਿਰ ਤੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਡੇ ਬਹੁਮਤ ਨਾਲ ਬਣੇਗੀ।

# ਗਊ ਮਾਤਾ ਦੇ ਸਨਮਾਨ ਲਈ ਨਾਇਬ ਤਹਿਸੀਲਦਾਰ ਨੂੰ ਦਿੱਤਾ ਮੰਗ ਪੱਤਰ



ਬਰੇਟਾ, 27 ਅਪ੍ਰੈਲ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ): ਦੇਸ਼ ਭਰ 'ਚ ਚੱਲ ਰਹੇ 'ਗਊ ਮਾਤਾ ਸਨਮਾਨ ਅਹਵਾਨ ਅਭਿਆਨ ਤਹਿਤ ਨਾਇਬ ਤਹਿਸੀਲ ਦਾਰ ਬਰੇਟਾ ਰਾਜੀਵ ਖੋਸਲਾ ਨੂੰ ਸ਼ਹਿਰ ਦੇ ਸਮੂਹ ਗਊ ਭਗਤਾਂ ਵੱਲੋਂ ਸ਼ਹਿਰ ਦੇ ਲੋਕਾਂ ਦਸਤਖਤ ਕਰਵਾਏ ਗਏ ਦੇਸ਼ ਦੇ ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਦੇ ਨਾਮ ਮੰਗ ਪੱਤਰ ਦਿੱਤੇ ਗਏ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗਊ ਭਗਤਾ ਨੇ ਕਿਹਾ ਕਿ ਮੰਗ ਪੱਤਰ ਵਿੱਚ ਗਊ ਮਾਤਾ ਨੂੰ ਰਾਸ਼ਟਰੀ ਪੱਧਰ 'ਤੇ ਸੇਵਾ, ਸਨਮਾਨ ਤੇ ਸੁਰੱਖਿਆ ਦਾ ਮੌਲਿਕ ਅਧਿਕਾਰ ਦਿਵਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ ਹੈ। ਇਸ ਲਈ ਸਾਰੇ ਸ਼ਹਿਰ ਵਿੱਚ ਦਸਤਖਤ ਕਰਵਾਉਣ ਲਈ ਮੁਹਿੰਮ ਵਿੱਢੀ ਗਈ ਸੀ ਜਿਸ ਉਪਰ ਲੋਕਾਂ ਨੇ ਭਾਰੀ ਉਤਸ਼ਾਹ ਨਾਲ ਦਸਤਖਤ ਕੀਤੇ ਗਏ।ਉਹਨਾਂ ਕਿਹਾ ਕਿ ਇਹ ਕਿਸੇ ਇਕ ਧਰਮ ਦੀ ਜਾਂ ਰਾਜਨੀਤਕ ਪਾਰਟੀ ਦੀ ਨਹੀਂ, ਸਗੋਂ ਸਮੁੱਚੀ ਮਾਨਵਤਾ ਤੇ ਰਾਸ਼ਟਰ ਦੀ ਅਸਮਿਤਾ ਦੀ ਲੜਾਈ ਹੈ। ਜਦੋਂ ਗਊ ਮਾਤਾ ਸੁਰੱਖਿਅਤ ਹੋਵੇਗੀ, ਤਦ ਹੀ ਦੇਸ਼ ਖ਼ੁਸ਼ਹਾਲ ਹੋਵੇਗਾ ।ਉਨ੍ਹਾਂ ਨੇ ਦੱਸਿਆ ਕਿ ਇਸ ਮੰਗ ਪੱਤਰ 'ਚ ਮੁੱਖ ਮੰਗ ਰਾਸ਼ਟਰੀ ਗਊ ਮਾਤਾ ਸੁਰੱਖਿਆ ਕਾਨੂੰਨ ਬਣਾਉਣ ਦੀ ਹੈ ਤੇ ਅਭਿਆਨ ਦਾ ਮੁੱਖ ਉਦੇਸ਼ ਕੇਂਦਰ ਤੇ ਰਾਜ ਸਰਕਾਰਾਂ ਤੋਂ ਮੰਗ ਕਰਨਾ ਹੈ ਕਿ ਗੌਮਾਤਾ ਦੀ ਸੇਵਾ, ਸਨਮਾਨ ਤੇ ਸੁਰੱਖਿਆ ਲਈ ਇਕ ਸਖ਼ਤ ਰਾਸ਼ਟਰੀ ਕਾਨੂੰਨ ਬਣਾਇਆ ਜਾਵੇ। ਇਸ ਮੌਕੇ ਗੋਲਡੀ ਕੁਮਾਰ, ਗਗਨਦੀਪ ਸ਼ਰਮਾ, ਰਾਜ ਕੁਮਾਰ ਬਾਂਸਲ, ਨਰੇਸ਼ ਕੁਮਾਰ ਰਿੰਪੀ, ਅਸ਼ੋਕ ਜਿੰਦਲ, ਕਾਕਾ ਡਾਕਟਰ, ਪੁਨੀਤ ਮਿੱਤਲ, ਨਰਿੰਦਰ ਕੁਮਾਰ, ਮਨਿੰਦਰ ਕੁਮਾਰ ਹਾਜ਼ਰ ਸਨ।

# ਲਛਮਣ ਦਾਸ ਸਚਦੇਵਾ ਭਾਜਪਾ ਦੇ ਮੰਡਲ ਪ੍ਰਧਾਨ ਨਿਯੁਕਤ

ਭਵਾਨੀਗੜ੍ਹ, 27 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਦਾ ਕਾਫ਼ਲਾ ਦਿਨੋਂ-ਦਿਨ ਵਧ ਰਿਹਾ ਹੈ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਡਬਲ ਇੰਜਣ ਸਰਕਾਰ ਬਣਾਕੇ ਸੂਬੇ ਦਾ ਵੱਡੇ ਪੱਧਰ 'ਤੇ ਵਿਕਾਸ ਕੀਤਾ ਜਾਵੇਗਾ। ਇਹ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਨੇ ਨਵ ਨਿਯੁਕਤ ਮੰਡਲ ਪ੍ਰਧਾਨ ਲਛਮਣ ਦਾਸ ਸੱਚਦੇਵਾ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਕਰਵਾਏ ਸਮਾਗਮ ਦੌਰਾਨ ਕੀਤਾ। ਸਰਜੀਵਨ ਜਿੰਦਲ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਭਾਜਪਾ ਨੂੰ ਮਜ਼ਬੂਤ ਕਰਕੇ 2027 ਵਿੱਚ ਜਿਤਾਇਆ ਜਾਵੇ ਤਾਂ ਜੋ ਸੂਬੇ ਵਿੱਚ ਵਿਕਾਸ ਦੀ ਨਵੀਂ ਲਹਿਰ ਲਿਆਈ ਜਾ ਸਕੇ। ਉਨ੍ਹਾਂ ਪਾਰਟੀ ਆਗੂਆਂ ਨੂੰ ਲੋਕਾਂ ਦੇ ਦੁੱਖ-ਸੁੱਖ ਵਿੱਚ ਸਾਂਝ ਪਾਉਂਦਿਆਂ ਜ਼ਮੀਨੀ ਪੱਧਰ 'ਤੇ ਕੰਮ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਲਛਮਣ ਦਾਸ ਸੱਚਦੇਵਾ ਨੂੰ ਸਨਮਾਨਿਤ ਕਰਦੇ ਹੋਏ ਨਿਯੁਕਤੀ ਪੱਤਰ ਭੇਟ ਕੀਤਾ ਗਿਆ। ਸਮਾਗਮ ਦੌਰਾਨ ਜਤਿੰਦਰ ਕਾਲੜਾ, ਵਾਸਦੇਵ ਅਚਾਰੀਆ, ਅਮਨਦੀਪ ਸਿੰਘ ਪੂਨੀਆ, ਗੁਰਤੇਜ ਸਿੰਘ ਝਨੇੜੀ, ਕਰਨ ਲਹਿਲ, ਗਮੀ ਕਲਿਆਣ ਅਤੇ ਪਰਮਜੀਤ ਸ਼ਰਮਾ (ਮੰਡਲ ਪ੍ਰਧਾਨ ਘਰਾਚੋਂ) ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।

ਇਸ ਤੋਂ ਇਲਾਵਾ ਰਾਜਿੰਦਰ ਭੂਸ਼ਨ ਸ਼ਾਸਤਰੀ ਅਤੇ ਪੁਸ਼ਪਾ ਸ਼ਾਸਤਰੀ ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਰਾਜਿੰਦਰ ਸੱਚਦੇਵਾ, ਪ੍ਰੋਸ਼ਤਮ ਕਾਂਸਲ, ਵਿਨੋਦ ਹੈਪੀ, ਸੁਰਿੰਦਰ ਕੁਮਾਰ, ਰਮੇਸ਼ ਸਿੰਗਲਾ, ਸ਼ਾਮ ਸੱਚਦੇਵਾ, ਰਾਮ ਸੱਚਦੇਵਾ, ਪਵਨ ਕੁਮਾਰ ਸ਼ਰਮਾ, ਹਰਿੰਦਰ ਸ਼ਰਮਾ ਨੀਟਾ ਤੇ ਨਰਿੰਦਰ ਸ਼ਰਮਾ ਸਮੇਤ ਹੋਰ ਆਗੂ ਹਾਜ਼ਰ ਸਨ।



# ਕਲੇਰ ਸਕੂਲ 'ਚ ਲੜਕੀਆਂ ਦੇ ਇੰਟਰ ਹਾਊਸ ਖੇਡ ਮੁਕਾਬਲੇ ਕਰਵਾਏ

ਭਗਤਾ ਭਾਈ ਕਾ/ਸਮਾਧ ਭਾਈ, 27 ਅਪ੍ਰੈਲ (ਸਵਰਨ ਸਿੰਘ ਭਗਤਾ): ਮਾਤਾ ਬਲਜਿੰਦਰ ਕੌਰ ਮੈਮੋਰੀਅਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਵਿਖੇ ਸੈਸ਼ਨ 2026-27 ਦੇ ਇੰਟਰ ਹਾਊਸ ਖੇਡ ਮੁਕਾਬਲੇ ਸ਼ੁਰੂ ਹੋਏ। ਅੰਡਰ 14, 17,19 ਕੁੜੀਆਂ ਵਿਚਕਾਰ 20 ਤੋਂ 25 ਅਪ੍ਰੈਲ ਤੱਕ ਹੈਂਡਬਾਲ ਮੈਚ ਕਰਾਏ ਗਏ। ਇਹ ਮੈਚ ਹਾਊਸ ਕੋਆਰਡੀਨੇਟਰ ਕਰਮਜੀਤ ਕੌਰ ਦੀ ਅਗਵਾਈ ਹੇਠ ਸ਼ੁਰੂ ਕੀਤੇ ਗਏ ,ਜਿਸ ਵਿੱਚ ਅੰਡਰ 14 ਦਾ ਸੈਮੀਫਾਈਨਲ ਹੈਂਡਬਾਲ ਮੈਚ ਹਿਮਾਲਿਆ ਹਾਊਸ ਤੇ ਸ਼ਿਵਾਲਿਕ ਹਾਊਸ ਵਿਚਕਾਰ ਹੋਇਆ ਤੇ ਫਾਈਨਲ ਮੈਚ ਸਤਲੁਜ ਹਾਊਸ ਤੇ ਮਾਲਵਾ ਹਾਊਸ ਵਿਚਕਾਰ ਹੋਇਆ, ਜਿਸ ਵਿੱਚ ਸਤਲੁਜ ਹਾਊਸ ਨੇ ਪਹਿਲਾ ਸਥਾਨ, ਮਾਲਵਾ ਹਾਊਸ ਨੇ ਦੂਜਾ ਸਥਾਨ ਤੇ ਤੀਜਾ ਸਥਾਨ ਸ਼ਿਵਾਲਿਕ ਹਾਊਸ ਨੇ ਪ੍ਰਾਪਤ ਕੀਤਾ। ਅੰਡਰ 17 ਦਾ ਕੁੜੀਆਂ ਦਾ ਹੈਂਡਬਾਲ ਮੈਚ ਸ਼ਿਵਾਲਿਕ ਹਾਊਸ ਤੇ ਮਾਲਵਾ ਹਾਊਸ ਵਿਚਕਾਰ ਹੋਇਆ ਤੇ ਫਾਈਨਲ ਮੈਚ ਸਤਲੁਜ ਹਾਊਸ ਤੇ ਹਿਮਾਲਿਆ ਹਾਊਸ ਵਿਚਕਾਰ ਹੋਇਆ। ਜਿਸ ਵਿੱਚ ਹਿਮਾਲਿਆ ਹਾਊਸ ਨੇ ਪਹਿਲਾ ਸਥਾਨ, ਸਤਲੁਜ ਹਾਊਸ ਨੇ ਦੂਜਾ ਤੇ ਮਾਲਵਾ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ 19 ਦਾ ਕੁੜੀਆਂ ਦਾ ਹੈਂਡਬਾਲ ਸੈਮੀਫਾਈਨਲ ਮੈਚ ਸਤਲੁਜ ਹਾਊਸ ਤੇ ਸ਼ਿਵਾਲਿਕ ਹਾਊਸ ਵਿਚਕਾਰ ਹੋਇਆ ਤੇ ਫਾਈਨਲ ਮੈਚ ਹਿਮਾਲਿਆ ਹਾਊਸ ਤੇ ਮਾਲਵਾ ਹਾਊਸ ਵਿਚਕਾਰ ਹੋਇਆ ,ਜਿਸ ਵਿੱਚ ਮਾਲਵਾ ਹਾਊਸ ਪਹਿਲੇ ਸਥਾਨ ਤੇ ਰਿਹਾ, ਦੂਜਾ ਸਥਾਨ ਹਿਮਾਲਿਆ ਹਾਊਸ ਤੇ ਤੀਜਾ ਸਥਾਨ ਸਤਲੁਜ ਹਾਊਸ ਨੇ ਪ੍ਰਾਪਤ ਕੀਤਾ ।ਇਹਨਾਂ ਮੈਚਾਂ ਵਿੱਚ ਕੁੜੀਆਂ ਦਾ ਬਹੁਤ ਸ਼ਾਨਦਾਰ ਪ੍ਰਦਰਸ਼ਨ ਰਿਹਾ ਤੇ ਉਹਨਾਂ ਨੇ ਪੂਰੇ ਜੋਸ਼ ਨਾਲ ਇਹ ਮੈਚ ਖੇਡੇ ਤੇ ਜਿੱਤ ਪ੍ਰਾਪਤ ਕੀਤੀ। ਇਹਨਾ ਮੈਚਾਂ ਦੌਰਾਨ ਹਾਊਸ ਇੰਚਾਰਜ ਮੈਦਾਨ ਵਿੱਚ ਹਾਜ਼ਰ ਰਹੇ।

ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਕੋਹਿਨੂਰ ਸਿੱਧੂ ਨੇ ਇਹਨਾਂ ਬੱਚੀਆਂ ਨੂੰ ਖੇਡਾਂ ਲਈ ਉਤਸ਼ਾਹਿਤ ਕਰਦਿਆਂ ਕਿਹਾ ਕਿ ਤੁਸੀਂ ਮੈਦਾਨ ਵਿੱਚ ਖੜੀਆਂ ਹੋ, ਇਹ ਸਿਰਫ ਖੇਡ ਨਹੀਂ ਤੁਹਾਡੀ ਹਿੰਮਤ ਮਿਹਨਤ ਤੇ ਜਜ਼ਬੇ ਦੀ ਪਰਖ ਹੈ ,ਜਿੱਤ ਹੋਵੇ ਜਾਂ ਹਾਰ ਅਸਲ ਗੱਲ ਇਹ ਹੈ ਕਿ ਤੁਸੀਂ ਹੌਂਸਲੇ ਨਾਲ ਖੇਡੋ ਤੇ ਆਪਣਾ ਬੈਸਟ ਦਿਓ। ਇਸ ਮੌਕੇ ਤੇ ਉਹਨਾਂ ਕਿਹਾ ਕਿ ਖੇਡਾਂ ਸਾਨੂੰ ਤੰਦਰੁਸਤੀ ਦਿੰਦੀਆਂ ਹਨ ,ਇਹ ਸਾਨੂੰ ਅਨੁਸ਼ਾਸਨ ਟੀਮ ਵਰਕ ਵੀ ਸਿਖਾਉਂਦੀਆਂ ਹਨ। ਗਰਾਊਂਡ ਵਿੱਚ ਉੱਤਰਦੇ ਸਮੇਂ ਡਰ ਨੂੰ ਪਿੱਛੇ ਛੱਡੋ ਤੇ ਆਪਣੇ ਆਪ ਤੇ ਵਿਸ਼ਵਾਸ ਰੱਖੋ, ਇੱਕ ਦੂਜੇ ਦਾ ਸਾਥ ਦਿਓ, ਇਮਾਨਦਾਰੀ ਨਾਲ ਖੇਡੋ । ਜਿੱਤ ਤੁਹਾਡੀ ਮਿਹਨਤ ਨੂੰ ਮਿਲਣ ਵਾਲਾ ਇਨਾਮ ਹੈ, ਪਰ ਸੱਚੀ ਜਿੱਤ ਤੁਹਾਡੀ ਕੋਸ਼ਿਸ਼ ਵਿੱਚ ਹੈ ।ਅੰਤ ਵਿੱਚ ਉਹਨਾਂ ਕਿਹਾ ਕਿ ਮੈਨੂੰ ਮਾਣ ਹੈ ਤੁਹਾਡੇ ਤੇ, ਅੱਗੇ ਵਧੋ ਚਮਕੋ ਤੇ ਦਿਖਾਓ ਕਿ ਪੰਜਾਬ ਦੀਆਂ ਧੀਆਂ ਕਿਸੇ ਤੋਂ ਘੱਟ ਨਹੀਂ।

ਇਸ ਮੌਕੇ ਤੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ, ਚੇਅਰਪਰਸਨ ਰਣਧੀਰ ਕੌਰ, ਪ੍ਰਿੰਸੀਪਲ ਸ਼ਸ਼ੀਕਾਂਤ, ਸੀਨੀਅਰ ਕੋਆਰਡੀਨੇਟਰ ਰੰਜੀਵ ਸ਼ਰਮਾ, ਐਗਜ਼ਾਮੀਨੇਸ਼ਨ ਇੰਚਾਰਜ ਦਮਨਜੋਤ ਕੌਰ ਬਰਾੜ, ਜੂਨੀਅਰ ਕੋਆਰਡੀਨੇਟਰ ਰੁਪਿੰਦਰ ਕੌਰ, ਪ੍ਰਾਇਮਰੀ ਕੋਆਰਡੀਨੇਟਰ ਪੁਸ਼ਪ ਕਲਾ ਰੇਬੀਸ਼ ਹਾਊਸ ਕੋਆਰਡੀਨੇਟਰ ਕਰਮਜੀਤ ਕੌਰ, ਸਪੋਰਟਸ ਕੋਆਡੀਨੇਟਰ ਸੰਦੀਪ ਕੌਰ, ਆਈਟੀ ਕੋਆਰਡੀਨੇਟਰ ਗੁਰਵਿੰਦਰ ਸਿੰਘ ਤੇ ਸਕੂਲ ਦੇ ਕੋਚ ਹਾਜ਼ਰ ਰਹੇ। ਸਕੂਲ ਵੱਲੋਂ ਇਹਨਾਂ ਬੱਚੀਆਂ ਨੂੰ ਸਰਟੀਫਿਕੇਟ ਦੇਖ ਕੇ ਸਨਮਾਨਿਤ ਵੀ ਕੀਤਾ ਗਿਆ। ਹਾਊਸ ਇੰਚਾਰਜ ਮਿਸਟਰ ਸੰਜੀਵ ਰਾਏ ਸ਼ਰਮਾ, ਵੀਰਦਵਿੰਦਰ ਕੌਰ ਜਸਮੀਤ ਕੌਰ ਤੇ ਨਵਪ੍ਰੀਤ ਕੌਰ ਤੇ ਖਿਡਾਰਨਾਂ ਨੂੰ ਵਧਾਈ ਦਿੱਤੀ ਤੇ ਉਹਨਾਂ ਦਾ ਹੌਸਲਾ ਅਫ਼ਜ਼ਾਈ ਕੀਤੀ।

# ਮਲੇਰੀਆ ਦਿਵਸ ਮਨਾਇਆ



ਖਨੌਰੀ, 27 ਅਪ੍ਰੈਲ (ਓਮਪ੍ਰਕਾਸ ਮੁਆਲ): ਸਿਵਲ ਸਰਜਨ ਸੰਗਰੂਰ ਡਾ. ਅਮਰਜੀਤ ਕੌਰ ਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਖਲੀਨ ਕੌਰ ਦੇ ਹੁਕਮਾਂ ਅਨੁਸਾਰ ਅਤੇ ਸੀਨੀਅਰ ਇੰਸਪੈਕਟਰ ਸੁਖਦੇਵ ਸਿੰਘ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ 25 ਅਪ੍ਰੈਲ ਨੂੰ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾਂਦਾ ਹੈ । ਜਿਸ ਤਹਿਤ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਖਨੌਰੀ ਮੰਡੀ ਵਿੱਚ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਜਿਹੜਾ ਮਲੇਰੀਆ ਮੱਛਰ ਦਾ ਲਾਰਵਾ ਸ਼ੁੱਧ ਸਾਫ ਪਾਣੀ ਵਿੱਚ ਫੈਲਦਾ ਹੈ। ਜਿਸ ਕਾਰਨ ਆਪਣੇ ਘਰਾਂ ਵਿੱਚ ਰੱਖੇ ਕੂੱਲਰ, ਫਰਿਜ਼ ਦੀ ਟਰੇ, ਗਮਲੇ, ਬਰਤਨ, ਟਾਇਰ ਆਦਿ ਨੂੰ ਹਫਤੇ ਵਿੱਚ ਇੱਕ ਵਾਰ ਖਾਲੀ ਕਰ ਕੇ ਸੁੱਕਾ ਦਿਉ ਤਾਂ ਜ਼ੋ ਮੱਛਰ ਦਾ ਲਾਰਵਾ ਪੈਦਾ ਨਾ ਹੋ ਸਕੇ। ਇਸ ਮੌਕੇ ਸੰਜੀਵ ਕੁਮਾਰ ਸੀਨੀਅਰ ਇੰਸਪੈਕਟਰ ਨਾਲ ਹੈਲਥ ਵਿਭਾਗ ਦੇ ਅਧਿਕਾਰੀ ਮਨਜੀਤ ਚੀਮਾ, ਸ਼ਮਸ਼ੇਰ ਸਿੰਘ ਜਗਸੀਰ ਸਿੰਘ, ਧਰਮਪਾਲ, ਸਤਪਾਲ, ਮਨੀ ਰਾਮ ਨੇ ਸਬੰਧਤ ਵਾਰਡਾਂ ਵਿੱਚ ਸਰਵੇ ਦੌਰਾਨ ਲੋਕਾਂ ਨੂੰ ਮਲੇਰੀਆ ਡੇਂਗੂ ਚਿਕਨਗੂਨਿਆ ਸਬੰਧੀ ਜਾਗਰੂਕ ਕੀਤਾ ਗਿਆ।

# ਲੋਕਾਂ ਤੱਕ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਪਹੁੰਚਾਉਣ ਵਿੱਚ ਆਸ਼ਾ ਵਰਕਰਾਂ ਦੀ ਮਹੱਤਵਪੂਰਨ ਭੂਮਿਕਾ : ਡਾ. ਔਂਜਲਾ

ਧਨੌਲਾ, 27 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਦੇ ਹੁਕਮਾਂ ਅਨੁਸਾਰ ਸੀ.ਐੱਚ.ਸੀ ਧਨੌਲਾ ਵਿਖੇ ਸਭ ਤੋਂ ਵੱਧ ਇਨਸੈਂਟਿਵ ਪ੍ਰਾਪਤ ਕਰਨ ਵਾਲੀਆਂ ਤਿੰਨ ਆਸ਼ਾ ਫੈਸਿਲੀਟੇਟਰ ਅਤੇ ਆਸ਼ਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਆਸ਼ਾ ਦਿਵਸ ਮੌਕੇ ਬਲਾਕ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਂਜਲਾ ਨੇ ਕਿਹਾ ਕਿ ਆਸ਼ਾ ਵਰਕਰਾਂ ਦੀ ਮਿਹਨਤ ਅਤੇ ਯੋਗਦਾਨ ਨੂੰ ਸਨਮਾਨ ਦੇਣ ਲਈ ਅੱਜ ਸੀ.ਐੱਚ.ਸੀ ਵਿਖੇ ਬੇਸ਼ਕ ਪਹਿਲੀ ਵਾਰ ਆਸ਼ਾ ਦਿਵਸ ਮਨਾਇਆ ਗਿਆ ਪਰ ਇਹ ਸਿਲਸਿਲਾ ਭਵਿੱਖ ਵਿਚ ਵੀ ਜਾਰੀ ਰਹੇਗਾ। ਉਹਨਾਂ ਕਿਹਾ ਕਿ ਦੂਰ ਦਰਾਜ਼ ਦੇ ਇਲਾਕਿਆਂ ਵਿਚ ਜਾ ਕੇ ਲੋਕਾਂ ਦੀ ਸਹਾਇਤਾ ਕਰਨ ਲਈ ਆਸ਼ਾ ਨੂੰ ਕਈ ਵਾਰ ਸਾਧਨਾਂ ਦੀ ਘਾਟ ਅਤੇ ਹੋਰ ਮੁਸ਼ਕਿਲਾਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ ਪਰ ਉਹ ਪੂਰੇ ਸੇਵਾ ਭਾਵ ਨਾਲ ਆਪਣੀ ਜ਼ਿੰਮੇਵਾਰੀ




ਨਿਭਾਉਂਦੀਆਂ ਹਨ। ਇਸ ਲਈ ਉਹਨਾਂ ਦੇ ਕੰਮ ਨੂੰ ਨੌਕਰੀ ਦੀ ਥਾਂ ਸੇਵਾ ਕਹਿਣਾ ਗ਼ਲਤ ਨਹੀਂ।

ਇਸ ਮੌਕੇ ਡਾ. ਔਂਜਲਾ ਨੇ ਸਭ ਤੋਂ ਵੱਧ ਇਨਸੈਂਟਿਵ ਕਮਾਉਣ ਵਾਲੀਆਂ ਆਸ਼ਾ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਉਹਨਾਂ ਆਪਣੇ ਕੰਮ ਰਾਹੀਂ ਲੋਕਾਂ ਨੂੰ ਸਿਹਤ ਸੇਵਾਵਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਅਤੇ ਇਹ ਸਨਮਾਨ ਉਹਨਾਂ ਦੀ ਮਿਹਨਤ ਹੀ ਨਹੀਂ ਸਗੋਂ ਉਹਨਾਂ ਦੇ ਜਜ਼ਬੇ ਅਤੇ ਸਮਰਪਣ ਦਾ ਪ੍ਰਤੀਕ ਹੈ। ਬੀ.ਐੱਸ.ਏ ਵਿਸ਼ਵਜੀਤ ਗਰਗ ਨੇ ਦੱਸਿਆ ਕਿ ਸਨਮਾਨ ਪ੍ਰਾਪਤ ਕਰਨ ਵਾਲੀਆਂ ਆਸ਼ਾ ਫੈਸਿਲੀਟੇਟਰ ਵਿਚ ਪਵਨਪ੍ਰੀਤ ਕੌਰ, ਅਮਨਦੀਪ ਕੌਰ ਅਤੇ ਸਿਮਰਜੀਤ ਕੌਰ, ਆਸ਼ਾ ਚਰਨਜੀਤ ਕੌਰ, ਕਰਮਜੀਤ ਕੌਰ ਅਤੇ ਸਿਮਰਜੀਤ ਕੌਰ ਦਾ ਨਾਂ ਸ਼ਾਮਲ ਹੈ। ਇਸ ਮੌਕੇ ਜਿੱਥੇ ਆਸ਼ਾ ਫਸਿਲੀਟੇਟਰ ਪਵਨਪ੍ਰੀਤ ਕੌਰ ਨੇ ਆਪਣਾ ਅਨੁਭਵ ਸਾਂਝਾ ਕੀਤਾ, ਉੱਥੇ ਹੀ ਕੋਠੇ ਰਾਮਸਰ ਦੀ ਆਸ਼ਾ ਹਰਪ੍ਰੀਤ ਕੌਰ ਨੇ ਆਪਣਾ ਲਿੱਖਿਆ ਗੀਤ ਗਾ ਕੇ ਸਮਾਗਮ ਵਿਚ ਚਾਰ ਚੰਨ ਲਾਏ। ਇਸ ਮੌਕੇ ਬੀ.ਈ.ਈ ਰਤਿਕਾ ਓਬਰਾਏ, ਐੱਸ.ਆਈ ਹਰਜਿੰਦਰ ਸਿੰਘ, ਹੈਲਥ ਵਰਕਰ ਕੁਲਦੀਪ ਸਿੰਘ ਵਿਰਕ ਅਤੇ ਲਖਵਿੰਦਰ ਸਿੰਘ, ਆਸ਼ਾ ਫਸਿਲੀਟੇਟਰ ਜਸਵਿੰਦਰ ਕੌਰ, ਅਮਨਪ੍ਰੀਤ ਕੌਰ, ਪਰਮਜੀਤ ਕੌਰ,ਹਰਪਾਲ ਕੌਰ ਅਤੇ ਮਨਜੀਤ ਕੌਰ ਤੋਂ ਇਲਾਵਾ ਬਲਾਕ ਦੀਆਂ ਸਾਰੀਆਂ ਆਸ਼ਾ ਹਾਜ਼ਰ ਸਨ।

## ਆਸ਼ਾ ਸਾਡੀਆਂ ਸਿਹਤ ਸੇਵਾਵਾਂ ਦਾ ਮਜ਼ਬੂਤ ਆਧਾਰ : ਡਾ. ਸਿੱਧੂ



ਬਰਨਾਲਾ, 27 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਦੀ ਅਗਵਾਈ ਵਿੱਚ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਇੱਕ ਬਹੁਤ ਹੀ ਸ਼ਲਾਘਾਯੋਗ ਕਦਮ ਚੁੱਕਦਿਆਂ ਪੰਜਾਬ ਭਰ ਵਿੱਚ ਮਿਤੀ 27 ਅਪ੍ਰੈਲ ਨੂੰ ਆਸ਼ਾ ਦਿਵਸ ਮਨਾਉਣ ਦਾ ਉਪਰਾਲਾ ਕੀਤਾ ਗਿਆ ਹੈ । ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਾ. ਹਰੀਪਾਲ ਸਿੱਧੂ ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਸਿਹਤ ਵਿਭਾਗ ਬਰਨਾਲਾ ਵੱਲੋਂ ਪ੍ਰਾਪਤ ਹੁਕਮਾਂ ਤਹਿਤ ਦਫ਼ਤਰ ਸਿਵਲ ਸਰਜਨ ਬਰਨਾਲਾ ਦੇ ਟ੍ਰੇਨਿੰਗ ਅਨੈਕਸੀ ਹਾਲ ਵਿੱਚ ਇਸ ਵਿਸ਼ੇ 'ਤੇ ਸੈਮੀਨਾਰ ਆਸ਼ਾ ਦੇ ਸਨਮਾਨ ਵਿੱਚ ਕੀਤਾ ਗਿਆ। ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਆਸ਼ਾ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਿਹਤ ਸਮਾਜਿਕ ਕਾਰਜਕਰਤਾ ਹੈ, ਜੋ ਬਹੁਤ ਮਿਹਨਤ ਨਾਲ ਸਰਕਾਰ ਦੀਆਂ ਸਿਹਤ ਸੰਭਾਲ ਸਕੀਮਾਂ ਨੂੰ ਮਜ਼ਬੂਤ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ ਅਤੇ ਅਕਸਰ ਚੁਣੌਤੀਪੂਰਨ ਹਾਲਾਤਾਂ ਵਿੱਚ ਅਣਥੱਕ ਮਿਹਨਤ ਵੀ ਕਰਦੀ ਹੈ । ਡਾ. ਪ੍ਰਵੇਸ਼ ਕੁਮਾਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਨੇ ਦੱਸਿਆ ਕਿ ਸਰਕਾਰ ਵੱਲੋਂ ਮਿਤੀ 27 ਅਪ੍ਰੈਲ ਨੂੰ ਆਸ਼ਾ ਦਿਵਸ ਮਨਾਉਣ ਦਾ ਕਾਰਜ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ਜਿਸ ਨਾਲ ਸਾਡੀਆਂ ਮਿਹਨਤੀ ਆਸ਼ਾ ਦੇ ਮਾਨ ਸਨਮਾਨ ਅਤੇ ਕੰਮ ਕਰਨ ਵਿੱਚ ਹੋਰ ਹੌਂਸਲਾ ਅਫ਼ਜ਼ਾਈ ਮਿਲਦੀ ਹੈ। ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਹਰਜੀਤ ਸਿੰਘ ਜ਼ਿਲ੍ਹਾ ਬੀ.ਸੀ.ਸੀ. ਕੋਆਰਡੀਨੇਟਰ ਅਤੇ ਬਲਜਿੰਦਰ ਸਿੰਘ ਕਮਿਊਨਿਟੀ ਮੋਬਲਾਇਜਰ ਨੇ ਦੱਸਿਆ ਕਿ ਆਸ਼ਾ ਵਰਕਰ ਮਾਂਵਾਂ ਤੇ ਬੱਚਿਆਂ ਦੀ ਸਿਹਤ ਸੰਭਾਲ, ਟੀਕਾਕਰਨ, ਬਿਮਾਰੀਆਂ ਦੀ ਰੋਕਥਾਮ ਤੇ ਸੰਭਾਲ ਸਬੰਧੀ ਜਾਗਰੂਕਤਾ, ਸਮਾਜ ਨੂੰ ਸਿਹਤਮੰਦ ਤੇ ਸੁਰੱਖਿਅਤ ਬਣਾਉਣ ਵਿੱਚ ਬਹੁਤ ਅਹਿਮ ਰੋਲ ਅਦਾ ਕਰਦੀਆਂ ਹਨ। ਸੈਮੀਨਾਰ ਦੇ ਅੰਤ ਵਿੱਚ ਬੇਹਤਰੀਨ ਸੇਵਾਵਾਂ ਦੇਣ ਵਾਲੀਆਂ ਤਿੰਨ ਆਸ਼ਾ ਵਰਕਰ ਦਾ ਸਨਮਾਨ ਉਚੇਚੇ ਤੌਰ 'ਤੇ ਕੀਤਾ ਗਿਆ।

# ਪੀ.ਆਰ.ਟੀ.ਸੀ. ਬਰਨਾਲਾ ਡਿੱਪੂ ਦੇ ਪ੍ਰਬੰਧਕੀ ਬਲਾਕ ਦਾ ਜਲਦ ਹੋਵੇਗਾ ਨਵੀਨੀਕਰਨ : ਚੇਅਰਮੈਨ ਹਰਪਾਲ ਜੁਨੇਜਾ

ਬਰਨਾਲਾ, 27 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਅੱਜ ਬਰਨਾਲਾ ਡਿਪੂ ਦੀ ਵਰਕਸ਼ਾਪ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਜਿੱਥੇ ਡਿਪੂ ਦੀ ਸਮੁੱਚੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ, ਉੱਥੇ ਹੀ ਪ੍ਰਬੰਧਕੀ ਬਲਾਕ ਦੀ ਪੁਰਾਣੀ ਇਮਾਰਤ ਦੀ ਹਾਲਤ ਦੇਖਦਿਆਂ ਇਸ ਦੇ ਤੁਰੰਤ ਨਵੀਨੀਕਰਨ ਦੇ ਆਦੇਸ਼ ਵੀ ਜਾਰੀ ਕੀਤੇ। ਚੈਕਿੰਗ ਦੌਰਾਨ ਚੇਅਰਮੈਨ ਜੁਨੇਜਾ ਨੇ ਨਵੀਆਂ ਬੱਸਾਂ ਦੇ ਆਉਣ ਨਾਲ ਸ਼ੁਰੂ ਹੋਏ ਨਵੇਂ ਰੂਟਾਂ, ਰੋਜ਼ਾਨਾ ਦੀ ਮਾਲੀ ਆਮਦਨ, ਬੱਸਾਂ ਦੀ ਤੇਲ ਔਸਤ ਅਤੇ ਵਰਕਸ਼ਾਪ ਵਿੱਚ ਮੁਰੰਮਤ ਲਈ ਖੜ੍ਹੀਆਂ ਬੱਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਵਰਕਸ਼ਾਪ ਦੇ ਪ੍ਰਬੰਧਕੀ ਬਲਾਕ ਵਿੱਚ ਸਾਫ਼-ਸਫ਼ਾਈ ਅਤੇ ਵਾਸ਼ਰੂਮਾਂ ਦੀ ਮਾੜੀ ਹਾਲਤ ਦਾ ਗੰਭੀਰ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਵਾਸ਼ਰੂਮਾਂ ਦੀ ਰਿਪੇਅਰ ਕਰਵਾਉਣ ਅਤੇ ਇੰਟਰਲਾਕਿੰਗ ਟਾਈਲਾਂ ਲਗਾਉਣ ਦੀ ਪ੍ਰਕਿਰਿਆ ਤੁਰੰਤ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ



ਹਰਪਾਲ ਜੁਨੇਜਾ ਨੇ ਕਿਹਾ, ÷ਯਾਤਰੀਆਂ ਨੂੰ ਸੁਵਿਧਾਜਨਕ, ਸੁਰੱਖਿਅਤ ਅਤੇ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨਾ ਸਾਡੀ ਮੁੱਖ ਪ੍ਰਾਥਮਿਕਤਾ ਹੈ।÷ ਉਨ੍ਹਾਂ ਸਟਾਫ਼ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਪ੍ਰਾਪਤ ਲਿਖਤੀ ਜਾਂ ਜ਼ੁਬਾਨੀ ਸ਼ਿਕਾਇਤਾਂ ਦਾ ਤੁਰੰਤ ਹੱਲ ਕੀਤਾ ਜਾਵੇ। ਬੱਸਾਂ ਦੀ ਮੁਰੰਮਤ ਅਤੇ ਸਫ਼ਾਈ ਵਿੱਚ ਕੋਈ ਵੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਚੈਕਿੰਗ ਦੌਰਾਨ ਚੇਅਰਮੈਨ ਨੇ ਵੱਖ-ਵੱਖ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਮੰਗਾਂ 'ਤੇ ਮੁਸ਼ਕਲਾਂ ਨੂੰ ਬਹੁਤ ਧਿਆਨ ਨਾਲ ਸੁਣਿਆ। ਉਨ੍ਹਾਂ ਭਰੋਸਾ ਦਿੱਤਾ ਕਿ ਪੀ.ਆਰ.ਟੀ.ਸੀ. ਦੇ ਕੰਮਕਾਜ ਵਿੱਚ ਸੁਧਾਰ ਲਿਆਉਣ ਲਈ ਅਜਿਹੀਆਂ ਅਚਨਚੇਤ ਚੈਕਿੰਗਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ। ਇਸ ਮੌਕੇ ਜਨਰਲ ਮੈਨੇਜਰ ਪਟਿਆਲਾ ਜਤਿੰਦਰਪਾਲ ਗਰੇਵਾਲ, ਜਨਰਲ ਮੈਨੇਜਰ ਸੰਗਰੂਰ ਮਨਿੰਦਰਪਾਲ ਸਿੰਘ ਸਿੱਧੂ, ਜਨਰਲ ਮੈਨੇਜਰ ਬਰਨਾਲਾ ਰਮਨ ਸ਼ਰਮਾ ਅਤੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ।

# ਸ੍ਰੀ ਗਿਰੀਰਾਜ ਸੇਵਾ ਸਦਨ ਵੱਲੋਂ ਦੂਜੀ ਧਰਮਸ਼ਾਲਾ ਦੀ ਉਸਾਰੀ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ



ਬਰਨਾਲਾ, 27 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ): ਧਾਰਮਿਕ ਅਤੇ ਸਮਾਜਿਕ ਸੇਵਾ ਦੇ ਖੇਤਰ ਵਿੱਚ ਮੋਹਰੀ ਸੰਸਥਾ, ਸ਼੍ਰੀ ਗਿਰੀਰਾਜ ਸੇਵਾ ਸਦਨ (ਰਜਿ:) ਬਰਨਾਲਾ ਵੱਲੋਂ ਸ਼੍ਰੀਧਾਮ ਵਰਿੰਦਾਵਨ ਦੀ ਪਵਿੱਤਰ ਧਰਤੀ, ਓਮੈਕਸ ਸਿਟੀ ਵਿੱਚ ਲਗਭਗ 2,850 ਵਰਗ ਗਜ਼ ਦੇ ਖੇਤਰ ਵਿੱਚ ਆਪਣੀ ਦੂਜੀ ਵਿਸ਼ਾਲ ਧਰਮਸ਼ਾਲਾ ਦਾ ਨੀਂਹ ਪੱਥਰ ਰੱਖਣ ਉਪਰੰਤ ਉਸਾਰੀ ਦਾ ਕੰਮ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤਾ ਹੈ, ਜਿਸ ਵਿੱਚ ਲਗਭਗ 50 ਵਿਸ਼ਾਲ, ਸਾਫ਼ ਅਤੇ ਏਅਰ-ਕੰਡੀਸ਼ਨਡ ਕਮਰੇ ਹਨ। ਇਹ ਪ੍ਰੋਜੈਕਟ ਨਾ ਸਿਰਫ਼ ਬਰਨਾਲਾ ਸ਼ਹਿਰ ਲਈ ਸਗੋਂ ਪੂਰੇ ਖੇਤਰ ਲਈ ਮਾਣ ਵਾਲੀ ਗੱਲ ਹੈ। ਇਸਨੂੰ ਬਰਨਾਲਾ ਦੇ ਇਤਿਹਾਸ ਵਿੱਚ ਇੱਕ ਬਹੁਤ ਹੀ ਨੇਕ ਅਤੇ ਵਿਲੱਖਣ ਸੇਵਾ ਮੰਨਿਆ ਜਾ ਰਿਹਾ ਹੈ। ਸ਼ਾਨਦਾਰ ਨੀਂਹ ਪੱਥਰ ਸਮਾਗਮ ਅਤੇ ਨੀਂਹ ਪੱਥਰ ਰੱਖਣ ਦੀ ਰਸਮ ਝੰਡਾ ਲਹਿਰਾਉਣ ਦੀ ਰਸਮ: ਦੀਪਕ ਬਾਂਸਲ ਸੋਨੀ (ਐਮ.ਡੀ., ਮੈਸਰਜ਼ ਬਰਨਾਲਾ ਬਿਲਡਰਜ਼ ਐਂਡ ਡਿਵੈਲਪਰਜ਼ ਪ੍ਰਾਈਵੇਟ ਲਿਮਟਿਡ), ਨਾਰੀਅਲ ਪੂਜਾ ਐਡਵੋਕੇਟ ਅਸ਼ੋਕ ਬਾਂਸਲ (ਪ੍ਰਧਾਨ, ਜ਼ਿਲ੍ਹਾ ਇਨਕਮ ਟੈਕਸ ਬਾਰ ਐਸੋਸੀਏਸ਼ਨ, ਸੰਗਰੂਰ), ਭੂਮੀ ਪੂਜਨ ਸਮਾਰੋਹ, ਵਿਜੇ ਜਿੰਦਲ (ਐਮ.ਡੀ., ਐਸ.ਵੀ.ਪੀ. ਇੰਡੀਆ ਲਿਮਟਿਡ, ਗਾਜ਼ੀਆਬਾਦ), ਨੀਂਹ ਪੱਥਰ ਰੱਖਣ ਦੀ ਰਸਮ, ਲਖਪਤ ਰਾਏ ਜੀ (ਐਮ.ਡੀ., ਗ੍ਰੀਨ ਐਵੇਨਿਊ, ਬਰਨਾਲਾ), ਵਿਸ਼ੇਸ਼ ਆਕਰਸ਼ਣ ਸਮਾਰੋਹ ਤੋਂ ਬਾਅਦ ਇੱਕ ਸ਼ਾਨਦਾਰ ਭਜਨ ਸੰਧਿਆ ਦਾ ਵੀ ਆਯੋਜਨ ਕੀਤਾ ਗਿਆ। ਸੰਸਥਾ ਦੇ ਪ੍ਰਧਾਨ, ਮੋਤੀ ਲਾਲ ਗੁਪਤਾ, ਰਾਕੇਸ਼ ਕੁਮਾਰ ਗੋਡ, ਸੁਰਿੰਦਰ ਚੀਮਾ, ਗਿਰਧਾਰੀ ਲਾਲ ਸੋਹਲ, ਅਸ਼ੋਕ ਕੁਮਾਰ ਗਰਗ (ਗ੍ਰੀਨ ਕਲੋਨੀ) ਦੀਪਕ ਬਾਂਸਲ ਸੋਨੀ (ਆਸਥਾ ਕਲੋਨੀ), ਯਸ਼ ਪਾਲ ਸਹੋਰੀਆ, ਸਤ ਪਾਲ ਮੌੜ (ਤਪਾ ਵਾਲੇ), ਪ੍ਰੇਮ ਸਿੰਗਲਾ, ਰਾਜੇਸ਼ ਸਦਿਓੜਾ ਨੀਟੂ, ਅਸ਼ੋਕ ਕੁਮਾਰ ਮਿੱਤਲ (ਸ਼ਹਿਣੇ ਵਾਲੇ), ਵਿਜੇ ਕੁਮਾਰ (ਭੱਠੇ ਵਾਲੇ), ਕ੍ਰਿਸ਼ਨਾ ਗੋਇਲ, ਨਵੀਨ ਜਿੰਦਲ, ਕੁਦਰਾ ਰਾਮ, ਪਿਆਰਾ ਲਾਲ (ਰਾਇਸਰ ਵਾਲੇ), ਪਵਨ ਕੁਮਾਰ ਗੋਇਲ (ਪ੍ਰਾਪਰਟੀ ਡੀਲਰ), ਦਿਨੇਸ਼ ਕੁਮਾਰ (ਲੱਕੀ), ਸਤ ਪਾਲ (ਟੈਕਸਟਾਈਲ ਵਾਲੇ),ਅਸ਼ੋਕ ਕੁਮਾਰ (ਐਡਵੋਕੇਟ, ਸੰਗਰੂਰ) ਅਤੇ ਸੰਗਠਨ ਦੇ ਹੋਰ ਮੁੱਖ ਟਰੱਸਟੀ, ਸ਼ਰਧਾਲੂ ਅਤੇ ਧਾਰਮਿਕ ਲੋਕ ਹਾਜ਼ਰ ਸਨ।

# ਆਰੀਆਭੱਟ ਕਾਲਜ ਬਰਨਾਲਾ ਵਿਖੇ 'ਵਿਸ਼ਵ ਪੁਸਤਕ ਦਿਵਸ' ਮਨਾਇਆ



ਬਰਨਾਲਾ, 27 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਆਰੀਆਭੱਟ ਕਾਲਜ ਬਰਨਾਲਾ ਵਿਖੇ ਵਿਸ਼ਵ ਪੁਸਤਕ ਦਿਵਸ ਮਨਾਇਆ ਗਿਆ ਤਾਂ ਜੋ ਵਿਦਿਆਰਥੀਆਂ ਚੋ ਪੁਸਤਕ ਪੜ੍ਹਨ ਦੀ ਰੁਚੀ ਪੈਦਾ ਕੀਤੀ ਜਾ ਸਕੇ ਇਸ ਸਮੇਂ ਕਾਲਜ ਦੇ ਚੇਅਰਮੈਨ ਰਕੇਸ਼ ਕੁਮਾਰ ਗੁਪਤਾ ਤੇ ਡਾ.ਅਜੇ ਮਿੱਤਲ (ਡਾਇਰੈਕਟਰ) ਤੇ ਡਾ. ਭਾਵੇਤ ਗਰਗ (ਡੀਨ ਅਕਾਦਮਿਕ) ਨੇ ਸ਼ਿਰਕਿਤ ਕੀਤੀ ਤੇ ਬੱਚਿਆਂ ਨੂੰ ਵੱਧ ਤੋਂ ਵੱਧ ਪੁਸਤਕਾਂ ਪੜਨ ਲਈ ਪ੍ਰੇਰਿਤ ਕੀਤਾ ਤੇ ਕਿਹਾ ਕਿ ਪੁਸਤਕਾਂ ਸਾਡੇ ਜੀਵਨ ਦਾ ਇੱਕ ਅਹਿਮ ਅੰਗ ਹਨ ਜਿਸ ਨਾਲ ਹਰ ਇੱਕ ਮੁਕਾਮ ਨੂੰ ਹਾਸਲ ਕੀਤਾ ਜਾ ਸਕਦਾ ਹੈ ਲਾਇਬਰੇਰੀ ਵਿਭਾਗ ਦੀ ਮੁਖੀ ਰਾਜ ਸਿੰਘ ਨੇ ਇਸ ਦਿਨ ਦੇ ਮਹੱਤਤਾ ਦੱਸਦੇ ਹੋਏ ਕਿਹਾ ਕਿ ਇਸ ਦਿਨ ਦੀ ਸ਼ੁਰੂਆਤ ਯੂਨੈਸਕੋ ਨੇ ਸਾਲ 23 ਅਪ੍ਰੈਲ 1995 'ਚ ਕੀਤੀ ਸੀ ਇਸ ਦਿਨ ਮਹਾਨ ਸੰਸਾਰ ਲੇਖਕ ਵਿਲੀਅਮ ਸ਼ੈਕਸਪੀਅਰ ਨੇ 23 ਅਪ੍ਰੈਲ 1616 ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਿਹਾ ਸੀ ਉਹਨਾਂ ਨੂੰ ਯਾਦ ਕਰਦਿਆ ਇਸ ਦਿਨ ਨੂੰ ਵਿਸ਼ਵ ਪੁਸਤਕ ਦਿਵਸ ਦੇ ਰੂਪ ਵਿੱਚ ਵਿਸ਼ਵ ਪੱਧਰ ਤੇ ਮਨਾਇਆ ਜਾਂਦਾ ਹੈ ਇਸ ਸਮੇਂ ਅਸਿਸਟੈਂਟ ਲਾਇਬ੍ਰੇਰੀਅਨ ਸਰਬਜੀਤ ਕੌਰ, ਪ੍ਰੋ:ਵਰੁਣ ਸਿੰਗਲਾ, ਪ੍ਰੋ: ਸੁਖਪ੍ਰੀਤ ਕੌਰ ਆਦਿ ਹਾਜ਼ਰ ਸਨ।

# ਮਾਂ ਅਤੇ ਬੱਚੇ ਦੇ ਸਿਹਤਮੰਦ ਜੀਵਨ ਲਈ ਟੀਕਾਕਰਨ ਜ਼ਰੂਰੀ : ਜ਼ਿਲ੍ਹਾ ਟੀਕਾਕਰਨ ਅਫ਼ਸਰ

ਬਰਨਾਲਾ, 27 ਅਪ੍ਰੈਲ (ਹਮੀਰ ਸਿੰਘ) : ਸਿਹਤ ਵਿਭਾਗ ਬਰਨਾਲਾ ਵੱਲੋਂ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਅਤੇ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ' ਵਿਸ਼ਵ ਟੀਕਾਕਰਨ ਹਫ਼ਤਾ ' 30 ਅਪ੍ਰੈਲ ਤੱਕ ਮਨਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ.ਹਰਜੀਤ ਸਿੰਘ ਵੱਲੋਂ ਕੈਂਪਾਂ ਦਾ ਨਿਰੀਖਣ ਕਰਨ ਸਮੇਂ ਕੀਤਾ ਗਿਆ। ਡਾ. ਹਰਜੀਤ ਸਿੰਘ ਜ਼ਿਲ੍ਹਾ ਟੀਕਾਕਰਨ ਅਫ਼ਸਰ ਬਰਨਾਲਾ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚੇ ਅਤੇ ਗਰਭਵਤੀ ਔਰਤਾਂ ਲਈ ਸਲੱਮ ਏਰੀਆ, ਝੁੱਗੀ-ਝੌਂਪੜੀ ਆਦਿ ਥਾਵਾਂ ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਮੁਕੰਮਲ ਟੀਕਾਕਰਨ ਨੂੰ ਯਕੀਨੀ ਬਣਾਇਆ ਜਾ ਸਕੇ।ਟੀਕਾਕਰਨ ਮਾਂ ਅਤੇ ਬੱਚੇ ਦੀ ਸਿਹਤ ਲਈ ਬਹੁਤ ਜ਼ਰੂਰੀ ਹੈ ।ਉਨ੍ਹਾਂ ਬਰਨਾਲਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੇ ਸਿਹਤਮੰਦ ਭਵਿੱਖ ਲਈ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ। ਜੇਕਰ ਕਿਸੇ ਕਾਰਨ ਬੱਚੇ ਦਾ ਕੋਈ ਵੀ ਟੀਕਾ ਰਹਿ ਗਿਆ ਹੈ, ਤਾਂ ਇਸ ਵਿਸ਼ੇਸ਼ ਹਫ਼ਤੇ ਦੌਰਾਨ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਰਾਹੀਂ ਗਰਭਵਤੀ ਔਰਤਾਂ ਅਤੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਲਈ ਮੁਕੰਮਲ ਟੀਕਾਕਰਨ ਬੇਹੱਦ ਜ਼ਰੂਰੀ ਹੈ। ਇਹ ਟੀਕੇ ਬੱਚਿਆਂ ਨੂੰ ਕਈ ਮਾਰੂ ਬਿਮਾਰੀਆਂ ਅਤੇ ਅਪਾਹਜਤਾ ਤੋਂ ਬਚਾਉਂਦੇ ਹਨ ਅਤੇ ਉਨ੍ਹਾਂ ਦੇ ਸਰੀਰ ਵਿੱਚ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਂਦੇ ਹਨ। ਇਸ ਸਮੇਂ ਸਿਹਤ ਸੁਪਰਵਾਇਜ਼ਰ ਮਨਜੀਤ ਕੌਰ ,ਸਤਨਾਮ ਕੌਰ, ਗੁਰਦੀਪ ਸਿੰਘ ਟੀਕਾਕਰਨ ਸਹਾਇਕ, ਜਸਬੀਰ ਕੌਰ ਅਤੇ ਸੁਖਪਾਲ ਕੌਰ ਏ ਐਨ ਐਮ ਹਾਜ਼ਰ ਸਨ ।



# ਐਮ.ਟੀ.ਐਸ. ਸਕੂਲ ਵਿੱਚ ਵਿਦਿਆਰਥੀ 'ਪਦਗ੍ਰਹਿਣ' ਸਮਾਰੋਹ ਕਰਵਾਇਆ



ਬਰਨਾਲਾ, 27 ਅਪ੍ਰੈਲ (ਇਸ਼ੇਨ ਕੰਗ): ਐਮ.ਟੀ.ਐਸ. ਬਰਨਾਲਾ ਵਿੱਚ ਸੈਸ਼ਨ 2026-2027 ਦਾ ਵਿਦਿਆਰਥੀ ਪਦਗ੍ਰਹਿਣ ਸਮਾਰੋਹ ਬੜੇ ਹੀ ਉਤਸ਼ਾਹ, ਗੰਭੀਰਤਾ ਅਤੇ ਭਵਿਆਤਾ ਨਾਲ ਮਨਾਇਆ ਗਿਆ। ਇਹ ਦਿਨ ਕਿਸੇ ਸਾਲਾਨਾ ਉਤਸਵ ਤੋਂ ਘੱਟ ਨਹੀਂ ਸੀ, ਜਿਸ ਵਿੱਚ ਮਾਣ, ਖੁਸ਼ੀ ਅਤੇ ਉਤਸਾਹ ਦਾ ਸੁੰਦਰ ਮੇਲ ਦੇਖਣ ਨੂੰ ਮਿਲਿਆ। ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਨ ਨਾਲ ਹੋਈ, ਜਿਸ ਨੇ ਨੇਤ੍ਰਿਤਵ, ਜ਼ਿੰਮੇਵਾਰੀ, ਸਮਰਪਣ ਅਤੇ ਨਵੀਂ ਸ਼ੁਰੂਆਤ ਦਾ ਸੰਦੇਸ਼ ਦਿੱਤਾ। ਵਿਦਿਆਰਥੀਆਂ ਵਿੱਚ ਆਪਣੇ ਨਵੇਂ ਨਿਯੁਕਤ ਵਿਦਿਆਰਥੀ ਨੇਤਾਵਾਂ ਦੇ ਨਾਮ ਜਾਣਨ ਲਈ ਵਿਸ਼ੇਸ਼ ਉਤਸੁਕਤਾ ਦਿਖਾਈ ਦਿੱਤੀ। ਸਕੂਲ ਦੀ ਪ੍ਰਧਾਨਾਚਾਰਿਆ, ਸਮਨਵਯਕਾਂ ਅਤੇ ਸਦਨ ਪ੍ਰਭਾਰੀਆਂ ਦੀ ਮਾਣਯੋਗ ਹਾਜ਼ਰੀ ਵਿੱਚ ਨਵਗਠਿਤ ਵਿਦਿਆਰਥੀ ਕੌਂਸਲ ਦੇ ਪ੍ਰਤੀਨਿਧੀਆਂ, ਹਾਊਸ ਕੋਆਰਡੀਨੇਟਰਾਂ ਅਤੇ ਡਿਪਟੀ ਹਾਊਸ ਕੋਆਰਡੀਨੇਟਰਾਂ ਦੇ ਨਾਮ ਘੋਸ਼ਿਤ ਕੀਤੇ ਗਏ। ਚੁਣੇ ਹੋਏ ਵਿਦਿਆਰਥੀਆਂ ਨੂੰ ਬੈਜ ਅਤੇ ਪੱਟਿਕਾ ਪਹਿਨਾ ਕੇ ਉਨ੍ਹਾਂ ਦੇ ਨੇਤ੍ਰਿਤਵ ਅਤੇ ਜ਼ਿੰਮੇਵਾਰੀ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਨਵ-ਨਿਯੁਕਤ ਵਿਦਿਆਰਥੀ ਨੇਤਾਵਾਂ ਨੇ ਸਕੂਲ ਦੀ ਸੇਵਾ ਅਨੁਸ਼ਾਸਨ, ਸਮਰਪਣ ਅਤੇ ਨਿਸ਼ਠਾ ਨਾਲ ਕਰਨ ਦੀ ਸ਼ਪਥ ਲਈ। ਇਸ ਮੌਕੇ ਹੈੱਡ ਬੋਏ ਅਤੇ ਹੈੱਡ ਗਰਲ ਨੇ ਆਪਣੇ ਪ੍ਰੇਰਣਾਦਾਇਕ ਵਿਚਾਰ ਅਤੇ ਸੰਕਲਪ ਸਾਂਝੇ ਕਰਦੇ ਹੋਏ ਸਭ ਨੂੰ ਉਤਸ਼ਾਹਿਤ ਕੀਤਾ। ਸਮਾਰੋਹ ਦਾ ਸਮਾਪਨ ਵਿਦਿਆਰਥੀ ਕੌਂਸਲ ਮੈਂਬਰਾਂ ਦੀਆਂ ਜੋਸ਼ਭਰੀਆਂ

ਨ੍ਰਿਤ੍ਯ ਪ੍ਰਸਤੁਤੀਆਂ ਨਾਲ ਹੋਇਆ, ਜਿਸ ਨਾਲ ਸਾਰਾ ਵਾਤਾਵਰਨ ਊਰਜਾ, ਪ੍ਰੇਰਨਾ ਅਤੇ ਖੁਸ਼ੀ ਨਾਲ ਭਰ ਗਿਆ।

# ਦੁਕਾਨਦਾਰਾਂ ਵੱਲੋਂ ਦੁਕਾਨਾਂ ਅੱਗੇ ਕੀਤੇ ਨਾਜਾਇਜ਼ ਕਬਜ਼ੇ ਬਰਦਾਸ਼ਤ ਨਹੀਂ : ਐਸ.ਡੀ.ਐਮ. ਆਯੂਸ਼ ਗੋਇਲ



ਤਪਾ ਮੰਡੀ, 27 ਅਪ੍ਰੈਲ (ਭੂਸ਼ਨ ਘੜੈਲਾ) : ਸ਼ਹਿਰ ਦੇ ਬਾਜ਼ਾਰਾਂ ਅੰਦਰ ਦੁਕਾਨਾਂ ਅੱਗੇ ਰੱਖੇ ਸਮਾਨ ਅਤੇ ਟੇਢੇ ਮੇਢੇ ਢੰਗ ਨਾਲ ਖੜੇ ਮੋਟਰਸਾਈਕਲ, ਗੱਡੀਆਂ ਕਾਰਨ ਆਵਾਜਾਈ ਵਿੱਚ ਕਾਫੀ ਵਿਘਨ ਪੈਂਦਾ ਹੈ ਜਿਸ ਕਾਰਨ ਲੋਕਾਂ ਨੂੰ ਟ੍ਰੈਫਿਕ ਵਿੱਚ ਆ ਰਹੀ ਸਮੱਸਿਆ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਇਸ ਸਬੰਧੀ ਨਗਰ ਕੌਂਸਲ ਤਪਾ ਵੱਲੋਂ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਅੰਦਰ ਅਨਾਊਸਮੈਂਟ ਕਰਵਾਈ ਗਈ ਕਿ ਦੁਕਾਨਦਾਰਾਂ ਵੱਲੋਂ ਦੁਕਾਨਾਂ ਅੱਗੇ ਰੱਖੇ ਸਮਾਨ ਕਾਰਨ ਕੀਤੇ ਨਜਾਇਜ਼ ਕਬਜ਼ਿਆਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੇ ਜਾਣਗੇ ਜਾਂ ਤਾਂ ਦੁਕਾਨਦਾਰ ਆਪਣਾ ਦੁਕਾਨਾਂ ਅੱਗੇ ਰੱਖਿਆ ਸਮਾਨ ਅੰਦਰ ਕਰ ਲੈਣ ਨਹੀਂ ਤਾਂ ਕਾਰਵਾਈ ਲਈ ਤਿਆਰ ਰਹਿਣ। ਇਸ ਸਬੰਧੀ ਨਗਰ ਕੌਂਸਲ ਤਪਾ ਦੇ ਪ੍ਰਬੰਧਕ ਤੇ ਸਬ ਡਿਵੀਜ਼ਨ ਦੇ ਐਸਡੀਐਮ ਆਯੂਸ਼ ਗੋਇਲ ਵੱਲੋਂ ਗੱਲਬਾਤ ਕਰਦਿਆਂ ਹੋਇਆ ਕਿਹਾ ਕਿ ਜਿਹੜੇ ਵੀ ਦੁਕਾਨਦਾਰਾਂ ਵੱਲੋਂ ਬਾਜ਼ਾਰਾਂ ਵਿੱਚ ਦੁਕਾਨਾਂ ਅੱਗੇ ਨਜਾਇਜ਼ ਕਬਜ਼ੇ ਕਰਕੇ ਸਮਾਨ ਕਈ ਕਈ ਫੁੱਟ ਅੱਗੇ ਕੀਤਾ ਹੋਇਆ ਹੈ ਉਸ ਨੂੰ ਬਿਨਾਂ ਦੇਰੀ ਦੁਕਾਨਦਾਰਾਂ ਵੱਲੋਂ ਅੰਦਰ ਕੀਤਾ ਜਾਵੇ, ਜਿਸ ਨਾਲ ਆਲੇ ਦੁਆਲੇ ਦੇ ਪਿੰਡਾਂ ਤੋਂ ਖਰੀਦਦਾਰੀ ਕਰਨ ਆਏ ਲੋਕਾਂ ਅਤੇ ਸ਼ਹਿਰੀਆਂ ਨੂੰ ਟਰੈਫਿਕ ਦੀ ਸਮੱਸਿਆ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਉਹਨਾਂ ਸਖਤ ਲਹਿਜੇ ਵਿੱਚ ਕਿਹਾ ਕਿ ਕੁਝ ਦਿਨਾਂ ਤੱਕ ਸ਼ਹਿਰ ਅੰਦਰ ਬਜ਼ਾਰਾਂ ਦਾ ਦੌਰਾ ਕੀਤਾ ਜਾਵੇਗਾ ਜਿਸ ਤਹਿਤ ਕਿਸੇ ਵੀ ਦੁਕਾਨਦਾਰ ਦਾ ਦੁਕਾਨਾਂ ਅੱਗੇ ਸੜਕ ਤੇ ਪਿਆ ਸਮਾਨ ਪਾਇਆ ਗਿਆ ਉਸ ਦਾ ਸਮਾਨ ਜਬਤ ਕਰਕੇ ਭਾਰੀ ਜੁਰਮਾਨਾ ਵਸੂਲਿਆ ਜਾਵੇਗਾ। ਇਸ ਲਈ ਉਹਨਾਂ ਸ਼ਹਿਰ ਦੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਨਾ ਅੱਗੇ ਫੁੱਟਪਾਥਾਂ ਤੇ ਪਏ ਸਮਾਨ ਕਾਰਨ ਸ਼ਹਿਰੀਆਂ ਅਤੇ ਖਰੀਦਦਾਰੀ ਕਰਨ ਆਏ ਲੋਕਾਂ ਨੂੰ ਮੁਸ਼ਕਿਲ ਆਉਂਦੀ ਹੈ ਅਤੇ ਟਰੈਫਿਕ ਦੀ ਸਮੱਸਿਆ ਵਿੱਚ ਵੀ ਵਿਘਨ ਪੈਂਦਾ ਹੈ ।

# ਸ੍ਰੀ ਰੀਠਾ ਸਾਹਿਬ ਵੈਲਫ਼ੇਅਰ ਕਲੱਬ ਅਤੇ ਸੁਖਮਨੀ ਬੱਸ ਟਰਾਂਸਪੋਰਟ ਕੰਪਨੀ ਵੱਲੋਂ ਮੁਫ਼ਤ ਯਾਤਰਾ




ਬਰਨਾਲਾ, 27 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਗੁਰਦੁਆਰਾ ਨਾਨਕਸਰ ਠਾਠ ਬਰਨਾਲਾ ਤੋਂ ਸ੍ਰੀ ਰੀਠਾ ਸਾਹਿਬ ਵੈਲਫ਼ੇਅਰ ਕਲੱਬ ਬਰਨਾਲਾ ਅਤੇ ਸੁਖਮਨੀ ਬਸ ਟਰਾਂਸਪੋਰਟ ਕੰਪਨੀ ਵੱਲੋਂ ਮੁਫ਼ਤ ਧਾਰਮਿਕ ਯਾਤਰਾ ਲਈ ਇਕ ਬੱਸ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਭੇਜੀ ਗਈ। ਇਸ ਦੀ ਜਾਣਕਾਰੀ ਦਿੰਦਿਆ ਜਥੇਦਾਰ ਪਰਮਜੀਤ ਸਿੰਘ ਖ਼ਾਲਸਾ ਮੈਂਬਰ ਸ਼ੋ ?ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੀ ? ਅੰਮ੍ਰਿਤਸਰ ਸਾਹਿਬ ਹਲਕਾ ਬਰਨਾਲਾ ਅਤੇ ਗੁਰਜੰਟ ਸਿੰਘ ਸੋਨਾ ਪ ?ਧਾਨ ਸ਼੍ਰੀ ਰੀਠਾ ਸਾਹਿਬ ਵੈਲਫ਼ੇਅਰ ਕਲੱਬ (ਰਜਿ) ਬਰਨਾਲਾ ਵੱਲੋ 70 ਸੰਗਤਾਂ ਦਾ ਜਥਾ ਦਰਸਨ ਕਰਕੇ ਵਾਪਿਸ ਆਇਆ ਅਤੇ ਸੰਤ ਬਾਬਾ ਟੇਕ ਸਿੰਘ ਧਨੌਲਾ ਸਿੰਘ ਸਾਹਿਬ ਤਖ਼ਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਮੈਨੇਜਰ ਨਰਿੰਦਰਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਸਵਾਗਤ ਕੀਤਾ। ਇਸ ਮੌਕੇ ਭਾਈ ਵਰਿੰਦਰ ਸਿੰਘ ਮੌੜ ਵੱਲੋਂ ਰਸਤੇ ਵਿੱਚ ਜਲ , ਸਮੋਸੇ, ਜਲ ਜੀਰੇ ਦਾ ਲੰਗਰ ਲਗਾਇਆ ਗਿਆ। ਇਸ ਯਾਤਰਾ ਵਿੱਚ ਗੁਰਦੁਆਰਾ ਤਖਤ ਸ਼੍ਰੀ ਦਮਦਮਾ ਸਾਹਿਬ, ਗੁਰਦੁਆਰਾ ਲਿਖਣਸਰ ਸਾਹਿਬ, ਗੁਰਦੁਆਰਾ ਮਸਤੂਆਣਾ ਸਾਹਿਬ ਬੁੰਗਾ ਸਾਹਿਬ, ਗੁਰਦੁਆਰਾ ਮਾਤਾ ਸੁੰਦਰ ਕੌਰ, ਭਾਈ ਡੱਲਾ ਜੀ ਦਾ ਘਰ, ਗੁਰਦੁਆਰਾ ਸੂਲੀਸਰ ਸਾਹਿਬ ਪਾਤਸ਼ਾਹੀ ਨੌਵੀਂ ਧਰਮਕੋਟ ਮਾਨਸਾ ,ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਨੌਵੀਂ ਹੰਡਿਆਇਆ ,ਦੇ ਦਰਸ਼ਨ ਦੀਦਾਰੇ ਕਰਵਾਏ ਗਏ। ਇਸ ਮੌਕੇ ਭਿੰਦਰ ਸਿੰਘ, ਕੁਲਵਿੰਦਰ ਸਿੰਘ ਕਾਲਾ, ਡਾ ਭਰਪੂਰ ਸਿੰਘ ਬੇਦੀ, ਰਾਜਿੰਦਰ ਸਿੰਘ, ਪਰਮਿੰਦਰ ਸਿੰਘ, ਸੁਖਵਿੰਦਰ ਸਿੰਘ ਮਿੱਠਾ, ਕੌਰ ਸਿੰਘ ਉੱਪਲੀ, ਮੈਨੇਜਰ ਬਹਾਦਰ ਸਿੰਘ, ਸਤਵਿੰਦਰ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰੀਤਮ ਸਿੰਘ, ਹਰਪ੍ਰੀਤਮ ਸਿੰਘ ,ਚਮਕੌਰ ਸਿੰਘ, ਮਨਪ੍ਰੀਤ ਕੌਰ ਮਨੀ ,ਹਰਮੀਤ ਕੌਰ, ਬੇਅੰਤ ਕੌਰ,ਬੇਅੰਤ ਸਿੰਘ ਧਾਲੀਵਾਲ, ਕਿਰਨਜੀਤ ਕੌਰ, ਛਿੰਦਰ ਪਾਲ ਕੌਰ, ਬਲਜੀਤ ਕੌਰ, ਰਾਜਵਿੰਦਰ ਕੌਰ ਹਰਵਿੰਦਰ ਕੌਰ, ਜਸਵਿੰਦਰ ਕੌਰ, ਅਮਨਦੀਪ ਕੌਰ, ਜਸਵੀਰ ਕੌਰ, ਤੇਜ ਕੌਰ ,ਕਿਰਸਨਾ ਦੇਵੀ, ਗੁੱਡੀ ਕੌਰ, ਤਾਰੋ ਦੇਵੀ, ਆਦਿ ਸੰਗਤਾਂ ਹਾਜ਼ਰ ਸਨ।

# ਵਧੀਕ ਡੀ. ਸੀ. ਨੇ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਸ਼ਿਕਾਇਤਾਂ ਦਾ ਹਰ ਸੰਭਵ ਹੱਲ ਕਰਨ ਦੇ ਦਿੱਤੇ ਨਿਰਦੇਸ਼



ਬਰਨਾਲਾ, 27 ਅਪ੍ਰੈਲ (ਹਮੀਰ ਸਿੰਘ): ਪੰਜਾਬ ਸਰਕਾਰ ਵੱਲੋਂ ਗਠਿਤ ਪੰਜਾਬ ਟਰੇਡਰਜ਼ ਕਮਿਸ਼ਨ ਦੀਆਂ ਸ਼ਿਕਾਇਤਾਂ ਦੇ ਹਰ ਸੰਭਵ ਹੱਲ ਲਈ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ ਦੀ ਪ੍ਰਧਾਨਗੀ ਹੇਠ ਵੱਖ-ਵੱਖ ਵਿਭਾਗੀ ਅਧਿਕਾਰੀਆਂ ਅਤੇ ਪੰਜਾਬ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਹੋਈ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਵਿਭਾਗਾਂ ਦੀਆਂ ਸ਼ਿਕਾਇਤਾਂ ਵਿੱਚੋਂ ਕੁਝ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਅਤੇ ਰਹਿੰਦੀਆਂ ਸ਼ਿਕਾਇਤਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਆਨਲਾਈਨ ਪ੍ਰਾਪਤ ਸ਼ਿਕਾਇਤਾਂ ਦਾ ਨਿਸ਼ਚਿਤ ਸਮੇਂ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਵੇ। ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੇ ਵਪਾਰੀਆਂ ਨੂੰ ਵਪਾਰ ਸਬੰਧੀ ਜਾਂ ਕਿਸੇ ਵੀ ਪ੍ਰਕਾਰ ਦੀਆਂ ਆ ਰਹੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ। ਇਸ ਮੌਕੇ ਜੀ ਐਮ ਡੀਆਈਸੀ ਨੀਰਜ ਸੇਤੀਆ, ਜ਼ਿਲ੍ਹਾ ਮੰਡੀ ਅਫ਼ਸਰ ਬੀਰ ਇੰਦਰ ਸਿੰਘ, ਜੀ ਐੱਸ ਟੀ ਤੋਂ ਏ ਐੱਸ ਟੀ ਓ ਅਮਨਦੀਪ ਗਾਂਧੀ, ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਸ੍ਰੀ ਰਾਜੀਵ ਲੂਬੀ, ਭਦੌੜ ਤੋਂ ਸ੍ਰੀ ਮੁਨੀਸ਼ ਗਰਗ ਤੇ ਹੋਰ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਹਾਜ਼ਰ ਸਨ।

# ਗੋਬਿੰਦ ਸਕੂਲ ਭਦੌੜ ਦੇ ਆਰਟ ਵਿਭਾਗ ਵੱਲੋਂ ਬੱਚਿਆਂ ਦੇ ਪੋਰਟਰੇਟ ਮੁਕਾਬਲੇ



ਭਦੌੜ, 27 ਅਪ੍ਰੈਲ (ਸੁਖਵਿੰਦਰ ਪਲਾਹਾ) : ਇਲਾਕੇ ਦੀ ਮਸ਼ਹੂਰ ਵਿੱਦਿਅਕ ਸੰਸਥਾ ਗੋਬਿੰਦ ਇੰਟਰਨੈਸ਼ਨਲ ਪਬਲਿਕ ਸਕੂਲ ਭਦੌੜ ਵਿੱਚ ਵਿਦਿਆਰਥੀਆਂ ਦੀ ਰਚਨਾਤਮਕ ਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਦੇ 'ਆਰਟ ਵਿਭਾਗ' ਵੱਲੋਂ ਪੋਰਟਰੇਟ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਸਕੂਲ ਦੇ ਨੌਵੀਂ ਤੋਂ ਬਾਰ੍ਹਵੀਂ ਜਮਾਤਾਂ ਦੇ ਵਿਦਿਆਰਥੀਆਂ ਨੇ ਬੜੇ ਚਾਅ ਅਤੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਪ੍ਰਸਿੱਧ ਹਸਤੀਆਂ, ਸਮਾਜਿਕ ਵਿਸ਼ਿਆਂ ਅਤੇ ਆਪਣੀਆਂ ਰੁਚੀਆਂ ਨਾਲ ਸੰਬੰਧਿਤ ਸੁੰਦਰ ਪੋਰਟਰੇਟ ਤਿਆਰ ਕੀਤੇ। ਉਨ੍ਹਾਂ ਦੀ ਕਲਾ ਵਿੱਚ ਰਚਨਾਤਮਕਤਾ ਅਤੇ ਨਵੀਂ ਸੋਚ ਦੀ ਝਲਕ ਦਿਖਾਈ ਦਿੱਤੀ। ਸਕੂਲ ਦੇ ਸਰਪ੍ਰਸਤ ਡਾ. ਦਰਸ਼ਨ ਸਿੰਘ ਗਿੱਲ ਨੇ ਵਿਦਿਆਰਥੀਆਂ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਅੰਦਰ ਛੁਪੀਆਂ ਕਲਾਤਮਕ ਯੋਗਤਾਵਾਂ ਨੂੰ ਨਿਖਾਰਦੇ ਹਨ ਅਤੇ ਉਨ੍ਹਾਂ ਨੂੰ ਆਪਣੀ ਕਲਾ ਪ੍ਰਗਟ ਕਰਨ ਦਾ ਮੌਕਾ ਦਿੰਦੇ ਹਨ। ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਗਿੱਲ ਅਤੇ ਐਮ ਡੀ ਰਿਚਾ ਪਨੇਸਰ ਗਿੱਲ ਵੱਲੋਂ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਵੀ ਅਜਿਹੇ ਮੁਕਾਬਲੇ ਆਯੋਜਿਤ ਕਰਨ ਲਈ ਉਤਸ਼ਾਹਿਤ ਕੀਤਾ। ਮੁਕਾਬਲੇ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਪੀ ਕੇ ਠਾਕੁਰ ਵੱਲੋਂ 'ਆਰਟ ਵਿਭਾਗ' ਦੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਖ਼ੁਸ਼ੀ ਭਰਿਆ ਮਾਹੌਲ ਦੇਖਣ ਨੂੰ ਮਿਲਿਆ।

# ਲੱਕੀ ਪੱਖੋ ਪੰਜਾਬ ਕਾਂਗਰਸ ਐੱਸ. ਸੀ. ਵਿਭਾਗ ਦੇ ਸੂਬਾ ਚੇਅਰਮੈਨ ਬਣੇ



ਬਰਨਾਲਾ, 27 ਅਪ੍ਰੈਲ (ਹਰਮਨ) : ਕਾਂਗਰਸ ਹਾਈਕਮਾਂਡ ਵੱਲੋਂ ਪੰਜਾਬ ਦੀ ਸਿਆਸਤ ਵਿੱਚ ਇੱਕ ਅਹਿਮ ਫੈਸਲਾ ਲੈਂਦਿਆਂ ਟਕਸਾਲੀ ਕਾਂਗਰਸੀ ਪਰਿਵਾਰ ਦੇ ਵਾਰਿਸ ਗੁਰਪ੍ਰੀਤ ਸਿੰਘ ਲੱਕੀ ਪੱਖੋ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਦੇ ਅਨੁਸੂਚਿਤ ਜਾਤੀ (SC) ਵਿਭਾਗ ਦਾ ਸੂਬਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਜਿੱਥੇ ਜ਼ਿਲ੍ਹਾ ਬਰਨਾਲਾ ਵਿੱਚ ਖੁਸ਼ੀ ਦੀ ਲਹਿਰ ਹੈ, ਉੱਥੇ ਹੀ ਲੱਕੀ ਪੱਖੋ ਦਾ ਸਿਆਸੀ ਕੱਦ ਵੀ ਕਾਫੀ ਉੱਚਾ ਹੋ ਗਿਆ ਹੈ। ਕਾਬਿਲੇਗੌਰ ਹੈ ਕਿ ਲੱਕੀ ਪੱਖੋ, ਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸਵ. ਸ਼੍ਰੀਮਤੀ ਇੰਦਰਾ ਗਾਂਧੀ ਦੇ ਬੇਹੱਦ ਨਜ਼ਦੀਕੀ ਰਹੇ ਸਵ. ਬਚਨ ਸਿੰਘ ਪੱਖੋ (ਸਾਬਕਾ ਵਿਧਾਇਕ) ਦੇ ਪੋਤਰੇ ਹਨ। ਉਨ੍ਹਾਂ ਦੀ ਇਸ ਨਿਯੁਕਤੀ ਨੂੰ ਪਾਰਟੀ ਵੱਲੋਂ ਟਕਸਾਲੀ ਪਰਿਵਾਰਾਂ ਨੂੰ ਅਹਿਮੀਅਤ ਦੇਣ ਅਤੇ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਦਲਿਤ ਭਾਈਚਾਰੇ ਵਿੱਚ ਪਾਰਟੀ ਦੀ ਪਕੜ ਮਜ਼ਬੂਤ ਕਰਨ ਦੇ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਆਪਣੀ ਇਸ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਗੁਰਪ੍ਰੀਤ ਸਿੰਘ ਲੱਕੀ ਪੱਖੋ ਨੇ ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਅਰਜੁਨ ਖੜਗੇ, ਸਾਬਕਾ ਕੌਮੀ ਪ੍ਰਧਾਨ ਸ਼੍ਰੀ ਰਾਹੁਲ ਗਾਂਧੀ, ਕੇ. ਰਾਜੂ, ਰਜਿੰਦਰ ਪਾਲ ਗੌਤਮ (ਕੌਮੀ ਚੇਅਰਮੈਨ ਐਸ.ਸੀ. ਵਿਭਾਗ), ਭੁਪੇਸ਼ ਬਘੇਲ (ਇੰਚਾਰਜ ਪੰਜਾਬ ਕਾਂਗਰਸ), ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਚਰਨਜੀਤ ਸਿੰਘ ਚੰਨੀ (ਲੋਕ ਸਭਾ ਮੈਂਬਰ), ਪ੍ਰਤਾਪ ਸਿੰਘ ਬਾਜਵਾ (ਨੇਤਾ ਵਿਰੋਧੀ ਧਿਰ), ਕੈਪਟਨ ਸੰਦੀਪ ਸੰਧੂ, ਵਿਜੇ ਇੰਦਰ ਸਿੰਗਲਾ ਅਤੇ ਸੁਖਜਿੰਦਰ ਸਿੰਘ ਰੰਧਾਵਾ ਸਮੇਤ ਸਮੁੱਚੀ ਕੇਂਦਰੀ ਤੇ ਸੂਬਾ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਲੱਕੀ ਪੱਖੋ ਨੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਅਹਿਮ ਜ਼ਿੰਮੇਵਾਰੀ ਸੌਂਪੀ ਹੈ, ਉਹ ਉਸ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਪੰਜਾਬ ਭਰ ਵਿੱਚ ਐੱਸ.ਸੀ. ਵਿਭਾਗ ਨੂੰ ਲਾਮਬੰਦ ਕਰਕੇ ਕਾਂਗਰਸ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣਗੇ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਕੰਮ ਕਰਨਗੇ। ਇਸ ਮੌਕੇ ਸਮਰਥਕਾਂ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਅਤੇ ਫੁੱਲਾਂ ਦੇ ਹਾਰ ਪਾ ਕੇ ਸ਼ਾਨਦਾਰ ਸਵਾਗਤ ਵੀ ਕੀਤਾ ਗਿਆ।

# ਟੀਚਰ ਫੈਸਟ ਮੁਕਾਬਲਿਆਂ 'ਚ ਪ੍ਰਾਇਮਰੀ ਸਕੂਲ ਹਮੀਦੀ ਦੇ ਅਧਿਆਪਕ ਗੁਰਦੀਪ ਸਿੰਘ ਨੇ ਹਾਸਲ ਕੀਤਾ ਪਹਿਲਾ ਸਥਾਨ

ਬਰਨਾਲਾ, 27 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਬਰਨਾਲਾ,ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਬਰਨਾਲਾ ਅਤੇ ਜ਼ਿਲ੍ਹਾ ਸਿਖਲਾਈ ਸੰਸਥਾ ਚੀਮਾ ਜੋਧਪੁਰ ਵੱਲੋਂ ਜ਼ਿਲ੍ਹਾ ਪੱਧਰ 'ਤੇ ਟੀਚਰ ਫੈਸਟ ਮੁਕਾਬਲੇ ਤਰਕਸ਼ੀਲ ਭਵਨ ਬਰਨਾਲਾ ਵਿਖੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਭਰ ਦੇ ਅਧਿਆਪਕਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਪੰਜਾਬੀ ਭਾਸ਼ਾ, ਗਣਿਤ ਅਤੇ ਹੋਰ ਵਿਸ਼ਿਆਂ ਨਾਲ ਸੰਬੰਧਿਤ ਕਰਵਾਏ ਗਏ, ਜਿਨ੍ਹਾਂ ਵਿੱਚ ਅਧਿਆਪਕਾਂ ਨੇ ਆਪਣੀ-ਆਪਣੀ ਟੀਚਿੰਗ ਸਹਾਇਕ ਸਮੱਗਰੀ ਤਿਆਰ ਕਰਕੇ ਪ੍ਰਦਰਸ਼ਨ ਲਗਾਇਆ ਅਤੇ ਉਸ ਦੀ ਡੈਮੋ ਵੀ ਪੇਸ਼ ਕੀਤੀ। ਇਸ ਮੌਕੇ 'ਤੇ ਜ਼ਿਲ੍ਹਾ ਪੱਧਰ ਦੇ ਸੁਖਪਾਲ ਸਿੰਘ ਅਤੇ ਸਤੀਸ਼ ਜੈਦਕਾ ਜੱਜ ਸਾਹਿਬਾਨ ਨਿਯੁਕਤ ਕੀਤੇ ਗਏ, ਜਿਨ੍ਹਾਂ ਵੱਲੋਂ ਪ੍ਰਦਰਸ਼ਨਾਂ ਦਾ ਮੁਲਾਂਕਣ ਕੀਤਾ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਦੇ ਅਧਿਆਪਕ ਗੁਰਦੀਪ ਸਿੰਘ ਨੇ ਗਣਿਤ ਵਿਸ਼ੇ ਲਈ ਬਹੁਤ ਹੀ ਨਵੀਨ ਅਤੇ ਲਾਭਕਾਰੀ ਟੀਚਿੰਗ ਸਹਾਇਕ ਸਮੱਗਰੀ ਤਿਆਰ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਉਨ੍ਹਾਂ ਦੀ ਪ੍ਰਸਤੁਤੀ ਅਤੇ ਸਮੱਗਰੀ ਨੂੰ ਜੱਜਾਂ ਵੱਲੋਂ ਖਾਸ ਪ੍ਰਸ਼ੰਸਾ ਮਿਲੀ। ਗੁਰਦੀਪ ਸਿੰਘ ਨੂੰ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਸੁਨੀਤ ਇੰਦਰ ਸਿੰਘ, ਡਿਪਟੀ ਡੀ ਓ ਡਾ: ਬਰਿੰਦਰਪਾਲ ਅਤੇ ਜ਼ਿਲ੍ਹਾ ਸਿਖਲਾਈ ਸੰਸਥਾ ਦੇ ਪ੍ਰਿੰਸੀਪਲ ਸ੍ਰੀ ਮੁਨੀਸ਼ ਮੋਹਨ ਸ਼ਰਮਾ ਡੀ ਆਰ ਸੀ ਕੁਲਦੀਪ ਸਿੰਘ ਭੁੱਲਰ, ਬੀ ਪੀ ਈ ਓ ਸਹਿਣਾ ਹਰਿੰਦਰ ਸਿੰਘ ਬਰਾੜ,ਵੱਲੋਂ ਸਨਮਾਨਿਤ ਕੀਤਾ ਗਿਆ। ਸਕੂਲ ਵਾਪਸੀ 'ਤੇ ਮੁੱਖ ਅਧਿਆਪਕ ਅਸ਼ਵਨੀ ਕੁਮਾਰ ਅਤੇ ਸਕੂਲ ਦੇ ਸਮੂਹ ਸਟਾਫ ਵੱਲੋਂ ਉਨ੍ਹਾਂ ਦਾ ਭਰਪੂਰ ਸਵਾਗਤ ਕਰਦੇ ਹੋਏ ਵਧਾਈ ਦਿੱਤੀ ਗਈ। ਇਸ ਤੋਂ ਇਲਾਵਾ, ਐਨ ਆਰ ਆਈ ਸਪੋਰਟਸ ਕਲੱਬ ਹਮੀਦੀ ਵੱਲੋਂ ਵੀ ਗੁਰਦੀਪ ਸਿੰਘ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੀ ਇਸ ਕਾਮਯਾਬੀ ਨਾਲ ਨਾ ਸਿਰਫ ਸਕੂਲ ਦਾ ਨਾਮ ਰੌਸ਼ਨ ਹੋਇਆ ਹੈ, ਸਗੋਂ ਜ਼ਿਲ੍ਹੇ ਦੇ ਹੋਰ ਅਧਿਆਪਕਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇ ਹਨ।





# ਪਟਿਆਲਾ-ਆਸ/ਪਾਸ



## ਲੋਕਾਂ ਦੇ ਫ਼ਤਵੇ ਨਾਲ ਗ਼ੱਦਾਰੀ ਕਰਨ ਵਾਲਿਆਂ ਨੂੰ ਜਨਤਾ ਕਦੇ ਮੁਆਫ਼ ਨਹੀਂ ਕਰੇਗੀ : ਰਣਜੋਧ ਸਿੰਘ ਹਡਾਨਾ

### ➢ਧੋਖਾ ਦੇਣ ਵਾਲੇ ਆਗੂਆਂ ਵਿਰੁੱਧ ਹਡਾਨਾ ਨੇ ਖੋਲ੍ਹਿਆ ਮੋਰਚਾ, 7 ਰਾਜ ਸਭਾ ਮੈਂਬਰਾਂ ਦੇ ਪੁਤਲੇ ਫੂਕੇ

ਦੇਵੀਗੜ੍ਹ, 27 ਅਪ੍ਰੈਲ (ਗੁਰਜੀਤ ਸਿੰਘ ਢੋਟ) : ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਨੂੰ ਪਿੱਠ ਦਿਖਾ ਕੇ ਭਾਜਪਾ ਵਿੱਚ ਸ਼ਾਮਲ ਹੋਣ ਦੇ ਫ਼ੈਸਲੇ ਵਿਰੁੱਧ ਅੱਜ ਹਲਕਾ ਸਨੌਰ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਦੀ ਅਗਵਾਈ ਹੇਠ ਇਕੱਠੇ ਹੋਏ 'ਆਪ' ਆਗੂਆਂ ਅਤੇ ਵਲੰਟੀਅਰਾਂ ਨੇ ਹਲਕਾ ਸਨੌਰ ਵਿੱਚ ਵੱਖ-ਵੱਖ ਥਾਵਾਂ 'ਤੇ ਇਨ੍ਹਾਂ ਮੈਂਬਰਾਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਉਨ੍ਹਾਂ ਦੇ ਪੁਤਲੇ ਸਾੜੇ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਦੁਧਨਸਾਧਾਂ, ਸ਼ਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਕੌਂਸਲ ਦੇਵੀਗੜ੍ਹ, ਸਰਬਜੀਤ ਸਿੰਘ ਨੈਣਾਂ ਚੇਅਰਮੈਨ, ਹਰਪ੍ਰੀਤ ਸਿੰਘ ਘੁਮਾਣ ਵਾਈਸ ਚੇਅਰਮੈਨ, ਗੁਰਪ੍ਰੀਤ



ਸਿੰਘ ਸਰਪੰਚ, ਅਮਰ ਸੰਘੇੜਾ ਯੂਥ ਪ੍ਰਧਾਨ, ਗੁਰਪ੍ਰੀਤ ਸਿੰਘ ਗੋਪੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੋਂ ਇਲਾਵਾ ਅਤੇ ਵੱਖ-ਵੱਖ ਵਾਰਡਾਂ ਦੇ ਕੌਂਸਲਰ, ਬਲਾਕ ਪ੍ਰਧਾਨ, ਸਰਪੰਚ ਅਤੇ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਪਾਰਟੀ ਵਰਕਰ ਹਾਜ਼ਰ ਸਨ। ਰੋਸ ਪ੍ਰਦਰਸ਼ਨ ਦੌਰਾਨ ਹੱਥਾਂ ਵਿੱਚ ਪੋਸਟਰ ਫੜ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਰਣਜੋਧ ਸਿੰਘ ਹਡਾਨਾ ਨੇ ਕਿਹਾ ਕਿ ਇਹ ਰਾਜ ਸਭਾ ਮੈਂਬਰ ਆਮ ਆਦਮੀ ਪਾਰਟੀ ਦੀ ਬਦੌਲਤ ਅਤੇ ਲੋਕਾਂ ਦੇ ਵਿਸ਼ਵਾਸ ਸਦਕਾ ਉੱਚੇ ਅਹੁਦਿਆਂ ਤੱਕ ਪਹੁੰਚੇ ਸਨ।ਸ. ਹਡਾਨਾ ਨੇ ਭਾਜਪਾ 'ਤੇ ਵਰ੍ਹਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਲੋਕਤੰਤਰ ਦਾ ਘਾਣ ਕਰ ਰਹੀ ਹੈ ਅਤੇ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਲਾਲਚ ਜਾਂ ਡਰਾ-ਧਮਕਾ ਕੇ ਆਪਣੇ ਵੱਲ ਖਿੱਚ ਰਹੀ ਹੈ। ਪੁਤਲੇ ਸਾੜਨ ਮੌਕੇ ਮੌਜੂਦ ਆਪ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਮੈਂਬਰਾਂ ਨੇ ਪਾਰਟੀ ਨਾਲ ਗ਼ਦਾਰੀ ਕੀਤੀ ਹੈ, ਉਨ੍ਹਾਂ ਨੂੰ ਇਤਿਹਾਸ ਕਦੇ ਮੁਆਫ਼ ਨਹੀਂ ਕਰੇਗਾ। ਪ੍ਰਦਰਸ਼ਨ ਦੌਰਾਨ ਸਨੌਰ ਹਲਕੇ ਦੇ ਮੁੱਖ ਚੌਕਾਂ ਵਿੱਚ ਇਨ੍ਹਾਂ ਆਗੂਆਂ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।

## ਹਰਚੰਦ ਸਿੰਘ ਬਰਸਟ ਵੱਲੋਂ ਸੜਕਾਂ ਦੇ ਨਵੀਨੀਕਰਨ ਕਾਰਜਾਂ ਦਾ ਉਦਘਾਟਨ

### ➢ਪਹਾੜਪੁਰ, ਸੈਂਸਰਵਾਲ ਅਤੇ ਸਹਿਜਪੁਰ ਕਲਾਂ ਵਿਖੇ ਸੜਕਾਂ ਦਾ ਹੋਵੇਗਾ ਨਿਰਮਾਣ

ਸਮਾਣਾ, 27 ਅਪ੍ਰੈਲ (ਸੁਖਜਿੰਦਰ ਕੁਲਾਰਾ/ਵਿਜੇ ਕੁਮਾਰ/ਜਵੰਦਾ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ। ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸੜਕਾਂ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਪੱਧਰ 'ਤੇ ਕਾਰਜ ਚਲ ਰਹੇ ਹਨ। ਇਸੇ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਵਿੱਚ ਲਗਭਗ 15.40 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੜਕਾਂ ਦੇ ਨਵੀਨੀਕਰਨ ਦੇ ਕਾਰਜ ਸ਼ੁਰੂ ਕਰਵਾਏ ਗਏ, ਜਿਸ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ-ਪਾਤੜਾਂ ਰੋਡ ਤੋਂ ਸਹਿਜਪੁਰ ਕਲਾਂ ਤੱਕ 2.31 ਕਿਲੋਮੀਟਰ ਲੰਬੀ ਸੜਕ ਅਤੇ ਸਮਾਣਾ-ਭਵਾਨੀਗੜ੍ਹ ਰੋਡ ਤੋਂ ਸਮਾਣਾ ਕੁਲਾਰਾਂ ਰੋਡ ਵਾਇਆ ਸਹਿਜਪੁਰ ਕਲਾਂ ਸਮੇਤ ਲਿੰਕ ਜੰਡਸਰ 9.22 ਕਿਲੋਮੀਟਰ ਲੰਬਾਈ ਵਾਲੀ ਸੜਕ



ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਹ ਸੜਕਾਂ ਲਗਭਗ 9.60 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣਗੀਆਂ। ਇਸਦੇ ਨਾਲ ਹੀ ਪਟਿਆਲਾ-ਸਮਾਣਾ ਰੋਡ ਤੋਂ ਪਟਿਆਲਾ-ਸੰਗਰੂਰ ਰੋਡ ਵਾਈਆ ਪਹਾੜਪੁਰ ਤੱਕ ਕੁੱਲ 5.70 ਕਿਲੋਮੀਟਰ ਲੰਬਾਈ ਵਾਲੀ ਸੜਕ ਦੇ ਨਵੀਨੀਕਰਨ ਦਾ ਕਾਰਜ ਸ਼ੁਰੂ ਕਰਵਾਇਆ ਗਿਆ, ਜਿਸ 'ਤੇ ਲਗਭਗ 3.41 ਕਰੋੜ ਰੁਪਏ ਦੀ ਲਾਗਤ ਆਵੇਗੀ। ਨਾਲ ਹੀ ਪਟਿਆਲਾ-ਸੰਗਰੂਰ ਰੋਡ (ਸੈਂਸਰਵਾਲ) ਤੋਂ ਖੇੜੀ ਮੱਲਾਂ ਸਮੇਤ ਲਿੰਕ ਤਰੌੜਾ ਕਲਾਂ ਤੱਕ 4.66 ਕਿਲੋਮੀਟਰ ਲੰਬੀ ਸੜਕ ਦੇ ਨਵੀਨੀਕਰਨ ਦੇ ਕਾਰਜ ਦਾ ਉਦਘਾਟਨ ਕੀਤਾ ਗਿਆ, ਜੋ ਕਿ ਲਗਭਗ 2.39 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ। ਬਰਸਟ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਵੱਲੋਂ ਇਨ੍ਹਾਂ ਸੜਕਾਂ ਨੂੰ ਬਣਵਾਉਣ ਲਈ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜਾਂ ਨੂੰ ਸ਼ੁਰੂ ਕਰਵਾਇਆ ਗਿਆ ਹੈ। ਇਨ੍ਹਾਂ ਸੜਕਾਂ ਦੇ ਬਣਨ ਨਾਲ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ, ਆਮ ਜਨਤਾ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਸੁਰੱਖਿਅਤ ਅਤੇ ਸੁਗਮ ਬਣੇਗੀ। ਇਸ ਨਾਲ ਨਾ ਸਿਰਫ਼ ਆਰਥਿਕ ਗਤੀਵਿਧੀਆਂ ਨੂੰ ਵਾਧਾ ਮਿਲੇਗਾ, ਸਗੋਂ ਕਿਸਾਨਾਂ ਨੂੰ ਆਪਣੀ ਫਸਲ ਮੰਡੀ ਤੱਕ ਲਿਜਾਣ ਵਿੱਚ ਵੀ ਆਸਾਨੀ ਹੋਵੇਗੀ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸੂਬੇ ਦੀਆਂ ਸੜਕਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਲੋਕਾਂ ਨੂੰ ਖਰਾਬ ਸੜਕਾਂ ਕਰਕੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਪਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਸੜਕਾਂ ਮੁਹੱਈਆ ਕਰਵਾਉਣ ਲਈ ਸੜਕਾਂ ਦੇ ਨਵੀਨੀਕਰਨ ਅਤੇ ਨਿਰਮਾਣ ਦੇ ਕਾਰਜਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾ ਰਿਹਾ ਹੈ, ਜਿਨ੍ਹਾਂ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਲਕਾ ਸਮਾਣਾ ਦੀਆਂ ਸੜਕਾਂ ਅਤੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਸਮੂਹ ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ।ਇਸ ਮੌਕੇ ਕੁਲਦੀਪ ਸਿੰਘ ਵਿਰਕ ਹਲਕਾ ਸਮਾਣਾ ਕੁਆਰਡੀਨੇਟਰ ਯੁੱਧ ਨਸ਼ਿਆ ਵਿਰੁੱਧ, ਜਸਬੀਰ ਸਿੰਘ ਤਰੈਂ ਜ਼ਿਲ੍ਹਾ ਪਰਿਸ਼ਦ ਮੈਂਬਰ, ਦਰਬਾਰਾ ਸਿੰਘ ਬਲਾਕ ਸੰਮਤੀ ਮੈਂਬਰ, ਬਲਕਾਰ ਸਿੰਘ ਬਲਾਕ ਸੰਮਤੀ ਮੈਂਬਰ, ਬਲਜਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਜਗਦੀਪ ਸਿੰਘ ਸਰਪੰਚ ਪਹਾੜਪੁਰ, ਰਾਮ ਸਿੰਘ ਸਰਪੰਚ ਫਤਿਹਪੁਰ, ਗਿੰਨੀ ਖੰਗੂੜਾ, ਜਸਪਾਲ ਸਿੰਘ ਸਾਬਕਾ ਸਰਪੰਚ ਸੈਂਸਰਵਾਲ, ਸ਼ੇਰ ਸਿੰਘ ਸਰਪੰਚ ਖੇੜੀਮੱਲਾ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲਲੌਛੀ, ਸੁਖਦੇਵ ਸਿੰਘ ਨੰਬਰਦਾਰ, ਗੁਰਮੇਲ ਸਿੰਘ ਜੈਲਦਾਰ, ਨਰਿੰਦਰ ਸਿੰਘ ਸਰਪੰਚ ਬਰਸਟ, ਪਰਗਟ ਸਿੰਘ ਸਰਪੰਚ ਢਕੜੱਬਾ, ਗੁਰਪ੍ਰੀਤ ਸਿੰਘ ਸਰਪੰਚ ਸਹਿਜਪੁਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਚਰਨਜੀਤ ਸਿੰਘ ਸਰਪੰਚ, ਗੁਰਚਰਨ ਸਿੰਘ ਪੰਚ, ਭਗਵਾਨ ਪੰਚ, ਬਿੰਦਰ ਪੰਚ, ਜਰਨੈਲ ਸਿੰਘ ਢਕੜੱਬਾ, ਕੁਲਦੀਪ ਸਿੰਘ ਪਹਾੜਪੁਰ, ਜਗਜੀਤ ਸਿੰਘ, ਜਗਤਾਰ ਸਿੰਘ, ਦਵਿੰਦਰ ਗਿੱਲ, ਹਰਜਿੰਦਰ ਗਿੱਲ, ਬਲਵਿੰਦਰ ਗਿੱਲ, ਸਿਮਰਨ ਗਿੱਲ, ਭਗਵੰਤ ਵਿਰਕ, ਹਰਤੇਜ ਸੰਧੂ, ਹਰਸ਼ਵੀਰ ਵਿਰਕ, ਗੁਰਨਾਮ, ਬਿੰਦਰ ਨਾਗਰ, ਬਲਵਿੰਦਰ ਗਾਜੀਪੁਰ, ਅੰਗ੍ਰੇਜ ਭੁੱਲਰ, ਮਨਮਿੰਦਰ ਸਿੰਘ, ਸੁਰਿੰਦਰ ਸਿੰਘ, ਮੁੱਖੀ ਸਿੰਘ, ਰੰਗੀ ਰਾਮ, ਜੈਂਕੀ ਮਹਿਰਾ, ਸਾਬਕਾ ਚੇਅਰਮੈਨ ਸ਼ੰਕਰ ਜਿੰਦਲ, ਹਜਾਰੀ ਲਾਲ ਜੌਹਰੀ, ਗੁਰਪਿਆਰ ਨਵਾਗਾਓ, ਜਸਪਾਲ ਬੀਬੀਪੁਰ, ਡਾ. ਹਰਮੇਸ਼ ਸਮੇਤ ਸੈਂਕੜੇ ਦੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## ਪੁਰਾਣੀ ਰੰਜਿਸ਼ ਕਾਰਨ ਨੌਜਵਾਨ ਦੀ ਕੁੱਟਮਾਰ, 9 ਖ਼ਿਲਾਫ਼ ਮਾਮਲਾ ਦਰਜ

ਸਮਾਣਾ, 27 ਅਪ੍ਰੈਲ (ਵਿਜੇ ਕੁਮਾਰ) : ਪੁਰਾਣੀ ਰੰਜਿਸ਼ ਦੇ ਚੱਲਦਿਆਂ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਘੇਰ ਕੇ ਉਸ ਦੀ ਕੁੱਟਮਾਰ ਕਰਨ ਅਤੇ ਧਮਕੀਆਂ ਦੇਣ ਦੇ ਦੋਸ਼ ਵਿੱਚ ਸਿਟੀ ਪੁਲਿਸ ਨੇ 8 ਅਣਪਛਾਤੇ ਵਿਅਕਤੀਆਂ ਸਮੇਤ ਗੁਰਪ੍ਰੀਤ ਸਿੰਘ ਨਿਵਾਸੀ ਪਿੰਡ ਜਮਾਲਪੁਰ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਏ.ਐਸ.ਆਈ. ਧਰਮਿੰਦਰ ਸਿੰਘ ਨੇ ਦੱਸਿਆ ਕਿ ਹਰਮਨਪ੍ਰੀਤ ਸਿੰਘ ਨਿਵਾਸੀ ਪਿੰਡ ਟੋਡਰਪੁਰ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, 25 ਅਪ੍ਰੈਲ ਦੀ ਦੁਪਹਿਰ 12:30 ਵਜੇ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਭਾਖੜਾ ਨਹਿਰ ਨੇੜੇ ਗਊਸ਼ਾਲਾ ਸਮਾਣਾ ਕੋਲ ਆ ਰਿਹਾ ਸੀ। ਇਸ ਦੌਰਾਨ ਪਿੱਛੋਂ ਗੱਡੀ 'ਤੇ ਸਵਾਰ ਹੋ ਕੇ ਆਏ ਮੁਲਜ਼ਮਾਂ ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਕੇ ਉਸ ਨੂੰ ਹੇਠਾਂ ਗਿਰਾ ਦਿੱਤਾ। ਮੁਲਜ਼ਮਾਂ ਨੇ ਉਸ ਨੂੰ ਘੇਰ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਫ਼ਰਾਰ ਹੋ ਗਏ। ਜ਼ਖ਼ਮੀ ਹਾਲਤ ਵਿੱਚ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਾਣਾ ਵਿਖੇ ਦਾਖ਼ਲ ਕਰਵਾਇਆ ਗਿਆ। ਪੁਲਿਸ ਅਧਿਕਾਰੀ ਅਨੁਸਾਰ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

## ਵਰੁਣ ਸ਼ਰਮਾ ਨੇ ਪਰਮਿੰਦਰ ਭਲਵਾਨ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਿਤ

ਪਟਿਆਲਾ, 27 ਅਪ੍ਰੈਲ (ਚ.ਨ.ਸ) : ਪੰਜਾਬ ਅਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਜੋ ਕਿ ਲੰਮੇ ਸਮੇਂ ਤੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ(ਆਈ.ਪੀ.ਐਸ) ਵੱਲੋਂ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਨੇ ਕਿਹਾ ਕਿ



ਡਾਇਰੈਕਟਰ ਜਰਨਲ ਆਫ ਪੁਲਿਸ ਗੌਰਵ ਯਾਦਵ,ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਚਾਹਲ ਦੀ ਅਗਵਾਈ ਹੇਠ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਉਹਨਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਲੜਾਈ ਵਿੱਚ ਵੱਧ ਚੜ੍ਹਕੇ ਵਲੰਟੀਅਰ ਸਹਿਯੋਗ ਦੇ ਰਹੀਆਂ ਹਨ ਜੋ ਕਿ ਪ੍ਰਸ਼ੰਸਾਯੋਗ ਕਦਮ ਹੈ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀ ਟੀਮ ਹਮੇਸ਼ਾ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਦੀ ਅਗਵਾਈ ਹੇਠ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਜ਼ਿਲ੍ਹਾ ਪੁਲਿਸ ਪਟਿਆਲਾ ਨਾਲ ਮਿਲਕੇ ਪ੍ਰੋਗਰਾਮਾਂ ਦਾ ਆਯੋਜਨ ਕਰਨ ਗਈਆਂ।

## ਪੱਖੇ ਨਾਲ ਲਟਕ ਰਹੀ ਨੌਜਵਾਨ ਦੀ ਲਾਸ਼ ਮਿਲੀ

ਸਮਾਣਾ, 27 ਅਪ੍ਰੈਲ (ਵਿਜੇ ਕੁਮਾਰ) : ਪਿੰਡ ਸਾਧਾਰਨਪੁਰ ਵਿੱਚ ਇੱਕ ਘਰ ਦੇ ਕਮਰੇ ਵਿੱਚ ਪਿਛਲੇ ਇੱਕ ਹਫ਼ਤੇ ਤੋਂ ਪੱਖੇ ਨਾਲ ਲਟਕ ਰਹੀ ਇੱਕ 35 ਸਾਲਾ ਨੌਜਵਾਨ ਦੀ ਲਾਸ਼ ਮਿਲਣ ਕਾਰਨ ਇਲਾਕੇ ਵਿੱਚ ਸਨਸਨੀ ਫੈਲ ਗਈ। ਕਮਰੇ ਵਿੱਚੋਂ ਬਦਬੂ ਆਉਣ 'ਤੇ ਗੁਆਂਢੀਆਂ ਨੇ ਇਸ ਦੀ ਸੂਚਨਾ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਨੂੰ ਦਿੱਤੀ, ਜਿਨ੍ਹਾਂ ਨੇ ਉੱਥੇ ਪਹੁੰਚ ਕੇ ਕਮਰੇ ਵਿੱਚ ਨੌਜਵਾਨ ਦੀ ਲਟਕਦੀ ਲਾਸ਼ ਦੇਖੀ ਅਤੇ ਉਸ ਨੂੰ ਹੇਠਾਂ ਉਤਾਰ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਵਿਖੇ ਲਿਆਂਦਾ। ਮਾਮਲੇ ਦੇ ਜਾਂਚ ਅਧਿਕਾਰੀ ਬਾਦਸ਼ਾਹਪੁਰ ਪੁਲਿਸ ਚੌਂਕੀ ਦੇ ਏ.ਐਸ.ਆਈ. ਪਰਮਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਬਲਰਾਜ ਸਿੰਘ ਦੇ ਭਰਾ ਹਰਜੀਤ ਸਿੰਘ ਵੱਲੋਂ ਦਰਜ ਕਰਵਾਏ ਗਏ ਬਿਆਨਾਂ ਅਨੁਸਾਰ, 5 ਸਾਲ ਪਹਿਲਾਂ ਵਿਆਹਿਆ ਬਲਰਾਜ ਘਰ ਵਿੱਚ ਇਕੱਲਾ ਰਹਿੰਦਾ ਸੀ। 2 ਸਾਲ ਪਹਿਲਾਂ ਉਸ ਦੀ ਪਤਨੀ ਆਪਣੀ ਦੋ ਸਾਲਾ ਬੇਟੀ ਨੂੰ ਨਾਲ ਲੈ ਕੇ ਉਸ ਨੂੰ ਛੱਡ ਕੇ ਕਿਤੇ ਚਲੀ ਗਈ ਸੀ, ਜੋ ਵਾਪਸ ਨਹੀਂ ਆਈ, ਜਦਕਿ ਉਸ ਦਾ ਭਰਾ ਵੱਖਰਾ ਰਹਿੰਦਾ ਸੀ। ਕੰਬਾਈਨ 'ਤੇ ਕੰਮ ਕਰਨ ਵਾਲਾ ਬਲਰਾਜ ਲਗਭਗ 15 ਦਿਨ ਪਹਿਲਾਂ ਹੀ ਵਾਪਸ ਆਇਆ ਸੀ ਅਤੇ ਇੱਕ ਹਫ਼ਤੇ ਤੋਂ ਵੱਧ ਸਮੇਂ ਤੋਂ ਉਸ ਨੂੰ ਕਿਸੇ ਨੇ ਨਹੀਂ ਦੇਖਿਆ ਸੀ। ਅਧਿਕਾਰੀ ਅਨੁਸਾਰ, ਮ੍ਰਿਤਕ ਦੀ ਲਾਸ਼ ਦੀ ਖ਼ਰਾਬ ਹਾਲਤ ਅਤੇ ਬਹੁਤ ਜ਼ਿਆਦਾ ਬਦਬੂ ਕਾਰਨ ਪਰਿਵਾਰਕ ਮੈਂਬਰਾਂ ਦੀ ਬੇਨਤੀ 'ਤੇ ਅਧਿਕਾਰੀਆਂ ਨੇ ਪੋਸਟਮਾਰਟਮ ਕੀਤੇ ਬਿਨਾਂ ਹੀ ਲਾਸ਼ ਸਸਕਾਰ ਲਈ ਪਰਿਵਾਰ ਨੂੰ ਸੌਂਪ ਦਿੱਤੀ।

## ਹਲਕਾ ਸਮਾਣਾ ਦੇ ਵਾਰਡ ਨੰ. 7 ਵਿਖੇ ਇਲਾਕਾ ਵਾਸੀਆਂ ਨਾਲ ਹਰਚੰਦ ਸਿੰਘ ਬਰਸਟ ਵੱਲੋਂ ਮੀਟਿੰਗ



ਸਮਾਣਾ, 27 ਅਪ੍ਰੈਲ (ਵਿਜੇ ਕੁਮਾਰ) : ਹਲਕਾ ਸਮਾਣਾ ਦੇ ਵਾਰਡ ਨੰਬਰ 7 ਦੇ ਮਲਕਾਨਾ ਪੱਤੀ ਮੁਹੱਲਾ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਹੋਈ। ਇਸ ਦੌਰਾਨ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਕਿਰਨਜੀਤ ਕੌਰ ਦੇ ਗ੍ਰਹਿ ਵਿਖੇ ਆਯੋਜਿਤ ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਵਲੰਟੀਅਰਾਂ ਅਤੇ ਇਲਾਕਾ ਨਿਵਾਸੀਆਂ ਨੇ ਹਿੱਸਾ ਲਿਆ। ਇਸ ਮੌਕੇ ਸਮੂਹ ਇਲਾਕਾ ਨਿਵਾਸੀਆਂ ਵੱਲੋਂ ਸ. ਹਰਚੰਦ ਸਿੰਘ ਬਰਸਟ ਦਾ ਸਵਾਗਤ ਕੀਤਾ ਗਿਆ। ਵਲੰਟੀਅਰਾਂ ਅਤੇ ਇਲਾਕਾ ਨਿਵਾਸੀਆਂ ਦੇ ਇੱਕਠ ਨੂੰ ਸੰਬੋਧਨ ਕਰਦਿਆਂ ਸ. ਬਰਸਟ ਨੇ ਪਾਰਟੀ ਦੀਆਂ ਗਤੀਵਿਧੀਆਂ, ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿਤੈਸ਼ੀ ਕੰਮਾਂ ਅਤੇ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਸ. ਬਰਸਟ ਨੇ ਸਮਾਣਾ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਵਲੰਟੀਅਰਾਂ ਅਤੇ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਲਗਾਤਾਰ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਅਪੀਲ ਕੀਤੀ ਕਿ ਉਹ ਘਰ-ਘਰ ਤੱਕ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਦੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਪਹੁੰਚਾਉਣ। ਇਸ ਮੌਕੇ ਬੀਬੀ ਕਪੂਰੋ, ਮਮਤਾ, ਮਨਪ੍ਰੀਤ, ਜਸਵਿੰਦਰ ਕੌਰ, ਰਵਨੀਤ ਕੌਰ, ਜਸਵਿੰਦਰ ਕੌਰ, ਕੁਲਦੀਪ ਵਿਰਕ , ਹਰਸ਼ਵੀਰ ਵਿਰਕ, ਰਾਮ ਸਿੰਘ ਸਰਪੰਚ, ਰਵਿੰਦਰ ਬੱਲੀ, ਗਿੰਨੀ ਖੰਗੂੜਾ, ਬਿੰਦਰ ਨਾਗਰ, ਜੱਸੀ ਫਤਿਹਪੁਰ, ਅੰਗਰੇਜ ਭੁੱਲਰ, ਦਵਿੰਦਰ ਗਿੱਲ, ਜੈਂਕੀ ਮਹਿਰਾ, ਸ਼ੰਕਰ ਜਿੰਦਲ, ਹਜਾਰੀ ਲਾਲ ਜੋਹਰੀ, ਗੁਰਦੀਪ ਸਿੰਘ, ਅਮਰਜੀਤ ਸਿੰਘ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## 'ਆਸ਼ਾ ਦਿਵਸ' ਮੌਕੇ ਵਧੀਆ ਕਾਰਗੁਜ਼ਾਰੀ ਵਾਲੀਆਂ ਆਸ਼ਾ ਵਰਕਰਾਂ ਸਨਮਾਨਿਤ



ਦੇਵੀਗੜ੍ਹ, 27 ਅਪ੍ਰੈਲ (ਗੁਰਜੀਤ ਸਿੰਘ ਢੋਟ) : ਡਾ ਸ਼ੈਲੀ ਜੇਤਲੀ ਸਿਵਲ ਸਰਜਨ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਾ. ਨਿਧੀ ਸ਼ਰਮਾ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ ਵਿੱਚ ਸਮੂਹਿਕ ਸਿਹਤ ਕੇਂਦਰ ਦੁਧਨਸਾਧਾਂ ਵਿਖੇ ਆਸ਼ਾ ਦਿਵਸ ਮਨਾਇਆ ਗਿਆ। ਇਸ ਮੌਕੇ ਡਾ.ਨਿਧੀ ਸ਼ਰਮਾ ਐਸ ਐਮ ਓ ਨੇ ਕਿਹਾ ਕਿ ਆਸ਼ਾ ਵਰਕਰਾਂ ਸਿਹਤ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਗੁਰਵਿੰਦਰ ਸਿੰਘ ਬਲਾਕ ਪਸਾਰ ਸਿਖਿਆਕਾਰ ਨੇ ਕਿਹਾ ਕਿ ਮਾਵਾਂ ਅਤੇ ਬੱਚਿਆਂ ਦੀ ਸਿਹਤ ਸੰਭਾਲ, ਸੰਪੂਰਨ ਟੀਕਾਕਰਨ, ਬਿਮਾਰੀਆਂ ਦੀ ਰੋਕਥਾਮ ਲਈ ਜਾਗਰੂਕਤਾ ਫੈਲਾਉਣਾ, ਸਮਾਜ ਨੂੰ ਸਿਹਤਮੰਦ ਅਤੇ ਸੁਰੱਖਿਅਤ ਬਣਾਉਣ ਲਈ ਕੰਮ ਕਰਨ ਵਿਚ ਆਸ਼ਾ ਵਰਕਰ ਮੋਹਰੀ ਰੋਲ ਨਿਭਾ ਰਹੀਆਂ ਹਨ। ਇਸ ਦਿਵਸ 'ਤੇ ਸਾਲ 2025-26 ਦੌਰਾਨ ਵਧੀਆ ਕਾਰਗੁਜ਼ਾਰੀ ਵਾਲੀਆਂ ਆਸ਼ਾ ਵਰਕਰਾਂ ਨੀਲਮ ਰਾਣੀ, ਰਜਨੀ ਦੇਵੀ, ਗੀਤਾ ਰਾਣੀ, ਸੋਨੀਆ ਸਿੰਘ, ਕਰਮਜੀਤ ਕੌਰ, ਮਨਦੀਪ ਕੌਰ, ਮਨਜੀਤ ਕੌਰ, ਪਰਵਿੰਦਰ ਕੌਰ ਅਤੇ ਸੀਮਾ ਰਾਣੀ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪੁਸ਼ਪਾ ਦੇਵੀ ਐਲ ਐਚ ਵੀ, ਸਿਮਰਜੀਤ ਕੌਰ ਹਾਜ਼ਰ ਸਨ।

## ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਪੰਜਾਬ ਯੋਗਾਸਨ ਸਪੋਰਟਸ ਐਸੋਸੀਏਸ਼ਨ ਨਾਲ ਐਮ.ਓ.ਯੂ. ਸਾਈਨ

ਪਟਿਆਲਾ, 27 ਅਪ੍ਰੈਲ (ਚ.ਨ.ਸ.) : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵੱਲੋਂ ਯੂਨੀਵਰਸਿਟੀ ਦੇ ਪ੍ਰਸ਼ਾਸਕੀ ਬਲਾਕ ਵਿੱਚ ਆਯੋਜਿਤ ਇਕ ਸਰਕਾਰੀ ਸਮਾਰੋਹ ਦੌਰਾਨ ਪੰਜਾਬ ਯੋਗਾਸਨ ਸਪੋਰਟਸ ਐਸੋਸੀਏਸ਼ਨ (PYSA) ਨਾਲ ਸਮਝੌਤਾ ਪੱਤਰ (MoU) 'ਤੇ ਦਸਤਖਤ ਕੀਤੇ ਗਏ। ਇਹ ਸਮਾਰੋਹ ਮਾਣਯੋਗ ਵਾਈਸ ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। JGND PSO " ਦੀ ਓਰੋਂ ਡਾ. ਬਲਜੀਤ ਸਿੰਘ ਖੇਹਰਾ, ਰਜਿਸਟਰਾਰ, ਅਤੇ ਡਾ. ਅਮਿਤੋਜ ਸਿੰਘ, ਐਸੋਸੀਏਟ ਡੀਨ (ਅਕਾਦਮਿਕ ਮਾਮਲੇ), ਵੱਲੋਂ MoU 'ਤੇ ਦਸਤਖਤ ਕੀਤੇ ਗਏ। ਇਸ ਦੀ ਕੋਆਰਡੀਨੇਸ਼ਨ ਡਾ. ਕਰਨ ਸੁਖੀਜਾ, ਡਾਇਰੈਕਟਰ, ਪਲਾਨਿੰਗ ਐਂਡ ਡਿਵੈਲਪਮੈਂਟ ਡਿਵੀਜ਼ਨ ਵੱਲੋਂ ਕੀਤੀ ਗਈ। ਪੰਜਾਬ ਯੋਗਾਸਨ ਸਪੋਰਟਸ ਐਸੋਸੀਏਸ਼ਨ



ਦੀ ਓਰੋਂ ਡਾ. ਅਕਾਲਕਲਾ ਸੇਖਵਾਂ (ਪ੍ਰਧਾਨ), ਡਾ. ਚੰਦਰਕਾਂਤ ਮਿਸ਼ਰਾ, ਸ੍ਰੀ ਸਰਬਜੀਤ ਸਿੰਘ ਅਤੇ ਸ੍ਰੀਮਤੀ ਸੁਨੀਤਾ ਵਰਮਾ ਵੱਲੋਂ MoU 'ਤੇ ਦਸਤਖਤ ਕੀਤੇ ਗਏ। ਇਸ MoU ਦਾ ਉਦੇਸ਼ ਯੋਗਾਸਨ ਨੂੰ ਇੱਕ ਖੇਡ ਵਜੋਂ ਉਤਸ਼ਾਹਿਤ ਕਰਨਾ ਅਤੇ ਇਸਨੂੰ ਅਕਾਦਮਿਕ ਅਤੇ ਹੁਨਰ-ਅਧਾਰਿਤ ਸਿੱਖਿਆ ਨਾਲ ਜੋੜਨਾ ਹੈ।ਇਸ ਮੌਕੇ ਮਾਣਯੋਗ ਵਾਈਸ ਚਾਂਸਲਰ ਨੇ ਸਮੱਗਰੀਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸਿਹਤਮੰਦ ਜੀਵਨਸ਼ੈਲੀ ਨੂੰ ਪ੍ਰੋਤਸਾਹਿਤ ਕਰਨ ਵਿੱਚ ਅਜਿਹੇ ਸਹਿਯੋਗਾਂ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਸਮਾਰੋਹ ਵਿੱਚ ਯੂਨੀਵਰਸਿਟੀ ਦੇ ਅਧਿਆਪਕ, ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਇਹ ਪਹਲ ਸਾਂਝੇ ਉਪਰਾਲਿਆਂ ਰਾਹੀਂ ਸਿਹਤ, ਹੁਨਰ ਵਿਕਾਸ ਅਤੇ ਖੇਡ ਸੰਸਕ੍ਰਿਤੀ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

## ਨਸ਼ੇ ਦਾ ਸੇਵਨ ਕਰਦੀ ਮਹਿਲਾ ਕਾਬੂ

ਸਮਾਣਾ, 27 ਅਪ੍ਰੈਲ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਨਸ਼ੇ ਦਾ ਸੇਵਨ ਕਰ ਰਹੀ ਇੱਕ ਮਹਿਲਾ ਨੂੰ ਲਾਈਟਰ, ਫੁਆਇਲ ਪੇਪਰ ਅਤੇ ਪੰਨੀ ਸਮੇਤ ਕਾਬੂ ਕਰਕੇ ਉਸ ਦੇ ਖਿਲਾਫ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮਹਿਲਾ ਦੀ ਪਛਾਣ ਨੀਤੂ ਰਾਣੀ ਪਤਨੀ ਕ੍ਰਿਸ਼ਨ ਕੁਮਾਰ ਨਿਵਾਸੀ ਅਮਾਮਗੜ੍ਹ ਮੁਹੱਲਾ, ਸਮਾਣਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਰਾਜਵਿੰਦਰ ਕੌਰ ਪੁਲਿਸ ਪਾਰਟੀ ਸਮੇਤ ਇਲਾਕੇ ਵਿੱਚ ਗਸ਼ਤ 'ਤੇ ਮੌਜੂਦ ਸੀ। ਉਸ ਨੂੰ ਸੂਚਨਾ ਮਿਲੀ ਕਿ ਉਕਤ ਮਹਿਲਾ ਹੈਰੋਇਨ ਦਾ ਨਸ਼ਾ ਕਰਨ ਦੀ ਆਦੀ ਹੈ ਅਤੇ ਇਸ ਵੇਲੇ ਵੀ ਭਵਾਨੀਗੜ੍ਹ ਰੋਡ 'ਤੇ ਸਥਿਤ ਇੱਕ ਮੈਰਿਜ ਪੈਲੇਸ ਦੇ ਕੋਲ ਪਏ ਖਾਲੀ ਪਲਾਟ ਵਿੱਚ ਬੈਠੀ ਨਸ਼ੇ ਦਾ ਸੇਵਨ ਕਰ ਰਹੀ ਹੈ। ਪੁਲਿਸ ਪਾਰਟੀ ਵੱਲੋਂ ਛਾਪੇਮਾਰੀ ਦੌਰਾਨ ਮਹਿਲਾ ਕੋਲੋਂ ਇੱਕ ਲਾਈਟਰ, ਫੁਆਇਲ ਪਾਈਪ ਅਤੇ ਪੰਨੀ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਪੁਲਿਸ ਅਧਿਕਾਰੀ ਅਨੁਸਾਰ ਮੁਲਜ਼ਮ ਮਹਿਲਾ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

## ਡਾ. ਬੀ.ਐੱਸ. ਸੰਧੂ ਸਕੂਲ ਦੇ ਵਿਦਿਆਰਥੀਆਂ ਨੇ ਸਟੇਟ ਚੈਂਪੀਅਨਸ਼ਿਪ 'ਚ ਜਿੱਤੀ ਸੈਕਿੰਡ ਰਨਰ ਅੱਪ ਟਰਾਫੀ

ਦੇਵੀਗੜ੍ਹ, 27 ਅਪ੍ਰੈਲ (ਗੁਰਜੀਤ ਸਿੰਘ ਢੋਟ) : ਡਾ. ਬੀ.ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ (ਜੁਲਾਹ ਖੇੜੀ) ਦੇ ਵਿਦਿਆਰਥੀਆਂ ਨੇ ਖੇਡਾਂ ਦੇ ਮੈਦਾਨ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਾਉਂਦਿਆਂ ਆਸਰਾ ਇੰਟਰਨੈਸ਼ਨਲ ਸਕੂਲ, ਚੰਨੋ (ਭਵਾਨੀਗੜ੍ਹ ) ਵਿਖੇ , 'ਯੂਥ ਐਂਡ ਸਪੋਰਟਸ ਪ੍ਰੋਮੋਸ਼ਨ ਐਸੋਸੀਏਸ਼ਨ ਆਫ ਪੰਜਾਬ' ਵੱਲੋਂ ਕਰਵਾਈ ਗਈ ਸਟੇਟ ਚੈਂਪੀਅਨਸ਼ਿਪ-2026 ਵਿੱਚ ਸੈਕਿੰਡ ਰਨਰਅੱਪ ਟਰਾਫੀ ਜਿੱਤ ਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੇ ਖਿਡਾਰੀਆਂ ਨੇ



ਇਸ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕੁੱਲ 29 ਮੈਡਲ ਹਾਸਲ ਕੀਤੇ, ਜਿਨ੍ਹਾਂ ਵਿੱਚੋਂ 18 ਸੋਨ ਤਗਮੇਂ , 10 ਚਾਂਦੀ ਦੇ ਤਗਮੇ ਅਤੇ ਇੱਕ ਕਾਂਸੇ ਦਾ ਤਗਮਾ ਜਿੱਤਿਆ ਹੈ । ਇਸ ਸ਼ਾਨਦਾਰ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਅਤੇ ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਨੇ ਕਿਹਾ ਕਿ ਇਹ ਜਿੱਤ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਕੋਚਾਂ ਦੀ ਸਹੀ ਸੇਧ ਦਾ ਨਤੀਜਾ ਹੈ। ਸਕੂਲ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕੀਤੀ। ਉਨ੍ਹਾਂ ਇਸ ਸਫਲਤਾ ਲਈ ਸਪੋਰਟਸ ਕੋਆਰਡੀਨੇਟਰ ਅਵਤਾਰ ਸਿੰਘ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

## ਭਾਸ਼ਾ ਵਿਭਾਗ ਪੰਜਾਬ ਦੀ 'ਪ੍ਰੀਤ ਨਗਰ ਯਾਤਰਾ' ਰਵਾਨਾ

ਪਟਿਆਲਾ, 27 ਅਪ੍ਰੈਲ (ਰੁਪਾਣਾ) : ਪੰਜਾਬ ਸਰਕਾਰ ਦੀ ਸਰਪ੍ਰਸਤੀ 'ਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਉੱਘੇ ਸਰਬਾਂਗੀ ਸਾਹਿਤਕਾਰ ਸ. ਗੁਰਬਖਸ਼ ਸਿੰਘ ਪ੍ਰੀਤਲੜੀ ਦੇ ਜਨਮ ਦਿਨ ਮੌਕੇ ਆਯੋਜਤ ਕੀਤੀ ਗਈ 'ਪ੍ਰੀਤ ਨਗਰ ਯਾਤਰਾ' ਅੱਜ ਇੱਥੋਂ ਭਾਸ਼ਾ ਭਵਨ ਤੋਂ ਰਵਾਨਾ ਹੋ ਗਈ ਹੈ। ਇਸ ਇੱਕ ਦਿਨ ਯਾਤਰਾ 'ਚ ਵੱਡੀ ਗਿਣਤੀ 'ਚ ਸਾਹਿਤਕਾਰ, ਰੰਗਕਰਮੀ ਤੇ ਸਾਹਿਤ ਰਸੀਏ ਸ਼ਾਮਲ ਹੋਏ ਹਨ। ਇਸ ਯਾਤਰਾ ਲਈ ਇੱਕ ਬੱਸ ਪਟਿਆਲਾ ਤੋਂ ਸਰਹੰਦ, ਖੰਨਾ, ਲੁਧਿਆਣਾ ਤੇ ਜਲੰਧਰ ਹੁੰਦੀ ਹੋਈ ਅਤੇ ਦੂਸਰੀ ਬੱਸ ਮਾਨਸਾ ਤੋਂ ਬਠਿੰਡਾ, ਫ਼ਰੀਦਕੋਟ ਹੁੰਦੀ ਹੋਈ ਪ੍ਰੀਤ ਨਗਰ (ਅੰਮ੍ਰਿਤਸਰ) ਪਹੁੰਚੇਗੀ। ਦੋਨੋਂ ਬੱਸਾਂ 'ਚ ਵੱਖ-ਵੱਖ ਸ਼ਹਿਰਾਂ, ਕਸਬਿਆਂ ਤੇ ਪਿੰਡਾਂ ਤੋਂ ਸਾਹਿਤਕਾਰ ਤੇ ਸਾਹਿਤ ਰਸੀਏ ਸ਼ਾਮਲ ਹੋਣਗੇ। 'ਪ੍ਰੀਤ ਨਗਰ ਯਾਤਰਾ' ਦੀ ਰਵਾਨਗੀ ਸਮੇਂ ਡਾਇਰੈਕਟਰ ਭਾਸ਼ਾਵਾਂ ਨੇ ਦੱਸਿਆ ਕਿ ਇਸ ਯਾਤਰਾ 'ਚ ਸੂਬੇ ਭਰ 'ਚੋਂ ਸੌ ਤੋਂ ਵਧੇਰੇ ਸਾਹਿਤਕਾਰ ਪ੍ਰੀਤ ਨਗਰ



ਪਹੁੰਚਣਗੇ। ਉਨ੍ਹਾਂ ਦੱਸਿਆ ਕਿ ਪ੍ਰੀਤ ਨਗਰ ਵਿਖੇ ਸ. ਪ੍ਰੀਤਲੜੀ ਨਾਲ ਜੁੜੀਆਂ ਵੱਖ-ਵੱਖ ਥਾਵਾਂ ਦੇ ਦਰਸ਼ਨ ਕਰਨ ਉਪਰੰਤ ਆਡੀਟੋਰੀਅਮ ਵਿਖੇ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ, ਜਿਸ ਦੌਰਾਨ ਸ. ਪ੍ਰੀਤਲੜੀ ਦੇ ਸਪੁੱਤਰ ਸ. ਹਿਰਦੇਪਾਲ ਸਿੰਘ ਉਨ੍ਹਾਂ ਦੇ ਜੀਵਨ ਬਾਰੇ ਚਾਨਣਾ ਪਾਉਣਗੇ ਅਤੇ ਡਾ. ਹਰਭਜਨ ਸਿੰਘ ਭਾਟੀਆ ਉਨ੍ਹਾਂ ਦੀਆਂ ਲਿਖਤਾਂ ਬਾਰੇ ਜਾਣਕਾਰੀ ਦੇਣਗੇ। ਉੱਘੇ ਨਾਟਕਕਾਰ ਕੇਵਲ ਧਾਲੀਵਾਲ ਵੱਲੋਂ ਤਿਆਰ ਕੀਤੀ ਪ੍ਰੀਤ ਨਗਰ ਬਾਰੇ ਦਸਤਾਵੇਜੀ ਫਿਲਮ 'ਸੁਪਨਿਆਂ ਦੀ ਧਰਤੀ' ਵਿਖਾਈ ਜਾਵੇਗੀ। ਇਸ ਯਾਤਰਾ 'ਚ ਡਾ. ਲਕਸ਼ਮੀ ਨਰਾਇਣ ਭੀਖੀ, ਕਮਲਜੀਤ ਨੀਲੋਂ, ਡਾ. ਬਲਵੀਰ ਕੌਰ ਪੰਧੇਰ, ਰਾਜੇਸ਼ ਸ਼ਰਮਾ, ਬਲਜਿੰਦਰ ਮਾਨ, ਰਵਿੰਦਰ ਚੋਟ, ਹਰਪ੍ਰੀਤ ਰਾਣਾ, ਅੰਗਰੇਜ ਸਿੰਘ, ਅਵਤਾਰਜੀਤ ਸਿੰਘ, ਭਾਸ਼ੋ, ਡਾ. ਵੀਰਪਾਲ ਕੌਰ, ਪ੍ਰੀਤਮ ਸਿੰਘ ਜੌਹਲ, ਜਸਵੀਰ ਝੱਜ, ਗੁਰਿੰਦਰ ਗੈਰੀ, ਕਰਨੈਲ ਸਿੰਘ ਵਜ਼ੀਰਾਬਾਦੀ, ਗੁਰਚਰਨ ਕੌਰ ਕੋਚਰ, ਸੰਤ ਸਿੰਘ ਸੋਹਲ, ਅੰਮ੍ਰਿਤਪਾਲ ਕੌਰ, ਰਾਜਪਾਲ ਕੌਰ, ਬਲਵਿੰਦਰ ਭੱਟੀ, ਰਿਪਨਜੋਤ ਬੱਗਾ ਸੋਨੀ, ਅਨਿਲ ਕੁਮਾਰ ਗੋਇਲ, ਭੁਪਿੰਦਰਪ੍ਰੀਤ ਸਿੰਘ, ਸਰਬਜੀਤ ਗਿੱਲ, ਸੁਨੀਤਾ ਸਨੂ ਆਦਿ ਸ਼ਾਮਲ ਹਨ। ਇਸ ਯਾਤਰਾ ਦੇ ਪ੍ਰਬੰਧ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਖੋਜ ਅਫ਼ਸਰ ਡਾ. ਸੰਤੋਖ ਸੁੱਖੀ, ਡਾ. ਸੁਖਦਰਸ਼ਨ ਸਿੰਘ ਚਹਿਲ, ਸਤਪਾਲ ਸਿੰਘ ਚਹਿਲ, ਡਾ. ਮਨਜਿੰਦਰ ਸਿੰਘ, ਖੋਜ ਸਹਾਇਕ ਹਰਪ੍ਰੀਤ ਸਿੰਘ, ਅਰੁਣ ਕੁਮਾਰ, ਤਰਲੋਕ ਨੇਗੀ, ਰਾਜਵਿੰਦਰ ਸਿੰਘ ਤੇ ਅਨਮੋਲ ਆਦਿ ਕਰ ਰਹੇ ਹਨ।

## ਬਿਜਲੀ ਕੱਟਾਂ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦਾ ਵਫ਼ਦ ਪਾਵਰਕਾਮ ਦੇ ਡਾਇਰੈਕਟਰ ਨੂੰ ਮਿਲਿਆ



ਸਮਾਣਾ, 27 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਅੱਜ ਬਿਜਲੀ ਬੋਰਡ ਦੇ ਮੁੱਖ ਦਫਤਰ ਵਿਖੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦਾ ਇੱਕ ਵੱਡਾ ਵਫਦ ਚੇਅਰਮੈਨ ਬਿਜਲੀ ਬੋਰਡ ਨੂੰ ਮਿਲਣ ਗਿਆ ਸੀ, ਜਿੱਥੇ ਚੇਅਰਮੈਨ ਨਹੀਂ ਮਿਲੇ ਤੇ ਫਿਰ ਵਫਦ ਰਜੀਵ ਕਪੂਰ ਡਾਇਰੈਕਟਰ ਵੰਡ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਦੇ ਪਿੰਡਾਂ ਵਿੱਚ ਵੱਡੇ ਵੱਡੇ ਕੱਟ ਲੱਗ ਰਹੇ ਹਨ। ਬਿਜਲੀ ਸਵੇਰੇ ਜਾ ਕੇ ਸ਼ਾਮ ਨੂੰ ਆਉਂਦੀ ਹੈ ਤੇ ਫਿਰ ਰਾਤ ਨੂੰ ਕੱਟ ਲੱਗ ਜਾਂਦੇ ਹਨ ਇਸ ਕਰਕੇ ਪੇਂਡੂ ਲੋਕਾਂ ਦਾ ਜਿਉਣਾ ਦੁੱਬਰ ਹੋ ਰਿਹਾ ਅਤੇ ਨਾ ਹੀ ਮੋਟਰਾਂ ਵਾਲੀ ਬਿਜਲੀ ਆਉਂਦੀ ਹੈ, ਜਿਸ ਕਰਕੇ ਕਿਸਾਨਾਂ ਦੀ ਬਰਸੀਨ, ਮੱਕੀ ਆਦਿ ਸੁੱਕ ਰਹੇ ਹਨ। ਉਹਨਾਂ ਨੂੰ ਪਾਣੀ ਨਹੀਂ ਦਿੱਤਾ ਜਾ ਰਿਹਾ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਪਿੰਡਾਂ ਵਿੱਚ ਰਾਤ ਦੇ ਕੱਟ ਬੰਦ ਕੀਤੇ ਜਾਣ ਅਤੇ ਦਿਨ ਵੇਲੇ ਘੱਟ ਤੋਂ ਘੱਟ ਕੱਟ ਲਗਾਏ ਜਾਣ। ਇਸ ਦੇ ਨਾਲ ਹੀ ਮੋਟਰਾਂ ਵਾਲੀ ਬਿਜਲੀ ਜਿੰਨਾ ਚਿਰ ਜੀਰੀ ਨਹੀਂ ਲੱਗਦੀ ਉਹਨਾਂ ਚਿਰ ਅੱਠ ਘੰਟੇ ਦਿੱਤੀ ਜਾਵੇ। ਇਨ੍ਹਾਂ ਮਸਲਿਆਂ 'ਤੇ ਡਾਇਰੈਕਟਰ ਰਜੀਵ ਕਪੂਰ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਬਿਜਲੀ ਦੀ ਮੰਗ ਜ਼ਿਆਦਾ ਹੋਣ ਕਰਕੇ ਭਾਵ ਜ਼ਿਆਦਾ ਲੋਡ ਹੋਣ ਕਰਕੇ ਇਹ ਸਮੱਸਿਆ ਆਈ ਹੈ ਅਤੇ ਦੋ ਤਿੰਨ ਦਿਨ ਦੇ ਵਿੱਚ ਅਸੀਂ ਇਸ ਸਮੱਸਿਆ 'ਤੇ ਕਾਬੂ ਪਾ ਲਵਾਂਗੇ ਤੇ ਪਿੰਡਾਂ ਵਿੱਚ ਫਿਰ ਤੋਂ ਬਿਜਲੀ ਪਹਿਲਾਂ ਵਾਂਗ ਆਵੇਗੀ। ਇਸ ਵਫਦ ਵਿੱਚ ਗੁਰਨਾਮ ਸਿੰਘ ਢੈਂਠਲ ਜ਼ਿਲ੍ਹਾ ਪ੍ਰਧਾਨ, ਰਣਜੀਤ ਸਿੰਘ ਸਵਾਜਪੁਰ ਸੂਬਾ ਪਰਾਪੇਗੰਡਾ ਸੈਕਟਰੀ, ਜਰਨੈਲ ਸਿੰਘ ਕਾਲੇਕੇ ਸੂਬਾ ਪ੍ਰੈਸ ਸਕੱਤਰ, ਯਾਦਵਿੰਦਰ ਸਿੰਘ ਬਲਾਕ ਪ੍ਰਧਾਨ ਬਲਜੀਤ ਸਿੰਘ ਭਾਦਸੋ, ਭਾਗ ਸਿੰਘ ਬਲਾਕ ਪ੍ਰਧਾਨ, ਪਵਨ ਪਸਿਆਣਾ, ਬਲਜਿੰਦਰ ਸਿੰਘ ਢੀਂਡਸਾ, ਅਜਾਇਬ ਸਿੰਘ ਲੌਟ, ਨਾਜਰ ਸਿੰਘ ਕਕਰਾਲਾ, ਗੁਰਦੇਵ ਸਿੰਘ ਚੌਹਠ, ਭੁਪਿੰਦਰ ਸਿੰਘ ਸਮਾਣਾ ਅਤੇ ਜ਼ਿਲਾ ਪ੍ਰੈਸ ਸਕੱਤਰ ਸੁਖਜਿੰਦਰ ਸਿੰਘ ਕੁਲਾਰਾਂ ਆਦਿ ਕਿਸਾਨ ਆਗੂ ਸ਼ਾਮਿਲ ਸਨ।

## ਤ੍ਰਿਵੇਣੀ ਸਾਹਿਤ ਪ੍ਰੀਸ਼ਦ ਪਟਿਆਲਾ ਵੱਲੋਂ ਮਾਸਿਕ ਸਾਹਿਤਕ ਸਮਾਗਮ



ਪਟਿਆਲਾ, 27 ਅਪ੍ਰੈਲ (ਚ.ਨ.ਸ) : ਭਾਸ਼ਾ ਵਿਭਾਗ ਪਟਿਆਲਾ ਦੇ ਸੈਮੀਨਾਰ ਹਾਲ ਵਿੱਚ ਤ੍ਰਿਵੇਣੀ ਸਾਹਿਤ ਪਰਿਸ਼ਦ ਪਟਿਆਲਾ ਵੱਲੋਂ ਇੱਕ ਮਾਸਕ ਸਾਹਿਤਕ ਸਮਾਗਮ ਕਰਵਾਇਆ ਗਿਆ।ਸਭਾ ਦੇ ਪ੍ਰਧਾਨ ਐਡਵੋਕੇਟ ਗੁਰਦਰਸ਼ਨ ਸਿੰਘ ਗੁਸੀਲ, ਇੰਜ: ਜਸਪਾਲ ਸਿੰਘ ਦੇਸੂਵੀ ਪ੍ਰਧਾਨ ਵਿਸ਼ਵ ਸਾਹਿਤਕ ਕਵਿਤਾ ਵਿਚਾਰ ਮੰਚ,ਚੰਡੀਗੜ੍ਹ, ਗਿਆਨਦੀਪ ਸਾਹਿਤ ਸਾਧਨਾ ਮੰਚ ਪਟਿਆਲਾ ਦੇ ਪ੍ਰਧਾਨ ਡਾ. ਜੀ. ਐਸ. ਆਨੰਦ ਅਤੇ ਗੁਰਦੀਪ ਸਿੰਘ ਸੱਗੂ ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਹੋਏ।ਸਮਾਗਮ ਦਾ ਆਗਾਜ਼ ਮੰਗਤ ਖ਼ਾਨ ਵੱਲੋਂ ਇੰਜ: ਜਸਪਾਲ ਦੇਸੂਵੀ ਦੀ ਰਚਨਾ 'ਨਾਨਕ ਤਾਂ ਇੱਕ ਕਲ ਕਲ ਵਗਦਾ ਚਸ਼ਮਾ ਹੈ' ਗਾ ਕੇ ਕੀਤਾ ਗਿਆ। ਸਭਾ ਦੇ ਪ੍ਰਧਾਨ ਐਡਵੋਕੇਟ ਗੁਰਦਰਸ਼ਨ ਸਿੰਘ ਗੁਸੀਲ ਨੇ ਆਏ ਹੋਏ ਸਾਹਿਤਕਾਰਾਂ ਨੂੰ ਜੀ ਆਇਆਂ ਕਿਹਾ ਅਤੇ ਸਮਗਮ ਦੇ ਵਿਸ਼ੇ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ। ਕਵੀ ਦਰਬਾਰ ਸੈਸ਼ਨ ਦੌਰਾਨ ਰਣਜੀਤ ਸਿੰਘ ਫ਼ਤਹਿਗੜ੍ਹ ਸਾਹਿਬ, ਰਘਬੀਰ ਸਿੰਘ ਮਹਿਮੀ, ਬਚਨ ਸਿੰਘ ਗੁਰਮ, ਮਨਦੀਪ ਮੈਂਡੀ,ਜਗਜੀਤ ਸਾਹਨੀ, ਇੰਸ਼ਾਦ ਖੜਿਆਲਵੀ, ਸ਼ਾਮ ਸਿੰਘ ਪ੍ਰੇਮ, ਰਾਜੇਸ਼ਵਰ ਕੁਮਾਰ, ਤੇਜਿੰਦਰ ਅਨਜਾਨਾ, ਦਰਸ਼ਨ ਸਿੰਘ ਦਰਸ਼ ਪਸਿਆਣਾ, ਰਾਮ ਸਿੰਘ ਬੰਗ, ਕੁਲਵੰਤ ਸੈਦੋਕੇ, ਧੰਨਾ ਸਿੰਘ ਖਰੌੜ, ਕ੍ਰਿਸ਼ਨ ਲਾਲ ਧੀਮਾਨ, ਸਨੇਹਦੀਪ ਕੌਰ, ਹਰਜੀਤ ਕੌਰ, ਅਨੀਤਾ ਅਰੋੜਾ ਪਾਤੜਾਂ, ਗੁਰਪ੍ਰੀਤ ਸਿੰਘ ਢਿੱਲੋਂ, ਡਾ. ਜੀ.ਐਸ. ਆਨੰਦ, ਗੁਰਦੀਪ ਸਿੰਘ ਸੱਗੂ, ਮੰਗਤ ਖ਼ਾਨ ਅਤੇ ਇੰਜ: ਜਸਪਾਲ ਸਿੰਘ ਦੇਸੂਵੀ ਨੇ ਅਪਣੀਆਂ ਆਪਣੀਆਂ ਰਚਨਾਵਾਂ ਨਾਲ਼ ਖ਼ੂਬ ਰੰਗ ਬੰਨ੍ਹਿਆ। ਇਸ ਤੋਂ ਇਲਾਵਾ ਅਸ਼ੋਕ ਕੁਮਾਰ ਅਜੀਜ਼, ਰਿਪਨ ਖੁੱਲਰ, ਯਸ਼ਸ਼ਵੀ ਅਰੋੜਾ ਅਤੇ ਐਸ.ਐਨ. ਚੌਧਰੀ ਨੇ ਬਤੌਰ ਸਰੋਤੇ ਹਾਜ਼ਰੀ ਲਗਵਾਈ।

## ਸੀ.ਐਚ.ਸੀ. ਤ੍ਰਿਪੜੀ ਵਿਖੇ ਆਸ਼ਾ ਵਰਕਰ ਦਿਵਸ ਮਨਾਇਆ

ਪਟਿਆਲਾ, 27 ਅਪ੍ਰੈਲ (ਚ.ਨ.ਸ) : ਡਾਈਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਪੰਜਾਬ ਡਾ.ਹਿਤਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਦੀ ਅਗਵਾਈ ਹੇਠ ਸੀ.ਐਚ.ਸੀ ਤ੍ਰਿਪੜੀ ਵਿਖੇ ਆਸ਼ਾ ਵਰਕਰ ਦਿਵਸ ਮਨਾਇਆ ਗਿਆ। ਇਸ ਮੌਕੇ ਬੋਲਦਿਆਂ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਨੇ ਕਿਹਾ ਕਿ ਆਸ਼ਾ ਵਰਕਰਾਂ ਦਾ ਸਮਾਜ ਪ੍ਰਤੀ ਯੋਗਦਾਨ ਅਤਿਅੰਤ ਸ਼ਲਾਘਾਯੋਗ ਹੈ, ਇਹਨਾਂ ਦੀ ਮਿਹਨਤ ਸਦਕਾ ਹੀ ਜਣੇਪਾ ਦਰ ਵਿੱਚ ਕਮੀ ਆਈ ਹੈ, ਟੀਕਾਕਰਨ ਵਿੱਚ ਵਾਧਾ ਹੋਇਆ ਹੈ ਅਤੇ ਲੋਕਾਂ ਵਿੱਚ ਸਿਹਤ ਸਬੰਧੀ ਜਾਗਰੂਕਤਾ ਵਿੱਚ ਵਾਧਾ ਹੋਇਆ ਹੈ। ਪੰਜਾਬ ਸਰਕਾਰ ਨੇ ਮਹੱਤਵਪੂਰਨ ਉਪਰਾਲਾ ਕਰਕੇ ਆਸ਼ਾ ਨੂੰ ਸਨਮਾਨ ਦੇਣ ਲਈ ਅਤੇ ਇਹਨਾਂ ਦੇ ਕੰਮਾਂ ਨੂੰ ਉਤਸ਼ਾਹਿਤ ਕਰਨ ਲਈ 27 ਅਪ੍ਰੈਲ ਦੇ ਦਿਨ ਨੂੰ ਆਸ਼ਾ ਵਰਕਰ ਦਿਵਸ ਵੱਜੋਂ ਮਨਾਉਣ ਦਾ ਫੈਸਲਾ ਕੀਤਾ ਹੈ। ਸੀਨੀਅਰ ਮੈਡੀਕਲ ਅਫਸਰ



ਡਾ.ਪ੍ਰਨੀਤ ਕੌਰ ਨੇ ਕਿਹਾ ਕਿ ਆਸ਼ਾ ਵਰਕ ਮਾਨਤਾ ਪ੍ਰਾਪਤ ਸਮਾਜਿਕ ਕਾਰਕੁਨ ਹਨ ਜੋ ਕਿ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੰਮ ਕਰ ਰਹੀਆਂ ਹਨ। ਆਸ਼ਾ ਵਰਕਰਾਂ ਨੂੰ ਸਿਹਤ ਸੇਵਾਵਾਂ ਲੋਕਾਂ ਤੱਕ ਪਹੁੰਚਾਉਣ ਲਈ ਰੀੜ ਦੀ ਹੱਡੀ ਮੰਨਿਆ ਜਾਂਦਾ ਹੈ, ਜੋ ਕਿ ਸਮਾਜ ਨੂੰ ਸਿਹਤਮੰਦ ਬਣਾਉਣ ਲਈ ਦਿਨ ਰਾਤ ਮਿਹਨਤ ਕਰਦੀਆਂ ਹਨ। ਆਸ਼ਾ ਵਰਕਰ ਜਣੇਪਾ ਸਿਹਤ, ਬਾਲ ਸਿਹਤ, ਬਿਮਾਰੀਆਂ ਦੀ ਰੋਕਥਾਮ, ਪਰਿਵਾਰ ਨਿਯੋਜਨ ਅਤੇ ਸੈਨੀਟੇਸ਼ਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆ ਹਨ। ਆਸ਼ਾ ਵਰਕਰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਅਤੇ ਹੋਰ ਸਿਹਤ ਸੇਵਾਵਾਂ ਨੂੰ ਤੇਜ਼ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਇਸ ਮੌਕੇ ਵਧੀਆ ਕਾਰਗੁਜ਼ਾਰੀ ਕਰਨ ਵਾਲੀਆਂ ਆਸ਼ਾ ਵਰਕਰਾਂ ਨੂੰ ਸਰਟੀਫੀਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ.ਬਲਕਾਰ ਸਿੰਘ, ਐਮ.ਓ. ਡਾ.ਰਾਜਨੀਤ ਕੌਰ, ਡੀ.ਪੀ.ਐਮ ਰਿਤਿਕਾ, ਡੀ.ਸੀ.ਐਮ ਹੇਮਾ, ਬੀ.ਈ.ਈ ਸ਼ਾਯਾਨ, ਐਲ.ਐਚ.ਵੀ ਪ੍ਰਦੀਪ ਕੌਰ, ਏ.ਐਨ. ਐਮ ਸੁਖਵੀਰ ਕੌਰ ਅਤੇ ਤ੍ਰਿਪੜੀ ਬਲਾਕ ਦੇ ਸਮੂਹ ਆਸ਼ਾ ਵਰਕਰ ਅਤੇ ਫੇਸਿਲੀਟੇਟਰ ਮੌਜੂਦ ਸਨ।

## ਅਣਪਛਾਤਿਆਂ ਵੱਲੋਂ ਸੋਨੇ-ਚਾਂਦੀ ਦੇ ਗਹਿਣੇ ਤੇ ਨਗਦੀ ਚੋਰੀ

ਪਟਿਆਲਾ, 27 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਚੇਤਨ ਸਹਿਗਲ ਪੁੱਤਰ ਕਸਤੂਰੀ ਲਾਲ ਵਾਸੀ ਜੰਡ ਸਟਰੀਟ ਕਿਲਾ ਚੌਕ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਤੇ ਉਸਦੇ ਪਰਿਵਾਰਿਕ ਮੈਂਬਰ ਕੰਮ 'ਤੇ ਗਏ ਹੋਏ ਸਨ ਤਾਂ ਜਦੋਂ ਸ਼ਾਮ ਨੂੰ ਘਰ ਵਾਪਿਸ ਆਏ ਤਾਂ ਦੇਖਿਆ ਕਿ ਸੋਨੇ-ਚਾਂਦੀ ਦੇ ਗਹਿਣੇ ਅਤੇ 30-35 ਹਜ਼ਾਰ ਰੁਪਏ ਨਗਦੀ ਗਾਇਬ ਸਨ, ਜੋ ਕਿਸੇ ਅਣਪਛਾਤੇ ਵਿਅਕਤੀਆਂ ਨੇ ਚੋਰੀ ਕਰ ਲਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।



# ਪਟਿਆਲਾ-ਆਸ/ਪਾਸ



# ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲਾ

### ➢ਦਸਤਾਰ ਮੁਕਾਬਲੇ ਦੇ ਜੇਤੂਆਂ ਦਾ ਸਨਮਾਨ

### ➢ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਦੀ ਸਿਹਤਯਾਬੀ ਲਈ ਅਰਦਾਸ ਕੀਤੀ



ਪਟਿਆਲਾ, 27 ਅਪ੍ਰੈਲ (ਅਮਰਜੀਤ ਸਿੰਘ) : ਗੁਰਦੁਆਰਾ ਖਾਲਸਾ ਜੰਗੀ ਜਥਾ ਵੱਲੋਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਦੇ ਨਾਲ ਦਸਤਾਰ ਮੁਕਾਬਲਾ ਅਤੇ ਦੁਮਾਲੇ ਮੁਕਾਬਲੇ ਅਤੇ ਬੱਚਿਆਂ ਤੋਂ ਸਿੱਖ ਇਤਿਹਾਸ ਦੇ ਪ੍ਰਸ਼ਨ ਉੱਤਰ ਪੁੱਛੇ ਗਏ, ਜਿਸ ਵਿੱਚ ਉਹਦੇ ਕਰੀਬ ਬੱਚਿਆਂ ਨੇ ਦਸਤਾਰ ਅਤੇ ਦੁਮਾਲੇ ਮੁਕਾਬਲਿਆਂ ਦੇ ਵਿੱਚ ਹਿੱਸਾ ਲਿਆ। ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਸਾਬਕਾ ਵਿਦੇਸ਼ ਰਾਜ ਮੰਤਰੀ ਮਹਾਰਾਣੀ ਪ੍ਰਨੀਤ ਕੌਰ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਅਮਰਿੰਦਰ ਸਿੰਘ ਬਜਾਜ ਤੇ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਤੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਇਲਾਵਾ ਧਾਰਮਿਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਦੀ ਸਿਹਯਾਬੀ ਲਈ ਅਰਦਾਸ ਵੀ ਕੀਤੀ ਗਈ। ਤਿੰਨ ਭਾਗਾਂ ਦੇ ਵਿੱਚ ਦਸਤਾਰ ਮੁਕਾਬਲੇ ਕਰਵਾਏ ਗਏ। ਜੇਤੂ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਅਤੇ ਰਾਸ਼ੀ ਦਿੱਤੀ ਗਈ। ਇਸ ਮੌਕੇ 'ਤੇ ਅਜੀਤਪਾਲ ਸਿੰਘ ਕੋਹਲੀ ਅਤੇ ਪ੍ਰਨੀਤ ਕੌਰ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ, ਜੋ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਉੱਤੇ ਸਿੱਖ ਵਿਰਸੇ ਨਾਲ ਜੋੜਿਆ ਜਾ ਰਿਹਾ ਹੈ। ਅਜਿਹੇ ਉਪਰਾਲੇ ਸਾਰੀਆਂ ਪ੍ਰਬੰਧਕ ਕਮੇਟੀਆਂ ਨੂੰ ਕਰਨੇ ਚਾਹੀਦੇ ਹਨ, ਤਾਂ ਜੋ ਕਿ ਆਉਣ ਪੀੜੀ ਸਿੱਖ ਇਤਿਹਾਸ ਵਿੱਚ ਵਿਰਸੇ ਦੇ ਨਾਲ ਜੁੜ ਕੇ ਗੁਰੂ ਦੇ ਲੜ ਲੱਗ ਸਕੇ। ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਕਿਹਾ ਕਿ ਇਹ ਬੱਚੇ ਸਾਡੇ ਦੇਸ਼ ਦਾ ਆਉਣ ਵਾਲਾ ਭਵਿੱਖ ਹਨ ਅਤੇ ਇਹੀ ਬੱਚਿਆਂ ਨੇ ਗੁਰੂ ਘਰਾਂ ਦੇ ਵਿੱਚ ਗੁਰਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਕਰਨਾ ਹੈ ਤੇ ਸਿੱਖੀ ਸਾਡੀ ਸ਼ਾਨ ਹੈ, ਜੋ ਸਾਨੂੰ ਗੁਰੂਆਂ ਨੇ ਬਖਸ਼ੀ ਹੋਈ ਦਾਤ ਹੈ ਸੋ ਅਜਿਹੇ ਉਪਰਾਲੇ ਪ੍ਰਬੰਧਕ ਕਮੇਟੀ ਨੂੰ ਕਰਨੇ ਚਾਹੀਦੇ ਹਨ ਅਤੇ ਸ਼ਲਾਘਾਯੋਗ ਕਦਮ ਹੈ ਆਏ ਹੋਏ ਮੁੱਖ ਮਹਿਮਾਨਾਂ ਤੇ ਗੁਰਦੁਆਰਾ ਖਾਲਸਾ ਜੰਗੀ ਜਥਾ ਦੀ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਅਮਰਪਾਲ ਸਿੰਘ ਪ੍ਰਧਾਨ, ਹਰਪ੍ਰੀਤ ਸਿੰਘ ਪ੍ਰਿੰਸ, ਹਰਪ੍ਰੀਤ ਸਿੰਘ ਪੀਤਾ, ਭੁਪਿੰਦਰਪਾਲ ਸਿੰਘ, ਗੁਰਿੰਦਰ ਸਿੰਘ ਘੋਂਨਾ, ਐਮਸੀ ਰਣਜੀਤ ਸਿੰਘ ਚੰਡੋਕ, ਰਵਿੰਦਰ ਪਾਲ ਸਿੰਘ ਜੋਨੀ, ਗੁਰਵਿੰਦਰ ਸਿੰਘ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਸੜਕ ਹਾਦਸੇ 'ਚ ਜ਼ਖ਼ਮੀ

ਪਟਿਆਲਾ, 27 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਅਮਨਦੀਪ ਕੌਰ ਪੁੱਤਰੀ ਕੁਲਦੀਪ ਸਿੰਘ ਵਾਸੀ ਪਿੰਡ ਬਰਸਟ ਨੇ ਕਾਰ ਦੇ ਡਰਾਇਵਰ ਖੁਸ਼ਵੀਰ ਸਿੰਘ ਵਾਸੀ ਪਿੰਡ ਕੋਰਜੀਵਾਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਪਿਤਾ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਰੋਇਲ ਕੈਸਲ ਰਿਜੋਰਟ ਭਾਵਨੀਗੜ੍ਹ ਰੋਡ ਪਟਿਆਲਾ ਕੋਲ ਜਾ ਰਹੀ ਸੀ ਤਾਂ ਕਥਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰੀ, ਜੋ ਐਕਸੀਡੈਂਟ ਵਿੱਚ ਉਸ ਅਤੇ ਉਸਦੇ ਪਿਤਾ ਦੇ ਸੱਟਾਂ ਲੱਗੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

# ਡੀ.ਸੀ. ਵੱਲੋਂ ਵਪਾਰ ਮੰਡਲ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਦੀ ਪ੍ਰਗਤੀ ਦੀ ਸਮੀਖਿਆ

### ➢ਸ਼ਿਕਾਇਤਕਰਤਾ ਦੀ ਸੰਤੁਸ਼ਟੀ ਲਾਜ਼ਮੀ ਤੌਰ 'ਤੇ ਯਕੀਨੀ ਬਣਾਈ ਜਾਵੇ



ਮਲੇਰਕੋਟਲਾ, 27 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਜ਼ਿਲ੍ਹੇ ਦੇ ਵਪਾਰ ਮੰਡਲ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਤਾਜ਼ਾ ਸਥਿਤੀ ਦੀ ਸਮੀਖਿਆ ਕਰਦੇ ਹੋਏ ਸਬੰਧਿਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਹਰ ਮਾਮਲੇ ਨੂੰ ਤਰਜੀਹ ਦੇ ਆਧਾਰ 'ਤੇ ਗੰਭੀਰਤਾ ਨਾਲ ਲਿਆ ਜਾਵੇ ਅਤੇ ਉਸਦੀ ਅਪਡੇਟ ਸਥਿਤੀ ਨਿਯਮਿਤ ਤੌਰ 'ਤੇ ਪੋਰਟਲ 'ਤੇ ਦਰਜ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਭਾਗਾਂ ਵੱਲੋਂ ਕੀਤੇ ਗਏ ਨਿਪਟਾਰਿਆਂ ਦੀ ਟਰੇਡਰਜ਼ ਕਮਿਸ਼ਨ ਵੱਲੋਂ ਵੀ ਜਾਂਚ ਕੀਤੀ ਗਈ ਹੈ, ਜਿਸ ਦੌਰਾਨ ਕੁਝ ਕੇਸਾਂ ਵਿੱਚ ਹੋਰ ਕਾਰਵਾਈ ਦੀ ਲੋੜ ਦੇਖਦਿਆਂ ਉਨ੍ਹਾਂ ਨੂੰ ਦੁਬਾਰਾ ਵਿਚਾਰ ਲਈ ਵਾਪਸ ਭੇਜਿਆ ਗਿਆ ਹੈ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਕਿਸੇ ਵੀ ਸ਼ਿਕਾਇਤ ਨੂੰ ਨਿਪਟਿਆ ਹੋਇਆ ਦਰਸਾਉਣ ਤੋਂ ਪਹਿਲਾਂ ਸ਼ਿਕਾਇਤਕਰਤਾ ਦੀ ਸੰਤੁਸ਼ਟੀ ਲਾਜ਼ਮੀ ਤੌਰ 'ਤੇ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਕੇਵਲ ਉਹੀ ਮਾਮਲੇ ਮੁਕੰਮਲ ਮੰਨੇ ਜਾਣ, ਜਿੱਥੇ ਸਬੰਧਤ ਵਿਅਕਤੀ ਪੂਰੀ ਤਰ੍ਹਾਂ ਸੰਤੁਸ਼ਟ ਹੋਵੇ, ਜਦਕਿ ਅਧੂਰੇ ਨਿਪਟਾਰੇ ਵਾਲੇ ਮਾਮਲਿਆਂ ਨੂੰ ਪ੍ਰਗਤੀ ਅਧੀਨ ਸ਼੍ਰੇਣੀ ਵਿੱਚ ਰੱਖਿਆ ਜਾਵੇ, ਤਾਂ ਜੋ ਸ਼ਿਕਾਇਤਾਂ ਸਬੰਧੀ ਜਾਣਕਾਰੀ ਸਪੱਸ਼ਟ ਅਤੇ ਭਰੋਸੇ ਯੋਗ ਬਣਾਈ ਦਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਧਿਆਨ ਲੋਕਾਂ ਦੀਆਂ ਸਮੱਸਿਆਵਾਂ ਦੇ ਸਮੇਂ ਸਿਰ ਹੱਲ 'ਤੇ ਹੋਣਾ ਚਾਹੀਦਾ ਹੈ, ਜਿਸ ਨਾਲ ਵਪਾਰਕ ਮਾਹੌਲ ਨੂੰ ਹੋਰ ਸੁਗਮ ਬਣਾਇਆ ਜਾ ਸਕੇ। ਉਨ੍ਹਾਂ ਨੇ ਦਰਸਾਇਆ ਕਿ ਕਈ ਮਸਲੇ ਅਜਿਹੇ ਹੁੰਦੇ ਹਨ ਜਿਨ੍ਹਾਂ ਦਾ ਹੱਲ ਸਥਾਨਕ ਪੱਧਰ 'ਤੇ ਹੀ ਆਸਾਨੀ ਨਾਲ ਕੀਤਾ ਜਾ ਸਕਦਾ ਹੈ, ਇਸ ਲਈ ਅਜਿਹੇ ਮਾਮਲਿਆਂ ਨੂੰ ਤੁਰੰਤ ਨਿਪਟਾਉਣਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਸ਼ਹਿਰ ਦੀ ਸਫ਼ਾਈ, ਸਟ੍ਰੀਟ ਲਾਈਟਾਂ ਦੀ ਸੰਭਾਲ ਅਤੇ ਸੁਰੱਖਿਆ ਪੈਟਰੋਲਿੰਗ ਵਰਗੀਆਂ ਸਹੂਲਤਾਂ ਵਿੱਚ ਸੁਧਾਰ ਲਈ ਵਿਸ਼ੇਸ਼ ਧਿਆਨ ਦੇਣ ਦੀ ਹਦਾਇਤ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ਼ ਅਲੀ, ਚੇਅਰਪਰਸਨ ਵਿਧਾਨ ਸਭਾ ਹਲਕਾ ਅਮਰਗੜ੍ਹ ਅਸ਼ਵਨੀ ਕੁਮਾਰ, ਐਸ.ਡੀ.ਐਮ ਮਾਲੇਰਕੋਟਲਾ ਕਨੂ ਗਰਗ, ਐਸ.ਡੀ.ਐਮ ਅਹਿਮਦਗੜ੍ਹ/ਅਮਰਗੜ੍ਹ ਹਰਬੰਸ ਸਿੰਘ, ਡੀ.ਐਸ.ਪੀ. ਮਾਨਵਜੀਤ ਸਿੰਘ, ਡੀ.ਐਸ.ਪੀ (ਸਬ ਡਿਵਿਜ਼ਨ ਅਹਿਮਦਗੜ੍ਹ) ਸੁਖਦੇਵ ਸਿੰਘ ਬਰਾੜ, ਡੀ.ਡੀ.ਪੀ.ਓ ਰੂਪ ਸਿੰਘ, ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ, ਲੇਬਰ ਇੰਸਪੈਕਟਰ ਹਿਮਾਂਸ਼ੂ ਬਾਂਸਲ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਵਿਧਾਇਕ ਅਮਰਗੜ੍ਹ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਅਮਰਗੜ੍ਹ/ਮਾਲੇਰਕੋਟਲਾ, 27 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਇਸੇ ਕੜੀ ਤਹਿਤ ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਕਰੀਬ 63.57 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਵੱਖ-ਵੱਖ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਅਮਰਗੜ੍ਹ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਕਮਾਜਰਾ ਅਤੇ ਸਰਕਾਰੀ ਹਾਈ ਸਕੂਲ ਭੱਟੀਆਂ ਕਲਾਂ ਵਿਖੇ ਕਰੀਬ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਇੱਕ-ਇੱਕ ਕਲਾਸ ਰੂਮ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੀਕੇ ਵਿਖੇ ਕਰੀਬ 15 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਲੌਜਿਸਟਿਕ ਲੈਬ ਅਤੇ ਸਰਕਾਰੀ ਹਾਈ ਸਕੂਲ ਹਿੰਮਤਾਨਾ ਵਿਖੇ ਕਰੀਬ 26.04 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਇੰਟੀਗ੍ਰੇਟਿਡ ਸਾਇੰਸ ਲੈਬ ਅਤੇ ਸਕਿਲ ਕੁਆਲੀਫਿਕੇਸ਼ਨ ਲੈਬ ਅਤੇ ਵਿਦਿਆਰਥੀਆਂ ਨੂੰ ਸਮਰਪਿਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਅਮਰਗੜ੍ਹ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਇਤਿਹਾਸਕ ਬਦਲਾਅ ਲਿਆਂਦੇ ਜਾ ਰਹੇ ਹਨ ਅਤੇ ਸਕੂਲਾਂ ਦੀ ਨੁਹਾਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਸੂਬੇ ਦੇ ਸਰਕਾਰੀ ਸਕੂਲ ਆਧੁਨਿਕ ਬਲੈਕਬੋਰਡ, ਕੰਪਿਊਟਰ ਲੈਬ, ਸਾਇੰਸ ਲੈਬ, ਪਾਰਕ, ਸਾਫ਼ ਪੀਣਯੋਗ ਪਾਣੀ, ਚਾਰਦੀਵਾਰੀ ਅਤੇ ਖੇਡ ਮੈਦਾਨ ਵਰਗੀਆਂ ਸਹੂਲਤਾਂ ਨਾਲ ਲੈਸ ਕੀਤੇ ਜਾ ਚੁੱਕੇ ਹਨ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਦ੍ਰਿੜ੍ਹ ਇਰਾਦਾ ਹੈ ਕਿ ਪੰਜਾਬ ਨੂੰ ਹਰ ਖੇਤਰ ਵਿੱਚ ਅੱਗੇ ਲਿਆਂਦਾ ਜਾਵੇ, ਇਸੇ ਮੰਤਵ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਤਰਜੀਹ ਦੇ ਕੇ ਬੱਚਿਆਂ ਦਾ ਚੰਗਾ ਭਵਿੱਖ ਸੁਨਿਸ਼ਚਿਤ ਕੀਤਾ ਜਾ ਰਿਹਾ ਹੈ।

## ਵੱਖ-ਵੱਖ ਵਾਰਡਾਂ 'ਚ ਵਿਕਾਸ ਕਾਰਜਾਂ ਸਬੰਧੀ ਟੈਂਡਰ ਜਾਰੀ : ਹਰਪਾਲ ਸਿੰਘ ਵਿਰਕ



ਪਟਿਆਲਾ, 27 ਅਪ੍ਰੈਲ (ਚ.ਨ.ਸ) : ਇੰਪਰੂਵਮੈਂਟ ਟਰਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ ਨੇ ਅੱਜ ਇੱਕ ਪ੍ਰੈਸ ਬਿਆਨ ਵਿੱਚ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡਾ. ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਦੇ ਯਤਨਾ ਸਦਕਾ ਪਟਿਆਲਾ ਇਲਾਕੇ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਦੇ ਕਾਰਜ ਕਰਨ ਲਈ ਇੰਪਰੂਵਮੈਂਟ ਟਰਸਟ ਵੱਲੋਂ ਵਾਰ ਫੂਟਿੰਗ 'ਤੇ ਕੰਮ ਕੀਤਾ ਜਾ ਰਿਹਾ ਹੈ, ਜਿਨਾਂ ਲਈ ਟੈਂਡਰ ਜਾਰੀ ਕਰ ਦਿੱਤੇ ਗਏ ਹਨ। ਉਹਨਾਂ ਨੇ ਦੱਸਿਆ ਕਿ ਯਦਵਿੰਦਰਾ ਕਲੋਨੀ ਵਿਖੇ ਨਵਾਂ ਕਮਿਊਨਿਟੀ ਹਾਲ 66 ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਬਹਾਵਲਪੁਰ ਕਮਿਊਨਿਟੀ ਸੈਂਟਰ ਦੀ ਸਾਂਭ ਸੰਭਾਲ ਅਤੇ ਨਵੀਨੀਕਰਨ ਲਈ 50 ਲੱਖ ਰੁਪਏ ਖਰਚ ਕੀਤੇ ਜਾਣਗੇ। ਦਸਮੇਸ਼ ਨਗਰ ਕਮਿਊਨਿਟੀ ਸੈਂਟਰ ਦੇ ਨਵੀਨ ਕਰਨ ਲਈ 25 ਲੱਖ ਰੁਪਏ, ਟੈਂਕੀ ਵਾਲਾ ਪਾਰਕ ਹੀਰਾ ਬਾਗ ਤੇ 20 ਲੱਖ ਰੁਪਏ, ਐਸ ਐਸ ਐਸ ਟੀ ਨਗਰ ਵਾਟਰ ਸਪਲਾਈ ਅਤੇ ਸੀਵਰ ਦੇ ਕੰਮਾਂ ਲਈ 19.98 ਲੱਖ ਰੁਪਏ, ਪਾਰਕ ਨੂੰ ਸੁੰਦਰ ਬਣਾਉਣ ਲਈ 49 ਲੱਖ ਰੁਪਏ ਅਤੇ ਸੜਕਾਂ ਲਈ 70 ਲੱਖ ਰੁਪਏ ਖਰਚੇ ਜਾਣਗੇ, ਬਾਜਵਾ ਕਲੋਨੀ ਐਲੀਮੈਂਟਰੀ ਸਕੂਲ ਦੀ ਮੁਰੰਮਤ ਅਤੇ ਸਾਂਭ ਸੰਭਾਲ ਲਈ 14.98 ਲੱਖ ਰੁਪਏ, ਦੀਨ ਦਿਆਲ ਉਪਾਧਿਆਏ ਧਰਮਸ਼ਾਲਾ ਦੀ ਮੁਰੰਮਤ ਅਤੇ ਨਵੀਨ ਕਰਨ ਲਈ 12. 60 ਲੱਖ ਰੁਪਏ, ਓਲਡ ਬਿਸ਼ਨ ਨਗਰ ਵਿਖੇ ਰੈਡ ਕਰੋਸ ਧਰਮਸਾਲਾ ਬਣਾਉਣ ਲਈ 10 ਲੱਖ ਰੁਪਏ, ਗੁਰੂ ਨਾਨਕ ਨਗਰ ਟੈਂਕੀ ਵਾਲੀ ਗਲੀ ਵਿਖੇ ਸਰਪੰਚ ਕਮਿਊਨਿਟੀ ਸੈਂਟਰ ਦੀ ਮੁਰੰਮਤ ਅਤੇ ਨਵੀਨ ਕਰਨ ਲਈ 10 ਲੱਖ ਰੁਪਏ, ਵਾਰਡ ਨੰਬਰ 10 ਵਿਖੇ ਰਵੀਦਾਸ ਧਰਮਸ਼ਾਲਾ ਨਵਾਂ ਹਾਲ ਬਣਾਉਣ ਲਈ 9.98 ਲੱਖ ਰੁਪਏ ਅਤੇ ਪਿੰਡ ਝਿੱਲ ਵਿਖੇ ਨਵੀਂ ਧਰਮਸ਼ਾਲਾ ਬਣਾਉਣ ਲਈ 7. 48 ਲੱਖ ਰੁਪਏ ਇੰਪਰੂਵਮੈਂਟ ਟਰਸਟ ਵੱਲੋਂ ਖਰਚੇ ਜਾ ਰਹੇ ਹਨ, ਜਿਸ ਨਾਲ ਪਟਿਆਲੇ ਸ਼ਹਿਰ ਦੇ ਕਈ ਇਲਾਕਿਆਂ ਦੀ ਨੁਹਾਰ ਬਦਲੇਗੀ।

## ਭਰਤੀ ਹੋਣ ਲਈ ਸਿਖਲਾਈ ਕੋਰਸ 4 ਤੋਂ

ਪਟਿਆਲਾ, 27 ਅਪ੍ਰੈਲ (ਚ.ਨ.ਸ) : ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ. ਬਲਜਿੰਦਰ ਵਿਰਕ (ਰਿਟਾ.) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫੌਜ ਅਤੇ ਨੀਮ ਫੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ ਮਿਤੀ 4/5/2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ਼੍ਰੇਣੀਆਂ ਦੇ ਬੱਚਿਆਂ ਨੂੰ ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ। ਇਹ ਕੋਰਸ 45 ਦਿਨ ਦਾ ਹੋਵੇਗਾ, ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੌਰ 'ਤੇ ਭਰਤੀ ਹੋਣ ਲਈ ਲੋੜੀਂਦੇ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ।

## ਪੰਜਾਬ ਸਾਈਕਲਿੰਗ ਐਸੋਸੀਏਸ਼ਨ ਦੇ ਨਵੇਂ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦਾ ਸਨਮਾਨ



ਪਟਿਆਲਾ, 27 ਅਪ੍ਰੈਲ (ਚ.ਨ.ਸ) : ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਪਟਿਆਲਾ ਵੱਲੋਂ ਪੰਜਾਬ ਸਾਈਕਲਿੰਗ ਐਸੋਸੀਏਸ਼ਨ ਦੇ ਨਵੇਂ ਤੌਰ 'ਤੇ ਚੁਣੇ ਗਏ ਜਨਰਲ ਸਕੱਤਰ ਸ੍ਰੀ ਜਗਦੀਪ ਸਿੰਘ ਕਾਹਲੋਂ ਦਾ ਇੱਕ ਵਿਸ਼ੇਸ਼ ਅਤੇ ਗਰਿਮਾਪੂਰਨ ਸਮਾਗਮ ਦੌਰਾਨ ਭਰਪੂਰ ਸਵਾਗਤ ਤੇ ਸਨਮਾਨ ਕੀਤਾ ਗਿਆ। ਇਹ ਸਮਾਗਮ ਖੇਡਾਂ ਪ੍ਰਤੀ ਉਤਸ਼ਾਹ ਅਤੇ ਸਾਈਕਲਿੰਗ ਦੇ ਵਿਕਾਸ ਲਈ ਵਚਨਬੱਧਤਾ ਦਾ ਪ੍ਰਤੀਕ ਬਣਿਆ, ਜਿਸ ਵਿੱਚ ਜ਼ਿਲ੍ਹੇ ਦੇ ਪ੍ਰਮੁੱਖ ਖਿਡਾਰੀ, ਕੋਚ, ਅਧਿਕਾਰੀ, ਸਪੋਰਟਸ ਪ੍ਰੋਮੋਟਰ ਅਤੇ ਖੇਡ ਪ੍ਰੇਮੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਵਿੱਚ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਜਗਦੀਪ ਸਿੰਘ ਕਾਹਲੋਂ ਦੀ ਚੋਣ ਨੂੰ ਪੰਜਾਬ ਸਾਈਕਲਿੰਗ ਲਈ ਇੱਕ ਨਵਾਂ ਮੋੜ ਕਰਾਰ ਦਿੱਤਾ। ਇਸ ਮੌਕੇ 'ਤੇ ਕਾਹਲੋਂ ਨੂੰ ਫੁੱਲਾਂ ਦੇ ਗੁਲਦਸਤੇ, ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਜਗਦੀਪ ਸਿੰਘ ਕਾਹਲੋਂ ਨੇ ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਪਟਿਆਲਾ ਦਾ ਧੰਨਵਾਦ ਕੀਤਾ।

## ਜੋਨ ਮਸੀਹ ਅਕਾਲੀ ਦਲ ਐਸ.ਸੀ.ਵਿੰਗ ਵਾਰਡ ਨੰਬਰ 56 ਦੇ ਪ੍ਰਧਾਨ ਨਿਯੁਕਤ



ਪਟਿਆਲਾ, 27 ਅਪ੍ਰੈਲ (ਰੁਪਾਣਾ) : 2027 ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਲੜੀ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਮਰਿੰਦਰ ਸਿੰਘ ਬਜਾਜ ਅਤੇ ਪਾਰਟੀ ਦੇ ਐਸ.ਸੀ. ਵਿੰਗ ਦੇ ਸ਼ਹਿਰੀ ਪ੍ਰਧਾਨ ਗੁਰਚਰਨ ਸਿੰਘ ਖਾਲਸਾ ਦੀ ਅਗਵਾਈ ਵਿੱਚ ਬੈਂਕ ਕਲੋਨੀ ਵਿਖੇ ਆਯੋਜਿਤ ਮੀਟਿੰਗ ਦੌਰਾਨ ਜੋਨ ਮਸੀਹ ਦੀ ਵਾਰਡ ਨੰਬਰ 56 ਤੋਂ ਪ੍ਰਧਾਨ ਵਜੋਂ ਨਿਯੁਕਤੀ ਕੀਤੀ ਗਈ ਹੈ, ਜਿਸ ਦੌਰਾਨ ਪੰਜਾਬ ਦੇ ਜ਼ਿਲ੍ਹਾ ਜਨਰਲ ਸਕੱਤਰ ਸੋਨੂੰ ਮਾਜਰੀ, ਅਕਾਲੀ ਦਲ ਬੀ.ਸੀ. ਵਿੰਗ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਹਰਮੀਤ ਸਿੰਘ ਬਡੂੰਗਰ, ਸੀਨੀਅਰ ਆਗੂ ਸੁਮਿਲ ਕੁਰੈਸ਼ੀ ਵੱਲੋਂ ਵੀ ਮੀਟਿੰਗ ਵਿੱਚ ਸ਼ਹਿਰ ਅੰਦਰ ਅਕਾਲੀ ਦਲ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਨਵ ਨਿਯੁਕਤ ਵਾਰਡ ਨੰਬਰ 56 ਪ੍ਰਧਾਨ ਜ਼ੋਨ ਮਸੀਹ ਨੇ ਸਮੂਹ ਅਕਾਲੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਰਾਜ ਕੁਮਾਰ ਠਾਕੁਰ, ਵਿੱਕੀ, ਗੁੱਡੂ ਸ਼ਰੀਫ, ਗੀਤਾ, ਪੂਜਾ ਸ਼ਰਮਾ, ਕਿਰਤੀ, ਲੱਕੀ, ਮਾਧੁਰੀ ਸਟੀਫਨ, ਸਰਬਜੀਤ ਸਿੰਘ, ਪਰਮਜੀਤ ਕੌਰ ਆਦਿ ਅਕਾਲੀ ਸਮਰਥਕ ਹਾਜ਼ਰ ਸਨ।

## 'ਆਪ' ਸਰਕਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆ ਦੇਣ ਲਈ ਬਚਨਵੱਧ: ਧੰਗੇੜਾ



ਨਾਭਾ, 27 ਅਪ੍ਰੈਲ (ਬਲਜਿੰਦਰ ਮਾਨ) : ਆਮ ਆਦਮੀ ਪਾਰਟੀ ਦੀ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਬਚਨਵੱਧ ਹੈ। ਪਿਛਲੇ ਚਾਰ ਸਾਲਾਂ ਦੌਰਾਨ ਵੱਡੇ ਪੱਧਰ 'ਤੇ ਬਿਨਾ ਰਿਸ਼ਵਤ ਅਤੇ ਸਿਫਾਰਸ਼ ਤੋਂ ਮੈਰਿਟ ਦੇ ਅਧਾਰ 'ਤੇ ਨੌਜਵਾਨਾਂ ਨੂੰ ਵੱਖ-ਵੱਖ ਵਿਭਾਗਾਂ 'ਚ ਨੌਕਰੀਆਂ ਦਿੱਤੀਆਂ ਗਈਆਂ ਹਨ ਤੇ ਦਿੱਤੀਆਂ ਜਾ ਰਹੀਆਂ ਹਨ। ਇਸ ਸਬੰਧੀ ਤਿੰਨ ਪਿੰਡਾਂ ਖੁਰਦ, ਧੰਗੇੜਾ ਅਤੇ ਪੇਧਨੀ ਦੀ ਸਾਂਝੀ ਸਹਿਕਾਰੀ ਕੋਆਪਰੇਟਿਵ ਸੋਸਾਇਟੀ ਪੇਧਨੀ ਵੱਲੋਂ ਇੰਸਪੈਕਟਰ ਬਲਵਿੰਦਰ ਸਿੰਘ ਦੀ ਨਿਗਰਾਨੀ ਹੇਠ ਮੈਰਿਟ ਦੇ ਅਧਾਰ ਉੱਪਰ ਸੰਦੀਪ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਖੁਰਦ ਨੂੰ ਡੀਸੀ ਰੇਟ ਬਤੌਰ ਸੇਲਜਮੈਨ ਭਰਤੀ ਕਰਨ ਸਮੇ ਬਲਾਕ ਪ੍ਰਧਾਨ ਪਟਿਆਲਾ ਦਿਹਾਤੀ ਜਗਦੀਪ ਸਿੰਘ ਸਰਪੰਚ ਧੰਗੇੜਾ, ਸੋਸਾਇਟੀ ਪ੍ਰਧਾਨ ਹਰਵਿੰਦਰ ਸਿੰਘ ਧੰਗੇੜਾ ਅਤੇ ਗੁਰਪ੍ਰੀਤ ਸਿੰਘ ਸਰਪੰਚ ਪੇਧਨੀ ਨੇ ਦੱਸਿਆ ਕਿ ਪਿਛਲੇ ਦਿਨੀ ਸਰਕਾਰ ਦੀਆ ਹਦਾਇਤਾ ਤੇ ਸੇਲਜਮੈਨ ਦੀ ਅਸਾਮੀ ਲਈ ਪ੍ਰਬੰਧਕ ਕਮੇਟੀ ਵੱਲੋ ਬਕਾਇਦਾ ਇਸ਼ਤਿਹਾਰ ਦੇ ਕੇ ਅਰਜੀਆ ਮੰਗੀਆ ਗਈਆ ਸਨ ਜਿਸ ਵਿੱਚ ਅੱਠ ਵਿਅਕਤੀਆ ਦੀਆ ਅਰਜੀਆ ਆਈਆ ਜਿਨਾ ਵਿੱਚੋ ਮੈਰਿਟ ਦੇ ਅਧਾਰ ਤੇ ਸੰਦੀਪ ਸਿੰਘ ਪੁੱਤਰ ਅੰਗਰੇਜ਼ ਸਿੰਘ ਨੂੰ ਬਤੌਰ ਸੇਲਜਮੈਨ ਨਿਯੁਕਤ ਕੀਤਾ ਗਿਆ। ਇਸ ਮੋਕੇ ਪ੍ਰਧਾਨ ਹਰਵਿੰਦਰ ਸਿੰਘ ਧੰਗੇੜਾ, ਸਰਪੰਚ ਜਗਦੀਪ ਸਿੰਘ ਧੰਗੇੜਾ ਬਲਾਕ ਪ੍ਰਧਾਨ ਪਟਿਆਲਾ ਦਿਹਾਤੀ, ਗੁਰਪ੍ਰੀਤ ਸਿੰਘ ਸਰਪੰਚ ਪੇਧਨੀ, ਦਲਵੀਰ ਸਿੰਘ ਕਮੇਟੀ ਮੈਂਬਰ, ਗੁਰਜੀਤ ਸਿੰਘ ਕਮੇਟੀ ਮੈਂਬਰ, ਸੈਕਟਰੀ ਗੁਰਮੁੱਖ ਸਿੰਘ ਆਦਿ ਹਾਜ਼ਰ ਸਨ ।

## ਕਿਰਸ਼ਾਨੂ ਸ਼ਾਰਦਾ ਦੇ ਘਰ ਈਡੀ ਦੀ ਰੇਡ ਜਾਰੀ

ਨਾਭਾ, 27 ਅਪ੍ਰੈਲ (ਬਲਜਿੰਦਰ ਮਾਨ) : ਮੁਅਤਲ ਡੀਆਈਜੀ ਹਰਚਰਨ ਸਿੰਘ ਭੁੱਲਰ ਮਾਮਲੇ ਵਿੱਚ ਨਾਭਾ ਵਿਖੇ ਮੁਅਤਲ ਡੀਆਈਜੀ ਭੁੱਲਰ ਦੇ ਦਲਾਲ ਕਿਰਸ਼ਾਨੂ ਸ਼ਾਰਦਾ ਦੇ ਘਰ ਈਡੀ ਦੀ ਰੇਡ ਜਾਰੀ। ਜ਼ਿਕਰਯੋਗ ਹੈ ਕਿਰਸ਼ਾਨੂ ਡੀਆਈਜੀ ਭੁੱਲਰ ਦਾ ਮੇਨ ਦਲਾਲ ਸੀ ਅਤੇ ਉਹ ਹੀ ਜਾ ਕੇ ਲੈਣ ਦੇਣ ਕਰਦਾ ਸੀ, ਗੋਬਿੰਦਗੜ੍ਹ ਦੇ ਕਬਾੜੀਏ ਵਿਸ਼ਾਲ ਬੱਤਾ ਤੋ ਡੀਆਈਜੀ ਭੁੱਲਰ ਵੱਲੋਂ 5 ਲੱਖ ਰੁਪਏ ਦੀ ਕਥਿਤ ਰਿਸ਼ਵਤ ਦੀ ਮੰਗ ਕੀਤੀ ਗਈ ਸੀ ਅਤੇ ਵਿਸ਼ਾਲ ਬੱਤਾ ਵੱਲੋਂ ਹਰਚਰਨ ਸਿੰਘ ਦੇ ਖਿਲਾਫ 5 ਲੱਖ ਦੇ ਰਿਸ਼ਵਤ ਮਾਮਲੇ ਦੇ ਸਬੂਤ ਸੀਬੀਆਈ ਨੂੰ ਦੇ ਦਿੱਤੇ ਗਏ ਸੀ ਅਤੇ ਉਸ ਤੋਂ ਬਾਅਦ ਸੀਬੀਆਈ ਵੱਲੋਂ ਉਸ ਨੂੰ ਗ੍ਰਿਫਤਾਰ ਕਰ ਲਿਆ ਸੀ ਅਤੇ ਭੁੱਲਰ ਦੇ ਘਰੋਂ ਸੀਬੀਆਈ ਨੇ ਵੱਡੀ ਮਾਤਰਾ ਵਿੱਚ ਸੋਨਾ ਅਤੇ ਕੈਸ਼ ਬਰਾਮਦ ਕੀਤਾ ਸੀ, ਨਾਲ ਹੀ ਕਿਰਸ਼ਾਨੂ ਸਰਧਾ ਨੂੰ ਵੀ ਗ੍ਰਿਫਤਾਰ ਕਰ ਲਿਆ ਸੀ ਅਤੇ ਅੱਜ ਨਾਭਾ ਵਿਖੇ ਕਿਰਸ਼ਾਨੂ ਦੇ ਘਰ ਵਿੱਚ ਈਡੀ ਦੇ ਕਰੀਬ ਸੱਤ ਅੱਠ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਘਰ ਵਿੱਚ ਉਹਨਾਂ ਦੇ ਪਰਿਵਾਰ ਤੋਂ ਪੁੱਛਗਿੱਛ ਕਰ ਰਹੇ ਹਨ, ਪੁੱਛਗਿੱਛ ਤੋਂ ਬਾਅਦ ਹੁਣ ਕੀ ਸਾਹਮਣੇ ਆਏਗਾ ਇਹ ਆਉਣ ਵਾਲਾ ਸਮਾਂ ਹੀ ਦੱਸੇਗਾ ਪਰ ਈਡੀ ਵੱਲੋਂ ਲਗਾਤਾਰ ਹਰਚਰਨ ਸਿੰਘ ਭੁੱਲਰ ਦੇ 11 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ ਹੈ।

## ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 27 ਅਪ੍ਰੈਲ (ਵਿਨੋਦ ਸ਼ਰਮਾ): ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੁਖਚੈਨ ਸਿੰਘ ਵਾਸੀ ਨੇੜੇ ਗੁੱਗਾ ਮਾੜੀ ਪਿੰਡ ਭੁਨਰਹੇੜੀ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਕੁਲਦੀਪ ਸਿੰਘ ਸਮੇਤ ਪੁਲਿਸ ਪਾਰਟੀ ਬੱਸ ਅੱਡਾ ਨੈਣਾ ਕੋਤ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਵਿਸ਼ਾਲ ਕੁਮਾਰ ਵਾਸੀ ਨੇੜੇ ਪਾਰਕ ਵਿਕਾਸ ਕਲੋਨੀ ਪਟਿਆਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਹਰਪਾਲ ਸਿੰਘ ਸਮੇਤ ਪੁਲਿਸ ਪਾਰਟੀ ਐਸ.ਐਸ.ਟੀ ਨਗਰ ਪਟਿਆਲਾ ਕੋਲ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ।

# ਪਲੇਸਮੈਂਟ ਕੈਂਪ ਭਲਕੇ

ਪਟਿਆਲਾ, 27 ਅਪ੍ਰੈਲ (ਚ.ਨ.ਸ) : ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਮਿਤੀ 29-04-2026 ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਆਈ ਸੀ ਆਈ ਸੀ ਆਈ ਬੈਂਕ ਦੇ ਨਿਯੋਜਕ ਵੱਲੋਂ ਰਿਲੇਸ਼ਨ ਸ਼ਿਪ ਮੈਨੇਜਰ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਮੇਜਰ ਹਰਪ੍ਰੀਤ ਸਿੰਘ, ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਪਟਿਆਲਾ ਨੇ ਦੱਸਿਆ ਕਿ ਆਈ ਸੀ ਆਈ ਸੀ ਆਈ ਬੈਂਕ ਦੇ ਨਿਯੋਜਕ ਵੱਲੋਂ ਰਿਲੇਸ਼ਨਸ਼ਿਪ ਮੈਨੇਜਰ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ। ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 29-04-2026 ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿੰਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈਣ।

# ਰਾਸ਼ਟਰੀ ਕਾਵਿ ਸਾਗਰ ਨੇ ਵਿਸ਼ਵ ਯੁੱਧ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ



ਪਟਿਆਲਾ, 27 ਅਪ੍ਰੈਲ (ਚ.ਨ.ਸ) : ਰਾਸ਼ਟਰੀ ਕਾਵਿ ਸਾਗਰ ਦੇ ਮਹੀਨਾ ਵਾਰ ਕਵੀ ਦਰਬਾਰ ਵਿਚ ਲਿਖਾਰੀਆਂ ਨੇ ਵਿਸ਼ਵ ਯੁੱਧ ਦੀ ਚਿੰਤਾ ਨੂੰ ਵਿਅਕਤ ਕਰਦੇ ਆਪਣੀਆਂ ਕਵਿਤਾਵਾਂ ਸਾਂਝੀਆਂ ਕੀਤੀਆਂ। ਕਈਆਂ ਨੇ ਹੋ ਰਹੇ ਅਮਰੀਕਾ ਤੇ ਈਰਾਨ ਦੇ ਯੁੱਧ ਦੇ ਮੌਜੂਦਾ ਹਾਲਾਤ ਤੇ ਪੈ ਰਹੇ ਅਸਰ ਬਰੇ ਗੱਲ ਕੀਤੀ ,ਤੇ ਕਿਸੇ ਨੇ ਸ਼ਾਂਤੀ ਲਈ ਪ੍ਰਮਾਤਮਾ ਨੂੰ ਆਪਣੀ ਕਵਿਤਾ ਰਾਹੀਂ ਦੁਆ ਵੀ ਕੀਤੀ । ਕਿਸੇ ਕਿਸੇ ਨੇ ਤਾਂ ਯੁੱਧ ਦੇ ਜਾਰੀ ਰਹਿਣ ਦੇ ਫ਼ਿਕਰ ਨਾਲ ਹੋਣ ਵਾਲੇ ਪਰਮਾਣੂ ਹਥਿਆਰਾਂ ਦੇ ਅਸਰ ਵੀ ਬਿਆਨ ਕਰ ਦਿੱਤੇ । ਪ੍ਰੋਗਰਾਮ ਦੇ ਸ਼ੁਰੂ ਵਿਚ ਸਭਾ ਦੀ ਪ੍ਰਧਾਨ ਆਸ਼ਾ ਸ਼ਰਮਾ ਨੇ ਆਏ ਸਾਰੇ ਸਾਹਿਤਕਾਰਾਂ ,ਮਹਿਮਾਨਾ ਦਾ ਤਹਿ ਦਿਲ ਤੋਂ ਸਵਾਗਤ ਕੀਤਾ ,ਤੇ ਸਭਾ ਦੀ ਗਤੀਵਿਧੀਆਂ ਬਾਰੇ ਦਸਦੇ ਕਿਹਾ ,ਕੇ ਰਾਸ਼ਟਰੀ ਕਾਵਿ ਸਾਗਰ ਮੁਬਾਰਕਬਾਦ ਦਾ ਹੱਕਦਾਰ ਹੈ ,ਤੇ ਇਸਦੇ ਮੈਂਬਰ ਤਾਰੀਫ਼ ਦੇ ਕਾਬਿਲ ਹਨ, ਜੋ ਕੁਝ ਸਾਲ ਵਿਚ ਹੀ ਕਵਿਤਾ ਲਿਖਣੀ ਸਿੱਖ ਕੇ ਅੱਜ ਆਪਣੇ ਰਾਸ਼ਟਰੀ ਕਾਵਿ ਸਾਗਰ ਦੇ ਪਰਿਵਾਰ ਨਾਲ ਆਪਣੀਆਂ ਨਵ ਰਚਿਤ ਕਿਤਾਬਾਂ ਲੋਕ ਅਰਪਣ ਕਰ ਰਹੇ ਹਨ ।ਓਹਨਾਂ ਦੱਸਿਆ ਇਸ ਵਾਰ ਰਾਸ਼ਟਰੀ ਕਾਵਿ ਸਾਗਰ ਦੇ ਵਿਚ ਪੰਜ ਕਵੀਆਂ ਦੀਆਂ ਕਿਤਾਬਾਂ ਲੋਕ ਅਰਪਣ ਹੋਈਆਂ । ਡਾਕਟਰ ਸੁਰੇਸ਼ ਨਾਇਕ ,ਐਸੋਸੀਏਟ ਪ੍ਰੋਫੈਸਰ,ਜੀ ਨੇ ਆਸ਼ਾ ਸ਼ਰਮਾ ਦੀ ਕਿਤਾਬ 'ਸਵਯਮ ਸੇ ਅਨੁਭੂਤੀ' 'ਤੇ ਪਰਚਾ ਪੜ੍ਹਿਆ ਤੇ ਆਸ਼ਾ ਸ਼ਰਮਾ ਨੇ ਸ਼੍ਰੀਮਤੀ ਇੰਦੂ ਪੌਲ ਦੀ ਕਿਤਾਬ 'ਆਸ਼ਾ ਨਿਰਾਸ਼ਾ ਕੇ ਲਮਹੇਂ' 'ਤੇ ਪਰਚਾ ਪੜ੍ਹਦੀਆਂ ਦਸਿਆ ਕੇ ਇਸ ਕਿਤਾਬ ਵਿਚ ਇੰਦੂ ਜੀ ਨੇ ਜ਼ਿੰਦਗੀ ਨੂੰ ਸਕਾਰ ਆਤਮਿਕ ਤਰੀਕੇ ਨਾਲ ਜਿਊਣ ਤੇ ਧਿਆਨ ਦਿਲਵਾਇਆ ਹੈ। ਉਹਨਾਂ ਲਿਖਿਆ ਹੈ ਅਗਰ ਜਨਮ ਤੋਂ ਹੀ ਫੁੱਲ ਦੇ ਨਾਲ ਕੰਡੇ ਪੈਦਾ ਹੁੰਦੇ ਨੇ ਤੇ ਇਨਸਾਨ ਜੀਵਨ ਦੀ ਮੁਸੀਬਤਾਂ ਤੋਂ ਕਿਉਂ ਘਬਰਾਉਂਦਾ ਹੈ ,ਦੁੱਖ ਸੁੱਖ ਜੀਵਨ ਦਾ ਹਿੱਸਾ ਨੇ, ਇੰਦੂੰਜੀ ਨੇ ਇਸ ਨੂੰ ਪਰਮਾਤਮਾ ਦੀ ਮਰਜ਼ੀ ਸਮਝ ਖੁਸ਼ੀ ਖੁਸ਼ੀ ਜੀਵਨ ਜਿਉਣ 'ਤੇ ਜ਼ੋਰ ਦਿੱਤਾ ।ਓਹਨਾਂ ਜੀਵਨ ਦੇ ਸਾਰੇ ਛੋਹਰ ਇਸ ਕਿਤਾਬ ਵਿਚ ਛੋਹੇ ਨੇ,ਤੇ ਜ਼ਿੰਦਗੀ ਦਾ ਸਕਾਰਾਤਮਿਕ ਮਾਰਗ ਦਿਖਾਇਆ ਹੈ।ਡਾਕਟਰ ਨਾਟਕ ਦੀ ਕਿਤਾਬ ਗੀਤਾਂ ਦੇ ਸ਼ਗਨ ਆਪਣੇ ਵਿਚ ਨਵੇਕਲੀ ਕਿਤਾਬ ਹੈ , ਜਿਸ ਵਿਚ ਉਹ ਲਿਖਦੇ ਨੇ ਜੀਵਨ ਦਾ ਸਹਿਜ ਰੂਪ ਹੀ ਗੀਤ ਨੇ ,ਤੇ ਇਹਨਾ ਗੀਤਾਂ ਵਿਚ ਉਹ ਆਪਣੇ ਸਵੈ ਨੂੰ ਦੇਖਦੇ ਨੇ । ਅਪਣੇ ਗੀਤਾਂ ਵਿਚ ਹੀ ਇਹ ਦੁਨੀਆ ਤੋਂ ਵਿਰਕਤ ਹੋਏ ਮੋਕਸ਼ ਦਾ ਮਾਰਗ ਲੱਭ ਚੁੱਕੇ ਨੇ। ਇਸ ਪ੍ਰੋਗਰਾਮ ਵਿਚ ਕੁਲ 29 ਕਵੀ ਕਵਿਤਰੀਆਂ ਨੇ ਭਾਗ ਲਿਆ ਤੇ ਆਪਣੀਆਂ ਰਚਨਾਵਾਂ , ਗ਼ਜ਼ਲਾਂ ਨਾਲ ਸਮਾ ਬੰਨ੍ਹ ਦਿੱਤਾ ।ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਵਜੋਂ ਡਾਕਟਰ ਸੁਰੇਸ਼ ਨਾਇਕ ,ਡਾਕਟਰ ਦਰਸ਼ਨ ਸਿੰਘ ਆਸ਼ਟ, ਵਿਸ਼ੇਸ਼ ਮਹਿਮਾਨ ਅਮਨਬੀਰ ਸਿੰਘ ਧਮੀ ਸਾਊਥ ਕੋਰੀਆ, ਸ਼੍ਰੀਮਤੀ ਪੋਲੀ ਬਰਾੜ ਯੂ ਐਸ ਏ ਤੋਂ, ਤੇ ਪਰਕਸ਼ ਕੌਰ ਪਾਸ਼ਨ ਅਮਰੀਕਾ ਤੋਂ, ਨੇ ਭਾਗ ਲਿਆ। ਸ਼੍ਰੀ ਮਤੀ ਜਗਦੀਸ਼ ਕੌਰ ਨੇ ਬਾਖੂਬੀ ਮੰਚ ਸੰਚਾਲਨ ਕੀਤਾ । ਪ੍ਰੋਗਰਾਮ ਸੁਣਦਿਆਂ ਇਸ ਤਰਾਂ ਮਹਿਸੂਸ ਹੋ ਰਿਹਾ ਸੀ ਅਗਰ ਦੇਸ਼ ਦੇ ਸਾਰੇ ਲੋਕ ਇਹਨਾਂ ਲਿਖਾਰੀਆਂ ਵਾਂਗ ਦੇਸ਼ ਦੇ ਲਈ ਲਿਖਣ ,ਦੇਸ਼ ਲਈ ਫ਼ਿਕਰ ਕਰਨ ,ਤਾਂ ਉਹ ਦਿਨ ਦੂਰ ਨਹੀਂ ਜਦੋਂ ਹਿੰਦੁਸਤਾਨ ਤੇ ਅੱਖ ਰੱਖਣ ਵਾਲੇ ਦੁਸ਼ਮਣ ਹਿੰਦੁਸਤਾਨੀਆਂ ਤੋਂ ਡਰਨ ਲਗ ਜਾਣ। ਇਸ ਪ੍ਰੋਗਰਾਮ ਵਿਚ ਭਾਗ ਲੈਣ ਵਾਲੇ ਸਾਹਿਤਕਾਰ ਸਨ ਆਸ਼ਾ ਸ਼ਰਮਾ , ਜਗਦੀਸ਼ ਕੌਰ , ਡਾਕਟਰ ਸੁਰੇਸ਼ ਨਾਇਕ, ਡਾਕਟਰ ਦਰਸ਼ਨ ਸਿੰਘ ਆਸ਼ਟ, ਅਮਨਬੀਰ ਸਿੰਘ ਧੰਮੀ,ਪੋਲੀ ਬਰਾੜ, ਪਰਕਾਸ਼ ਕੌਰ ਪਾਸ਼ਾਂ, ਡਾਕਟਰ ਸੁਦੇਸ਼ ਚੁੱਘ, ਪ੍ਰੋਫੈਸਰ ਇੰਦੂ ਪੌਲ ,ਸ਼੍ਰੀ ਜੀ ਐਸ ਗੁਰਮ,ਸਨੇਹਾ ਵਿਜ,ਡਾਕਟਰ ਰਵਿੰਦਰ ਭਾਟੀਆ,ਕੁਲਜੀਤ ਕੌਰ, ਮਨਜੀਤ ਅਜ਼ਾਦ,ਪੋਲੀ ਬਰਾੜ, ਵੱਤਨਵੀਰ ਸਿੰਘ,ਪ੍ਰੀਆ ਗੋਗੀਆ, ਇੰਦਰਜੀਤ ਸਿੰਘ ,ਸੁਖਦੇਵ ਸਿੰਘ ਗੰਧਵਾ, ਕੰਵਲਦੀਪ ਕੌਰ, ਅਮਰਜੀਤ ਕੌਰ ਮੋਰਿੰਡਾ,ਮਨਪ੍ਰੀਤ ਮੱਟੂ, ਮੰਜੂ ਮਾਨਵ,ਕੁਲਵਿੰਦਰ ਸਿੰਘ ਗਾਖਲ, ਪਰਵੀਨ ਸਿਧੂ, ਤੇ ਕਨੀਜ਼ ਮਨਜ਼ੂਰ ,ਭਾਰਤ ਭੂਸ਼ਣ, ਤੇ ਅਮਰਜੀਤ ਸਿੱਧੂ ਸ਼ਾਮਿਲ ਹੋਏ ।ਸਭ ਨੇ ਆਪਣੀ ਰਚਨਾਵਾਂ ਨਾਲ ਸਮਾ ਬੰਨ੍ਹ ਦਿੱਤਾ । ਆਖਿਰ ਵਿਚ ਡਾ. ਸੁਰੇਸ਼ ਨਾਇਕ ਡਾ. ਦਰਸ਼ਨ ਸਿੰਘ ਆਸ਼ਟ ਜੀ ਨੇ ਪ੍ਰੋਗਰਾਮ ਬਾਰੇ ਆਪਣੇ ਵਿਚਾਰ ਦਿੱਤੇ ਤੇ ਕਵੀਆਂ ਦੀ ਰਚਨਾਵਾਂ ਦੀ ਭੁਰੀ ਭੂਰੀ ਸ਼ਲਾਘਾ ਕੀਤੀ ਤੇ ਦੋਵਾਂ ਨੇ ਸਵੈ ਰਚਿਤ ਕਵਿਤਾ ਤਰੰਨੁਮ ਵਿਚ ਗਾ ਕੇ ਆਪਣੀ ਹਾਜ਼ਰੀ ਲਗਵਾਈ।

## ਜ਼ਿਲ੍ਹਾ ਪਟਿਆਲਾ 'ਚ ਜਨਗਣਨਾ-2027 ਸਬੰਧੀ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਟ੍ਰੇਨਿੰਗ ਵਰਕਸ਼ਾਪ ਜਾਰੀ



ਪਟਿਆਲਾ, 27 ਅਪ੍ਰੈਲ (ਰੁਪਾਣਾ) : ਜ਼ਿਲ੍ਹਾ ਪਟਿਆਲਾ ਵਿੱਚ ਜਨਗਣਨਾ-2027 ਦੇ ਸਫਲ ਆਯੋਜਨ ਲਈ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਟ੍ਰੇਨਿੰਗ ਪ੍ਰਕਿਰਿਆ ਜਾਰੀ ਹੈ। ਇਹ ਟ੍ਰੇਨਿੰਗ ਮਾਨਯੋਗ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ ਅਫਸਰ ਡਾ. ਹਿਮਾਂਸ਼ੂ ਅਗਰਵਾਲ ਅਤੇ ਵਧੀਕ ਡਿਪਟੀ ਕਮਿਸ਼ਨਰ (ਆਰ.ਡੀ)-ਕਮ-ਜ਼ਿਲ੍ਹਾ ਸੈਂਸਜ ਅਫਸਰ ਸ੍ਰੀ ਦਮਨਜੀਤ ਸਿੰਘ ਮਾਨ ਦੀ ਦੇਖ-ਰੇਖ ਹੇਠ ਕਰਵਾਈ ਜਾ ਰਹੀ ਹੈ। ਜ਼ਿਲ੍ਹੇ ਦੀਆਂ 6 ਤਹਿਸੀਲਾਂ ਪਟਿਆਲਾ, ਰਾਜਪੁਰਾ, ਪਾਤੜ੍ਹਾ, ਸਮਾਣਾ, ਨਾਭਾ ਅਤੇ ਦੁੱਧਨ ਸਾਧਾ ਅਤੇ 9 ਨਗਰ ਕੌਂਸਲਾਂ/ਨਗਰ ਪੰਚਾਇਤਾਂ ਵਿੱਚ 20 ਅਪ੍ਰੈਲ 2026 ਤੋਂ 6 ਮਈ 2026 ਤੱਕ ਵੱਖ-ਵੱਖ ਸਥਾਨਾਂ 'ਤੇ ਟ੍ਰੇਨਿੰਗ ਵਰਕਸ਼ਾਪਾਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਜ਼ਿਲ੍ਹਾ ਪਟਿਆਲਾ ਵਿੱਚ ਲਗਭਗ 3363 ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਨਗਣਨਾ ਦੇ ਕੰਮ ਲਈ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਨੂੰ ਪ੍ਰਸ਼ਿਕਸ਼ਿਤ ਕਰਨ ਲਈ 48 ਫੀਲਡ ਟ੍ਰੇਨਰ ਨਿਯੁਕਤ ਕੀਤੇ ਗਏ ਹਨ, ਜੋ ਚਾਰਜ ਪੱਧਰ 'ਤੇ ਜਾ ਕੇ ਟ੍ਰੇਨਿੰਗ ਦੇ ਰਹੇ ਹਨ। ਟ੍ਰੇਨਿੰਗ ਲਈ 50-50 ਦੇ ਬੈਚ ਬਣਾਏ ਗਏ ਹਨ ਅਤੇ ਹਰ ਬੈਚ ਨੂੰ 2 ਫੀਲਡ ਟ੍ਰੇਨਰਾਂ ਵੱਲੋਂ ਤਿੰਨ ਦਿਨਾਂ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਟ੍ਰੇਨਿੰਗ ਦੌਰਾਨ ਫੀਲਡ ਟ੍ਰੇਨਰਾਂ ਵੱਲੋਂ ਦੱਸਿਆ ਗਿਆ ਕਿ ਇਸ ਵਾਰ ਜਨਗਣਨਾ ਪਹਿਲੀ ਵਾਰ ਡਿਜੀਟਲ ਮੋਡ ਵਿੱਚ ਕਰਵਾਈ ਜਾਵੇਗੀ। ਇਸ ਦੇ ਨਾਲ ਹੀ 'ਸੈਲਫ ਇਨੂਮੀਰੇਸ਼ਨ' ਦੀ ਸੁਵਿਧਾ ਵੀ ਪ੍ਰਦਾਨ ਕੀਤੀ ਗਈ ਹੈ, ਜਿਸ ਅਧੀਨ ਨਾਗਰਿਕ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਆਪਣੀ ਜਾਣਕਾਰੀ ਖੁਦ ਦਰਜ ਕਰ ਸਕਦੇ ਹਨ। ਇਸ ਤੋਂ ਬਾਅਦ ਜਨਗਣਨਾ ਦਾ ਪਹਿਲਾ ਚਰਣ (ਹਾਊਸ ਲਿਸਟਿੰਗ) 15 ਮਈ 2026 ਤੋਂ 13 ਜੂਨ 2026 ਤੱਕ ਚੱਲੇਗਾ, ਜਿਸ ਦੌਰਾਨ ਗਿਣਤੀਕਾਰ ਘਰ-ਘਰ ਜਾ ਕੇ 33 ਪ੍ਰਸ਼ਨਾਂ ਰਾਹੀਂ ਜਾਣਕਾਰੀ ਇਕੱਠੀ ਕਰਨਗੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਦਮਨਜੀਤ ਸਿੰਘ ਮਾਨ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਭਾਰਤ ਸਰਕਾਰ ਵੱਲੋਂ ਕਰਵਾਈ ਜਾ ਰਹੀ ਜਨਗਣਨਾ-2027 ਦੇ ਇਸ ਮਹੱਤਵਪੂਰਨ ਕਾਰਜ ਵਿੱਚ ਪੂਰਾ ਸਹਿਯੋਗ ਦੇਣ।

## ਨਸ਼ੇ ਦਾ ਸੇਵਨ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 27 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮਨੀਸ਼ ਵਾਸੀ ਗੋਪਾਲ ਕਲੋਨੀ ਸਾਹਮਣੇ ਸਬਜੀ ਮੰਡੀ ਸਨੌਰ ਰੋਡ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਮੰਗਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਜਾਫਰਪੁਰ ਮੋੜ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਕੋਈ ਗੋਲੀ ਮੂੰਹ ਵਿੱਚ ਪਾ ਲਈ, ਜੋ ਕਾਬੂ ਕਰਨ ਪਰ ਕਥਿਤ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ ਅਤੇ ਹੁਣੇ ਹੀ ਨਸ਼ੇ ਦੀ ਗੋਲੀ ਖਾਈ ਹੈ।

ਇਸੇ ਤਰ੍ਹਾਂ ਥਾਣਾ ਘਨੌਰ ਪੁਲਿਸ ਨੇ ਕਥਿਤ ਦੋਸ਼ੀ ਸਾਹਿਲ ਵਾਸੀ ਵਾਰਡ ਨੰ. 10 ਘਨੌਰ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਅਵਤਾਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਗਊਸ਼ਾਲਾ ਘਨੌਰ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ।

ਇਸੇ ਤਰ੍ਹਾਂ ਥਾਣਾ ਸਦਰ ਨਾਭਾ ਨੇ ਕਥਿਤ ਦੋਸ਼ੀ ਗੋਲਡੀ ਵਾਸੀ ਪਿੰਡ ਮੰਡੋੜ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਰਤਨਦੀਪ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਸੂਆ ਪੁਲੀ ਪਿੰਡ ਮੰਡੋੜ ਮੌਜੂਦ ਸੀ, ਜੋ ਦੋਸ਼ੀ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਕੋਈ ਗੋਲੀ ਨੁਮਾ ਚੀਜ ਆਪਣੇ ਮੂੰਹ ਵਿੱਚ ਪਾ ਲਈ, ਜੋ ਕਾਬੂ ਕਰਨ ਪਰ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ ਅਤੇ ਹੁਣੇ ਹੀ ਨਸ਼ੇ ਦੀ ਗੋਲੀ ਖਾਈ ਹੈ।

# ਡਾ.ਬਲਬੀਰ ਸਿੰਘ ਵੱਲੋਂ ਆਈ ਸਕਰੀਨਿੰਗ ਕੈਂਪ ਦਾ ਨਿਰੀਖਣ

### ਅੱਖਾਂ ਦੀ ਜਾਂਚ ਦਾ ਮੁਫਤ ਕੈਂਪ ਪਿੰਡ ਲੰਗ ਵਿਖੇ ਲਗਾਇਆ



ਪਟਿਆਲਾ, 27 ਅਪ੍ਰੈਲ (ਚ.ਨ.ਸ) : ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਨੇ ਪਿੰਡ ਲੰਗ ਵਿਖੇ ਸਿਹਤ ਵਿਭਾਗ ਵੱਲੋਂ ਲਗਾਏ ਜਾ ਰਹੇ ਆਈ ਸਕਰੀਨਿੰਗ ਕੈਂਪ ਦਾ ਨਿਰੀਖਣ ਕੀਤਾ। ਇਸ ਮੌਕੇ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ਹਿਰਾਂ ਅਤੇ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਵਿੱਚ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣੀ ਅਤੇ ਸਮੇਂ ਸਿਰ ਇਲਾਜ ਯਕੀਨੀ ਬਣਾਉਣ ਵੱਲ ਇੱਕ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਦੱਸਿਆ ਕਿ ਕੈਂਪਾਂ ਦੀ ਲੜੀ ਤਹਿਤ ਅੱਜ ਅੱਖਾਂ ਜਾਂਚ ਦਾ ਮੁਫਤ ਕੈਂਪ ਪਿੰਡ ਲੰਗ ਵਿਖੇ ਲਗਾਇਆ ਗਿਆ ਹੈ, ਜਿਸ ਵਿੱਚ ਅੱਖਾਂ ਦੇ ਮਾਹਿਰ ਡਾ.ਪ੍ਰਿਯਾ ਮਿੱਤਲ ਨੇ ਕੈਂਪ ਵਿੱਚ ਪਹੁੰਚ ਕੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ। ਇਸ ਬਾਰੇ ਐਸ.ਐਮ.ਓ ਡਾ. ਨਾਗਰਾ ਨੇ ਦੱਸਿਆ ਕਿ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਤਹਿਤ ਅੱਜ ਪਿੰਡ ਲੰਗ ਵਿਖੇ 105 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਨ੍ਹਾਂ ਵਿੱਚੋਂ 65 ਦੇ ਲਗਭਗ ਲੋੜਵੰਦਾਂ ਨੂੰ ਐਨਕਾਂ ਵੀ ਵੰਡੀਆਂ ਗਈਆਂ। ਉਹਨਾਂ ਜਾਣਕਾਰੀ ਦਿੱਤੀ ਕਿ ਆਉਂਦੇ ਦਿਨਾਂ ਵਿੱਚ ਵੀ ਇਹ ਵਿਸ਼ੇਸ਼ ਕੈਂਪ ਜਾਰੀ ਰਹਿਣਗੇ, ਜਿਸ ਤਹਿਤ ਮਿਤੀ 28 ਅਪ੍ਰੈਲ ਨੂੰ ਪਿੰਡ ਬਖਸ਼ੀਵਾਲਾ ਵਿਖੇ ਅੱਖਾਂ ਦੀ ਜਾਂਚ ਦੇ ਮੁਫਤ ਵਿਸ਼ੇਸ਼ ਕੈਂਪ ਲੱਗੇਗਾ, ਜਿਸ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਮੂਲੀਅਤ ਕਰਕੇ ਇਨ੍ਹਾਂ ਕੈਂਪਾਂ ਦਾ ਲਾਹਾ ਲੈਣਾ ਚਾਹੀਦਾ ਹੈ। ਇਸ ਮੌਕੇ ਸਿਹਤ ਮੰਤਰੀ ਡਾ.ਬਲਬੀਰ ਸਿੰਘ ਵੱਲੋਂ ਆਸ਼ਾ ਵਰਕਰਾਂ ਨੂੰ ਆਸ਼ਾ ਵਰਕਰ ਦਿਵਸ ਮੌਕੇ ਸਰਟੀਫੀਕੇਟ ਦੇ ਕੇ ਸਨਮਾਨ ਕੀਤਾ। ਇਸ ਮੌਕੇ ਸਹਾਇਕ ਸਿਹਤ ਅਫਸਰ ਡਾ.ਇੰਦਰਪ੍ਰੀਤ ਰੰਧਾਵਾ, ਡਿਪਟੀ ਮਾਸ ਮੀਡੀਆ ਅਫਸਰ ਦਿਲਜੀਤ ਕੌਰ, ਬੀ.ਈ.ਈ ਸੁਖਜੀਤ ਸਿੰਘ, ਅਪਥੈਲਮਿਕ ਅਫਸਰ ਸ਼ੁਸ਼ਮਾ ਸਮੇਤ ਸਮੂਹ ਸਿਹਤ ਕਰਮਚਾਰੀ ਹਾਜ਼ਰ ਸਨ।